20-JULY-PAGE-1.qxd 7/19/2023 9:10 PM Page 1

ਵੀਰਵਾਰ, 20 ਜੁਲਾਈ, 2023
5 ਸਾਉਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 49

# ਨਵਾਂ ਜ਼ਮਾਨਾ

DAILY NAWAN ZAMANA • THURSDAY, 20 JULY, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਮਿਹਨਤ ਰੰਗ ਲਿਆਈ



**ਪੁਣੇ :** ਜ਼ਿਲ੍ਹੇ ਦੀ ਜੁੱਨਾਰ ਤਹਿਸੀਲ ਦੇ ਪਿੰਡ ਪਚਘਰ ਦੇ ਕਿਸਾਨ ਈਸ਼ਵਰ ਗਾਇਕਰ (36) ਨੂੰ ਇਸ ਸਾਲ ਮਈ 'ਚ ਟਮਾਟਰ ਦੀ ਫਸਲ ਘੱਟ ਭਾਅ ਕਾਰਨ ਸੁੱਟਣੀ ਪਈ ਸੀ। ਇਸ ਝਟਕੇ ਦੇ ਬਾਵਜੂਦ ਕਿਸਾਨ ਨੇ ਅਡੋਲ ਇਰਾਦਾ ਦਿਖਾਉਂਦੇ ਹੋਏ 12 ਏਕੜ ਖੇਤ 'ਚ ਟਮਾਟਰ ਦੀ ਕਾਸ਼ਤ ਕੀਤੀ। ਟਮਾਟਰਾਂ ਦੀਆਂ ਕੀਮਤਾਂ ਵਧਣ ਨਾਲ ਉਸ ਦੀ ਮਿਹਨਤ ਰੰਗ ਲਿਆਈ। ਉਸ ਨੇ 11 ਜੂਨ ਤੋਂ 18 ਜੁਲਾਈ ਦਰਮਿਆਨ ਟਮਾਟਰ ਵੇਚ ਕੇ 3 ਕਰੋੜ ਰੁਪਏ ਕਮਾਏ ਹਨ।

## ਬਿਮਲਜੀਤ ਸੰਧੂ ਨੂੰ ਵੱਡੀ ਜ਼ਿੰਮੇਵਾਰੀ



**ਰਿਚਮੰਡ (ਅਮਰੀਕਾ) :** ਵਰਜੀਨੀਆ ਦੇ ਗਵਰਨਰ ਗਲੇਨ ਯੰਗਕਿਨ ਨੇ ਭਾਰਤੀ-ਅਮਰੀਕੀ ਡਾਕਟਰ ਬਿਮਲਜੀਤ ਸਿੰਘ ਸੰਧੂ ਨੂੰ ਸਿਹਤ ਖੇਤਰ 'ਚ ਮਹੱਤਵਪੂਰਨ ਪ੍ਰਸ਼ਾਸਨਕ ਅਹੁਦੇ 'ਤੇ ਨਿਯੁਕਤ ਕੀਤਾ ਹੈ। ਸੰਧੂ ਨੇ 'ਵਰਜੀਨੀਆ ਕਾਮਨਵੈਲਥ ਯੂਨੀਵਰਸਿਟੀ ਹੈਲਥ ਸਿਸਟਮ ਅਥਾਰਟੀ' ਦੇ ਬੋਰਡ ਮੈਂਬਰ ਵਜੋਂ ਸਹੁੰ ਚੁੱਕੀ। ਇਹ ਅਥਾਰਟੀ ਸਿਹਤ ਪ੍ਰਣਾਲੀ, ਮੈਡੀਕਲ ਸਕੂਲ, ਨਰਸਿੰਗ ਸਕੂਲ ਅਤੇ ਫਾਰਮੇਸੀ ਸਕੂਲ ਦੇ ਸਮੁੱਚੇ ਸੰਚਾਲਨ ਦੀ ਨਿਗਰਾਨੀ ਕਰਨ ਲਈ ਜ਼ਿੰਮੇਵਾਰ ਹੈ। ਫਰੀਦਕੋਟ ਜ਼ਿਲ੍ਹੇ ਦੇ ਸੰਧੂ 2004 'ਚ ਅਮਰੀਕਾ ਆ ਗਏ ਸਨ।

## ਕਰੰਟ ਨਾਲ 15 ਮੌਤਾਂ

**ਦੇਹਰਾਦੂਨ :** ਉੱਤਰਾਖੰਡ ਦੇ ਚਮੋਲੀ ਜ਼ਿਲ੍ਹੇ ਦੇ ਚਮੋਲੀ ਕਸਬੇ 'ਚ ਅਲਕਨੰਦਾ ਨਦੀ ਦੇ ਨਮਾਮੇ ਗੰਗੇ ਪ੍ਰਾਜੈਕਟ ਨੇੜੇ ਸਥਿਤ ਐੱਸ ਟੀ ਪੀ ਪਲਾਂਟ 'ਚ ਬੁੱਧਵਾਰ 22 ਵਿਅਕਤੀ ਕਰੰਟ ਦੀ ਲਪੇਟ ਵਿਚ ਆ ਗਏ, ਜਿਨ੍ਹਾਂ ਵਿੱਚੋਂ 15 ਦੀ ਮੌਤ ਹੋ ਗਈ, ਜਦਕਿ 7 ਜ਼ਖਮੀ ਹਨ। ਹਾਦਸੇ ਬਾਰੇ ਹੋਰਨਾਂ ਰਿਪੋਰਟਾਂ ਮੁਤਾਬਕ ਲੋਹੇ ਦੀ ਵਾੜ ਵਿਚ ਕਰੰਟ ਆਉਣ ਨਾਲ ਮੌਤਾਂ ਹੋਈਆਂ। ਸਥਾਨਕ ਵਿਧਾਇਕ ਨੇ ਕਿਹਾ ਕਿ ਸਵੇਰੇ ਬਿਜਲੀ ਦਾ ਤੀਜਾ ਫੇਸ ਡਾਊਨ ਹੋ ਗਿਆ ਸੀ ਤੇ ਉਸ ਨੂੰ ਜੋੜਦਿਆਂ ਕਰੰਟ ਫੈਲਿਆ। ਮਰਨ ਵਾਲਿਆਂ ਵਿਚ ਪੁਲਸ ਦਾ ਇਕ ਸਬ ਇੰਸਪੈਕਟਰ ਤੇ ਤਿੰਨ ਹੋਮਗਾਰਡ ਸ਼ਾਮਲ ਹਨ। ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਘਟਨਾ ਦੀ ਮੈਜਿਸਟ੍ਰੇਟੀ ਜਾਂਚ ਦੇ ਹੁਕਮ ਦਿੱਤੇ ਹਨ। ਮਰਨ ਵਾਲਿਆਂ ਵਿੱਚ ਉੱਤਰਾਖੰਡ ਪੁਲਸ ਦਾ ਸਬ ਇੰਸਪੈਕਟਰ ਸ਼ਾਮਲ ਹੈ।

## ਏ ਡੀ ਬੀ ਭਾਰਤ ਬਾਰੇ ਆਸ਼ਾਵਾਦੀ

**ਨਵੀਂ ਦਿੱਲੀ :** ਏਸ਼ੀਆਈ ਵਿਕਾਸ ਬੈਂਕ (ਏ ਡੀ ਬੀ) ਨੇ ਚਾਲੂ ਵਿੱਤੀ ਸਾਲ ਲਈ ਭਾਰਤ ਦੀ ਆਰਥਿਕ ਵਿਕਾਸ ਦਰ 6.4 ਫੀਸਦੀ ਅਤੇ ਅਗਲੇ ਵਿੱਤੀ ਸਾਲ ਲਈ 6.7 ਫੀਸਦੀ 'ਤੇ ਬਰਕਰਾਰ ਰੱਖਦਿਆਂ ਕਿਹਾ ਹੈ ਕਿ ਮਜ਼ਬੂਤ ਘਰੇਲੂ ਮੰਗ ਨਾਲ ਆਰਥਿਕਤਾ ਨੂੰ ਹੁਲਾਰਾ ਮਿਲੇਗਾ। ਏਸ਼ੀਅਨ ਡਿਵੈੱਲਪਮੈਂਟ ਆਉਟਲੁੱਕ' 'ਚ ਬੈਂਕ ਨੇ ਕਿਹਾ ਕਿ ਈਂਧਨ ਅਤੇ ਖਾਣ-ਪੀਣ ਦੀਆਂ ਕੀਮਤਾਂ ਘੱਟ ਹੋਣ ਕਾਰਨ ਮਹਿੰਗਾਈ 'ਚ ਲਗਾਤਾਰ ਗਿਰਾਵਟ ਆਉਣ ਦੀ ਉਮੀਦ ਹੈ, ਜੋ ਵਿਸ਼ਵ ਮਹਾਂਮਾਰੀ ਤੋਂ ਪਹਿਲਾਂ ਦੇ ਪੱਧਰ 'ਤੇ ਪਹੁੰਚ ਜਾਵੇਗੀ।

## ਦੋ ਘੁਸਪੈਠੀਏ ਹਲਾਕ



**ਸ੍ਰੀਨਗਰ :** ਕੁਪਵਾੜਾ ਜ਼ਿਲ੍ਹੇ 'ਚ ਕੰਟਰੋਲ ਰੇਖਾ 'ਤੇ ਬੁੱਧਵਾਰ ਸਵੇਰੇ ਸੁਰੱਖਿਆ ਬਲਾਂ ਨੇ ਘੁਸਪੈਠ ਨੂੰ ਨਾਕਾਮ ਕਰਦਿਆਂ ਦੋ ਦਹਿਸ਼ਤਗਰਦਾਂ ਨੂੰ ਮਾਰ ਮੁਕਾਇਆ। ਕੁਪਵਾੜਾ ਦੇ ਮਾਛਿਲ ਸੈਕਟਰ 'ਚ ਕੰਟਰੋਲ ਰੇਖਾ ਦੇ ਨਾਲ ਘੁਸਪੈਠ ਨੂੰ ਫੌਜ ਅਤੇ ਜੰਮੂ-ਕਸ਼ਮੀਰ ਪੁਲਸ ਨੇ ਸਾਂਝੀ ਕਾਰਵਾਈ ਦੌਰਾਨ ਨਾਕਾਮ ਕਰ ਦਿੱਤਾ। ਗੋਲੀਬਾਰੀ ਵਾਲੀ ਥਾਂ ਤੋਂ ਚਾਰ ਏ ਕੇ ਰਾਈਫਲਾਂ, ਛੇ ਹੈਂਡ ਗ੍ਰਨੇਡ ਅਤੇ ਹੋਰ ਅਸਲਾ ਮਿਲਿਆ।

## ਚਾਰ ਜੀਆਂ ਦੀਆਂ ਲਾਸ਼ਾਂ ਮਿਲੀਆਂ

**ਜੋਧਪੁਰ :** ਰਾਜਸਥਾਨ ਦੇ ਜੋਧਪੁਰ ਜ਼ਿਲ੍ਹੇ ਦੇ ਓਸੀਆਂ ਇਲਾਕੇ ਦੇ ਪਿੰਡ ਚੌਰਾਈ 'ਚ ਬੁੱਧਵਾਰ ਇੱਕ ਪਰਵਾਰ ਦੇ ਚਾਰ ਮੈਂਬਰਾਂ ਦੀਆਂ ਸੜੀਆਂ ਹੋਈਆਂ ਲਾਸ਼ਾਂ ਘਰ ਵਿੱਚੋਂ ਮਿਲੀਆਂ। ਐੱਸ ਪੀ ਧਰਮਿੰਦਰ ਸਿੰਘ ਨੇ ਕਿਹਾ ਕਿ ਪਹਿਲੀ ਨਜ਼ਰ 'ਚ ਇਹ ਜਾਪਦਾ ਹੈ ਕਿ ਇਨ੍ਹਾਂ ਲੋਕਾਂ ਦਾ ਕਤਲ ਕੀਤਾ ਗਿਆ ਅਤੇ ਫਿਰ ਲਾਸ਼ਾਂ ਨੂੰ ਸਾੜ ਦਿੱਤਾ ਗਿਆ ਸੀ। ਇਹ ਬਦਲੇ ਦੀ ਕਾਰਵਾਈ ਜਾਪਦੀ ਹੈ।

## ਸੋਨੀ ਜੁਡੀਸ਼ੀਅਲ ਰਿਮਾਂਡ 'ਤੇ

**ਅੰਮ੍ਰਿਤਸਰ :** ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ ਗ੍ਰਿਫਤਾਰ ਸਾਬਕਾ ਉਪ ਮੁੱਖ ਮੰਤਰੀ ਓਮ ਪ੍ਰਕਾਸ਼ ਸੋਨੀ ਦਾ 2 ਦਿਨ ਦਾ ਰਿਮਾਂਡ ਖਤਮ ਹੋਣ 'ਤੇ ਅਦਾਲਤ ਨੇ ਬੁੱਧਵਾਰ ਉਸ ਨੂੰ 14 ਦਿਨ ਦੇ ਜੁਡੀਸ਼ੀਅਲ ਰਿਮਾਂਡ 'ਤੇ ਭੇਜ ਦਿੱਤਾ। ਸੋਨੀ ਵ੍ਹੀਲ ਚੇਅਰ 'ਤੇ ਅਦਾਲਤ ਪਹੁੰਚਿਆ। ਇਸ ਦੌਰਾਨ ਉਸ ਦੇ ਸਮਰਥਕਾਂ ਨੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਵੀ ਕੀਤੀ। ਸੋਨੀ ਦੇ ਵਕੀਲ ਪਰਦੀਪ ਸੋਨੀ ਨੇ ਦੱਸਿਆ ਕਿ ਵਿਜੀਲੈਂਸ ਨੇ ਫਿਰ ਦੋ ਦਿਨ ਦਾ ਰਿਮਾਂਡ ਮੰਗਿਆ ਸੀ, ਪਰ ਅਦਾਲਤ ਨਹੀਂ ਮੰਨੀ।

# 'ਜਿੱਤੇਗਾ ਭਾਰਤ' ਦੀਆਂ ਪੈਣਗੀਆਂ ਧਮਾਲਾਂ



**ਨਵੀਂ ਦਿੱਲੀ :** ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ ਦਾ ਨਾਂਅ 'ਇੰਡੀਆ' ਰੱਖਣ ਦੀ ਤਜਵੀਜ਼ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਦਿੱਤੀ ਸੀ। ਨਿਤੀਸ਼ ਕੁਮਾਰ ਇਸ ਨਾਲ ਸਹਿਮਤ ਨਹੀਂ ਸਨ ਕਿਉਂਕਿ ਇੰਡੀਆ ਵਿਚ ਐੱਨ ਡੀ ਏ ਅੱਖਰ ਆਉਂਦੇ ਹਨ। ਰਾਹੁਲ ਨੇ ਦੱਸਿਆ ਕਿ ਇੰਡੀਆ ਨਾਂਅ ਕਿਉਂ ਰੱਖਿਆ ਜਾਣਾ ਚਾਹੀਦਾ ਹੈ। ਇਸੇ ਦੌਰਾਨ ਗੱਠਜੋੜ ਇੰਡੀਆ ਨੇ 'ਜੀਤੇਗਾ ਭਾਰਤ' ਨੂੰ ਆਪਣੀ ਟੈਗਲਾਈਨ ਬਣਾਇਆ ਹੈ। ਇਸ ਨੂੰ ਵੱਖ-ਵੱਖ ਭਾਸ਼ਾਵਾਂ ਵਿਚ ਉਲਥਾਇਆ ਜਾਵੇਗਾ। ਸੂਤਰਾਂ ਮੁਤਾਬਕ ਮੀਟਿੰਗ ਵਿਚ ਕਈ ਆਗੂਆਂ ਨੇ ਕਿਹਾ ਕਿ ਗੱਠਜੋੜ ਦਾ ਨਾਂਅ 'ਭਾਰਤ' ਰੱਖਿਆ ਜਾਵੇ। ਇਸ ਦੇ ਬਾਅਦ ਹੀ ਟੈਗਲਾਈਨ ਵਿਚ ਭਾਰਤ ਸ਼ਾਮਲ ਕੀਤਾ ਗਿਆ ਹੈ।

ਆਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਨੇ ਆਪਣੇ ਟਵਿੱਟਰ ਬਾਇਓ ਤੋਂ ਇੰਡੀਆ ਹਟਾ ਕੇ ਭਾਰਤ ਕਰ ਲਿਆ ਹੈ। ਉਨ੍ਹਾ ਦਾ ਕਹਿਣਾ ਹੈ ਕਿ ਅੰਗਰੇਜ਼ਾਂ ਨੇ ਸਾਡੇ ਦੇਸ਼ ਦਾ ਨਾਂਅ ਇੰਡੀਆ ਰੱਖਿਆ ਸੀ। ਕਾਂਗਰਸ ਆਗੂ ਪ੍ਰਮੋਦ ਤਿਵਾੜੀ ਨੇ ਕਿਹਾ ਕਿ ਭਾਜਪਾ ਇੰਡੀਆ ਨਾਂਅ 'ਤੇ ਐਵੇਂ ਵਿਵਾਦ ਪੈਦਾ ਕਰ ਰਹੀ ਹੈ। ਭਾਜਪਾ ਨੇ ਖੁਦ ਮੇਕ ਇਨ ਇੰਡੀਆ ਤੇ ਸ਼ਾਈਨਿੰਗ ਇੰਡੀਆ ਵਰਗੀਆਂ ਸਕੀਮਾਂ ਚਲਾਈਆਂ ਹਨ। 'ਆਪ' ਸਾਂਸਦ ਰਾਘਵ ਚੱਢਾ ਨੇ ਕਿਹਾ ਹੈ ਕਿ ਹੁਣ ਚੋਣਾਂ ਐੱਨ ਡੀ ਏ ਬਨਾਮ ਇੰਡੀਆ ਹੋਣਗੀਆਂ ਅਤੇ ਇੰਡੀਆ ਦੀ ਜਿੱਤ ਹੋਵੇਗੀ। ਸੀਟਾਂ ਦੀ ਵੰਡ ਉੱਤੇ ਅਗਲੀ ਮੀਟਿੰਗ 'ਚ ਚਰਚਾ ਕੀਤੀ ਜਾਵੇਗੀ।

ਸੂਤਰਾਂ ਮੁਤਾਬਕ ਹਾਲਾਂਕਿ ਨਿਤੀਸ਼ ਇੰਡੀਆ ਨਾਂਅ 'ਤੇ ਸਹਿਮਤ ਨਹੀਂ ਸਨ, ਪਰ ਬਾਅਦ ਵਿਚ ਮੰਨ ਗਏ। ਨਿਤੀਸ਼, ਲਾਲੂ ਯਾਦਵ ਤੇ ਤੇਜਸਵੀ ਯਾਦਵ ਦੇ ਪ੍ਰੈੱਸ ਕਾਨਫਰੰਸ ਤੋਂ ਪਹਿਲਾਂ ਨਿਕਲ ਜਾਣ ਦੇ ਵਿਵਾਦ ਬਾਰੇ ਸੂਤਰਾਂ ਨੇ ਕਿਹਾ ਕਿ ਉਹ ਮੌਸਮ ਖਰਾਬ ਹੋਣ ਦੀ ਪੇਸ਼ੀਨਗੋਈ ਕਾਰਨ ਪਹਿਲਾਂ ਨਿਕਲ ਗਏ। ਉਨ੍ਹਾਂ ਇਕ ਹੋਰ ਕਾਨਫਰੰਸ ਵਿਚ ਵੀ ਹਿੱਸਾ ਲੈਣਾ ਸੀ।

ਜਨਤਾ ਦਲ (ਯੂਨਾਈਟਿਡ) ਦੇ ਪ੍ਰਧਾਨ ਰਾਜੀਵ ਰੰਜਨ ਸਿੰਘ ਉਰਫ ਲੱਲਨ, ਜਿਹੜੇ ਨਿਤੀਸ਼ ਦੇ ਨਾਲ ਬੇਂਗਲੁਰੂ ਮੀਟਿੰਗ ਵਿਚ ਸ਼ਾਮਲ ਹੋਏ, ਨੇ ਕਿਹਾ ਹੈ ਕਿ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਨਿਤੀਸ਼ ਇੰਡੀਆ ਨਾਂਅ ਨਾਲ ਸਹਿਮਤ ਨਹੀਂ ਸਨ ਅਤੇ ਕਨਵੀਨਰ ਨਾ ਬਣਾਏ ਜਾਣ 'ਤੇ ਨਾਰਾਜ਼ ਹੋ ਗਏ। ਉਨ੍ਹਾ ਕਿਹਾ ਕਿ ਇੰਡੀਆ ਨਾਂਅ ਸਾਰੇ ਆਗੂਆਂ ਦੀ ਸਹਿਮਤੀ ਨਾਲ ਰੱਖਿਆ ਗਿਆ। ਰਹੀ ਗੱਲ ਕਨਵੀਨਰ ਬਣਾਉਣ ਦੀ, ਇਹ ਤਾਂ ਮੀਟਿੰਗ ਦੇ ਏਜੰਡੇ 'ਤੇ ਹੀ ਨਹੀਂ ਸੀ। ਉਨ੍ਹਾ ਕਿਹਾ ਕਿ ਸਾਬਕਾ ਉਪ ਮੁੱਖ ਮੰਤਰੀ ਸੁਸ਼ੀਲ ਕੁਮਾਰ ਮੋਦੀ ਵਰਗੇ ਭਾਜਪਾ ਆਗੂਆਂ ਵੱਲੋਂ ਨਿਤੀਸ਼ ਦੀ ਨਾਰਾਜ਼ਗੀ ਬਾਰੇ ਬਿਆਨ ਇਸ ਕਰਕੇ ਦਿੱਤੇ ਜਾ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਛਪਾਸ ਰੋਗ (ਮਸ਼ਹੂਰੀ ਕਰਾਉਣ ਦਾ) ਹੈ।

ਲੱਲਨ ਨੇ ਕਿਹਾ ਕਿ ਨਿਤੀਸ਼ ਆਪੋਜ਼ੀਸ਼ਨ ਏਕਤਾ ਦੇ ਸੂਤਰਧਾਰ ਹਨ ਤੇ ਸੂਤਰਧਾਰ ਕਦੇ ਨਾਰਾਜ਼ ਨਹੀਂ ਹੁੰਦਾ। ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਹਿੰਦੇ ਹੁੰਦੇ ਸਨ ਕਿ ਲੋਕ ਇੰਡੀਆ ਲਈ ਵੋਟ ਕਰਨ। ਹੁਣ ਸਮਾਂ ਆ ਗਿਆ ਹੈ ਕਿ ਲੋਕ ਸੱਚਮੁੱਚ ਇੰਡੀਆ ਲਈ ਵੋਟ ਕਰਕੇ ਮੋਦੀ ਨੂੰ ਲਾਂਭੇ ਕਰ ਦੇਣਗੇ। ਉਨ੍ਹਾ ਕਿਹਾ ਕਿ ਭਾਜਪਾ ਨੇ ਜਿਨ੍ਹਾਂ 38 ਪਾਰਟੀਆਂ ਨੂੰ ਇਕੱਠੇ ਕੀਤਾ ਹੈ, ਉਨ੍ਹਾਂ ਵਿਚ ਦਰਜਨ ਤੋਂ ਵੱਧ ਉੱਤਰ-ਪੂਰਬੀ ਸੂਬਿਆਂ ਦੀਆਂ ਹਨ, ਜਿੱਥੇ ਆਸਾਮ ਸਣੇ ਲੋਕ ਸਭਾ ਦੀਆਂ ਸਿਰਫ 23 ਸੀਟਾਂ ਹਨ।

ਇਸੇ ਦੌਰਾਨ ਸ਼ਿਵ ਸੈਨਾ (ਯੂ ਬੀ ਟੀ) ਦੇ ਪ੍ਰਧਾਨ ਊਧਵ ਠਾਕਰੇ ਨੇ ਮੁੰਬਈ ਵਿਚ ਵਿਧਾਨ ਸਭਾ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿ ਇੰਡੀਆ ਨਾਂਅ ਦਾ ਡਿਕਟੇਟਰਸ਼ਿਪ ਖਿਲਾਫ ਤਕੜਾ ਮੋਰਚਾ ਬਣ ਗਿਆ ਹੈ। ਉਨ੍ਹਾ ਕਿਹਾ- ਲੜਾਈ ਕਿਸੇ ਵਿਅਕਤੀ ਨਾਲ ਨਹੀਂ, ਡਿਕਟੇਟਰਸ਼ਿਪ ਨਾਲ ਹੈ। ਆਗੂ, ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਆਉਂਦੇ-ਜਾਂਦੇ ਰਹਿੰਦੇ ਹਨ, ਪਰ ਜਿਹੜੀਆਂ ਮਿਸਾਲਾਂ ਕਾਇਮ ਕੀਤੀਆਂ ਜਾ ਰਹੀਆਂ ਹਨ, ਉਹ ਦੇਸ਼ ਲਈ ਘਾਤਕ ਹਨ।

## ਸੰਸਦ ਦਾ ਮੌਨਸੂਨ ਸੈਸ਼ਨ ਅੱਜ ਤੋਂ

**ਨਵੀਂ ਦਿੱਲੀ :** ਸਰਕਾਰ ਨੇ ਬੁੱਧਵਾਰ ਕਿਹਾ ਕਿ ਉਹ 20 ਜੁਲਾਈ ਤੋਂ ਸ਼ੁਰੂ ਹੋ ਰਹੇ ਸੰਸਦ ਦੇ ਮੌਨਸੂਨ ਸੈਸ਼ਨ 'ਚ ਨਿਯਮਾਂ ਤਹਿਤ ਅਜਿਹੇ ਸਾਰੇ ਮੁੱਦਿਆਂ 'ਤੇ ਚਰਚਾ ਕਰਨ ਲਈ ਤਿਆਰ ਹੈ, ਜਿਨ੍ਹਾਂ ਨੂੰ ਸਪੀਕਰ ਜਾਂ ਰਾਜ ਸਭਾ ਚੇਅਰਮੈਨ ਇਜਾਜ਼ਤ ਦੇਣਗੇ। ਸੰਸਦ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੇਂਦਰ ਸਰਕਾਰ ਵੱਲੋਂ ਬੁਲਾਈ ਸਰਬ ਪਾਰਟੀ ਮੀਟਿੰਗ 'ਚ ਦੋਵਾਂ ਸਦਨਾਂ 'ਚ ਸਾਰੀਆਂ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਹਿੱਸਾ ਲਿਆ। ਮੀਟਿੰਗ 'ਚ ਰੱਖਿਆ ਮੰਤਰੀ ਰਾਜਨਾਥ ਸਿੰਘ, ਵਣਜ ਮੰਤਰੀ ਪੀਯੂਸ਼ ਗੋਇਲ, ਸੰਸਦੀ ਕਾਰਜ ਮੰਤਰੀ ਪ੍ਰਹਿਲਾਦ ਜੋਸ਼ੀ, ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਤੋਂ ਇਲਾਵਾ ਕਾਂਗਰਸ ਦੇ ਸਾਂਸਦ ਜੈਰਾਮ ਰਮੇਸ਼ ਤੇ ਅਧੀਰ ਰੰਜਨ ਚੌਧਰੀ, ਆਮ ਆਦਮੀ ਪਾਰਟੀ ਦੇ ਸੰਜੇ ਸਿੰਘ, ਸ਼੍ਰੋਮਣੀ ਅਕਾਲੀ ਦਲ ਦੀ ਹਰਸਿਮਰਤ ਕੌਰ ਬਾਦਲ ਵੀ ਸ਼ਾਮਲ ਹੋਏ।

ਇਸੇ ਦੌਰਾਨ ਵਿਰੋਧੀ ਪਾਰਟੀਆਂ ਦੇ ਨਵੇਂ ਗਠਜੋੜ 'ਇੰਡੀਅਨ ਨੈਸ਼ਨਲ ਡਿਵੈਲਪਮੈਂਟਲ ਇਨਕਲੂਸਿਵ ਅਲਾਇੰਸ (ਇੰਡੀਆ)' ਦੇ ਨੇਤਾ ਸੰਸਦ ਦੇ ਮੌਨਸੂਨ ਸੈਸ਼ਨ 'ਚ ਸਰਕਾਰ ਨੂੰ ਘੇਰਨ ਦੀ ਰਣਨੀਤੀ ਬਣਾਉਣ ਲਈ ਵੀਰਵਾਰ ਨੂੰ ਆਪਣੀ ਪਹਿਲੀ ਬੈਠਕ ਕਰਨਗੇ। ਬੈਠਕ ਸਵੇਰੇ ਰਾਜ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਦੇ ਚੈਂਬਰ 'ਚ ਹੋਵੇਗੀ।

## ਲੋਕ ਰਾਇ

**ਨਵੀਂ ਦਿੱਲੀ :** ਬੇਂਗਲੁਰੂ ਵਿਚ 26 ਪਾਰਟੀਆਂ ਦੀ ਮੀਟਿੰਗ ਤੋਂ ਪਹਿਲਾਂ 17 ਜੁਲਾਈ ਦੀ ਸ਼ਾਮ ਐੱਨ ਡੀ ਟੀ ਵੀ ਦੀ ਸੀਨੀਅਰ ਪੱਤਰਕਾਰ ਨਗਮਾ ਸਹਰ ਦੇ ਪ੍ਰੋਗਰਾਮ 'ਸੱਚ ਕੀ ਪੜਤਾਲ' ਦੌਰਾਨ ਲੋਕਾਂ ਤੋਂ ਇਸ ਸਵਾਲ 'ਤੇ ਰਾਇ ਮੰਗੀ ਗਈ ਕਿ ਕੀ ਲੋਕ ਸਭਾ ਚੋਣਾਂ 'ਚ 26 ਪਾਰਟੀਆਂ ਮੋਦੀ ਨੂੰ ਮਾਤ ਦੇ ਸਕਣਗੀਆਂ। 35 ਹਜ਼ਾਰ ਲੋਕਾਂ ਨੇ ਇਸ ਸਵਾਲ ਦਾ ਜਵਾਬ ਦਿੱਤਾ, ਜਿਹੜਾ ਪ੍ਰੋਗਰਾਮ ਦੇ ਅੰਤ 'ਤੇ ਦਿਖਾਇਆ ਗਿਆ। 83 ਫੀਸਦੀ ਲੋਕਾਂ ਨੇ ਕਿਹਾ ਕਿ ਇਹ ਪਾਰਟੀਆਂ ਮੋਦੀ ਨੂੰ ਮਾਤ ਦੇ ਦੇਣਗੀਆਂ, 15 ਫੀਸਦੀ ਨੇ ਕਿਹਾ ਕਿ ਨਹੀਂ ਦੇ ਸਕਣਗੀਆਂ ਤੇ 2 ਫੀਸਦੀ ਨੇ ਕਿਹਾ ਕਿ ਕੁਝ ਕਹਿ ਨਹੀਂ ਸਕਦੇ। ਇਹ ਨੋਟ ਕਰਨ ਵਾਲੀ ਗੱਲ ਹੈ ਕਿ ਇਹ ਸਰਵੇ ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ ਦਾ ਨਵਾਂ ਨਾਂਅ 'ਇੰਡੀਆ' ਐਲਾਨੇ ਜਾਣ ਤੋਂ ਪਹਿਲਾਂ ਕੀਤਾ ਗਿਆ। ਇਹ ਵੀ ਨੋਟ ਕਰਨ ਵਾਲੀ ਗੱਲ ਹੈ ਕਿ ਅੱਜਕੱਲ੍ਹ ਐੱਨ ਡੀ ਟੀ ਵੀ ਦੇਸ਼ ਦੇ ਵੱਡੇ ਕਾਰੋਬਾਰੀ ਗੌਤਮ ਅਡਾਨੀ ਦੀ ਮਾਲਕੀ ਹੇਠ ਹੈ।

## ਇਕੱਲੇ ਨਿੱਤਰਾਂਗੇ : ਮਾਇਆਵਤੀ

**ਨਵੀਂ ਦਿੱਲੀ :** ਬਸਪਾ ਮੁਖੀ ਮਾਇਆਵਤੀ ਨੇ ਐਲਾਨਿਆ ਕਿ ਉਨ੍ਹਾਂ ਦੀ ਪਾਰਟੀ ਲੋਕ ਸਭਾ ਚੋਣਾਂ ਦੇ ਨਾਲ-ਨਾਲ ਰਾਜਸਥਾਨ, ਮੱਧ ਪ੍ਰਦੇਸ਼, ਛੱਤੀਸਗੜ੍ਹ ਤੇ ਤਿਲੰਗਾਨਾ ਵਿਧਾਨ ਸਭਾ ਚੋਣਾਂ 'ਚ ਇਕੱਲੀ ਉਤਰੇਗੀ। ਉਨ੍ਹਾ ਕਿਹਾ ਕਿ ਬਸਪਾ ਪੰਜਾਬ ਅਤੇ ਹਰਿਆਣਾ 'ਚ ਖੇਤਰੀ ਪਾਰਟੀਆਂ ਨਾਲ ਗੱਠਜੋੜ ਕਰਨ ਲਈ ਤਿਆਰ ਹੈ, ਬਸ਼ਰਤੇ ਉਨ੍ਹਾਂ ਦਾ ਸੱਤਾਧਾਰੀ ਐੱਨ ਡੀ ਏ ਗੱਠਜੋੜ ਜਾਂ ਨਵੇਂ ਬਣੇ ਵਿਰੋਧੀ ਗੱਠਜੋੜ 'ਇੰਡੀਆ' ਨਾਲ ਕੋਈ ਸੰਬੰਧ ਨਾ ਹੋਵੇ। ਉਨ੍ਹਾਂ ਕਿਹਾ ਕਿ ਐੱਨ ਡੀ ਏ ਤੇ ਨਵੇਂ ਗੱਠਜੋੜ ਵਿੱਚੋਂ ਕੋਈ ਵੀ ਦਲਿਤਾਂ ਤੇ ਦੱਬੇ-ਕੁਚਲੇ ਵਰਗਾਂ ਦੇ ਪੱਖ 'ਚ ਨਹੀਂ ਹੈ।

## ਤੀਸਤਾ ਦੀ ਪੱਕੀ ਜ਼ਮਾਨਤ



**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਬੁੱਧਵਾਰ ਸਮਾਜੀ ਕਾਰਕੁਨ ਤੀਸਤਾ ਸੀਤਲਵਾੜ ਨੂੰ ਰੈਗੂਲਰ ਜ਼ਮਾਨਤ ਦੇ ਦਿੱਤੀ। ਉਸ 'ਤੇ ਗੋਧਰਾ ਕਾਂਡ ਦੇ ਬਾਅਦ ਹੋਏ ਦੰਗਿਆਂ ਨਾਲ ਜੁੜੇ ਮਾਮਲਿਆਂ 'ਚ ਬੇਗੁਨਾਹਾਂ ਨੂੰ ਫਸਾਉਣ ਲਈ ਫਰਜ਼ੀ ਦਸਤਾਵੇਜ਼ ਬਣਾਉਣ ਤੇ ਗਵਾਹ ਪੈਦਾ ਕਰਨ ਦਾ ਦੋਸ਼ ਹੈ। ਜਸਟਿਸ ਬੀ ਆਰ ਗਵਈ, ਜਸਟਿਸ ਏ ਐੱਸ ਬੋਪੰਨਾ ਤੇ ਜਸਟਿਸ ਦੀਪਾਂਕਰ ਦੱਤਾ ਦੀ ਬੈਂਚ ਨੇ ਗੁਜਰਾਤ ਹਾਈ ਕੋਰਟ ਦੇ ਉਸ ਹੁਕਮ ਨੂੰ ਵੀ ਰੱਦ ਕਰ ਦਿੱਤਾ, ਜਿਸ 'ਚ ਤੀਸਤਾ ਨੂੰ ਇਕ ਜੁਲਾਈ ਨੂੰ ਆਤਮ-ਸਮਰਪਣ ਕਰਨ ਲਈ ਕਿਹਾ ਗਿਆ ਸੀ। ਬੈਂਚ ਨੇ ਕਿਹਾ ਕਿ ਤੀਸਤਾ ਖਿਲਾਫ ਚਾਰਜਸ਼ੀਟ ਪੇਸ਼ ਹੋ ਚੁੱਕੀ ਹੈ। ਇਸ ਲਈ ਪੁੱਛਗਿੱਛ ਵਾਸਤੇ ਹਿਰਾਸਤ ਦੀ ਲੋੜ ਨਹੀਂ। ਬੈਂਚ ਨੇ ਤੀਸਤਾ ਨੂੰ ਗਵਾਹਾਂ ਨੂੰ ਪ੍ਰਭਾਵਤ ਨਾ ਕਰਨ ਦਾ ਹੁਕਮ ਵੀ ਦਿੱਤਾ ਹੈ।

## ਬੰਕਰ 'ਚ ਅੱਗ : ਫੌਜੀ ਅਫਸਰ ਦੀ ਮੌਤ, 6 ਜਵਾਨ ਝੁਲਸੇ

**ਨਵੀਂ ਦਿੱਲੀ :** ਸਿਆਚਿਨ ਗਲੇਸ਼ੀਅਰ 'ਚ ਸਾਲਟੋਰੋ ਇਲਾਕੇ 'ਚ ਬੁੱਧਵਾਰ ਤੜਕੇ ਕਰੀਬ ਤਿੰਨ ਵਜੇ ਫਾਈਬਰ ਗਲਾਸ ਬੰਕਰ 'ਚ ਅੱਗ ਲੱਗਣ ਕਾਰਨ ਫੌਜ ਦੇ ਇਕ ਅਫਸਰ ਦੀ ਮੌਤ ਹੋ ਗਈ ਤੇ 3 ਜਵਾਨ ਜ਼ਖਮੀ ਹੋ ਗਏ। ਸੂਤਰਾਂ ਮੁਤਾਬਕ ਗੋਲਾ-ਬਾਰੂਦ ਦੇ ਬੰਕਰ 'ਚ ਸ਼ਾਰਟ-ਸਰਕਟ ਨਾਲ ਅੱਗ ਲੱਗੀ।

## ਸ਼ੇਅਰ ਬਜ਼ਾਰ 'ਚ ਨਵਾਂ ਰਿਕਾਰਡ

**ਮੁੰਬਈ :** ਘਰੇਲੂ ਸ਼ੇਅਰ ਬਾਜ਼ਾਰਾਂ 'ਚ ਤੇਜ਼ੀ ਬੁੱਧਵਾਰ ਲਗਾਤਾਰ ਪੰਜਵੇਂ ਕਾਰੋਬਾਰੀ ਸੈਸ਼ਨ 'ਚ ਜਾਰੀ ਰਹੀ। ਤੀਹ ਸ਼ੇਅਰਾਂ ਵਾਲਾ ਸੈਂਸੈਕਸ 302.30 ਅੰਕਾਂ ਭਾਵ 0.45 ਫੀਸਦੀ ਦੇ ਵਾਧੇ ਨਾਲ 67,097.44 ਅੰਕਾਂ ਦੇ ਨਵੇਂ ਰਿਕਾਰਡ ਪੱਧਰ 'ਤੇ ਬੰਦ ਹੋਇਆ। ਪਹਿਲੀ ਵਾਰ ਸੈਂਸੈਕਸ 67,000 ਦੇ ਪਾਰ ਬੰਦ ਹੋਇਆ ਹੈ। ਨਿਫਟੀ ਵੀ 83.90 ਅੰਕਾਂ ਭਾਵ 0.42 ਫੀਸਦੀ ਦੇ ਵਾਧੇ ਨਾਲ 19,833.15 ਅੰਕਾਂ ਦੇ ਨਵੇਂ ਸਿਖਰ 'ਤੇ ਬੰਦ ਹੋਇਆ।

# ਛੱਤ ਡਿੱਗਣ ਨਾਲ ਦੋ ਭਰਾਵਾਂ ਦੀ ਮੌਤ



**ਪਟਿਆਲਾ :** ਸ਼ਹਿਰ ਵਿਚਲੇ ਰਾਘੋ ਮਾਜਰਾ 'ਚ ਮੰਗਲਵਾਰ ਰਾਤ ਮਕਾਨ ਦੀ ਗਾਡਰ ਬਾਲੇ ਵਾਲੀ ਛੱਤ ਡਿੱਗਣ ਕਰਨ ਦੋ ਸਕੇ ਮਜ਼ਦੂਰ ਭਰਾਵਾਂ ਦੀ ਮੌਤ ਹੋ ਗਈ। ਇਨ੍ਹਾਂ ਦੀ ਪਛਾਣ 35 ਸਾਲਾ ਮੁੰਨਾ ਲਾਲ ਅਤੇ 45 ਸਾਲਾ ਰਮਾ ਸ਼ੰਕਰ ਵਜੋਂ ਹੋਈ। ਇਨ੍ਹਾਂ ਦੇ ਹੀ ਇਕ ਹੋਰ ਭਰਾ ਚਿਰੰਜੀ ਲਾਲ ਸਮੇਤ ਗੰਗਾ ਰਾਮ ਅਤੇ ਸੰਤੋਸ਼ ਵੀ ਜ਼ਖਮੀ ਹੋ ਗਏ। ਯੂ ਪੀ ਦੇ ਇਹ ਪੰਜੇ ਬੰਦੇ ਕਿਰਾਏ ਦੇ ਮਕਾਨ ਵਿਚ ਰਹਿੰਦੇ ਸਨ।

## ਪੰਜ ਜੀਅ ਦੱਬੇ ਗਏ

**ਕਠੂਆ :** ਜੰਮੂ ਅਤੇ ਕਸ਼ਮੀਰ ਦੇ ਕਠੂਆ ਜ਼ਿਲ੍ਹੇ ਦੇ ਉਪਰਲੇ ਹਿੱਸੇ 'ਚ ਬੁੱਧਵਾਰ ਭਾਰੀ ਮੀਂਹ ਕਾਰਨ ਆਏ ਹੜ੍ਹਾਂ ਤੇ ਢਿੱਗਾਂ ਡਿੱਗਣ ਕਾਰਨ ਘੱਟੋ-ਘੱਟ 8 ਵਿਅਕਤੀਆਂ ਦੀ ਮੌਤ ਹੋ ਗਈ। ਬਣੀ ਤਹਿਸੀਲ ਦੇ ਪਿੰਡ ਸੁਰਜਨ 'ਚ ਇਕ ਘਰ 'ਤੇ ਢਿੱਗਾਂ ਡਿੱਗਣ ਕਾਰਨ ਪਰਵਾਰ ਦੇ 5 ਜੀਅ ਜ਼ਿੰਦਾ ਦੱਬ ਗਏ। ਸੇਰਾ 'ਚ ਤਿੰਨ ਹੋਰ ਵਿਅਕਤੀਆਂ ਦੀ ਮੌਤ ਹੋ ਗਈ।

## ਯਮੁਨਾ ਫਿਰ ਉੱਛਲੀ

**ਨਵੀਂ ਦਿੱਲੀ :** ਰਾਜਧਾਨੀ ਅਤੇ ਉਪਰਲੇ ਜਲਗਾਹ ਖੇਤਰਾਂ 'ਚ ਬਾਰਸ਼ ਕਾਰਨ ਬੁੱਧਵਾਰ ਸਵੇਰੇ ਦਿੱਲੀ 'ਚ ਯਮੁਨਾ ਦੇ ਪਾਣੀ ਦਾ ਪੱਧਰ ਫਿਰ 205.33 ਮੀਟਰ ਦੇ ਖਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ। ਯਮੁਨਾ ਦਾ ਪਾਣੀ 12 ਘੰਟੇ ਪਹਿਲਾਂ ਖਤਰੇ ਦੇ ਨਿਸ਼ਾਨ ਤੋਂ ਹੇਠਾਂ ਚਲਾ ਗਿਆ ਸੀ। ਇਸ ਦਾ ਜਲ ਪੱਧਰ ਸਵੇਰੇ ਅੱਠ ਵਜੇ 205.48 ਮੀਟਰ ਤੱਕ ਪਹੁੰਚ ਗਿਆ ਸੀ, ਜਿਸ ਦੇ ਸ਼ਾਮ ਛੇ ਵਜੇ ਤੱਕ ਵਧ ਕੇ 205.72 ਮੀਟਰ ਹੋਣ ਦੀ ਸੰਭਾਵਨਾ ਸੀ।

## ਰਾਵੀ ਕੰਢੇ ਦੇ ਸਹਿਮੇ ਲੋਕ

**ਅਜਨਾਲਾ :** ਹਿਮਾਚਲ 'ਚ ਹੋ ਰਹੀ ਬਰਸਾਤ ਕਾਰਨ ਉਜ ਦਰਿਆ ਵਿੱਚੋਂ ਕਰੀਬ ਢਾਈ ਲੱਖ ਕਿਊਸਿਕ ਪਾਣੀ ਛੱਡਣ ਕਾਰਨ ਇਹ ਪਾਣੀ ਰਾਵੀ ਦਰਿਆ 'ਚ ਮਿਲਣ ਨਾਲ ਹੁਣ ਰਾਵੀ ਦਰਿਆ 'ਚ 3 ਲੱਖ ਕਿਊਸਿਕ ਤੋਂ ਜ਼ਿਆਦਾ ਪਾਣੀ ਚੱਲੇਗਾ, ਜਿਸ ਨਾਲ ਸਰਹੱਦੀ ਖੇਤਰ ਅੰਦਰ ਵੱਸਦੇ ਲੋਕਾਂ ਅੰਦਰ ਸਹਿਮ ਪੈਦਾ ਹੋ ਗਿਆ ਹੈ। ਦਰਿਆ ਨੇੜਲੇ ਸਥਾਨਾਂ 'ਤੇ ਵੱਸਦੇ ਲੋਕਾਂ ਨੂੰ ਉੱਚੀਆਂ ਥਾਵਾਂ 'ਤੇ ਜਾਣ ਅਤੇ ਹੜ੍ਹ ਦੇ ਸੰਭਾਵੀ ਖਤਰੇ ਤੋਂ ਸੁਚੇਤ ਕਰਨ ਲਈ ਪ੍ਰਸ਼ਾਸਨ ਪਿੰਡਾਂ ਦੇ ਗੁਰਦੁਆਰਿਆਂ ਵਿੱਚੋਂ ਮੁਨਿਆਦੀ ਕਰਵਾ ਰਿਹਾ ਹੈ।

# ਸਟੇਟ ਪਬਲਿਕ ਪ੍ਰੋਕਿਉਰਮੈਂਟ ਪੋਰਟਲ ਦੀ ਸ਼ੁਰੂਆਤ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਬੋਲੀਕਾਰਾਂ ਨਾਲ ਨਿਰਪੱਖ ਅਤੇ ਬਰਾਬਰੀ ਵਾਲਾ ਵਤੀਰਾ ਯਕੀਨੀ ਬਣਾਉਣ ਅਤੇ ਪ੍ਰੋਕਿਉਰਮੈਂਟ ਪ੍ਰਣਾਲੀ ਵਿੱਚ ਕੁਸ਼ਲਤਾ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ ਪੁੱਟਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਵੱਲੋਂ ਬੁੱਧਵਾਰ ਸਟੇਟ ਪਬਲਿਕ ਪ੍ਰੋਕਿਉਰਮੈਂਟ ਪੋਰਟਲ (ਐੱਸ ਪੀ ਪੀ ਪੀ) ਦੀ ਸ਼ੁਰੂਆਤ ਕੀਤੀ ਗਈ। ਇਹ ਪੋਰਟਲ ਪੰਜਾਬ ਦੇ ਵਿੱਤ ਵਿਭਾਗ ਨੇ ਨੈਸ਼ਨਲ ਇਨਫੋਰਮੈਟਿਕਸ ਸੈਂਟਰ (ਐੱਨ ਆਈ ਸੀ) ਦੇ ਸਹਿਯੋਗ ਨਾਲ ਤਿਆਰ ਕੀਤਾ ਹੈ। ਇੱਥੇ ਮਿਉਂਸਪਲ ਭਵਨ ਵਿਖੇ ਸਟੇਟ ਅਕਾਊਂਟ ਸਰਵਿਸਿਜ਼ (ਐੱਸ ਏ ਐੱਸ) ਅਧਿਕਾਰੀਆਂ ਲਈ ਕਰਵਾਏ ਗਏ ਇੱਕ ਰੋਜ਼ਾ ਓਰੀਐਂਟੇਸਨ ਪ੍ਰੋਗਰਾਮ ਦੌਰਾਨ ਪੋਰਟਲ ਦੀ ਸ਼ੁਰੂਆਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਟ੍ਰਾਂਸਪਰੇਸੀ ਇਨ ਪਬਲਿਕ ਪ੍ਰੋਕਿਉਰਮੈਂਟ ਐਕਟ, 2019 ਦੀ ਧਾਰਾ 43 ਤਹਿਤ ਸਟੇਟ ਪਬਲਿਕ ਪ੍ਰੋਕਿਉਰਮੈਂਟ ਪੋਰਟਲ ਸਥਾਪਤ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਇਸ ਪੋਰਟਲ ਦਾ ਮੁੱਖ ਮੰਤਵ ਪ੍ਰੋਕਿਉਰਮੈਂਟ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਲਿਆਉਣਾ ਹੈ। ਉਨ੍ਹਾ ਕਿਹਾ ਕਿ ਇਹ ਪੋਰਟਲ ਬੁਨਿਆਦੀ ਟੈਂਡਰ ਵੇਰਵਿਆਂ (ਮੌਜੂਦਾ ਐਕਟਿਵ ਟੈਂਡਰ, ਓਪਨਿੰਗ/ਕਲੌਜ਼ਿੰਗ ਟੈਂਡਰ ਅਤੇ ਰੱਦ ਕੀਤੇ ਟੈਂਡਰ), ਬੋਲੀ ਸੰਬੰਧੀ ਦਸਤਾਵੇਜ਼, ਐਕਟਿਵ ਕੋਰੀਜੰਡਮ, ਐਕਟ ਅਤੇ ਨਿਯਮ, ਅਪੀਲ ਅਤੇ ਇਸ ਦੀਆਂ ਪ੍ਰਕਿਰਿਆਵਾਂ, ਸਾਲਾਨਾ ਪ੍ਰੋਕਿਉਰਮੈਂਟ ਯੋਜਨਾਵਾਂ, ਉਨ੍ਹਾਂ ਬੋਲੀਕਾਰਾਂ ਦੀ ਸੂਚੀ, ਜਿਨ੍ਹਾਂ ਪੂਰਵ-ਯੋਗਤਾ ਜਾਂ ਬੋਲੀਕਾਰ ਰਜਿਸਟ੍ਰੇਸ਼ਨ ਦੌਰਾਨ ਬੋਲੀ ਪੇਸ਼ ਕੀਤੀ, ਪ੍ਰੀ-ਕੁਆਲੀਫਾਈਡ ਅਤੇ ਰਜਿਸਟਰਡ ਬੋਲੀਕਾਰਾਂ ਦੀ ਸੂਚੀ, ਕਾਰਨਾਂ ਸਮੇਤ ਸੈਕਸ਼ਨ 24 ਅਧੀਨ ਬਾਹਰ ਰੱਖੇ ਗਏ ਬੋਲੀਕਾਰਾਂ ਦੀ ਸੂਚੀ, ਐਕਟ ਦੀ ਧਾਰਾ 49 ਅਤੇ 50 ਅਧੀਨ ਲਾਜ਼ਮੀ ਅਪੀਲਾਂ ਬਾਰੇ ● ਬਾਕੀ ਸਫ਼ਾ 2 'ਤੇ

# ਵਿਨੇਸ਼ ਫੋਗਾਟ ਦੀ ਸਿੱਧੀ ਐਂਟਰੀ ਦਾ ਅੰਤਿਮ ਪੰਘਾਲ ਵੱਲੋਂ ਵਿਰੋਧ

**ਨਵੀਂ ਦਿੱਲੀ :** ਮੌਜੂਦਾ ਅੰਡਰ-20 ਵਿਸ਼ਵ ਚੈਂਪੀਅਨ ਅੰਤਿਮ ਪੰਘਾਲ ਨੇ ਵਿਨੇਸ਼ ਫੋਗਾਟ ਨੂੰ ਏਸ਼ੀਆਈ ਖੇਡਾਂ ਲਈ ਚੋਣ ਟਰਾਇਲਾਂ ਤੋਂ ਛੋਟ ਦੇਣ 'ਤੇ ਸਵਾਲ ਖੜ੍ਹੇ ਕਰਦਿਆਂ ਕਿਹਾ ਹੈ ਕਿ ਸਿਰਫ ਉਹ ਹੀ ਨਹੀਂ, ਸਗੋਂ ਹੋਰ ਵੀ ਕਈ ਭਾਰਤੀ ਭਲਵਾਨ ਵਿਨੇਸ਼ ਨੂੰ 53 ਕਿੱਲੋ ਵਰਗ ਵਿੱਚ ਹਰਾਉਣ ਦੇ ਸਮਰੱਥ ਹਨ। ਵਿਨੇਸ਼ (53 ਕਿੱਲੋ) ਅਤੇ ਬਜਰੰਗ ਪੂਨੀਆ (65 ਕਿੱਲੋ) ਨੂੰ ਮੰਗਲਵਾਰ ਭਾਰਤੀ ਉਲੰਪਿਕ ਐਸੋਸੀਏਸ਼ਨ ਦੀ ਐਡਹਾਕ ਕਮੇਟੀ ਨੇ ਏਸ਼ੀਆਈ ਖੇਡਾਂ 'ਚ ਸਿੱਧਾ ਦਾਖਲਾ ਦਿੱਤਾ, ਜਦਕਿ ਬਾਕੀ ਭਲਵਾਨਾਂ ਨੂੰ 22 ਅਤੇ 23 ਜੁਲਾਈ ਨੂੰ ਟਰਾਇਲਾਂ 'ਚੋਂ ਲੰਘਣਾ ਹੋਵੇਗਾ। ਹਿਸਾਰ ਦੀ ਰਹਿਣ ਵਾਲੀ 19 ਸਾਲਾ ਪੰਘਾਲ ਵੀ 53 ਕਿੱਲੋ ਭਾਰ ਵਰਗ 'ਚ ਦਾਅਵੇਦਾਰ ਹੈ। ਉਸ ਨੇ ਪੁੱਛਿਆ ਕਿ ਇੰਨੇ ਲੰਬੇ ਸਮੇਂ ਤੱਕ ਅਭਿਆਸ ਨਾ ਕਰਨ ਦੇ ਬਾਵਜੂਦ ਵਿਨੇਸ਼ ਕਿਵੇਂ ਚੁਣੀ ਗਈ। ਸੀਨੀਅਰ ਏਸ਼ੀਆਈ ਚੈਂਪੀਅਨਸ਼ਿਪ ਦੀ ਚਾਂਦੀ ਦਾ ਤਮਗਾ ਜੇਤੂ ਪੰਘਾਲ ਨੇ ਵੀਡੀਓ 'ਚ ਕਿਹਾ-ਵਿਨੇਸ਼ ਫੋਗਾਟ ਨੂੰ ਏਸ਼ੀਆਈ ਖੇਡਾਂ 'ਚ ਸਿੱਧਾ ਦਾਖਲਾ ਮਿਲ ਗਿਆ, ਚਾਹੇ ਉਸ ਨੇ ਸਾਲ ਤੋਂ ਅਭਿਆਸ ਵੀ ਨਹੀਂ ਕੀਤਾ। ਇੱਕ ਸਾਲ 'ਚ ਉਸ ਦੀ ਕੋਈ ਪ੍ਰਾਪਤੀ ਨਹੀਂ ਹੈ। ਪਿਛਲੇ ਸਾਲ ਜੂਨੀਅਰ ਵਿਸ਼ਵ ਚੈਂਪੀਅਨਸ਼ਿਪ 'ਚ ਮੈਂ ਸੋਨ ਤਮਗਾ ਜਿੱਤਿਆ ਸੀ ਅਤੇ ਇਹ ਪ੍ਰਾਪਤੀ ਕਰਨ ਵਾਲੀ ਪਹਿਲੀ ਭਾਰਤੀ ਮਹਿਲਾ ਭਲਵਾਨ ਬਣੀ ਸੀ। ਏਸ਼ੀਅਨ ਚੈਂਪੀਅਨਸ਼ਿਪ 2023 'ਚ ਮੈਂ ਚਾਂਦੀ ਦਾ ਤਮਗਾ ਜਿੱਤਿਆ, ਜਦੋਂ ਕਿ ਵਿਨੇਸ਼ ਨੇ ਕੁਝ ਨਹੀਂ ਕੀਤਾ। ਸਾਕਸ਼ੀ ਮਲਿਕ ਨੇ ਉਲੰਪਿਕ ਤਮਗਾ ਜਿੱਤਿਆ ਹੈ, ਪਰ ਉਸ ਨੂੰ ਵੀ ਨਹੀਂ ਭੇਜਿਆ ਜਾ ਰਿਹਾ ਹੈ। ਵਿਨੇਸ਼ 'ਚ ਅਜਿਹਾ ਕੀ ਖਾਸ ਹੈ ਕਿ ਉਸ ਨੂੰ ਸਿੱਧਾ ਭੇਜਿਆ ਜਾ ਰਿਹਾ ਹੈ। ਟਰਾਇਲ ਕਰਵਾਓ। ਸਿਰਫ ਮੈਂ ਹੀ ਨਹੀਂ, ਕਈ ਕੁੜੀਆਂ ਹਨ, ਜੋ ਵਿਨੇਸ਼ ਨੂੰ ਮਾਤ ਦੇ ਸਕਦੀਆਂ ਹਨ।

## ਨੌਕਰ ਬੱਚੀ 'ਤੇ ਤਸ਼ੱਦਦ

**ਨਵੀਂ ਦਿੱਲੀ :** ਦਿੱਲੀ ਪੁਲਸ ਨੇ ਮਹਿਲਾ ਪਾਇਲਟ ਅਤੇ ਉਸ ਦੇ ਪਤੀ, ਜੋ ਏਅਰਲਾਈਨ ਵਿਚ ਮੁਲਾਜ਼ਮ ਹੈ, ਨੂੰ ਦਵਾਰਕਾ ਵਿਚ 10 ਸਾਲ ਦੀ ਬੱਚੀ ਨੂੰ ਕਥਿਤ ਤੌਰ 'ਤੇ ਘਰੇਲੂ ਨੌਕਰ ਵਜੋਂ ਰੱਖਣ ਅਤੇ ਉਸ 'ਤੇ ਤਸ਼ੱਦਦ ਕਰਨ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਹੈ। ਇਸ ਤੋਂ ਪਹਿਲਾਂ ਜਦੋਂ ਬੱਚੀ ਦੇ ਰਿਸ਼ਤੇਦਾਰਾਂ ਨੂੰ ਉਸ 'ਤੇ ਤਸ਼ੱਦਦ ਦਾ ਪਤਾ ਲੱਗਿਆ ਤਾਂ ਉਨ੍ਹਾਂ ਮੁਲਜ਼ਮਾਂ ਦੇ ਘਰ ਜਾ ਕੇ ਪਤੀ-ਪਤਨੀ ਨੂੰ ਚੰਗਾ ਸਬਕ ਸਿਖਾਇਆ। ਪੁਲਸ ਨੇ ਦੱਸਿਆ ਕਿ ਕੁੜੀ ਦਾ ਮੈਡੀਕਲ ਕਰਵਾਇਆ ਗਿਆ ਹੈ ਅਤੇ ਮੁਲਜ਼ਮਾਂ 'ਤੇ 323, 324, 342 ਆਈ ਪੀ ਸੀ ਅਤੇ ਬਾਲ ਮਜ਼ਦੂਰੀ ਐਕਟ, 75 ਜੇ ਜੇ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਅੱਜ-ਨਾਮਾ

ਆਪੋਜ਼ੀਸ਼ਨ ਨੇ ਕਰੀ ਜਦ ਕੱਲ੍ਹ ਮੀਟਿੰਗ,
ਅਗਲੀ ਚੋਣ ਵੱਲ ਲਾਈ ਸੀ ਅੱਖ ਬੇਲੀ।
ਖੁਸ਼ ਨਹੀਂ ਦਿੱਸੇ ਪੰਜਾਬ ਦੇ ਕਾਂਗਰਸੀਏ,
ਬੋਲਿਆ ਸਿੱਧੂ ਨਵਜੋਤ ਕੁਝ ਵੱਖ ਬੇਲੀ।
ਕਿਹਾ ਸਿੱਧੂ ਬੁਰਾਈਆਂ ਨੂੰ ਰੋਕਣੇ ਲਈ,
ਇੰਡੀਆ ਮੋਰਚੇ ਦਾ ਲਵਾਂਗੇ ਪੱਖ ਬੇਲੀ।
ਹੋਊਗੀ ਜਿੱਤ ਚੰਗਿਆਈ ਦੀ ਇਸ ਵਾਰੀ,
ਅੜਿੱਕਾ ਡਾਹੇ ਤੇ ਡਾਹੇ ਕੋਈ ਲੱਖ ਬੇਲੀ।
ਰਾਏ ਕੋਈ ਸਿੱਧੂ ਦੀ ਮੰਨੇ ਜਾਂ ਨਹੀਂ ਮੰਨੇ,
ਦਿੱਤਾ ਈ ਤੀਰ ਅਗੇਤਾ ਉਸ ਦਾਗ ਬੇਲੀ।
ਅਗਲੀ ਟਿਕਟ ਲਈ ਲਾਏ ਜੁਗਾੜ ਸਿੱਧੂ,
ਕੋਈ ਨਹੀਂ ਜਾਣਦਾ ਲੱਛੀ ਦੇ ਭਾਗ ਬੇਲੀ।

-ਤੀਸ ਮਾਰ ਖਾਂ

# ਮੁੱਖ ਮੰਤਰੀ ਨੇ ਬਾਪੂ ਲਾਲ ਬਾਦਸ਼ਾਹ ਦੇ ਮੇਲੇ 'ਚ ਕੀਤੀ ਸ਼ਿਰਕਤ



**ਜਲੰਧਰ (ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਦਰਬਾਰ ਅਲਮਸਤ ਬਾਪੂ ਲਾਲ ਬਾਦਸ਼ਾਹ ਵਿਖੇ ਨਤਮਸਤਕ ਹੋ ਕੇ ਸੂਬੇ ਦੇ ਵਿਕਾਸ ਤੇ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਅਜਿਹੇ ਇਤਿਹਾਸਕ ਤੇ ਧਾਰਮਿਕ ਸਮਾਗਮਾਂ ਨੂੰ ਸੌੜੀ ਰਾਜਨੀਤੀ, ਜਾਤ-ਪਾਤ, ਰੰਗ-ਭੇਦ ਤੋਂ ਉਪਰ ਉਠ ਕੇ ਰਲ-ਮਿਲ ਕੇ ਮਨਾਉਣਾ ਚਾਹੀਦਾ ਹੈ। ਮਾਨ ਨੇ ਕਿਹਾ ਕਿ ਪੰਜਾਬ ਸੰਤਾਂ- ਮਹਾਤਮਾਂ, ਪੀਰਾਂ-ਪੈਗੰਬਰਾਂ ਅਤੇ ਮਹਾਨ ਸ਼ਹੀਦਾਂ ਦੀ ਧਰਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਕਈ ਹਿੱਸਿਆਂ ਵਿੱਚ ਹੜ੍ਹਾਂ ਦੇ ਚੱਲਦਿਆਂ ਮੌਜੂਦਾ ਸੰਕਟ ਛੇਤੀ ਹੀ ਖਤਮ ਹੋ ਜਾਵੇਗਾ ਕਿਉਂਕਿ ਪੰਜਾਬੀਆਂ ਨੇ ਕੁਦਰਤੀ ਆਫਤ ਕਾਰਨ ਸੰਕਟ ਦਾ ਸਾਹਮਣਾ ਕਰ ਰਹੇ ਲੋਕਾਂ ਦੀ ਮਦਦ ਲਈ ਆਪਸ ਵਿੱਚ ਸਾਂਝ ਪਾਈ ਹੈ। ਇਹ ਪਹਿਲੀ ਵਾਰ ਨਹੀਂ ਹੈ, ਜਦੋਂ ਪੰਜਾਬ ਅਜਿਹੀ ਸਥਿਤੀ ਦਾ ਸਾਹਮਣਾ ਕਰ ਰਿਹਾ ਹੈ ਕਿਉਂਕਿ ਸੂਬੇ ਦਾ ਅਜਿਹੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਦਾ ਸ਼ਾਨਦਾਰ ਇਤਿਹਾਸ ਰਿਹਾ ਹੈ। ਅਕਾਲ ਪੁਰਖ ਦੀ ਮਿਹਰ ਨਾਲ ਇਹ ਸਾਰੀਆਂ ਮੁਸ਼ਕਲਾਂ ਵੀ ਦੂਰ ਹੋ ਜਾਣਗੀਆਂ। ਉਨ੍ਹਾਂ ਦੀ ਸਰਕਾਰ ਪੰਜਾਬ ਨੂੰ ਹਰੇਕ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਪੂਰੀ ਪਾਰਦਰਸ਼ਤਾ ਅਤੇ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਪੁਰਾਤਨ ਸ਼ਾਨ ਨੂੰ ਹਰ ਕੀਮਤ 'ਤੇ ਬਹਾਲ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਬਲਕਾਰ ਸਿੰਘ, ਡੇਰੇ ਦੇ ਮੁਖੀ ਅਤੇ ਪ੍ਰਸਿੱਧ ਪੰਜਾਬੀ ਗਾਇਕ ਹੰਸ ਰਾਜ ਹੰਸ, ਵਿਧਾਇਕ ਇੰਦਰਜੀਤ ਕੌਰ ਮਾਨ ਅਤੇ ਜਸਵੀਰ ਸਿੰਘ ਰਾਜਾ, ਵਿਸ਼ਵ ਪ੍ਰਸਿੱਧ ਗਾਇਕ ਦਲੇਰ ਮਹਿੰਦੀ ਤੋਂ ਇਲਾਵਾ ਹੋਰ ਵੀ ਹਾਜਰ ਸਨ।

## ਜਵਾਲਾ ਗੁੱਟਾ ਤੋਂ ਇੱਕ ਮਹੀਨਾ ਸਿਖਲਾਈ ਹਾਸਲ ਕਰਕੇ ਪਰਤੇ 34 ਖਿਡਾਰੀ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਹੈਦਰਾਬਾਦ ਵਿਖੇ ਜਵਾਲਾ ਗੁੱਟਾ ਬੈਡਮਿੰਟਨ ਅਕੈਡਮੀ ਵਿੱਚ ਇਕ ਮਹੀਨੇ ਦੀ ਸਿਖਲਾਈ ਹਾਸਲ ਕਰਨ ਤੋਂ ਬਾਅਦ ਪੰਜਾਬ ਪਰਤੇ ਖਿਡਾਰੀਆਂ ਦੇ ਚਿਹਰਿਆਂ ਉਤੇ ਉਤਸ਼ਾਹ ਤੇ ਜਲੌਅ ਦੇਖਣ ਵਾਲਾ ਸੀ। ਗੱਲਬਾਤ ਵਿੱਚ ਅੱਠ ਵਰ੍ਹਿਆਂ ਦੇ ਯੁਵਾਨ ਬਾਂਸਲ, 10 ਵਰ੍ਹਿਆਂ ਦੀ ਕਾਮਿਲ ਸੱਭਰਵਾਲ, 13 ਵਰ੍ਹਿਆਂ ਦੇ ਸ਼ੀਵਾਨ ਢੀਂਗਰਾ ਤੇ 14 ਵਰ੍ਹਿਆਂ ਦੀ ਆਰੁਸ਼ੀ ਮਹਿਤਾ ਆਤਮ-ਵਿਸ਼ਵਾਸ ਨਾਲ ਲਬਰੇਜ਼ ਸਨ। ਨਵੀਂ ਉਮਰ ਦੇ ਇਨ੍ਹਾਂ ਖਿਡਾਰੀਆਂ ਦਾ ਨਿਸ਼ਾਨਾ ਹੁਣ ਪੁਲੇਲਾ ਗੋਪੀਚੰਦ, ਸਾਇਨਾ ਨੇਹਵਾਲ, ਪੀ ਵੀ ਸਿੰਧੂ, ਜਵਾਲਾ ਗੁੱਟਾ, ਲਕਸ਼ੇ ਸੇਨ ਵਾਂਗ ਬੈਡਮਿੰਟਨ ਦੀ ਦੁਨੀਆ ਵਿੱਚ ਸਿਖਰ ਉਤੇ ਪਹੁੰਚਣਾ ਹੈ। ਅਜਿਹਾ ਆਤਮ-ਵਿਸ਼ਵਾਸ ਸਾਰੇ 34 ਖਿਡਾਰੀਆਂ ਵਿੱਚ ਦੇਖਣ ਨੂੰ ਮਿਲਿਆ, ਜਦੋਂ ਉਹ ਆਪਣੀ ਸਿਖਲਾਈ ਦੇ ਤਜਰਬੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨਾਲ ਸਾਂਝੇ ਕਰ ਰਹੇ ਸਨ। ਪੰਜਾਬ ਭਵਨ ਚੰਡੀਗੜ੍ਹ ਦਾ ਚੌਗਿਰਦਾ ਇਨ੍ਹਾਂ ਉਭਰਦੇ ਖਿਡਾਰੀਆਂ ਦੇ ਜੋਸ਼ ਅਤੇ ਉਤਸ਼ਾਹ ਨਾਲ ਭਰਿਆ ਹੋਇਆ ਸੀ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਦਾ ਸੁਫਨਾ ਇਹ ਖਿਡਾਰੀ ਹੁਣ ਆਪਣੀ ਲਗਨ ਤੇ ਮਿਹਨਤ ਨਾਲ ਪੂਰਾ ਕਰਨਗੇ। ਪੰਜਾਬ ਦੇ ਖੇਡ ਵਿਭਾਗ ਵੱਲੋਂ ਆਪਣੇ ਖਰਚੇ ਉਤੇ ਹੈਦਰਾਬਾਦ ਸਿਖਲਾਈ ਲਈ ਭੇਜੇ 34 ਖਿਡਾਰੀ ਇਕ ਮਹੀਨੇ ਦੌਰਾਨ ਦਰੋਣਾਚਾਰੀਆ ਐਵਾਰਡੀ ਤੇ ਸਾਬਕਾ ਭਾਰਤੀ ਬੈਡਮਿੰਟਨ ਕੋਚ ਐੱਸ ਐੱਮ ਆਰਿਫ ਕੋਲੋਂ ਸਿੱਖੇ ਗੁਰਾਂ ਅਤੇ ਤਕਨੀਕਾਂ ਤੋਂ ਆਪਣੇ ਰੋਜ਼ਾਨਾ ਦੇ ਅਭਿਆਸ ਦੌਰਾਨ ਸੇਧ ਲੈਂਦੇ ਰਹਿਣਗੇ।

## ਨਿਸ਼ਾਨ ਅਕੈਡਮੀ ਦੀ ਗੱਤਕੇ ਦੀ ਟੀਮ ਸੂਬਾ ਪੱਧਰੀ ਮੁਕਾਬਲੇ 'ਚ ਅੱਵਲ



**ਮਲੋਟ (ਗੁਰਮੀਤ ਸਿੰਘ ਮੱਕੜ)**-ਹਰ ਵਾਰ ਦੀ ਤਰ੍ਹਾਂ ਜਿੱਤਾਂ ਦਾ ਸਿਲਸਿਲੇ ਨੂੰ ਜਾਰੀ ਰੱਖਦਿਆਂ ਨਿਸ਼ਾਨ ਅਕੈਡਮੀ ਔਲਖ ਦੀ ਗੱਤਕਾ ਦੀ ਟੀਮ ਨੇ ਸੂਬਾ ਪੱਧਰੀ ਮੁਕਾਬਲਿਆਂ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ ਹੈ। ਅਕੈਡਮੀ ਦੇ ਡਾਇਰੈਕਟਰ ਇਕਓਂਕਾਰ ਸਿੰਘ ਨੇ ਦੱਸਿਆ ਕਿ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਵੱਲੋਂ ਇਹ ਮੁਕਾਬਲੇ '11ਵੀਂ ਸਟੇਟ ਗੱਤਕਾ ਚੈਂਪੀਅਨਸ਼ਿਪ 2023' ਦੇ ਤਹਿਤ ਲੁਧਿਆਣਾ ਵਿਖੇ ਕਰਵਾਏ ਗਏ, ਜਿਸ ਵਿਚ ਪੰਜਾਬ ਭਰ 'ਚ 22 ਜ਼ਿਲ੍ਹਿਆਂ ਦੀਆਂ ਟੀਮਾਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿਚ ਅੰਡਰ-14 ਲੜਕੀਆਂ ਨੇ ਭਾਗ ਲਿਆ ਜਿਨ੍ਹਾਂ ਵਿਚੋਂ ਨਿਸ਼ਾਨ ਅਕੈਡਮੀ ਔਲਖ ਦੀ ਗੱਤਕੇ ਦੀ ਟੀਮ ਨੇ ਆਪਣੀ ਮਿਹਨਤ ਦੇ ਫਲਸਰੂਪ ਸਾਰੀਆਂ ਟੀਮਾਂ ਨੂੰ ਮਾਤ ਦੇ ਕੇ ਪਹਿਲਾ ਸਥਾਨ ਨਿਸ਼ਾਨ ਅਕੈਡਮੀ ਦੀ ਝੋਲੀ ਪਵਾਇਆ। ਟੀਮ ਦੇ ਕੋਚ ਗੁਰਲਾਲ ਸਿੰਘ ਨੇ ਦੱਸਿਆ ਕਿ ਅਕੈਡਮੀ ਦੀ ਟੀਮ ਦੇ ਤਿੰਨ ਖਿਡਾਰੀਆਂ ਨੂੰ ਨੈਸ਼ਨਲ ਪੱਧਰ ਦੇ ਲਈ ਚੁਣਿਆ ਗਿਆ ਹੈ। ਇਸ ਮਹਾਨ ਜਿੱਤ 'ਤੇ ਅਕੈਡਮੀ ਦੇ ਚੇਅਰਮੈਨ ਜਸ਼ਮੀਤ ਸਿੰਘ, ਡਾਇਰੈਕਟਰ ਓਂਕਾਰ ਸਿੰਘ, ਪ੍ਰਿੰਸੀਪਲ ਮੈਡਮ ਹਰਪ੍ਰੀਤ ਸਿੰਘ, ਵਾਇਸ ਪ੍ਰਿੰਸੀਪਲ ਮੈਡਮ ਵੀਰਪਾਲ ਕੌਰ ਵਲੋਂ ਵੀ ਟੀਮ ਕੋਚ, ਖਿਡਾਰੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਗਈ ਅਤੇ ਖਿਡਾਰੀਆਂ ਨੂੰ ਨੈਸ਼ਨਲ ਪੱਧਰ ਦੇ ਲਈ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## 23 ਦੇ ਕੈਂਪ ਦੀਆਂ ਤਿਆਰੀਆਂ ਮੁਕੰਮਲ : ਡਾ. ਰਾਕੇਸ਼ ਸਿੰਗਲਾ



**ਧੂਰੀ ( ਸੁਖਦੇਵ ਧੂਰੀ)**-ਸਮਾਜ ਸੇਵੀ ਸੰਸਥਾ ਅਖਿਲ ਭਾਰਤੀਯ ਤਰੁਣ ਸੰਗਮ ਧੂਰੀ ਵੱਲੋਂ 23 ਜੁਲਾਈ ਨੂੰ ਸਥਾਨਕ ਹਿਤਕਾਰੀ ਵਿੱਦਿਆ ਮੰਦਰ ਨੇੜੇ ਸੱਟੇ ਵਾਲਾ ਪੁਲ ਵਿਖੇ ਲਾਏ ਜਾ ਰਹੇ ਦਿਲ ਦੇ ਰੋਗਾਂ ਦੇ ਕੈਂਪ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਪ੍ਰੋਜੈਕਟ ਇੰਚਾਰਜ ਡਾ. ਰਾਕੇਸ਼ ਸਿੰਗਲਾ ਨੇ ਦੱਸਿਆ ਕਿ ਇਸ ਕੈਂਪ ਵਿਚ ਦਿਲ ਦੇ ਰੋਗਾਂ ਦੇ ਮਾਹਿਰ ਡਾਕਟਰ ਜੀਤੇਸ਼ ਜੈਨ ਡੀ ਐਮ ਕਾਰਡੀਓਲੋਜੀ ਆਪਣੀ ਟੀਮ ਨਾਲ ਪਹੁੰਚ ਰਹੇ ਹਨ। ਸਵੇਰੇ 8 ਵਜੇ ਤੋਂ 2 ਵਜੇ ਤੱਕ ਲੱਗਣ ਵਾਲੇ ਇਸ ਕੈਂਪ ਵਿੱਚ ਭਾਗ ਲੈਣ ਵਾਲੇ ਮਰੀਜ਼ਾਂ ਲਈ ਟੈਸਟ ਅਤੇ ਦਵਾਈਆਂ ਮੁਫਤ ਮੁਹਈਆ ਕਰਵਾਈਆਂ ਜਾਣਗੀਆਂ। ਉਹਨਾਂ ਅੱਗੇ ਕਿਹਾ ਕਿ ਲੋੜ ਪੈਣ 'ਤੇ ਈਕੋ ਅਤੇ ਟੀ ਐਮ ਟੀ ਟੈਸਟ ਅੱਧੀ ਕੀਮਤ 'ਤੇ ਕਰਵਾਏ ਜਾ ਸਕਣਗੇ। ਇਸ ਮੌਕੇ ਉਨ੍ਹਾਂ ਨਾਲ ਸੰਸਥਾ ਦੇ ਜਨਰਲ ਸਕੱਤਰ ਮਨਜੀਤ ਸਿੰਘ ਬਖਸ਼ੀ ਸਾਬਕਾ ਡੀ ਪੀ ਆਰ ਓ ਮੌਜੂਦ ਸਨ।

## ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਤੇ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਮੀਟਿੰਗਾਂ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)** ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ 24 ਨੂੰ ਡੀ ਸੀ ਦਫਤਰ ਤੇ ਜੇ ਸਰਕਾਰ ਜਥੇਬੰਦੀਆਂ ਵੱਲੋਂ ਰੱਖੀਆਂ ਮੰਗਾਂ ਨਹੀਂ ਮੰਨਦੀ ਤਾਂ 25 ਜੁਲਾਈ ਨੂੰ ਰੇਲ ਦੀਆਂ ਪਟੜੀਆਂ 'ਤੇ ਬੈਠ ਕੇ ਰੇਲਾਂ ਰੋਕੀਆਂ ਜਾਣਗੀਆਂ। ਅੱਜ ਉਸੇ ਪ੍ਰੋਗਰਾਮ ਦੀ ਲਾਮਬੰਦੀ ਲਈ ਪਿੰਡ ਕੁਲਾਰਾਂ, ਤੁੰਗਾਂ, ਉੱਪਲੀ ਪਿੰਡਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ। ਜਥੇਬੰਦੀ ਦੇ ਆਗੂ ਕੁਲਵਿੰਦਰ ਸੋਨੀ ਲੌਂਗੋਵਾਲ ਨੇ ਕਿਹਾ ਕਿ ਜਿਹੜੀ ਭਗਵੰਤ ਮਾਨ ਸਰਕਾਰ ਚੋਣਾਂ ਤੋਂ ਪਹਿਲਾਂ ਲੋਕਾਂ ਨੂੰ ਕਹਿੰਦੀ ਸੀ ਕਿ ਅਸੀਂ ਤਾਂ ਸਾਰੀਆਂ ਫਸਲਾਂ 'ਤੇ ਚੁਣਕੀ ਨਾਲ ਐਮ ਐਸ ਪੀ ਦੇਵਾਂਗੇ ਪਰ ਅੱਜ ਵੋਟਾਂ ਲੈ ਕੇ ਉਹਨਾ ਦੇ ਐਮ ਐਲ ਏ ਖੁੰਡਾਂ 'ਚ ਵੜਗੇ ਨੇ ਤੇ ਉਹੀ ਮੂੰਗੀ ਮੱਕੀ ਵਪਾਰੀਆਂ ਵੱਲੋਂ ਕੌਡੀਆਂ ਦੇ ਭਾਅ ਲੁੱਟੀ ਜਾ ਰਹੀ ਹੈ। ਹਰਦੇਵ ਸਿੰਘ ਕੁਲਾਰ ਨੇ ਕਿਹਾ ਕਿ ਮਾਨ ਸਰਕਾਰ ਮੋਦੀ ਤੇ ਕਾਰਪੋਰੇਟ ਘਰਾਣਿਆਂ ਦੀ ਪਿੱਠ ਵਿੱਚ ਪੈਰ ਧਰ ਕੇ ਚਿੱਪ ਵਾਲੇ ਪ੍ਰੀਪੇਡ ਮੀਟਰ ਲਾਏ ਜਾ ਰਹੇ ਹਨ, ਪੰਜਾਬ ਦੀਆਂ ਜ਼ਮੀਨਾਂ ਨੂੰ ਪਾੜ ਕੇ ਭਾਰਤ ਮਾਲਾ ਯੋਜਨਾ ਦੇ ਤਹਿਤ ਨਿਕਲ ਰਹੀਆਂ ਕਾਰਪੋਰੇਟ ਦੀਆਂ ਸੜਕਾਂ ਤੇ ਯੋਗ ਮੁਆਵਜ਼ੇ ਲਈ ਸੰਘਰਸ਼ ਕਰ ਰਹੇ ਕਿਸਾਨਾਂ ਤੇ ਮੋਦੀ ਸਰਕਾਰ ਦੀ ਸ਼ਹਿ 'ਤੇ ਮਾਨ ਸਰਕਾਰ ਲਾਠੀਆਂ ਵਰ੍ਹਾ ਰਹੀ ਹੈ। ਪੰਜਾਬ ਦੇ ਕਿਸਾਨਾਂ ਦੀਆਂ ਜ਼ਮੀਨਾਂ ਤੇ ਪਿੰਡਾਂ ਵਿਚਦੀ ਲੰਘ ਰਹੀ ਬੰਬਨੁਮਾ ਤੇਲ ਪਾਇਪ ਲਾਇਨ ਨੂੰ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤੇ ਬਿਨਾਂ ਧੱਕੇ ਨਾਲ ਪਾਉਣ ਲਈ ਕਿਸਾਨਾਂ 'ਤੇ ਤਸ਼ੱਦਦ ਕਰਨਾ ਆਪ ਸਰਕਾਰ ਦਾ ਕਾਰਪੋਰੇਟ ਦੀ ਕਠਪੁਤਲੀ ਬਣ ਕੇ ਚੱਲਣ ਦਾ ਚਿਹਰਾ ਨੰਗਾ ਕਰਦਾ ਹੈ। ਬਲਾਕ ਆਗੂ ਜੰਗੀਰ ਸਿੰਘ ਉਭਾਵਾਲ ਤੇ ਕੁਲਵਿੰਦਰ ਤੁੰਗਾਂ ਨੇ ਕਿਹਾ ਕਿ ਪੰਜਾਬ ਇਸ ਵੇਲੇ ਜੋ ਮੂਹਰੇ ਤਰ੍ਹਾਂ ਹੜ੍ਹਾਂ ਦੀ ਲਪੇਟ ਵਿੱਚ ਆ ਚੁੱਕਾ ਹੈ। ਕਿਸਾਨ-ਮਜ਼ਦੂਰ ਵਰਗ ਦੀਆਂ ਫਸਲਾਂ ਪੂਰੀ ਤਰ੍ਹਾਂ ਡੁੱਬ ਚੁੱਕੀਆਂ ਹਨ, ਮਕਾਨ ਡਿੱਗ ਪਏ ਹਨ, ਕਿੰਨੀਆਂ ਹੀ ਜ਼ਿੰਦਗੀਆਂ ਜਾਨਾਂ ਨਿਗਲ ਲਈਆਂ ਹਨ। ਇਹਨਾਂ ਇਹ ਕੁਦਰਤੀ ਮਾਰ ਕਹਿ ਕੇ ਮੌਜੂਦਾ ਤੇ ਪੁਰਾਣੀਆਂ ਸਰਕਾਰਾਂ ਨੂੰ ਇਸ ਗੱਲ ਤੋਂ ਬਰੀ ਨਹੀਂ ਕੀਤਾ ਜਾ ਸਕਦਾ ਕਿਉਂਕਿ ਪੰਜਾਬ ਵਿੱਚ ਹੜ੍ਹ ਆਉਣ ਦਾ ਵਰਤਾਰਾ ਨਵਾਂ ਨਹੀਂ, ਪਹਿਲਾਂ ਵੀ ਹੜ੍ਹ ਪੰਜਾਬ ਵਿੱਚ ਆਉਂਦੇ ਰਹੇ ਨੇ ਪਰ ਸਵਾਲ ਇਹ ਹੈ ਕਿ ਪੁਰਾਣੀ ਹੜ੍ਹਾਂ ਦੀ ਤਬਾਹੀ ਤੋਂ ਸਰਕਾਰਾਂ ਨੇ ਸਿੱਖਿਆ, ਕੀ ਅਗਾਊਂ ਪ੍ਰਬੰਧ ਕੀਤੇ। ਇਸ ਲਈ ਅਸੀਂ ਸਰਕਾਰ ਤੋਂ ਹੜ੍ਹ ਪੀੜਤਾਂ ਲਈ ਵੱਡੇ ਮੁਆਵਜ਼ੇ ਦੀ ਮੰਗ ਕਰਦੇ ਹਾਂ। ਮੁਆਵਜ਼ਾ ਨਾ ਮਿਲਣ ਦੀ ਸੂਰਤ ਵਿਚ ਜਥੇਬੰਦੀ ਵੱਲੋਂ ਕਰੜਾ ਸੰਘਰਸ਼ ਕੀਤਾ ਜਾਵੇਗਾ। ਪਿੰਡ ਉੱਪਲੀ ਦੀਆਂ ਮਾਵਾਂ ਭੈਣਾਂ ਦੀ ਅੱਜ ਪਿੰਡ ਕਮੇਟੀ ਦੀ ਚੋਣ ਵੀ ਕੀਤੀ ਗਈ। ਅੱਜ ਦੀ ਮੀਟਿੰਗ ਨੂੰ ਸੁਖਦੇਵ ਲੌਂਗੋਵਾਲ, ਸੁਖਦੇਵ ਸਿੰਘ ਕਿਲਾ ਭਰੀਆਂ, ਸੁਖਦੇਵ ਸਿੰਘ ਉੱਪਲੀ ਆਦਿ ਨੇ ਸੰਬੋਧਨ ਕੀਤਾ।

## ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਵਿਸ਼ਵ ਰਿਕਾਰਡ ਬਣਾਉਣ 'ਚ ਲਿਆ ਹਿੱਸਾ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਆਪਣਾ ਪੰਜਾਬ ਫਾਊਂਡੇਸ਼ਨ ਪੰਜਾਬ ਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਧੂਰੀ ਵਿਖੇ ਕਾਲਜ ਦੇ ਖੁੱਲ੍ਹੇ ਸਟੇਡੀਅਮ 'ਚ 11 ਹਜ਼ਾਰ ਵਿਦਿਆਰਥੀਆਂ ਵੱਲੋਂ ਵੱਡਾ 'ਮਨੁੱਖੀ ਦਰੱਖਤ' ਬਣਾਉਣ ਤੇ ਇੱਕੋ ਦਿਨ ਸੂਬੇ 'ਚ 7 ਲੱਖ ਬੂਟੇ ਲਗਾ ਕੇ ਵਿਸ਼ਵ ਰਿਕਾਰਡ ਸਥਾਪਤ ਕਰਨ ਦਾ ਮਾਣ ਪ੍ਰਾਪਤ ਕੀਤਾ। ਉਕਤ ਸੰਸਥਾ ਨੇ ਪਿਛਲੇ ਵਰ੍ਹੇ ਪੰਜਾਬ ਭਰ ਅੰਦਰ ਅਠਾਹਠ ਹਜ਼ਾਰ ਬੂਟੇ ਲਗਾਏ ਗਏ ਸਨ। ਪ੍ਰਿੰਸੀਪਲ ਜਸਵਿੰਦਰ ਕੌਰ ਨੇ ਦੱਸਿਆ ਕਿ ਬਰਡਵਾਲ ਦੇ ਖੁੱਲ੍ਹੇ ਸਟੇਡੀਅਮ ਵਿੱਚ ਇਸ ਵਿਸ਼ਵ ਰਿਕਾਰਡ ਦੇ ਸਾਖਸ਼ੀ ਬਣੇ ਹਜ਼ਾਰਾਂ ਲੋਕਾਂ ਤੇ ਸਕੂਲੀ ਬੱਚਿਆਂ ਦਰਮਿਆਨ ਮੁੱਖ ਮਹਿਮਾਨ ਵਜੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਅਤੇ ਦੇਸ਼ ਦੀ ਉੱਘੀ ਧਾਰਮਕ ਸ਼ਖਸੀਅਤ ਬਾਬਾ ਕਾਲੀਦਾਸ ਪਰਮਹੰਸ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਵਰਲਡ ਰਿਕਾਰਡ ਬਣਾਉਣ ਵਿੱਚ ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਜਿਸ ਬਦਲੇ ਇਨ੍ਹਾਂ ਵਿਦਿਆਰਥੀਆਂ ਨੂੰ ਫਾਊਂਡੇਸ਼ਨ ਵੱਲੋਂ ਸਰਟੀਫਿਕੇਟ ਪ੍ਰਦਾਨ ਕੀਤੇ ਗਏ ਅਤੇ ਭਵਿੱਖ ਵਿੱਚ ਇਨ੍ਹਾਂ ਨੂੰ ਸਨਮਾਨਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਾਰੇ ਸਕੂਲ ਦਾ ਹਰ ਇੱਕ ਬੱਚਾ ਇੱਕ ਇੱਕ ਬੂਟਾ ਲਗਾਏਗਾ ਅਤੇ ਇਸ ਦੇ ਪਾਲਣ ਪੋਸ਼ਣ ਦਾ ਵੀ ਅਹਿਦ ਕਰੇਗਾ। ਮੁੱਖ ਮੰਤਰੀ ਦੀ ਧਰਮ ਪਤਨੀ ਨੇ ਕਿਹਾ ਕਿ ਡਾਕਟਰ ਧੂਰੀ ਤੇ ਉਨ੍ਹਾਂ ਦੀ ਟੀਮ ਦਾ ਵਾਤਾਵਰਨ ਪ੍ਰਤੀ ਇਹ ਵਿਲੱਖਣ ਉਪਰਾਲਾ ਹੋਰਾਂ ਲਈ ਪ੍ਰੇਰਣਾ ਸਰੋਤ ਅਤੇ ਰਾਹ ਦਰਸਾਊ ਹੈ। 60 ਸਕੂਲਾਂ ਦੇ 11 ਹਜ਼ਾਰ ਸਕੂਲੀ ਬੱਚਿਆਂ ਨੇ ਦੁਨੀਆ ਦਾ ਸਭ ਤੋਂ ਵੱਡਾ ਹਰਾ ਭਰਾ 'ਮਨੁੱਖੀ ਦਰੱਖਤ' ਬਣਾ ਕੇ ਦੁਪਹਿਰ 12:03 ਵਜੇ ਵਿਸ਼ਵ ਰਿਕਾਰਡ ਬਣਾਇਆ। ਵਿਦਿਆਰਥੀਆਂ ਦੇ ਨਾਲ ਸਕੂਲ ਦੇ ਅਧਿਆਪਕ ਲਖਬੀਰ ਸਿੰਘ, ਮੈਡਮ ਸੀਨਤ, ਸੁਨੀਤਾ ਸ਼ਰਮਾ, ਅਮਨਦੀਪ ਕੌਰ, ਪ੍ਰਿਅੰਕਾ ਗਰਗ ਨੇ ਭਾਗ ਲਿਆ। ਸਕੂਲ ਮੈਨੇਜਮੈਂਟ ਮੈਂਬਰ ਕੁਲਦੀਪ ਸਿੰਘ ਮੰਡੇਰ, ਗੋਬਿੰਦ ਸਿੰਘ ਗਿੱਲ ਅਤੇ ਜਤਿੰਦਰ ਰਿਸ਼ੀ ਨੇ ਫੈਡਰੇਸ਼ਨ ਦੇ ਪ੍ਰਬੰਧਕਾਂ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ।

## ਬੀ ਕੇ ਯੂ ਕ੍ਰਾਂਤੀਕਾਰੀ ਦੀ ਮਹੀਨਾਵਾਰ ਮੀਟਿੰਗ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਜ਼ਿਲ੍ਹਾ ਪਟਿਆਲਾ ਦੀ ਮੀਟਿੰਗ ਗੁਰਦੁਆਰਾ ਸਾਹਿਬ ਮੱਲੋ ਮਾਜਰਾ ਵਿਖੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਮਾਲੇਰਕੋਟਲਾ ਦੇ ਨਵਾਬ ਵੱਲੋਂ 17 ਜੁਲਾਈ 1827 ਨੂੰ ਕਠਾਲਾ ਪਿੰਡ ਵਿੱਚ 18 ਕਿਸਾਨਾਂ ਨੂੰ ਸ਼ਹੀਦ ਕੀਤਾ ਗਿਆ ਸੀ ਜਿਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਰਣਜੀਤ ਸਿੰਘ ਸਵਾਜਪੁਰ ਨੇ ਸੂਬਾ ਕਮੇਟੀ ਦੀ ਮੀਟਿੰਗ ਦੀ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਆਗੂਆਂ ਵੱਲੋਂ ਹੜ੍ਹ ਪੀੜਤ ਇਲਾਕਿਆਂ ਦਾ ਦੌਰਾ ਕਰਕੇ ਲੋੜਵੰਦ ਲੋਕਾਂ ਨੂੰ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ। ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਹੜ੍ਹ ਪੀੜਤਾਂ ਦੀ ਵੱਧ ਤੋਂ ਵੱਧ ਮੱਦਦ ਕੀਤੀ ਜਾਵੇ। ਮੀਟਿੰਗ ਨੂੰ ਸਮਾਣਾ ਬਲਾਕ ਦੇ ਪ੍ਰਧਾਨ ਗੁਰਨਾਮ ਸਿੰਘ ਢੈਂਠਲ, ਜਗਤਾਰ ਸਿੰਘ ਬਲਸਟ, ਇੰਦਰ ਮੋਹਨ, ਬਲਜਿੰਦਰ ਸਿੰਘ, ਸੁਰਿੰਦਰ ਸਿੰਘ ਕਕਰਾਲਾ, ਰਾਮਫਲ ਪਸਿਆਣਾ, ਯਾਦਵਿੰਦਰ ਸਿੰਘ, ਗੁਰਚਰਨ ਸਿੰਘ ਸੇਣ, ਮਨਜੀਤ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਸੋਨ ਤਗਮੇ ਜਿੱਤਣ ਵਾਲੀ ਵਿਦਿਆਰਥਣ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਜੂਨੀਅਰ ਤੇ ਸੀਨੀਅਰ ਪੰਜਾਬ ਪੱਧਰ ਸੂਟਿੰਗ ਮੁਕਾਬਲਿਆਂ ਵਿਚੋਂ ਹੈਲਿਕਸ ਸਕੂਲ ਪਾਤੜਾਂ ਦੀ ਵਿਦਿਆਰਥਣ ਨੇ 2 ਸੋਨ ਤਗਮੇ ਜਿੱਤ ਸਕੂਲ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਉਕਤ ਪ੍ਰਾਪਤੀ ਮਗਰੋਂ ਸਕੂਲ ਆਉਣ ਤੇ ਪ੍ਰਬੰਧਕਾਂ ਨੇ ਜੇਤੂ ਵਿਦਿਆਰਥਣ ਦਾ ਸਨਮਾਨ ਕੀਤਾ ਹੈ। ਪ੍ਰਿੰਸੀਪਲ ਅਮਰਜੋਤ ਕੌਰ ਨੇ ਦੱਸਿਆ ਕਿ 14 ਤੇ 15 ਜੁਲਾਈ ਨੂੰ ਪੰਜਾਬ ਸਰਕਾਰ ਵੱਲੋਂ ਸੂਬਾ ਪੱਧਰੀ ਸਕੀਟ ਸ਼ੂਟਿੰਗ ਚੈਂਪੀਅਨਸ਼ਿਪ ਮੁਕਾਬਲੇ ਭੁੱਚੋ ਮੰਡੀ ਵਿੱਚ ਕਰਵਾਏ ਗਏ ਸਨ। ਜਿਨ੍ਹਾਂ ਵਿਚੋਂ ਉਨ੍ਹਾਂ ਦੇ ਸਕੂਲ ਦੀ ਹੋਣਹਾਰ ਵਿਦਿਆਰਥਣ ਪਰਮੀਤ ਕੌਰ ਸ਼ੇਰਗਿੱਲ ਜੂਨੀਅਰ ਤੇ ਸੀਨੀਅਰ ਮੁਕਾਬਲੇ ਜਿੱਤ ਕੇ ਸੋਨ ਤਗਮੇ ਹਾਸਲ ਕੀਤੇ ਹਨ। ਉਨ੍ਹਾਂ ਦੱਸਿਆ ਹੈ ਕਿ ਜੇਤੂ ਵਿਦਿਆਰਥਣ ਦਾ ਪ੍ਰੀ ਨੈਸ਼ਨਲ ਮੁਕਾਬਲਿਆਂ ਲਈ ਚੁਣਿਆ ਜਾਣਾ ਹੋਰ ਵੀ ਵੱਡੀ ਪ੍ਰਾਪਤੀ ਹੈ। ਸਨਮਾਨ ਸਮਾਰੋਹ ਮੌਕੇ ਵਿਦਿਆਰਥਣ ਤੇ ਉਸ ਦੇ ਮਾਤਾ ਪਿਤਾ ਨੂੰ ਸਕੂਲ ਬੁਲਾ ਕੇ ਸਕੂਲ ਪ੍ਰਬੰਧਕਾਂ ਨੇ ਮੈਡਲ ਤੇ ਸੁੰਦਰ ਟਰਾਫੀ ਨਾਲ ਸਨਮਾਨਤ ਕੀਤਾ। ਸਕੂਲ ਡਾਇਰੈਕਟਰ ਦਵਿੰਦਰ ਕੌਰ ਨੇ ਬੱਚੇ ਦੇ ਸੁਨਹਿਰੀ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।



ਪ੍ਰਵਾਸੀ ਪੰਜਾਬੀਆਂ ਦਾ ਦਿਲ ਪੰਜਾਬ ਦੀ ਧਰਤੀ 'ਤੇ ਧੜਕਦਾ ਹੈ, ਇਸੇ ਲਈ ਇੰਡੋ ਅਮੈਰਕਿਨ ਹੈਰੀਟੇਜ ਫੋਰਮ ਫਰਿਜਨੋ ਵੱਲੋਂ 500 ਡਾਲਰ (42500 ਰੁਪਏ) ਹੜ੍ਹ ਪੀੜਤਾਂ ਦੀ ਸਹਾਇਤਾ ਲਈ ਭੇਜੀ ਗਈ। ਕਾਮਰੇਡ ਕੁਲਵੰਤ ਸਿੰਘ ਸਰਪੰਚ ਬੱਧਣੀ ਖੁਰਦ ਭੇਜੀ ਰਾਸ਼ੀ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ ਨੂੰ ਸੌਂਪਦੇ ਹੋਏ।

(ਫੋਟੋ ਤੇ ਵੇਰਵਾ : ਅਮਰਜੀਤ ਬੱਬਰੀ)

## ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਪ੍ਰਧਾਨ ਅੱਜ ਕਰਨਗੇ ਨੌਜਵਾਨ ਆਗੂਆਂ ਨਾਲ ਮੁਲਾਕਾਤ



**ਬਾਘਾਪੁਰਾਣਾ (ਮਨੀ ਸਿੰਗਲਾ)**

ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਨਵ-ਨਿਯੁਕਤ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਜਿਨ੍ਹਾਂ ਨੂੰ ਪਾਰਟੀ ਵੱਲੋਂ ਕੁਝ ਸਮਾਂ ਪਹਿਲਾਂ ਹੀ ਇਹ ਅਹੁਦਾ ਦੇ ਕੇ ਮਾਣ-ਸਨਮਾਨ ਬਖਸ਼ਿਆ ਗਿਆ ਹੈ, ਵੱਲੋਂ ਪੰਜਾਬ ਦੇ ਨੌਜਵਾਨਾਂ ਦੇ ਰੂਬਰੂ ਹੋਣ ਲਈ 'ਪੰਜਾਬ ਯੂਥ ਮਿਲਣੀ' ਪ੍ਰੋਗਰਾਮ ਉਲੀਕਿਆ ਗਿਆ ਹੈ, ਜਿਸ ਤਹਿਤ ਪਹਿਲਾ ਪ੍ਰੋਗਰਾਮ ਹੀ ਉਹਨਾਂ ਦੇ ਹਲਕਾ ਬਾਘਾ ਪੁਰਾਣਾ ਨੂੰ ਮਿਲਿਆ ਹੈ। ਇਸ ਸੰਬੰਧੀ ਜਾਣਕਾਰੀ ਹਲਕਾ ਬਾਘਾ ਪੁਰਾਣਾ ਦੇ ਪਿੰਡ ਕਾਲੇਕੇ ਦੇ ਨੌਜਵਾਨ ਆਗੂ ਪਵਨ ਗੋਇਲ, ਰਣਜੀਤ ਸਿੰਘ ਝੀਥੇ, ਤਰਲੋਚਨ ਸਿੰਘ ਕਾਲੇਕੇ, ਸਿਰੂ ਬਰਾੜ, ਚੈਰੀ ਭਾਟੀਆ, ਬਲਬੀਰ ਸਿੰਘ ਭੰਗੂ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝੀ ਕੀਤੀ। ਕਾਲੇਕੇ ਨੇ ਅੱਗੇ ਦੱਸਿਆ ਕਿ ਕੌਮੀ ਯੂਥ ਪ੍ਰਧਾਨ ਸਰਬਜੀਤ ਸਿੰਘ ਝਿੰਜਰ 20 ਜੁਲਾਈ ਨੂੰ ਸਥਾਨਕ ਸ਼ਹਿਰ ਦੀ ਮੋਗਾ ਸੜਕ ਉੱਪਰ ਸਥਿਤ ਗੁਰਦੁਆਰਾ ਚਰਨ ਕੰਵਲ ਸਾਹਿਬ (ਮਸਤਾਨ ਸਿੰਘ ਵਾਲਾ) ਵਿਖੇ ਸਵੇਰੇ 10 ਵਜੇ ਪਹੁੰਚ ਰਹੇ ਹਨ, ਜਿਨ੍ਹਾਂ ਦੇ ਸਵਾਗਤ ਲਈ ਹਲਕਾ ਬਾਘਾ ਪੁਰਾਣਾ ਦੇ ਸਮੂਹ ਪਿੰਡਾਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਰਿਆਵਲ ਦਸਤੇ ਦੇ ਨੌਜਵਾਨ ਵੱਡੇ ਪੱਧਰ 'ਤੇ ਹਾਜ਼ਰ ਰਹਿਣਗੇ। ਇਹ ਪ੍ਰੋਗਰਾਮ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਬਹੁਤ ਹੀ ਸੁਚਾਰੂ ਢੰਗ ਨਾਲ ਹੋਵੇਗਾ। ਇਸ ਪ੍ਰੋਗਰਾਮ ਨੂੰ ਲੈ ਕੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਅਤੇ ਉਹਨਾਂ ਕਿਹਾ ਕਿ ਪ੍ਰਧਾਨ ਝਿੰਜਰ ਦੀ ਨਿਯੁਕਤੀ ਨੂੰ ਲੈ ਕੇ ਨੌਜਵਾਨ ਬਾਗੋਬਾਗ ਹਨ ਅਤੇ ਉਹਨਾਂ ਨਾਲ ਮਿਲਣ ਲਈ ਉਤਾਵਲੇ ਹੋ ਰਹੇ ਹਨ।

## ਦੀਪ ਇੰਸਟੀਚਿਊਟ ਲਹਿਰਾ ਮੁਹੱਬਤ ਵਿਖੇ ਵਾਤਾਵਰਣ ਦਿਵਸ ਮਨਾਇਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਦੀਪ ਇੰਸਟੀਟਿਊਟ ਆਫ ਨਰਸਿੰਗ ਐਂਡ ਮੈਡੀਕਲ ਸਾਇੰਸਜ਼ ਲਹਿਰਾ ਮੁਹੱਬਤ ਵਿਖੇ ਵਾਤਾਵਰਣ ਦਿਵਸ ਮਨਾਇਆ ਗਿਆ। ਇਸ ਦੌਰਾਨ ਸੰਸਥਾ ਦੇ ਚੇਅਰਮੈਨ ਮਨਦੀਪ ਸਿੰਘ ਢਿੱਲੋਂ ਅਤੇ ਪ੍ਰਿੰਸੀਪਲ ਹਿਨਾ ਗੁਪਤਾ ਦੀ ਰਹਿਨੁਮਾਈ ਹੇਠ ਸਟਾਫ ਅਤੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਸ਼ੁੱਧਤਾ ਲਈ ਛਾਂਦਾਰ, ਫਲਦਾਰ ਤੇ ਫੁੱਲਦਾਰ ਬੂਟੇ ਲਗਾਏ ਅਤੇ ਵਾਤਾਵਰਣ ਦੀ ਮਹੱਤਤਾ ਬਾਰੇ ਚਾਨਣਾ ਪਾਉਂਦੇ ਹੋਏ ਵਿਦਿਆਰਥੀਆਂ ਨੂੰ ਆਪਣੀ ਅਗਲੀ ਪੀੜ੍ਹੀ ਲਈ ਵਾਤਾਵਰਣ ਨੂੰ ਸੰਭਾਲ ਕੇ ਰੱਖਣ ਅਤੇ ਉਸ ਦੀ ਦੇਖਭਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਹਨ।

## ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਸਕੂਲ ਨੇ ਹੜ੍ਹ ਪੀੜਤਾਂ ਦੀ ਕੀਤੀ ਮਾਲੀ ਸਹਾਇਤਾ



**ਜਗਰਾਉਂ (ਅਮਿਤ ਖੰਨਾ)**-ਪਿਛਲੇ ਦਿਨੀਂ ਪੰਜਾਬ ਵਿਚ ਜਗ੍ਹਾ-ਜਗ੍ਹਾ ਹੜ੍ਹਾਂ ਦੀ ਅਚਾਨਕ ਬਿਪਤਾ ਤੋਂ ਅਸੀਂ ਸਾਰੇ ਰੂਬਰੂ ਹਾਂ। ਇਸ ਅਚਾਨਕ ਪਈ ਮਾਰ ਵਿੱਚ ਲੋਕਾਂ ਦੀ ਸਮੱਸਿਆ ਨੂੰ ਤੇ ਵਕਤ ਦੀ ਜ਼ਰੂਰਤ ਨੂੰ ਸਮਝਦੇ ਹੋਏ ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵੱਲੋਂ ਇਨ੍ਹਾਂ ਪੀੜਤਾਂ ਨੂੰ ਸਕੂਲ ਪ੍ਰਿੰਸੀਪਲ ਰਾਜਪਾਲ ਕੌਰ, ਸਮੂਹ ਮੈਨੇਜਮੈਂਟ ਅਤੇ ਸਮੂਹ ਸਟਾਫ ਵੱਲੋਂ ਕੁੱਝ ਸਹਾਇਤਾ ਲਈ ਉਪਰਾਲਾ ਕਰਨ ਦਾ ਯਤਨ ਕੀਤਾ ਗਿਆ। ਸਕੂਲ ਵੱਲੋਂ ਖਾਲਸਾ ਏਡ ਨੂੰ ਰਾਹਤ, ਰਾਸ਼ਨ ਸਮੱਗਰੀ ਅਤੇ ਮਾਲੀ ਸਹਾਇਤਾ ਭੇਜੀ ਗਈ ਤਾਂ ਕਿ ਬਿਪਤਾ ਦੀ ਘੜੀ ਵਿਚ ਸੰਕਟ ਵਿੱਚ ਫਸੇ ਪਰਿਵਾਰਾਂ ਨੂੰ ਕੁਝ ਸਹਾਇਤਾ ਮਿਲ ਸਕੇ। ਨਾਲ ਹੀ ਸਕੂਲ ਪ੍ਰਿੰਸੀਪਲ ਰਾਜਪਾਲ ਕੌਰ ,ਸਮੂਹ ਮੈਨੇਜਮੈਂਟ ਅਤੇ ਸਮੂਹ ਸਟਾਫ ਵੱਲੋਂ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸਾਂ ਕੀਤੀਆਂ ਗਈਆਂ ਕਿ ਜਲਦੀ ਹੀ ਪਰਮਾਤਮਾ ਇਸ ਭਿਆਨਕ ਸੰਕਟ ਵਿੱਚੋਂ ਬਾਹਰ ਕੱਢੇ। ਸਕੂਲ ਦੇ ਬੱਚਿਆਂ ਵੱਲੋਂ ਆਪਣੀਆਂ ਸ਼ੁੱਭ ਇੱਛਾਵਾਂ ਪ੍ਰਗਟ ਕਰਨ ਲਈ ਸਿਮਰਨ ਕੀਤਾ ਗਿਆ। ਪ੍ਰਿੰਸੀਪਲ ਰਾਜਪਾਲ ਕੌਰ ਨੇ ਇਸ ਮੌਕੇ 'ਤੇ ਦੱਸਿਆ ਕਿ ਅਸੀਂ ਸਾਰੇ ਇੱਕੋ ਕੌਮ ਦੇ ਵਾਸੀ ਹਾਂ। ਸਾਡਾ ਭਾਈਚਾਰਾ ਵੀ ਇੱਕ ਹੀ ਹੈ, ਸਾਡੇ ਸਾਰਿਆਂ ਦੇ ਦੁੱਖ ਸੁੱਖ ਵੀ ਆਪਸ ਵਿੱਚ ਸਾਂਝੇ ਹਨ। ਇਸ ਗੱਲ ਨੂੰ ਮੁੱਖ ਰੱਖਦੇ ਹੋਏ ਕਿਹਾ ਕਿ ਸਵਾਮੀ ਰੂਪ ਚੰਦ ਜੈਨ ਸਕੂਲ ਹਰ ਮੁਸ਼ਕਿਲ ਘੜੀ 'ਚ ਹਮੇਸ਼ਾ ਹੀ ਅੱਗੇ ਆਉਣ ਦਾ ਯਤਨ ਕਰਦਾ ਰਹੇਗਾ। ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਅੱਗੇ ਤੋਂ ਅਜਿਹੀ ਕਰੋਪੀ ਤੋਂ ਸਭ ਨੂੰ ਬਚਾਈ ਰੱਖੇ।

## ਰਾਵੀ 'ਚ ਪਾਣੀ ਦਾ ਪੱਧਰ ਵਧਿਆ, ਸਰਹੱਦੀ ਇਲਾਕੇ ਦੇ ਲੋਕਾਂ 'ਚ ਸਹਿਮ ਦਾ ਮਾਹੌਲ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਬੀਤੇ ਦਿਨੀਂ ਮੈਦਾਨੀ ਤੇ ਪਹਾੜੀ ਖੇਤਰਾਂ ਵਿੱਚ ਹੋਈ ਲਗਾਤਾਰ ਭਾਰੀ ਬਾਰਸ਼ ਕਾਰਨ ਡੈਮਾਂ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਸੀ ਤੇ ਖਤਰੇ ਦੇ ਨਿਸ਼ਾਨ ਨੂੰ ਦੇਖਦਿਆਂ ਹੋਇਆਂ ਪ੍ਰਸ਼ਾਸਨ ਵੱਲੋਂ ਅੱਜ ਦੁਬਾਰਾ 2 ਲੱਖ 60 ਹਜ਼ਾਰ ਕਿਊਸਿਕ ਪਾਣੀ ਉੱਜ ਦਰਿਆ ਵਿੱਚ ਛੱਡਿਆ ਗਿਆ ਜਿਸ ਨਾਲ ਰਾਵੀ ਦਰਿਆ ਵਿੱਚ ਹੜ੍ਹ ਆਉਣ ਕਰਕੇ ਜਿਥੇ ਡੇਰਾ ਬਾਬਾ ਨਾਨਕ ਨੇੜੇ ਦਰਜਨ ਦੇ ਕਰੀਬ ਪਿੰਡਾਂ ਦੇ ਕਿਸਾਨਾਂ ਦੀ ਸੈਂਕੜੇ ਏਕੜ ਝੋਨੇ, ਕਮਾਦ ਤੇ ਮਕਈ ਦੀ ਫਸਲ ਪਾਣੀ ਦੀ ਮਾਰ ਹੇਠ ਆ ਗਈ ਹੈ ਉਥੇ ਰਾਵੀ ਦਰਿਆ ਤੋਂ ਪਾਰ ਵੱਸਦੇ ਪਿੰਡ ਘਣੀਏ ਕੇ ਬੇਟ, ਪੁਰਾਣਾ ਵਾਹਵਾ, ਕੱਸੋਵਾਲ, ਸਹਾਰਨ ਆਦਿ ਬਹਿਕਾਂ 'ਤੇ ਵੱਸਦੇ ਪਿੰਡਾਂ ਦੇ ਲੋਕਾਂ ਲੋਕਾਂ ਨੂੰ ਪ੍ਰਸ਼ਾਸਨ ਵੱਲੋ ਅਲਰਟ ਜਾਰੀ ਕਰਦਿਆਂ ਹੋਇਆਂ ਸੁਰੱਖਿਆ ਥਾਵਾਂ ਤੇ ਭੇਜਿਆ ਜਾ ਰਿਹਾ। ਇਸ ਮੌਕੇ ਜਦ ਸਾਡੀ ਟੀਮ ਨੇ ਡੇਰਾ ਬਾਬਾ ਨਾਨਕ ਦੇ ਧਰਮਕੋਟ ਪੱਤਣ ਰਾਵੀ ਦਰਿਆ ਦਾ ਦੌਰਾ ਕੀਤਾ ਤਾਂ ਸ਼ਾਮ 5 ਵਜੇ ਤੱਕ 13 ਫੁੱਟ ਦੇ ਕਰੀਬ ਪਾਣੀ ਵਗ ਰਿਹਾ ਸੀ ਤੇ ਜੋ ਵਧਦਾ ਜਾ ਰਿਹਾ ਹੈ ਜਿਸ ਨੂੰ ਲੈ ਕੇ ਇਲਾਕੇ ਦੇ ਲੋਕਾਂ ਅੰਦਰ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਇਸ ਮੌਕੇ ਪਿੰਡ ਘੋਨੇਵਾਲ ਵਿਖੇ ਰਾਵੀ ਦਰਿਆ ਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਪੁੱਜੇ ਐਸਡੀਐਮ ਅਜਨਾਲਾ ਮੇਜਰ ਡਾ: ਵਰੁਣ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਉੱਜ ਦਰਿਆ ਵਿੱਚ ਪਾਣੀ ਛੱਡਣ ਕਾਰਨ ਰਾਵੀ ਦਰਿਆ ਵਿੱਚ ਵੱਧਦੇ ਪਾਣੀ ਦੇ ਪੱਧਰ ਨੂੰ ਵੇਖਦਿਆਂ ਹੋਇਆਂ ਹੜ੍ਹ ਵਰਗੇ ਹਾਲਾਤ ਨਾਲ ਨਜਿੱਠਣ ਲਈ ਸਰਕਾਰ ਵੱਲੋ ਸਾਰੇ ਪ੍ਰਬੰਧ ਮੁਕੰਮਲ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਲੋਕ ਘਬਰਾਉਣ ਨਾ ਫਿਲਹਾਲ ਸਥਿਤੀ ਪੂਰੀ ਤਰਾਂ ਕਾਬੂ ਹੇਠ ਹੈ ਪਰ ਫਿਰ ਵੀ ਰਾਵੀ ਨੇੜੇ ਰਹਿੰਦੇ ਲੋਕਾਂ ਨੂੰ ਸੁਰੱਖਿਆ ਥਾਵਾਂ 'ਤੇ ਜਾਣ ਅਤੇ ਚੁਕੰਨੇ ਰਹਿਣ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਘਬਰਾਉਣ ਨਾ ਪ੍ਰਸ਼ਾਸਨ ਦਾ ਸਾਥ ਦੇਣ, ਸਰਕਾਰ ਲੋਕਾਂ ਦੀ ਸੇਵਾ ਵਿੱਚ ਹਰ ਵੇਲੇ ਹਾਜ਼ਰ ਹੈ।

ਇਸ ਮੌਕੇ ਨਾਇਬ ਤਹਿਸੀਦਾਰ ਰਾਜ ਪ੍ਰਿਤਪਾਲ ਸਿੰਘ ਝਾਂਵਰ ਅਜਨਾਲਾ, ਨਾਇਬ ਤਹਿਸੀਲਦਾਰ ਪਰਮਪਾਲ ਸਿੰਘ ਡੇਰਾ ਬਾਬਾ ਨਾਨਕ, ਬੀਡੀਪੀਓ ਅਜਨਾਲਾ ਸੁਖਜੀਤ ਸਿੰਘ ਬਾਜਵਾ, ਬੀਡੀਪੀਓ ਡੇਰਾ ਬਾਬਾ ਨਾਨਕ ਦਿਲਬਾਗ ਸਿੰਘ , ਐਕਸੀਅਨ ਮੰਡੀ ਬੋਰਡ ਬਲਦੇਵ ਸਿੰਘ, ਐਸਡੀਓ ਅਸ਼ੋਕ ਕੁਮਾਰ, ਜੇਈ ਜਸਵਿੰਦਰ ਕੁਮਾਰ, ਪੰਚਾਇਤ ਅਫਸਰ ਬਲਵਿੰਦਰ ਸਿੰਘ, ਪੰਚਾਇਤ ਅਫਸਰ ਸੁੱਖਵਿੰਦਰ ਸਿੰਘ, ਕਿਸਾਨ ਆਗੂ ਚੇਅਰਮੈਨ ਕੰਵਲਜੀਤ ਸਿੰਘ ਖੁਸ਼ਹਾਲਪੁਰ, ਗੁਰਪ੍ਰੀਤ ਸਿੰਘ ਖਾਸਾਂਵਾਲੀ, ਪਿਰਥੀਪਾਲ ਸਿੰਘ ਸਰਪੰਚ ਘੋਨੇਵਾਲਾ, ਸੈਕਟਰੀ ਜਸਪਾਲ ਸਿੰਘ ਬਾਠ, ਨਰਿੰਦਰ ਸਿੰਘ, ਜਸਵਿੰਦਰ ਸਿੰਘ, ਗੁਰਇਕਬਾਲ ਸਿੰਘ, ਗੁਰਦੀਪ ਸਿੰਘ, ਇੰਸ: ਬੀਐਸਐਫ ਰਾਜਨ ਕੁਮਾਰ, ਜਸਵੰਤ ਸਿੰਘ ਕਾਨੂੰਗੋ, ਰੀਡਰ ਸਰਬਜੀਤ ਸਿੰਘ, ਸਤਨਾਮ ਸਿੰਘ ਫੌਜੀ ਤੋਂ ਇਲਾਵਾ ਵੱਖ-ਵੱਖ ਵਿਭਾਗਾ ਦੇ ਪ੍ਰਸ਼ਾਸਨਿਕ ਅਧਿਕਾਰੀ ਹਾਜ਼ਰ ਸਨ।

## ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਵੱਲੋਂ ਰੋਜ਼ਗਾਰ ਕੈਂਪ ਅੱਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 20 ਜੁਲਾਈ ਨੂੰ ਦਿਨ ਵੀਰਵਾਰ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਗੁਰਜੰਟ ਸਿੰਘ ਪਲੇਸਮੈਂਟ ਅਫਸਰ ਮਾਡਲ ਕੈਰੀਅਰ ਸੈਂਟਰ/ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਫਿਰੋਜ਼ਪੁਰ ਨੇ ਦੱਸਿਆ ਕਿ ਇਸ ਰੋਜ਼ਗਾਰ ਕੈਂਪ ਵਿੱਚ ਸੱਤਿਆ ਮਾਈਕਰੋ ਕੈਪੀਟਲ ਲਿਮਟਿਡ ਵੱਲੋਂ ਇੰਟਰਵਿਊ ਕੀਤੀ ਜਾਵੇਗੀ ਅਤੇ ਬਾਰ੍ਹਵੀਂ ਜਾਂ ਬਾਰ੍ਹਵੀਂ ਤੋਂ ਵੱਧ ਪੜ੍ਹਾਈ ਵਾਲੇ ਸਿਰਫ ਲੜਕੇ ਭਾਗ ਲੈ ਸਕਦੇ ਹਨ।

ਉਨ੍ਹਾਂ ਨੇ ਜ਼ਿਲ੍ਹਾ ਫਿਰੋਜਪੁਰ ਦੇ ਚਾਹਵਾਨ ਪ੍ਰਾਰਥੀਆਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਵਿੱਦਿਅਕ ਯੋਗਤਾ (ਬਾਰ੍ਹਵੀਂ/ਗੈਜੂਏਸ਼ਨ ਆਦਿ) ਫਰੈਸ਼ਰ ਅਤੇ ਤਜਰਬੇਕਾਰ ਹੋਣ ਦੇ ਸਰਟੀਫਿਕੇਟ ਲੈ ਕੇ ਹਿੱਸਾ ਲੈ ਸਕਦੇ ਹਨ।ਉਨ੍ਹਾਂ ਕਿਹਾ ਕਿ ਇੰਟਰਵਿਊ ਵਿੱਚ ਭਾਗ ਲੈਣ ਵਾਲੇ ਉਮੀਦਵਾਰਾਂ ਨੂੰ ਆਪਣੀ ਵਿਦਿਅਕ ਯੋਗਤਾ ਦੇ ਸਰਟੀਫਿਕੇਟ, ਰੀਜਿਊਮ, ਆਧਾਰ ਕਾਰਡ, ਪੈਨ ਕਾਰਡ, ਅਤੇ ਉਨਾਂ ਦੀਆਂ ਫੋਟੋ ਕਾਪੀਆਂ ਨਾਲ ਲੈ ਕੇ ਆਉਣਾ ਲਾਜ਼ਮੀ ਹੋਵੇਗਾ। ਉਨ੍ਹਾਂ ਦੱਸਿਆ ਕਿ ਇਹ ਕੈਂਪ ਸਵੇਰੇ 9 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਦੇ ਆਈ-ਬਲਾਕ, ਦੂਜੀ ਮੰਜਿਲ ਵਿਖੇ ਸਥਿਤ ਜ਼ਿਲ੍ਹਾ ਰੋਜਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਫਿਰੋਜ਼ਪੁਰ ਵਿਖੇ ਲਗਾਇਆ ਜਾਵੇਗਾ।

## ਚਰਚ ਮਮਦੋਟ ਦੇ ਮਸੀਹ ਭਾਈਚਾਰੇ ਨੇ ਹੜ੍ਹ ਪੀੜਤ ਪਰਵਾਰਾਂ ਨੂੰ ਸਹਾਇਤਾ ਸਮਗਰੀ ਵੰਡੀ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪੰਜਾਬ ਵਿੱਚ ਆਈ ਹੜ੍ਹਾਂ ਦੀ ਕੁਦਰਤੀ ਕਰੋਪੀ ਨਾਲ ਬਹੁਤ ਜ਼ਿਆਦਾ ਪਰਿਵਾਰ ਪ੍ਰਭਾਵਿਤ ਹੋਏ ਹਨ ਤੇ ਇਨ੍ਹਾਂ ਪ੍ਰਭਾਵਤ ਪਰਿਵਾਰਾਂ ਦੀ ਮਦਦ ਵਾਸਤੇ ਜਿੱਥੇ ਸਮਾਜ ਸੇਵੀ ਸੰਸਥਾਵਾਂ ਅਤੇ ਪੰਜਾਬ ਸਰਕਾਰ ਯਤਨ ਕਰ ਰਹੀ ਹੈ ਉਸੇ ਲੜੀ ਤਹਿਤ ਕਸਬਾ ਮਮਦੋਟ ਦੇ ਮਸੀਹ ਭਾਈਚਾਰੇ ਅਤੇ ਚਰਚ ਮਮਦੋਟ ਵੱਲੋਂ ਹੁਸੈਨੀਵਾਲਾ ਦੇ ਨੇੜੇ ਦੇ ਪਿੰਡਾਂ ਵਿੱਚ ਹੜ੍ਹ ਪੀੜ੍ਹਤ ਪਰਿਵਾਰਾਂ ਵਾਸਤੇ ਖੁਦ ਬੇੜੀ ਰਾਹੀਂ ਸਹਾਇਤਾ ਸਮੱਗਰੀ ਲਿਜਾ ਕੇ ਵੰਡੀ ਗਈ। ਇਸ ਸਮੇਂ ਪਾਸਟਰ ਪ੍ਰੇਮ ਮਸੀਹ ਜ, ਪਾਸਟਰ ਹਨੂਕ ਮਸੀਹ ਅਤੇ ਬੱਚੇ ਵੀ ਸੇਵਾ ਵਿੱਚ ਸਹਿਯੋਗ ਦੇਣ ਵਾਸਤੇ ਨਾਲ ਗਏ। ਹੋਰ ਜਾਣਕਾਰੀ ਦਿੰਦੇ ਹੋਏ ਹਨੂਕ ਭੱਟੀ ਨੇ ਦੱਸਿਆ ਕਿ ਸਮੂਹ ਮਸੀਹ ਭਾਈਚਾਰੇ ਅਤੇ ਪਾਸਟਰ ਰਮਨ ਤੇ ਉਨ੍ਹਾਂ ਦੀ ਟੀਮ ਦੇ ਸਹਿਯੋਗ ਨਾਲ ਹੜ੍ਹ ਨਾਲ ਪ੍ਰਭਾਵਿਤ ਪਰਿਵਾਰਾਂ ਨੂੰ ਖਾਣ ਪੀਣ ਅਤੇ ਹੋਰ ਜ਼ਰੂਰਤ ਵਾਲਾ ਸਾਮਾਨ ਮੁਹੱਇਆ ਕਰਾਇਆ ਗਿਆ ਹੈ । ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇ ਵਿੱਚ ਲੋੜਵੰਦਾਂ ਵਾਸਤੇ ਇਹ ਸੇਵਾ ਜਾਰੀ ਹੀ ਰਹੇਗੀ।

## ਜ਼ਿਲ੍ਹਾ ਸਿੱਖਿਆ ਅਫਸਰ (ਐਲੀ.) ਵੱਲੋਂ ਰਾਵੀ ਦਰਿਆ ਨਾਲ ਲੱਗਦੇ ਸਰਕਾਰੀ ਸਕੂਲਾਂ ਦਾ ਦੌਰਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਅੱਜ ਜਿਵੇਂ ਹੀ ਸਵੇਰੇ ਜ਼ਿਲ੍ਹਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਵੱਲੋਂ ਉੱਜ ਦਰਿਆ ਵਿੱਚ 2 ਲੱਖ 60 ਹਜ਼ਾਰ ਕਿਊਸਿਕ ਪਾਣੀ ਛੱਡੇ ਜਾਣ ਸੰਬੰਧੀ ਜਾਣਕਾਰੀ ਦਿੱਤੀ ਗਈ ਅਤੇ ਕਿਹਾ ਗਿਆ ਕਿ ਇਹ ਪਾਣੀ ਰਾਵੀ ਦਰਿਆ ਨਾਲ ਲੱਗਦੇ ਪਿੰਡਾਂ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ, ਉਨ੍ਹਾਂ ਵੱਲੋਂ ਰਾਵੀ ਦਰਿਆ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਵੀ ਕੀਤੀ ਗਈ ਕਿ ਉਹ ਆਪਣੇ ਨੂੰ ਪਿੰਡਾਂ ਨੂੰ ਛੱਡ ਕੇ ਸੁਰੱਖਿਅਤ ਥਾਵਾਂ ਤੇ ਚੱਲੇ ਜਾਣ। ਇਸ ਸੰਬੰਧੀ ਅੱਜ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਗੁਰਦਾਸਪੁਰ ਮਮਤਾ ਖੁਰਾਣਾ ਸੇਠੀ ਵੱਲੋਂ ਬਲਾਕ ਡੇਰਾ ਬਾਬਾ ਨਾਨਕ (1) ਰਾਵੀ ਦਰਿਆ ਨਾਲ ਲੱਗਦੇ ਸਰਕਾਰੀ ਸਕੂਲਾਂ ਦਾ ਦੌਰਾ ਕੀਤਾ ਗਿਆ ਅਤੇ ਅਧਿਆਪਕਾਂ ਤੇ ਬੱਚਿਆਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਬਲਾਕ ਸਿੱਖਿਆ ਅਫਸਰ ਦੇ ਦਫਤਰ ਡੇਰਾ ਬਾਬਾ ਨਾਨਕ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਐਲੀ: ਮਮਤਾ ਖੁਰਾਣਾ ਸੇਠੀ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਅੱਜ ਰਾਵੀ ਦਰਿਆ ਨਾਲ ਲੱਗਦੇ ਪਿੰਡ ਸ਼ਹਿਜ਼ਾਦਾ ਕਲਾਂ, ਗੁਰਚੱਕ, ਤਲਵੰਡੀ ਹਿੰਦੂਆਂ, ਡਾਲਾ, ਧਰਮਕੋਟ ਰੰਧਾਵਾ ਸਮੇਤ ਵੱਖ-ਵੱਖ ਸਰਕਾਰੀ ਸਕੂਲਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਦੱਸਿਆਂ ਕਿ ਇਸ ਮੌਕੇ ਸਕੂਲ ਅਧਿਆਪਿਕਾ ਅਤੇ ਸਕੂਲ ਵਿੱਚ ਬੱਚਿਆਂ ਦੇ ਮਾਪਿਆ ਨੂੰ ਵੱਖ-ਵੱਖ ਸੁਝਾਅ ਦਿੱਤੇ ਗਏ ਹਨ ਕਿ ਉਹ ਆਪਣੇ ਬੱਚਿਆਂ ਨੂੰ ਪਾਣੀ ਤੋਂ ਦੂਰ ਰੱਖਣ। ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਬੁੱਕਸ ਪਵਨ ਕੁਮਾਰ, ਐਮਆਈਐਸ ਮੁਨੀਸ਼ ਸ਼ਰਮਾ, ਅਕਾਊਂਟੈਂਟ ਮੈਡਮ ਰੁਪਿੰਦਰ ਕੌਰ, ਬਲਾਕ ਸਪੋਰਟਸ ਅਫਸਰ ਪ੍ਰਭਜੋਤ ਕੌਰ ਆਦਿ ਹਾਜ਼ਰ ਸਨ।

## ਨਗਰ ਕੌਂਸਲ ਨੇ ਵੇਸਟ ਮੈਨੇਜਮੈਂਟ ਐਕਟੀਵਿਟੀ ਕਰਵਾਈ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਅੱਜ ਨਗਰ ਕੌਂਸਲ ਮਾਛੀਵਾੜਾ ਸਾਹਿਬ ਵੱਲੋਂ ਸਵੱਛ ਭਾਰਤ ਅਭਿਆਨ ਤਹਿਤ ਆਈ.ਈ.ਸੀ. ਦੀ ਲੜੀ ਨੂੰ ਅੱਗੇ ਵਧਾਉਂਦਿਆਂ ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ ਦੀ ਅਗਵਾਈ ਹੇਠ ਮੇਨ ਬਾਜ਼ਾਰ ਵਿਖੇ ਵੇਸਟ ਮੈਨੇਜਮੈਂਟ ਐਕਟੀਵਿਟੀ ਕਰਵਾਈ ਗਈ। ਇਸ ਸਮੇਂ ਸੀ ਐੱਫ ਨਵਰੀਤ ਕੌਰ ਨੇ ਗਿੱਲੇ ਤੇ ਸੁੱਕੇ ਕੂੜੇ ਬਾਰੇ ਲਾਈਵ ਡੈਮੋ ਦੇ ਕੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਵੇਸਟ ਅਲੱਗ-ਅਲੱਗ ਕਰਕੇ ਹੀ ਸਫ਼ਾਈ ਸੇਵਕਾਂ ਨੂੰ ਦੇਣਾ ਚਾਹੀਦਾ ਹੈ ਤਾਂ ਜੋ ਕੂੜੇ ਨੂੰ ਘਟਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਗਿੱਲੇ ਕੂੜੇ ਤੋਂ ਖਾਦ ਤਿਆਰ ਕੀਤੀ ਜਾਵੇ ਅਤੇ ਸੁੱਕੇ ਕੂੜੇ ਨੂੰ ਰਿਸਾਈਕਲ ਕੀਤਾ ਜਾ ਸਕੇ, ਜਿਸ ਲਈ ਘਰਾਂ ਵਿਚ ਵੱਧ ਤੋਂ ਵੱਧ ਸਬਜ਼ੀਆਂ ਅਤੇ ਫਲ ਲਗਾਉਣੇ ਚਾਹੀਦੇ ਹਨ। ਇਸ ਮੌਕੇ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਮੋਟੀਵੇਟਰ ਮੇਜਰ ਸਿੰਘ, ਗਗਨਪ੍ਰੀਤ ਕੌਰ, ਰਜਿੰਦਰ ਸਿੰਘ, ਲਾਭ ਸਿੰਘ ਆਦਿ ਹਾਜ਼ਰ ਸਨ।

## ਪਰਮਿੰਦਰ ਸਿੰਘ ਟਿਵਾਣਾ ਨੂੰ ਗੰਗਾ ਜਲ ਤੇ ਸ੍ਰੀਮਦ ਭਾਗਵਤ ਗੀਤਾ ਭੇਟ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਲੌਂਗੋਵਾਲ ਵਿਖੇ ਨਮਾਮੇ ਗੰਗੇ ਅਤੇ ਹਰ ਘਰ ਸ੍ਰੀਮਦ ਭਾਗਵਤ ਗੀਤਾ ਮੁਹਿੰਮ ਤਹਿਤ ਨੈਸ਼ਨਲ ਹਾਈਡ੍ਰੋ ਪਾਵਰ ਲਿਮ. ਪਾਵਰ ਮੰਤਰਾਲਾ ਭਾਰਤ ਸਰਕਾਰ ਦੇ ਡਾਇਰੈਕਟਰ ਡਾ. ਅਮਿਤ ਕਾਂਸਲ ਵੱਲੋਂ ਪਰਮਿੰਦਰ ਸਿੰਘ ਟਿਵਾਣਾ ਨੂੰ ਗੰਗਾ ਜਲ ਅਤੇ ਸ੍ਰੀਮਦ ਭਾਗਵਤ ਗੀਤਾ ਭੇਟ ਕੀਤੀ ਗਈ। ਇਸ ਮੌਕੇ ਕੇਵਲ ਸ਼ਰਮਾ ਅਤੇ ਅਭਿਨਵ ਜਿੰਦਲ ਵੀ ਮੌਜੂਦ ਸਨ।

...ਸ.ਫਾ 1 ਦੇ ਬਾਕੀ

### ਸਟੇਟ ਪਬਲਿਕ ਪ੍ਰੋਕਿਉਰਮੈਂਟ...

ਫੈਸਲੇ, ਸਫਲ ਬੋਲੀਆਂ ਦੇ ਵੇਰਵੇ; ਉਹਨਾਂ ਦੀਆਂ ਕੀਮਤਾਂ ਅਤੇ ਬੋਲੀਕਾਰ ਅਤੇ ਕਾਲੀ ਸੂਚੀ ਵਿੱਚ ਸ਼ਾਮਲ ਬੋਲੀਕਾਰਾਂ ਬਾਰੇ ਜਾਣਕਾਰੀ ਪ੍ਰਦਾਨ ਕਰੇਗਾ। ਪੋਰਟਲ ਬਾਰੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਉਹਨਾ ਕਿਹਾ ਕਿ ਐਸ ਪੀ ਪੀ ਪੀ ਪ੍ਰੋਕਿਉਰਮੈਂਟ ਪ੍ਰਕ੍ਰਿਆ ਵਿੱਚ ਮੁਕਾਬਲੇ ਨੂੰ ਉਤਸ਼ਾਹਤ ਕਰਨ ਵਿੱਚ ਵੀ ਮਦਦ ਕਰੇਗਾ। ਉਨ੍ਹਾ ਕਿਹਾ ਕਿ ਪ੍ਰੋਕਿਉਰਮੈਂਟ ਕਰਨ ਵਾਲੀ ਹਰੇਕ ਇਕਾਈ ਇਸ ਪੋਰਟਲ 'ਤੇ ਪ੍ਰੋਕਿਉਰਮੈਂਟ ਸੰਬੰਧੀ ਜਾਣਕਾਰੀ ਪ੍ਰਕਾਸ਼ਤ ਕਰਨਾ ਯਕੀਨੀ ਬਣਾਏਗੀ। ਉਨ੍ਹਾ ਕਿਹਾ ਕਿ ਇਸ ਦੇ ਨਾਲ-ਨਾਲ ਪ੍ਰੋਕਿਉਰਮੈਂਟ ਕਰਨ ਵਾਲੀਆਂ ਸਾਰੀਆਂ ਇਕਾਈਆਂ ਹਰ ਵਿੱਤੀ ਸਾਲ ਦੀ ਸ਼ੁਰੂਆਤ ਵਿੱਚ ਪੋਰਟਲ 'ਤੇ ਆਪਣੀਆਂ ਪ੍ਰੋਕਿਉਰਮੈਂਟ ਯੋਜਨਾਵਾਂ ਵੀ ਪ੍ਰਕਾਸ਼ਤ ਕਰਨਗੀਆਂ।

ਓਰੀਐਂਟੇਸ਼ਨ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਐੱਸ ਏ ਐਸ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵਿੱਤੀ ਸੁਧਾਰਾਂ ਅਤੇ ਤਕਨੀਕੀ ਕਾਢਾਂ ਨੂੰ ਅਪਣਾ ਕੇ ਸੂਬੇ ਦੀ ਆਰਥਕ ਸਥਿਤੀ ਨੂੰ ਸੁਧਾਰਨ ਲਈ ਵਚਨਬੱਧ ਹੈ। ਉਨ੍ਹਾ ਅਧਿਕਾਰੀਆਂ ਨੂੰ ਸਿਖਲਾਈ ਪ੍ਰੋਗਰਾਮਾਂ ਰਾਹੀਂ ਆਪਣੇ ਪੇਸ਼ੇਵਰ ਹੁਨਰ ਨੂੰ ਅੱਪਡੇਟ ਕਰਦੇ ਰਹਿਣ ਅਤੇ ਆਪਣੀ ਪੇਸ਼ੇਵਰ ਯੋਗਤਾ ਨੂੰ ਵਧਾਉਣ ਲਈ ਪ੍ਰੇਰਿਤ ਕੀਤਾ। ਐੱਸ ਏ ਐੱਸ ਦੇ ਅਧਿਕਾਰੀਆਂ ਲਈ ਇੱਕ ਸਿਖਲਾਈ ਨੀਤੀ ਵਿਚਾਰ ਅਧੀਨ ਹੈ ਤਾਂ ਜੋ ਨਵੀਨਤਮ ਆਈ.ਟੀ. ਅਤੇ ਹੋਰ ਤਕਨੀਕਾਂ ਅਤੇ ਪ੍ਰੋਫੈਸ਼ਨਲ ਲੋੜਾਂ ਅਨੁਸਾਰ ਉਨ੍ਹਾਂ ਦੀ ਵਿੱਤੀ ਪ੍ਰਬੰਧਨ ਦੀ ਕੁਸ਼ਲਤਾ ਵਿੱਚ ਸੁਧਾਰ ਕੀਤਾ ਜਾ ਸਕੇ। ਇਸ ਮੌਕੇ ਉਨ੍ਹਾ ਅਧਿਕਾਰੀਆਂ ਨੂੰ ਆਪਣੇ ਸੁਝਾਅ ਅਤੇ ਜ਼ਮੀਨੀ ਪੱਧਰ 'ਤੇ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਸਾਂਝੀ ਕਰਨ ਦਾ ਵੀ ਸੱਦਾ ਦਿੱਤਾ। ਓਰੀਐਂਟੇਸਨ ਪ੍ਰੋਗਰਾਮ ਐੱਸ ਏ ਐੱਸ ਅਧਿਕਾਰੀਆਂ ਨੂੰ ਆਈ ਐੱਫ ਐੱਮ ਐੱਸ ਅਤੇ ਆਈ ਐੱਚ ਆਰ ਐੱਮ ਐੱਸ ਦੇ ਨਵੇਂ ਮਡਿਊਲਾਂ ਬਾਰੇ ਜਾਣੂ ਕਰਵਾਉਣ 'ਤੇ ਕੇਂਦਰਤ ਸੀ, ਜੋ ਸਰਕਾਰੀ ਕੰਮਕਾਜ ਵਿੱਚ ਵਧੇਰੇ ਪਾਰਦਰਸਤਾ, ਜਵਾਬਦੇਹੀ ਅਤੇ ਗਤੀ ਲਿਆਉਣ ਲਈ ਤਿਆਰ ਕੀਤੇ ਗਏ ਹਨ। ਇਸ ਦੌਰਾਨ ਅਧਿਕਾਰੀਆਂ ਨੂੰ ਬਿਨਾਂ ਕਿਸੇ ਦਬਾਅ ਅੱਗੇ ਝੁਕ ਕੇ ਆਪਣੀ ਡਿਊਟੀ ਨਿਯਮਾਂ ਅਨੁਸਾਰ ਨਿਭਾਉਣ ਲਈ ਕਿਹਾ ਗਿਆ ਅਤੇ ਇਹ ਸੰਦੇਸ਼ ਵੀ ਦਿੱਤਾ ਗਿਆ ਕਿ ਕੰਮਕਾਜ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਵਿੱਤ ਅਜੋਏ ਕੁਮਾਰ ਸਿਨਹਾ, ਸਕੱਤਰ ਵਿੱਤ ਦੀਪਰਵਾ ਲਾਕਰਾ, ਸਕੱਤਰ ਖਰਚਾ-ਕਮ-ਡਾਇਰੈਕਟਰ ਖਜ਼ਾਨਾ ਮੁਹੰਮਦ ਤਈਅਬ, ਵਿਸ਼ੇਸ਼ ਸਕੱਤਰ ਵਿੱਤ ਯਸਨਜੀਤ ਸਿੰਘ ਅਤੇ ਸਹਾਇਕ ਡਾਇਰੈਕਟਰ ਖਜ਼ਾਨਾ ਸਿਮਰਜੀਤ ਕੌਰ ਵੀ ਹਾਜ਼ਰ ਸਨ।

**ਸ਼੍ਰੇਯਾਂਸ ਇੰਡਸਟਰੀਜ਼ ਲਿਮਿਟੇਡ**

ਰਜ਼ਿ ਦਫ਼ਤਰ ਪਿੰਡ ਭੋਲਾਪੁਰ, ਡਾਕਖਾਨਾ, ਸਾਹਬਾਨਾ ਚੰਡੀਗੜ੍ਹ ਰੋਡ, ਲੁਧਿਆਣਾ 141123
Tel.: +91 - 9876100948, CIN: L17115PB1979PLC003994
Email: atl@shreyansgroup.com, Website: www.shreyansgroup.com

ਕੰਪਨੀਜ਼ ਐਕਟ, 2013 ਦੇ ਸੈਕਸ਼ਨ 91 ਅਨੁਸਾਰ ਸੂਚਿਤ ਕੀਤਾ ਜਾਂਦਾ ਹੈ ਕਿ ਸ਼ੁੱਕਰਵਾਰ, 4 ਅਗਸਤ, 2023 ਤੋਂ ਵੀਰਵਾਰ, 10 ਅਗਸਤ, 2023 ਤੱਕ ਕੰਪਨੀ ਦੇ ਮੈਂਬਰ ਰਜਿਸਟਰ ਅਤੇ ਸ਼ੇਅਰ ਟ੍ਰਾਂਸਫਰ ਬੁਕਸ ਵੀਰਵਾਰ, 10 ਅਗਸਤ, 2023 ਨੂੰ ਸਵੇਰੇ 11:00 ਵਜੇ ਕੰਪਨੀ ਦੇ ਰਜਿਸਟਰਡ ਦਫ਼ਤਰ ਤੇ ਹੋਣ ਵਾਲੀ 43ਵੀਂ ਸਲਾਨਾ ਜ਼ਨਰਲ ਮੀਟਿੰਗ (AGM) ਦੇ ਸਬੰਧ ਵਿੱਚ ਬੰਦ ਰਹਿਣਗੇ।

ਇਸ ਤੋਂ ਇਲਾਵਾ ਕੰਪਨੀਜ਼ ਐਕਟ, 2013 ਦੇ ਸੈਕਸ਼ਨ 108 ਅਤੇ ਕੰਪਨੀਜ਼ (ਮੈਨੇਜਮੈਂਟ ਅਤੇ ਐਡਮਿਨਿਸਟ੍ਰੇਸ਼ਨ) ਨਿਯਮ, 2014 ਦੇ ਨਿਯਮ 20 ਅਨੁਸਾਰ ਸੂਚਿਤ ਕੀਤਾ ਜਾਂਦਾ ਹੈ ਕਿ :

1. 43ਵੀਂ ਸਲਾਨਾ ਜ਼ਨਰਲ ਮੀਟਿੰਗ (AGM) ਦੇ ਮਿਤੀ 12 ਮਈ 2023 ਦੇ ਨੋਟਿਸ ਵਿੱਚ ਦਿੱਤਾ ਗਿਆ ਬਿਜ਼ਨੈਸ ਈ-ਵੋਟਿੰਗ ਦੇ ਮਾਧਿਅਮ ਰਾਹੀ ਪਾਸ ਕੀਤਾ ਜਾ ਸਕਦਾ ਹੈ।
2. ਰਿਮੋਟ ਈ-ਵੋਟਿੰਗ 6 ਅਗਸਤ, 2023 ਨੂੰ ਸਵੇਰੇ 9.00 ਵਜੇ ਸ਼ੁਰੂ ਹੋਵੇਗੀ ਅਤੇ 9 ਅਗਸਤ, 2023 ਨੂੰ ਸ਼ਾਮ 5.00 ਵਜੇ ਬੰਦ ਹੋ ਜਾਵੇਗੀ।
3. ਕੰਪਨੀ ਦੇ ਮੈਂਬਰ ਜਿਨਾਂ ਕੋਲ ਕੱਟ ਆਫ ਮਿਤੀ 3 ਅਗਸਤ, 2023 ਨੂੰ ਭੌਤਿਕ ਜਾਂ ਡੀਮੈਟੀਰੀਅਲਾਈਜ਼ ਰੂਪ ਵਿੱਚ ਕੰਪਨੀ ਦੇ ਸ਼ੇਅਰ ਹੋਣਗੇ ਉਹ ਆਪਣੀ ਵੋਟ ਸੈਂਟ੍ਰਲ ਡਿਪਾਜ਼ਟਰੀ ਸਰਵਿਸਜ (ਇੰਡੀਆ) ਲਿਮ. (CDSL) ਜਾਂ ਮੀਟਿੰਗ ਵਿੱਚ ਬੈਲੱਟ ਪੇਪਰ ਰਾਹੀਂ ਪਾ ਸਕਦੇ ਹਨ।
4. ਕੋਈ ਵਿਅਕਤੀ ਜੋ ਕੰਪਨੀ ਦੁਆਰਾ AGM ਦੇ ਨੋਟਿਸ ਭੇਜੇ ਜਾਣ ਤੋਂ ਬਾਅਦ ਕੰਪਨੀ ਦੇ ਸ਼ੇਅਰ ਪ੍ਰਾਪਤ ਕਰਦਾ ਹੈ ਅਤੇ ਕੱਟ ਆਫ ਮਿਤੀ 3 ਅਗਸਤ, 2023 ਤੱਕ ਰੱਖਦਾ ਹੈ ਉਹ cs@shreyansgroup.com ਤੇ ਸੰਪਰਕ ਕਰਕੇ ਈ-ਵੋਟਿੰਗ ਲਈ ਆਪਣੀ ਲਾਗਿਨ ਆਈਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦਾ ਹੈ।
5. ਉਪਰੋਕਤ ਦਿੱਤੀ ਟਾਈਮ ਲਾਈਨ ਤੋਂ ਬਾਅਦ CDSL ਦੁਆਰਾ ਈ-ਵੋਟਿੰਗ ਬੰਦ ਕਰ ਦਿੱਤੀ ਜਾਵੇਗੀ ਅਤੇ ਈ-ਵੋਟਿੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।
6. AGM ਵਿੱਚ ਬੈਲੱਟ ਪੇਪਰ ਰਾਂਹੀ ਵੋਟਿੰਗ ਕਰਨ ਦੀ ਸੁਵਿਧਾ ਹੋਵੇਗੀ।
7. ਜਿਨਾਂ ਮੈਂਬਰਾਂ ਨੇ ਰਿਮੋਟ ਈ-ਵੋਟਿੰਗ ਦੁਆਰਾ ਵੋਟਿੰਗ ਨਹੀਂ ਕੀਤੀ ਉਹ ਮੀਟਿੰਗ ਵਿੱਚ ਵੋਟਿੰਗ ਕਰ ਸਕਦੇ ਹਨ। ਜਿਨ੍ਹਾਂ ਮੈਂਬਰਾਂ ਨੇ ਪਹਿਲਾਂ ਹੀ ਰਿਮੋਟ ਈ-ਵੋਟਿੰਗ ਰਾਹੀਂ ਵੋਟ ਪਾ ਦਿੱਤੀ ਹੋਵੇਗੀ ਉਹ AGM ਵਿੱਚ ਹਿੱਸਾ ਲੈ ਸਕਦੇ ਹਨ ਪਰ ਉਹਨਾਂ ਨੂੰ ਦੋਬਾਰਾ ਵੋਟ ਪਾਉਣ ਦੀ ਇਜਾਜ਼ਤ ਨਹੀਂ ਹੋਵੇਗੀ।
8. ਕੱਟ ਆਫ ਮਿਤੀ ਨੂੰ ਜਿਨ੍ਹਾਂ ਵਿਅਕਤੀਆਂ ਦੇ ਨਾਮ ਮੈਂਬਰ ਰਜਿਸਟਰ ਜਾ ਡਿਪਾਜ਼ਟਰੀ ਦੇ ਬੇਨੇਫਿਸ਼ਿਅਲ ਓਨਰਜ਼ ਰਜਿਸਟਰ ਵਿੱਚ ਦਰਜ਼ ਹੋਣਗੇ ਕੇਵਲ ਉਹਨਾਂ ਨੂੰ ਹੀ ਰਿਮੋਟ ਈ-ਵੋਟਿੰਗ ਅਤੇ ਬੈਲੱਟ ਪੇਪਰ ਰਾਹੀਂ ਵੋਟਿੰਗ ਦਾ ਅਧੀਕਾਰ ਹੋਵੇਗਾ।
9. AGM ਨੋਟਿਸ ਅਤੇ ਵੋਟਿੰਗ ਸੰਬੰਧੀ ਵੇਰਵਾ CDSL ਦੀ ਵੈੱਬਸਾਈਟ www.evotingindia.com ਅਤੇ ਕੰਪਨੀ ਦੀ ਵੈੱਬਸਾਈਟ www.shreyansgroup.com ਤੇ ਉਪਲੱਬਧ ਹੈ।
10. ਰਿਮੋਟ ਈ-ਵੋਟਿੰਗ ਸੰਬੰਧੀ ਕਿਸੇ ਜਾਣਕਾਰੀ / ਸ਼ਿਕਾਇਤ ਲਈ ਉਪਰੋਕਤ ਈ-ਮੇਲ ਆਈਡੀ ਜਾਂ ਪਤੇ ਤੇ ਸੰਪਰਕ ਕੀਤਾ ਜਾ ਸਕਦਾ ਹੈ।

ਬਾ ਹੁਕਮ ਬੋਰਡ
ਲਈ ਸ਼੍ਰੇਯਾਂਸ ਇੰਡਸਟਰੀਜ਼ ਲਿਮਿਟੇਡ
ਸਹੀ/
ਪਰਮਿੰਦਰ ਸਿੰਘ
(ਕੰਪਨੀ ਸਕੱਤਰ)
ACS 43115

ਸਥਾਨ : ਲੁਧਿਆਣਾ
ਮਿਤੀ : 19-07-2023

**ਅਦਾਲਤੀ ਇਸ਼ਤਿਹਾਰ**

ਬਾ ਅਦਾਲਤ-ਸ੍ਰੀ ਚੰਦਰ ਗੈਂਦ, ਆਈ ਏ ਐੱਸ, ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।

ਵਿਸ਼ਾ-ਕੇਸ ਨੰ: ਤਕਸੀਮ 52/2019 (26/2019 ਅਪੀਲ) ਪ੍ਰੀਤੀ ਬਾਂਸਲ ਬਨਾਮ ਅਮਰ ਪ੍ਰਭੂ ਪਿੰਡ ਸ਼ੇਖੂ ਤਹਿ: ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ।

ਨੋਟਿਸ ਬਨਾਮ-1. ਅਮਰ ਪ੍ਰਭੂ ਪੁੱਤਰ ਵਿਜੈ ਕੁਮਾਰ ਪੁੱਤਰ ਨਿਰੰਜਣ ਦਾਸ 2. ਸੰਜੀਵ ਕੁਮਾਰ ਪੁੱਤਰ ਮੋਹਨ ਲਾਲ ਪੁੱਤਰ ਆਤਮਾ ਰਾਮ ਵਾਸੀਆਨ ਸੁਨਾਮ ਤਹਿ: ਸੁਨਾਮ ਜ਼ਿਲ੍ਹਾ ਸੰਗਰੂਰ 3. ਮੇਜਰ ਸਿੰਘ ਪੁੱਤਰ ਤੇਜ ਸਿੰਘ ਪੁੱਤਰ ਨਿੱਕਾ ਸਿੰਘ 4. ਕੁੰਦਨ ਲਾਲ 5. ਦੇਸ ਰਾਜ 6. ਰੇਸ਼ਮ ਲਾਲ 7. ਟੇਕ ਚੰਦ ਪੁੱਤਰਾਨ ਚੰਨ ਰਾਮ ਪੁੱਤਰਾਨ ਰਾਮ ਕ੍ਰਿਸ਼ਨ 8. ਕ੍ਰਿਸ਼ਨਾ ਦੇਵੀ ਵਿਧਵਾ ਰੋਸ਼ਨ ਲਾਲ ਪੁੱਤਰ ਚੰਨ ਰਾਮ 9. ਮਦਨ ਗੋਪਾਲ ਪੁੱਤਰ ਇੰਦਰ ਰਾਜ ਪੁੱਤਰ ਰਾਮ ਕ੍ਰਿਸ਼ਨ 10. ਦਰਸ਼ਨ ਸਿੰਘ 11. ਭੋਲਾ ਸਿੰਘ 12. ਟੇਕ ਸਿੰਘ 13. ਹਰਬੰਸ ਕੌਰ ਪੁੱਤਰਾਨ ਅਤੇ ਪਤਨੀ ਲਾਭ ਸਿੰਘ ਪੁੱਤਰ ਪਾਲਾ ਸਿੰਘ ਵਾਸੀਆਨ ਸ਼ੇਖੂ ਤਹਿ: ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ 14. ਨਾਜ਼ਰ ਸਿੰਘ ਪੁੱਤਰ ਤੇਗ ਸਿੰਘ ਪੁੱਤਰ ਨਿੱਕਾ ਸਿੰਘ 18. ਮਦਨ ਲਾਲ ਪੁੱਤਰ ਵਲੈਤੀ ਰਾਮ ਪੁੱਤਰ ਲਹਿਰੀ ਮੱਲ 19. ਹਰਬੰਸ ਬਾਂਸਲ ਪੁੱਤਰ ਤਾਰਾ ਚੰਦ ਪੁੱਤਰ ਰੋਸ਼ਨ ਲਾਲ 20. ਪ੍ਰਵੀਨ ਕੁਮਾਰ ਪੁੱਤਰ ਆਤਮਾ ਸਿੰਘ 21. ਮੋਹਨ ਲਾਲ ਪੁੱਤਰ ਆਤਮਾ ਸਿੰਘ 22. ਵਿਨੋਦ ਕੁਮਾਰ ਪੁੱਤਰ ਨਿਰੰਜਣ ਦਾਸ ਪੁੱਤਰ ਹੰਸ ਰਾਜ 23. ਕੇਵਲ ਕ੍ਰਿਸ਼ਨ ਪੁੱਤਰ ਸਾਧੂ ਰਾਮ ਪੁੱਤਰ ਮੁਨਸ਼ੀ ਰਾਮ 24. ਬੰਤਾ ਸਿੰਘ 25. ਨੈਬ ਸਿੰਘ 26. ਅਜਾਇਬ ਸਿੰਘ 27. ਮੁਖਤਿਆਰ ਸਿੰਘ 28. ਸੁਰਜੀਤ ਸਿੰਘ ਪੁੱਤਰਾਨ ਮੱਘਰ ਸਿੰਘ ਪੁੱਤਰ ਨਿੱਕਾ ਸਿੰਘ ਵਾਸੀਆਨ ਤਰਖਾਣ ਵਾਲਾ, ਤਹਿ: ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ 30. ਪੰਜਾਬ ਨੈਸ਼ਨਲ ਬੈਂਕ ਰਾਮਾ ਮੰਡੀ ਰਾਹੀਂ ਮੈਨੇਜਰ।

ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਉਕਤ ਉਤਰਵਾਦੀ ਦੀ ਇਤਲਾਹ ਸਰਸਰੀ ਢੰਗ ਨਾਲ ਨਹੀਂ ਹੋ ਸਕਦੀ। ਇਸ ਲਈ ਇਸ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਉਤਰਵਾਦੀ ਵਿਸ਼ੇ ਵਿੱਚ ਦਰਜ ਕੇਸ ਦੀ ਪੈਰਵੀ ਕਰਨਾ ਚਾਹੁੰਦਾ/ਚਾਹੁੰਦੀ ਹੈ ਤਾਂ ਉਹ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਮਿਤੀ 30.8.2023 ਤੋਂ ਪਹਿਲਾਂ-ਪਹਿਲਾਂ ਪੇਸ਼ ਹੋ ਕਰ ਕੇਸ ਦੀ ਪੈਰਵੀ ਕਰ ਸਕਦਾ ਹੈ। ਬਾਅਦ ਗੁਜਰਨੇ ਮਿਆਦ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਕੇਸ ਮਿਤੀ 30.8.2023 ਨੂੰ ਸੁਣਵਾਈ ਲਈ ਨਿਯਤ ਹੈ।

ਇਹ ਨੋਟਿਸ ਅੱਜ ਮੇਰੇ ਦਸਤਖਤਾਂ ਅਤੇ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।

ਪਿੱਠ ਅੰਕਣ ਨੰ: ਪੇਸ਼ੀ : 2023/844/ਮਿਤੀ : 17.7.2023

**ਅਦਾਲਤੀ ਇਸ਼ਤਿਹਾਰ**

ਬਾ ਅਦਾਲਤ-ਸ੍ਰ. ਕੁਲਵਿੰਦਰ ਸਿੰਘ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਕਪੂਰਥਲਾ।

ਮਿਸਲ ਨੰ: 59, 60, 65, 67, 68, 69 ਐੱਨ ਟੀ, ਵਾਕਿਆ ਰਕਬਾ : ਪਿੰਡ ਉੱਚਾ।

ਤਰੀਖ ਰਜੂਆ : 25.5.2022, ਅਗਲੀ ਤਰੀਖ ਪੇਸ਼ੀ : 8.8.2023

1. ਵੀਰ ਸਿੰਘ ਪੁੱਤਰ ਫੁਮਨ ਸਿੰਘ ਪੁੱਤਰ ਵਧਾਵਾ ਸਿੰਘ ਵਾਸੀ ਪਿੰਡ ਉੱਚਾ, ਤਹਿ: ਵਾ ਜ਼ਿਲ੍ਹਾ ਕਪੂਰਥਲਾ। ਫਰੀਕ ਅੱਵਲ/ਪਟੀਸ਼ਨਰ

ਬਨਾਮ-1. ਹਰ ਕੌਰ ਪੁੱਤਰੀ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 2. ਕੇਸਰ ਕੌਰ ਪੁੱਤਰੀ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 3. ਮਲਕੀਤ ਸਿੰਘ ਪੁੱਤਰ ਫੁਮਨ ਸਿੰਘ ਪੁੱਤਰ ਵਧਾਵਾ ਸਿੰਘ 4. ਗੁਰਮੇਲ ਸਿੰਘ ਪੁੱਤਰ ਫੁਮਨ ਸਿੰਘ ਪੁੱਤਰ ਵਧਾਵਾ ਸਿੰਘ 5. ਸਵਰਨ ਕੌਰ ਪਤਨੀ ਫੁਮਨ ਸਿੰਘ ਪੁੱਤਰ ਵਧਾਵਾ ਸਿੰਘ 6. ਜਸਵੰਤ ਸਿੰਘ ਪੁੱਤਰ ਦੀਵਾਨ ਸਿੰਘ 7. ਮਹਿੰਦਰ ਸਿੰਘ ਪੁੱਤਰ ਦੀਵਾਨ ਸਿੰਘ 8. ਪ੍ਰੀਤਮ ਕੌਰ ਪੁੱਤਰੀ ਦੀਵਾਨ ਸਿੰਘ 9. ਜੀਤੋ ਕੌਰ ਪੁੱਤਰੀ ਦੀਵਾਨ ਸਿੰਘ 10. ਗੁਰਮੀਤੋ ਕੌਰ ਪੁੱਤਰੀ ਦੀਵਾਨ ਸਿੰਘ 11. ਬਲਕਾਰ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 12. ਸ਼ੰਗਾਰਾ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 13. ਸੌਦਾਗਰ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 14. ਪ੍ਰੀਤਮ ਸਿੰਘ ਪੁੱਤਰ ਫੁਮਨ ਸਿੰਘ ਪੁੱਤਰ ਵਧਾਵਾ ਸਿੰਘ 15. ਜੀਤ ਕੌਰ ਪੁੱਤਰੀ ਦੀਵਾਨ ਸਿੰਘ 16. ਗੁਰਮੀਤ ਕੌਰ ਪੁੱਤਰੀ ਦੀਵਾਨ ਸਿੰਘ 17. ਬਹਾਦਰ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 18. ਸ਼ਿੰਗਾਰਾ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਗੁਰਦਿੱਤ ਸਿੰਘ 19. ਫੁਮਨ ਸਿੰਘ ਪੁੱਤਰ ਵਧਾਵਾ ਸਿੰਘ 20. ਬਾਲ ਕੌਰ ਵਿਧਵਾ ਕਾਲੂ ਰਾਮ 21. ਸੋਹਨ ਸਿੰਘ ਪੁੱਤਰ ਵਰਿਆਮ ਸਿੰਘ ਪੁੱਤਰ ਗੁਲਾਬ ਸਿੰਘ 22. ਬਖਸ਼ੀਸ਼ ਸਿੰਘ ਪੁੱਤਰ ਸਰੈਨ ਸਿੰਘ ਪੁੱਤਰ ਵਰਿਆਮ ਸਿੰਘ 23. ਅਰਜਨ ਸਿੰਘ ਪੁੱਤਰ ਸੁਲੱਖਣ ਸਿੰਘ ਪੁੱਤਰ ਬਸੰਤ ਸਿੰਘ 24. ਨਰਿੰਦਰ ਸਿੰਘ ਪੁੱਤਰ ਸੁਲੱਖਣ ਸਿੰਘ ਪੁੱਤਰ ਬਸੰਤ ਸਿੰਘ 25. ਮੁਖਤਾਰ ਸਿੰਘ ਪੁੱਤਰ ਹਾਕਮ ਸਿੰਘ ਪੁੱਤਰ ਸ਼ੇਰ ਸਿੰਘ 26. ਸੁਖਰਾਜ ਸਿੰਘ ਪੁੱਤਰ ਹਰਭਜਨ ਸਿੰਘ ਪੁੱਤਰ ਸੁਲੱਖਣ ਸਿੰਘ 27. ਸਤਨਾਮ ਸਿੰਘ ਪੁੱਤਰ ਹਰਭਜਨ ਸਿੰਘ ਪੁੱਤਰ ਸੁਲਖਣ ਸਿੰਘ 28. ਜਸਵੰਤ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਸੁਲਖਣ ਸਿੰਘ 29. ਆਤਮਾ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਬਸੰਤ ਸਿੰਘ 30. ਬਲਦੇਵ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਬਸੰਤ ਸਿੰਘ 31. ਪ੍ਰੇਮ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਬਸੰਤ ਸਿੰਘ 32. ਬਲਬੀਰ ਕੌਰ ਪਤਨੀ ਆਤਮਾ ਸਿੰਘ ਪੁੱਤਰ ਹਰੀ ਸਿੰਘ ਸਾਰੇ ਵਾਸੀਆਨ ਪਿੰਡ ਉੱਚਾ ਤਹਿ: ਵਾ ਜ਼ਿਲ੍ਹਾ ਕਪੂਰਥਲਾ।

ਉਕਤ ਅਨੁਵਾਨ ਦਾ ਕੇਸ ਤਕਸੀਮ ਵਾਕਿਆ ਰਕਬਾ ਪਿੰਡ ਉੱਚਾ ਤਹਿ: ਵਾ ਜ਼ਿਲ੍ਹਾ ਕਪੂਰਥਲਾ ਮੁਤਾਬਕ ਜਮ੍ਹਾਂਬੰਦੀ ਸਾਲ 2016-17 ਬਾਬਤ ਖੇਵਟ ਨੰਬਰ 228 ਖਤੌਨੀ ਨੰਬਰ 292 ਖਸਰਾ ਨੰਬਰਾਨ 69//23/4/7-4, 69//24/8-0, 80//3/3/2/4-12 ਰਕਬਾ 19 ਕ-16 ਮ, ਖੇਵਟ ਨੰਬਰ 308 ਖਤੌਨੀ ਨੰਬਰ 406 ਖਸਰਾ ਨੰਬਰਾਨ 70//3/2/5-7, 70//4/2/5-7, 70//5/2/5-11 ਰਕਬਾ 16 ਕ-5 ਮ, ਖੇਵਟ ਨੰਬਰ 968 ਖਤੌਨੀ ਨੰਬਰ 1208 ਖਸਰਾ ਨੰਬਰਾਨ 80//3/2/0-12 ਰਕਬਾ 0ਕ-12 ਮ, ਖੇਵਟ ਨੰਬਰ 229 ਖਤੌਨੀ ਨੰਬਰ 293 ਖਸਰਾ ਨੰਬਰਾਨ 80//3/3/1/2-0 ਰਕਬਾ 2 ਕ-0 ਮ, ਖੇਵਟ ਨੰਬਰ 831 ਖਤੌਨੀ ਨੰਬਰ 1047 ਖਸਰਾ ਨੰਬਰਾਨ 80//3/1/0-16 ਰਕਬਾ 0ਕ-16 ਮ, ਖੇਵਟ ਨੰਬਰ 1120 ਖਤੌਨੀ ਨੰਬਰ 1459 ਖਸਰਾ ਨੰਬਰਾਨ 57//21/7-12 ਰਕਬਾ 7 ਕ-12 ਮ ਦਾ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਕੇਸ ਵਿੱਚ ਧਿਰ ਦੋਮ ਦੀ ਇਤਲਾਹ ਆਸਾਨ ਤਰੀਕੇ ਨਾਲ ਨਹੀਂ ਹੋਣੀ ਪਾਈ ਗਈ। ਧਿਰ ਦੋਮ ਵੱਲੋਂ ਕੋਈ ਵੀ ਹਾਜ਼ਰ ਨਹੀਂ ਆਏ। ਇਸ ਕੇਸ ਵਿੱਚ ਤਰੀਖ ਪੇਸ਼ੀ ਮਿਤੀ 8.8.2023 ਮੁਕੱਰਰ ਹੋਈ ਹੈ। ਇਸ ਲਈ ਫਰੀਕ ਦੋਮ ਨੂੰ ਅਖਬਾਰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਧਿਰ ਦੋਮ ਮਿਤੀ 8.8.2023 ਨੂੰ ਸਵੇਰੇ 10.00 ਵਜੇ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਹੋ ਕੇ ਇਸ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ 8.8.2023 ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਨਿਸ਼ਚਿਤ ਮਿਤੀ ਤੋਂ ਬਾਅਦ ਵਿੱਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 18.7.2023 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।

ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ ਨੰ: 536/ਰੀਡਰ-2 ਕਪੂਰਥਲਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

20-July-Page-3.qxd 7/19/2023 9:18 PM Page 1



# ਪੰਜਾਬ ਖੇਤ ਮਜ਼ਦੂਰ ਸਭਾ ਦੇ ਬਲਾਕ ਭਿੱਖੀਵਿੰਡ ਦਾ ਡੈਲੀਗੇਟ ਅਜਲਾਸ ਸੰਪਨ

## ਸੇਮਾ ਸਿੰਘ ਸੁਰ ਸਿੰਘ ਪ੍ਰਧਾਨ ਤੇ ਰਸ਼ਪਾਲ ਸਿੰਘ ਘੁਰਕਵਿੰਡ ਜਨਰਲ ਸਕੱਤਰ ਚੁਣੇ ਗਏ

**ਭਿੱਖੀਵਿੰਡ (ਨਜ਼ਸ)**-ਪੰਜਾਬ ਖੇਤ ਮਜ਼ਦੂਰ ਸਭਾ ਦਾ ਡੈਲੀਗੇਟ ਅਜਲਾਸ ਬੀਬੀ ਸੰਦੀਪ ਕੋਰ ਅਤੇ ਕਾਮਰੇਡ ਜਗੀਰ ਸਿੰਘ ਘੁਰਕਵਿੰਡ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਅਜਲਾਸ ਵਿੱਚ ਵੱਖ ਵੱਖ ਪਿੰਡਾਂ ਤੋਂ ਆਏ 67 ਡੈਲੀਗੇਟਾਂ ਨੇ ਹਿੱਸਾ ਲਿਆ। ਕਾਨਫਰੰਸ ਦੇ ਸ਼ੁਰੂ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਆਗੂ ਮਲਕੀਤ ਸਿੰਘ ਬੈਂਕਾ ਨੇ ਸ਼ੋਕ ਮਤਾ ਪੇਸ਼ ਕੀਤਾ ਅਤੇ ਦੋ ਮਿੰਟ ਦਾ ਮੋਨ ਧਾਰ ਕੇ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਪਿਛਲੇ ਚਾਰ ਸਾਲਾਂ ਦੀ ਰਿਪੋਰਟ ਕਾਮਰੇਡ ਰਸ਼ਪਾਲ ਸਿੰਘ ਘੁਰਕਵਿੰਡ ਨੇ ਪੇਸ਼ ਕੀਤੀ। ਇਹ ਰਿਪੋਰਟ ਸਰਬ ਸੰਮਤੀ ਨਾਲ ਪਾਸ ਕੀਤੀ ਗਈ। ਅਜਲਾਸ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਅਤੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਕਿਹਾ ਕਿ ਜਦੋਂ ਦੀ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਸੱਤਾ ਵਿੱਚ ਆਈ ਹੈ ਦੇਸ਼ ਵਿੱਚ ਗਰੀਬੀ, ਬੇਰੁਜ਼ਗਾਰੀ ਨੇ ਭਿਆਨਕ ਰੂਪ ਅਖਤਿਆਰ ਕਰ ਲਿਆ ਹੈ। ਬੇਰੋਜ਼ਗਾਰੀ ਦਾ ਸੇਕ ਹਰ ਘਰ ਨੂੰ ਲੱਗ ਰਿਹਾ ਹੈ। ਗਰੀਬ ਲੋਕਾਂ ਦਾ ਜੀਵਨ ਬਹੁਤ ਤੰਗੀਆਂ ਤੁਰਸ਼ੀਆਂ ਵਿੱਚ ਗੁਜ਼ਰ ਰਿਹਾ ਹੈ। ਮਹਿੰਗਾਈ ਏਨੀ ਜ਼ਿਆਦਾ ਵੱਧ ਗਈ ਹੈ ਕਿ ਖਾਣ ਪੀਣ ਵਾਲੀਆਂ ਵਸਤੂਆਂ ਗਰੀਬਾ ਦੀ ਪਹੁੰਚ ਤੋਂ ਬਾਹਰ ਹਨ। ਗਰੀਬੀ ਅਤੇ ਮਹਿੰਗਾਈ ਦੇ ਕਾਰਨ ਗਰੀਬ ਲੋਕਾਂ ਦੇ ਬੱਚਿਆਂ ਨੂੰ ਪੜਾਈ ਅੱਧਵਾਟੇ ਛੱਡ ਕੇ ਬਾਲ ਮਜ਼ਦੂਰੀ ਕਰਨੀ ਪੈ ਰਹੀ ਹੈ। ਗਰੀਬਾਂ ਦੀ ਤਰਾਸਦੀ ਇਹ ਵੀ ਹੈ ਕਿ ਉਹ ਆਪਣੀਆਂ ਬਿਮਾਰੀਆਂ ਦਾ ਇਲਾਜ ਕਰਵਾਉਣ ਤੋਂ ਅਸਮੱਰਥ ਹਨ। ਇਹੋ ਜਿਹੀਆਂ ਪ੍ਰਸਥਿਤੀਆਂ ਵਿੱਚ ਗਰੀਬਾਂ ਦੇ ਰਾਸ਼ਨ ਕਾਰਡ ਬੰਦ ਅਤੇ ਸ਼ਗਨ ਸਕੀਮ ਵੀ ਸਿਆਸਤ ਦੀ ਭੇਟ ਚੜ੍ਹ ਗਈ ਹੈ। ਰਾਸ਼ਨ ਡੀਪੂਆਂ ਤੋ ਸਸਤਾ ਰਾਸ਼ਨ ਗਾਇਬ ਹੈ ਅਤੇ ਜਾਂਚ ਪੜਤਾਲ ਦੇ ਨਾ ਤੇ ਵੱਡੀ ਗਿਣਤੀ ਵਿਚ ਖੇਤ ਮਜ਼ਦੂਰਾਂ ਦੇ ਰਾਸ਼ਨ ਕਾਰਡ ਕੱਟ ਦਿੱਤੇ ਗਏ ਹਨ। ਮੋਦੀ ਸਰਕਾਰ ਨੇ ਮਨਰੇਗਾ ਦੇ ਬਜਟ ਵਿੱਚ 35 ਫੀਸਦੀ ਕਟੌਤੀ ਕਰਕੇ ਮਨਰੇਗਾ ਕਾਮਿਆਂ ਨਾਲ ਬਹੁਤ ਵੱਡਾ ਧੱਕਾ ਕੀਤਾ ਹੈ। ਉਹਨਾਂ ਪੰਜਾਬ ਸਰਕਾਰ 'ਤੇ ਵਰ੍ਹਦਿਆ ਕਿਹਾ ਕਿ ਇਹ ਸਰਕਾਰ ਮਨਰੇਗਾ ਕਾਮਿਆ



ਨੂੰ ਪੂਰਾ ਸਾਲ ਕੰਮ ਅਤੇ ਕੰਮ ਦਿਹਾੜੀ ਸੱਤ ਸੌ ਰੁਪਏ ਕਰਨ, ਰੋਜ਼ਗਾਰ ਗਾਰੰਟੀ, ਕਰਜ਼ਾ ਮੁਆਫ਼ੀ, ਬੇਘਰੇ ਤੇ ਲੋੜਵੰਦਾਂ ਨੂੰ ਪਲਾਟ ਦੇਣ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ, ਜਮੀਨ ਮਜਦੂਰਾਂ ਨੂੰ ਸਸਤੇ ਭਾਅ ਦੇਣ ਦੀ ਗਰੰਟੀ ਕਰਨ, ਵਿਧਵਾ ਬੁਢਾਪਾ ਪੈਨਸ਼ਨ ਪੰਜ ਹਜ਼ਾਰ ਕਰਨ, ਅਤੇ ਔਰਤਾਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਰੁਪਏ ਪਾਉਣ ਤੋਂ ਕੰਨੀ ਕਤਰਾ ਰਹੀ ਹੈ। ਸਰਹਾਲੀ ਕਲਾਂ ਨੇ ਕਿਹਾ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਦੀ 20 ਜੁਲਾਈ ਨੂੰ ਦੁਬਾਰਾ ਪੰਜਾਬ ਸਰਕਾਰ ਦੀ ਸਬ ਕਮੇਟੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਹੋ ਰਹੀ ਹੈ। ਇਸ ਮੀਟਿੰਗ ਵਿੱਚ ਖੇਤ ਮਜ਼ਦੂਰਾਂ ਦੇ ਭਖਦੇ ਮਸਲਿਆਂ ਨੂੰ ਜੋਰ ਨਾਲ ਉਭਾਰਿਆ ਜਾਵੇਗਾ। ਅਜਲਾਸ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਕਾਮਰੇਡ ਬਲਵਿੰਦਰ ਸਿੰਘ ਠੇਕੇਦਾਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ 21 ਮੈਂਬਰੀ ਏਰੀਆ ਕਮੇਟੀ ਦੀ ਚੋਣ ਕੀਤੀ ਗਈ ਜਿਸ ਦੇ ਪ੍ਰਧਾਨ ਸੇਮਾ ਸਿੰਘ ਸੁਰਸਿੰਘ ਤੇ ਜਰਨਲ ਸਕੱਤਰ ਰਸ਼ਪਾਲ ਸਿੰਘ ਘੁਰਕਵਿੰਡ, ਮੀਤ ਪ੍ਰਧਾਨ ਹੀਰਾ ਸਿੰਘ ਫਤਿਹਪੁਰ ਸੁੱਗਾ, ਸੁਖਮਪ੍ਰੀਤ ਸਿੰਘ ਘੁਰਕਵਿੰਡ, ਗੁਰਦੀਪ ਸਿੰਘ ਸੁਰਸਿੰਘ, ਹੁਸਨਪ੍ਰੀਤ ਸਿੰਘ ਘੁਰਕਵਿੰਡ, ਮੀਤ ਸਕੱਤਰ ਜਸਬੀਰ ਸਿੰਘ ਸੁਰਵਿੰਡ, ਅਰਸ਼ਦੀਪ ਸਿੰਘ ਕਲਸੀਆ, ਲਖਬੀਰ ਸਿੰਘ ਘੁਰਕਵਿੰਡ, ਅਮ੍ਰਿਤਪਾਲ ਸਿੰਘ ਫਤਿਹਪੁਰ ਸੁੱਗਾ ,ਕੈਸ਼ੀਅਰ ਜਗੀਰ ਸਿੰਘ ਘੁਰਕਵਿੰਡ ਚੁਣੇ ਗਏ।

# ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਨੇ ਪਿੰਡਾਂ 'ਚ ਵੱਸਦੇ ਲੋਕਾਂ ਨੂੰ ਸਮੱਗਰੀ ਤੇ ਰਾਸ਼ਨ ਵੰਡਿਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਜਿਵੇਂ ਕਿ ਆਪਾਂ ਸਾਰਿਆਂ ਨੂੰ ਪਤਾ ਹੈ ਕਿ ਜੋ ਪਿਛਲੇ ਦਿਨੀਂ ਬਰਸਾਤ ਦੇ ਕਾਰਨ ਸੁਲਤਾਨਪੁਰਲੋਧੀ ਦੇ ਕੋਲ ਡੁਬ ਪਿਛਲੇ ਇਲਾਕੇ ਅਤੇ ਪਿੰਡਾਂ ਵਿੱਚ ਬਰਸਾਤ ਆਉਣ ਕਾਰਨ ਡੁੱਬ ਗਏ ਸਨ ਅਤੇ ਉਨਾਂ ਇਲਾਕਿਆਂ ਵਿਚ ਤਾਂ ਕੁਝ ਖਾਣ ਨੂੰ ਵੀ ਨਹੀਂ ਮਿਲ ਰਿਹਾ ਸੀ । ਅੱਜ ਵਾਲਮੀਕ ਕ੍ਰਾਂਤੀ ਸੈਨਾ ਦੇ ਪੰਜਾਬ ਪ੍ਰਧਾਨ ਸਰਵਣ ਸਿੰਘ ਗਿੱਲ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸ੍ਰੀ ਰਾਮ ਨੌਮੀ ਉਤਸਵ ਕਮੇਟੀ ਜੰਡਿਆਲਾ ਗੁਰੂ ਦੀ ਸਾਰੀ ਟੀਮ ਵੱਲੋਂ ਕਪੂਰਥਲਾ ਅਤੇ ਸੁਲਤਾਨਪੁਰ ਲੋਧੀ ਦੇ ਵੱਖ ਵੱਖ ਇਲਾਕਿਆਂ ਵਿੱਚ ਵੱਸਦੇ ਲੋਕਾਂ ਨੂੰ ਸਮੱਗਰੀ ਅਤੇ ਰਾਸ਼ਨ ਵੰਡਿਆ ਗਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਮੁਕੇਸ਼ ਕੁਮਾਰ ਸੋਨੀ ਅਨੇਜਾ ਨੇ ਕਿਹਾ ਕੀ ਪਿੱਛਾ ਵਿੱਚ ਬਰਸਾਤ ਆਉਣ ਕਾਰਨ ਉਨ੍ਹਾਂ ਇਲਾਕਿਆਂ ਵਿਚ ਵੱਸਦੇ ਲੋਕਾਂ ਨੂੰ ਆਟਾ ਚਾਹਪੱਤੀ, ਖੰਡ, ਸਾਬਣ, ਦੁੱਧ, ਬਿਸਕੁਟ ਪਾਣੀ ਵਾਲੀਆਂ ਬੋਤਲਾਂ ਆਦਿ ਦਾ ਬੈਗ ਬਣਾ ਕੇ ਗਰੀਬ ਲੋਕਾਂ ਨੂੰ ਵੰਡੇ ਗਏ ਹਨ। ਇਸ ਮੌਕੇ ਸ੍ਰੀ ਰਾਮ ਨੌਮੀ ਉਤਸਵ ਕਮੇਟੀ ਦੇ ਪ੍ਰਧਾਨ ਮੁਕੇਸ਼ ਕੁਮਾਰ ਸੋਨੀ ਅਨੇਜਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਗਰੀਬ ਲੋਕਾਂ ਦੀ ਮੱਦਦ ਕਰਨੀ ਚਾਹੀਦੀ ਹੈ ਤਾਂ ਜੋ ਗਰੀਬ ਲੋਕਾਂ ਦਾ ਭਲਾ ਹੋ ਸਕੇ। ਇਸ ਮੌਕੇ ਭਗਵਾਨ ਵਾਲਮੀਕਿ ਕ੍ਰਾਂਤੀ ਸੈਨਾ ਦੇ ਪੰਜਾਬ ਪ੍ਰਧਾਨ ਸਰਵਣ ਸਿੰਘ ਗਿੱਲ, ਸੀਨੀਅਰ ਵਾਈਸ ਪ੍ਰਧਾਨ ਸਰਵਨ ਸੱਭਰਵਾਲ, ਵਾਈਸ ਪ੍ਰਧਾਨ ਤਰਲੋਕ ਸਹੋਤਾ, ਜਨ: ਸੈਕਟਰੀ ਨਿਰਮਲ ਗਿੱਲ, ਤਰਸੇਮ ਸਿੰਘ, ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਦੇ ਪ੍ਰਧਾਨ ਮੁਕੇਸ਼ ਕੁਮਾਰ ਸੋਨੀ ਅਨੇਜਾ, ਰਾਹੁਲ ਪਸਾਹਣ, ਪ੍ਰਦੀਪ ਜੈਨ ਰੌਕੀ, ਪਿੰਸ ਅਨੇਜਾ, ਅੰਸ਼ੁਲ ਜੈਨ, ਦਿਨੇਸ਼ ਜੋਸ਼ੀ ਪ੍ਰਿੰਸ ਫੋਟੋ ਸਟੂਡੀਓ, ਨੀਰਜ ਸੂਰੀ, ਸੰਜੀਵ ਸੂਰੀ, ਵਿਸ਼ਾਲ ਅਰੋੜਾ, ਸਾਹਿਲ ਕਾਲੜਾ, ਪੰਪੀ ਅਨੇਜਾ, ਸੋਨੂੰ ਮਹਿੰਦੀ ਵਾਲਾ, ਗਰੀਸ ਮਿਗਲਾਨੀ ਤੋਂ ਇਲਾਵਾ ਹੋਰ ਮੈਂਬਰ ਆਦਿ ਹਾਜ਼ਰ ਸਨ।

# ਫੂਡ ਪ੍ਰੋਸੈਸਿੰਗ ਯੂਨਿਟ ਲਗਾਉਣ ਲਈ ਦਿੱਤੀ ਜਾਵੇਗੀ 35 ਫੀਸਦੀ ਸਬਸਿਡੀ : ਡਿਪਟੀ ਕਮਿਸ਼ਨਰ



**ਧਾਰੀਵਾਲ, 19 ਜੁਲਾਈ (ਮਨਦੀਪ ਸਿੰਘ ਵਿੱਕੀ)**-ਭਾਰਤ ਸਰਕਾਰ ਦੇ ਫੂਡ ਪ੍ਰੋਸੈਸਿੰਗ ਉਦਯੋਗ ਵੱਲੋਂ ਰਾਜ ਸਰਕਾਰ ਦੀ ਭਾਈਵਾਲੀ ਨਾਲ ਕੌਮੀ ਪੱਧਰ ਤੇ ਪੀ. ਐਮ. ਫਰਮਾਲਾਈਜੇਸ਼ਨ ਆਫ ਮਾਈਕਰੋ ਫੂਡ ਪ੍ਰੋਸੈਸਿੰਗ ਇੰਟਰਪ੍ਰਾਈਜਿਜ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਕੋਈ ਵੀ ਵਿਅਕਤੀ ਆਪਣਾ ਕਾਰੋਬਾਰ ਸ਼ੁਰੂ ਕਰਦੇ ਹੋਏ ਇੱਕ ਕਰੋੜ ਰੁਪਏ ਤੱਕ ਦਾ ਫੂਡ ਪ੍ਰੋਸੈਸਿੰਗ ਪ੍ਰੋਜੈਕਟ ਲਗਾ ਸਕਦਾ ਹੈ। ਇਸ ਯੋਜਨਾ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਸਕੀਮ ਨੂੰ ਲਾਗੂ ਕਰਨ ਲਈ ਪੰਜਾਬ ਐਗਰੋ ਇੰਡਸਟਰੀਜ ਕਾਰਪੋਰੇਸ਼ਨ ਨੂੰ ਸਟੇਟ ਨੋਡਲ ਏਜੰਸੀ ਬਣਾਇਆ ਗਿਆ ਹੈ, ਜਦੋਂਕਿ ਜ਼ਿਲ੍ਹਾ ਉਦਯੋਗ ਕੇਂਦਰ ਦੇ ਜਨਰਲ ਮੈਨੇਜਰ ਜ਼ਿਲ੍ਹੇ ਦੇ ਨੋਡਲ ਅਫਸਰ ਹੋਣਗੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਸਕੀਮ ਅਧੀਨ ਕੋਈ ਵੀ ਵਿਅਕਤੀ ਆਪਣਾ ਕਾਰੋਬਾਰ ਸ਼ੁਰੂ ਕਰ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਕੀਮ ਅਧੀਨ ਇੱਕ ਕਰੋੜ ਰੁਪਏ ਤੱਕ ਦੇ ਫੂਡ ਪ੍ਰੋਸੈਸਿੰਗ ਪ੍ਰੋਜੈਕਟ ਲਗਾਇਆ ਜਾ ਸਕਦਾ ਹੈ ਜਿਥੇ ਕਿ ਘੱਟੋ ਘੱਟ 10 ਵਿਅਕਤੀ ਕੰਮ ਕਰਦੇ ਹੋਣ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਵਿੱਚ 35 ਫੀਸਦੀ ਦੀ ਕੈਪੀਟਲ ਸਬਸਿਡੀ ਵੀ ਮਿਲਦੀ ਹੈ ਜੋ ਕਿ ਵੱਧ ਤੋਂ ਵੱਧ 10 ਲੱਖ ਰੁਪਏ ਬਣਦੀ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸਕੀਮ ਦਾ ਲਾਭ ਲੈਣ ਦੇ ਚਾਹਵਾਨ ਬਿਨੈਕਾਰ ਨੂੰ ਪ੍ਰੋਜੈਕਟ ਕੀਮਤ ਦਾ ਘੱਟੋ-ਘੱਟ 10 ਫੀਸਦੀ ਹਿੱਸਾ ਆਪਣੇ ਕੋਲੋਂ ਲਗਾਉਣਾ ਪਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਕੀਮ ਤਹਿਤ ਨਵਾਂ ਯੂਨਿਟ ਸਥਾਪਤ ਕਰਨ ਦੇ ਨਾਲ-ਨਾਲ ਪੁਰਾਣੇ ਫੂਡ ਪ੍ਰੋਸੈਸਿੰਗ ਯੂਨਿਟ ਵਿੱਚ ਵਾਧਾ ਵੀ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਉਕਤ ਸਕੀਮ ਅਧੀਨ ਇੱਕ ਵੀ ਫਰਮ ਲੋਨ ਲੈਣ ਵਾਲੇ ਯੂਨਿਟ ਹੀ ਸਬਸਿਡੀ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਇਸ ਸਕੀਮ ਦਾ ਲਾਭ ਲੈ ਕੇ ਆਪਣਾ ਕਾਰੋਬਾਰ ਸ਼ੁਰੂ ਕਰਨ ਤਾਂ ਜੋ ਉਹ ਆਪਣੇ ਪੈਰਾਂ ਤੇ ਖੜ੍ਹੇ ਹੋ ਸਕਣ। ਜ਼ਿਲ੍ਹਾ ਉਦਯੋਗ ਕੇਂਦਰ ਦੇ ਜਨਰਲ ਮੈਨੇਜਰ ਸੁਖਪਾਲ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਅਧੀਨ ਕਰਜ਼ਾ ਲੈਣ ਲਈ ਭਾਰਤ ਸਰਕਾਰ ਦੇ ਫੂਡ ਪ੍ਰੋਸੈਸਿੰਗ ਮੰਤਰਾਲੇ ਦੇ ਪੋਰਟਲ www.pmfme.mofpi.gov.in ਉਪਰ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਉਨ੍ਹਾਂ ਹੋਰ ਦੱਸਿਆ ਕਿ ਸਕੀਮ ਅਧੀਨ ਫਾਰਮ ਭਰਨ ਵਾਸਤੇ ਜ਼ਿਲ੍ਹਾ ਰਿਸੋਰਸ ਪਰਸਨਾਂ ਦੀ ਨਿਯੁਕਤੀ ਕੀਤੀ ਗਈ ਹਨ ਜਿਨ੍ਹਾਂ ਵਿੱਚ ਪੰਚਦੀਪ ਸਿੰਘ ਛੀਨਾ ਮੋਬਾਇਲ ਨੰਬਰ 98158-21532, ਬਲਜਿੰਦਰ ਸਿੰਘ ਮੋਬਾਇਲ ਨੰਬਰ 98153-05023, ਹਰਮਨ ਸ਼ੇਰ ਸਿੰਘ ਮੋਬਾਇਲ ਨੰਬਰ 9988604937 ਅਤੇ ਨਵਨੀਤ ਸ਼ਰਮਾ ਮੋਬਾਇਲ ਨੰਬਰ 98882-94087 ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਉਪਰੋਕਤ ਸਕੀਮ ਅਧੀਨ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਰਿਸੋਰਸ ਪਰਸਨ ਨਾਲ ਵੀ ਰਾਬਤਾ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਹਰ ਬੁੱਧਵਾਰ ਇੱਕ ਜ਼ਿਲ੍ਹਾ ਰਿਸੋਰਸ ਪਰਸਨ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵਿਖੇ ਵੀ ਨੌਜਵਾਨਾਂ ਨੂੰ ਗਾਈਡ ਕਰਨ ਲਈ ਹਾਜ਼ਰ ਹੁੰਦੇ ਹਨ।

# ਸੁਖਮਨਦੀਪ ਕੌਰ ਦੀ ਬੇਰਹਿਮੀ ਨਾਲ ਕੀਤੀ ਹੱਤਿਆ ਲਈ ਜ਼ਿੰਮੇਵਾਰ ਤਾਂਤਰਿਕ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ

## ਦੋਸ਼ੀਆਂ ਨੂੰ ਸਖਤ ਸਜ਼ਾ ਦੇਣ ਤੇ ਅੰਧ-ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਨਾ ਲਾਜ਼ਮੀ

**ਅੰਮ੍ਰਿਤਸਰ (ਨਜ਼ਸ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਅੰਮ੍ਰਿਤਸਰ ਜ਼ਿਲੇ ਦੇ ਪਿੰਡ ਮੂਦਲ ਵਿਖੇ ਮੁਲਜ਼ਮਾਂ ਵਲੋਂ ਕਿਸੇ ਤਾਂਤਰਿਕ ਦੇ ਕਹਿਣ 'ਤੇ ਨੌਂ ਸਾਲਾ ਨਾਬਾਲਗ ਲੜਕੀ ਸੁਖਮਨਦੀਪ ਕੌਰ ਦੀ ਬੜੀ ਬੇਰਹਿਮੀ ਨਾਲ ਹੱਤਿਆ ਕੀਤੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਉੱਚ ਪੁਲਸ ਅਧਿਕਾਰੀਆਂ ਤੋਂ ਗ੍ਰਿਫਤਾਰ ਮੁਲਜ਼ਮਾਂ ਨੂੰ ਸਖਤ ਤੋਂ ਸਖਤ ਸਜ਼ਾ ਦਿਵਾਉਣ ਅਤੇ ਇਸ ਵਹਿਸੀ ਹੱਤਿਆ ਕਾਂਡ ਲਈ ਜ਼ਿੰਮੇਵਾਰ ਮੁਲਜ਼ਮਾਂ ਨੂੰ ਉਕਸਾਉਣ ਵਾਲੇ ਤਾਂਤਰਿਕ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਇਸਦੇ ਨਾਲ ਹੀ ਸੁਸਾਇਟੀ ਨੇ ਲੋਕਾਂ ਨੂੰ ਤਰਕਸ਼ੀਲ ਸੋਚ ਅਪਣਾਉਣ ਅਤੇ ਅੰਧ ਵਿਸ਼ਵਾਸਾਂ, ਵਹਿਮਾਂ-ਭਰਮਾਂ, ਪਾਖੰਡੀ ਬਾਬਿਆਂ/ਤਾਂਤਰਿਕਾਂ ਅਤੇ ਜੋਤਸ਼ੀਆਂ ਦੇ ਝਾਂਸਿਆਂ ਤੋਂ ਬਚਣ ਦੀ ਵੀ ਅਪੀਲ ਕੀਤੀ ਹੈ। ਤਰਕਸ਼ੀਲ ਸੁਸਾਇਟੀ ਦੀਆਂ ਅੰਮ੍ਰਿਤਸਰ ਅਤੇ ਗੋਪਾਲਪੁਰ ਮਜਵਿੰਡ ਇਕਾਈਆਂ ਦੇ ਆਗੂਆਂ ਸੁਮੀਤ ਸਿੰਘ, ਮੁਖਤਿਆਰ ਗੋਪਾਲਪੁਰ, ਸੁਖਦੀਪ ਸਿੰਘ, ਜੋਗਿੰਦਰ ਗੋਪਾਲਪੁਰ, ਮਾਸਟਰ ਬਲਦੇਵ ਰਾਜ ਵੇਰਕਾ, ਸੇਵਾ ਸਿੰਘ ਮਜਵਿੰਡ ਅਤੇ ਪਰਮਜੀਤ ਸਿੰਘ ਨੇ ਪਿੰਡ ਮੂਦਲ ਵਿਖੇ ਪਹੁੰਚ ਕੇ ਮ੍ਰਿਤਕ ਲੜਕੀ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਤਰਕਸ਼ੀਲ ਸੁਸਾਇਟੀ ਵਲੋਂ ਪੂਰਨ ਸਹਿਯੋਗ ਦੇਣ ਦੀ ਪੇਸ਼ਕਸ਼ ਵੀ ਕੀਤੀ। ਇਸ ਮੌਕੇ ਪੀੜਤ ਪਰਿਵਾਰ ਦੇ ਰਿਸ਼ਤੇਦਾਰ ਅਤੇ ਪਿੰਡ ਦੇ ਸਾਬਕਾ ਸਰਪੰਚ ਬਲਵਿੰਦਰ ਸਿੰਘ ਨੇ ਸੁਸਾਇਟੀ ਆਗੂਆਂ ਨੂੰ ਦੱਸਿਆ ਕਿ ਪੁਲਸ ਦੇ ਕਹਿਣ ਮੁਤਾਬਕ ਕਿਸੇ ਤਾਂਤਰਿਕ ਦੇ ਬਹਿਕਾਵੇ ਵਿਚ ਆ ਕੇ ਉਨ੍ਹਾਂ ਦੇ ਆਪਣੇ ਹੀ ਰਿਸ਼ਤੇਦਾਰਾਂ ਵਲੋਂ ਸੁਖਮਨਦੀਪ ਕੌਰ ਦੀ ਹੱਤਿਆ ਕਰਵਾਈ ਗਈ ਹੈ ਪਰ ਪੁਲਸ ਵਲੋਂ ਅਸਲ ਮੁਜਰਮ ਤਾਂਤਰਿਕ ਨੂੰ ਗ੍ਰਿਫਤਾਰ ਨਾ ਕਰਕੇ ਸਹੀ ਜਾਂਚ ਪੜਤਾਲ ਕਰਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ ਅਤੇ ਤਾਂਤਰਿਕ ਦੇ ਨਾਮ ਦਾ ਖੁਲਾਸਾ ਨਹੀਂ ਕੀਤਾ ਜਾ ਰਿਹਾ। ਤਰਕਸ਼ੀਲ ਆਗੂਆਂ ਵਲੋਂ ਵੇਰਕਾ ਥਾਣੇ ਪਹੁੰਚ ਕੇ ਥਾਣੇ ਦੇ ਮੁਖੀ ਇੰਸਪੈਕਟਰ ਹਰਸੰਦੀਪ ਸਿੰਘ ਨੂੰ ਹੱਤਿਆ ਲਈ ਉਕਸਾਉਣ ਵਾਲੇ ਤਾਂਤਰਿਕ ਦਾ ਨਾਮ ਪੁੱਛਣ ਤੇ ਉਨ੍ਹਾਂ ਤਾਂਤਰਿਕ ਦਾ ਨਾਮ ਦੱਸਣ ਤੋਂ ਗੁਰੇਜ਼ ਕੀਤਾ ਅਤੇ ਇੰਨਾ ਹੀ ਕਿਹਾ ਕਿ ਤਾਂਤਰਿਕ ਨੂੰ ਫੜਨ ਲਈ ਛਾਪੇ ਮਾਰੇ ਜਾ ਰਹੇ ਹਨ ਅਤੇ ਜਾਂਚ ਪੜਤਾਲ ਤੋਂ ਬਾਅਦ ਤਾਂਤਰਿਕ ਸਮੇਤ ਸਾਰੇ ਦੋਸ਼ੀਆਂ ਨੂੰ ਕਾਨੂੰਨੀ ਸਜ਼ਾ ਦਿਵਾਉਣ ਲਈ ਪੁਲੀਸ ਵਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਤਰਕਸੀਲ ਸੁਸਾਇਟੀ ਨੇ ਪੰਜਾਬ ਸਰਕਾਰ ਤੋਂ ਜੋਰਦਾਰ ਮੰਗ ਕੀਤੀ ਹੈ ਕਿ ਭੋਲੇ ਭਾਲੇ ਲੋਕਾਂ ਨੂੰ ਅੰਧ ਵਿਸ਼ਵਾਸਾਂ, ਵਹਿਮਾਂ ਵਿਚ ਫਸਾ ਕੇ ਉਨ੍ਹਾਂ ਦਾ ਆਰਥਿਕ, ਮਾਨਸਿਕ ਅਤੇ ਸਰੀਰਕ ਸੋਸ਼ਣ ਕਰਨ, ਬਲਾਤਕਾਰ ਅਤੇ ਮਨੁੱਖੀ ਬਲੀ ਦੇਣ ਵਰਗੇ ਵਹਿਸ਼ੀ ਅਪਰਾਧ ਕਰਨ ਵਾਲੇ ਪਾਖੰਡੀ ਬਾਬਿਆਂ, ਤਾਂਤਰਿਕਾਂ ਅਤੇ ਚੌਂਕੀ ਲਾਉਣ ਵਾਲੇ ਅਪਰਾਧੀ ਅਨਸਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਤਰਕਸੀਲ ਸੁਸਾਇਟੀ ਵਲੋਂ ਪੰਜਾਬ ਸਰਕਾਰ ਨੂੰ ਕਈ ਵਾਰ ਦਿੱਤੇ ਕਾਨੂੰਨ ਦੇ ਖਰੜੇ ਅਤੇ ਮੰਗ ਪੱਤਰ ਅਨੁਸਾਰ ਪੰਜਾਬ ਵਿੱਚ ਅੰਧ ਵਿਸਵਾਸ ਰੋਕੂ ਕਾਨੂੰਨ ਲਾਗੂ ਕੀਤਾ ਜਾਵੇ।

# ਅੰਮ੍ਰਿਤਸਰ ਦਿਹਾਤੀ ਕਾਂਗਰਸ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਪ੍ਰਧਾਨ ਅਜਨਾਲਾ ਨੇ ਦਿੱਤੇ ਨਿਯੁਕਤੀ ਪੱਤਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਬੀਤੇ ਦਿਨੀ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਜਾਰੀ ਕੀਤੀ ਗਈ ਜਿਲਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਆਹੁਦੇਦਾਰਾਂ ਦੀ ਲਿਸਟ ਤੇ ਨਿਯੁਕਤੀ ਪੱਤਰ ਅੱਜ ਜਿਲਾ ਦਿਹਾਤੀ ਦੇ ਪ੍ਰਧਾਨ ਹਰਪਰਤਾਪ ਸਿੰਘ ਅਜਨਾਲਾ ਤੇ ਸੀਨੀਅਰ ਕਾਂਗਰਸੀ ਆਗੂਆਂ ਭਗਵੰਤ ਪਾਲ ਸਿੰਘ ਸੱਚਰ, ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਤੇ ਤਰਸੇਮ ਸਿੰਘ ਸਿਆਲਕਾ ਵੱਲੋ ਵੰਡੇ ਗਏ, ਪਲੇਠੀ ਤੇ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਦਨ ਕਰਦਿਆਂ ਸਾਬਕਾ ਜ਼ਿਲਾ ਪ੍ਰਧਾਨ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਅਗਾਮੀ ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਹੁਣ ਤੋ ਹੀ ਕਮਰਕੱਸੇ ਕਰ ਲੈਣੇ ਚਾਹੀਦੇ ਹਨ ਤਾਂ ਜੋ ਕੇਂਦਰ ਦੀ ਭਾਜਪਾ ਲੋਕ ਮਾਰੂ, ਗਰੀਬ ਤੇ ਕਿਸਾਨ ਮਾਰੂ ਸਰਕਾਰ ਨੂੰ ਕਰਾਰੀ ਹਾਰ ਦੇ ਸਕੀਏ ਤੇ ਇਸਦੀ ਹੀ ਬੀ ਟੀਮ ਪੰਜਾਬ ਵਿੱਚ ਆਮ ਆਦਮੀ ਦੀ ਭਗਵੰਤ ਮਾਨ ਵਾਲੀ ਸਰਕਾਰ



ਜੋ ਪੰਜਾਬ ਦੀ ਜਨਤਾ ਨਾਲ ਝੂਠੇ ਵਾਅਦੇ ਤੇ ਲਾਰੇ ਲਾ ਕੇ ਹੋਂਦ ਵਿੱਚ ਆਈ ਹੈ ਇਸਨੂੰ ਵੀ ਭਾਂਜ ਦੇਈਏ ।ਹਰਪਰਤਾਪ ਸਿੰਘ ਨੇ ਸਬ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਾਰਟੀ ਨੇ ਤੁਹਾਡੇ ਤੇ ਅਥਾਹ ਵਿਸ਼ਵਾਸ ਕਰਦਿਆਂ ਅਹਿਮ ਸੇਵਾ ਦਿੱਤੀ ਹੈ ਜਿਸਨੂੰ ਤਨਦੇਹੀ ਨਾਲ ਸਾਰੇ ਰਲਕੇ ਨਿਭਾਵਾਂਗੇ ਤੇ ਪਾਰਟੀ ਦਾ ਜੋ ਵੀ ਸ਼ੰਦੇਸ਼ ਹੋਇਆ ਕਰੇਗਾ ਉਸਨੂੰ ਬੂਥ ਪੱਧਰ ਤੱਕ ਘਰ ਘਰ ਪਹੁੰਚਾਉਣ ਦਾ ਯਤਨ ਕਰਾਂਗੇ। ਉਨ੍ਹਾਂ ਕਿਹਾ ਕਿ ਜਲਦ ਹੀ ਤੁਹਾਨੂੰ ਸ਼ਨਾਖਤੀ ਕਾਰਡ ਵੀ ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਬਨਾਕੇ ਦੇ ਦਿੱਤੇ ਜਾਣਗੇ। ਇਸ ਮੌਕੇ ਸੰਤੋਖ ਸਿੰਘ ਭਲਾਈਪੁਰ, ਤਰਸੇਮ ਸਿੰਘ ਸਿਆਲਕਾ, ਕੰਵਰਪਰਤਾਪ ਸਿੰਘ ਅਜਨਾਲਾ, ਅਮਨਦੀਪ ਸਿੰਘ ਕੱਕੜ, ਗੁਰਪਾਲ ਸਿੰਘ, ਅਮਨ ਝੰਡੇਰ, ਜਗਦੇਵ ਸਿੰਘ ਬੱਗਾ, ਗੁਰਮੀਤ ਸਿੰਘ ਭੀਲੋਵਾਲ, ਦਲਜੀਤ ਸਿੰਘ ਪਾਖਰਪੁਰ, ਅਮਰਜੀਤ ਸਿੰਘ ਨੇਪਾਲ, ਦਲਜੀਤ ਸਿੰਘ ਵਡਾਲਾ ਖੁਰਦ, ਹਰਦਾਸ ਸਿੰਘ, ਪ੍ਰਦੀਪ ਸਿੰਘ ਮਜੀਠਾ, ਝਿਲਮਿਲ ਸਿੰਘ ਸਾਧਪੁਰ, ਮੰਗਲ ਸਿੰਘ, ਮਲਕੀਤ ਸਿੰਘ, ਮਨਜੀਤ ਕੌਰ, ਜਸਪਾਲ ਸਿੰਘ, ਮਲਕੀਤ ਸਿੰਘ ਸਰਜਾ, ਕਸ਼ਮੀਰ ਸਿੰਘ ਕਾਲਾ, ਸਰਵਨ ਨਿਜਾਮਪੁਰ, ਲਖਬੀਰ ਸਿੰਘ ਤੇੜਾਂ, ਮੇਜਰ ਅਵਾਨ, ਰਾਜਬੀਰ ਸਿੰਘ, ਅਰਵਿੰਦਰ ਸਿੰਘ, ਬਲਜੀਤ ਸਿੰਘ, ਰਣਜੀਤ ਸਿੰਘ ਭੱਖਾ, ਹਰਪਾਲ ਸਿੰਘ, ਜਸਵਿੰਦਰ ਸਿੰਘ ਤੇ ਇੰਦਰਜੀਤ ਸਿੰਘ ਵੀ ਹਾਜ਼ਰ ਸਨ।

# ਗੁੱਜਰਪੁਰਾ ਦੀ ਸਰਪੰਚ ਅਕਾਲੀ ਦਲ ਛੱਡ ਕੇ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਮਜੀਠਾ (ਸੋਇਮ ਆਨੰਦ)**-ਸਰਪੰਚੀ ਦੀ ਚੋਣ ਜਿਉਂ ਜਿਉਂ ਨੇੜੇ ਆ ਰਹੀ ਹੈ ਤਿਉਂ ਤਿਉਂ ਜੋੜ-ਤੋੜ ਦੀ ਰਾਜਨੀਤੀ ਜ਼ੋਰ ਫੜਦੀ ਜਾ ਰਹੀ ਹੈ। ਮਜੀਠਾ ਹਲਕੇ ਦੇ ਪਿੰਡ ਗੁੱਜਰਪੁਰਾ ਦੀ ਸਰਪੰਚ ਬਲਵਿੰਦਰ ਕੌਰ ਪਹਿਲਵਾਨ ਦੀ ਪ੍ਰੇਰਨਾ ਸਦਕਾ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਦੀ ਅਗਵਾਈ ਵਿੱਚ ਸਾਥੀਆਂ ਸਮੇਤ ਸ਼ਾਮਲ ਹੋ ਗਈ। ਉਨ੍ਹਾਂ ਦੇ ਨਾਲ ਦਸ ਪਰਿਵਾਰ ਅਮਰੀਕ ਸਿੰਘ, ਫਤਹਿ ਸਿੰਘ, ਸੁਖਦੇਵ ਸਿੰਘ, ਮਨੋਹਰ ਸਿੰਘ, ਬਲਵਿੰਦਰ ਸਿੰਘ, ਓਮ ਪ੍ਰਕਾਸ਼, ਸੁਖਦੇਵ ਸਿੰਘ ਗਾਂਧੀ, ਜੋਗਿੰਦਰ ਸਿੰਘ, ਰਾਜਵਿੰਦਰ ਸਿੰਘ, ਮਨਜੀਤ ਸਿੰਘ ਸ਼ਾਮਲ ਹੋਏ। ਇਸ ਮੌਕੇ ਸਰਬਜੀਤ ਸਿੰਘ ਛੱਬਾ, ਹਰਦਵਿੰਦਰ ਸਿੰਘ, ਸਾਵਨ ਸਿੰਘ ਜੇ ਈ, ਡਾ. ਸਰਬਜੀਤ ਸਿੰਘ, ਗਰੀਬ ਸਿੰਘ, ਅਜੀਤ ਸਿੰਘ, ਜੋਧਾ ਸਿੰਘ, ਪਲਵਿੰਦਰ ਸਿੰਘ, ਤਰਸੇਮ ਸਿੰਘ ਅਤੇ ਸਰਬਜੀਤ ਸਿੰਘ ਹਾਜ਼ਰ ਸਨ।

# ਉੱਜ ਦਰਿਆ 'ਚ ਪਾਣੀ ਛੱਡੇ ਜਾਣ ਦੇ ਬਾਵਜੂਦ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ: ਡੀਸੀ

**ਬਟਾਲਾ, (ਤਰਲੋਕ ਬੱਗਾ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਦੱਸਿਆ ਹੈ ਕਿ ਉੱਜ ਦਰਿਆ ਵਿਚੋਂ 2.60 ਲੱਖ ਕਿਊਸਿਕ ਪਾਣੀ ਛੱਡੇ ਜਾਣ ਤੋਂ ਬਾਅਦ ਜ਼ਿਲ੍ਹਾ ਗੁਰਦਾਸਪੁਰ ਵਿਚ ਸਥਿਤੀ ਬਿਲਕੁਲ ਕਾਬੂ ਹੇਠ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਇਹ ਪਾਣੀ ਦਰਿਆ ਰਾਵੀ ਵਿਚੋਂ ਵਹਿ ਕੇ ਲੰਘ ਜਾਵੇਗਾ। ਉਨ੍ਹਾਂ ਕਿਹਾ ਕਿ ਦਰਿਆ ਰਾਵੀ ਦੇ ਨਜ਼ਦੀਕ ਰਹਿੰਦੀ ਵਸੋਂ ਜ਼ਰੂਰ ਚੌਕਸ ਰਹੇ ਅਤੇ ਉਹ ਆਪਣੇ ਮਾਲ-ਡੰਗਰ ਦੇ ਨਾਲ ਸੁਰੱਖਿਅਤ ਥਾਵਾਂ 'ਤੇ ਚਲੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹਰ ਸਥਿਤੀ ਦੇ ਟਾਕਰੇ ਲਈ ਪੂਰੀ ਤਰਾਂ ਤਿਆਰ ਹੈ ਅਤੇ ਕਿਸੇ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਲੋੜ ਪੈਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਫਲੱਡ ਕੰਟਰੋਲ ਰੂਮ ਦੇ ਨੰਬਰ 01874-266376 ਜਾਂ ਟੋਲ ਫਰੀ ਨੰਬਰ 1800-180-1852 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।

# 600 ਗ੍ਰਾਮ ਹੈਰੋਇਨ ਸਮੇਤ ਸਮੱਗਲਰ ਕਾਬੂ, ਮਾਮਲਾ ਦਰਜ

**ਝਬਾਲ (ਹਰਜਿੰਦਰ ਸਿੰਘ ਸੋਨੀ/ਰੋਬਿਨ ਸਿੰਘ ਸੋਨੀ)**-ਪੰਜਾਬ ਸਰਕਾਰ ਤੇ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਜ਼ਿਲ੍ਹਾ ਪੁਲਸ ਮੁੱਖੀ ਗੁਰਮੀਤ ਸਿੰਘ ਚੌਹਾਨ ਦਿਸ਼ਾ ਨਿਹਦੇਸ਼ਾਂ ਅਤੇ ਡੀਐਸਪੀ ਜਸਪਾਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਥਾਣਾ ਝਬਾਲ ਦੀ ਪੁਲਸ ਵਲੋਂ ਇੱਕ ਨੌਜੁਆਨ ਨੂੰ ਕਰੀਬ ਤਿੰਨ ਕਰੋੜ ਦੀ ਹੈਰੋਇਨ ਸਮੇਤ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਜਸਪਾਲ ਸਿੰਘ ਢਿੱਲੋਂ ਤੇ ਥਾਣਾ ਮੁੱਖੀ ਕੇਵਲ ਸਿੰਘ ਨੇ ਕਿਹਾ ਕਿ ਥਾਣਾ ਝਬਾਲ ਦੇ ਐਸਆਈ ਕੁਲਵੰਤ ਸਿੰਘ ਨੇ ਗਸ਼ਤ ਦੌਰਾਨ ਪਿੰਡ ਠੱਠੀ ਨੇੜੇ ਇੱਕ ਨੌਜੁਆਨ ਜਿਸ ਦੀ ਪਛਾਣ ਬਲਦੇਵ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਨੌਸ਼ਹਿਰਾ ਢਾਲਾ ਵਜੋਂ ਕੀਤੀ ਗਈ, ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ ਭਾਰੀ ਮਾਤਰਾ ਵਿੱਚ ਹੈਰੋਇਨ ਬਰਾਮਦ ਕੀਤੀ ਗਈ ਜਿਸ ਨੂੰ ਤੋਲਣ 'ਤੇ 600 ਗ੍ਰਾਮ ਹੋਈ ਜਿਸ ਦੀ ਅੰਤਰਰਾਸ਼ਟਰੀ ਮਾਰਕੀਟ ਵਿੱਚ ਕੀਮਤ ਤਿੰਨ ਕਰੋੜ ਬਣਦੀ ਹੈ। ਬਲਦੇਵ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਨੌਸ਼ਹਿਰਾ ਢਾਲਾ ਦੇ ਖਿਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

# ਡਿਪਟੀ ਕਮਿਸ਼ਨਰ ਵੱਲੋਂ ਲੋਕਾਂ ਨੂੰ ਰਾਵੀਓਂ ਪਾਰ ਨਾ ਜਾਣ ਦੀ ਅਪੀਲ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਮਿਤ ਤਲਵਾੜ ਨੇ ਰਾਵੀ ਦਰਿਆ ਦੇ ਨੇੜੇ ਰਹਿੰਦੇ ਲੋਕਾਂ ਨੂੰ ਚੌਕਸ ਕਰਦੇ ਦੱਸਿਆ ਹੈ ਕਿ ਬੀਤੀ ਰਾਤ ਰਾਵੀ ਦਰਿਆ ਵਿਚ ਉਂਜ ਦਰਿਆ ਤੋਂ ਢਾਈ ਲੱਖ ਕਿਊਸਿਕ ਪਾਣੀ ਛੱਡੇ ਜਾਣ ਕਾਰਨ ਰਾਵੀ ਦਰਿਆ ਵਿਚ ਪਾਣੀ ਦਾ ਪੱਧਰ ਵਧੇਗਾ, ਇਸ ਲਈ ਕੋਈ ਵੀ ਰਾਵੀ ਦਰਿਆ ਤੋਂ ਪਾਰ ਨਾ ਜਾਵੇ ਅਤੇ ਦਰਿਆ ਦੇ ਨੇੜੇ ਰਹਿੰਦੇ ਲੋਕ ਵੀ ਬੰਨ੍ਹ ਤੋਂ ਦੂਰ ਰਹਿਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ, ਪਰ ਇਸ ਲਈ ਤੁਹਾਡੇ ਸਾਥ ਦੀ ਲੋੜ ਹੈ। ਫਿਲਹਾਲ ਲੋਕ ਦਰਿਆ ਪਾਰ ਨਾ ਜਾਣ ਤੇ ਆਪਣੇ ਪਸ਼ੂ ਧਨ ਨੂੰ ਵੀ ਦਰਿਆ ਤੋਂ ਦੂਰ ਰੱਖਣ। ਉਨ੍ਹਾਂ ਕਿਹਾ ਕਿ ਪਾਣੀ ਅੱਜ ਸ਼ਾਮ ਤੱਕ ਰਾਵੀ ਦੇ ਅੰਮ੍ਰਿਤਸਰ ਜ਼ਿਲ੍ਹੇ ਵਾਲੇ ਇਲਾਕੇ ਵਿਚ ਆਉਣਾ ਹੈ, ਪਰ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੋਣ ਕਾਰਨ ਇਲਾਕਾ ਵਾਸੀ ਅੱਜ ਦਿਨ ਵੇਲੇ ਵੀ ਦਰਿਆ ਤੋਂ ਦੂਰ ਰਹਿਣ।

# ਸ਼ਿਵ ਕੁਮਾਰ ਬਟਾਲਵੀ ਦੀ ਯਾਦ 'ਚ ਲਗਾਏ ਬੁੱਤ ਦੀ ਖੂਬਸੂਰਤੀ ਦਾ ਕੰਮ ਜਾਰੀ

**ਬਟਾਲਾ, ( ਡਾ. ਮਲਵਿੰਦਰ ਸਿੰਘ)**-ਬਿਰਹਾ ਦੇ ਸੁਲਤਾਨ ਸ਼ਿਵ ਕੁਮਾਰ ਬਟਾਲਵੀ ਦੀ 6 ਮਈ ਨੂੰ ਮਨਾਈ ਗਈ 50ਵੀਂ ਬਰਸੀ ਮੌਕੇ ਸ਼ਿਵ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ, ਬਟਾਲਾ ਦੇ ਐਂਟਰੀ ਗੇਟ ਦੇ ਨਜ਼ਦੀਕ ਸ਼ਿਵ ਬਟਾਲਵੀ ਦਾ ਆਦਮ ਕੱਦ ਬੁੱਤ ਲਗਾਇਆ ਸੀ ਤੇ ਉਸ ਬੁੱਤ ਦੀ ਖੂਬਸੂਰਤ ਦਿੱਖ ਲਈ ਵਿਕਾਸ ਕੰਮ ਚੱਲ ਰਿਹਾ ਹੈ। ਇਸ ਸਬੰਧੀ ਗੱਲ ਕਰਦਿਆਂ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੀ.ਡਬਲਿਊ.ਡੀ ਵਿਭਾਗ ਵਲੋਂ ਸਿਵ ਕੁਮਾਰ ਬਟਾਲਵੀ ਦੇ ਬੁੱਤ ਦੀ ਖੂਬਸੂਰਤੀ ਲਈ ਲਾਈਟਸ, ਟਾਈਲਾਂ ਲਗਾਉਣ ਦਾ ਕੰਮ ਚੱਲ ਰਿਹਾ ਹੈ ਅਤੇ ਸਫਾਈ ਨੂੰ ਵੀ ਯਕੀਨੀ ਬਣਾਇਆ ਹੈ। ਵਿਭਾਗ ਵਲੋਂ ਬਰਸਾਤ ਕਾਰਨ ਵਿਕਾਸ ਕੰਮ ਰੋਕਿਆ ਗਿਆ ਸੀ। ਦੱਸਣਯੋਗ ਹੈ ਕਿ 6 ਮਈ ਨੂੰ ਸ਼ਿਵ ਬਟਾਲਵੀ ਦੇ ਬੁੱਤ ਲਗਾਉਣ ਦੇ ਉਦਘਾਟਨ ਸਮਾਰੋਹ ਵਿੱਚ ਪੰਜਾਬ ਦੇ ਨਾਮਵਰ ਕਵੀ ਪਦਮਸ਼੍ਰੀ ਸੁਰਜੀਤ ਪਾਤਰ, ਚੇਅਰਮੈਨ ਪੰਜਾਬ ਆਰਟਸ ਕੌਂਸਲ ਅਤੇ ਪ੍ਰਸਿੱਧ ਕਵੀ ਪ੍ਰੋਫੈਸਰ ਗੁਰਭਜਨ ਗਿੱਲ, ਚੇਅਰਮੈਨ ਪੰਜਾਬੀ ਲੋਕ ਵਿਰਾਸਤ ਅਕਾਡਮੀ ਪਹੁੰਚੇ ਸਨ ਅਤੇ ਉਨਾਂ ਵਲੋਂ ਵੀ ਵਿਧਾਇਕ ਸ਼ੈਰੀ ਕਲਸੀ ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵਲੋਂ ਕੀਤੇ ਉਪਰਾਲੇ ਦੀ ਸਰਾਹਨਾ ਕੀਤੀ ਗਈ ਸੀ।

# ਸਰਵਣ ਸਿੰਘ ਪੰਧੇਰ ਦੀ ਅਗਵਾਈ 'ਚ ਕਿਸਾਨਾਂ ਤੇ ਮਜ਼ਦੂਰਾਂ ਦਾ ਵਿਸ਼ਾਲ ਇਕੱਠ ਹੋਇਆ

**ਮਜੀਠਾ (ਸੋਇਮ ਆਨੰਦ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵਲੋਂ ਸੂਬਾ ਪੱਧਰ ਤੇ ਡੀਸੀ ਦਫਤਰਾਂ ਅਤੇ ਰੇਲ ਮਾਰਗਾਂ ਤੇ ਧਰਨੇ ਦਿੱਤੇ ਜਾ ਰਹੇ ਹਨ ਜਿਸ ਦੀ ਤਿਆਰੀ ਜੰਗੀ ਪੱਧਰ ਤੇ ਹੋ ਰਹੀ ਹੈ। ਜਿਸ ਦੇ ਚਲਦਿਆਂ ਜਥੇਬੰਦੀ ਦੀ ਜੋਨ ਇਕਾਈ ਮਜੀਠਾ ਅਧੀਨ ਆਉਂਦੇ ਪਿੰਡ ਪੰਧੇਰ ਕਲਾਂ ਵਿਖੇ ਜਥੇਬੰਦੀ ਦੇ ਸੀਨੀਅਰ ਆਗੂ ਸਰਵਣ ਸਿੰਘ ਪੰਧੇਰ ਦੀ ਅਗਵਾਈ ਵਿਚ ਕਿਸਾਨਾਂ ਮਜ਼ਦੂਰਾਂ ਦਾ ਵਿਸ਼ਾਲ ਇਕੱਠ ਹੋਇਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਪੰਧੇਰ ਨੇ ਕਿਹਾ ਕਿ ਜਿਸ ਕਦਰ ਇਨ੍ਹਾਂ ਹੜ੍ਹਾਂ ਦੌਰਾਨ ਸਰਕਾਰ ਆਪਣੀਆਂ ਨੈਤਿਕ ਅਤੇ ਸਰਕਾਰੀ ਜਿੰਮੇਵਾਰੀਆਂ ਨਿਭਾਉਣ ਵਿਚ ਫੇਲ੍ਹ ਸਾਬਤ ਹੋਈ ਹੈ ਅਤੇ ਇਸ ਕਮਜ਼ੋਰੀ ਨੂੰ ਮੀਡੀਆ ਮੈਨੇਜਮੇਟ ਕਰਕੇ ਲੁਕਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ ਹੜ੍ਹ ਪੀੜ੍ਹਤ ਕਿਸਾਨਾਂ, ਮਜ਼ਦੂਰਾਂ ਆਦਿ ਨੂੰ ਮੁਆਵਜਾ ਦੇਵੇ। ਉਨ੍ਹਾਂ ਅਗੇ ਕਿਹਾ 24 ਜੁਲਾਈ ਨੂੰ ਡੀਸੀ ਦਫਤਰਾਂ ਮੂਹਰੇ ਲੱਗਣ ਵਾਲੇ ਧਰਨੇ ਵਿਚ ਮੰਗਾਂ ਤੇ ਸੁਣਵਾਈ ਨਾ ਹੋਣ ਤੇ 25 ਜੁਲਾਈ ਨੂੰ ਰੇਲ ਮਾਰਗਾਂ ਤੇ ਧਰਨੇ ਦਿੱਤੇ ਜਾਣਗੇ। ਕਿਉਂਕਿ ਸਰਕਾਰ ਲਗਾਤਾਰ ਆਬਾਦਕਾਰਾਂ ਦੀਆਂ ਦਹਾਕਿਆਂ ਤੋਂ ਆਬਾਦ ਕੀਤੀਆਂ ਜ਼ਮੀਨਾਂ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ। ਹਾਈਵੇਟ ਪ੍ਰਾਜੈਕਟਾਂ ਤਹਿਤ ਆ ਰਹੀਆਂ ਜ਼ਮੀਨਾਂ ਦੇ ਯੋਗ ਮੁਆਵਜ਼ੇ ਨਹੀਂ ਦਿੱਤੇ ਜਾ ਰਹੇ ਨਿੱਜੀਕਰਣ ਨੂੰ ਬੜਾਵਾ ਦੇਣ ਵਾਲੀ ਪ੍ਰੀਪੇਡ ਮੀਟਰ ਲਗਾਉਣ ਵਾਲੀ ਸਕੀਮ ਲਾਗੂ ਕੀਤਾ ਜਾ ਰਿਹਾ ਹੈ। ਸਰਕਾਰ ਵਲੋਂ ਨਿਰਧਾਰਤ ਹੋਣ ਦੇ ਬਾਵਜੂਦ ਘੱਟੋ ਘੱਟ ਸਮਰਥਨ ਮੁੱਲ ਤੇ ਤੇਲ ਬੀਜ, ਦਾਲਾਂ, ਅਤੇ ਮੱਕੀ ਦੀ ਖਰੀਦ ਨਹੀ ਕੀਤੀ ਜਾ ਰਹੀ। ਇਨ੍ਹਾਂ ਮਸਲਿਆਂ ਨੂੰ ਹੱਲ ਕਰਾਉਣ ਲਈ ਮੋਰਚੇ ਲਗਾਏ ਜਾਣਗੇ। ਉਨ੍ਹਾਂ ਨੇ ਮੰਗ ਕੀਤੀ ਕਿ ਸਰਵੇ ਕਰਵਾਕੇ ਹੜ੍ਹ ਪੀੜ੍ਹਤ ਲੋਕਾਂ ਨੂੰ ਤੁਰੰਤ ਮੁਆਵਜ਼ੇ ਜਾਰੀ ਕੀਤੇ ਜਾਣ ਅਤੇ ਪੰਜਾਬ ਸਰਕਾਰ ਕੇਂਦਰ ਪਾਸੋਂ ਸਪੈਸ਼ਲ ਪੈਕੇਜ਼ ਦੀ ਮੰਗ ਕਰੇ। ਇਸ ਮੌਕੇ ਹਰਪਾਲ ਸਿੰਘ, ਗੁਰਦਿਆਲ ਸਿੰਘ, ਕੁਲਦੀਪ ਸਿੰਘ, ਸਖਚੈਨ ਸਿੰਘ, ਬਾਬਾ ਸੇਵਾ ਸਿੰਘ, ਬੱਗਾ ਸਿੰਘ, ਰਣਜੀਤ ਸਿੰਘ, ਹੀਰਾ ਸਿੰਘ, ਬੀਬੀ ਨਰਿੰਦਰ ਕੌਰ, ਬੀਬੀ ਰਣਜੀਤ ਕੌਰ, ਬੀਬੀ ਜੋਗਿੰਦਰ ਕੌਰ, ਤੋਂ ਇਲਾਵਾ ਸੈਕੜੇ ਦੀ ਗਿਣਤੀ ਵਿਚ ਪਿੰਡ ਵਾਸੀ ਕਿਸਾਨ ਮਜ਼ਦੂਰ ਅਤੇ ਕਿਸਾਨ ਬੀਬੀਆਂ ਹਾਜ਼ਰ ਸਨ।

# ਚੈੱਕਮੇਟ ਕੰਪਨੀ ਵੱਲੋਂ ਕੰਪਿਊਟਰ ਆਪਰੇਟਰ, ਸਿਕਿਓਰਟੀ ਗਾਰਡ ਤੇ ਡਰਾਈਵਰਾਂ ਦੀ ਭਰਤੀ ਅੱਜ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਚ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ।

ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫਸਰ ਪਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 20 ਜੁਲਾਈ 2023 ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਖੇ ਚੈੱਕਮੇਟ ਪ੍ਰਾ. ਲਿਮਟਿਡ, ਗੁਜਰਾਤ ਵਲੋਂ ਕੰਪਿਊਟਰ ਆਪਰੇਟਰ, ਸਿਕਿਉਰਟੀ ਗਾਰਡ ਤੇ ਡਰਾਈਵਰਾਂ ਦੀ ਅਸਾਮੀ ਲਈ ਲੜਕੇ ਅਤੇ ਲੜਕੀਆਂ ਦੀ ਚੋਣ ਕੀਤੀ ਜਾਵੇਗੀ। ਇਸ ਅਸਾਮੀ ਲਈ ਯੋਗਤਾ ਘੱਟ ਤੋਂ ਘੱਟ ਬਾਰ੍ਹਵੀਂ ਪਾਸ ਹੋਣੀ ਲਾਜ਼ਮੀ ਹੈ ਅਤੇ ਇੰਟਰਵਿਊ ਦੇਣ ਲਈ ਉਮਰ ਦੀ ਹੱਦ 21-35 ਸਾਲ ਹੈ। ਇੰਟਰਵਿਊ ਦੌਰਾਨ ਚੁਣੇ ਗਏ ਪ੍ਰਾਰਥੀਆਂ ਨੂੰ 18000 ਤੋਂ 21000 ਰੁਪਏ ਮਹੀਨਾ ਕੰਪਨੀ ਦੇ ਨਿਯਮਾਂ ਅਨੁਸਾਰ ਤਨਖ਼ਾਹ ਦਿੱਤੀ ਜਾਵੇਗੀ।

ਜ਼ਿਲ੍ਹਾ ਰੋਜ਼ਗਾਰ ਅਫਸਰ ਪਰਸ਼ੋਤਮ ਸਿੰਘ ਨੇ ਕਿਹਾ ਕਿ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਮਿਤੀ 20 ਜੁਲਾਈ ਨੂੰ ਆਪਣੇ ਅਸਲ ਦਸਤਾਵੇਜ਼ ਦੀਆਂ ਕਾਪੀਆਂ, ਰਿਜ਼ਿਊਮ (ਸੀ.ਵੀ.) ਅਤੇ 2 ਫੋਟੋਆਂ ਸਮੇਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ, ਬਲਾਕ-ਬੀ, ਕਮਰਾ ਨੰਬਰ-217, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਵੇਰੇ 9 ਵਜੇ ਤੱਕ ਪਹੁੰਚਣ ਅਤੇ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਪੂਰੇ ਜੋਸ਼ੋ-ਖਰੋਸ਼ ਨਾਲ ਮਨਾਇਆ ਜਾਵੇਗਾ ਗੁਰਦਾਸਪੁਰ 'ਚ ਜਸ਼ਨ-ਏ-ਅਜ਼ਾਦੀ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਜ਼ਿਲ੍ਹਾ ਸਦਰ ਮੁਕਾਮ ਗੁਰਦਾਸਪੁਰ ਵਿਖੇ ਇਸ ਵਾਰ ਵੀ 15 ਅਗਸਤ ਨੂੰ ਕੌਮੀ ਅਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ, ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਮਨਾਏ ਜਾਣ ਵਾਲੇ ਇਸ ਜ਼ਿਲ੍ਹਾ ਪੱਧਰੀ ਅਜ਼ਾਦੀ ਦਿਵਸ ਸਮਾਗਮ ਨੂੰ ਕਾਮਯਾਬ ਕਰਨ ਲਈ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਵੱਲੋਂ ਅੱਜ ਸਥਾਨਕ ਪੰਚਾਇਤ ਭਵਨ ਵਿਖੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਨੇ ਕਿਹਾ ਕਿ ਗੁਰਦਾਸਪੁਰ ਵਿਖੇ ਜਸ਼ਨ-ਏ-ਅਜ਼ਾਦੀ ਸਮਾਗਮ ਪੂਰੀ ਧੂਮ-ਧਾਮ ਨਾਲ ਮਨਾਇਆ ਜਾਵੇਗਾ ਅਤੇ ਹਰ ਵਿਭਾਗ ਆਪਣੀਆਂ ਤਿਆਰੀਆਂ ਨੂੰ ਹੁਣ ਤੋਂ ਹੀ ਸ਼ੁਰੂ ਕਰ ਦੇਵੇ। ਉਨ੍ਹਾਂ ਕਿਹਾ ਕਿ ਅਜ਼ਾਦੀ ਦਿਵਸ ਸਮਾਗਮ ਦੌਰਾਨ ਮੁੱਖ



ਮਹਿਮਾਨ ਵਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਪਰੇਡ ਦਾ ਨਿਰੀਖਣ ਕੀਤਾ ਜਾਵੇਗਾ ਅਤੇ ਉਪਰੰਤ ਪੰਜਾਬ ਪੁਲੀਸ ਦੇ ਜਵਾਨਾਂ, ਮਹਿਲਾ ਪਲਟੂਨ, ਪੰਜਾਬ ਹੋਮ ਗਾਰਡ, ਐਨ.ਸੀ.ਸੀ. ਕੈਡਿਟ ਅਤੇ ਵੱਖ ਵੱਖ ਸਕੂਲਾਂ ਦੀਆਂ ਪਰੇਡ ਅਤੇ ਬੈਂਡ ਟੀਮਾਂ ਵਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਜਾਵੇਗਾ। ਉਨਾਂ ਕਿਹਾ ਕਿ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਪੰਜਾਬੀ ਸੱਭਿਆਚਾਰ ਦੀ ਤਰਜ਼ਮਾਨੀ ਕਰਦਾ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਹਰ ਵਿਭਾਗ ਆਪਣੀਆਂ ਤਿਆਰੀਆਂ ਨੂੰ ਸਮਾਂ ਰਹਿੰਦਿਆਂ ਪੂਰਾ ਕਰ ਲਵੇ। ਇਸ ਮੌਕੇ ਵੱਖ ਵੱਖ ਟੀਮਾਂ ਦਾ ਗਠਨ ਕੀਤਾ ਗਿਆ ਜੋ ਕਿ ਅਜ਼ਾਦੀ ਸਮਾਗਮ ਨੂੰ ਸਫਲਤਾ ਨਾਲ ਨੇਪਰੇ ਚਾੜਨਗੀਆਂ। ਉਨ੍ਹਾਂ ਕਿਹਾ ਕਿ ਅਜ਼ਾਦੀ ਦਿਹਾੜੇ ਮੌਕੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਅਤੇ ਵੱਖ-ਵੱਖ ਖੇਤਰਾਂ ਵਿਚ ਨਾਮਣਾ ਖੱਟਣ ਵਾਲੀਆਂ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ। ਮੀਟਿੰਗ ਦੌਰਾਨ ਤਹਿਸੀਲਦਾਰ ਰਾਜਵਿੰਦਰ ਕੌਰ, ਮੁੱਖ ਖੇਤੀਬਾੜੀ ਅਫ਼ਸਰ ਡਾ. ਕ੍ਰਿਪਾਲ ਸਿੰਘ ਢਿਲੋਂ, ਡਿਪਟੀ ਡਾਇਰੈਕਟਰ ਡਾ. ਸ਼ਾਮ ਸਿੰਘ, ਡਿਪਟੀ ਡਾਇਰੈਕਟਰ ਤਜਿੰਦਰ ਸਿੰਘ ਬਾਜਵਾ, ਜ਼ਿਲ੍ਹਾ ਭੂਮੀ ਰੱਖਿਆ ਅਫ਼ਸਰ ਸ. ਹਰਚਰਨ ਸਿੰਘ ਕੰਗ, ਐਕਸੀਅਨ ਮੰਡੀ ਬੋਰਡ ਬਲਦੇਵ ਸਿੰਘ ਬਾਜਵਾ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮੈਡਮ ਸੁਮਨਦੀਪ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਹੜ੍ਹਾਂ ਮਾਰੇ ਇਲਾਕਿਆਂ 'ਚ ਬਿਮਾਰੀਆਂ ਫੈਲਣ ਤੋਂ ਰੋਕਣ ਲਈ ਕੀਤੇ ਗਏ ਹਨ ਲੋੜੀਂਦੇ ਪ੍ਰਬੰਧ : ਸਿਹਤ ਮੰਤਰੀ

**ਪੱਟੀ, ਤਰਨਤਾਰਨ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ/ਪ੍ਰਿਤਪਾਲ ਸਿੰਘ)**-ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਦੇ ਨਾਲ-ਨਾਲ ਹੜ੍ਹਾਂ ਦੀ ਮਾਰ ਹੇਠ ਆਏ ਖੇਤਰਾਂ ਵਿੱਚ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵੱਡੇ ਪੱਧਰ 'ਤੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਜ਼ਿਲ੍ਹਾ ਅਧਿਕਾਰੀਆਂ, ਸਿਹਤ ਵਿਭਾਗ ਦੇ ਅਫ਼ਸਰਾਂ, ਆਈ. ਐਮ. ਏ. ਤੇ ਕੈਮਿਸਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਸਮਾਜ ਸੇਵੀ ਸੰਸਥਾਵਾਂ ਨਾਲ ਹੜ੍ਹਾਂ ਕਾਰਨ ਪੈਦਾ ਹੋਈ ਮੌਜੂਦਾ ਸਥਿਤੀ ਸਬੰਧੀ ਮੀਟਿੰਗ ਕਰਦਿਆਂ ਕੀਤਾ। ਇਸ ਮੌਕੇ ਹਲਕਾ ਵਿਧਾਇਕ ਤਰਨ ਤਾਰਨ ਡਾ. ਕਸ਼ਮੀਰ ਸਿੰਘ ਸੋਹਲ, ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀਮਤੀ ਬਲਦੀਪ ਕੌਰ, ਐੱਸ. ਐੱਸ. ਪੀ. ਤਰਨ ਤਾਰਨ ਸ੍ਰੀ ਗੁਰਮੀਤ ਸਿੰਘ ਚੌਹਾਨ, ਵਧੀਕ ਡਿਪਟੀ ਕਮਿਸ਼ਨਰ ਤਰਨ ਤਾਰਨ ਅਮਨਿੰਦਰ ਕੌਰ, ਮੀਟਿੰਗ ਹਾਜ਼ਰ ਸਨ।

ਇਸ ਮੌਕੇ ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸੰਭਵ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜਿਉਂ-ਜਿਉਂ ਪਾਣੀ ਦਾ ਪੱਧਰ ਘੱਟ ਰਿਹਾ ਹੈ, ਤਿਉਂ-ਤਿਉਂ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਫੈਲਣ ਦੀ ਸੰਭਾਵਨਾ ਵੀ ਵੱਧ ਜਾਂਦੀ ਹੈ, ਜਿਸ ਦੇ ਮੱਦੇਨਜ਼ਰ ਸਿਹਤ ਵਿਭਾਗ ਦੀਆਂ ਟੀਮਾ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਜਾਣ।





ਉਨਾਂ ਕਿਹਾ ਕਿ ਪ੍ਰਭਾਵਿਤ ਖੇਤਰਾਂ ਵਿੱਚ ਪਾਣੀ ਦੇ ਸਮੇਂ ਲਏ ਜਾਣ ਅਤੇ ਲੋਕਾਂ ਨੂੰ ਕਲੋਰੀਨ ਦੀਆਂ ਗੋਲੀਆਂ ਮੁਹੱਈਆ ਕਰਵਾਈਆਂ ਜਾਣ।

ਇਸ ਮੌਕੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਤਰਨ ਤਾਰਨ ਦੇ ਨੁਮਾਇੰਦਿਆਂ ਵਲੋਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 10 ਐਂਬੂਲੈਂਸਾਂ ਰਾਹੀਂ ਲੋੜੀਂਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਸਿਹਤ ਵਿਭਾਗ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਡਾ. ਬਲਬੀਰ ਸਿੰਘ ਨੇ ਆਈ. ਐਮ. ਏ. ਅਤੇ ਕੈਮਿਸਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਹੋਰ ਸੰਸਥਾਵਾਂ ਨਾਲ ਵਿਚਾਰਾਂ ਕੀਤੀਆਂ, ਜਿਨ੍ਹਾਂ ਨੇ ਭਰੋਸਾ ਦਿੱਤਾ ਕਿ ਇਸ ਮੁਸ਼ਕਿਲ ਘੜੀ ਵਿੱਚ ਉਹ ਲੋਕਾਂ ਦੀ ਹਰ ਸੰਭਵ ਮੱਦਦ ਲਈ ਪੂਰੀ ਤਰ੍ਹਾਂ ਪੰਜਾਬ ਸਰਕਾਰ ਦੇ ਨਾਲ ਹਨ। ਇਸ ਮੌਕੇ ਹਲਕਾ ਵਿਧਾਇਕ ਤਰਨ ਤਾਰਨ ਡਾ. ਕਸ਼ਮੀਰ ਸਿੰਘ ਸੋਹਲ ਨੇ ਸਿਹਤ ਵਿਭਾਗ ਦੀਆਂ ਟੀਮਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਹੜ੍ਹ ਪੀੜ੍ਹਤ ਲੋਕਾਂ ਨੂੰ ਰਾਹਤ ਪਹੁੰਚਾਉਣੀ ਭਲੇ ਦਾ ਕਾਰਜ ਹੈ, ਜਿਸ ਲਈ ਸਾਰਿਆਂ ਨੂੰ ਰਲਕੇ ਹੰਭਲਾ ਮਾਰਨਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਸ਼੍ਰੀਮਤੀ ਬਲਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਲੋਕਾਂ ਨੂੰ ਲੋੜੀਂਦੀਆਂ ਦਵਾਈਆਂ ਤੇ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਜ਼ਿੰਦਗੀ ਦੁਬਾਰਾ ਪੱਟੜੀ 'ਤੇ ਲਿਆਉਣ ਲਈ ਲੋੜੀਂਦੀ ਰਾਹਤ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਅਜੇ ਤੱਕ ਕਿਸੇ ਵੀ ਤਰ੍ਹਾਂ ਦੀ ਬਿਮਾਰੀ ਫੈਲਣ ਦਾ ਕੋਈ ਖਦਸ਼ਾ ਨਹੀਂ ਹੈ। ਉਨ੍ਹਾਂ ਦੱਸਿਆ ਕਿ ਪਾਣੀ ਨਾਲ ਫੈਲਣ ਵਾਲੀਆਂ ਅਤੇ ਵੈਕਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਲਈ ਪੂਰੇ ਯਤਨ ਕੀਤੇ ਜਾ ਰਹੇ ਹਨ। ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਗਰਭਵਤੀ ਔਰਤਾਂ ਦੇ ਚੈੱਕਅਪ ਅਤੇ ਸਿਹਤ ਸੰਭਾਲ ਲਈ ਵਿਸ਼ੇਸ਼ ਟੀਮਾਂ ਭੇਜੀਆਂ ਜਾ ਰਹੀਆਂ ਹਨ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਵਿੰਦਰ ਸਿੰਘ ਬਹਿੜਵਾਲ, ਚੇਅਰਮੈਨ ਮਾਰਕੀਟ ਕਮੇਟੀ ਹਰੀਕੇ ਸ੍ਰੀ ਦਿਲਬਾਗ ਸਿੰਘ ਤੋਂ ਇਲਾਵਾ ਸਮੂਹ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹ ਅਧਿਕਾਰੀ ਵੀ ਹਾਜ਼ਰ ਸਨ।

# ਆਈ ਐੱਮ ਏ ਵੱਲੋਂ 12 ਲੱਖ 5 ਹਜ਼ਾਰ ਤੇ ਐੱਸ ਐੱਸ ਬਾਜਵਾ ਪਬਲਿਕ ਸਕੂਲ ਵੱਲੋਂ 50 ਹਜ਼ਾਰ ਰੁਪਏ ਮੁੱਖ ਮੰਤਰੀ ਰਾਹਤ ਫੰਡ ਲਈ ਦਾਨ



**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀ ਪ੍ਰੇਰਨਾ ਸਦਕਾ ਆਈਐਮਏ ਦੀ ਗੁਰਦਾਸਪੁਰ ਬ੍ਰਾਂਚ ਦੇ ਅਹੁਦੇਦਾਰ ਅਤੇ ਐਸ.ਐਸ. ਬਾਜਵਾ ਮੈਮੋਰੀਅਲ ਪਬਲਿਕ ਸਕੂਲ ਕਾਦੀਆਂ ਦੇ ਪ੍ਰਬੰਧਕ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਅੱਗੇ ਆਏ ਹਨ। ਆਈ.ਐਮ.ਏ. ਦੀ ਗੁਰਦਾਸਪੁਰ ਬ੍ਰਾਂਚ ਦੇ ਅਹੁਦੇਦਾਰ ਵਲੋਂ ਮੁੱਖ ਮੰਤਰੀ ਰਾਹਤ ਫੰਡ ਵਿੱਚ 125000 ਰੁਪਏ ਦਾ ਯੋਗਦਾਨ ਪਾਇਆ ਗਿਆ ਹੈ, ਜਦਕਿ ਐਸ.ਐਸ. ਬਾਜਵਾ ਮੈਮੋਰੀਅਲ ਪਬਲਿਕ ਸਕੂਲ ਕਾਦੀਆਂ ਦੇ ਪ੍ਰਬੰਧਕ ਮਨੋਹਰ ਲਾਲ ਸ਼ਰਮਾ ਨੇ ਇਸ ਰਾਹਤ ਫੰਡ ਵਿੱਚ 50 ਹਜ਼ਾਰ ਰੁਪਏ ਦਾਨ ਕੀਤੇ ਗਏ ਹਨ। ਮੁੱਖ ਮੰਤਰੀ ਰਾਹਤ ਫੰਡ ਲਈ ਇਹ ਚੈੱਕ ਆਈ.ਐੱਮ.ਏ. ਦੀ ਗੁਰਦਾਸਪੁਰ ਬ੍ਰਾਂਚ ਦੇ ਅਹੁਦੇਦਾਰ ਡਾਕਟਰਾਂ ਅਤੇ ਐਸ. ਐਸ. ਬਾਜਵਾ ਮੈਮੋਰੀਅਲ ਪਬਲਿਕ ਸਕੂਲ ਕਾਦੀਆਂ ਦੇ ਪ੍ਰਬੰਧਕਾਂ ਵੱਲੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਬਹਿਲ ਨੂੰ ਅੱਜ ਗੁਰਦਾਸਪੁਰ ਵਿਖੇ ਸੌਂਪੇ ਗਏ। ਇਸ ਮੌਕੇ ਆਈ.ਐਮ.ਏ. ਦੀ ਗੁਰਦਾਸਪੁਰ ਬ੍ਰਾਂਚ ਦੇ ਅਹੁਦੇਦਾਰ ਅਤੇ ਐਸ.ਐਸ. ਬਾਜਵਾ ਮੈਮੋਰੀਅਲ ਪਬਲਿਕ ਸਕੂਲ ਕਾਦੀਆਂ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਚੇਅਰਮੈਨ ਬਹਿਲ ਨੇ ਕਿਹਾ ਕਿ ਇਨ੍ਹਾਂ ਦਾਨੀ ਸੱਜਣਾਂ ਵਲੋਂ ਹੜ੍ਹ ਪੀੜ੍ਹਤਾਂ ਦੀ ਮਦਦ ਕਰਕੇ ਇਨਸਾਨੀਅਤ ਦਾ ਫਰਜ਼ ਨਿਭਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਸਰਕਾਰ ਵਲੋਂ ਇਨ੍ਹਾਂ ਦਾਨੀ ਸੱਜਣਾਂ ਦਾ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਇਹ ਦਾਨ ਹੜ੍ਹ ਪੀੜ੍ਹਤਾਂ ਦੇ ਮੁੜ ਵਸੇਬੇ ਉਪਰ ਖਰਚਿਆ ਜਾਵੇਗਾ ਜਿਸ ਨਾਲ ਹੜ੍ਹਾਂ ਦੀ ਮਾਰ ਝੱਲ ਰਹੇ ਲੋਕ ਮੁੜ ਤੋਂ ਆਪਣੇ ਪੈਰੀਂ ਖੜ੍ਹੇ ਹੋ ਸਕਣਗੇ। ਬਹਿਲ ਨੇ ਕਿਹਾ ਕਿ ਹੋਰ ਲੋਕਾਂ ਨੂੰ ਵੀ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਮੁੱਖ ਮੰਤਰੀ ਰਾਹਤ ਫੰਡ ਵਿੱਚ ਵੱਧ ਤੋਂ ਵੱਧ ਦਾਨ ਕਰਨਾ ਚਾਹੀਦਾ ਹੈ।

ਸ਼੍ਰੀ ਬਹਿਲ ਨੇ ਕਿਹਾ ਕਿ ਹੜ੍ਹਾਂ ਦੀ ਕੁਦਰਤੀ ਕਰੋਪੀ ਨਾਲ ਨਜਿੱਠਣ ਲਈ ਮਾਨ ਸਰਕਾਰ ਵੱਲੋਂ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਪ ਖੁਦ ਮੌਕੇ 'ਤੇ ਬਚਾਅ ਅਤੇ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪੀੜ੍ਹਤਾਂ ਦਾ ਦੁੱਖ ਸਾਰੇ ਪੰਜਾਬੀਆਂ ਦਾ ਸਾਂਝਾ ਦੁੱਖ ਹੈ ਅਤੇ ਅਸੀਂ ਸਾਰੇ ਰਲ-ਮਿਲ ਕੇ ਉਨ੍ਹਾਂ ਦਾ ਇਹ ਦੁੱਖ ਤੇ ਘਾਟਾ ਵੰਡਾਵਾਂਗੇ। ਇਸ ਮੌਕੇ ਆਈ.ਐੱਮ.ਏ. ਦੇ ਨੁਮਾਇੰਦੇ ਡਾਕਟਰ ਬੀ. ਐੱਸ. ਬਾਜਵਾ, ਡਾ. ਕਰਤਾਰ ਸਿੰਘ, ਡਾ. ਕੇ.ਐੱਸ. ਬੱਬਰ, ਡਾ. ਕਲੇਰ, ਡਾ. ਐੱਚ. ਐੱਸ ਢਿਲੋਂ, ਡਾ. ਬੇਦੀ, ਡਾ. ਲਖਨਪਾਲ, ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ, ਡਾ. ਹੈਪੀ ਸ਼ਰਮਾਂ ਤੋਂ ਇਲਾਵਾ ਸ਼ਹਿਰ ਦੇ ਹੋਰ ਮੋਹਤਬਰ ਵੀ ਹਾਜ਼ਰ ਸਨ।

# ਪਿੰਡ ਨੰਗਲ ਪੰਨੂੰਆਂ ਵਿਖੇ ਬੱਚਿਆਂ ਦਾ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਆਯੋਜਿਤ



**ਮਜੀਠਾ (ਸੋਇਮ ਆਨੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਧਰਮ ਪ੍ਰਚਾਰ ਕਮੇਟੀ ਵਲੋਂ ਇਥੋਂ ਨਾਲ ਲਗਦੇ ਪਿੰਡ ਨੰਗਲ ਪੰਨੂੰਆਂ ਵਿਖੇ ਗੁਰਦੁਆਰਾ ਬਾਬਾ ਜ਼ੋਰਾਵਰ ਸਾਹਿਬ ਵਿਖੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਦਾ 10 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿਚ ਬੱਚਿਆਂ ਨੂੰ ਗੁਰਮਤਿ ਵਿੱਦਿਆ ਦੀ ਜਾਣਕਾਰੀ ਦੇਣ ਦੇ ਨਾਲ ਨਾਲ ਗੁਰ ਇਤਿਹਾਸ ਬਾਰੇ ਵੀ ਦੱਸਿਆ ਗਿਆ। ਗੁਰਮਤਿ ਕੈਂਪ ਵਿਚ ਭਾਈ ਗੁਰਰਾਜ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਗੁਰਵਿੰਦਰ ਸਿੰਘ ਭੰਗਵਾਂ ਪ੍ਰਚਾਰਕ, ਭਾਈ ਰਣਜੀਤ ਸਿੰਘ ਕਵੀਸ਼ਰ ਨੰਗਲ ਵਲੋਂ ਵਿਦਿਆਰਥੀਆਂ ਨੂੰ ਗੁਰਮਤਿ ਦੇ ਸਵਾਲ ਜਵਾਬ, ਗੁਰ ਇਤਿਹਾਸ, ਸਿੱਖ ਰਹਿਤ ਮਰਯਾਦਾ, ਬਾਰੇ ਪੜ੍ਹਾਇਆ ਗਿਆ। ਇਸ ਕੈਂਪ ਦੀ ਸਮਾਪਤੀ ਮੌਕੇ ਧਰਮ ਪ੍ਰਚਾਰ ਕਮੇਟੀ ਵਲੋਂ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੈਡਲ, ਧਾਰਮਿਕ ਸਾਹਿਤ, ਅਤੇ ਸਰਟੀਫਿਕੇਟ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਹਰਬੰਸ ਸਿੰਘ ਮੱਲ੍ਹੀ ਸਾਬਕਾ ਮੈਨੇਜਰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਤਰਸੇਮ ਸਿੰਘ, ਬਲਵਿੰਦਰ ਸਿੰਘ, ਮੋਹਨ ਸਿੰਘ, ਬਘੇਲ ਸਿੰਘ ਆਦਿ ਹਾਜਰ ਸਨ।

19-July-PAGE-4.qxd 7/19/2023 10:20 PM Page 1

ਨਵਾਂ ਜ਼ਮਾਨਾ
ਵੀਰਵਾਰ, 20 ਜੁਲਾਈ 2023

# 'ਇੰਡੀਆ' ਦਾ ਸੰਕਲਪ

*2024 ਦੀਆਂ ਲੋਕ ਸਭਾ ਚੋਣਾਂ ਲਈ ਦੋ ਗਠਜੋੜਾਂ ਨੇ ਯੁੱਧ ਦਾ ਬਿਗਲ ਵਜਾ ਦਿੱਤਾ ਹੈ। ਇੱਕ ਪਾਸੇ ਸੱਤਾਧਾਰੀ ਭਾਜਪਾ ਦੀ ਅਗਵਾਈ ਵਿੱਚ ਐੱਨ ਡੀ ਏ ਗਠਜੋੜ ਹੈ, ਦੂਜੇ ਪਾਸੇ ਦੇਸ਼ ਦੀਆਂ ਮੁੱਖ ਵਿਰੋਧੀ ਧਿਰਾਂ ਨੇ ਇੰਡੀਅਨ ਨੈਸ਼ਨਲ ਡਿਵੈੱਲਪਮੈਂਟ ਇਨਕਲੂਸਿਵ ਅਲਾਇੰਸ (ਇੰਡੀਆ) ਬਣਾ ਕੇ ਮੈਦਾਨ ਮੱਲ ਲਿਆ ਹੈ। ਬੰਗਲੌਰ ਵਿੱਚ 18 ਜੁਲਾਈ ਨੂੰ ਹੋਈ 26 ਵਿਰੋਧੀ ਪਾਰਟੀਆਂ ਦੀ ਮੀਟਿੰਗ ਨੇ ਆਪਣੀ ਏਕਤਾ ਨੂੰ ਮਜ਼ਬੂਤ ਕਰਦਿਆਂ ਇੱਕ ਸੰਕਲਪ ਪੱਤਰ ਜਾਰੀ ਕੀਤਾ ਹੈ, ਜਿਹੜਾ 'ਇੰਡੀਆ' ਮੋਰਚੇ ਦੇ ਦਿਸ਼ਾ ਮਾਰਗ ਨੂੰ ਤੈਅ ਕਰਦਾ ਰਹੇਗਾ।*

*ਇਸ ਸੰਕਲਪ ਪੱਤਰ ਵਿੱਚ ਕਿਹਾ ਗਿਆ ਹੈ, "ਅਸੀਂ, ਭਾਰਤ ਦੀਆਂ 26 ਪ੍ਰਗਤੀਸ਼ੀਲ ਪਾਰਟੀਆਂ ਦੇ ਆਗੂ, ਸੰਵਿਧਾਨ ਵਿੱਚ ਦਰਜ ਭਾਰਤ ਦੇ ਵਿਚਾਰ ਦੀ ਰੱਖਿਆ ਲਈ ਆਪਣਾ ਦ੍ਰਿੜ੍ਹ ਸੰਕਲਪ ਵਿਅਕਤ ਕਰਦੇ ਹਾਂ। ਭਾਜਪਾ ਵੱਲੋਂ ਯੋਜਨਾਬੱਧ ਤਰੀਕੇ ਨਾਲ ਸਾਡੇ ਗਣਤੰਤਰ ਉੱਤੇ ਗੰਭੀਰ ਹਮਲਾ ਕੀਤਾ ਜਾ ਰਿਹਾ ਹੈ। ਅਸੀਂ ਆਪਣੇ ਦੇਸ਼ ਦੇ ਇਤਿਹਾਸ ਵਿੱਚ ਸਭ ਤੋਂ ਮਹੱਤਵਪੂਰਨ ਮੋੜ ਉੱਤੇ ਹਾਂ। ਭਾਰਤੀ ਸੰਵਿਧਾਨ ਦੇ ਅਧਾਰ ਸਤੰਭ-ਧਰਮ ਨਿਰਪੱਖਤਾ, ਲੋਕਤੰਤਰ, ਆਰਥਿਕ ਨਿਰਭਰਤਾ, ਸਮਾਜਿਕ ਨਿਆਂ ਤੇ ਸੰਘਵਾਦ ਨੂੰ ਖ਼ਤਰਨਾਕ ਤਰੀਕੇ ਨਾਲ ਕਮਜ਼ੋਰ ਕੀਤਾ ਜਾ ਰਿਹਾ ਹੈ।"*

*"ਅਸੀਂ ਉਸ ਮਾਨਵੀ ਤ੍ਰਾਸਦੀ ਉੱਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹਾਂ, ਜਿਸ ਨੇ ਮਨੀਪੁਰ ਨੂੰ ਨਸ਼ਟ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਦੀ ਚੁੱਪ ਹੈਰਾਨ ਕਰਨ ਵਾਲੀ ਤੇ ਅਣਕਿਆਸੀ ਹੈ। ਮਨੀਪੁਰ ਨੂੰ ਸ਼ਾਂਤੀ ਤੇ ਸੁਲਾਹ ਦੇ ਰਾਹ ਉੱਤੇ ਲਿਆਉਣ ਦੀ ਤੁਰੰਤ ਜ਼ਰੂਰਤ ਹੈ।"*

*"ਅਸੀਂ ਸੰਵਿਧਾਨ ਤੇ ਲੋਕਤੰਤਰਿਕ ਤੌਰ ਉਤੇ ਚੁਣੀਆਂ ਰਾਜ ਸਰਕਾਰਾਂ ਦੇ ਸੰਵਿਧਾਨਕ ਹੱਕਾਂ ਉਤੇ ਲਗਾਤਾਰ ਹੋ ਰਹੇ ਹਮਲਿਆਂ ਦਾ ਮੁਕਾਬਲਾ ਕਰਨ ਲਈ ਪ੍ਰਤੀਬੱਧ ਹਾਂ। ਸਾਡੀ ਰਾਜਨੀਤੀ ਦੇ ਸੰਘੀ ਢਾਂਚੇ ਨੂੰ ਜਾਣ ਬੁੱਝ ਕੇ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਗੈਰ-ਭਾਜਪਾ ਸ਼ਾਸਤ ਸੂਬਿਆਂ ਵਿੱਚ ਰਾਜਪਾਲਾਂ ਤੇ ਐੱਨ ਜੀ ਦੀ ਭੂਮਿਕਾ ਸਾਰੇ ਸੰਵਿਧਾਨਕ ਮਾਪਦੰਡਾਂ ਤੋਂ ਵੱਧ ਹੋ ਗਈ ਹੈ। ਰਾਜਨੀਤਕ ਵਿਰੋਧੀਆਂ ਵਿਰੁੱਧ ਭਾਜਪਾ ਸਰਕਾਰ ਦੁਆਰਾ ਏਜੰਸੀਆਂ ਦੀ ਬੇਧੜਕ ਦੁਰਵਰਤੋਂ ਸਾਡੇ ਲੋਕਤੰਤਰ ਨੂੰ ਕਮਜ਼ੋਰ ਕਰ ਰਹੀ ਹੈ। ਕੇਂਦਰ ਵੱਲੋਂ ਗੈਰ-ਭਾਜਪਾ ਸ਼ਾਸਤ ਰਾਜਾਂ ਦੀਆਂ ਹੱਕੀ ਜ਼ਰੂਰਤਾਂ, ਲੋੜਾਂ ਤੇ ਅਧਿਕਾਰਾਂ ਨੂੰ ਜਾਣ ਬੁੱਝ ਕੇ ਨਕਾਰਿਆ ਜਾ ਰਿਹਾ ਹੈ।"*

*"ਅਸੀਂ ਘੱਟ ਗਿਣਤੀਆਂ ਵਿਰੁੱਧ ਪੈਦਾ ਕੀਤੀ ਜਾ ਰਹੀ ਨਫ਼ਰਤ ਤੇ ਹਿੰਸਾ ਨੂੰ ਹਰਾਉਣ , ਮਹਿਲਾਵਾਂ, ਦਲਿਤਾਂ, ਆਦਿਵਾਸੀਆਂ ਤੇ ਕਸ਼ਮੀਰੀ ਪੰਡਤਾਂ ਵਿਰੁੱਧ ਵਧਦੇ ਅਪਰਾਧਾਂ ਨੂੰ ਰੋਕਣ, ਸਾਰੇ ਸਮਾਜਿਕ, ਸਿੱਖਿਅਕ ਤੇ ਆਰਥਿਕ ਰੂਪ ਵਿੱਚ ਪੱਛੜੇ ਵਰਗਾਂ ਦੀ ਨਿਰਪੱਖ ਸੁਣਵਾਈ ਕਰਨ ਅਤੇ ਪਹਿਲੇ ਕਦਮ ਵਜੋਂ ਜਾਤੀ ਜਨਗਣਨਾ ਲਾਗੂ ਕਰਨ ਲਈ ਇੱਕਜੁੱਟ ਹੋਏ ਹਾਂ।"*

*"ਅਸੀਂ ਆਪਣੇ ਸਾਥੀ ਭਾਰਤੀਆਂ ਨੂੰ ਨਿਸ਼ਾਨਾ ਬਣਾਉਣ, ਸਤਾਉਣ ਤੇ ਦਬਾਉਣ ਦੀ ਭਾਜਪਾ ਦੀ ਸੋਚੀ-ਸਮਝੀ ਸਾਜ਼ਿਸ਼ ਨਾਲ ਲੜਨ ਦਾ ਸੰਕਲਪ ਲੈਂਦੇ ਹਾਂ। ਉਨ੍ਹਾਂ ਦੀ ਨਫ਼ਰਤੀ ਜ਼ਹਿਰੀ ਮੁਹਿੰਮ ਨੇ ਸੱਤਾਧਾਰੀ ਦਲ ਤੇ ਉਸ ਦੀ ਵੰਡ ਪਾਊ ਵਿਚਾਰਧਾਰਾ ਦਾ ਵਿਰੋਧ ਕਰਨ ਵਾਲੇ ਸਾਰੇ ਲੋਕਾਂ ਵਿਰੁੱਧ ਭਿਆਨਕ ਹਿੰਸਾ ਨੂੰ ਜਨਮ ਦਿੱਤਾ ਹੈ। ਇਹ ਹਮਲੇ ਨਾ ਸਿਰਫ਼ ਸੰਵਿਧਾਨਕ ਅਧਿਕਾਰਾਂ ਤੇ ਸੁਤੰਤਰਤਾ ਦੀ ਉਲੰਘਣਾ ਕਰ ਰਹੇ ਹਨ, ਬਲਕਿ ਉਨ੍ਹਾਂ ਬੁਨਿਆਦੀ ਕਦਰਾਂ ਨੂੰ ਵੀ ਨਸ਼ਟ ਕਰ ਰਹੇ ਹਨ, ਜਿਨ੍ਹਾਂ ਉੱਤੇ ਭਾਰਤੀ ਗਣਰਾਜ ਦੀ ਸਥਾਪਨਾ ਕੀਤੀ ਗਈ ਹੈ। ਇਹ ਹਨ ਸੁਤੰਤਰਤਾ, ਬਰਾਬਰਤਾ ਤੇ ਭਾਈਚਾਰਾ ਅਤੇ ਰਾਜਨੀਤਕ, ਆਰਥਿਕ ਤੇ ਸਮਾਜਿਕ ਨਿਆਂ। ਭਾਰਤੀ ਇਤਿਹਾਸ ਨੂੰ ਫਿਰ ਤੋਂ ਤੋੜਨ-ਮਰੋੜਨ ਤੇ ਮੁੜ ਲਿਖਣ ਦੀਆਂ ਗੱਲਾਂ ਕਰਕੇ ਜਨਤਕ ਚਰਚਾ ਨੂੰ ਦੂਸ਼ਿਤ ਕਰਨ ਦੀ ਭਾਜਪਾ ਦੀ ਵਾਰ-ਵਾਰ ਕੋਸ਼ਿਸ਼ ਸਾਡੇ ਸਮਾਜਿਕ ਸਦਭਾਵ ਦਾ ਅਪਮਾਨ ਹੈ।"*

*"ਅਸੀਂ ਰਾਸ਼ਟਰ ਦੇ ਸਾਹਮਣੇ ਇੱਕ ਬਦਲਵਾਂ ਰਾਜਨੀਤਕ, ਸਮਾਜਿਕ ਤੇ ਆਰਥਿਕ ਏਜੰਡਾ ਪੇਸ਼ ਕਰਨ ਦਾ ਸੰਕਲਪ ਲੈਂਦੇ ਹਾਂ। ਅਸੀਂ ਸ਼ਾਸਨ/ਗਵਰਨੈਂਸ ਦੇ ਸਾਰ ਤੇ ਸ਼ੈਲੀ ਦੋਹਾਂ ਨੂੰ ਬਦਲਣ ਦਾ ਵਾਅਦਾ ਕਰਦੇ ਹਾਂ, ਜੋ ਅਧਿਕ ਜਨ ਭਾਵਨਾਵਾਂ, ਲੋਕਤੰਤਰਿਕ ਤੇ ਜਨਤਕ ਹਿੱਸੇਦਾਰੀ ਪੂਰਨ ਹੋਵੇਗੀ।"*

*ਸਪੱਸ਼ਟ ਹੈ ਕਿ 'ਇੰਡੀਆ' ਮੋਰਚੇ ਦੇ ਘੱਟੋ-ਘੱਟ ਪ੍ਰੋਗਰਾਮ ਦਾ ਅਧਾਰ ਇਹੋ ਸੰਕਲਪ ਪੱਤਰ ਬਣੇਗਾ।*

# ਪਰਵਾਸੀ ਮਜ਼ਦੂਰਾਂ ਖਿਲਾਫ ਜ਼ਹਿਰ ਉਗਲਦੀ ਪ੍ਰਚਾਰ ਮੁਹਿੰਮ



ਨਰਾਇਣ ਦੱਤ

ਪੰਜਾਬ ਦੇ ਪਿੰਡਾਂ ਅੰਦਰ ਸੀਜ਼ਨਲ ਕੰਮਾਂ ਲਈ ਮਜ਼ਦੂਰ ਖੇਤੀਬਾੜੀ ਦੇ ਕੰਮ ਧੰਦਿਆਂ ਲਈ ਆਉਂਦੇ ਹਨ। ਅਖੌਤੀ ਹਰੇ ਇਨਕਲਾਬ ਖਿੱਤਿਆਂ ਦੀ ਉਸਾਰੀ ਵਜੋਂ ਪੰਜਾਬ ਨੂੰ ਮਾਡਲ ਵਜੋਂ ਵਿਕਸਤ ਕੀਤਾ ਗਿਆ। ਇਸੇ ਸਮੇਂ ਖੇਤੀਬਾੜੀ ਵਿੱਚ ਪੁਰਾਣੇ ਰਵਾਇਤੀ ਢੰਗ-ਤਰੀਕਿਆਂ ( ਹੱਥੀਂ ਵਾਢੀ, ਗੋਡੀ, ਕਟਾਈ) ਦੀ ਥਾਂ ਸਾਮਰਾਜੀ ਖੇਤੀ ਮਾਡਲ ਰਾਹੀਂ ਮਸ਼ੀਨੀਕਰਨ ਦਾ ਦੌਰ ਸ਼ੁਰੂ ਹੋਇਆ। ਫਸਲਾਂ ਦੀ ਪੈਦਾਵਾਰ ਨੂੰ ਮਨੁੱਖੀ ਲੋੜ ਦੀ ਥਾਂ ਮੰਡੀ ਦੀਆਂ ਲੋੜਾਂ ਅਤੇ ਤਰਜੀਹਾਂ ਤੈਅ ਕਰਨ ਲੱਗੀਆਂ। ਇਸ ਤੋਂ ਪਹਿਲਾਂ ਪਿੰਡਾਂ ਵਿੱਚ ਪਰਵਾਸੀ ਮਜ਼ਦੂਰ ਨਾ-ਮਾਤਰ ਹੀ ਸਨ। 80 ਵਿਆਂ ਦੇ ਦਹਾਕੇ 'ਚ ਪਰਵਾਸੀ ਮਜ਼ਦੂਰਾਂ ਦੇ ਪੰਜਾਬ ਦੇ ਪਿੰਡਾਂ ਵਿੱਚ ਆਉਣ ਦਾ ਦੌਰ ਸਰਕਾਰ ਵੱਲੋਂ ਝੋਨੇ ਦੀ ਫਸਲ ਦਾ ਪ੍ਰਚਾਰ ਕੀਤੇ ਜਾਣ ਨਾਲ ਝੋਨਾ ਪੰਜਾਬ ਦੀ ਸਾਉਣੀ ਦੀ ਮੁੱਖ ਫਸਲ ਵਜੋਂ ਹੋਂਦ 'ਚ ਆਉਣ ਸ਼ੁਰੂ ਹੋਇਆ। ਹਾਲਾਂ ਕਿ ਸ਼ਹਿਰਾਂ ਵਿੱਚ ਵੀ ਵੱਡੀਆਂ ਸਨਅਤਾਂ ਵਿੱਚ ਪਹਿਲਾਂ ਹੀ ਮੌਜੂਦ ਸਨ। ਹੁਣ ਪਰਵਾਸੀ ਮਜਦੂਰਾਂ ਦੇ ਪੰਜਾਬ ਵਿੱਚ ਆਉਣ ਦਾ ਵਰਤਾਰਾ ਵੱਡੀਆਂ ਸਨਅਤਾਂ ਅਤੇ ਖੇਤੀਬਾੜੀ ਦੇ ਨਾਲ-ਨਾਲ ਰੇੜ੍ਹੀ/ ਫੜ੍ਹੀ/ ਰਿਕਸ਼ਾ/ ਆਟੋ ਰਿਕਸ਼ਾ ਚਾਲਕਾਂ/ ਉਸਾਰੀ ਮਜ਼ਦੂਰਾਂ/ ਚੌਕੀਦਾਰਾ/ ਸਫਾਈ ਸੇਵਕਾਂ/ ਵੇਟਰ/ ਦੁਕਾਨਾਂ ਉੱਪਰ ਸੇਲਜ਼ਮੈਨ, ਛੋਟੀਆਂ ਨੌਕਰੀਆਂ ਸਮੇਤ ਹੋਰਨਾਂ ਛੋਟੇ-ਮੋਟੇ ਅਨੇਕਾਂ ਕਿਸਮ ਦੇ ਕੰਮਾਂ ਧੰਦਿਆਂ ਤੱਕ ਫੈਲਿਆ ਗਿਆ ਹੈ। ਇਨ੍ਹਾਂ ਨੂੰ ਆਮ ਕਰਕੇ 'ਭਈਆਂ' ਵਜੋਂ ਪ੍ਰਚਾਰਿਆ ਜਾਂਦਾ ਹੈ। ਹਾਲਾਂ ਕਿ ਬਿਹਾਰ/ਯੂ ਪੀ ਅੰਦਰ ਇਹ ਸ਼ਬਦ ਭਈਆ ਸਤਿਕਾਰਤ ਸ਼ਬਦ ਵਜੋਂ ਵਰਤੇ ਜਾਂਦੇ ਸ਼ਬਦ ਦਾ ਵਿਗਾੜਿਆ ਹੋਇਆ ਰੂਪ ਹੈ।

ਪਰਵਾਸ ਕਰਨ ਵਾਲਾ ਵਿਅਕਤੀ/ਸਮੂਹ ਘਰ ਦੀਆਂ ਤੰਗੀਆਂ-ਤੁਰਸ਼ੀਆਂ ਅਤੇ ਰੁਜ਼ਗਾਰ ਦੀ ਅਹਣੋਂਦ ਕਾਰਨ ਘਰ-ਬਾਰ, ਆਲਾ-ਦੁਆਲਾ ਛੱਡਣ ਲਈ ਮਜਬੂਰ ਹੁੰਦਾ ਹੈ। ਜਦ ਉਹ ਸੈਂਕੜੇ/ਹਜ਼ਾਰਾਂ ਕਿਲੋਮੀਟਰ ਦੂਰ ਕਿਸੇ ਥਾਂ ਆਉਂਦਾ ਹੈ ਤਾਂ ਉੱਥੇ ਉਸ ਦਾ ਆਪਣਾ ਕੋਈ ਨਹੀਂ ਹੁੰਦਾ। ਬੇਹੱਦ ਔਖੀਆਂ ਹਾਲਤਾਂ ਵਿੱਚ ਰਹਿਣ ਲਈ ਮਜਬੂਰ ਹੁੰਦਾ ਹੈ। ਉਹ ਮੁਲਕ ਦੇ ਕਿਸੇ ਵੀ ਹਿੱਸੇ 'ਚ ਪਰਵਾਸ ਕਰੇ, ਬੇਰੁਜ਼ਗਾਰਾਂ ਦੀ ਮੰਡੀ ਵਿੱਚ ਆਪਣੇ ਆਪ ਨੂੰ ਸ਼ਾਮਲ ਕਰਦਾ ਹੈ। ਪੂਰੇ ਮੁਲਕ ਅੰਦਰ ਬੇਰੁਜ਼ਗਾਰੀ ਵਿਕਰਾਲ ਰੂਪ ਧਾਰਨ ਕਰਦੀ ਜਾ ਰਹੀ ਹੈ। ਸੰਸਾਰ ਅੰਦਰ ਸਾਵਾਂ ਵਿਕਾਸ ਨਹੀਂ ਹੋ ਰਿਹਾ। ਸਾਮਰਾਜੀ ਮਾਡਲ ਰਾਹੀ ਅਗੜਾ-ਦੁਗੜਾ ( ਰੁੰਡ-ਮਰੁੰਡ) ਵਿਕਾਸ ਹੋ ਰਿਹਾ ਹੈ। ਵਿਕਸਤ ਮੁਲਕਾਂ ਅਤੇ ਵਿਕਾਸ਼ਸ਼ੀਲ ਮੁਲਕਾਂ ਅੰਦਰ ਵੱਡਾ ਪਾੜਾ ਮੌਜੂਦ ਹੈ। ਭਾਰਤ ਵਰਗੇ ਮੁਲਕ ਵਿੱਚ ਪ੍ਰਤੀ ਵਿਅਕਤੀ ਔਸਤ ਆਮਦਨ 46861 ਰੁ. ਦੇ ਮੁਕਾਬਲੇ ਕੈਨੇਡਾ, ਅਮਰੀਕਾ, ਆਸਟਰੇਲੀਆ ਵਰਗੇ ਮੁਲਕ ਵਿੱਚ ਕਿਤੇ ਉੱਚੀ ਦਰ 2,77,332 ਰੁ. ਤੋਂ 4,98,567 ਰੁ. ਤੱਕ ਹੈ। ਸੰਸਾਰ ਪੱਧਰੇ ਅੰਕਿੜਿਆਂ ਅਨੁਸਾਰ ਭਾਰਤ ਪ੍ਰਤੀ ਵਿਅਕਤੀ ਆਮਦਨ ਵਿੱਚ 65ਵੇਂ ਸਥਾਨ ਤੇ ਹੈ। ਇਹ ਅਸਮਾਨ ਜਿੱਡਾ ਪਾੜਾ ਹੈ। ਇਹੀ ਨਹੀਂ ਇੱਕ ਮੁਲਕ ਅੰਦਰ ਆਮਦਨ 'ਚ ਵੀ ਬਹੁਤ ਵੱਡਾ ਪਾੜਾ ਹੈ। ਗੋਆ ਵਿੱਚ ਸਭ ਤੋਂ ਵੱਧ 4,31,351 ਰੁ. ਅਤੇ ਪੰਜਾਬ 'ਚ ਸਲਾਨਾ ਆਮਦਨ 1,48,894 ਰੁ.ਦੇ ਮੁਕਾਬਲੇ ਬਿਹਾਰ ਵਿੱਚ ਇਹੀ ਆਮਦਨ ਮਹਿਜ਼ 43605 ਰੁ. ਅਤੇ ਯੂ.ਪੀ ਵਿੱਚ 61,666 ਰੁ. ਹੈ। ਇਹੀ ਪਾੜਾ ਪਿੰਡਾਂ ਅਤੇ ਸ਼ਹਿਰਾਂ ਅੰਦਰ ਵੀ ਮੌਜੂਦ ਹੈ। ਸ਼ਹਿਰਾਂ ਅਤੇ ਮਹਾਂਨਗਰਾਂ ਵਿੱਚ ਵੀ ਇਹ ਪਾੜਾ ਮੌਜੂਦ ਹੈ।

ਸੰਸਾਰ ਪੱਧਰ 'ਤੇ ਐਨਾ ਵੱਡਾ ਆਰਥਕ ਪਾੜਾ ਹੀ ਪਰਵਾਸ ਦੇ ਦਰਵਾਜ਼ੇ ਖੋਲ੍ਹਦਾ ਹੈ। ਪ੍ਰਵਾਸ ਦੀ ਇਹ ਲੜੀ ਪਿੰਡਾਂ ਤੋਂ ਸ਼ਹਿਰਾਂ ਵੱਲ, ਸ਼ਹਿਰਾਂ ਤੋਂ ਮਹਾਂਨਗਰਾਂ ਵੱਲ, ਪੱਛੜੇ ਰਾਜਾਂ ਤੋਂ ਵੱਧ ਆਮਦਨ ਵਾਲੇ ਰਾਜਾਂ ਵੱਲ ਅਤੇ ਇਸ ਤੋਂ ਵੀ ਅੱਗੇ ਵਿਕਾਸਸ਼ੀਲ ਮੁਲਕਾਂ ਤੋਂ ਵਿਕਸਤ ਮੁਲਕਾਂ (ਅਮਰੀਕਾ, ਕੈਨੇਡਾ, ਆਸਟਰੇਲੀਆ, ਨਿਊਜ਼ੀਲੈਂਡ ਇੰਗਲੈਂਡ, ਫਰਾਂਸ ) ਵੱਲ ਪ੍ਰਵਾਸ ਲਈ ਰਾਹ ਖੋਲ੍ਹਦੀ ਹੈ। ਉਂਝ ਆਖਣ ਨੂੰ ਬੇਸ਼ੱਕ ਇਸ ਗੱਲ ਦਾ ਪ੍ਰਚਾਰ ਬੜੇ ਜ਼ੋਰ-ਸ਼ੋਰ ਨਾਲ ਕੀਤਾ ਜਾਂਦਾ ਹੈ ਕਿ ਸੰਸਾਰ ਗਲੋਬਲ ਪਿੰਡ ਬਣ ਚੁੱਕਾ ਹੈ, ਪਰ ਹਕੀਕਤ ਵਿੱਚ ਉਪਰੋਕਤ ਅੰਕੜੇ ਹਾਕਮਾਂ ਦੇ ਇਸ ਪ੍ਰਚਾਰ ਦਾ ਮੂੰਹ ਚਿੜਾਉਂਦੇ ਹਨ ਕਿ ਹਾਕਮਾਂ ਵੱਲੋਂ ਪ੍ਰਚਾਰੇ ਜਾਂਦੇ ਗਲੋਬਲ ਪਿੰਡ ਬਣਨ ਨਾਲ ਜਿੱਥੇ ਪਰਵਾਸ ਦਾ ਦੌਰ ਬਹੁਤ ਤੇਜ਼ੀ ਨਾਲ ਵਧ ਰਿਹਾ ਹੈ ਅਤੇ ਨਵੇਂ ਨਸਲੀ ਸੰਕਟ ਨੂੰ ਵੀ ਜਨਮ ਦੇ ਰਿਹਾ ਹੈ। ਪਰਵਾਸ ਦਾ ਇਹ ਦੌਰ ਸਦੀਆਂ ਤੋਂ ਚੱਲ ਰਿਹਾ ਹੈ।

ਪੰਜਾਬ ਦੇ ਪਿੰਡਾਂ, ਸ਼ਹਿਰਾਂ ਵਿੱਚ ਵੱਖ-ਵੱਖ ਰਾਜਾਂ ਦੇ ਪਰਵਾਸੀ ਮਜ਼ਦੂਰਾਂ ਦੀ ਵੱਡੀ ਗਿਣਤੀ ਰਹਿ ਰਹੀ ਹੈ। ਵੱਡੀਆਂ ਸਨਅਤਾਂ ਅਤੇ ਸ਼ਹਿਰਾਂ ਵਿੱਚ ਛੋਟਾ-ਮੋਟਾ ਕੰਮ ਕਰਨ ਵਾਲੇ (ਰੇਹੜੀ, ਫੜ੍ਹੀ) ਪਰਵਾਸੀ ਮਜ਼ਦੂਰ ਹੌਲੀ- ਹੌਲੀ ਪੱਕੇ ਤੌਰ 'ਤੇ ਵਸ ਗਏ ਹਨ। ਪਿੰਡਾਂ ਵਿੱਚ ਰਹਿਣ ਵਾਲੇ ਮਜ਼ਦੂਰ ਹਾਲੇ ਵੀ ਸੀਜ਼ਨ ਵਿੱਚ ਹੀ ਆਉਂਦੇ ਹਨ। ਝੋਨੇ ਦੀ ਲਵਾਈ, ਮੰਡੀਆਂ ਦੇ ਸੀਜਨ ਵਿੱਚ ਜ਼ਿਆਦਾਤਰ ਮਜ਼ਦੂਰ ਆਉਂਦੇ ਹਨ, ਕੰਮ ਖਤਮ ਹੁੰਦੇ ਸਾਰ ਹੀ ਵਾਪਸ ਪਰਤ ਜਾਂਦੇ ਹਨ। ਸਮੁੱਚੇ ਤੌਰ 'ਤੇ ਇਹ ਪਰਵਾਸੀ ਅਸੰਗਿਠਤ ਖੇਤਰ ਵਿੱਚ ਕੰਮ ਕਰਦੇ ਹਨ। ਬੇਰੁਜ਼ਗਾਰੀ ਜਿੱਥੇ ਮਜ਼ਦੂਰਾਂ ਲਈ ਵੱਡੇ ਸੰਕਟ ਨੂੰ ਜਨਮ ਦੇ ਰਹੀ ਹੈ, ਉੱਥੇ ਇਹ ਵਧ ਰਹੀ ਬੇਲਗਾਮ ਬੇਰੁਜ਼ਗਾਰੀ ਇਨ੍ਹਾਂ ਕਿਰਤੀਆਂ ਦੀ ਅੰਨ੍ਹੀ ਲੁੱਟ ਕਰਨ ਲਈ ਮਾਲਕ ਜਮਾਤਾਂ ਲਈ ਨਿਆਮਤ ਬਣ ਕੇ ਬਹੁੜ ਰਹੀ ਹੈ। ਇਹਨਾਂ ਪਰਵਾਸੀ ਕਾਮਿਆਂ ਨੂੰ ਆਰਥਕ ਲੁੱਟ ਦੇ ਨਾਲ-ਨਾਲ ਜਬਰ ਦਾ ਸ਼ਿਕਾਰ ਵੀ ਹੋਣਾ ਪੈਂਦਾ ਹੈ।

ਪ੍ਰਵਾਸ ਦੇ ਇਨ੍ਹਾਂ ਅਸਲ ਕਾਰਨ ਤੋਂ ਅਣਜਾਣ ਜਾਂ ਜਾਣਬੁੱਝ ਕੇ ਅੱਖਾਂ ਮੀਟੀ ਬੈਠੇ ਪੰਜਾਬ ਦੇ ਕੁਝ ਫੇਸਬੁਕੀਏ ਵਿਦਵਾਨ, ਪੰਜਾਬੀ ਭਾਈਚਾਰੇ ਦੇ ਅਖੌਤੀ ਪਹਿਰੇਦਾਰ ਸੋਸ਼ਲ ਮੀਡੀਆ 'ਤੇ ਸਰਗਰਮ ਸਿੱਖ ਫਿਰਕਾਪ੍ਰਸਤ ਲਾਬੀ, ਬੁਰਜੂਆ ਸਿਆਸਤਦਾਨਾਂ ਨੇ ਬਹੁਤ ਅੱਤ ਚੁੱਕੀ ਹੋਈ ਹੈ ਕਿ ਇਹ ਭਈਏ ਸਾਡੇ ਪੰਜਾਬ ਦੇ ਅਰਥਚਾਰੇ ਅਤੇ ਸਿਆਸਤ ਉੱਤੇ ਕਾਬਜ਼ ਹੋ ਜਾਣਗੇ। ਇਹੀ ਅਖੌਤੀ ਪੰਜਾਬੀਅਤ ਦੇ ਪਹਿਰੇਦਾਰ ਕੈਨੇਡਾ, ਅਮਰੀਕਾ, ਇੰਗਲੈਂਡ, ਨਿਊਜ਼ੀਲੈਂਡ, ਇੰਗਲੈਂਡ, ਫਰਾਂਸ ਆਦਿ ਮੁਲਕਾਂ ਵਿੱਚ ਰਿਸ਼ੀ ਸੂਨਕ, ਰੂਬੀ ਢੱਲਾ, ਗਰੇਵਾਲ, ਗਿੱਲ, ਬੈਂਸ ਆਦਿ ਦੇ ਉਨ੍ਹਾਂ ਮੁਲਕਾਂ ਦੇ ਐੱਮ ਪੀ, ਮੇਅਰ ਆਦਿ ਚੁਣੇ ਜਾਣ 'ਤੇ ਚਾਂਗੜਾਂ ਉੱਚੀ-ਉੱਚੀ ਮਾਰਦੇ ਹਨ। ਇਨ੍ਹਾਂ ਮੁਲਕਾਂ ਵਿੱਚ ਭਾਰਤ ਵਰਗੇ ਵਿਕਾਸਸ਼ੀਲ ਮੁਲਕਾਂ ਉੱਪਰ ਕੁਝ ਕੁ ਕਾਰੋਬਾਰਾਂ 'ਤੇ ਕੀਤੇ ਕਬਜ਼ੇ ਨੂੰ ਪ੍ਰਾਪਤੀ ਵਜੋਂ ਉਚਿਆਉਂਦੇ ਹਨ, ਪਰ ਸੱਚਾਈ ਤੋਂ ਅੱਖਾਂ ਮੀਟੀ ਰੱਖਦੇ ਹਨ ਕਿ ਜਿਵੇਂ ਪੰਜਾਬ ਵਿੱਚ ਆ ਕੇ ਕੰਮ ਕਰਨ ਵਾਲੇ ਪਰਵਾਸੀ ਮਜ਼ਦੂਰ ਹਰ ਔਖਾ ਅਤੇ ਨੀਵੇਂ ਦਰਜੇ ਦਾ ਕੰਮ ਕਰਦੇ ਹਨ, ਬਿਲਕੁਲ ਉਸੇ ਤਰ੍ਹਾਂ ਬਾਹਰਲੇ ਮੁਲਕਾਂ ਵਿੱਚ ਪਰਵਾਸ ਕਰਕੇ ਗਏ ਲੋਕ ਇਨ੍ਹਾਂ ਪਰਵਾਸੀ ਮਜ਼ਦੂਰਾਂ ਵਾਂਗ ਸਨਅਤਾਂ, ਸਫਾਈ, ਚੌਕੀਦਾਰ, ਵੇਅਰ ਹਾਊਸ, ਖੇਤਾਂ, ਰੈਸਟੋਰੈਂਟਾਂ, ਮਾਲਜ਼ ਆਦਿ ਵਿੱਚ ਲੇਬਰ ਵਜੋਂ ਕੰਮ ਕਰਦੇ ਹਨ। ਇਨ੍ਹਾਂ ਅਖੌਤੀ ਪੰਜਾਬੀਅਤ ਦੇ ਹਿੱਤਾਂ ਦੇ ਪਹਿਰੇਦਾਰ ਅਖਵਾਉਣ ਵਾਲੇ ਬੁੱਧੀਜੀਵੀਆਂ, ਫੇਸਬੁਕੀ ਵਿਦਵਾਨਾਂ ਅਤੇ ਸਿਆਸਤਦਾਨਾਂ ਦਾ ਪਰਵਾਸ ਦੀਆਂ ਬੁਨਿਆਦੀ ਸਮੱਸਿਆ ਦੀ ਜੜ੍ਹ ਨੂੰ ਜਾਨਣ ਅਤੇ ਅਜਿਹੇ ਪਾੜੇ ਨੂੰ ਖਤਮ ਕਰਨ ਨਾਲ ਕੋਈ ਸਰੋਕਾਰ ਨਹੀਂ ਹੁੰਦਾ। ਇਨ੍ਹਾਂ ਭੱਦਰ ਪੁਰਸ਼ਾਂ ਦੀ ਪਾੜਾ ਪਾਊ ਰਾਜਨੀਤੀ ਜੋ ਨਵੀਂ ਕਿਸਮ ਦੀ ਫਿਰਕਾਪ੍ਰਸਤੀ ਨੂੰ ਜਨਮ ਦਿੰਦੀ ਹੈ, ਹਾਕਮਾਂ ਨੂੰ ਖੂਬ ਰਾਸ ਬੈਠਦੀ ਹੈ।

ਸਮਾਜ ਨੂੰ ਦਰਪੇਸ਼ ਬੁਨਿਆਦੀ ਮੁਸ਼ਕਲਾਂ ਮਹਿੰਗਾਈ, ਬੇਰੁਜ਼ਗਾਰੀ, ਭੁੱਖਮਰੀ, ਭ੍ਰਿਸ਼ਟਾਚਾਰ, ਕਿਸਾਨਾਂ-ਮਜ਼ਦੂਰਾਂ ਅਤੇ ਬੇਰੁਜ਼ਗਾਰਾਂ ਵੱਲੋਂ ਕੀਤੀਆਂ ਜਾਂਦੀਆਂ ਖੁਦਕਸ਼ੀਆਂ, ਔਰਤਾਂ ਉੱਤੇ ਹੁੰਦੇ ਜਬਰ ਵੱਲ ਵੇਖਣ ਤੋਂ ਸ਼ਾਇਦ ਇਨ੍ਹਾਂ ਲੋਕਾਂ ਦੀ ਕਲਮ/ਅਕਲ ਨੂੰ ਲਕਵਾ ਮਾਰ ਜਾਂਦਾ ਹੈ। ਇਨ੍ਹਾਂ ਪਰਵਾਸੀ ਮਜ਼ਦੂਰਾਂ ਨੂੰ ਇਨ੍ਹਾਂ ਦੇ ਛੋਟੇ-ਮੋਟੇ ਜੁਰਮਾਂ ਨੂੰ ਬਹੁਤ ਜ਼ਿਆਦਾ ਵਧਾ ਚੜ੍ਹਾ ਕੇ ਸਮਾਜ ਦੇ ਸਭ ਤੋਂ ਵੱਡੇ ਮੁਜਰਮ ਵਜੋਂ ਪੇਸ਼ ਕੀਤਾ ਜਾਂਦਾ ਹੈ। ਪੈਰ-ਪੈਰ 'ਤੇ ਹੁੰਦੀ ਇਨ੍ਹਾਂ ਪਰਵਾਸੀ ਮਜ਼ਦੂਰਾਂ ਸਮੇਤ ਮਿਹਨਤਕਸ਼ ਲੋਕਾਈ ਨਾਲ ਧੱਕੇਸ਼ਾਹੀ ਦੇ ਅਸਲ ਮੁਜਰਮਾਂ ਵੱਲ ਅਕਸਰ ਹੀ ਅਜਿਹੇ ਜ਼ਿਆਦਾ ਸੂਝ ਸਿਆਣਪ ਦੇ ਮਾਲਕ ਅਖਵਾਉਂਦੇ ਲੋਕਾਂ ਦੀ ਨਜ਼ਰ ਸਵੱਲੀ ਹੀ ਰਹਿੰਦੀ ਹੈ। ਇਹੀ ਨਹੀਂ ਭਾਰਤੀ ਲੋਕਾਂ ਦੇ ਦੁਸ਼ਮਣ ਸਾਮਰਾਜੀਏ ਅਤੇ ਉਨ੍ਹਾਂ ਦੇ ਦਲਾਲ ਭਾਰਤੀ ਹਾਕਮਾਂ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ, ਉਹ ਭਾਵੇਂ ਕਿਰਤ ਕਾਨੂੰਨਾਂ ਦਾ ਭੋਗ ਪਾ ਕੇ ਚਾਰ ਲੇਬਰ ਕੋਡਾਂ ਵਿੱਚ ਬਦਲਣ ਦਾ ਮਸਲਾ ਹੋਵੇ ਜਾਂ ਖੇਤੀ ਵਿਰੋਧੀ ਤਿੰਨ ਕਾਲੇ ਕਾਨੂੰਨ ਲਾਗੂ ਕਰਨ ਦਾ ਮਸਲਾ ਹੋਵੇ ਜਾਂ ਰਾਜਾਂ ਦੇ ਹੱਕਾਂ ਉੱਪਰ ਮਾਰੇ ਜਾ ਰਹੇ ਡਾਕਿਆਂ ਦਾ ਮਸਲਾ ਹੋਵੇ, ਇਹ ਭੱਦਰ ਪੁਰਸ਼ ਮੌਨ ਰਹਿਣ ਵਿੱਚ ਹੀ ਭਲਾ ਸਮਝਦੇ ਹਨ। ਇਹੀ ਨਹੀਂ ਵਿਜੇ ਮਾਲਿਆ, ਨੀਰਵ ਮੋਦੀ, ਮੋਹਲ ਚੋਕਸੀ, ਲਲਿਤ ਮੋਦੀ, ਨੀਸ਼ਲ ਮੋਦੀ ਵਰਗੇ ਲੁਟੇਰੇ ਬੈਂਕਾਂ ਨਾਲ ਹਜ਼ਾਰਾਂ ਕਰੋੜਾਂ ਦੀਆਂ ਠੱਗੀਆਂ ਮਾਰ ਕੇ ਬਾਹਰਲੇ ਮੁਲਕਾਂ ਨੂੰ ਉਡਾਰੀਆਂ ਮਾਰ ਜਾਂਦੇ ਹਨ, ਤਾਂ ਵੀ ਇਹ ਲੋਕ ਚੁੱਪ ਰਹਿਣ ਵਿੱਚ ਹੀ ਭਲੀ ਸਮਝਦੇ ਹਨ। ਇਹੀ ਨਹੀਂ, ਇਸ ਲੋਕ ਵਿਰੋਧੀ ਮਾਨਸਿਕਤਾ ਦਾ ਸ਼ੁੱਧ ਨਮੂਨਾ ਉਸ ਵਕਤ ਵੇਖਣ ਨੂੰ ਮਿਲਦਾ ਹੈ, ਜਦ ਲੋਕਾਂ ਦੇ ਹੱਕੀ ਸੰਘਰਸ਼ ਤਿੱਖ ਅਖਤਿਆਰ ਕਰ ਜਾਂਦੇ ਹਨ ਤਾਂ ਹਾਕਮ ਧਾਰਮਕ ਸਮੇਤ ਹੋਰ ਗੈਰ ਬੁਨਿਆਦੀ ਮੁੱਦੇ ਉਛਾਲਣ ਵਿੱਚ ਰਤੀ ਭਰ ਵੀ ਦੇਰੀ ਨਹੀਂ ਲਾਉਂਦੇ। ਇਹ ਲੋਕ ਉਸ ਸਮੇਂ ਹਾਕਮਾਂ ਦੇ ਇਸ ਦੰਭ ਨੂੰ ਲੋਕ-ਪੱਖੀ ਨਜ਼ਰੀਏ ਤੋਂ ਸਹੀ ਸੰਦਰਭ ਵਿੱਚ ਪੇਸ਼ ਨਹੀਂ ਕਰਦੇ। ਅਜਿਹਾ ਵਰਤਾਰਾ ਮੁਲਕ ਦੀਆਂ ਹੱਦਾਂ-ਬੰਨੇ ਪਾਰ ਕਰਕੇ ਸੰਸਾਰ ਦੇ ਕੋਨੇ-ਕੋਨੇ ਵਿੱਚ ਵਸੇ ਹੋਏ ਪੰਜਾਬੀਆਂ ਲਈ ਵੱਡੀ ਮੁਸੀਬਤ ਦੇ ਉਜਾੜੇ ਦਾ ਸਾਧਨ ਬਣ ਸਕਦਾ ਹੈ।

ਅਖੀਰ ਗੱਲ ਇਹ ਹੈ ਕਿ ਪਰਵਾਸ ਦਾ ਮਸਲਾ ਸਾਮਰਾਜੀ ਰੁੰਡ-ਮਰੁੰਡ ਅਣਸਾਵੇਂ ਵਿਕਾਸ ਨਾਲ ਜੁੜਿਆ ਹੋਇਆ ਸੰਸਾਰ ਪੱਧਰਾ ਵਰਤਾਰਾ ਹੈ। ਇੱਕ ਉਦਾਹਰਣ ਬਹੁਤ ਜ਼ਰੂਰੀ ਹੈ ਕਿ ਪੰਜਾਬ ਵਿੱਚ ਜਾਂ ਹੋਰਨਾਂ ਰਾਜਾਂ ਵਿੱਚ ਪਰਵਾਸ ਕਰਨ ਲਈ ਮਜਬੂਰ ਜਾਂ ਸਾਡੇ ਮੁਲਕ ਵਿੱਚੋਂ ਵਿਦੇਸ਼ਾਂ 'ਚ ਪਰਵਾਸ ਕਰਨ ਵਾਲੇ ਲੋਕ ਆਮ ਤੌਰ 'ਤੇ ਤਿੱਖੀ ਲੁੱਟ ਦਾ ਸ਼ਿਕਾਰ ਹੁੰਦੇ ਹਨ। ਜੇਕਰ ਪੰਜਾਬ ਵਿੱਚ ਪਰਵਾਸੀ ਮਜ਼ਦੂਰ ਸ਼ਹਿਰਾਂ ਅੰਦਰ ਛੋਟੇ-ਛੋਟੇ ਕਮਰਿਆਂ ਜਾਂ ਖੇਤਾਂ ਵਿੱਚ ਮੋਟਰਾਂ ਵਾਲੇ ਕੋਠਿਆਂ ਵਿੱਚ 5-5 ਜਾਂ ਵੱਡੀ ਗਿਣਤੀ ਵਿੱਚ ਸੜਕਾਂ, ਫੁੱਟਪਾਥਾਂ ਅਤੇ ਰੇਹੜੀਆਂ, ਰਿਕਸ਼ਿਆਂ ਉੱਪਰ ਨੀਲੀ ਛੱਤ ਥੱਲੇ ਦਿਨ ਕਟੀ ਕਰਨ ਲਈ ਮਜਬੂਰ ਹਨ ਤਾਂ ਅਮਰੀਕਾ, ਕੈਨੇਡਾ, ਆਸਟਰੇਲੀਆ ਵਰਗੇ ਮੁਲਕਾਂ ਵਿੱਚ 5-5 ਵਿਅਕਤੀ ਇਕੱਠੇ ਬੇਸਮੈਂਟਾਂ ਵਿੱਚ ਰਹਿਣ ਲਈ ਮਜਬੂਰ ਹਨ ਜਾਂ ਵੱਡੇ ਫਾਰਮਰਾਂ ਨੇ ਖੇਤਾਂ ਦੇ ਨੇੜੇ ਰਹਿਣ ਲਈ ਛੋਟੇ-ਛੋਟੇ ਕਮਰੇ ਬਣਾ ਕੇ ਦਿੱਤੇ ਹੋਏ ਹਨ। ਹਾਂ, ਮੰਡੀ ਦੀ ਮੰਗ ਅਨੁਸਾਰ ਸੀਜ਼ਨ ਵਿੱਚ ਅਡਵਾਂਸ ਕਿਰਾਇਆ ਜਾਂ ਥੋੜ੍ਹੇ-ਬਹੁਤੇ ਰੁਪਏ ਪੈਸੇ ਵੀ ਭੇਜੇ ਜਾਂਦੇ ਹਨ ਤਾਂ ਇਹ ਵਰਤਾਰਾ ਹਰ ਥਾਂ ਦਾ ਹੈ। ਅਮਰੀਕਾ ਵਰਗੇ ਸਾਮਰਾਜੀ ਮੁਲਕ ਵਿੱਚ ਖੇਤਾਂ ਵਿੱਚ ਕੰਮ ਕਰਨ ਵਾਲੇ ਮਰਦ-ਔਰਤਾਂ ਨੂੰ ਵੀ ਸੀਜ਼ਨ ਕੰਮ ਲਈ ਅਡਵਾਂਸ ਵਿੱਚ ਟਿਕਟਾਂ ਭੇਜ ਕੇ ਸੱਦਦੇ ਹਨ। ਕਿਰਤੀ ਕਾਮੇ ਦੋਵੇਂ ਥਾਵਾਂ 'ਤੇ ਵੱਧ-ਘੱਟ ਰੂਪ ਵਿੱਚ ਬੇਰੁਜ਼ਗਾਰੀ ਅਤੇ ਲੁੱਟ ਦਾ ਸੰਤਾਪ ਹੰਢਾਉਂਦੇ ਹਨ। ਬਿਹਾਰੀ ਜਾਂ ਹੋਰਨਾਂ ਰਾਜਾਂ ਤੋਂ ਆਏ ਪਰਵਾਸੀ ਮਜ਼ਦੂਰ ਪੰਜਾਬੀ ਕਿਸਾਨੀ-ਮਜ਼ਦੂਰਾਂ ਦੇ ਦੁਸ਼ਮਣ ਨਹੀਂ ਹਨ, ਸਗੋਂ ਤਿੱਖੀ ਲੁੱਟ ਅਤੇ ਜਬਰ ਦਾ ਸ਼ਿਕਾਰ ਹਨ। ਇਸ ਦੀ ਤਾਜ਼ਾ ਇੱਕ ਮਿਸਾਲ ਹੀ ਕਾਫੀ ਹੈ ਕਿ ਤਾਮਿਲਨਾਡੂ ਵਿੱਚ ਬਿਹਾਰ ਦੇ ਪਰਵਾਸੀ ਮਜ਼ਦੂਰਾਂ ਖਿਲਾਫ ਭਾਜਪਾ ਦੇ ਇੱਕ ਬਲੌਗਰ ਵੱਲੋਂ ਝੂਠੀ ਪੋਸਟ ਪਾ ਕੇ ਬਿਹਾਰੀ ਮਜ਼ਦੂਰਾਂ ਨੂੰ ਮੁਜਰਮ ਬਣਾ ਕੇ ਪੇਸ਼ ਕਰਨ ਨਾਲ ਹਜ਼ਾਰਾਂ ਮਜ਼ਦੂਰਾਂ ਨੂੰ ਉਜਾੜੇ ਦੇ ਮੂੰਹ ਧੱਕ ਦਿੱਤਾ। ਜਦਕਿ ਹਕੀਕਤ ਵਿੱਚ ਅਜਿਹਾ ਕੁੱਝ ਵੀ ਨਹੀਂ ਵਾਪਰਿਆ।

ਅਜਿਹਾ ਨਹੀਂ ਕਿ ਪਰਵਾਸੀ ਮਜ਼ਦੂਰਾਂ ਦਾ ਕੋਈ ਮਸਲਾ ਨਹੀਂ, ਸਗੋਂ ਇੱਕ ਵੱਡਾ ਮਸਲਾ ਹੈ ਕਿ ਰੁਜ਼ਗਾਰ ਵਿਹੂਣੇ ਮਸ਼ੀਨੀਕਰਨ ਦੇ ਤੇਜ਼ੀ ਨਾਲ ਪੈਰ ਪਸਾਰਨ ਕਰਕੇ ਬੇਰੁਜ਼ਗਾਰੀ ਵਿੱਚ ਅਥਾਹ ਵਾਧਾ ਹੋ ਰਿਹਾ ਹੈ। ਹੁਣ ਤਾਂ ਬਨਾਵਟੀ ਬੌਧਿਕਤਾ (ਆਰਟੀਫਿਸ਼ਲ ਇੰਟੈਲੀਜੈਂਸ) ਕਾਰਨ ਬੇਰੁਜ਼ਗਾਰੀ ਦੇ ਸੰਕਟ ਦਾ ਹੋਰ ਵੀ ਵਿਕਰਾਲ ਰੂਪ ਸਾਹਮਣੇ ਆਵੇਗਾ, ਜਿਸ ਕਾਰਨ ਪੰਜਾਬ ਦੇ ਮਜ਼ਦੂਰਾਂ ਦੇ ਗੈਰ-ਜਥੇਬੰਦ ਅਤੇ ਚੇਤਨਾ ਦਾ ਪੱਧਰ ਨੀਵਾਂ ਹੋਣ ਕਰਕੇ ਉਹ ਇਸ ਬਿਮਾਰੀ ਦੀ ਜੜ੍ਹ ਨੂੰ ਸਮਝਣ ਤੋਂ ਅਸਮਰੱਥ ਹਨ। ਉਨ੍ਹਾਂ ਦੀ ਨਫਰਤ ਦੀ ਸਾਣ ਨੂੰ ਪਰਵਾਸੀ ਮਜ਼ਦੂਰਾਂ ਪ੍ਰਤੀ ਨਫਰਤ ਦੀ ਥਾਂ ਪਰਵਾਸ ਦੀ ਅਸਲ ਜੜ੍ਹ ਦੇ ਜ਼ਿੰਮੇਵਾਰ ਇਸ ਜਾਬਰ ਅਤੇ ਲੁਟੇਰੇ ਰਾਜ ਪ੍ਰਬੰਧ ਦੇ ਖਾਤਮੇ ਵੱਲ ਸੇਧਤ ਕਰਨ ਦੀ ਚੇਤੰਨ ਕੋਸ਼ਿਸ਼ਾਂ ਕਰਨ ਦੀ ਵੱਡੀ ਲੋੜ ਹੈ।

*# ਸੰਪਰਕ : 84275-11770*

# ਕੁਦਰਤੀ ਆਫਤਾਂ ਸਮੇਂ ਭਾਈਚਾਰਕ ਸਾਂਝ ਜ਼ਰੂਰੀ



ਡਾ. ਬਿਹਾਰੀ ਮੰਡੇਰ

ਪੰਜਾਬ ਦਾ ਕਿਸਾਨ ਤਾਂ ਸ਼ੁਰੂ ਤੋਂ ਹੀ ਧਰਮ ਦੀ ਕਿਆਰੀ ਬੀਜਦਾ ਰਿਹਾ ਹੈ। ਬੀਜ ਦਾ ਛੱਟਾ ਦੇਣ ਵੇਲੇ ਹੀ ਉਹ ਹਾਲੀ ਪਾਲੀ ਦੇ, ਚਿੜੀ ਜਨੌਰ ਦੇ ਭਾਗਾਂ ਦਾ ਅੰਨ ਉਗਾਉਣ ਦੀ ਅਰਜੋਈ ਕਰਦਾ ਹੈ। ਪੰਜਾਬ ਗੁਰੂਆਂ-ਪੀਰਾਂ ਦੀ ਧਰਤੀ ਹੈ। ਸਾਡੇ ਗੁਰੂਆਂ-ਪੀਰਾਂ ਅਤੇ ਸ਼ਹੀਦਾਂ ਦੀ ਜੀਵਨ-ਜਾਚ ਅਤੇ ਕੁਰਬਾਨੀਆਂ ਦਾ ਜਜ਼ਬਾ ਸਾਡੀ ਵਿਰਾਸਤ ਹੈ। ਪੰਜਾਬ ਦਾ ਵਸੇਬਾ ਕੋਈ ਸੌਖਾ ਨਹੀਂ ਹੋਇਆ। ਲੰਮਾ ਸਮਾਂ ਪੰਜਾਬ ਦਾ ਖਿੱਤਾ ਉਥਲ-ਪੁਥਲ ਵਾਲਾ ਰਿਹਾ ਹੈ। ਜਿਸ ਦੌਰਾਨ ਪੰਜਾਬ ਨੇ ਬੜੇ ਸੰਕਟ, ਦੁਸ਼ਵਾਰੀਆਂ, ਮੁਸੀਬਤਾਂ, ਭੁੱਖਾਂ, ਤੇਹਾਂ ਜਰੀਆਂ ਹਨ। ਇਸ ਤਰ੍ਹਾਂ ਕਿਸੇ ਦਰਪੇਸ਼ ਸੰਕਟ ਸਮੇਂ ਇਕੱਠੇ ਹੋ ਕੇ ਉਸ ਦਾ ਸਾਹਮਣਾ ਕਰਨਾ ਪੰਜਾਬ ਨੂੰ ਆਉਂਦਾ ਹੈ।

ਕਿਸੇ ਦਰਪੇਸ਼ ਸਥਿਤੀ ਸੰਕਟ ਸਮੇਂ ਪੰਜਾਬ ਦੀ ਲੋਕਾਈ ਦੇ ਵਿਰਸੇ ਦੀ ਤਸਵੀਰ ਸਾਨੂੰ ਸਪੱਸ਼ਟ ਦਿਖਣ ਲਗਦੀ ਹੈ। ਕਿਸਾਨ ਅੰਦੋਲਨ ਇਸ ਦੀ ਪ੍ਰਤੱਖ ਉਦਾਹਰਨ ਹੈ। ਤਾਜ਼ਾ ਮਿਸਾਲ ਇਸ ਸਮੇਂ ਆਏ ਹੜ੍ਹ ਹਨ । ਹੜ੍ਹ ਪੀੜਤਾਂ ਦੀ ਸਹਾਇਤਾ ਲਈ ਪੰਜਾਬ ਦੇ ਲੋਕਾਂ ਦੀ ਭਾਵਨਾ ਬੇਮਿਸਾਲ ਹੈ। ਬੇਸ਼ੱਕ ਹੜ੍ਹ ਕੁਦਰਤੀ ਵਰਤਾਰਾ ਹੈ ਅਤੇ ਇਹ ਦੁਨੀਆ ਦੇ ਸਾਰੇ ਦੇਸ਼ਾਂ ਵਿੱਚ ਵਾਪਰਦਾ ਹੈ । ਇਸ ਨੂੰ ਪੂਰੀ ਤਰ੍ਹਾਂ ਰੋਕਿਆ ਨਹੀਂ ਜਾ ਸਕਦਾ, ਪਰ ਆਧੁਨਿਕ ਤਕਨੀਕਾਂ ਨਾਲ ਇਸ ਨੂੰ ਦਿਸ਼ਾਬੱਧ ਕਰਕੇ ਹੋਣ ਵਾਲੇ ਜਾਨੀ ਅਤੇ ਮਾਲੀ ਨੁਕਸਾਨ ਨੂੰ ਘਟਾਇਆ ਜਾ ਸਕਦਾ ਹੈ। ਕਈ ਦੇਸ਼ਾਂ ਨੇ ਇਹ ਕੀਤਾ ਵੀ ਹੈ। ਇਸ ਤਰ੍ਹਾਂ ਉਹਨਾਂ ਦੇਸ਼ਾਂ ਨੇ ਹੜ੍ਹ ਤੋਂ ਹੋਣ ਵਾਲੇ ਨੁਕਸਾਨਾਂ ਤੋਂ ਆਪਣੇ-ਆਪ ਨੂੰ ਕਾਫੀ ਸੁਰੱਖਿਅਤ ਕਰ ਲਿਆ ਹੈ। ਫਿਰ ਵੀ ਗਾਹੇ-ਬਗਾਹੇ ਹੜ੍ਹਾਂ ਨਾਲ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿਚ ਹੋਏ ਨੁਕਸਾਨ ਦੀਆਂ ਖਬਰਾਂ ਆਉਂਦੀਆਂ ਹੀ ਰਹਿੰਦੀਆਂ ਹਨ। ਪੰਜਾਬ ਵਿੱਚ 1988 ਅਤੇ 1993 ਦੇ ਸਾਲ ਵੀ ਖਤਰਨਾਕ ਹੜ੍ਹ ਆਏ। ਇਹਨਾਂ ਹੜ੍ਹਾਂ ਨੂੰ ਮੈਂ ਹੱਡੀਂ ਹੰਢਾਇਆ ਹੈ। ਇਕ ਸਰਕਾਰੀ ਮੁਲਾਜ਼ਮ ਹੋਣ ਦੀ ਸੂਰਤ ਵਿੱਚ ਚੌਵੀ ਘੰਟੇ ਦੀ ਐਮਰਜੈਂਸੀ ਡਿਊਟੀ ਕੀਤੀ। ਇਸ ਸਾਲ ਪੰਜਾਬ ਵਿੱਚ ਬਰਸਾਤ ਵੀ ਬਹੁਤ ਜ਼ਿਆਦਾ ਹੋਈ ਸੀ। ਇਸ ਵਾਰ ਉਸ ਸਮੇਂ ਦੇ ਮੁਕਾਬਲਤਨ ਬਰਸਾਤ ਬਹੁਤ ਘੱਟ ਹੈ। ਮੇਰੀ ਡਿਊਟੀ ਮੂਨਕ ਏਰੀਏ ਦੇ ਪਿੰਡਾਂ ਮੰਡਵੀ, ਚਾਂਦੂ, ਬਾਓਪੁਰ, ਥੇੜੀ, ਘਮੂਰਘਾਟ, ਅਨਦਾਨਾ ਆਦਿ ਵਿੱਚ ਸੀ। ਮੁਸੀਬਤਾਂ ਮਾਰੇ ਲੋਕਾਂ ਨਾਲ ਰਹਿ ਕੇ ਉਹਨਾਂ ਨੂੰ ਦਰਪੇਸ਼ ਮੁਸ਼ਕਲ, ਮੁਸੀਬਤਾਂ ਦਾ ਅਹਿਸਾਸ ਹੋਇਆ। ਹੜ੍ਹ ਦੀ ਸਥਿਤੀ ਵਿੱਚ ਲੋਕਾਂ ਵਿੱਚ ਆਪਸੀ ਵੈਰ-ਵਿਰੋਧ ਦੀ ਭਾਵਨਾ ਨਹੀਂ ਰਹਿੰਦੀ। ਮੈਨੂੰ ਕੀ ਦੀ ਭਾਵਨਾ ਵੀ ਖਤਮ ਹੋ ਜਾਂਦੀ ਹੈ, ਕਿਉਂਕਿ ਕਿਸੇ ਵੀ ਵੇਲੇ, ਕਿਸੇ ਦਾ ਵੀ ਕਿਹੋ ਜਿਹਾ ਵੀ ਨੁਕਸਾਨ ਹੋ ਸਕਦਾ ਹੈ। ਪੂਰੇ ਦਾ ਪੂਰਾ ਪਿੰਡ ਇੱਕ ਸੂਤਰ ਵਿਚ ਪਰੋਇਆ ਜਾਂਦਾ ਹੈ। ਸਭ ਰਲ ਕੇ ਨਿਰਸਵਾਰਥ ਭਾਵਨਾ ਨਾਲ ਕੰਮ ਕਰਦੇ ਹਨ। ਨੌਜਵਾਨ ਦੂਜਿਆਂ ਦੀ ਮਦਦ ਕਰਨ ਵੇਲੇ ਕਈ ਵਾਰ ਖਤਰੇ ਵੀ ਸਹੇੜ ਲੈਂਦੇ ਹਨ ਅਤੇ ਆਪਣੀ ਜਾਨ ਦੀ ਬਾਜ਼ੀ ਲਗਾ ਦਿੰਦੇ ਹਨ। ਸਰਕਾਰੀ ਸਹਾਇਤਾ ਅਕਸਰ ਲੇਟ ਹੀ ਪਹੁੰਚਦੀ ਹੈ । ਲੋਕ ਆਪਣੇ ਸਾਧਨਾਂ ਨਾਲ ਸਥਿਤੀ ਦਾ ਸਾਹਮਣਾ ਕਰਦੇ ਹਨ। ਹੜ੍ਹ ਦੀ ਮਾਰ ਤੋਂ ਬਚੇ ਪਿੰਡ ਹੜ੍ਹ ਮਾਰੇ ਪਿੰਡਾਂ ਦੀ ਪੂਰੀ ਮਦਦ ਕਰਦੇ ਹਨ। ਹੜ੍ਹ ਮੌਕੇ ਤਾਂ ਫਿਰ ਵੀ ਕੁਝ ਸਹਾਇਤਾ ਮਿਲ ਜਾਂਦੀ ਹੈ, ਪਰ ਹੜ੍ਹਾਂ ਤੋਂ ਬਾਅਦ ਦੀ ਸਥਿਤੀ ਵੀ ਕੋਈ ਸੁਖਾਵੀਂ ਨਹੀਂ ਹੁੰਦੀ। ਹੜ੍ਹ ਦੀ ਮਾਰ ਤੋਂ ਬਾਅਦ ਜ਼ਿੰਦਗੀ ਨੂੰ ਲੀਹ 'ਤੇ ਲਿਆਉਣ ਲਈ ਜੋ ਜਫਰ ਜਾਲਣੇ ਪੈਂਦੇ ਹਨ, ਉਹ ਹੀ ਜਾਣਦੇ ਹਨ। ਭਾਈਚਾਰਕ ਸਾਂਝ ਨਾਲ ਹੀ ਜ਼ਿੰਦਗੀ ਲੀਹੇ ਪੈਂਦੀ ਹੈ। 1993 ਦੇ ਹੜ੍ਹ ਦੌਰਾਨ ਮਾਨਸਾ ਜ਼ਿਲ੍ਹੇ ਦੇ ਬੁਢਲਾਡਾ ਹਲਕੇ ਦੇ ਪਿੰਡਾਂ ਕੁਲਰੀਆਂ, ਨਵਾਂ ਗਾਂਵ, ਚੱਕ, ਭਾਵਾਂ, ਰੰਘੜਿਆਲ, ਬੀਰੇ ਵਾਲਾ ਡੋਗਰਾ ਆਦਿ ਪਿੰਡਾਂ ਵਿਚ ਡਿਊਟੀ ਕੀਤੀ। ਇਸ ਸਮੇਂ ਸਭ ਤੋਂ ਵੱਧ ਬੀਰੇ ਵਾਲਾ ਡੋਗਰਾ ਪਿੰਡ ਪ੍ਰਭਾਵਤ ਸੀ। ਉਸ ਦਾ ਆਪਣੇ ਆਲੇ-ਦੁਆਲੇ ਤੋਂ ਲਿੰਕ ਕੱਟਿਆ ਹੋਇਆ ਸੀ। ਸਾਰੇ ਪਿੰਡ ਵਿੱਚ ਪਾਣੀ ਫਿਰ ਚੁੱਕਾ ਸੀ। ਫੌਜ ਰਾਹਤ ਕਾਰਜਾਂ ਲਈ ਪਹੁੰਚ ਚੁੱਕੀ ਸੀ। ਸਾਨੂੰ ਹੜ੍ਹ ਦੀ ਡਿਊਟੀ ਵਾਲੇ ਬੰਦਿਆਂ ਨੂੰ ਫੌਜ ਦੀ ਕਿਸ਼ਤੀ ਵਿੱਚ ਲਿਜਾਇਆ ਗਿਆ। ਸਾਰੇ ਪਿੰਡ ਨੂੰ ਭਾਖੜਾ ਨਹਿਰ ਦੀ ਪਟੜੀ ਉਪਰ ਸੁਰੱਖਿਅਤ ਕੀਤਾ ਗਿਆ ਸੀ । ਇੰਨਾ ਕੁਝ ਹੋਣ ਦੇ ਬਾਵਜੂਦ ਪਤਾ ਨਹੀਂ ਲੋਕ ਕਿੱਥੋਂ ਕਿੱਥੋਂ ਸਹਾਇਤਾ ਲਈ ਆ ਰਹੇ ਸਨ। ਮੈਨੂੰ ਉਸ ਸਮੇਂ ਹੈਰਾਨੀ ਅਤੇ ਖੁਸ਼ੀ ਹੋਈ ਜਦੋਂ ਸਾਡੇ ਮੇਰੇ ਪਿੰਡ ਮੰਡੇਰ ਤੋਂ ਵੀ ਹਰੇ ਚਾਰੇ ਦੀ ਭਰੀ ਟਰਾਲੀ ਉਥੇ ਪਹੁੰਚ ਗਈ। ਸੱਚਮੁੱਚ ਮਦਦਗਾਰ ਲੋਕ ਸਲੂਟ ਦੇ ਹੱਕਦਾਰ ਹਨ। ਇਸ ਵਾਰ ਬੇਸ਼ੱਕ ਪੰਜਾਬ ਵਿੱਚ ਬਰਸਾਤ ਘੱਟ ਹੈ, ਪਰ ਹੜ੍ਹ ਦੀ ਮਾਰ ਜ਼ਿਆਦਾ ਹੈ। ਅੱਜ-ਕੱਲ੍ਹ ਸੋਸ਼ਲ ਮੀਡੀਏ ਦਾ ਜ਼ਮਾਨਾ ਹੈ। ਹੜ੍ਹ ਦੀ ਮਾਰ ਦੀਆਂ ਖਬਰਾਂ ਸਾਡੇ ਕੋਲ ਜਲਦੀ ਪਹੁੰਚਦੀਆਂ ਹਨ । ਸੋਸ਼ਲ ਮੀਡੀਆ ਲੋਕਾਂ ਨੂੰ ਜਲਦੀ ਸਹਾਇਤਾ ਪਹੁੰਚਾਉਣ ਵਿੱਚ ਵੀ ਸਹਾਈ ਹੋ ਰਿਹਾ ਹੈ। ਸਰਕਾਰ ਨੂੰ ਵੀ ਲੋਕ ਹੁਣ ਸਵਾਲ ਕਰਨ ਲੱਗੇ ਹਨ। ਬੇਸ਼ੱਕ ਕੁਦਰਤੀ ਆਫਤਾਂ ਨੂੰ ਅਸੀਂ ਆਉਣ ਤੋਂ ਰੋਕ ਨਹੀਂ ਸਕਦੇ, ਪਰ ਅਗਾਊਂ ਪੇਸ਼ਬੰਦੀਆਂ ਕਰਕੇ ਅਸੀਂ ਜਾਨ ਮਾਲ ਨੂੰ ਹੋਣ ਵਾਲੇ ਨੁਕਸਾਨਾਂ ਨੂੰ ਘੱਟ ਜ਼ਰੂਰ ਕਰ ਸਕਦੇ ਹਾਂ। ਆਮ ਆਦਮੀ ਦੀ ਸਰਕਾਰ ਦਾ ਅਕਸਰ ਇਹ ਬਹਾਨਾ ਹੁੰਦਾ ਹੈ ਕਿ ਸਾਨੂੰ ਅਜਿਹਾ ਤਜਰਬਾ ਨਹੀਂ ਹੋਇਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਜੀ ਤੁਸੀਂ ਹੁਣ ਹੜ੍ਹਾਂ ਦਾ ਤਜਰਬਾ ਹੰਢਾ ਰਹੇ ਹੋ। ਹੁਣ ਇਹ ਤੁਹਾਡਾ ਫਰਜ਼ ਬਣਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਅਜਿਹੀਆਂ ਪੇਸ਼ਬੰਦੀਆਂ ਕਰੋ ਕਿ ਪੰਜਾਬ ਦੇ ਲੋਕਾਂ ਨੂੰ ਇਹੋ ਜਿਹੀਆਂ ਸਥਿਤੀਆਂ ਦਾ ਸਾਹਮਣਾ ਨਾ ਕਰਨਾ ਪਵੇ।

ਸਦਕੇ ਜਾਈਏ ਪੰਜਾਬ ਦੇ ਜਾਇਆਂ ਦੇ, ਜਿਸ ਰਫਤਾਰ ਨਾਲ ਹੜ੍ਹ ਦਾ ਪਾਣੀ ਫੈਲ ਰਿਹਾ ਹੈ, ਉਸੇ ਰਫਤਾਰ ਨਾਲ ਲੋਕ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਆ ਰਹੇ ਹਨ । ਇਹ ਪੰਜਾਬ ਵਿੱਚ ਹੀ ਹੋ ਸਕਦਾ ਹੈ ਕਿ ਹੜ੍ਹ ਵਿੱਚ ਘਿਰੇ ਹੋਣ ਦੇ ਬਾਵਜੂਦ ਕੋਈ ਵੀ ਭੁੱਖਾ ਨਾ ਸੌਂਵੇਂ। ਸ਼ਾਲਾ! ਮੇਰਾ ਸੁਖੀ ਵਸੇ ਪੰਜਾਬ।

*# ਸੰਪਰਕ : 98144-65017*

# ਭਾਰਤ 'ਚ ਖੇਤੀ ਦੀਆਂ ਜਨਮ-ਜਾਤ ਸਮੱਸਿਆਵਾਂ ਤੇ ਹੱਲ



ਕਰਮ ਬਰਸਟ

ਭਾਰਤ ਇੱਕ ਖੇਤੀ ਅਧਾਰਤ ਅਰਥ-ਵਿਵਸਥਾ ਹੈ। ਭਾਰਤ ਦੀ ਲੱਗਭੱਗ 65% ਖੇਤੀ ਬਰਸਾਤਾਂ ਉੱਪਰ ਅਤੇ ਅੱਧੀ ਤੋਂ ਵੱਧ ਆਬਾਦੀ ਖੇਤੀਬਾੜੀ 'ਤੇ ਨਿਰਭਰ ਕਰਦੀ ਹੈ। ਅੰਕੜਿਆਂ ਦੇ ਅਨੁਸਾਰ ਇਸ ਵਿਚ ਸੰਨ 2021 ਤੱਕ 15.2 ਕਰੋੜ ਦੇ ਕਰੀਬ ਕਿਰਤੀ ਲੱਗੇ ਹੋਏ ਸਨ । ਇਸ ਕਰਕੇ ਬਹੁਤੀ ਘੱਟ ਜਾਂ ਬਹੁਤ ਜ਼ਿਆਦਾ ਬਾਰਸ਼ ਹਮੇਸ਼ਾ ਹੀ ਕਿਸਾਨਾਂ ਲਈ ਮੁਸੀਬਤ ਦਾ ਕਾਰਨ ਸਾਬਤ ਹੁੰਦੀ ਹੈ। ਅਜਿਹੇ ਮੌਕਿਆਂ 'ਤੇ ਸਰਕਾਰ ਉੱਪਰ ਕਿਸਾਨ ਵਿਰੋਧੀ ਹੋਣ ਦੇ ਇਲਜ਼ਾਮ ਲੱਗਦੇ ਹਨ, ਜੋ ਕਿ ਇਕ ਹੱਦ ਤੱਕ ਸਹੀ ਵੀ ਹਨ, ਕਿਉਂਕਿ ਵੱਖ-ਵੱਖ ਸਰਕਾਰਾਂ ਨੇ ਅਜ਼ਾਦੀ ਦੀ ਪੌਣੀ ਸਦੀ ਬੀਤਣ ਬਾਅਦ ਵੀ ਹੜ੍ਹਾਂ ਦੇ ਪਾਣੀ ਦੀ ਨਿਕਾਸੀ ਨੂੰ ਅਤੇ ਦੂਜੇ ਪਾਸੇ ਦਰਿਆਈ ਪਾਣੀਆਂ ਦੀ ਸੁਯੋਗ ਵਰਤੋਂ ਨੂੰ ਯਕੀਨੀ ਨਹੀਂ ਬਣਾਇਆ। ਉੱਨਤ ਖੇਤੀ ਵਾਲੇ ਹਿੱਸੇ ਉੱਤਰੀ ਭਾਰਤ ਖਾਸ ਕਰਕੇ ਪੰਜਾਬ ਅਤੇ ਹਰਿਆਣਾ ਅੰਦਰ ਇਸ ਸਾਲ ਵੀ ਕੁਝ ਅਜਿਹਾ ਹੀ ਵਾਪਰਿਆ ਹੈ ਕਿ ਖਰਾਬ ਮੌਸਮ ਹੁੰਦਿਆਂ ਹੀ ਪੇਂਡੂ ਆਰਥਿਕਤਾ ਸੰਕਟ ਦੇ ਇੱਕ ਨਵੇਂ ਗੇੜ ਵਿੱਚ ਫਸ ਗਈ ਹੈ ।

ਭਾਰਤ ਜਾਂ ਮੌਜੂਦਾ ਸਮੇਂ ਲਈ ਖੇਤੀ ਨੀਤੀ 'ਤੇ ਬਹਿਸ ਕਿਸੇ ਵੀ ਤਰ੍ਹਾਂ ਵਿਲੱਖਣ ਨਹੀਂ ਹੈ । ਇਸ ਬਹਿਸ ਦੀ ਸ਼ੁਰੂਆਤ ਸਨਾਤਨੀ ਸਿਆਸੀ ਆਰਥਿਕਤਾ ਦੇ ਸਿਧਾਂਤ ਨਾਲ ਜੁੜੀ ਹੋਈ ਹੈ। ਅਨੇਕਾਂ ਅਰਥ ਸ਼ਾਸਤਰੀਆਂ ਦੇ ਮੁਤਾਬਕ ਜ਼ਮੀਨ ਦੀ ਜਮ੍ਹਾਂਬੰਦੀ ਖੇਤੀ ਵਿਕਾਸ ਦੇ ਮੁੱਖ ਕਾਰਕਾਂ ਵਿੱਚੋਂ ਇੱਕ ਸੀ। ਇੰਗਲੈਂਡ ਅੰਦਰ ਖੇਤੀ ਪੈਦਾਵਾਰ ਵਿੱਚ ਹੋਇਆ ਅਥਾਹ ਵਾਧਾ ਤੀਜੀ ਦੁਨੀਆ ਦੇ ਦੇਸ਼ਾਂ ਲਈ ਇਸ ਮਾਡਲ ਨੂੰ ਅਪਨਾਉਣ ਲਈ ਮਿਸਾਲ ਬਣ ਗਿਆ ਸੀ । ਇਸ ਬਹਿਸ ਦੇ ਬਾਵਜੂਦ ਕਿ ਇਹ ਵਾਧਾ ਖੇਤੀਬਾੜੀ ਕ੍ਰਾਂਤੀ ਦੇ ਯੋਗ ਸੀ ਜਾਂ ਨਹੀਂ, ਇਹ ਇੱਕ ਤੱਥ ਹੈ ਕਿ ਇਸ ਨੇ ਖੇਤੀ ਸੈਕਟਰ ਵਿੱਚੋਂ ਕਾਮਿਆਂ ਦੀ ਨਿਕਾਸੀ ਕਰਨ ਦੇ ਨਾਲ-ਨਾਲ ਇੰਗਲੈਂਡ ਦੀ ਸਨਅਤੀ ਕ੍ਰਾਂਤੀ ਲਈ ਬੇਸ਼ੁਮਾਰ ਕਿਰਤ ਸ਼ਕਤੀ ਪ੍ਰਦਾਨ ਕੀਤੀ ਸੀ। ਬਸਤੀਵਾਦੀ ਸਮੇਂ ਦੌਰਾਨ ਖੇਤੀਬਾੜੀ ਬਸਤੀਆਂ ਦੀ ਲੁੱਟ ਦਾ ਇੱਕ ਮਹੱਤਵਪੂਰਨ ਸਾਧਨ ਬਣ ਗਈ ਸੀ ।ਅਕਾਲ ਪੈਣਾ ਆਮ ਹੋ ਗਿਆ ਸੀ ।ਆਇਰਲੈਂਡ ਤੋਂ ਲੈ ਕੇ ਇੰਗਲੈਂਡ ਦੀ ਪਹਿਲੀ ਬਸਤੀ ਭਾਰਤ ਤੱਕ, ਵਿਕਟੋਰੀਅਨ ਸਾਮਰਾਜ ਨੇ ਜਬਰੀ ਟੈਕਸ ਵਸੂਲੀਆਂ ਨਾਲ ਕਿਸਾਨਾਂ ਨੂੰ ਕੰਗਾਲੀ ਵੱਲ ਧੱਕ ਦਿੱਤਾ ਸੀ ।ਉਸ ਨੇ ਜ਼ਮੀਨੀ ਲਗਾਨ ਦੀ ਦਹਿਸ਼ਤ ਪਾ ਰੱਖੀ ਸੀ, ਜਿਸ ਦੇ ਸਿੱਟੇ ਵਜੋਂ ਕਿਸਾਨ ਸ਼ਾਹੂਕਾਰਾਂ ਦੇ ਚੁੰਗਲ ਵਿਚ ਫਸਣ ਲਈ ਮਜਬੂਰ ਸਨ । ਇਹ ਕੋਈ ਹੈਰਾਨੀ ਦੀ ਗੱਲ ਨਹੀਂ ਕਿ ਪੰਜਾਬ ਵਰਗੇ ਖਿੱਤਿਆਂ ਅੰਦਰ 'ਪਗੜੀ ਸੰਭਾਲ ਜੱਟਾ' ਵਰਗੀਆਂ ਲਹਿਰਾਂ ਉੱਠੀਆਂ ਅਤੇ ਕਿਸਾਨ ਭਾਰਤ ਦੇ ਅਜ਼ਾਦੀ ਸੰਗਰਾਮ ਦਾ ਇੱਕ ਮਹੱਤਵਪੂਰਨ ਅੰਗ ਬਣ ਗਏ ਸਨ ।ਬਿਨਾਂ ਸ਼ੱਕ ਉਨ੍ਹਾਂ ਦੀਆਂ ਰੀਝਾਂ ਆਪਣੇ ਜੀਵਨ ਪੱਧਰ ਵਿੱਚ ਸੁਧਾਰ ਕਰਨ ਦੀਆਂ ਸਨ, ਪਰ ਇਹ ਵੀ ਸੱਚ ਹੈ ਕਿ ਆਜ਼ਾਦ ਭਾਰਤ ਵਿੱਚ ਉਹਨਾਂ ਦੀਆਂ ਇਹ ਇੱਛਾਵਾਂ ਪੂਰੀ ਤਰ੍ਹਾਂ ਸਾਕਾਰ ਨਹੀਂ ਹੋਈਆਂ। ਹਾਲਾਂਕਿ ਕਿਸਾਨਾਂ ਦੀ ਖੇਤੀ ਆਮਦਨ ਵਿੱਚ ਵਾਧਾ ਹੋਇਆ ਹੈ, ਪਰ ਖੇਤੀ ਸੈਕਟਰ ਬਾਕੀ ਦੇ ਅਰਥਚਾਰੇ ਨਾਲੋਂ ਪਛੜ ਗਿਆ ਹੈ।

ਬੇਸ਼ੱਕ ਪਿਛਲੇ ਦਹਾਕੇ ਵਿੱਚ ਪੇਂਡੂ ਸੈਕਟਰ ਵਿੱਚ ਕੁਝ ਸੁਧਾਰ ਹੋਇਆ ਹੈ, ਪਰ ਇਹ ਭਾਰਤ ਦੇ ਪੇਂਡੂ-ਸ਼ਹਿਰੀ ਪਾੜੇ ਨੂੰ ਮੁੰਦਣ ਲਈ ਕਾਫੀ ਨਹੀਂ ਹੈ, ਜਦੋਂਕਿ 1993-94 ਅਤੇ 2004-05 ਦਰਮਿਆਨ ਪੇਂਡੂ ਮਾਸਿਕ ਪ੍ਰਤੀ ਵਿਅਕਤੀ ਖਰਚਾ ਬਹੁਤ ਹੀ ਘੱਟ ਭਾਵ 0.8% ਦੀ ਸਾਲਾਨਾ ਦਰ ਨਾਲ ਵਧਿਆ ਸੀ । ਇਸ ਤੋਂ ਪੇਂਡੂ ਅਰਥਚਾਰੇ ਦੇ ਧੀਮੇ ਆਰਥਿਕ ਵਿਕਾਸ ਦੀ ਕਨਸੋਅ ਮਿਲਦੀ ਹੈ । ਬੇਸ਼ੱਕ ਇਸ ਅੰਦਰ 2004-05 ਅਤੇ 2011-12 (1987-88 ਦੀਆਂ ਨਿਰੰਤਰ ਕੀਮਤਾਂ 'ਤੇ) ਦੇ ਵਿਚਕਾਰ ਇੱਕ ਸਾਲ ਵਿੱਚ 3.3% ਦੀ ਕਾਫੀ ਵਾਧਾ ਨੋਟ ਕੀਤਾ ਗਿਆ ਸੀ, ਪਰ ਫਿਰ ਵੀ ਪਿੰਡਾਂ ਦੇ ਮੁਕਾਬਲੇ ਸ਼ਹਿਰੀ ਆਮਦਨ ਤੇਜ਼ੀ ਨਾਲ ਵਧੀ ਹੈ ਅਤੇ ਇਸ ਸਮੇਂ ਦੌਰਾਨ ਪੇਂਡੂ ਅਤੇ ਸ਼ਹਿਰੀ ਖਪਤ ਵਿੱਚ ਵੱਡਾ ਪਾੜਾ ਨੋਟ ਕੀਤਾ ਗਿਆ ਸੀ।

ਜਗੀਰਦਾਰ ਬਨਾਮ ਮੁਜ਼ਾਰਾ ਪ੍ਰਣਾਲੀ ਦੇ ਪ੍ਰਬੰਧ ਅਧੀਨ ਠੇਕੇ 'ਤੇ ਜ਼ਮੀਨ ਨੂੰ ਯਕੀਨੀ ਬਣਾਉਣ ਲਈ ਸਾਰੀਆਂ ਪੈਦਾਵਾਰੀ ਲਾਗਤਾਂ ਕਿਸਾਨ ਵੱਲੋਂ ਓਟੀਆਂ ਜਾਂਦੀਆਂ ਹਨ । ਗੈਰ-ਹਾਜ਼ਰ ਭੂਮੀ-ਪਤੀ ਜੋ ਅਕਸਰ ਸਿਆਸੀ ਨੇਤਾ, ਨੌਕਰਸ਼ਾਹ ਅਤੇ ਸਰਕਾਰੀ ਮੁਲਾਜ਼ਮ ਹੁੰਦੇ ਹਨ, ਵਾਹੀਕਾਰਾਂ ਦੀ ਜ਼ਮੀਨ ਪ੍ਰਤੀ ਭੁੱਖ ਨੂੰ ਦੇਖਦੇ ਹੋਏ ਜ਼ਮੀਨਾਂ ਦੇ ਠੇਕੇ ਘੱਟ ਨਹੀਂ ਹੋਣ ਦੇ ਰਹੇ । ਪੰਜਾਬ ਵਰਗੇ ਸੂਬਿਆਂ ਅੰਦਰ ਮੁਫਤ ਬਿਜਲੀ ਮਿਲਣ ਕਰਕੇ ਵੀ ਜ਼ਮੀਨਾਂ ਦੇ ਲਗਾਨ ਵਧਦੇ ਹੀ ਜਾ ਰਹੇ ਹਨ। ਇਸ ਕਰਕੇ ਖੇਤੀ ਰਿਆਇਤਾਂ ਦਾ ਲਾਭ ਵੀ ਕੇਵਲ ਗੈਰ-ਹਾਜ਼ਰ ਸਰਮਾਏਦਾਰਾ-ਭੂਮੀ-ਪਤੀਆਂ ਨੂੰ ਮਿਲ ਰਿਹਾ ਹੈ, ਪਰ ਵਾਹੀਕਾਰ ਕੋਲ ਪੂੰਜੀ ਨਿਵੇਸ਼ ਲਈ ਪੈਸਾ ਨਾ ਹੋਣ ਕਾਰਨ ਖੇਤੀ ਪੈਦਾਵਾਰ ਬੁਰੇ ਰੁਖ ਪ੍ਰਭਾਵਤ ਹੋ ਰਹੀ ਹੈ । ਭੂਮੀ-ਪਤੀ ਵੀ ਖੇਤੀ ਵਿੱਚ ਪੂੰਜੀ ਨਿਵੇਸ਼ ਕਰਨਾ ਨਹੀਂ ਚਾਹੁੰਦੇ, ਕਿਉਂਕਿ ਉਹਨਾਂ ਨੂੰ ਆਪਣੇ-ਆਪ ਹੀ ਮਨਮਰਜ਼ੀ ਦਾ ਲਗਾਨ ਮਿਲ ਰਿਹਾ ਹੈ। ਉਹ ਆਪਣੇ ਮੁਨਾਫਿਆਂ ਨੂੰ ਸੂਦਖੋਰੀ ਵਿੱਚ ਲਾਉਣ ਲਈ ਰੁਚਿਤ ਹਨ, ਕਿਉਂਕਿ ਇਸ ਵਿੱਚੋਂ ਡੇਢ ਤੋਂ ਦੋ ਫੀਸਦੀ ਪ੍ਰਤੀ ਮਹੀਨੇ ਦਾ ਸੂਦ ਅਰਾਮ ਨਾਲ ਹੀ ਮਿਲ ਜਾਂਦਾ ਹੈ। ਪੂੰਜੀ ਨਿਵੇਸ਼ ਨਾ ਹੋਣ ਕਰਕੇ ਖੇਤੀ ਸੈਕਟਰ ਖੜੋਤ ਦੀ ਹਾਲਤ ਵਿੱਚ ਚੱਲਿਆ ਗਿਆ ਹੈ।

ਹਰੇ ਇਨਕਲਾਬ ਦੀ ਰਣਨੀਤੀ, ਜੋ ਕਿ ਸਟੇਟ ਵੱਲੋਂ ਨਵੀਂ ਤਕਨਾਲੋਜੀ, ਸਬਸਿਡੀ ਵਾਲੀਆਂ ਲਾਗਤਾਂ ਅਤੇ ਫਸਲ ਦੇ ਭਾਅ ਦੀ ਗਾਰੰਟੀ ਦਾ ਸੁਮੇਲ ਕਰਕੇ ਤਿਆਰ ਕੀਤੀ ਗਈ ਸੀ, ਦੀਆਂ ਆਪਣੀਆਂ ਸੀਮਤਾਈਆਂ ਸਨ। 'ਕੈਂਬਰਿਜ ਜਰਨਲ ਆਫ ਇਕਨਾਮਿਕਸ' ਵਿੱਚ ਪ੍ਰਕਾਸ਼ਤ ਇੱਕ ਪੇਪਰ ਵਿੱਚ ਅਮਿਤਵ ਕ੍ਰਿਸ਼ਨ ਦੱਤ, ਜੋ ਕਿ ਨੋਟਰ ਡੇਮ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਦੇ ਪ੍ਰੋਫੈਸਰ ਹਨ, ਨੇ ਨਿਸ਼ਾਨਦੇਹੀ ਕੀਤੀ ਸੀ ਕਿ ਖੇਤੀਬਾੜੀ ਦੇ ਵਿਕਾਸ ਲਈ ਇੱਕ ਮਹੱਤਵਪੂਰਨ ਰੁਕਾਵਟ ਸਰਕਾਰ ਵੱਲੋਂ ਪੂੰਜੀ ਨਿਵੇਸ਼ ਨਾ ਕਰਨਾ ਹੈ।

ਹਰੇ ਇਨਕਲਾਬ ਦੀ ਰਣਨੀਤੀ ਨੇ ਹੋਰ ਸਮੱਸਿਆਵਾਂ ਵੀ ਪੈਦਾ ਕੀਤੀਆਂ ਹਨ । ਪੰਜਾਬ ਵਰਗੇ ਖਿੱਤਿਆਂ ਵਿੱਚ ਝੋਨੇ ਦੀ ਪੱਕੀ ਖਰੀਦ ਕਰਨ ਨਾਲ ਕਈ ਸਮੱਸਿਆਵਾਂ, ਜਿਵੇਂ ਕਿ ਪਾਣੀ ਦਾ ਪੱਧਰ ਘਟਣਾ, ਖਾਦਾਂ ਅਤੇ ਕੀੜੇਮਾਰ ਦਵਾਈਆਂ ਦੀ ਗੈਰ-ਵਿਗਿਆਨਕ ਵਰਤੋਂ ਨਾਲ ਜ਼ਮੀਨੀ ਪਾਣੀ ਦਾ ਦੂਸ਼ਿਤ ਹੋਣਾ ਅਤੇ ਨਾੜ ਸਾੜਨ ਨਾਲ ਪ੍ਰਦੂਸ਼ਨ ਪੈਦਾ ਹੋਣ ਵਰਗੀਆਂ ਅਲਾਮਤਾਂ ਪੈਦਾ ਹੋਈਆਂ ਹਨ । ਇਸ ਦੇ ਨਾਲ ਹੀ ਖਾਦ ਸਬਸਿਡੀ ਪ੍ਰਣਾਲੀ ਨੇ ਲੋੜੀਂਦੇ ਫਾਇਦੇ ਨਾਲੋਂ ਗੰਭੀਰ ਵਿਗਾੜ ਪੈਦਾ ਕੀਤਾ ਹੈ । ਵਿਕਾਸਸ਼ੀਲ ਅਰਥ-ਵਿਵਸਥਾਵਾਂ ਵਿੱਚ ਸਨਅਤੀਕਰਨ ਨੂੰ ਰਾਜਕੀ ਹੁਲਾਰਾ ਦੇਣ ਲਈ ਸੋਵੀਅਤ ਤਜਰਬੇ ਤੋਂ ਪ੍ਰੇਰਿਤ ਹੋ ਕੇ ਉਦਯੋਗਾਂ ਨੂੰ ਭਾਰੀ ਸੁਰੱਖਿਆ ਦਿੱਤੀ ਗਈ, ਪਰ ਅਜਿਹੀ ਸੁਰੱਖਿਆ ਅਸਲ ਵਿੱਚ ਖੇਤੀਬਾੜੀ ਉੱਤੇ ਟੈਕਸ ਸੀ, ਭਾਵ ਖੇਤੀ ਵਿੱਚੋਂ ਅਸਿੱਧੇ ਟੈਕਸਾਂ ਰਾਹੀਂ ਮੁਨਾਫੇ ਬਟੋਰ ਕੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਏ ਗਏ।

ਇਸ ਦੇ ਉਲਟ ਵਿਕਸਤ ਦੇਸ਼ਾਂ ਨੇ ਆਪਣੇ ਖੇਤੀ ਸੈਕਟਰ ਨੂੰ ਬੇਸ਼ੁਮਾਰ ਸਬਸਿਡੀਆਂ ਦੇ ਕੇ ਵਿਸ਼ਵ ਵਪਾਰ ਸੰਗਠਨ ਦੀਆਂ ਨੀਤੀਆਂ ਨੂੰ ਪੈਰਾਂ ਹੇਠ ਮਧੋਲ ਕੇ ਅਵਿਕਸਤ ਦੇਸ਼ਾਂ ਦੇ ਗਲ 'ਚ ਅੰਗੂਠਾ ਦੇਈ ਰੱਖਿਆ। ਅਵਿਕਸਤ ਤੇ ਵਿਕਾਸਸ਼ੀਲ ਦੇਸ਼ਾਂ ਦੀਆਂ ਸਰਕਾਰਾਂ ਨੇ ਸੰਗਠਨ ਦੇ ਦਬਾਅ ਹੇਠ ਆ ਕੇ ਇਹੋ ਜਿਹੇ ਕਾਨੂੰਨ ਤੇ ਨੀਤੀਆਂ ਬਣਾਉਣੀਆਂ ਸ਼ੁਰੂ ਕਰ ਦਿੱਤੀਆਂ, ਜੋ ਕਿਸਾਨਾਂ ਦੇ ਵਿਰੋਧ ਵਿੱਚ ਭੁਗਤਦੀਆਂ ਸਨ।

ਅੰਤਰ-ਰਾਸ਼ਟਰੀ ਤੌਰ 'ਤੇ ਮਾਮਲੇ ਬਹੁਤੇ ਵੱਖਰੇ ਨਹੀਂ ਹਨ । ਪਿਛਲੇ ਸਾਲ ਭੋਜਨ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਖੇਤੀਬਾੜੀ ਵਿੱਚ ਖੁੱਲ੍ਹੀ ਮੰਡੀ ਦੇ ਪੈਰੋਕਾਰ ਲੋਕਾਂ ਦਾ ਜੋਸ਼ ਵੀ ਮੱਠਾ ਪਾ ਦਿੱਤਾ ਹੈ ।ਅੰਤਰ-ਰਾਸ਼ਟਰੀ ਭੋਜਨ ਦੀਆਂ ਕੀਮਤਾਂ ਗੁੰਝਲਦਾਰ ਵਿੱਤੀ ਪ੍ਰਣਾਲੀਆਂ, ਜਿਵੇਂ ਕਿ ਵਾਅਦਾ (ਫਿਊਚਰਜ਼) ਬਜ਼ਾਰਾਂ ਵਿੱਚ ਡੂੰਘੀਆਂ ਉਲਝੀਆਂ ਹੋਈਆਂ ਹਨ। ਵਿਕਸਤ ਅਤੇ ਵਿਕਾਸਸ਼ੀਲ ਦੋਵਾਂ ਦੇਸ਼ਾਂ ਵਿੱਚ ਹੀ ਸਵਾਲ ਉੱਠ ਰਹੇ ਹਨ ਕਿ ਕੀਮਤਾਂ ਅੰਦਰਲੇ ਵਖਰੇਵੇਂ ਸੱਟਾ ਬਜ਼ਾਰੀ ਦਾ ਨਤੀਜਾ ਹਨ ਜਾਂ ਅਸਲ ਵਿਚ ਮੰਗ ਅਤੇ ਪੂਰਤੀ ਦੀ ਬੇਮੇਲਤਾ ਦਾ ਪ੍ਰਤੀਬਿੰਬ ਹਨ ?

ਖੁਰਾਕ ਸੰਬੰਧੀ ਸੰਯੁਕਤ ਰਾਸ਼ਟਰ ਦੇ ਵਿਸ਼ੇਸ਼ ਰਿਪੋਰਟਰ ਦੀਆਂ ਵੱਖ-ਵੱਖ ਰਿਪੋਰਟਾਂ ਨੇ ਭੋਜਨ ਅਤੇ ਖੇਤੀ ਨੀਤੀ ਅੰਦਰ ਰਾਜਕੀ ਦਖਲ ਦੀ ਮਹੱਤਤਾ ਨੂੰ ਚਿੰਨਤ ਕੀਤਾ ਹੋਇਆ ਹੈ।

(● ਬਾਕੀ ਸਫ਼ਾ 9 'ਤੇ)

# ਲੋਹਗੜ੍ਹ ਸਕੂਲ 'ਚ ਖਾਲੀ ਪਈਆਂ ਅਸਾਮੀਆਂ ਵਿਰੁੱਧ ਮਾਪਿਆਂ ਤੇ ਵਿਦਿਆਰਥੀਆਂ ਵੱਲੋਂ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਲੋਹਗੜ੍ਹ (ਬਰਨਾਲਾ) ਦੇ ਸਰਕਾਰੀ ਐਲੀਮੈਂਟਰੀ ਸਕੂਲ 'ਚ ਪਿਛਲੇ ਕਈ ਸਾਲਾਂ ਤੋਂ ਅਧਿਆਪਕਾਂ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਪੂਰਾ ਕਰਵਾਉਣ ਵਾਸਤੇ ਚੱਲ ਰਹੇ ਸੰਘਰਸ਼ ਤਹਿਤ ਅੱਜ ਲੋਕ ਅਧਿਕਾਰ ਲਹਿਰ ਅਤੇ ਮੈਂ ਪੰਜਾਬੀ ਮੰਚ ਦੇ ਸੂਬਾ ਆਗੂ ਹਰਜੀਤ ਸਿੰਘ ਖਿਆਲੀ ਦੀ ਅਗਵਾਈ 'ਚ ਮਾਪਿਆਂ ਅਤੇ ਵਿਦਿਆਰਥੀਆਂ ਵੱਲੋਂ ਸਕੂਲ ਕੰਪਲੈਕਸ ਅੰਦਰ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸੀ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਨੇ ਕਿਹਾ ਕਿ ਸੂਬੇ ਦੇ ਬਜਟ ਦਾ ਵੱਡਾ ਹਿੱਸਾ ਸਿਹਤ ਅਤੇ ਸਿੱਖਿਆ ਉੱਪਰ ਖ਼ਰਚਣ ਦਾ ਦਾਅਵਾ ਕਰਨ ਵਾਲੀ 'ਆਪ' ਸਰਕਾਰ ਡੇਢ ਸਾਲਾਂ ਦੇ ਕਾਰਜਕਾਲ ਦੌਰਾਨ ਹਸਪਤਾਲਾਂ 'ਚ ਡਾਕਟਰ ਅਤੇ ਸਕੂਲਾਂ 'ਚ ਅਧਿਆਪਕ ਦੇਣ 'ਚ ਬੁਰੀ ਤਰ੍ਹਾਂ ਨਾਲ ਅਸਫ਼ਲ ਸਾਬਤ ਹੋਈ ਹੈ। ਆਗੂ ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਸਿਰਫ਼ ਸੋਸ਼ਲ ਮੀਡੀਆ ਅਤੇ ਇਸ਼ਤਿਹਾਰਬਾਜ਼ੀ ਦੇ ਸਿਰ 'ਤੇ ਚਲਾ ਰਹੀ ਹੈ, ਜਦਕਿ ਸਰਕਾਰ ਵੱਲੋਂ ਪੰਜਾਬ 'ਚ ਕੀਤੇ ਜਾ ਰਹੇ ਕੰਮਾਂ ਦੇ ਦਾਅਵੇ ਸਚਾਈ ਤੋਂ ਕੋਹਾਂ ਦੂਰ ਹਨ। ਸੱਤਾਧਾਰੀ ਧਿਰ ਦੇ ਆਗੂਆਂ ਵੱਲੋਂ ਲੋਕਾਂ ਦੀਆਂ ਬੁਨਿਆਦੀ ਲੋੜਾਂ ਦਾ ਪ੍ਰਬੰਧ ਕਰਵਾਉਣ ਦੀ ਥਾਂ ਹੱਕ ਮੰਗਦੇ ਲੋਕਾਂ ਨੂੰ ਦਬਾਉਣ ਵਾਸਤੇ ਤਰ੍ਹਾਂ ਤਰ੍ਹਾਂ ਦੇ ਹੱਥਕੰਡੇ ਅਪਣਾਏ ਜਾ ਰਹੇ ਹਨ। ਨੌਜਵਾਨ ਆਗੂ ਹਰਪ੍ਰੀਤ ਸਿੰਘ ਛੀਨੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬੜੀਆਂ ਆਸਾਂ ਉਮੀਦਾਂ ਨਾਲ ਰਵਾਇਤੀ ਰਾਜਨੀਤਕ ਪਾਰਟੀਆਂ ਨੂੰ ਪਾਸੇ ਕਰ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਇਸ ਪਾਰਟੀ ਦੇ ਆਗੂਆਂ ਨੇ ਵੀ ਆਪਣੇ ਕਾਰਜ ਕਾਲ ਦੌਰਾਨ ਲੋਕਾਂ ਦਾ ਕੱਖ ਨਹੀਂ ਸੰਵਾਰਿਆ। ਇਸ ਮੌਕੇ ਮਾਪਿਆਂ ਅਤੇ ਵਿਦਿਆਰਥੀਆਂ ਨੇ ਖਾਲੀ ਅਸਾਮੀਆਂ ਦੇ ਰੋਸ ਵਜੋਂ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਵਿਦਿਆਰਥੀਆਂ ਦੇ ਭਵਿੱਖ ਨੂੰ ਬਚਾਉਣ ਲਈ ਖਾਲੀ ਪਈਆਂ ਅਸਾਮੀਆਂ ਤੁਰੰਤ ਭਰਨ ਦੀ ਮੰਗ ਕੀਤੀ। ਇਸ ਮੌਕੇ ਦਲਵੀਰ ਸਿੰਘ, ਮੇਲਾ ਸਿੰਘ, ਰਾਜਵਿੰਦਰ ਕੌਰ, ਸੋਹਣ ਸਿੰਘ, ਅਜਾਇਬ ਸਿੰਘ ਹਰਦਾਸਪੁਰਾ, ਅਵਤਾਰ ਸਿੰਘ ਚੀਮਾ, ਏਕਮ ਸਿੰਘ, ਅੰਮ੍ਰਿਤ ਸਿੰਘ ਦਿਹੜ, ਇਕਬਾਲ ਸਿੰਘ ਭੋਲਾ, ਬਲਜੀਤ ਸਿੰਘ ਬਿੱਲੂ, ਭੋਲਾ ਸਿੰਘ ਚੁੰਬਰ, ਜੱਸਾ ਸਿੰਘ, ਪਵਨਦੀਪ ਸਿੰਘ, ਮਹਿੰਦਰ ਸਿੰਘ, ਗਗਨਦੀਪ ਸਿੰਘ, ਜਸਬੀਰ ਸਿੰਘ ਜੱਸਾ, ਹਰਵਿੰਦਰ ਸਿੰਘ ਪਿੰਦੂ, ਮਨਜੀਤ ਕੌਰ, ਪ੍ਰੀਤ ਕੌਰ, ਰਮਨਦੀਪ ਕੌਰ, ਨਿਰਮਲ ਸਿੰਘ, ਕੁਲਦੀਪ ਸਿੰਘ, ਪ੍ਰੇਮਜੀਤ ਸਿੰਘ, ਪਰਮਜੀਤ ਸਿੰਘ ਕਾਕਾ, ਸਤਨਾਮ ਸਿੰਘ ਸੱਤੀ, ਯਾਦਵਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਸਿੱਖਿਆ ਦਫ਼ਤਰ ਵੱਲੋਂ ਪੁੱਜੇ ਮੁੱਖ ਅਧਿਆਪਕ ਕੁਲਦੀਪ ਸਿੰਘ ਕਮਲ ਨੇ ਮਾਪਿਆਂ ਨੂੰ ਲਿਖਤੀ ਰੂਪ 'ਚ ਯਕੀਨ ਦੁਆਇਆ ਕਿ ਇਕ ਹਫ਼ਤੇ ਦੇ ਅੰਦਰ-ਅੰਦਰ ਹਿਸਾਬ ਅਤੇ ਸਾਇੰਸ ਦੇ ਅਧਿਆਪਕ ਭੇਜ ਦਿੱਤੇ ਜਾਣਗੇ।

# ਕੌਂਸਲਰਾਂ ਵੱਲੋਂ ਨਗਰ ਕੌਂਸਲ ਪ੍ਰਧਾਨ 'ਤੇ ਵਿਕਾਸ ਕਾਰਜ ਨਾ ਕਰਵਾਉਣ ਦੇ ਦੋਸ਼

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅਤਰੀ)**-ਸਥਾਨਕ ਨਗਰ ਕੌਂਸਲ ਦਫਤਰ ਵਿਖੇ ਮੀਟਿੰਗ ਤੋਂ ਬਾਅਦ ਵਿਰੋਧੀ ਧਿਰ ਦੇ ਕੌਂਸਲਰਾਂ ਨੇ ਨਗਰ ਕੌਂਸਲ ਪ੍ਰਧਾਨ ਤੇ ਕਸਬੇ 'ਚ ਵਿਕਾਸ ਕਾਰਜ ਨਾ ਕਰਵਾਉਣ ਦੇ ਦੋਸ਼ ਲਗਾਏ ਹਨ। ਨਗਰ ਕੌਂਸਲ ਦੀ ਸਾਬਕਾ ਪ੍ਰਧਾਨ ਤੇ ਕੌਂਸਲਰ ਰੀਤੂ ਗੋਇਲ, ਕੌਂਸਲਰ ਨਸੀਬ ਕੌਰ ਚੋਟੀਆਂ ਸਾਬਕਾ ਮੀਤ ਪ੍ਰਧਾਨ, ਕੌਂਸਲਰ ਬਲਵਿੰਦਰ ਸਿੰਘ ਸਿੱਧੂ, ਸੁਕਰਪਾਲ ਸਿੰਘ ਬਟੂਹਾ, ਬਲਜਿੰਦਰ ਕੌਰ, ਜਸਪ੍ਰੀਤ ਕੌਰ ਤੋਂ ਇਲਾਵਾ ਬੀ ਜੇ ਪੀ ਦੇ ਮੰਡਲ ਪ੍ਰਧਾਨ ਵਿਜੈ ਕੁਮਾਰ ਗੋਇਲ, ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਚੋਟੀਆਂ, ਡਾ. ਬਲਵੰਤ ਸਿੰਘ ਗੁੰਮਟੀ ਨੇ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਵੱਲੋਂ ਲੌਂਗੋਵਾਲ ਦੇ ਵਿਕਾਸ ਲਈ ਟੈਂਡਰ ਹੀ ਨਹੀਂ ਲਗਵਾਏ ਜਾ ਰਹੇ ਅਤੇ ਜੋ ਟੈਂਡਰ ਪਿਛਲੇ ਪ੍ਰਧਾਨ ਵੱਲੋਂ ਪਾਸ ਕੀਤੇ ਹੋਏ ਹਨ ਉਨ੍ਹਾਂ ਦੇ ਕੰਮ ਨੂੰ ਚਾਲੂ ਨਹੀਂ ਕੀਤਾ ਜਾ ਰਿਹਾ। ਸਫਾਈ ਦਾ ਬੁਰਾ ਹਾਲ ਹੈ, ਲਗਭਗ ਸਾਰੀਆਂ ਸਟਰੀਟ ਲਾਈਟਾਂ ਕਾਫੀ ਸਮੇਂ ਤੋਂ ਬੰਦ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਮੀਟਿੰਗ ਦੌਰਾਨ ਸਾਰੇ ਕੌਂਸਲਰਾਂ ਤੋਂ ਖਾਲੀ ਪ੍ਰਸੀਡਿੰਗ 'ਤੇ ਦਸਤਖਤ ਕਰਵਾ ਲਏ ਜਾਂਦੇ ਹਨ। ਜੋ ਕਿ ਨਿਯਮਾਂ ਦੇ ਬਿਲਕੁੱਲ ਉਲਟ ਹੈ ਅਤੇ ਕਸਬੇ ਦੀ ਪੱਤੀ ਦੁਲੱਟ ਵਿਖੇ ਸਥਿਤ ਟੋਭੇ ਵਿੱਚ ਲੌਂਗੋਵਾਲ ਦਾ ਸਾਰਾ ਕੂੜਾ ਕਰਕਟ ਸੁੱਟ ਕੇ ਉਸ ਨੂੰ ਬੰਦ ਕੀਤਾ ਜਾ ਰਿਹਾ ਹੈ। ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਨੇ ਕਿਹਾ ਕਿ ਜੋ ਟੈਂਡਰ ਪਾਸ ਹੋਏ ਹਨ ਉਨ੍ਹਾਂ ਦਾ ਕੰਮ ਜਲਦੀ ਸ਼ੁਰੂ ਹੋ ਰਿਹਾ ਹੈ ਅਤੇ ਨਵੇਂ ਟੈਂਡਰ ਵੀ ਪਾਏ ਜਾ ਰਹੇ ਹਨ, ਸਾਡੇ ਵੱਲੋਂ ਕਿਸੇ ਵੀ ਕੌਂਸਲਰ ਤੋਂ ਬਿਨਾਂ ਪ੍ਰਸੀਡਿੰਗ ਲਿਖੇ ਪਹਿਲਾਂ ਦਸਤਖਤ ਨਹੀਂ ਕਰਵਾਏ ਜਾਂਦੇ। ਵਿਰੋਧੀ ਧਿਰ ਦੇ ਕੌਂਸਲਰਾਂ ਦੇ ਇਹ ਦੋਸ਼ ਬਿਲਕੁਲ ਝੂਠੇ ਅਤੇ ਬੇਬੁਨਿਆਦ ਹਨ। ਉਨ੍ਹਾਂ ਕਿਹਾ ਕਿ ਦੁਲੱਟ ਪੱਤੀ ਦੇ ਟੋਭੇ ਨੂੰ ਭਰਿਆ ਨਹੀਂ ਸਗੋਂ ਸਾਫ ਕੀਤਾ ਜਾ ਰਿਹਾ ਹੈ। ਕਈ ਦਿਨਾਂ ਤੋਂ ਮੋਟਰਾਂ ਲਗਾ ਕੇ ਗੰਦਾ ਪਾਣੀ ਬਾਹਰ ਕੱਢਿਆ ਜਾ ਰਿਹਾ ਹੈ ਤਾਂ ਜੋ ਆਉਣ ਵਾਲੇ ਬਰਸਾਤਾਂ ਦੇ ਦਿਨਾਂ ਵਿੱਚ ਪੱਤੀ ਦੁੱਲਟ ਦੇ ਵਾਸੀਆਂ ਨੂੰ ਕੋਈ ਪਰੇਸ਼ਾਨੀ ਨਾ ਆਵੇ। ਉਨ੍ਹਾਂ ਕਿਹਾ ਕਿ ਇੱਕ ਦੋ ਦਿਨ ਪਹਿਲਾਂ ਕਸਬੇ ਦੀਆਂ ਸਟ੍ਰੀਟ ਲਾਈਟਾਂ ਜੈਂਪਰ ਖਰਾਬ ਹੋਣ ਕਾਰਨ ਬੰਦ ਹੋ ਗਈਆ ਸਨ, ਜਿਨ੍ਹਾਂ ਨੂੰ ਅੱਜ ਮੁਰੰਮਤ ਕਰਵਾ ਕੇ ਜਲਦੀ ਚਾਲੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਅਸੀਂ ਕਸਬੇ ਦੇ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਹਾਂ।

# ਜੰਗਲਾਤ ਵਿਭਾਗ ਦੇ ਡੇਲੀਵੇਜ ਕਰਮਚਾਰੀਆਂ ਵੱਲੋਂ ਤਨਖਾਹਾਂ ਨਾ ਮਿਲਣ 'ਤੇ ਰੋਸ ਪ੍ਰਦਰਸ਼ਨ



**ਸੰਗਰੂਰ (ਪ੍ਰਵੀਨ ਸਿੰਘ)**-ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਸੰਗਰੂਰ ਵੱਲੋਂ ਮੇਲਾ ਸਿੰਘ ਪੁੰਨਾਂਵਾਲ, ਨਾਜਰ ਸਿੰਘ ਈਸੜਾ ਦੀ ਪ੍ਰਧਾਨਗੀ ਹੇਠ ਜੰਗਲਾਤ ਵਿਭਾਗ ਦੇ ਦਫਤਰ ਅੱਗੇ ਚਾਰ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਰਕੇ ਵਿਸ਼ਾਲ ਧਰਨਾ ਤੇ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕਰਮਚਾਰੀਆਂ ਨੂੰ ਪਿਛਲੇ ਤਿੰਨ, ਚਾਰ ਮਹੀਨੇ ਤੋਂ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ। ਜਿਸ ਕਰਕੇ ਕਰਮਚਾਰੀਆਂ ਨੂੰ ਪਰਵਾਰਾਂ ਦਾ ਗੁਜ਼ਾਰਾ ਕਰਨਾ ਮੁਸ਼ਕਲ ਹੋ ਰਿਹਾ ਹੈ। ਰੈਲੀ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਜਨਰਲ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਨੇ ਕਿਹਾ ਕਿ ਜਥੇਬੰਦੀ ਦੇ ਧਿਆਨ ਵਿੱਚ ਆਇਆ ਹੈ ਕਿ ਪ੍ਰਧਾਨ ਮੁੱਖ ਵਣਪਾਲ ਵੱਲੋਂ ਖਜ਼ਾਨਾ ਅਫਸਰ ਸੰਗਰੂਰ ਨੂੰ ਭੇਜੇ ਈ ਮੇਲ ਸੰਦੇਸ਼ ਰਾਹੀਂ ਲਿਖਿਆ ਗਿਆ ਹੈ ਕਿ ਵਣ ਮੰਡਲ ਅਫਸਰ ਸੰਗਰੂਰ ਦੇ ਦਸਤਖਤਾਂ ਵਾਲੇ ਬਿੱਲਾਂ ਨੂੰ ਕੰਸੀਡਰ ਨਾ ਕੀਤਾ ਜਾਵੇ ਅਤੇ ਇਸ ਮੰਡਲ ਦੇ ਬਿਲ ਹੋਲਡ ਕਰ ਦਿੱਤੇ ਜਾਣ, ਜਿਸ ਕਾਰਨ ਵਣ ਮੰਡਲ ਸੰਗਰੂਰ ਅਧੀਨ ਡਿਊਟੀ ਕਰਦੇ ਕਰਮਚਾਰੀਆਂ ਨੂੰ ਚਾਰ ਮਹੀਨੇ ਤੋਂ ਤਨਖਾਹਾਂ ਦੀ ਅਦਾਇਗੀ ਨਹੀਂ ਹੋ ਰਹੀ, ਤਨਖਾਹਾਂ ਨਾ ਮਿਲਣ ਕਾਰਨ ਗਰੀਬ ਕਰਮਚਾਰੀ ਅੰਤਾਂ ਦੀ ਮਾੜੀ ਆਰਥਿਕ ਸਥਿਤੀ ਵਿੱਚ ਗੁਜਰਨ ਕਾਰਨ ਭੁੱਖਮਰੀ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਸੂਬਾਈ ਮੁਲਾਜ਼ਮ ਆਗੂ ਨੇ ਕਿਹਾ ਕਿ ਜੇਕਰ ਜਲਦੀ ਰੋਕੀਆਂ ਤਨਖਾਹਾਂ ਜਾਰੀ ਨਾ ਕੀਤੀਆਂ ਤਾਂ ਮੁੱਖ ਵਣਪਾਲ ਦਫਤਰ ਮੋਹਾਲੀ ਅੱਗੇ ਜਲਦੀ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ । ਇਸ ਮੌਕੇ ਸੀਤਾ ਰਾਮ ਸ਼ਰਮਾ ਪ੍ਰਧਾਨ ਜ਼ਿਲ੍ਹਾ ਫੈਡਰੇਸ਼ਨ, ਜਗਦੀਸ਼ ਬੇਦੀ, ਇੰਦਰ ਸ਼ਰਮਾ, ਕੇਵਲ ਸਿੰਘ ਗੁੱਜਰਾਂ, ਗੁਰਮੀਤ ਸਿੰਘ ਮਿੱਡਾ, ਗਮਧੂਰ ਸਿੰਘ, ਗੁਰਜੰਟ ਸਿੰਘ ਬੁਗਰਾ, ਰਾਜੂ ਮੰਡੀਬੋਰਡ, ਗੁਰਮੀਤ ਸਿੰਘ ਘਨੌਰ ਨੇ ਰੋਸ ਰੈਲੀ ਨੂੰ ਸੰਬੋਧਨ ਕੀਤਾ।

# ਮਹਿਲਾ ਕਰਮਚਾਰੀ ਨੂੰ ਅੱਪਸ਼ਬਦ ਬੋਲਣ ਵਿਰੁੱਧ ਇਨਸਾਫ ਦੀ ਕੀਤੀ ਮੰਗ

**ਲੁਧਿਆਣਾ (ਐਮ ਐਸ ਭਾਟੀਆ, ਰੈਕਟਰ ਕਥੂਰੀਆ)**

ਬੀਤੇ ਦਿਨੀਂ ਇੱਕ ਸ਼ਰਾਰਤੀ ਅਨਸਰ ਦੁਆਰਾ ਮੰਡਲ ਦਫ਼ਤਰ ਅੱਡਾ ਦਾਖਾ ਦੇ ਅਹਾਤੇ ਅੰਦਰ ਦਾਖਲ ਹੋ ਕੇ ਮਹਿਲਾ ਕਰਮਚਾਰੀ ਨੂੰ ਭੱਦੀ ਸ਼ਬਦਾਵਲੀ ਵਰਤ ਕੇ ਧਮਕੀਆਂ ਦਿੱਤੀਆਂ। ਜਿਸ ਕਰਕੇ ਦਫ਼ਤਰੀ ਕੰਪਲੈਕਸ ਅੰਦਰ ਡਰ ਦਾ ਮਾਹੌਲ ਪੈਦਾ ਹੋ ਗਿਆ।

ਯੂਨੀਅਨ ਵੱਲੋਂ ਕੀਤੀ ਬੇਨਤੀ ਦੇ ਆਧਾਰ 'ਤੇ ਐਕਸੀਅਨ ਅੱਡਾ ਦਾਖਾ ਨੇ ਮਾਡਲ ਪੁਲਸ ਥਾਣਾ ਮੁਖੀ ਦਾਖਾ ਨੂੰ ਲਿਖਤੀ ਬਿਨੈਪੱਤਰ ਭੇਜ ਕੇ ਸਰਕਾਰੀ ਦਫ਼ਤਰੀ ਕੰਪਲੈਕਸ ਅੰਦਰ ਦਾਖਲ ਹੋ ਕੇ ਮਹਿਲਾ ਕਰਮਚਾਰੀਆਂ ਨਾਲ ਭੱਦੀ ਸ਼ਬਦਾਵਲੀ ਬੋਲਣ ਅਤੇ ਸਰਕਾਰੀ ਕੰਮ ਵਿੱਚ ਦਖ਼ਲ ਅੰਦਾਜ਼ੀ ਕਰਨ ਸੰਬੰਧੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ। ਇਸ ਮੌਕੇ ਪੀ.ਐਸ.ਈ.ਬੀ ਇੰਮ: ਫੈਡਰੇਸ਼ਨ ਏਟਕ ਪੰਜਾਬ ਮੰਡਲ ਯੂਨਿਟ ਅੱਡਾ ਦਾਖਾ ਦੇ ਪ੍ਰਧਾਨ ਗੁਰਮੇਲ ਸਿੰਘ ਬਿਰਕ, ਸਕੱਤਰ ਗੁਰਮਿੰਦਰ ਸਿੰਘ ਹਿੱਸੋਵਾਲ, ਬਲਬੀਰ ਸਿੰਘ ਮਾਨ, ਜਸਮੇਲ ਸਿੰਘ ਮੋਹੀ, ਦਰਸ਼ਪ੍ਰੀਤ ਸਿੰਘ ਬੋਪਾਰਾਏ, ਬਲਵਿੰਦਰ ਸਿੰਘ ਇਯਾਲੀ, ਅਮਰੀਕ ਸਿੰਘ ਤਲਵੰਡੀ, ਜਸਵਿੰਦਰ ਕੌਰ ਦਿਉਲ, ਨਰਿੰਦਰ ਕੁਮਾਰ ਭਨੋਹੜ ਆਦਿ ਨੇ ਮਹਿਲਾ ਕਰਮਚਾਰੀ ਨੂੰ ਅੱਪਸ਼ਬਦ ਬੋਲਣ ਵਾਲੇ ਵਿਅਕਤੀ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਤਾਂ ਕਿ ਅੱਗੇ ਤੋਂ ਕੋਈ ਹੋਰ ਅਜਿਹਾ ਵਰਤਾਉ ਨਾ ਕਰੇ ਤੇ ਦਫਤਰ ਦੇ ਕਰਮਚਾਰੀ ਆਪਣਾ ਕੰਮ ਨਿਰਵਿਘਨ ਕਰ ਸਕਣ।

## ਕਾਤਰਾਂ

### ਹੈਰੋਇਨ ਸਮੇਤ ਨੌਜਵਾਨ ਕੀਤਾ ਕਾਬੂ

**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਲੰਬੀ ਪੁਲਸ ਨੇ ਨੌਜਵਾਨ ਨੂੰ ਹੈਰੋਇਨ ਸਮੇਤ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਲਾਲਬਾਈ ਸੀ ਤਾਂ ਸੂਏ ਦੀ ਕੱਚੀ ਪਟੜੀ 'ਤੇ ਇੱਕ ਮੋਨਾ ਨੌਜਵਾਨ ਲਖਵੀਰ ਸਿੰਘ ਉਰਫ਼ ਲੱਖਾ ਵਾਸੀ ਰਾਏ ਕੇ ਕਲਾਂ ਬੁਲਟ ਮੋਟਰਸਾਈਕਲ 'ਤੇ ਬੈਠਾ ਆਪਣੇ ਹੱਥਾਂ ਵਿਚ ਫੜੇ ਮੋਮੀ ਲਿਫ਼ਾਫ਼ੀ ਦੀ ਫਰੋਲਾ ਫਰਾਲੀ ਕਰ ਰਿਹਾ ਸੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਆਪਣੇ ਹੱਥਾਂ ਵਿਚ ਫੜੀ ਮੋਮੀ ਲਿਫ਼ਾਫ਼ੀ ਨੂੰ ਬੁਲਟ ਦੀ ਸੀਟ 'ਤੇ ਰੱਖ ਕੇ ਖਿਸਕਣ ਲੱਗਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰ ਲਿਆ ਅਤੇ ਮੋਮੀ ਲਿਫ਼ਾਫ਼ੀ ਦੀ ਤਲਾਸ਼ੀ ਲੈਣ ਉਪਰੰਤ ਉਸ ਵਿਚੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਉਕਤ ਨੌਜਵਾਨ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਇੰਜੀ. ਗੁਰਮੀਤ ਸਿੰਘ ਨੇ ਸ਼ਹਿਰੀ ਸਬ-ਡਵੀਜ਼ਨ ਦਾ ਚਾਰਜ ਸੰਭਾਲਿਆ



**ਸਮਰਾਲਾ (ਸੁਰਜੀਤ ਸਿੰਘ)**-ਐਸ ਡੀ ਓ ਇੰਜੀ. ਗੁਰਮੀਤ ਸਿੰਘ ਨੇ ਅੱਜ ਪਾਵਰਕੌਮ ਦੀ ਸ਼ਹਿਰੀ ਸਬ ਡਵੀਜ਼ਨ ਦਾ ਚਾਰਜ ਸੰਭਾਲ ਲਿਆ ਹੈ। ਉਹਨਾਂ ਇਨਫੋਰਸਮੈਂਟ ਖੰਨਾ ਤੋਂ ਤਰੱਕੀ ਹੋਣ ਉਪਰੰਤ ਇਸ ਦਫਤਰ ਵਿਚ ਜੁਆਇਨ ਕੀਤਾ ਹੈ। ਲੰਮੇ ਸਮੇਂ ਤੋਂ ਇਹ ਦਫਤਰ ਐਸ ਡੀ ਓ ਵਿਹੂਣਾ ਚਲਿਆ ਆ ਰਿਹਾ ਸੀ। ਇਸ ਦਫਤਰ ਨੂੰ ਚਲਾਉਣ ਲਈ ਆਰਜ਼ੀ ਤੌਰ 'ਤੇ ਪ੍ਰੀਤ ਸਿੰਘ ਐਸ ਡੀ ਓ ਕਟਾਣੀ ਨੂੰ ਚਾਰਜ ਦਿਤਾ ਹੋਇਆ ਸੀ। ਜੋ ਦੋ ਦਫਤਰਾਂ ਨੂੰ ਇੱਕੋ ਸਮੇਂ ਦੇਖ ਰਹੇ ਸਨ। ਜ਼ਿੰਮੇਵਾਰ ਅਧਿਕਾਰੀ ਦੀ ਅਣਹੋਂਦ ਕਾਰਨ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਕਿਉਂਕਿ ਲੋੜੀਂਦੇ ਦਸਤਾਵੇਜਾਂ ਤੇ ਹਸਤਾਖਰ ਕਰਾਉਣ ਲਈ ਬਿਜਲੀ ਖਪਤਕਾਰਾਂ ਨੂੰ ਕਈ ਵਾਰੀ ਲੰਮੀ ਉਡੀਕ ਕਰਨੀ ਪੈਂਦੀ ਸੀ। ਇੰਜੀ. ਗੁਰਮੀਤ ਸਿੰਘ ਨੇ ਦੱਸਿਆ ਕਿ ਉਹ ਤਨੋ-ਮਨੋ ਬਿਜਲੀ ਖਪਤਕਾਰਾਂ ਦੀ ਸੇਵਾ ਵਿਚ ਹਾਜ਼ਰ ਰਹਿਣਗੇ। ਉਹਨਾਂ ਕਿਹਾ ਕਿ ਪਿੰਡਾਂ ਅਤੇ ਸ਼ਹਿਰ ਵਿਚ ਖਪਤਕਾਰਾਂ ਨੂੰ ਸੁਚੱਜੀ ਬਿਜਲੀ ਸਪਲਾਈ ਮਿਲੇ, ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ।

### ਵੱਡੀ ਮਾਤਰਾ 'ਚ ਪੋਸਤ ਸਮੇਤ ਨੌਜਵਾਨ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਕਬਰਵਾਲਾ ਪੁਲਿਸ ਨੇ ਵੱਡੀ ਮਾਤਰਾ ਪੋਸਤ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਕਬਰਵਾਲਾ ਸੀ ਤਾਂ ਸੜਕ ਦੇ ਕੰਢੇ ਬਣੇ ਯਾਦਗਾਰੀ ਗੇਟ ਕੋਲ ਇੱਕ ਵਿਅਕਤੀ ਸੁੱਖਾ ਸਿੰਘ ਵਾਸੀ ਰਾਏ ਕੇ ਕਲਾਂ (ਬਠਿੰਡਾ) ਬੈਠਾ ਇੱਕ ਥੈਲੇ ਵਿਚੋਂ ਕੱਢ ਕੇ ਕੁੱਝ ਖਾ ਰਿਹਾ ਸੀ ਜੋ ਕਿ ਪੁਲਸ ਪਾਰਟੀ ਨੂੰ ਦੇਖ ਕੇ ਮੌਕੇ ਤੋਂ ਖਿਸਕਣ ਲੱਗਾ ਤਾਂ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਕਾਬੂ ਕਰ ਲਿਆ ਅਤੇ ਉਸ ਦੇ ਹੱਥ ਵਿਚ ਫੜੇ ਥੈਲੇ ਦੀ ਤਲਾਸ਼ੀ ਲੈਣ ਉਪਰੰਤ ਉਸ ਵਿਚੋਂ 3 ਕਿਲੋਗ੍ਰਾਮ ਚੂਰਾ ਪੋਸਤ ਬਰਾਮਦ ਕਰ ਲਿਆ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਕਿਰਾਏਦਾਰ ਦੀ ਪਹਿਚਾਣ ਸੰਬੰਧੀ ਪੂਰੀ ਜਾਂਚ-ਪੜਤਾਲ ਕਰਵਾਉਣ ਦੇ ਹੁਕਮ ਜਾਰੀ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜ਼ਿਲ੍ਹਾ ਮੈਜਿਸਟਰੇਟ ਪਰਨੀਤ ਸ਼ੇਰਗਿੱਲ ਨੇ ਫੌਜਦਾਰੀ ਦੰਡ ਸੰਘਤਾ 1973 ( 2 ਆਫ 1974) ਦੀ ਧਾਰਾ 144 ਅਧੀਨ ਹੁਕਮ ਜਾਰੀ ਕੀਤੇ ਹਨ ਕਿ ਮਕਾਨ ਮਾਲਕ ਜਾਂ ਮਕਾਨ 'ਤੇ ਕਾਬਜ਼ ਵਿਅਕਤੀ ਕਿਸੇ ਵੀ ਵਿਅਕਤੀ ਨੂੰ ਮਕਾਨ ਕਿਰਾਏ 'ਤੇ ਦੇਣ ਤੋਂ ਪਹਿਲਾਂ ਉਸ ਦੀ ਪਹਿਚਾਣ ਸੰਬੰਧੀ ਪੂਰੀ ਜਾਂਚ ਪੜਤਾਲ ਪੁਲਸ ਵਿਭਾਗ ਤੋਂ ਕਰਵਾਈ ਜਾਵੇ ਅਤੇ ਇਸ ਸੰਬੰਧੀ ਸੂਚਨਾ ਸੰਬੰਧਤ ਥਾਣੇ ਵਿੱਚ ਦਰਜ ਕਰਵਾਉਣ ਉਪਰੰਤ ਹੀ ਆਪਣਾ ਮਕਾਨ ਕਿਰਾਏ 'ਤੇ ਦਿੱਤਾ ਜਾਵੇ।

ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਸਮਾਜ ਵਿਰੋਧੀ ਅਨਸਰਾਂ ਵੱਲੋਂ ਮਕਾਨ ਮਾਲਕਾਂ ਤੋਂ ਮਕਾਨ ਕਿਰਾਏ 'ਤੇ ਲੈ ਕੇ ਅਜਿਹੀਆਂ ਕਾਰਵਾਈਆਂ ਕਰਨ ਦਾ ਅੰਦੇਸ਼ਾ ਹੈ ਜਿਨ੍ਹਾਂ ਨਾਲ ਲੋਕਾਂ ਦੀ ਜਾਨ ਮਾਲ ਨੂੰ ਖਤਰਾ ਹੋ ਸਕਦਾ ਹੈ, ਸਰਕਾਰੀ ਅਤੇ ਪ੍ਰਾਈਵੇਟ ਸੰਪਤੀ ਨੂੰ ਨੁਕਸਾਨ ਪਹੁੰਚ ਸਕਦਾ ਹੈ ਅਤੇ ਅਮਨ ਸ਼ਾਂਤੀ ਭੰਗ ਹੋ ਸਕਦੀ ਹੈ। ਇਸ ਲਈ ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਜਾਰੀ ਕੀਤੇ ਮਨਾਹੀ ਦੇ ਇਹ ਹੁਕਮ 19 ਸਤੰਬਰ, 2023 ਤੱਕ ਲਾਗੂ ਰਹਿਣਗੇ।

# ਜੌੜਾਮਾਜਰਾ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ, ਹਰ ਸੰਭਵ ਮਦਦ ਦਾ ਭਰੋਸਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਸਮਾਣਾ ਹਲਕੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਸਰਕਾਰੀ ਅਮਲੇ ਨਾਲ ਪਿੰਡ ਵਜੀਦਪੁਰ, ਜਾਹਲਾਂ, ਬਿਸ਼ਨਪੁਰ ਛੰਨਾ, ਕੌਰਜੀਵਾਲਾ, ਕਲਿਆਣ, ਉਚਾ ਗਾਉਂ, ਇੰਦਰਪੁਰਾ, ਧਰਮਕੋਟ, ਖੇੜੀ ਮਨੀਆ, ਦੁਘਾਟ ਅਤੇ ਦਦਹੇੜਾ ਆਦਿ ਪਿੰਡਾਂ ਦੇ ਦੌਰੇ ਦੌਰਾਨ ਕੈਬਨਿਟ ਮੰਤਰੀ ਨੇ ਹੜ੍ਹਾਂ ਕਾਰਨ ਹੋਏ ਫ਼ਸਲਾਂ ਅਤੇ ਮਾਲੀ ਨੁਕਸਾਨ ਸਣੇ ਹੋਰ ਬੁਨਿਆਦੀ ਢਾਂਚੇ ਨੂੰ ਪੁੱਜੇ ਨੁਕਸਾਨ ਦਾ ਜਾਇਜ਼ਾ ਲਿਆ। ਚੇਤਨ ਸਿੰਘ ਜੌੜਾਮਾਜਰਾ ਨੇ ਨਿੱਜੀ ਤੌਰ 'ਤੇ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲੈਂਦਿਆਂ ਹੜ੍ਹਾਂ ਕਾਰਨ ਲੋਕਾਂ ਨੂੰ ਦਰਪੇਸ਼ ਅਸਲ ਚੁਣੌਤੀਆਂ ਬਾਰੇ ਜਾਣਨ ਲਈ ਪਿੰਡਾਂ ਵਾਸੀਆਂ ਨਾਲ ਗੱਲਬਾਤ ਕੀਤੀ। ਜ਼ਿਕਰਯੋਗ ਹੈ ਕਿ ਇਨ੍ਹਾਂ ਹੜ੍ਹਾਂ ਨੇ ਖੜ੍ਹੀਆਂ ਫਸਲਾਂ, ਪਸ਼ੂਆਂ ਅਤੇ ਘਰਾਂ ਨੂੰ ਕਾਫੀ ਨੁਕਸਾਨ ਪਹੁੰਚਾਇਆ ਹੈ ਜਿਸ ਨਾਲ ਲੋਕ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਦੌਰੇ ਦੌਰਾਨ ਜੌੜਾਮਾਜਰਾ ਨੇ ਪ੍ਰਭਾਵਿਤ ਪਿੰਡ ਵਾਸੀਆਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਪਹਿਲਾਂ ਵੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਜਾਣੂ ਕਰਵਾਇਆ ਹੈ ਅਤੇ ਅਪੀਲ ਕੀਤੀ ਹੈ ਕਿ ਰਾਹਤ ਅਤੇ ਮੁੜ-ਵਸੇਬਾ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ। ਇਸ ਦੌਰਾਨ ਜੌੜਾਮਾਜਰਾ ਨੇ ਕਿਹਾ ਕਿ ਹੜ੍ਹਾਂ ਕਾਰਨ ਇਲਾਕੇ ਦੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਹੋਈ ਹੈ ਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਏਗੀ ਕਿ ਇਸ ਕੁਦਰਤੀ ਆਫਤ ਦੇ ਪ੍ਰਭਾਵ ਨੂੰ ਘੱਟ ਕਰਦਿਆਂ ਪ੍ਰਭਾਵਿਤ ਪਰਵਾਰਾਂ ਨੂੰ ਜਲਦੀ ਤੋਂ ਜਲਦੀ ਲੋੜੀਂਦੀ ਰਾਹਤ ਅਤੇ ਸਹਾਇਤਾ ਪ੍ਰਦਾਨ ਕੀਤੀ ਜਾਵੇ। ਕੈਬਨਿਟ ਮੰਤਰੀ ਜੌੜਾਮਾਜਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਹੜ੍ਹਾਂ ਦੇ ਪਾਣੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਸਮੇਤ ਲੋਕਾਂ ਦੇ ਹੋਰ ਮਾਲੀ ਨੁਕਸਾਨ ਦਾ ਸਹੀ ਮੁਲਾਂਕਣ ਕਰਨ ਲਈ ਤੁਰੰਤ ਵਿਸ਼ੇਸ਼ ਗਿਰਦਾਵਰੀ ਦੇ ਨਿਰਦੇਸ਼ ਦਿੱਤੇ ਹਨ ਜਿਸ ਨਾਲ ਪ੍ਰਭਾਵੀ ਰਾਹਤ ਉਪਾਅ ਤਿਆਰ ਕਰਨ ਸਮੇਤ ਪ੍ਰਭਾਵਿਤ ਕਿਸਾਨਾਂ ਅਤੇ ਵਸਨੀਕਾਂ ਨੂੰ ਤੁਰੰਤ ਸਹਾਇਤਾ ਵੰਡਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਬਣੇ ਸਾਈਫਨਾਂ ਦੇ ਬੰਦ ਹੋਣ ਕਰਕੇ ਪਾਣੀ ਦੇ ਕੁਦਰਤੀ ਵਹਾਅ ਵਿੱਚ ਜਿੱਥੇ ਕਿਤੇ ਰੋਕ ਲੱਗੀ ਹੈ, ਉਹ ਬਹਾਲ ਕਰਕੇ ਲੋੜ ਮੁਤਾਬਕ ਸੜਕਾਂ ਉਤੇ ਨਵੇਂ ਸਾਈਫਨ ਵੀ ਬਣਾਏ ਜਾਣਗੇ ਤਾਂ ਜੋ ਪਾਣੀ ਦੇ ਕੁਦਰਤੀ ਵਹਾਅ ਵਿੱਚ ਰੋਕ ਨਾ ਲੱਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਖੇਤਰ ਦੇ ਮੁੜ-ਵਸੇਬੇ ਲਈ ਹਰ ਲੋੜੀਂਦੀ ਸਹਾਇਤਾ ਅਤੇ ਸਾਧਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਸੂਚਨਾ ਅਤੇ ਲੋਕ ਸੰਪਰਕ ਮੰਤਰੀ ਨੇ ਲੋਕਾਂ ਨੂੰ ਇਸ ਔਖੇ ਸਮੇਂ ਦੌਰਾਨ ਦਲੇਰੀ ਨਾਲ ਕੰਮ ਲੈਣ ਦੀ ਅਪੀਲ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਸਰਕਾਰ ਉਨ੍ਹਾਂ ਦੀ ਜ਼ਿੰਦਗੀ ਨੂੰ ਆਮ ਵਾਂਗ ਬਣਾਉਣ ਲਈ ਅਣਥੱਕ ਮਿਹਨਤ ਕਰ ਰਹੀ ਹੈ। ਇਸ ਮੌਕੇ ਗੁਰਦੇਵ ਸਿੰਘ ਟਿਵਾਣਾ, ਬਲਕਾਰ ਸਿੰਘ ਗੱਜੂਮਾਜਰਾ, ਬਲਕਾਰ ਸਿੰਘ ਰਾਜਗੜ੍ਹ, ਐਸ.ਡੀ.ਐਮ. ਡਾ. ਇਸਮਤ ਵਿਜੇ ਸਿੰਘ, ਨਾਇਬ ਤਹਿਸੀਲਦਾਰ ਪਵਨਦੀਪ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਕਨਿਕਾ ਅਹੂਜਾ ਨੂੰ ਡੀ ਸੀ ਨੇ ਭਾਰਤੀ ਮਹਿਲਾ ਕ੍ਰਿਕਟ ਟੀਮ 'ਚ ਚੁਣੇ ਜਾਣ ਲਈ ਵਧਾਈ ਦਿੱਤੀ



**ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਅੱਜ ਪਟਿਆਲਾ ਦੀ ਧੀ ਅਤੇ ਪ੍ਰਤਿਭਾਸ਼ਾਲੀ ਨੌਜਵਾਨ ਕ੍ਰਿਕਟਰ ਕਨਿਕਾ ਆਹੂਜਾ ਨੂੰ ਚੀਨ ਵਿੱਚ ਹੋਣ ਵਾਲੀਆਂ ਏਸ਼ੀਆਈ ਖੇਡਾਂ ਲਈ ਭਾਰਤੀ ਮਹਿਲਾ ਕ੍ਰਿਕਟ ਟੀਮ ਵਿੱਚ ਚੁਣੇ ਜਾਣ 'ਤੇ ਵਧਾਈ ਦਿੱਤੀ ਹੈ। ਉਨ੍ਹਾਂ ਨੇ ਕਨਿਕਾ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਉਸ ਨੂੰ ਪਟਿਆਲਾ ਦੀਆਂ ਲੜਕੀਆਂ ਲਈ ਚਾਨਣ ਮੁਨਾਰਾ ਦੱਸਿਆ । ਆਰ ਸੀ ਬੀ ਦੀ ਨੁਮਾਇੰਦਗੀ ਕਰਨ ਵਾਲੀ ਮਹਿਲਾ ਪ੍ਰੀਮੀਅਰ ਲੀਗ ਦੀ ਇੱਕ ਉੱਘੀ ਖਿਡਾਰਨ ਅਤੇ ਪਟਿਆਲਾ ਵਾਸੀ ਸੁਰਿੰਦਰ ਕੁਮਾਰ ਦੀ ਧੀ ਕਨਿਕਾ ਆਹੂਜਾ ਪੰਜਾਬ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਵੀ ਹੈ। ਉਹ ਪਟਿਆਲਾ ਦੀ ਕ੍ਰਿਕਟ ਹੱਬ ਅਕੈਡਮੀ ਵਿਖੇ ਕੋਚ ਕਮਲ ਸੰਧੂ ਤੋਂ 2013 ਤੋਂ ਕੋਚਿੰਗ ਪ੍ਰਾਪਤ ਕਰ ਰਹੀ ਹੈ। ਇਸ ਮੌਕੇ ਇਹ ਦੋਵੇਂ ਵੀ ਡਿਪਟੀ ਕਮਿਸ਼ਨਰ ਨੂੰ ਮਿਲਣ ਪੁੱਜੇ ਹੋਏ ਸਨ। ਡਿਪਟੀ ਕਮਿਸਨਰ ਨੇ ਕਨਿਕਾ ਆਹੂਜਾ ਨੂੰ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਕਨਿਕਾ ਦੀ ਭਾਰਤੀ ਕ੍ਰਿਕਟ ਟੀਮ ਵਿੱਚ ਚੋਣ ਪਟਿਆਲਾ ਸ਼ਹਿਰ, ਪੰਜਾਬ ਅਤੇ ਸਮੁੱਚੇ ਦੇਸ਼ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਕਨਿਕਾ ਆਹੂਜਾ ਨੂੰ ਉਸ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਉਹ ਕ੍ਰਿਕਟ ਦੇ ਅੰਤਰਰਾਸ਼ਟਰੀ ਖੇਤਰ ਵਿੱਚ ਉੱਤਮ ਪ੍ਰਦਰਸ਼ਨ ਕਰਨ ਲਈ ਆਪਣੀਆਂ ਯੋਗਤਾਵਾਂ ਦਾ ਬਿਹਤਰ ਪ੍ਰਦਰਸ਼ਨ ਕਰੇਗੀ। ਉਨ੍ਹਾਂ ਉਮੀਦ ਪ੍ਰਗਟਾਈ ਕਿ ਟੀਮ ਇੰਡੀਆ ਸਾਡੇ ਦੇਸ਼ ਲਈ ਸੋਨੇ ਦਾ ਤਗਮਾ ਲੈ ਕੇ ਆਵਗੀ। ਫੋਟੋ ਕੈਪਸਨ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਪਟਿਆਲਾ ਦੀ ਧੀ ਕ੍ਰਿਕਟਰ ਕਨਿਕਾ ਆਹੂਜਾ ਨੂੰ ਚੀਨ ਵਿੱਚ ਹੋਣ ਵਾਲੀਆਂ ਆਗਾਮੀ ਏਸ਼ੀਆਈ ਖੇਡਾਂ ਲਈ ਭਾਰਤੀ ਮਹਿਲਾ ਕ੍ਰਿਕਟ ਟੀਮ ਵਿੱਚ ਚੁਣੇ ਜਾਣ 'ਤੇ ਵਧਾਈ ਦਿੰਦੇ ਹੋਏ। ਨਾਲ ਕਨਿਕਾ ਦੇ ਪਿਤਾ ਸੁਰਿੰਦਰ ਅਹੂਜਾ ਤੇ ਕੋਚ ਕਮਲ ਸੰਧੂ ਵੀ ਨਜ਼ਰ ਆ ਰਹੇ ਹਨ।

# ਅਧਿਆਪਕ ਚੇਤਨਾ ਮੰਚ ਵੱਲੋਂ ਮੈਰਿਟ 'ਚ ਆਈਆਂ ਵਿਦਿਆਰਥਣਾਂ ਦਾ ਵਿਸ਼ੇਸ਼ ਸਨਮਾਨ



**ਸਮਰਾਲਾ (ਸੁਰਜੀਤ ਸਿੰਘ)**-ਅਧਿਆਪਕ ਚੇਤਨਾ ਮੰਚ ਸਮਰਾਲਾ ਵੱਲੋਂ ਮੰਚ ਦੀ 25ਵੀਂ ਵਰ੍ਹੇਗੰਢ ਮੌਕੇ ਸਮਰਾਲਾ ਤਹਿਸੀਲ ਵਿੱਚੋਂ 10ਵੀਂ ਤੇ 10+2 ਜਮਾਤ ਵਿੱਚੋਂ ਮੈਰਿਟ ਵਿੱਚ ਆਈਆਂ ਵਿਦਿਆਰਥਣਾਂ ਦਾ ਸਥਾਨਕ ਸਰਕਾਰੀ ਕੰਨਿਆ ਸੀਨੀ: ਸੈਕੰ: ਸਕੂਲ ਸਮਰਾਲਾ ਵਿਖੇ ਪ੍ਰਿੰਸੀਪਲ ਰਾਜਿੰਦਰ ਸਿੰਘ ਅਤੇ ਪ੍ਰਧਾਨ ਵਿਜੈ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਮਨੋਜ ਕੁਮਾਰ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀ: ਸਿੱ:) ਲੁਧਿਆਣਾ ਨੇ ਵਿਸ਼ੇਸ਼ ਤੌਰ ਸ਼ਿਰਕਤ ਕੀਤੀ। ਸੈਸ਼ਨ 2022-23 ਦੌਰਾਨ ਸਮਰਾਲਾ ਤਹਿਸੀਲ ਵਿੱਚ 10ਵੀਂ ਜਮਾਤ ਵਿੱਚੋਂ ਪਹਿਲਾ ਸਥਾਨ ਅਤੇ ਮੈਰਿਟ (11ਵਾਂ ਰੈਂਕ) ਵਿੱਚ ਆਈ ਬਾਲਨੂਰਵੀਰ ਕੌਰ (98 ਪ੍ਰਤੀਸ਼ਤ) ਅਤੇ 12ਵੀਂ ਜਮਾਤ ਵਿੱਚੋਂ ਪਹਿਲਾ ਸਥਾਨ ਅਤੇ ਮੈਰਿਟ (5ਵਾਂ ਰੈਂਕ) ਵਿੱਚ ਆਈ ਖੁਸ਼ਪ੍ਰੀਤ ਕੌਰ (99 ਪ੍ਰਤੀਸ਼ਤ) ਨੂੰ 'ਸਵ: ਮੈਡਮ ਬਿਮਲਾ ਸ਼ਰਮਾ' ਐਵਾਰਡ ਨਾਲ ਲੈਕ: ਵਿਜੈ ਕੁਮਾਰ ਸ਼ਰਮਾ ਦੇ ਪਰਵਾਰ ਵੱਲੋਂ 2100- 2100 ਰੁਪਏ ਨਕਦ ਰਾਸ਼ੀ ਅਤੇ ਟਰਾਫੀ ਨਾਲ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਅਧਿਆਪਕ ਚੇਤਨਾ ਮੰਚ ਵੱਲੋਂ ਪੰਜ ਮੈਰਿਟ ਵਿੱਚ ਆਈਆਂ ਲੜਕੀਆਂ ਸ਼ੁਭਕਰਮਨਜੋਤ (98.60 ਪ੍ਰਤੀਸ਼ਤ), ਅੰਬਿਕਾ ਰਾਣਾ (98.48 ਪ੍ਰਤੀਸ਼ਤ), ਜੋਤਿੰਦਰ ਕੌਰ (97.60 ਪ੍ਰਤੀਸ਼ਤ), ਰਮਨਦੀਪ (97.60 ਪ੍ਰਤੀਸ਼ਤ) ਅਤੇ ਕੋਨਿਕਾ (97.20 ਪ੍ਰਤੀਸ਼ਤ) ਨੂੰ 1100-1100 ਰੁਪਏ ਨਕਦ ਰਾਸ਼ੀ ਅਤੇ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ। ਅਧਿਆਪਕ ਚੇਤਨਾ ਮੰਚ ਵੱਲੋਂ ਸਰਕਾਰੀ ਕੰਨਿਆ ਸੀਨੀ: ਸੈਕੰ: ਸਕੂਲ ਸਮਰਾਲਾ ਨੂੰ ਵੀ 1100 ਰੁਪਏ ਨਕਦ ਰਾਸ਼ੀ ਦਿੱਤੀ ਗਈ। ਇਸ ਮੌਕੇ ਮਨੋਜ ਕੁਮਾਰ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਨੇ ਆਪਣੇ ਸੰਬੋਧਨ ਵਿੱਚ ਮੈਰਿਟ ਵਿੱਚ ਆਈਆਂ ਵਿਦਿਆਰਥਣਾਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਸਕੂਲ ਦੀਆਂ ਵਿਦਿਆਰਥਣਾਂ ਨੂੰ ਹੱਲਾਸ਼ੇਰੀ ਦਿੰਦੇ ਹੋਏ ਉਨ੍ਹਾਂ ਨੂੰ ਵੀ ਸਹੀ ਤਰੀਕੇ ਨਾਲ ਪੜ੍ਹਾਈ ਕਰਨ ਅਤੇ ਮੈਰਿਟ ਵਿੱਚ ਆਉਣ ਦੀਆਂ ਸ਼ੁੱਭ ਇਛਾਵਾਂ ਦਿੱਤੀਆਂ। ਮੰਚ ਦੇ ਪ੍ਰਧਾਨ ਵਿਜੈ ਕੁਮਾਰ ਸ਼ਰਮਾ ਨੇ ਸਕੂਲ ਵਿਦਿਆਰਥਣਾਂ ਨੂੰ ਅਸ਼ੀਰਵਾਦ ਦਿੱਤਾ। ਸਕੂਲ ਪ੍ਰਿੰਸੀਪਲ ਰਾਜਿੰਦਰ ਸਿੰਘ ਨੇ ਅਧਿਆਪਕ ਚੇਤਨਾ ਮੰਚ ਦੀ ਹਰੇਕ ਗਤੀਵਿਧੀ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਪੂਰਨ ਭਰੋਸਾ ਦਿਵਾਇਆ ਅਤੇ ਮੈਰਿਟ ਵਿੱਚ ਆਈਆਂ ਵਿਦਿਆਰਥਣਾਂ ਨੂੰ ਸਨਮਾਨਿਤ ਕਰਨ ਦੀ ਸ਼ਲਾਘਾ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਲੈਕ: ਸੁਖਪਾਲ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਅਧਿਆਪਕ ਚੇਤਨਾ ਮੰਚ ਦੇ ਅਹੁਦੇਦਾਰਾਂ ਵਿੱਚ ਮੇਘ ਸਿੰਘ ਜਵੰਦਾ (ਨੈਸ਼ਨਲ ਐਵਾਰਡੀ), ਮਾ. ਪੁਖਰਾਜ ਸਿੰਘ ਘੁਲਾਲ, ਸੁਰਿੰਦਰ ਵਰਮਾ, ਇੰਦਰਜੀਤ ਸਿੰਘ ਕੰਗ, ਅਮਰੀਕ ਸਿੰਘ, ਮੁਨੀਸ਼ ਕੁਮਾਰ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

# ਟਰੱਕ ਸਮੇਤ ਇੱਕ ਬਲਦ ਤਸਕਰ ਕਾਬੂ



**ਨਾਭਾ (ਵਰਿੰਦਰ ਵਰਮਾ)**-ਰੋਹਟੀ ਪੁਲ ਚੌਕੀ ਪੁਲਸ ਵੱਲੋਂ ਟਰੱਕ ਸਮੇਤ ਇੱਕ ਬਲਦ ਤਸਕਰ ਕਾਬੂ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਤੋਂ ਪਹਿਲਾਂ ਵੀ ਚੌਕੀ ਇੰਚਾਰਜ ਜੈਦੀਪ ਸ਼ਰਮਾ ਵੱਲੋਂ ਵੱਡੇ ਪੱਧਰ 'ਤੇ ਨਸ਼ਾ ਤਸਕਰਾਂ, ਚੋਰਾਂ ਨੂੰ ਕਾਬੂ ਕਰਕੇ ਸਲਾਖਾਂ ਪਿੱਛੇ ਭੇਜਿਆ ਗਿਆ ਹੈ। ਉਥੇ ਹੀ 12 ਬਲਦਾਂ ਦੀ ਜਾਨ ਬਚਾਈ ਜਿਸ ਦੀ ਇਲਾਕੇ ਵਿੱਚ ਸ਼ਲਾਘਾ ਕੀਤੀ ਜਾ ਰਹੀ ਹੈ। ਅੱਜ ਤਾਜ਼ਾ ਮਾਮਲੇ ਸੰਬੰਧੀ ਇੰਚਾਰਜ ਜੈਦੀਪ ਸ਼ਰਮਾ ਨੇ ਦੱਸਿਆ ਕਿ ਇੱਕ ਟਰੱਕ ਨੰਬਰ ਐਚ ਆਰ ਬੀ 69 ਬੀ 6782 ਮਾਡਲ 1109 ਕੈਦੂਪੁਰ ਨੇੜੇ ਖੜ੍ਹਾ ਮਿਲਿਆ। ਜਿਸ ਦੀ ਤਲਾਸ਼ੀ ਲੈਣ 'ਤੇ ਟਰੱਕ ਤੋਂ ਬਾਰਾਂ ਬਲਦ ਬਰਾਮਦ ਹੋਏ ਤੇ ਟਰੱਕ ਡਰਾਈਵਰ ਸੁਖਦੇਵ ਸਿੰਘ ਵਾਸੀ ਸੰਜੇ ਕਲੋਨੀ ਲੁਧਿਆਣਾ ਨੂੰ ਮੌਕੇ 'ਤੇ ਕਾਬੂ ਕੀਤਾ ਗਿਆ। ਉਸ ਨੇ ਮੰਨਿਆ ਕਿ ਇਹ ਬਲਦ ਕੱਟਣ ਲਈ ਪਠਾਨਕੋਟ ਤੇ ਜੰਮੂ ਲੈ ਕੇ ਜਾਣੇ ਸਨ ਤੇ ਘਾਬਦਾਂ ਅਨਾਜ ਮੰਡੀ ਸੰਗਰੂਰ ਤੋਂ ਲੱਦ ਕੇ ਲਿਆਂਦੇ ਸਨ। ਹੋਰ ਪੁੱਛਗਿੱਛ ਲਈ ਸੁਖਦੇਵ ਸਿੰਘ 'ਤੇ ਮੁਕੱਦਮਾ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਜਿਥੇ ਉਸ ਦਾ ਇਕ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਤੇ ਪੁੱਛਗਿੱਛ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਇਸ ਉੱਪਰ ਪਹਿਲਾਂ ਵੀ ਦੋ ਮਾਮਲੇ ਦਰਜ ਹਨ।

# ਪਰਵਾਸੀ ਪੰਜਾਬੀ ਸੁਖਦੇਵ ਸਿੰਘ ਬੈਲਜੀਅਮ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਪਰਵਾਸੀ ਪੰਜਾਬੀ ਸੁਖਦੇਵ ਸਿੰਘ ਬੈਲਜੀਅਮ ਵੱਲੋਂ ਨਜ਼ਦੀਕੀ ਪਿੰਡ ਮੌਲਵੀਵਾਲਾ ਦੇ ਸ਼ਮਸ਼ਾਨਘਾਟ ਦੇ ਪਿੰਡ ਵਾਸੀਆਂ ਵੱਲੋਂ ਸੁੰਦਰੀਕਰਨ ਦੇ ਕੀਤੇ ਜਾ ਰਹੇ ਉਪਰਾਲੇ ਦੌਰਾਨ ਆਪਣਾ ਵਡਮੁੱਲਾ ਸਹਿਯੋਗ ਦੇਣ ਬਦਲੇ ਸ਼ਮਸ਼ਾਨਘਾਟ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਪਿੰਡ ਵਾਸੀਆਂ ਵੱਲੋਂ ਸ਼ਮਸ਼ਾਨਘਾਟ ਨੂੰ ਸੁੰਦਰ ਬਣਾਉਣ ਦੇ ਚੱਲ ਰਹੇ ਕੰਮ ਨੂੰ ਦੇਖਣ ਲਈ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ ਸੁਖਦੇਵ ਸਿੰਘ ਬੇਲਜੀਅਮ ਵੱਲੋਂ ਪ੍ਰਬੰਧਕ ਕਮੇਟੀ ਨੂੰ ਨਕਦ ਰਾਸ਼ੀ ਦੇ ਰੂਪ ਵਿੱਚ ਵਡਮੁੱਲਾ ਸਹਿਯੋਗ ਦਿੱਤਾ ਗਿਆ ਸੀ। ਕਮੇਟੀ ਵੱਲੋਂ ਲਾਏ ਗਏ ਫੈਸਲੇ ਅਨੁਸਾਰ ਸਮੂਹ ਮੈਂਬਰਾਂ ਨੇ ਸਰਦਾਰ ਬੈਲਜੀਅਮ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਦੌਰਾਨ ਪਰਵਾਸੀ ਪੰਜਾਬੀ ਸੁਖਦੇਵ ਸਿੰਘ ਬੈਲਜੀਅਮ ਨੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਵੱਲੋਂ ਹਰ ਇੱਕ ਸਿੱਖ ਨੂੰ ਆਪਣੀ ਕਮਾਈ ਵਿੱਚੋਂ ਦਸਵੰਧ ਕੱਢਣ ਦੇ ਦਿੱਤੇ ਗਏ ਫਲਸਫੇ ਵਰਗਾ ਫਲਸਫਾ ਦੁਨੀਆ ਭਰ ਵਿੱਚ ਕਿਤੇ ਵੀ ਨਜ਼ਰ ਨਹੀਂ ਆਉਂਦਾ। ਇਸ ਲਈ ਹਰ ਇੱਕ ਸਿੱਖ ਦਾ ਫਰਜ਼ ਬਣਦਾ ਹੈ ਕਿ ਉਹ ਆਪਣੀ ਕਮਾਈ ਵਿੱਚੋਂ ਗੁਰੂ ਸਾਹਿਬਾਨ ਵੱਲੋਂ ਦਿੱਤੇ ਗਏ ਦਸਵੰਧ ਕੱਢਣ ਦੇ ਫਲਸਫੇ 'ਤੇ ਅਮਲ ਕਰਦਿਆਂ ਦਸਵੰਧ ਜ਼ਰੂਰ ਕੱਢੇ ਅਤੇ ਇਸ ਰਕਮ ਨੂੰ ਸਮਾਜ ਸੇਵਾ ਦੇ ਕੰਮਾਂ ਉੱਤੇ ਖਰਚ ਕਰੇ ਤਾਂ ਕਿ ਉਸਾਰੂ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਬਾਬਾ ਗੁਰਜੰਟ ਸਿੰਘ ਮੰਡਵੀ ਵਾਲੇ, ਸਮਾਜ ਸੇਵੀ ਸੁਰਜੀਤ ਸਿੰਘ ਹਰੀਕਾ, ਸ਼ਮਸ਼ਾਨਘਾਟ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਮੁਖ ਸਿੰਘ ਠੇਕੇਦਾਰ, ਜਨਰਲ ਸਕੱਤਰ ਭੁਪਿੰਦਰਜੀਤ ਮੌਲਵੀਵਾਲਾ, ਕੈਸ਼ੀਅਰ ਪਰਗਟ ਸਿੰਘ ਪੰਨੂੰ, ਸਰਪੰਚ ਬਲਜੀਤ ਸਿੰਘ ਸਹੋਤਾ, ਸਰਬਜੀਤ ਸਿੰਘ ਸਮਰਾ, ਗੁਰਵਿੰਦਰ ਸਿੰਘ ਸੰਧੂ, ਡੀ ਸੀ ਯੂ ਦੇ ਚੇਅਰਮੈਨ ਹਰਿੰਦਰਪਾਲ ਸਿੰਘ ਚੱਠਾ ਅਤੇ ਬਲਵੰਤ ਸਿੰਘ ਸੰਧੂ ਆਦਿ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਹੜ੍ਹ ਪੀੜਤਾਂ ਲਈ ਮੈਡੀਕਲ ਸੁਵਿਧਾ ਨਿਰੰਤਰ ਜਾਰੀ




**ਜ਼ੀਰਾ (ਨਰਿੰਦਰ ਅਨੇਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ.295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਸਮੁੱਚੀ ਸੂਬਾ ਕਮੇਟੀ ਅਤੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਤੇ ਸਮੁੱਚੀ ਜ਼ਿਲ੍ਹਾ ਕਮੇਟੀ ਦੀ ਨਿੱਗਰ ਸੋਚ, ਚੰਗੇ ਵਿਚਾਰਾਂ ਸਦਕਾ ਅਤੇ 'ਮਾਨਵ ਸੇਵਾ ਪਰਮੋ ਧਰਮ' ਦੀ ਸੇਵਾ ਭਾਵਨਾ ਦੇ ਤਹਿਤ ਜਥੇਬੰਦੀ ਦੇ ਬਲਾਕ ਜ਼ੀਰਾ ਦੇ ਪ੍ਰਧਾਨ ਡਾ. ਗੁਰਦਿੱਤ ਸਿੰਘ ਤੇ ਸਮੁੱਚੀ ਯੂਨੀਅਨ ਵੱਲੋਂ ਸੁਖਮਨੀ ਹਸਪਤਾਲ ਜ਼ੀਰਾ ਅਤੇ ਸੇਠੀ ਮੈਡੀਕਲ ਹਾਲ ਜ਼ੀਰਾ ਦੇ ਸਹਿਯੋਗ ਨਾਲ ਹੜ੍ਹ ਪੀੜਤ ਇਲਾਕਿਆਂ ਵਿੱਚ ਕੁਦਰਤ ਦੇ ਕਹਿਰ ਦੀ ਮਾਰ ਝੱਲ ਰਹੇ ਵੱਖ ਵੱਖ ਪਿੰਡਾਂ ਦੇ ਲੋਕਾਂ ਲਈ ਫਰੀ ਮੈਡੀਕਲ ਕੈਂਪ ਲਗਾਇਆ ਗਿਆ। ਹੁਣ ਤੱਕ ਹੜ੍ਹ ਨਾਲ ਪ੍ਰਭਾਵਿਤ ਪਿੰਡਾਂ ਦਾਰੇ ਵਾਲਾ, ਜਮਾਲੀ ਵਾਲਾ, ਮੰਨੂੰ ਮਾਛੀ, ਮੰਡ ਏਰੀਏ ਦੇ ਪਿੰਡ ਇੰਦਰਪੁਰ ਤੇ ਹੋਰ ਡੇਰਿਆਂ ਤੇ ਜਿੱਥੇ ਕਿ ਕੋਈ ਵੀ ਮੈਡੀਕਲ ਸਹਾਇਤਾ ਨਹੀਂ ਪਹੁੰਚੀ, ਉੱਥੇ ਕਿਸ਼ਤੀ ਦੀ ਸਹਾਇਤਾ ਨਾਲ ਪਹੁੰਚ ਕੇ ਮੈਡੀਕਲ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ। ਮੱਲਾਂ ਵਾਲਾ ਏਰੀਆ ਦੇ ਪਿੰਡ ਧੀਰਾ ਘਰ ਤੇ ਹੋਰ ਵੱਖ ਵੱਖ ਪਿੰਡਾਂ ਵਿੱਚ ਅਤੇ ਲੋਹੀਆਂ ਦੇ ਏਰੀਏ ਵਾਟਾਂਵਾਲੀ ਕਲਾਂ, ਵਾਟਾਂਵਾਲੀ ਖੁਰਦ, ਜੋਧ ਸਿੰਘ ਵਾਲਾ, ਮੰਡਾਲਾ, ਮੁੰਡੀ ਸ਼ਹਿਰੀਆਂ, ਮੁੰਡੀ ਚੌਹਲੀਆਂ ਵਿੱਚ ਵੀ ਕੈਂਪ ਲਗਾਇਆ ਗਿਆ ਅਤੇ ਅੱਗੇ ਵੀ ਹੜ੍ਹ ਪੀੜਤ ਪਿੰਡਾਂ ਨੂੰ ਬਲਾਕ ਜ਼ੀਰਾ ਵੱਲੋਂ ਮੈਡੀਕਲ ਸੁਵਿਧਾ ਨਿਰੰਤਰ ਜਾਰੀ ਰਹੇਗੀ। ਬਲਾਕ ਜ਼ੀਰਾ ਦੇ ਪ੍ਰਧਾਨ ਡਾ. ਗੁਰਦਿੱਤ ਸਿੰਘ ਤੋਂ ਇਲਾਵਾ, ਡਾ. ਆਤਮਾ ਸਿੰਘ, ਡਾ. ਜਸਵਿੰਦਰ ਸਿੰਘ ਸੁੱਖੇ ਵਾਲਾ, ਡਾ. ਜਸਵਿੰਦਰ ਸਿੰਘ ਸੋਢੀ ਵਾਲਾ, ਡਾ. ਅਜਮੇਰ ਸਿੰਘ ਢੇਰੂ, ਡਾ. ਬੋਹੜ ਸਿੰਘ, ਡਾ. ਹਰਵਿੰਦਰ ਸਿੰਘ, ਜਗਮੀਤ ਸਿੰਘ, ਡਾ. ਜਰਨੈਲ ਸਿੰਘ, ਡਾ. ਧਰਮਿੰਦਰ ਸਿੰਘ, ਡਾ. ਵਰਿੰਦਰ ਸਿੰਘ, ਡਾ. ਗੁਰਪ੍ਰੀਤ ਸਿੰਘ, ਡਾ. ਕੁਲਬੀਰ ਸਿੰਘ, ਡਾ. ਸੁਰਜੀਤ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਸਰਬਜੀਤ ਸ਼ਰਮਾ, ਡਾ. ਅਜੈਦੀਪ ਸਿੰਘ, ਡਾ. ਗੁਰਵਿੰਦਰ ਸਿੰਘ, ਜਗਜੀਤ ਸਿੰਘ ਤੇ ਹੋਰ ਸੀਨੀਅਰ ਮੈਂਬਰਾਂ ਵੱਲੋਂ ਸੇਵਾ ਨਿਭਾਈ ਗਈ।

# ਹੜ੍ਹ ਪੀੜਤਾਂ ਦੀ ਕੀਤੀ ਜਾਵੇਗੀ ਹਰ ਤਰ੍ਹਾਂ ਦੀ ਮਦਦ : ਡਾ. ਢਿੱਲੋਂ



**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ)**

ਜ਼ਿਲ੍ਹਾ ਸਿਹਤ ਵਿਭਾਗ ਫਰੀਦਕੋਟ ਵੱਲੋਂ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ 9 ਰੈਪਿਡ ਰਿਸਪਾਂਸ ਟੀਮਾਂ ਅਤੇ 5 ਮੋਬਾਇਲ ਟੀਮਾਂ ਸਮੇਤ ਐਂਬੂਲੈਂਸ ਗਠਨ ਕੀਤਾ ਗਿਆ ਹੈ। ਇਹਨਾਂ ਟੀਮਾਂ ਨਾਲ ਬਾਬਾ ਬੰਦਾ ਬਹਾਦਰ ਕਾਲਜ ਆਫ ਨਰਸਿੰਗ ਫਰੀਦਕੋਟ, ਮਾਲਵਾ ਕਾਲਜ ਆਫ ਨਰਸਿੰਗ ਫਰੀਦਕੋਟ ਅਤੇ ਕੋਟਕਪੂਰਾ, ਬਾਬਾ ਫਰੀਦ ਕਾਲਜ ਆਫ ਨਰਸਿੰਗ ਕੋਟਕਪੂਰਾ, ਦਸ਼ਮੇਸ਼ ਡੈਂਟਲ ਕਾਲਜ ਫਰੀਦਕੋਟ, ਰੋਬਿਨ ਡੀ-ਅਡਿਕਸ਼ਨ ਸੈਂਟਰ ਫਰੀਦਕੋਟ, ਰਾਹਤ ਨਿਊਰੋ ਸਾਇਕੈਟਰੀ ਹਸਪਤਾਲ ਫਰੀਦਕੋਟ, ਬੈਟਰ ਲਾਈਫ ਰੀਹੈਬਲੀਟੇਸ਼ਨ ਸੈਂਟਰ ਕੋਟਕਪੂਰਾ ਵੱਲੋਂ ਆਪਣੀਆਂ ਸੰਸਥਾਵਾਂ ਦੀਆਂ ਐਂਬੂਲੈਂਸਾਂ ਸਹਿਯੋਗ ਲਈ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਲਾਈਆਂ ਗਈਆਂ ਹਨ।

ਇਸ ਤੋਂ ਇਲਾਵਾ ਸਿਹਤ ਵਿਭਾਗ ਦੀਆਂ ਐਂਬੂਲੈਂਸਾਂ ਵੀ ਟੀਮਾਂ ਨਾਲ ਲਾਈਆਂ ਗਈਆਂ ਹਨ। ਇਹਨਾਂ ਐਂਬੂਲੈਂਸਾਂ 'ਚ ਡਾਕਟਰ, ਸਹਾਇਕ ਸਟਾਫ ਅਤੇ ਦਵਾਈਆਂ ਦੀਆਂ ਕਿੱਟਾਂ ਉਪਲਬਧ ਹਨ ਤਾਂ ਜੋ ਲੋੜ ਪੈਣ 'ਤੇ ਆਮ ਲੋਕਾਂ ਨੂੰ ਮੁਢਲੀਆਂ ਸਿਹਤ ਸਹੂਲਤਾਂ ਮੌਕੇ 'ਤੇ ਹੀ ਦਿੱਤੀਆਂ ਜਾ ਸਕਣ। ਨਰਸਿੰਗ ਟਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਭਾਵੇਂ ਜ਼ਿਲ੍ਹਾ ਫਰੀਦਕੋਟ ਦੇ ਐਸੋਸੀਏਸ਼ਨ ਨਾਲ ਸੰਬੰਧਤ ਮੈਂਬਰਾਂ ਨੇ ਐਂਬੂਲੈਂਸ ਗੱਡੀਆਂ ਦੇਣ ਵਿੱਚ ਯੋਗਦਾਨ ਪਾਇਆ ਹੈ ਪਰ ਐਸੋਸੀਏਸ਼ਨ ਵਲੋਂ ਪੰਜਾਬ ਪੱਧਰ 'ਤੇ ਸਿਹਤ ਵਿਭਾਗ ਨਾਲ ਤਾਲਮੇਲ ਕਰਕੇ ਹੜ ਪੀੜਤਾਂ ਦੀ ਮਦਦ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਸਿਵਲ ਸਰਜਨ ਨੇ ਦੱਸਿਆ ਕਿ ਬਰਸਾਤਾਂ ਦੇ ਮੌਸਮ ਅਤੇ ਹੜ੍ਹਾਂ ਦੀ ਸਥਿਤੀ ਸੰਬੰਧੀ ਸਿਹਤ ਵਿਭਾਗ ਵੱਲੋਂ ਪੂਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਹਨਾਂ ਜ਼ਿਲ੍ਹੇ ਦੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਬਰਸਾਤੀ ਮੌਸਮ 'ਚ ਦੂਸ਼ਿਤ ਪਾਣੀ, ਮੱਛਰਾਂ ਅਤੇ ਮੱਖੀਆਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦਾ ਖਤਰਾ ਜਿਆਦਾ ਵਧ ਜਾਂਦਾ ਹੈ, ਇਸ ਤੋਂ ਬਚਾਅ ਲਈ ਘਰਾਂ ਦੇ ਆਸ ਪਾਸ ਬਰਸਾਤ ਦਾ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਉਹਨਾਂ ਕਿਹਾ ਕਿ ਪੀਣ ਲਈ ਸਾਫ ਉੱਬਲੇ ਹੋਏ ਜਾਂ ਕਲੋਰੀਨ ਦੀਆਂ ਗੋਲੀਆਂ ਪਾ ਕੇ ਪਾਣੀ ਦੀ ਵਰਤੋਂ ਕੀਤੀ ਜਾਵੇ। ਘਰਾਂ 'ਚ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ, ਖਾਣਾ ਖਾਣ ਤੋਂ ਪਹਿਲਾਂ ਅਤੇ ਬਾਅਦ 'ਚ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਣ ਨਾਲ ਧੋਣਾ ਚਾਹੀਦਾ ਹੈ। ਪੌਸ਼ਟਿਕ ਅਤੇ ਸਾਫ-ਸੁਥਰਾ ਭੋਜਨ ਖਾਣਾ ਚਾਹੀਦਾ ਹੈ। ਵਧੇਰੇ ਪੱਕੇ ਹੋਏ ਜਾਂ ਕੱਚੇ ਫਲ ਅਤੇ ਸਬਜ਼ੀਆਂ ਨਹੀਂ ਖਾਣੇ ਚਾਹੀਦੇ। ਫਲਾਂ ਅਤੇ ਸਬਜ਼ੀਆਂ ਦੀ ਵਰਤੋਂ ਕਰਨ ਤੋਂ ਪਹਿਲਾਂ ਉਹਨਾਂ ਨੂੰ ਚੰਗੀ ਤਰ੍ਹਾਂ ਪਾਣੀ ਨਾਲ ਧੋਣਾ ਚਾਹੀਦਾ ਹੈ। ਉਹਨਾਂ ਵੱਲੋਂ ਖਾਣ-ਪੀਣ ਵਾਲੀਆਂ ਵਸਤੂਆਂ ਅਤੇ ਫਲ ਤੇ ਸਬਜ਼ੀ ਵਿਕ੍ਰੇਤਾ ਅਤੇ ਸਮੂਹ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਸਾਫ ਸੁਥਰੀਆਂ ਚੀਜਾਂ ਵੇਚਣ। ਉਹਨਾਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਬੁਖਾਰ, ਦਸਤ ਜਾਂ ਉਲਟੀਆਂ ਦੀ ਸ਼ਿਕਾਇਤ ਹੁੰਦੀ ਹੈ ਤਾਂ ਉਹ ਤੁਰੰਤ ਨੇੜੇ ਦੀ ਸਰਕਾਰੀ ਹਸਪਤਾਲ ਵਿਚੋਂ ਇਲਾਜ ਕਰਵਾਉਣ। ਇਸ ਤੋਂ ਇਲਾਵਾ ਸਿਹਤ ਸੰਬੰਧੀ ਕਿਸੇ ਵੀ ਕਿਸਮ ਦੀ ਜਾਣਕਾਰੀ ਲੈਣ ਲਈ ਵਿਭਾਗ ਦੇ ਟੋਲ ਫਰੀ ਨੰਬਰ 104 ਡਾਇਲ ਕਰਕੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਉਹਨਾਂ ਵਿਸ਼ਵਾਸ ਦਿਵਾਇਆ ਕਿ ਸਿਹਤ ਵਿਭਾਗ ਫਰੀਦਕੋਟ ਬਰਸਾਤਾਂ ਦੇ ਕਾਰਨ ਕਿਸੇ ਵੀ ਕਿਸਮ ਦੀ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਅਤੇ ਲੋਕਾਂ ਦੀ ਸੇਵਾ ਕਰਨ ਲਈ ਤਿਆਰ ਬਰ ਤਿਆਰ ਹੈ। ਅੰਤ 'ਚ ਸਿਵਲ ਸਰਜਨ ਨੇ ਸਮੂਹ ਸੰਸਥਾਵਾਂ ਜਿਹਨਾਂ ਨੇ ਲੋਕਹਿੱਤ 'ਚ ਸਿਹਤ ਵਿਭਾਗ ਨੂੰ ਐਂਬੂਲੈਂਸਾਂ ਮੁਹੱਈਆ ਕਰਵਾਈਆਂ ਹਨ ਉਹਨਾਂ ਦਾ ਧੰਨਵਾਦ ਵੀ ਕੀਤਾ।

# ਵਿਨਰਜੀਤ ਸਿੰਘ ਗੋਲਡੀ ਵੱਲੋਂ ਅਕਾਲੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**

ਗੁਰਦੁਆਰਾ ਨਾਨਕੀਆਣਾ ਸਾਹਿਬ ਸੰਗਰੂਰ ਵਿਖੇ ਸ਼੍ਰੋਮਣੀ ਅਕਾਲੀ ਦਲ (ਬ) ਸੰਗਰੂਰ ਤੋਂ ਹਲਕਾ ਇੰਚਾਰਜ ਇੰਜ. ਵਿਨਰਜੀਤ ਸਿੰਘ ਗੋਲਡੀ ਅਕਾਲੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਹੜ੍ਹ ਪੀੜਤਾਂ ਦੀ ਮਦਦ ਲਈ ਹਲਕਾ ਸੰਗਰੂਰ ਦੇ ਵਰਕਰਾਂ ਅਤੇ ਸੰਗਤ ਵੱਲੋਂ ਵਾਰ ਵਾਰ ਸੰਪਰਕ ਕੀਤਾ ਜਾ ਰਿਹਾ ਸੀ ਅਤੇ ਇਸ ਨੂੰ ਮੁੱਖ ਰੱਖਦੇ ਹੋਏ ਲੋੜੀਂਦਾ ਸਮਾਨ ਇਕੱਠਾ ਕਰਨ ਲਈ ਪੰਜ ਮੈਂਬਰੀ ਕਮੇਟੀ ਬਣਾਈ ਗਈ ਹੈ। ਹਲਕਾ ਸੰਗਰੂਰ ਦੇ ਇਲਾਕੇ 'ਚੋਂ ਪੰਜ ਮੈਂਬਰਾਂ ਰੁਪਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਵਾਨੀਗੜ੍ਹ, ਸ਼ੇਰ ਸਿੰਘ ਬਾਲੇਵਾਲ ਰਿਟਾਇਰ ਡੀ.ਈ.ਓ ਸੰਗਰੂਰ, ਬਿੰਦਰ ਸਿੰਘ ਬਟਰਿਆਣਾ, ਰਾਮ ਸਿੰਘ ਭਰਾਜ, ਬੀਬੀ ਸੁਖਵਿੰਦਰ ਕੌਰ ਨਾਨਕਪੁਰਾ ਨੂੰ ਚੁਣਿਆ ਗਿਆ। ਇਸ ਸਮੇਂ ਇੰਜ. ਵਿਨਰਜੀਤ ਨੇ ਕਿਹਾ ਕਿ ਹੜ੍ਹ ਨੇ ਖੜ੍ਹੀਆਂ ਫਸਲਾਂ, ਪਸ਼ੂਆਂ ਅਤੇ ਘਰਾਂ ਨੂੰ ਕਾਫੀ ਨੁਕਸਾਨ ਪਹੁੰਚਾਇਆ ਹੈ। ਜਿਸ ਨਾਲ ਲੋਕ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ । ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਸਮਰਪਤ ਹੈ। ਅਤੇ ਹੜ੍ਹ ਪ੍ਰਭਾਵਿਤ ਖੇਤਰ ਦੇ ਮੁੜ ਵਸੇਬੇ ਲਈ ਹਰ ਲੋੜੀਂਦੀ ਸਹਾਇਤਾ ਅਤੇ ਸਾਧਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇੰਜ. ਵਿਨਰਜੀਤ ਨੇ ਕਿਹਾ ਹੜ੍ਹ ਕਾਰਨ ਲੋਕਾਂ ਦਾ ਬਹੁਤ ਭਾਰੀ ਨੁਕਸਾਨ ਹੋ ਗਿਆ ਹੈ। ਕਿਸਾਨਾਂ ਦੀਆਂ 90% ਫਸਲਾਂ ਖਰਾਬ ਹੋ ਚੁੱਕੀਆਂ ਹਨ। ਆਮ ਗਰੀਬ ਪਰਵਾਰ ਭੁੱਖੇ ਪੇਟ ਹੜ੍ਹਾਂ ਦਾ ਪਾਣੀ ਆਉਣ ਕਾਰਨ ਆਪਣੇ ਘਰਾਂ ਦੀਆਂ ਛੱਤਾਂ 'ਤੇ ਬੈਠੇ ਹਨ। ਅਜਿਹੀ ਸਥਿਤੀ ਵਿੱਚ ਲੋਕਾਂ ਦੀ ਸੇਵਾ ਕਰਨਾ ਸਾਡਾ ਧਰਮ ਹੈ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੇ ਘਰਾਂ ਤੱਕ ਰਾਸ਼ਨ ਪਹਿਚਾਉਣ ਦੀ ਸੇਵਾ ਕਰਦਾ ਰਹੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਕਿਹਾ ਕਿ ਹੜ੍ਹ ਪੀੜਤ ਪਰਵਾਰਾਂ ਨੂੰ ਬਿਨਾਂ ਕਿਸੇ ਦੇਰੀ ਦੇ ਮੁਆਵਜ਼ਾ ਦਿੱਤਾ ਜਾਵੇ।



CMYK

page-6-20-(JULY)-2023-G-(BV)31.qxd 7/19/2023 10:19 PM Page 1



## ਉੱਜ ਦਰਿਆ 'ਚ 171797 ਕਿਊਸਿਕ ਪਾਣੀ ਛੱਡਿਆ



ਗੁਰਦਾਸਪੁਰ (ਜਨਕ ਮਹਾਜਨ)-ਪਹਾੜੀ ਖੇਤਰਾਂ ਵਿੱਚ ਹੋ ਰਹੀ ਲਗਾਤਾਰ ਭਾਰੀ ਬਾਰਸ਼ ਕਾਰਨ ਦਰਿਆਵਾਂ ਅਤੇ ਨਾਲਿਆਂ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਹੈ ਜਿਸ ਤਹਿਤ ਅੱਜ ਸਵੇਰੇ ਇੱਕ ਵਾਰ ਫਿਰ ਉੱਜ ਦਰਿਆ ਵਿੱਚ ਅੱਜ 171797 ਕਿਊਸਿਕ ਪਾਣੀ ਛੱਡਿਆ ਗਿਆ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਉੱਜ ਦਰਿਆ ਵਿੱਚ ਛੱਡਿਆ ਗਿਆ 171797 ਕਿਊਸਿਕ ਪਾਣੀ ਛੱਡਿਆ ਗਿਆ ਹੈ ਜੋ ਕਿ ਅੱਜ ਸਵੇਰੇ 8:00 ਵਜੇ ਮਕੌੜਾ ਪੱਤਣ ਕੋਲ ਰਾਵੀ ਦਰਿਆ ਵਿੱਚ ਆਣ ਮਿਲੇਗਾ ਅਤੇ ਉਸ ਤੋਂ ਦੋ ਘੰਟੇ ਬਾਅਦ ਕਰੀਬ ਦੁਪਹਿਰ 10:00 ਵਜੇ ਧਰਮਕੋਟ ਪੱਤਣ, ਘੋਨੇਵਾਲ (ਡੇਰਾ ਬਾਬਾ ਨਾਨਕ) ਤੱਕ ਪਹੁੰਚ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦਰਿਆ ਉੱਜ ਅਤੇ ਰਾਵੀ ਦੇ ਨੇੜੇ ਰਹਿੰਦੀ ਵਸੋਂ ਨੂੰ ਸਾਵਧਾਨ ਕਰਦਿਆਂ ਕਿਹਾ ਹੈ ਕਿ ਉਹ ਉੱਜ ਤੇ ਰਾਵੀ ਦਰਿਆ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਤੋਂ ਦੂਰ ਰਹਿਣ ਅਤੇ ਨਾਲ ਹੀ ਆਪਣੇ ਜਾਨਵਰਾਂ ਆਦਿ ਨੂੰ ਸੁਰੱਖਿਅਤ ਥਾਵਾਂ 'ਤੇ ਲੈ ਜਾਣ। ਉਨ੍ਹਾਂ ਕਿਹਾ ਕਿ ਕਿਸੇ ਵੀ ਹੜ੍ਹ ਵਰਗੀ ਸਥਿਤੀ ਦੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਦੇ ਟੋਲ ਫਰੀ ਨੰਬਰ 1800-180-1852 ਜਾਂ ਫਲੱਡ ਕੰਟਰੋਲ ਰੂਮ ਦੇ ਨੰਬਰ 01874-266376 ਉੱਪਰ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹੜ੍ਹ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

## Change of Name

I, Bindya Kumari W/O Jagjit Singh R/O Issewal, Tehsil Shahkot, Distt. Jalandhar have changed my name Bindya Kumari to Balwinder Kaur.

I,Vidho W/O Angrej Singh R/O Othian,Amritsar, Punjab have changed my name from Vidho to Manpreet Kaur.Concerned note.

I,Jahid Gill S/O Sajan R/O 2188/12,Katra Sher Singh,Near DAV College,Godam Mohala, Amritsar, Punjab have changed my name from Jahid Gill to Jahid.Concerned note

I,Surinder Pal S/O Karam Chand Bhardwaj R/O 58,New 986,Batala Road,Near Gurdwara Tandon Nagar,Guru Nanak Nagar,Amritsar,Punjab have changed my name from Surinder Pal to Surinder Pal Bhardwaj. Concerned note

I,Renu W/O Shiv Kumar Bhardwaj R/O 58,MCA 986,Batala Road,Opp.Kanwar Public School, Guru Nanak Nagar,, Amritsar,Punjab have changed my name from Renu to Renu Bhardwaj.Concerned note.

I,Parmjit Singh Aulakh S/O Mohinder Singh Aulakh R/O H.No.16/219,Guru Nanak Wara,PO Khalsa College, Amritsar,Punjab have changed my name from Parmjit Singh Aulakh to Paramjit Singh Aulakh.Concerned note.

I,Kuldip Kaur W/O Paramjit Singh R/O H.No.16/219,Guru Nanak Wara,PO Khalsa College, Amritsar,Punjab have changed my name from Kuldip Kaur to Kuldeep Kaur.Concerned note.

I,Rupinderjeet Kaur W/O Rupinder Singh R/O 181,Gali No.1 A,Majitha Road,Sardar Avenue,Amritsar,Punjab have changed my name from Rupinderjeet Kaur to Rupinderjit Kaur.Concerned note.

I,Vandana Bahti W/O Naresh Kumar R/O Plot No.70,Gali No.3,Vishal Vihar,Batala Road,Amritsar,Punjab have changed my name from Vandana Bahti to Vandana.Concerned note.

I,Kanwaljit Singh S/O Baldev Singh R/O Village Kaler Bala Pai,Tehsil Baba Bakala, Distt.Amritsar,Punjab have changed my name to Singh is my Surname and Kanwaljit is my Given name.

I, Narinder Singh Rana S/o Tarsem Lal R/o H.No.10-B, Sewa Nagar, Near Zone No.5, Putlighar Amritsar have changed my name from Narinder Singh Rana to Narinder Singh

I Tej Pal S/o Daryai Lal R/o 185, Lane No.4, Green City Airport Road Amritsar have changed my name from Tej Pal to Tejpal Pahwa

I, Naresh Kumar S/o Karanvir Bhandari R/o 323, Tilak Nagar Near Anandpur Asharm Kutia Amritsar have changed my name from Naresh Kumar to Naresh Bhandari and Bhandari is my Surname All Please Note

I, Sehasdeep Singh S/o Jaspreet Singh R/o 7, Gali No.1, Near Lawrence Road, Dayanand Nagar Amritsar have changed my name from Sehasdeep Singh to Sehas Deep Singh

I, Gurcharan Singh s/o Jarnail Singh R/o Vill. Ekal Gadda, Distt Tarn Taran have changed my name form Gurcharn Singh to Gurcharan Singh

## PUBLIC NOTICE

It is to put the General Public on notice that Mrs. Saroj Verma W/o Mr. Ajay Verma Age 48 Years, 3062/8 Gali Ram Mandir Wali, Namak Mandi Amritsar. Owner of Residential property bearing H.no 3062/8 Vakiya Rakba Amritsar Namak Mandi, Old Name Kucha Madariya New Name Gali Ram Mandir Wali Amritsar 143001,Total area measuring 44 Sq. yd, that is bounded as North; Diwan Chand, South; Sham Lal East; Gali, West ;- Chain Singh that is situated at H.no 3062/8 Vakiya Rakba Amritsar Namak Mandi, Old Name Kucha Madariya New Name Gali Ram Mandir Wali Amritsar 143001 vide Sale Deed dated: 17/jan/2020 as Document No. 2019- 20/89/1/8505 has approached Equitas Small Finance Bank Limited, Branch office at shop No. 99 national shopping complex 2nd floor near hide market civil hospital gt road Amritsar, 143001, with a request to extent loan against the mortgage of the above property. Anybody having objection in respect of the said property or regarding creation of mortgage with my client, may raise their objections within 7 Days from the date of this publication, to the below mentioned address.

Advocate : Dinesh Arora,
Contact No. 97793-04041

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਸ੍ਰੀ ਅਮਰਜੀਤ ਸਿੰਘ ਨਾਇਬ ਤਹਿਸੀਲਦਾਰ-ਕਮ-ਜੁਆਇੰਟ ਸਬ-ਰਜਿਸਟਰਾਰ ਕਰਤਾਰਪੁਰ।

ਵਿਸ਼ਾ-ਵਸੀਅਤ ਅਧੀਨ ਧਾਰਾ 40 ਰਜਿਸਟਰਡ ਕਰਨ ਬਾਰੇ ਦਰਖਾਸਤ ਵੱਲੋਂ ਗੁਰਮੇਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਸਰਮਸਤਪੁਰ ਡਾਕ: ਬੱਲ, ਜ਼ਿਲ੍ਹਾ ਜਲੰਧਰ।

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਗੁਰਮੇਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਸਰਮਸਤਪੁਰ ਜ਼ਿਲ੍ਹਾ ਜਲੰਧਰ ਨੇ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਦਰਖਾਸਤ ਦਿੱਤੀ ਹੈ ਕਿ ਉਸ ਦੀ ਮਾਤਾ ਸਵਰਨ ਕੌਰ ਪਤਨੀ ਮਹਿੰਦਰ ਸਿੰਘ ਦੀ ਮੌਤ ਮਿਤੀ 27.9.19 ਨੂੰ ਹੋ ਚੁੱਕੀ ਹੈ। ਉਹਨਾ ਨੇ ਆਪਣੇ ਜਿਊਂਦੇ ਜੀਅ ਇੱਕ ਅਣ-ਰਜਿਸਟਰਡ ਵਸੀਅਤ ਮਿਤੀ 20.3.2019 ਆਪਣੇ ਲੜਕੇ ਗੁਰਮੇਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਸਰਮਸਤਪੁਰ ਜ਼ਿਲ੍ਹਾ ਜਲੰਧਰ ਦੇ ਹੱਕ ਵਿੱਚ ਕੀਤੀ ਹੈ। ਇਸ ਦਰਖਾਸਤ ਰਾਹੀਂ ਉਸ ਨੇ ਇਹ ਅਣਰਜਿਸਟਰਡ ਵਸੀਅਤ ਅਧੀਨ ਧਾਰਾ 40 ਰਜਿਸਟਰਡ ਕਰਨ ਦੀ ਬੇਨਤੀ ਕੀਤੀ ਹੈ।

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਇਸ ਅਖਬਾਰ ਇਸ਼ਤਿਹਾਰ ਰਾਹੀਂ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਇਹ ਵਸੀਅਤ ਰਜਿਸਟਰਡ ਕਰਨ ਵਿੱਚ ਇਤਰਾਜ਼ ਹੋਵੇ ਤਾਂ ਉਹ ਇਹ ਨੋਟਿਸ ਜਾਰੀ ਹੋਣ 'ਤੇ 15 ਦਿਨਾਂ ਦੇ ਅੰਦਰ ਅਸਾਲਤਨ, ਵਕਾਲਤਨ ਜਾਂ ਬਜਰੀਆ ਮੁਖਤਿਆਰ ਹਾਜ਼ਰ ਅਦਾਲਤ ਆ ਕੇ ਆਪਣਾ ਉਜ਼ਰ/ਇਤਰਾਜ਼ ਪੇਸ਼ ਕਰ ਸਕਦਾ ਹੈ। ਮਿੱਥੀ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਬਣਦੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 10.7.2023 ਨੂੰ ਮੇਰੇ ਦਸਤਖ਼ਤ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਕੀਤਾ ਗਿਆ।

ਨਾਇਬ ਤਹਿਸੀਲਦਾਰ-ਕਮ-ਜੁਆਇੰਟ ਸਬ-ਰਜਿਸਟਰਾਰ, ਕਰਤਾਰਪੁਰ
ਨੰਬਰ 312/ਰੀਡਰ/ਮਿਤੀ : 10.7.2023

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਅਸੀਮਪਾਲ ਨਾਇਬ ਤਹਿਸੀਲਦਾਰ-ਕਮ-ਜੁਆਇੰਟ ਸਬ-ਰਜਿਸਟਰਾਰ, ਅਟਾਰੀ ਅੰਮ੍ਰਿਤਸਰ।

ਨੋਟਿਸ ਬਨਾਮ-ਜਨਰਲ ਪਬਲਿਕ

ਵਿਸ਼ਾ-ਧਾਰਾ 40 ਆਫ ਰਜਿਸਟਰੇਸ਼ਨ ਐਕਟ ਅਧੀਨ ਵਸੀਅਤ ਰਜਿਸਟਰਡ ਕਰਵਾਉਣ ਬਾਰੇ।

ਆਮ ਪਬਲਿਕ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਵਿੰਦਰ ਸਿੰਘ, ਸਰਵਨ ਸਿੰਘ ਪੁੱਤਰਾਨ ਤੇਜਾ ਸਿੰਘ ਵਾਸੀ ਪਿੰਡ ਅਟਿਕਟਟ ਸਬ ਤਹਿਸੀਲ ਅਟਾਰੀ ਜ਼ਿਲ੍ਹਾ ਅੰਮ੍ਰਿਤਸਰ ਨੇ ਧਾਰਾ 40 ਰਜਿਸਟਰੇਸ਼ਨ ਐਕਟ ਅਧੀਨ ਵਸੀਅਤ ਰਜਿਸਟਰਡ ਕਰਵਾਉਣ ਸਬੰਧੀ ਦਰਖਾਸਤ ਗੁਜ਼ਾਰੀ ਹੈ ਕਿ ਲਿਖਿਆ ਹੈ ਕਿ ਉਸ ਦੇ ਪਿਤਾ ਤੇਜਾ ਸਿੰਘ ਵਾਸੀ ਪਿੰਡ ਅਟਿਕਟਟ ਸਬ ਤਹਿਸੀਲ ਅਟਾਰੀ ਦੀ ਮੌਤ ਹੋ ਚੁੱਕੀ ਹੈ, ਜਿਨ੍ਹਾਂ ਨੇ ਮਿਤੀ 21.6.2019 ਨੂੰ ਆਪਣੀ ਜਾਇਦਾਦ ਪੁੱਤਰ ਨਵਿੰਦਰ ਸਿੰਘ, ਸਰਵਨ ਸਿੰਘ ਦੇ ਹੱਕ ਵਿੱਚ ਕੀਤੀ ਸੀ। ਹੁਣ ਉਹਨਾਂ ਵੱਲੋਂ ਉਕਤ ਵਸੀਅਤ ਨੂੰ ਧਾਰਾ 40 ਆਫ ਰਜਿਸਟਰੇਸ਼ਨ ਐਕਟ ਅਧੀਨ ਰਜਿਸਟਰਡ ਕਰਾਉਣ ਦੀ ਬੇਨਤੀ ਕੀਤੀ ਹੈ।

ਇਸ ਸੰਬੰਧੀ ਆਮ/ਖਾਸ ਜਨਤਾ ਨੂੰ ਜੇਕਰ ਕੋਈ ਇਤਰਾਜ਼ ਹੋਵੇ ਤਾਂ ਇਸ ਨੋਟਿਸ ਦੇ ਪ੍ਰਕਾਸ਼ਿਤ ਹੋਣ ਤੋਂ 10 ਦਿਨਾਂ ਤੱਕ ਅਸਾਲਤਨ, ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਲਿਖਤੀ ਇਤਰਾਜ਼ ਪੇਸ਼ ਕਰ ਸਕਦਾ ਹੈ। ਮਿੱਥੇ ਸਮੇਂ ਤੋਂ ਬਾਅਦ ਕੋਈ ਵੀ ਇਤਰਾਜ਼ ਪ੍ਰਾਪਤ ਨਾ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 13.7.2023 ਨੂੰ ਮੇਰੇ ਦਸਤਖ਼ਤ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਜਾਇੰਟ ਸਬ-ਰਜਿਸਟਰਾਰ, ਅਟਾਰੀ (ਅੰਮ੍ਰਿਤਸਰ)
ਨੰਬਰ/ਆਰ ਸੀ/14

## COURT NOTICE

In the Court of
Ms. Geeta Rani
Judicial Magistrate-Ist Class, Kharar.
NACT/349/2019
CNR No. PBSAA1-002047-2019
Next Date : 2.8.2023
Gurpal Singh
Versus
Amandeep Singh
U/S : 138 NI Act
PS : City Kharar
Publication issued to :
Amandeep Singh S/o Baldev Singh House No. 2081, Phase 7 SAS Nagar, Mohali.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 2.8.2023 at 10.00 a.m.

For details logon to https://highcourtchd.gov.in/?trs=district notice&district=SAS Nagar

Judicial Magistrate-Ist Class, Kharar.
Dated, this day of 12.7.2023

## Public Notice

I, Jagdish Singh Dhanjal S/o Late Ranjit Singh R/o Vill. Gura, Tehsil Phillaur, Distt. Jalandhar, Pb., India, declare that I debarred my son Jasdeep Singh Dhanjal his ex-wife Baljit Kaur and his son Chanvir Dhanjal through daily Nawan Zamana dated 15.12.2016, now my son acts upon my advice . So I cancel this Debar Notice. Now my son Jasdeep Singh Dhanjal will be entitled to claim my all moveable and immoveable property.

(Rajver)

## ਲੋੜ ਹੈ

ਗੁਰੂ ਨਾਨਕ ਕਾਲਜ ਆਫ ਐਜੂਕੇਸ਼ਨ ਫਾਰ ਵਿਮੈਨ ਦੀ ਮਾਲ, ਕਪੂਰਥਲਾ ਵਾਸਤੇ ਰੈਗੂਲਰ ਲੇਡੀ ਪ੍ਰਿੰਸੀਪਲ ਦੀ ਗਰਾਂਟ-ਇਨ-ਏਡ ਆਸਾਮੀ ਲਈ ਆਨ ਲਾਈਨ ਬਿਨੈ-ਪੱਤਰ (Link available on www.gncewkpt.com) ਮੰਗੇ ਜਾਂਦੇ ਹਨ। ਯੋਗਤਾਵਾਂ ਅਤੇ ਗਰੇਡ ਯੂ ਜੀ ਸੀ/ਐੱਨ ਸੀ ਟੀ ਈ/ਪੰਜਾਬ ਸਰਕਾਰ/ਜੀ ਐੱਨ ਡੀ ਯੂ ਦੀਆਂ ਸ਼ਰਤਾਂ ਅਨੁਸਾਰ। ਰਾਖਵਾਂਕਰਨ ਪੰਜਾਬ ਸਰਕਾਰ ਦੇ ਨਿਯਮਾਂ ਅਨੁਸਾਰ। ਆਨ-ਲਾਈਨ ਬਿਨੈ-ਪੱਤਰ ਚੇਅਰਮੈਨ, ਮਿੰਟਗੁਮਰੀ ਗੁਰੂ ਨਾਨਕ ਐਜੂਕੇਸ਼ਨ ਟਰੱਸਟ, ਆਦਰਸ਼ ਨਗਰ, ਜਲੰਧਰ ਨੂੰ ਇਸ਼ਤਿਹਾਰ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਭੇਜੇ ਜਾਣ। ਬਿਨੈ-ਪੱਤਰ ਦੀ ਇੱਕ ਕਾਪੀ ਡੀਨ, ਕਾਲਜ ਵਿਕਾਸ ਕੌਂਸਲ, ਜੀ ਐੱਨ ਡੀ ਯੂ, ਅੰਮ੍ਰਿਤਸਰ ਨੂੰ ਰਜਿਸਟਰਡ ਡਾਕ ਰਾਹੀਂ ਨਿਰਧਾਰਤ ਸਮੇਂ ਦੇ ਅੰਦਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਨਾਂਅ 'ਤੇ 1,180/- ਰੁਪਏ ਦੇ (ਨਾ-ਮੋੜਨਯੋਗ) ਡਰਾਫਟ ਸਮੇਤ ਵੀ ਭੇਜੀ ਜਾਵੇ। ਉਮੀਦਵਾਰ ਆਪਣੇ ਬਿਨੈ-ਪੱਤਰ ਯੂਨੀਵਰਸਿਟੀ ਦੀ ਵੈੱਬਸਾਈਟ www.gndu.ac.in ਉੱਪਰ ਸੀ ਡੀ ਸੀ ਪੋਰਟਲ ਵਿੱਚ ਦਿੱਤੀ ਲੋੜੀਂਦੇ ਦਸਤਾਵੇਜ਼ਾਂ ਦੀ ਸੂਚੀ ਅਨੁਸਾਰ ਨੱਥੀ ਕਰਕੇ ਭੇਜਣ। ਅਧੂਰੇ ਬਿਨੈ-ਪੱਤਰ (ਲੋੜੀਂਦੇ ਦਸਤਾਵੇਜ਼ਾਂ ਤੋਂ ਬਿਨਾਂ) ਜਾਂ ਮਿੱਥੇ ਸਮੇਂ ਤੋਂ ਬਾਅਦ ਪ੍ਰਾਪਤ ਹੋਏ ਬਿਨੈ-ਪੱਤਰ ਸਵੀਕਾਰ ਨਹੀਂ ਕੀਤੇ ਜਾਣਗੇ। ਚੇਅਰਮੈਨ

## COURT NOTICE

In the Court of
Ms. Mamta Kakkar
Addl. Civil Judge (Senior Division), Phul.
CNR No.PBBTB0-000554-2023
Next Date : 15.9.2023
Sarabjeet Kaur
Versus
General Public
Publication issued to :
General Public, General Public

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 15.9.2023 at 10.00 a.m.

For details logon to https://highcourtchd.gov.in/?mod=district notice & district=Bathinda

Addl. Civil Judge (Senior Division), Phul (D)
Dated, this day of 14.7.2023

## COURT NOTICE

In the Court of
Ms. Mandeep Kaur
Civil Judge (Junior Division)-19, Jalandhar.
CS-2681/21
CNR No. PBJL02-004214-2021
Next Date : 29.8.2023
Pee Pee Marketing through its Prop. Parveen Jaiswal
Versus
Star Electronics
Publication issued to :
1. M/S Star Electronics through Prop. Ranjit Singh S/o Joginder Singh Opposite Police Station Tanda Urmur 2. Ranjit Singh S/o Joginder Singh Prop. Star Electronics Near OBC Bank, Sabji Mandi, Tanda.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 29.8.2023 at 10.00 a.m.

For details logon to https://highcourtchd.gov.in/?trs=district notice & district=Jalandhar

Civil Judge (Junior Division)-19, Jalandhar
Dated, this day of 14.7.2023

## COURT NOTICE

In the Court of
Ms. Ramandeep Kaur
Civil Judge (Junior Division)-9, Jalandhar.
CNR No. PBJL02-001915-2023
Next Date : 30.8.2023
1. Manjinder Kaur W/o Late Amit Pal Singh 2. Jasanahat Kaur D/o Late Amitpal Singh 3. Prayansh Pal Singh S/o Late Amit Pal Singh both Plaintiffs No. 2 and 3 are minor through their mother all R/o H.No. 230, Shaheed Babu Labh Singh Nagar, Jalandhar.
Versus
1. General Public 2. Ashok W/o Jagmeet Singh R/o H.No. 230, Shaheed Babu Labh Singh Nagar, Jalandhar.
Publication issued to :
General Public Punjab, India

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 30.8.2023 at 10.00 a.m.

For details logon to https://highcourtchd.gov.in/?trs=district notice & district=Jalandhar

Civil Judge (Junior Division)-9, Jalandhar.
Dated, this day of 15.7.2023

# ਕਲਾਸੀਫਾਈਡ ਇਸ਼ਤਿਹਾਰ

## ਗੁੰਮ ਦੀ ਭਾਲ

ਸੂਚਿਤ ਕਰਦਾ ਹਾਂ ਕਿ ਇੱਕ ਰਜਿਸਟਰੀ ਜੋ ਮੇਰੇ ਪਿਤਾ ਦਰਸ਼ਨ ਸਿੰਘ ਪੁੱਤਰ ਦੀਵਾਨ ਸਿੰਘ ਪੁੱਤਰ ਖੜਕ ਸਿੰਘ ਦੇ ਹੱਕ 'ਚ ਵਸੀਕਾ ਨੰ. 4222 ਮਿਤੀ 02-02-2010 ਜੋ ਤਹਿਸੀਲ ਵਿੱਚ ਗੁੰਮ ਹੋ ਗਈ ਹੈ। ਜਿਸ ਦਾ ਰੋਜ਼ਨਾਮਚਾ ਨੰ. 019 ਰੋਜ਼ਨਾਮਚਾ ਮਿਤੀ 19.7.2023 ਬਿਆਨ ਕਰਤਾ ਦਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਦੀਵਾਨ ਸਿੰਘ ਵਾਸੀ ਪਿੰਡ ਡਾਲਾ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ

## ਆਮ ਸੂਚਨਾ

ਮੈਂ, ਸੁਦੇਸ਼ ਕੁਮਾਰੀ ਪਤਨੀ ਸਵ: ਸ੍ਰੀ ਚੈਂਚਲ ਸਿੰਘ ਵਾਸੀ ਵਾਰਡ ਨੰ: 2, ਮਿਲ ਕਾਲੋਨੀ, ਗੁਰੂ ਨਾਨਕ ਨਗਰ, ਭੋਗਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਨਵਦੀਪ ਸਿੰਘ ਨੂੰ ਕਹਿਣੇਕਾਰ ਨਾ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੇ ਲੜਕੇ ਨਵਦੀਪ ਸਿੰਘ ਦੀ ਬੇਦਖਲੀ ਰੱਦ ਕਰਦੀ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। (8127)

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਐੱਕਸ 11 ਏ ਪੀ 38/0962ਐੱਕਸ (ਸੀ ਏ ਨੰ: 3004472-719) 17.50 ਬੀ ਐੱਚ ਪੀ ਜੋ ਕਿ ਸ੍ਰੀ ਜੋਗਿੰਦਰ ਸਿੰਘ ਪੁੱਤਰ ਸ੍ਰੀ ਨਰੈਣ ਸਿੰਘ ਪਿੰਡ ਬਾਊਪੁਰ ਜ਼ਿਲ੍ਹਾ ਜਲੰਧਰ ਦੇ ਨਾਂਅ 'ਤੇ ਚੱਲ ਰਹੇ ਹਨ। ਇਹ ਕੁਨੈਕਸ਼ਨ ਪਿੰਡ ਬਾਊਪੁਰ ਜ਼ਿਲ੍ਹਾ ਜਲੰਧਰ ਵਿੱਚ ਮੌਜੂਦ ਹੈ। ਇਹ ਕੁਨੈਕਸ਼ਨ ਸ੍ਰੀ ਬਲਜੀਤ ਸਿੰਘ ਪੁੱਤਰ ਸ੍ਰੀ ਜੋਗਿੰਦਰ ਸਿੰਘ ਵਾਸੀ ਪਿੰਡ ਬਾਊਪੁਰ ਜ਼ਿਲ੍ਹਾ ਜਲੰਧਰ ਨੇ ਆਪਣੇ ਨਾਂਅ ਕਰਵਾਉਣ ਲਈ ਦਰਖਾਸਤ ਇਸ ਦਫਤਰ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ/ਹੋਵੇ ਤਾਂ ਆਪਣਾ ਇਤਰਾਜ਼ਨਾਮਾ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰਕਰਤਾ ਨੂੰ ਇਸ ਦਫਤਰ ਵਿੱਚ ਜਮ੍ਹਾ ਕਰਵਾ ਸਕਦਾ ਹੈ। ਸਹਾਇਕ ਕਾਰਜਕਾਰੀ ਇੰਜੀ:/ਵੰਡ, ਪੀ ਐੱਸ ਪੀ ਸੀ ਐੱਲ, ਉੱਪ-ਮੰਡਲ ਕਾਲਾ ਸੰਘਿਆਂ।

ਮੈਂ, ਬਲਜਿੰਦਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ 88, ਵਾਰਡ ਨੰ: 7,25, ਅੰਮ੍ਰਿਤਸਰ (ਪੰਜਾਬ) ਨੇ ਆਪਣਾ ਧਰਮ ਬਦਲ ਲਿਆ ਹੈ ਅਤੇ ਨਵਾਂ ਧਰਮ ਇਸਲਾਮ ਨੂੰ ਕਬੂਲ ਕਰ ਲਿਆ ਹੈ। ਹੁਣ ਮੇਰਾ ਨਾਂਅ ਅਯੂਬ ਅਲੀ ਹੈ। ਸਾਰੇ ਜਾਣਕਾਰ ਨੋਟ ਕਰ ਲੈਣ। (ਕੇ ਕੇ)

ਮੈਂ, ਰਮੇਸ਼ ਕੁਮਾਰ ਪੁੱਤਰ ਸਤਪਾਲ ਪਤਾ 786, ਬਾਬਾ ਬੁੱਢਾ ਜੀ ਕਲੋਨੀ, ਪਿੰਡ ਫਤਾਹਪੁਰ, ਅੰਮ੍ਰਿਤਸਰ (ਪੰਜਾਬ) ਨੇ ਆਪਣਾ ਧਰਮ ਬਦਲ ਲਿਆ ਹੈ ਅਤੇ ਨਵਾਂ ਧਰਮ ਇਸਲਾਮ ਨੂੰ ਕਬੂਲ ਕਰ ਲਿਆ ਹੈ। ਹੁਣ ਮੇਰਾ ਨਵਾਂ ਨਾਂਅ ਅਬਦੁਲ ਰਸ਼ੀਦ ਹੈ। ਸਾਰੇ ਜਾਣਕਾਰ ਨੋਟ ਕਰ ਲੈਣ। (ਕੇ ਕੇ)

ਮੈਂ, ਰਣਜੀਤ ਕੌਰ ਪਤਨੀ ਮੁਖਤਾਰ ਸਿੰਘ ਵਾਸੀ ਪਿੰਡ ਵੱਡੇ, ਚਵਿੰਡਾ ਦੇਵੀ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਦੇ ਆਧਾਰ ਕਾਰਡ 'ਤੇ ਉਸ ਦਾ ਨਾਂਅ ਸ਼ਾਲੂ ਗਲਤ ਲਿਖਿਆ ਹੈ, ਜਦ ਕਿ ਉਸ ਦਾ ਸਹੀ ਨਾਂਅ ਸ਼ਰਨਜੀਤ ਕੌਰ ਹੈ ਅਤੇ ਉਸ ਦੀ ਜਨਮ ਮਿਤੀ 1.1.2006 ਵੀ ਗਲਤ ਲਿਖੀ ਹੈ, ਜਦ ਕਿ ਉਸ ਦੀ ਸਹੀ ਜਨਮ ਮਿਤੀ 11.4.2005 ਹੈ। (ਕੇ ਕੇ)

ਇੰਦਰਜੀਤ ਸਿੰਘ ਪੁੱਤਰ ਸ੍ਰੀ ਮਾਧੋ ਸਿੰਘ, ਵਾਸੀ ਖਰੜ ਦੇ ਨਾਮ ਪਰ ਖੇਵਟ ਪਿੰਡ ਪੁੰਨਾਂਵਾਲ ਚੱਲਦੇ ਮੋਟਰ ਕੁਨੈਕਸਨ ਖਾਤਾ ਨੰ:ਪੀ./588/ਏ.ਪੀ.(20.00 ਪਾਵਰ ਹਾਰਸ) ਨੂੰ ਹਰਭਜਨ ਕੌਰ ਪਤਨੀ ਸ੍ਰੀ ਮਹਿੰਦਰ ਸਿੰਘ ਵਾਸੀ ਧੂਰੀ ਪਿੰਡ,ਧੂਰੀ, ਜਿਲਾਂ ਸੰਗਰੂਰਨੇ ਖੇਵਟ ਪਿੰਡ ਪੁੰਨਾਵਾਲ ਚੱਲਦੇ ਮੋਟਰ ਕੁਨੈਕਸਨ ਨੂੰ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ, ਇਤਰਾਜੀ 15 ਦਿਨਾਂ ਅੰਦਰ ਐਸ.ਡੀ.ਓ. ਪਾਵਰਕਾਮ, ਉਪ ਮੰਡਲ ਦਿਹਾਤੀ ਧੂਰੀ ਦੇ ਇਤਰਾਜ ਪੇਸ਼ ਕਰੇ ।

ਇੰਦਰਜੀਤ ਸਿੰਘ ਪੁੱਤਰ ਸ੍ਰੀ ਮਾਧੋ ਸਿੰਘ, ਵਾਸੀ ਖਰੜ ਦੇ ਨਾਮ ਪਰ ਖੇਵਟ ਪਿੰਡ ਪੁੰਨਾਂਵਾਲ ਚੱਲਦੇ ਮੋਟਰ ਕੁਨੈਕਸਨ ਖਾਤਾ ਨੰ:ਪੀ./647/ਏ.ਪੀ.(20.00 ਪਾਵਰ ਹਾਰਸ) ਨੂੰ ਰਣਜੀਤ ਕੌਰ ਪਤਨੀ ਸ੍ਰੀ ਜਗਦੀਪ ਸਿੰਘ ਵਾਸੀ ਧੂਰੀ ਪਿੰਡ,ਧੂਰੀ, ਜਿਲਾਂ ਸੰਗਰੂਰਨੇ ਖੇਵਟ ਪਿੰਡ ਪੁੰਨਾਵਾਲ ਚੱਲਦੇ ਮੋਟਰ ਕੁਨੈਕਸਨ ਨੂੰ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ, ਇਤਰਾਜੀ 15 ਦਿਨਾਂ ਅੰਦਰ ਐਸ.ਡੀ.ਓ. ਪਾਵਰਕਾਮ, ਉਪ ਮੰਡਲ ਦਿਹਾਤੀ ਧੂਰੀ ਦੇ ਇਤਰਾਜ ਪੇਸ਼ ਕਰੇ ।

ਬਲਜੀਤ ਸਿੰਘ ਪੁੱਤਰ ਸ੍ਰੀ ਮਾਧੋ ਸਿੰਘ, ਵਾਸੀ ਖਰੜ ਦੇ ਨਾਮ ਪਰ ਖੇਵਟ ਪਿੰਡ ਪੁੰਨਾਂਵਾਲ ਚੱਲਦੇ ਮੋਟਰ ਕੁਨੈਕਸਨ ਖਾਤਾ ਨੰ:ਪੀ./587/ਏ.ਪੀ.(20.00 ਪਾਵਰ ਹਾਰਸ ) ਨੂੰ ਸੁਖਜੀਤ ਕੌਰ ਪਤਨੀ ਸ੍ਰੀ ਭਰਪੂਰ ਸਿੰਘ ਵਾਸੀ ਧੂਰੀ ਪਿੰਡ,ਧੂਰੀ, ਜਿਲਾਂ ਸੰਗਰੂਰਨੇ ਖੇਵਟ ਪਿੰਡ ਪੁੰਨਾਵਾਲ ਚੱਲਦੇ ਮੋਟਰ ਕੁਨੈਕਸਨ ਨੂੰ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ, ਇਤਰਾਜੀ 15 ਦਿਨਾਂ ਅੰਦਰ ਐਸ.ਡੀ.ਓ. ਪਾਵਰਕਾਮ, ਉਪ ਮੰਡਲ ਦਿਹਾਤੀ ਧੂਰੀ ਦੇ ਇਤਰਾਜ ਪੇਸ਼ ਕਰੇ ।

ਮੈਂ ਟਹਿਲ ਸਿੰਘ ਅਧਾਰ ਨੰਬਰ (5335199-98029) ਪੁੱਤਰ ਪਿਆਰਾ ਸਿੰਘ ਪਿੰਡ ਤੇ ਤਹਿਸੀਲ ਬਾਬਾ ਬਕਾਲਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾਂ ਹਾਂ ਕਿ ਮੇਰੇ ਜਨਮ ਸਰਟੀਫਿਕੇਟ 'ਤੇ ਮੇਰਾ ਨਾਮ ਆਤਮਾ ਸਿੰਘ ਅਤੇ ਜਨਮ ਮਿਤੀ 27/07/1975 ਗਲਤ ਦਰਜ਼ ਹੈ। ਮੇਰਾ ਅਸਲ ਨਾਮ ਟਹਿਲ ਸਿੰਘ ਅਤੇ ਜਨਮ ਮਿਤੀ 01/01/1975 ਹੈ ਜੋ ਕਿ ਮੇਰੇ ਸਬੂਤਾਂ ਦੇ ਅਧਾਰ 'ਤੇ ਸਹੀ ਹੈ।

ਅਸੀਂ ਧਰਮਪਾਲ ਪੁੱਤਰ ਸੰਤੋਖ ਸਿੰਘ, ਮਨਜੀਤ ਕੌਰ ਪਤਨੀਂ ਧਰਮਪਾਲ,ਵਾਸੀਆਨ ਜਨਤਾ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਗੁਰਪ੍ਰੀਤ ਸਿੰਘ ਦੀ ਮਿਤੀ 16.03.2022 ਦੇ ਨਵਾਂ ਜ਼ਮਾਨਾ ਅਖਬਾਰ ਰਾਹੀਂ ਕੀਤੀ ਬੇਦਖਲੀ ਰੱਦ ਕਰਦੇ ਹਾਂ। ਇਹ ਸਾਡਾ ਵਾਰਸ ਹੋਵੇਗਾ।

ਮੱਘਰ ਸਿੰਘ ਪੁੱਤਰ ਲਖਮੀਰ ਸਿੰਘ, ਪਿੰਡ ਮੀਮਸਾ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਜੀ-157 ਏਪੀ (20 ਹਾਰਸਪਾਵਰ) ਨੂੰ ਨੇਤਰ ਸਿੰਘ ਪੁੱਤਰ ਬਲਵਿੰਦਰ ਸਿੰਘ, ਪਿੰਡ ਮੀਮਸਾ ਨੇ ਆਪਣੇ ਨਾਮ ਪਰ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਭਲਵਾਨ (ਸੰਗਰੂਰ) ਕੋਲ ਇਤਰਾਜ ਪੇਸ਼ ਕਰੇ।

ਮੈਂ, ਦਿਲਪ੍ਰੀਤ ਸਿੰਘ ਪੁੱਤਰ ਸ੍ਰੀ ਜੋਗੀ ਸਿੰਘ ਵਾਸੀ ਢੱਕੋਵਾਲ, ਤਹਿ: ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਟਿਊਬਵੈੱਲ ਕੁਨੈਕਸ਼ਨ ਨੰ: 3004942062 ਜੋ ਕਿ ਡਾਡਾ, ਤਹਿ: ਅਤੇ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੈ, ਜੋ ਕਿ ਸੰਜੀਵ ਕੁਮਾਰ ਪੁੱਤਰ ਸ੍ਰੀ ਸਤਿਆਪਾਲ ਸਿੰਘ ਵਾਸੀ ਨਰਾਇਣ ਨਗਰ, ਬਹਾਦਰਪੁਰ ਹੁਸ਼ਿਆਰਪੁਰ ਦੇ ਨਾਂਅ 'ਤੇ ਲੱਗਾ ਹੋਇਆ ਹੈ। ਹੁਣ ਕੁਨੈਕਸ਼ਨ ਆਪਣੇ ਨਾਂਅ ਟਰਾਂਸਫਰ ਕਰਾਉਣ ਲਈ ਫਾਈਲ ਜਮ੍ਹਾ ਕਰਵਾ ਦਿੱਤੀ ਹੈ। ਜੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨ ਦੇ ਅੰਦਰ ਪੀ ਐੱਸ ਪੀ ਸੀ ਐੱਲ ਹੁਸ਼ਿਆਰਪੁਰ ਵਿਖੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। (ਹਿਤੇਸ਼)

ਮੈਂ, ਰਜਨੀ ਕਪੂਰ ਪਤਨੀ ਲੇਟ ਅਸ਼ੋਕ ਕਪੂਰ ਵਾਸੀ ਮਕਾਨ ਨੰਬਰ ਐਨ ਐਮ-4/ਬੀ, ਨੇੜੇ ਨਿਰੰਕਾਰੀ ਭਵਨ, ਮੁੱਹਲਾ ਕਰਾਰ ਖਾਂ, ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਅਮਿਤ ਕਪੂਰ ਅਤੇ ਉਸਦੀ ਪਤਨੀ ਰੇਨੂੰ ਕਪੂਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 19-02-2021 ਨੂੰ ਨਵਾਂ ਜ਼ਮਾਨਾ ਅਖਬਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਅਤੇ ਉਸਦੀ ਪਤਨੀ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਸ ਲੈਂਦੀ ਹਾਂ। ਹੁਣ ਮੇਰਾ ਲੜਕਾ ਅਤੇ ਉਸਦੀ ਪਤਨੀ ਮੇਰੀ ਜਾਇਦਾਦ ਦੇ ਹੱਕਦਾਰ ਹੋਣਗੇ। ਸਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਅਵਤਾਰ ਲਾਲ ਪੁੱਤਰ ਕਿਸ਼ਨ ਚੰਦ ਵਾਸੀ ਪਿੰਡ ਜੱਡਿਆਲੀ, ਡਾਕਖਾਨਾ ਜਮਸ਼ੇਰ ਖਾਸ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸਪਨਾ ਪਤਨੀ ਮਨੀਸ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਮੇਸ਼ ਰਾਣੀ ਪਤਨੀ ਤਿਲਕ ਰਾਜ ਵਾਸੀ ਡਬਲਯੂ. ਜੇ-86-ਸੀ, ਬਸਤੀ ਗੁਜਾਂ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਨਮਰਤਾ ਉਰਫ ਰੋਸ਼ਨੀ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਸ਼ਸ਼ੀ, ਪਤਨੀ ਸਵਰਗੀ ਨੰਦ ਕਿਸ਼ੋਰ ਬਹਿਲ, ਵਾਸੀ ਨੌਰੰਗਪੁਰ (ਬੁਤਾਲਾ) (ਅੰਮ੍ਰਿਤਸਰ) ਆਪਣੇ ਲੜਕੇ ਮਨੀਸ਼ ਬਹਿਲ, ਨੂੰਹ ਬਾਵਿਕਾ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਜੱਗਾ ਸਿੰਘ ਪੁੱਤਰ ਸ਼ੰਕਰ ਸਿੰਘ, ਵਾਸੀ ਬੁਤਾਲਾ, ਹਾਲ ਲੱਖੂਵਾਲ (ਅੰਮ੍ਰਿਤਸਰ) ਆਪਣੇ ਲੜਕੇ ਹਰਪ੍ਰੀਤ ਸਿੰਘ ਜੋਰਾ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । (Athoula)

ਮੈਂ ਪਰਮਜੀਤ ਕੌਰ ਪਤਨੀ ਲੇਟ ਜੋਗਿੰਦਰ ਸਿੰਘ ਵਾਸੀ 228/2, ਸ਼ਮਸ਼ੇਰ ਨਗਰ, ਛੇਹਰਟਾ, ਅੰਮ੍ਰਿਤਸਰ ਆਪਣੀ ਬੇਟੀ ਸੁਖਪ੍ਰੀਤ ਕੌਰ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਸਾਡਾ ਉਸਦੇ ਪਰਿਵਾਰ ਨਾਲ ਕੋਈ ਸੰਬੰਧ ਨਹੀ ਰਿਹਾ। (Arora)

ਮੈਂ, ਨਾਨਕ ਸਿੰਘ ਪੁੱਤਰ ਤਰਲੋਕ ਸਿੰਘ ਵਾਸੀ ਮਕਾਨ ਨੰਬਰ 41, ਰਾਜਾ ਗਾਰਡਨ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮੋਲਿਕ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਨਾਲ ਪੈਸੇ ਦਾ ਲੈਣ-ਦੇਣ ਕਰੇਗਾ, ਉਸ ਦਾ ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਕੋਈ ਵੀ ਮੈਂਬਰ ਇਸ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਅਵਤਾਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਪਿੰਡ ਢੋਲਣਵਾਲ, ਸਬ-ਤਹਿਸੀਲ ਕੂੰਮ ਕਲਾਂ, ਜ਼ਿਲ੍ਹਾ ਲੁਧਿਆਣਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਮਨ ਕੌਰ ਉਮਰ ਲੱਗਭੱਗ 20 ਸਾਲ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ, ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲੇ ਖੁਦ ਜ਼ਿੰਮੇਵਾਰ ਹੋਣਗੇ। (ਉਜਾਸ)

ਅਸੀ ਰਮਨ ਕੁਮਾਰ ਉਪਲ ਅਤੇ ਮੇਰੀ ਪਤਨੀ ਸਵੀਟੀ ਉਪਲ ਵਾਸੀ 43,ਰੂਪ ਨਗਰ,ਨੇੜੇ ਹਕੀਮਾਂ ਗੇਟ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਸੋਨੀਆ ਕੁੰਦਰਾ ਪਤਨੀ ਮੱਧੁਰ ਕੁੰਦਰਾ ਅਤੇ ਉਨ੍ਹਾਂ ਦਾ ਬੇਟਾ ਕਨਿਸ਼ ਕੁੰਦਰਾ ਸਾਰੇ ਸਾਡੇ ਕਹਿਣੇ ਸੁਣਨੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਅਸੀ ਉਨ੍ਹਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਅਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਸਾਡਾ ਅਤੇ ਸਾਡੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਕੁਲਵਿੰਦਰ ਸਿੰਘ ਪੁੱਤਰ ਸ੍ਰ.ਜਗੀਰ ਸਿੰਘ ਵਾਸੀ ਪਿੰਡ ਪੰਡੋਰੀ,ਤਹਿਸੀਲ ਅਤੇ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੰਗਾ ਸਿੰਘ ਜੋ ਕਿ ਕਾਫੀ ਸਮੇ ਤੋਂ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ ਅਤੇ ਮਾੜੀ ਸੰਗਤ ਵਿਚ ਪੈ ਗਿਆ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਹੀਰਾ ਲਾਲ ਪੁੱਤਰ ਸ੍ਰੀ ਮੁਨਸ਼ੀ ਰਾਮ ਵਾਸੀ ਮਕਾਨ ਨੰਬਰ 127, ਵਾਰਡ ਨੰਬਰ 1, ਮਹਾਜਨਾਂ ਮੁਹੱਲਾ, ਦਸੂਹਾ, ਤਹਿ: ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਿਨੇਸ਼ ਕੁਮਾਰ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਇਹਨਾਂ ਦਾ ਮੇਰੇ ਅਤੇ ਮੇਰੇ ਪਰਵਾਰ ਨਾਲ ਕੋਈ ਸੰਬੰਧ ਵਾਸਤਾ ਨਹੀਂ ਰਿਹਾ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮਨਜੀਤ ਕੌਰ ਪਤਨੀ ਸਵ. ਸ੍ਰੀ ਕੇਵਲ ਕ੍ਰਿਸਨ ਵਾਸੀ ਕਬੀਰ ਵਿਹਾਰ, ਬਸਤੀ ਬਾਵਾ ਖੇਲ੍ਹ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕੁਮਾਰ ਗੌਰਵ, ਉਸ ਦੀ ਪਤਨੀ ਰੇਖਾ ਰਾਣੀ ਅਤੇ ਉਨ੍ਹਾਂ ਦੇ ਦੋ ਲੜਕੇ ਅਰਜਨ ਅਤੇ ਉਦੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਚਾਰਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਤੀਸ਼ ਕੁਮਾਰ ਪੁੱਤਰ ਲੇਟ ਸ੍ਰੀ ਸੁਖਦੇਵ ਰਾਜ ਵਾਸੀ ਮਕਾਨ ਨੰ: ਡਬਲਯੂ. ਐਲ 369, ਬਸਤੀ ਗੁਜਾਂ, ਦਰਜੀਆਂ ਮੁੱਹਲਾ, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮੋਹਿਤ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਜਸਬੀਰ ਕੌਰ ਪਤਨੀ ਸਵਰਗੀ ਗੁਰਦੀਪ ਸਿੰਘ ਵਾਸੀ ਮਕਾਨ ਨੰ. -6/656, ਗਲੀ ਨੰ. 2, ਨਿਊ ਸ਼ਹੀਦ ਊਧਮ ਸਿੰਘ ਨਗਰ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ ਅਤੇ ਨੂੰਹ ਸਰਬਜੀਤ ਕੌਰ ਮੇਰੇ ਕੰਟਰੋਲ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈਂ । ਇਹਨਾਂ ਦੇ ਕਿਸੇ ਵੀ ਲੈਣ ਦੇਣ ਜਾਂ ਕਾਰ ਵਿਹਾਰ ਦੀ ਮੈਂ ਜ਼ਿੰਮੇਵਾਰ ਨਹੀਂ ਹਾਂ ।

ਮੈਂ, ਸੰਤੋਸ਼ ਕੁਮਾਰੀ ਪਤਨੀ ਨਰਿੰਦਰ ਕੁਮਾਰ ਵਾਸੀ ਮਕਾਨ ਸੀ-33, ਮਲਕੋ ਤਰਾੜ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰੀ ਲੜਕੀ ਜਸਮੀਨ ਕੌਰ ਮਹੇ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸ਼ਸ਼ੀ ਸੇਠ ਪਤਨੀ ਸ਼ਾਮ ਸੁੰਦਰ ਵਾਸੀ ਪਲਾਟ ਨੰ. 24, ਗਲੀ ਨੰ. 2, ਫਤਿਹ ਸਿੰਘ ਕਾਲੋਨੀ, ਗੇਟ ਹਕੀਮਾਂ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਰਾਜਨ ਸੇਠ ਅਤੇ ਉਸ ਦੀ ਪਤਨੀ ਸਿੰਮੀ ਦਹਈਆ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ। (ਨਾਰੰਗ)

ਮੈਂ, ਮਹਿੰਦਰ ਕੌਰ ਪਤਨੀ ਲੇਟ ਬਨਾਰਸੀ ਦਾਸ ਵਾਸੀ ਮਕਾਨ ਨੰ. ਈ. ਐਸ-485/6, ਅਬਾਦਪੁਰਾ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਮਲਜੀਤ ਕੁਮਾਰ ਅਤੇ ਉਸਦੀ ਪਤਨੀ ਪਿੰਕੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਲਖਵਿੰਦਰ ਕੌਰ ਪਤਨੀ ਸੰਤੋਖ ਸਿੰਘ ਵਾਸੀਆਨ ਮਕਾਨ ਨੰ: 5389, ਨੰ: 1, ਗੋਬਿੰਦ ਨਗਰ, ਸੁਲਤਾਨਵਿੰਡ ਰੋਡ, ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾਂ ਕਿ ਮੇਰੀ ਛੋਟੀ ਭਰਜਾਈ ਸੁਸ਼ਮਾ ਅਤੇ ਉਸ ਦੇ ਬੱਚੇ ਸੁਖਵਿੰਦਰ ਸਿੰਘ, ਕਾਜਲ ਅਤੇ ਰੋਹਿਤਪਾਲ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ। ਇਹਨਾਂ ਨੂੰ ਮੈ ਆਪਣੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਹਨਾਂ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀਂ ਹੋਵੇਗਾ।

## ਨਾਂਅ ਦੀ ਬਦਲੀ

ਮੈਂ, ਰਾਜੇਸ਼ਵਰ ਪੁੱਤਰ ਸ਼ਿਵ ਸੰਤ ਚੌਧਰੀ, ਵਾਸੀ ਰੇਲਵੇ ਰੋਡ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਰਾਜੇਸ਼ਵਰ ਚੌਧਰੀ ਪੁੱਤਰ ਸ਼ਿਵ ਸੰਤ ਕੁਮਾਰ ਰੱਖ ਲਿਆ ਹੈ।

ਮੈਂ, ਮਨੀ ਪੁੱਤਰ ਹੁਸਨ ਲਾਲ ਵਾਸੀ ਪਿੰਡ ਪਾਲ ਕਦੀਮ, ਡਾਕ: ਕੰਗ ਜਗੀਰ, ਤਹਿ: ਫਿਲੌਰ, ਜ਼ਿਲ੍ਹਾ ਜਲੰਧਰ ਮੈਂ ਆਪਣਾ ਨਾਂਅ ਮਨੀ ਤੋਂ ਬਦਲ ਕੇ ਮਨੀ ਸਿੰਘ ਟੂਰਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਪਿਆਰਾ ਪੁੱਤਰ ਮੰਗਤ ਰਾਮ ਵਾਸੀ ਪਿੰਡ ਬਸਰਾਮਪੁਰ, ਡਾਕ ਪੱਤੜ ਕਲਾਂ, ਤਹਿਸੀਲ ਕਰਤਾਰਪੁਰ, ਜਿਲਾ ਜਲੰਧਰ-144806, ਪੰਜਾਬ ਨੇ ਆਪਣਾ ਨਾਮ ਪਿਆਰਾ ਤੋ ਬਦਲ ਕੇ ਪਿਆਰਾ ਲਾਲ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ ਚਰਨਜੀਤ ਕੁਮਾਰ ਪੁੱਤਰ ਰਾਮ ਸਰੂਪ ਵਾਸੀ ਪਿੰਡ ਅਤੇ ਡਾਕ ਪੰਡੋਰ, ਤਹਿਸੀਲ ਦਸੂਆ, ਜਿਲਾ ਹੋਸ਼ਿਆਰਪੁਰ-144207, ਪੰਜਾਬ ਨੇ ਆਪਣਾ ਨਾਮ ਚਰਨਜੀਤ ਕੁਮਾਰ ਤੋ ਬਦਲ ਕੇ ਚਰਨਜੀਤ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ ਕਮਲਾ ਪਤਨੀ ਲਾਲ ਚੰਦ ਵਾਸੀ ਪਿੰਡ ਗੋਪਾਲਪੁਰ ਉਰਫ ਵਿਧੀਪੁਰ ਡਾਕ ਨੂਸੀ, ਤਹਿਸੀਲ ਕਰਤਾਰਪੁਰ, ਜਿਲਾ ਜਲੰਧਰ-144011, ਪੰਜਾਬ ਨੇ ਆਪਣਾ ਨਾਮ ਕਮਲਾ ਤੋ ਬਦਲ ਕੇ ਕਮਲਾ ਦੇਵੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਸ਼ੈਲੀ ਜੈਨ ਪਤਨੀ ਸ੍ਰੀ ਮੋਹਿਤ ਗੁਪਤਾ ਵਾਸੀ ਮਕਾਨ ਨੰ: 721, ਮਾਡਲ ਟਾਊਨ, ਨੇੜੇ ਰਾਣਾ ਹਸਪਤਾਲ, ਜਲੰਧਰ-144003 (ਪੰਜਾਬ) ਨੇ ਆਪਣਾ ਨਾਂਅ ਵਿਆਹ ਤੋਂ ਬਾਅਦ ਸ਼ੈਲੀ ਜੈਨ ਤੋਂ ਸ਼ੈਲੀ ਗੁਪਤਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ। (8129)

ਮੈਂ, ਮਨਪ੍ਰੀਤ ਪੁੱਤਰ ਲਖਬੀਰ ਸਿੰਘ ਵਾਸੀ 474, ਗਲੀ ਨੰ: 6/2, ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ (ਪੰਜਾਬ), ਮੈਂ ਆਪਣਾ ਨਾਮ ਮਨਪ੍ਰੀਤ ਤੋਂ ਬਦਲ ਕੇ ਮਨਪ੍ਰੀਤ ਸਿੰਘ ਰੱਖ ਲਿਆ ਹੈ। ਸਾਰੇ ਸੰਬੰਧਤ ਨੋਟ ਕਰ ਲੈਣ।

ਮੈਂ, ਬਿੰਦਰ ਪਤਨੀ ਕਮਲ ਕਿਸ਼ੋਰ ਵਾਸੀ ਪਿੰਡ ਇਸਮਾਇਲਪੁਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਪੁੱਤਰ ਦਾ ਨਾਂਅ ਜਸਕਰਨ ਤੋਂ ਬਦਲ ਕੇ ਜਸਕਰਨ ਚੰਦੜ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## Change of Name

I, Khushdeep S/o Ram Saran Singh S/o Butta Ram R/o Vill. Jaffal Jhingar, P.O. Kishanpur, Tehsil Bhogpur, Distt. Jalandhar, have changed my name to Khushdeep Singh @ Khushdeep. Please note. (8123)

I, Gurbakash Kaur alias Gurbax Kaur D/o Gurdip Singh W/o Parminder Singh Dhillon R/o Dhillon Farm House, Vill. Dhilwan, P.O. Dakoha, Distt. Jalandhar, Punjab, have changed my name from Gurbakash Kaur alias Gurbax Kaur to Gurbaksh Kaur Dhillon. Please note. (8126)

I, Dimpal Sharma W/o. Darshan Kumar VPO. Baba Bakala Sahib (Amritsar) declare that my name mentioned as my Husband Passport is Dimlpe Sharma, Which is wrong. So my Correct name is Dimpal Sharma. Concerned Note.

I, Neetu W/o Dharaminder Singh Chumber R/o Dagana Road Gali No. 08, Dashmesh Nagar Tehsil & Distt. Hoshiarpur 146001 Punjab have changed my name from Neetu to Neetu Chumber. Concerned note.

I, Ashwani Kumar S/o Sh. Santosh Chander R/o H.No. 324, Nagina Avenue, Majitha Road, Amritsar have changed my name from Ashwani Kumar to Ashwani Kumar Kaul. Concerned Note. (Uttam)

I, Arun Verma S/o Gurbachan Singh Verma R/o H.No.60-C, Kamal Park, Aman Nagar, Jalandhar, Punjab, India declare that i have changed my minor daughter name from Diksha to Diksha Verma. Kindly Note.

I, Vandna Sharma W/o Jatinder Sharma, R/o 1324/3-Baba Budha Ji Nagar, Rama Mandi, Jalandhar (PB), have changed my name from Vandana Sharma to Vandna Sharma. All concerned please note.

I, Shikha W/o Salin Mehra R/o H No. 157-A, Lane No-9, RB Estate, Loharka Road, Amritsar-1, Punjab-143001. have changed my name and shall hereafter be Known as Shikha Mehra. All concerned please note.

I, Shweta Devi W/o Vinod Kumar R/o Village Brahmpur, Rupnagar, Punjab-140125. have changed my name and shall hereafter be Known as Sunil Devi. All concerned please note.

I, Swinder Singh S/o Ajaib Singh R/o H.No.10, Street no. 4, Old Tanda Road, S A S Nagar, Hoshiarpur, Punjab-146001. I have changed the name of my minor Son Rementen Singh to Sahib Singh. All concerned please note.

I, Paramjeet Kaur W/o Narinder Pal Singh R/o Ward No. 1, Alawalpur Road, Near S D School, Behind Nirankari Bhawan, Adampur Doabad, Jalandhar Punjab-144102. have changed my name as Paramjit Kaur. All concerned please note.

I, Mejar Pal S/o Mohan Lal R/o VPO Jhanjoti, Tehsil Ajnala, Amritsar, Punjab-143001 have changed my name from Mejar Pal to Major Pal.

I Jasmeen d/o Gurmeet Singh R/o H.No. 774, Ajit Nagar, Kapurthala, Punjab, declare That I have changed the name from JASMEEN CHOUHAN to JASMEEN.

I Satvir Kaur w/o Gurmeet Singh Chouhan R/o Ajit Nagar, Kapurthala, Punjab, India declare That I have changed the name from SATVIR KAUR CHOUHAN to SATVIR KAUR.

I, Rattan Kaur W/o Inderjit Singh R/o I.T.I Colony (Boys) Gurdaspur, Pine Code-143521, Tehsil/Distt. Gurdaspur, Punjab, have changed my name from Rattan Kaur to Gurjeet Kaur.

I, Nistha D/o Dushyant Singh R/o 1373, Sector-4 Extn, Rohtak, Haryana- 124001. have changed my name and shall hereafter be Known as Nistha Kadian. All concerned please note.

I, Sneha Bhattacharjee D/o Ashim Kumar Chatterjee R/o Flat no. 1901, Tower B3, Mapsko Casabella, Sector 82, Gurgaon, Haryana- 122004. have changed my name as Sneha Chatterjee. All concerned please note.

## Change of Name

I, Balbir Singh S/o Sohan Singh r/o Vill & Po. Manak Rai, Distt. Jalandhar, Punjab have changed my name from Balbir Singh to Balvir Singh. All Please Note.

I, Pinki D/o Hans Raj w/o Charanjit Pal r/o 216, VPO. Dakoha, Jalandhar, Punjab have changed my name to Pinki Pal, after marriage. All Please Note.

I, Manpreet s/o Surti Ram r/o 10-A, Palam Vihar, Alipur, Jalandhar, Punjab have changed my name to Manpreet Suan. All Please Note.

I, hitherto Known as Renu Sharma w/o Sandip Sharma r/o H.No.443 Mohalla Shiv Puri, Kartarpur, Jalandhar 144801, Punjab have changed my name and shall hereafter be known as Renu Bala.

I, Deepika Kumari d/o Jaswant Rai r/o H.No.33-A, New Rasila Nagar, Basti Danishmandan, Jalandhar Punjab-144002 have changed my name from Deepika to Deepika Kumari. All Please Note.

I, Mamta w/o Dharam Pal r/o VPO. Kandola Kalan, Tehsil Phillaur, Distt. Jalandhar, have changed my name from Mamta to Mamta Rani. All Please Note.

I, Rajni Kashyap d/o Dalip Kumar w/o Sunny r/o 1393, Gali no. 3, Tarn Taran Road, Guru Nanak Colony, Amritsar (PB) have changed my name to Gurleen. All Please Note.

I, Gunjan w/o Sandeep Kumar r/o Guru Teg Bahadur Nagar, Baba Bakala, Amritsar have changed my name to Gunjan Kapoor. All Please Note.

I, Ayaz Hussain Salmani r/o 3713, Gali No. 8, Tej Mohan Nagar, Haller, Jalandhar, Punjab, 144002 have changed name of my minor son Ahnaf aged 5 years to Ahnaf Hussain Salmani. All Please Note.

I, Rinku w/o Gurjinder Basra, d/o Balbir Singh Pal r/o Stadium Avenue, Near Hardev Gas Agency, VPO. Khusropur, Jalandhar Cantt., Jalandhar have changed my name from Rinku to Rinku Basra. All Please Note.

I, Veena Kumari w/o Tilak Raj r/o Patti Udhopur, VPO. Beas Pind, Distt.Jalandhar, Punjab-144302 have changed my name as Beena Banger. All Please Note.

I, Tilak Raj s/o Kishori Lal r/o H.No.142, Urban Estate, Phase-I, Jalandhar have changed my name from Tilak Raj to Tilak Raj Bhola. All Please Note.

I, Prem Chand S/o Joginder Singh R/o Village Rurki Khurd, Po. Garhi Kanugoan, Distt. Shaheed Bhagat Singh Nagar have changed my name from Prem Chand to Prem Singh. All concerned please note.

I, Sukchain Singh S/o Raghuvir Singh R/o Village Thathiala Bet, Po. Garlon Bet, Tehsil Balachaur, Distt. Shaheed Bhagat Singh Nagar have changed my name fron Sukchain Singh to Sukhchain Singh. All concerned please note.

I, Navleen Kaur Sallen D/o Rajinder Singh R/o H.No. 912, Street No. 11, Friends Enclave, Dasmesh Nagar, Hoshiarpur have changed my name from Navleen Kaur Sallen to Navleen Kaur. All concerned please note.

I, Rupinder Kumari Sallen W/o Rajinder Singh R/o H.No. 912, Street No. 11, Friends Enclave, Dasmesh Nagar, Hoshiarpur have changed my name from Rupinder Kumari Sallen to Rupinder Kumari. All concerned please note.

I, Rajinder Singh Sallen S/o Udhey Singh Saleen R/o H.No. 912, Street No. 11, Friends Enclave, Dasmesh Nagar, Hoshiarpur have changed my name from Rajinder Singh Sallen to Rajinder Singh. All concerned please note.

I, Kriti Kohli W/o Rajat Chopra R/o H.No. 389-A, Near Sodal Mandir, Shiv Nagar, Jalandhar, Have Changed My Name From Kriti Kohli To Kriti Chopra, After Marriage. All concerned please note.

I, Aman S/o Krishan Lal R/o Anwal (125), Rohtak, Haryana-124411, have changed my name and shall hereafter be Known as Aman Sapra. All concerned please note.

I, Narender S/o Ved Prakash R/o 1127, Ward No 16/17/18, Bara Gaon (69), Karnal, Haryana-132023, have changed my name and shall hereafter be Known as Narender Munjal. All concerned please note.

I, Sohan Kapoor S/o Laza Ram R/o Machhrauli(94), Sharif Garh, Kurukshetra, Haryana- 136135, have changed my name and shall hereafter be Known as Aryan Kapoor. All concerned please note.

I, Amarjeet Kaur W/o Gurmeet Singh R/o Village Killi Bodla Tehsil Zira District Ferozepur have changed my name from Amarjeet Kaur to Amarjit Kaur

I Satinderpal Singh S/o S. Gurcharan Singh R/o B-123, B-Block, Ranjit Avenue, Amritsar have changed my name from Satinderpal Singh To Satinderpal Singh Sandhu. All Please Note.

## ਸਿਟੀ ਹੋਟਲ ਵਿਖੇ ਕੰਜ਼ਿਊਮਰ ਕਨਫੈਡਰੇਸ਼ਨ ਆਫ ਇੰਡੀਆ ਦੀ ਮੀਟਿੰਗ

ਮੁਕਤਸਰ (ਸ਼ਮਿੰਦਰਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਦੇ ਸਿਟੀ ਹੋਟਲ ਵਿਖੇ ਮੰਗਲਵਾਰ ਨੂੰ ਕੰਜ਼ਿਊਮਰ ਕਨਫੈਡਰੇਸ਼ਨ ਆਫ ਇੰਡੀਆ ਦੀ ਮੀਟਿੰਗ ਹੋਈ, ਜਿਸ 'ਚ ਲੋਕਾਂ ਨੂੰ ਬਿਊਰੋ ਇੰਡੀਅਨ ਸਟੈਂਡਰਡ ਦੇ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਗਿਆ। ਸਮਾਗਮ ਦੌਰਾਨ ਡਿਗਨਟੀ ਦੇ ਨੈਸ਼ਨਲ ਵਾਈਸ ਪ੍ਰਧਾਨ ਮੈਡਮ ਭਾਵਨਾ ਸਾਹਨੀ, ਸੀ ਸੀ ਆਈ ਦੇ ਸਟੇਟ ਪ੍ਰਧਾਨ ਗੁਰਚਰਨ ਸਿੰਘ ਸੰਧੂ, ਬੀ ਆਈ ਐਸ ਦੇ ਅਸਿਸਟੈਂਟ ਡਾਇਰੈਕਟਰ ਚੰਡੀਗੜ੍ਹ ਕੁਸ਼ਾਗਰ ਜਿੰਦਲ ਤੇ ਪ੍ਰੋਜੈਕਟ ਡਾਇਰੈਕਟਰ ਵਿਕਸਤ ਕੁਮਾਰ ਨੇ ਲੋਕਾਂ ਨੂੰ ਵੱਖ-ਵੱਖ ਚੀਜ਼ਾਂ ਦੀ ਗੁਣਵੱਤਾ ਮਾਨਕਾਂ ਤੇ ਸਟੈਂਡਰਡ ਸੰਬੰਧੀ ਜਾਗਰੂਕ ਕਰਦਿਆਂ ਜਾਣਕਾਰੀ ਦਿੱਤੀ ਗਈ। ਇਸ ਮੌਕੇ ਭਾਜਪਾ ਸਰਕਲ-1 ਦੇ ਪ੍ਰਧਾਨ ਰਾਜਕੁਮਾਰ ਭਠੇਜਾ ਮੇਲੂ, ਅਸ਼ਵਨੀ ਗਿਰਧਰ, ਸੰਦੀਪ ਗਿਰਧਰ, ਤਰਸੇਮ ਗੋਇਲ, ਪਵਨ ਖੁਰਾਣਾ, ਰਾਜਨ ਬਾਂਸਲ, ਸੇਵਾਮੁਕਤ ਇੰਸਪੈਕਟਰ ਜਗਸੀਰ ਸਿੰਘ, ਰਾਜੂ ਸ਼ਰਮਾ ਸਮੇਤ ਵੱਡੀ ਗਿਣਤੀ 'ਚ ਸ਼ਹਿਰ ਦੇ ਪਤਵੰਤੇ ਮੌਜੂਦ ਸਨ।

## ਭਾਖੜਾ ਨਹਿਰ ਦੀ ਪਟੜੀ 'ਤੇ ਅਣਅਧਿਕਾਰਤ ਵਾਹਨ ਚਲਾਉਣ ਤੇ ਨਹਿਰ 'ਚ ਤੈਰਨ 'ਤੇ ਪਾਬੰਦੀ ਦੇ ਹੁਕਮ

ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹਾ ਮੈਜਿਸਟਰੇਟ ਪਰਨੀਤ ਸ਼ੇਰਗਿੱਲ ਨੇ ਫ਼ੌਜਦਾਰੀ ਦੰਡ ਸੰਘਤਾ 1973 (2ਆਫ਼1974) ਦੀ ਧਾਰਾ 144 ਅਧੀਨ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹੱਦ ਅੰਦਰ ਪੈਂਦੀ ਭਾਖੜਾ ਮੇਨ ਲਾਈਨ ਨਹਿਰ ਉਪਰ ਮੁਰੰਮਤ ਲਈ ਬਣੀ ਪਟੜੀ 'ਤੇ ਲੋਕਾਂ ਵੱਲੋਂ ਵਾਹਨ ਸਮੇਤ ਲੰਘਣ ਅਤੇ ਨਹਿਰ ਵਿੱਚ ਤੈਰਨ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਕਈ ਵਾਰ ਲੋਕ ਭਾਖੜਾ ਮੇਨ ਲਾਈਨ ਕੈਨਾਲ ਦੀ ਪਟੜੀ 'ਤੇ ਵਾਹਨਾਂ ਸਮੇਤ ਚੜ੍ਹ ਜਾਂਦੇ ਹਨ ਅਤੇ ਕਈ ਵਾਰ ਲੋਕ ਨਹਿਰ ਵਿੱਚੇ ਤੈਰਦੇ ਵੀ ਪਾਏ ਜਾਂਦੇ ਹਨ। ਜਿਸ ਕਾਰਨ ਅਜਿਹੇ ਲੋਕਾਂ ਦੀ ਜਾਨ ਨੂੰ ਖਤਰਾ ਪੈਦਾ ਹੋ ਸਕਦਾ ਹੈ ਅਤੇ ਦੁਰਘਟਨਾ ਹੋਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਜਾਰੀ ਕੀਤੇ ਗਏ ਮਨਾਹੀ ਦੇ ਹੁਕਮ 19 ਸਤੰਬਰ, 2023 ਤੱਕ ਲਾਗੂ ਰਹਿਣਗੇ।

## ਹੜ੍ਹ ਪੀੜਤ ਪਰਵਾਰਾਂ ਲਈ ਜ਼ਰੂਰੀ ਵਸਤਾਂ ਭੇਜੀਆਂ

ਬਠਿੰਡਾ (ਪਰਵਿੰਦਰ ਜੀਤ ਸਿੰਘ) - ਹੜ੍ਹ ਪੀੜਤ ਇਲਾਕਿਆਂ 'ਚ ਅਜੇ ਵੀ ਪਾਣੀ ਨਾਲ ਘਿਰੇ ਪਿੰਡਾਂ 'ਚ ਲੋਕਾਂ ਨੂੰ ਸਹਾਇਤਾ ਦੀ ਲੋੜ ਹੈ। ਚਾਰੇ ਪਾਸੇ ਤੋਂ ਪਾਣੀ ਨਾਲ ਘਿਰੇ ਪਰਵਾਰਾਂ ਨੂੰ ਜ਼ਰੂਰੀ ਵਸਤਾਂ ਦੀ ਬਹੁਤ ਜ਼ਰੂਰਤ ਹੈ। ਇਹਨਾਂ ਪਰਵਾਰਾਂ ਦੀ ਮਦਦ ਲਈ ਬਠਿੰਡਾ ਤੋਂ ਸਮਾਜਸੇਵੀ ਸੰਸਥਾ ਸਹਿਯੋਗ ਵੈਲਫੇਅਰ ਕਲੱਬ ਵੱਲੋਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਉਪਰਾਲਾ ਕੀਤਾ ਗਿਆ ਹੈ। ਸਮਾਜ ਸੇਵੀ ਗੁਰਵਿੰਦਰ ਸ਼ਰਮਾ ਨੇ ਦੱਸਿਆ ਕਿ ਓਹਨਾ ਦੀ ਟੀਮ ਵੱਲੋਂ ਹੜ੍ਹ ਪੀੜਤ ਇਲਾਕਿਆਂ 'ਚ ਮੱਛਰਦਾਨੀਆਂ, ਔਡੋਮਾਸ ਕਰੀਮ, ਔਰਤਾਂ ਲਈ ਸੈਨੇਟਰੀ ਪੈਡ, ਬਿਸਕੁਟ, ਜ਼ਰੂਰੀ ਦਵਾਈਆਂ ਆਦਿ ਸਮਾਨ ਭੇਜਿਆ ਗਿਆ ਹੈ। ਇਸ ਸਮਾਨ 'ਚ ਚਰਨਜੀਤ ਸਿੰਘ ਯੂ ਕੇ, ਰਵਿੰਦਰ ਗਿੱਲ ਆਦਿ ਦੋਸਤਾਂ ਵੱਲੋਂ ਮਦਦ ਕੀਤੀ ਗਈ। ਇਸ ਮੌਕੇ ਸਬ ਇੰਸਪੈਕਟਰ ਅਮਰੀਕ ਸਿੰਘ, ਪਾਰਸ ਸ਼ਰਮਾ, ਗੋਰਾ ਬਾਕਸਰ, ਬਿੱਟੂ ਗਿੱਲ, ਅਰਸ਼ਦੀਪ, ਹੈਪੀ ਸਿੰਘ ਆਦਿ ਸਮਾਜਸੇਵੀ ਮੈਂਬਰ ਹਾਜ਼ਰ ਸਨ।

## ਗੁਰਪਾਲ ਸਿੰਘ ਪੰਡੋਰੀ ਸਿੱਧਵਾਂ ਨੂੰ ਸਦਮਾ, ਭਤੀਜੇ ਦਾ ਦਿਹਾਂਤ

**ਝਬਾਲ (ਹਰਜਿੰਦਰ ਸਿੰਘ ਸੋਨੀ/ ਰੌਬਿਨ ਸਿੰਘ ਸੋਨੀ)**-ਕੰਬਾਈਨ ਸੰਘਰਸ਼ ਕਮੇਟੀ ਦੇ ਆਗੂ ਗੁਰਪਾਲ ਸਿੰਘ ਪਾਲੀ ਪੰਡੋਰੀ ਸਿੱਧਵਾਂ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਭਤੀਜੇ ਇਕਬਾਲ ਸਿੰਘ ਰਾਣਾ ਸਿੱਧੂ ਦਾ ਅਚਾਨਕ ਦਿਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ, ਰਾਜਬੀਰ ਸਿੰਘ ਸੰਧੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਭੁਪਿੰਦਰ ਸਿੰਘ ਖੇੜਾ, ਸਰਪੰਚ ਸਵਿੰਦਰ ਸਿੰਘ ਭੱਲੂ, ਪਲਵਿੰਦਰ ਸਿੰਘ, ਕਿਰਪਾਲ ਸਿੰਘ ਸੋਹਲ, ਪਲਵਿੰਦਰਜੀਤ ਸਿੰਘ ਸਿੱਧਵਾਂ, ਕਾਰਜ ਸਿੰਘ, ਚਾਚਾ ਮੋਹਨ ਸਿੰਘ, ਸਤਨਾਮ ਸਿੰਘ ਭੁਜੜਾਂ ਵਾਲਾ, ਸੂਬਾ ਸਿੰਘ ਪੰਡੋਰੀ, ਜੈਦੀਪ ਸਿੰਘ ਸਿੱਧੂ, ਕੋਮਲਪ੍ਰੀਤ ਸਿੰਘ ਪੰਡੋਰੀ ਰੋਮਾਣਾ, ਦੀਪਕ ਚੀਮਾ, ਪ੍ਰਿਤਪਾਲ ਸਿੰਘ ਅਟਵਾਲ, ਗੁਰਲਾਲ ਸਿੰਘ ਕੈਨੇਡਾ, ਨਵਰੂਪ ਸਿੰਘ ਪੰਡੋਰੀ, ਗੁਰਚੇਤ ਸਿੰਘ ਪੰਡੋਰੀ, ਮਾਸਟਰ ਅਮਰਜੀਤ ਸਿੰਘ ਸਿੱਧਵਾਂ, ਦਲਜੀਤ ਸਿੰਘ ਸਿੱਧੂ, ਬਲਵਿੰਦਰ ਸਿੰਘ ਬਿੱਲਾ, ਰਾਜੂ ਸਿੱਧਵਾਂ, ਸੱਤਬੀਰ ਸਿੰਘ ਸਿੱਧਵਾਂ, ਗੁਰਤੇਜਬੀਰ ਸਿੰਘ ਸਿੱਧਵਾਂ, ਨਵਤੇਜ ਸਿੰਘ ਸਿੱਧਵਾਂ, ਗੁਰਸੇਵਕ ਸਿੰਘ ਪੰਡੋਰੀ ਰੋਮਾਣਾ, ਕੰਬਾਈਨ ਸੰਘਰਸ ਕਮੇਟੀ ਦੇ ਆਗੂ ਪਰਮਜੀਤ ਸਿੰਘ ਦੁੱਗਲਵਾਲ, ਹਣਜੀਤ ਸਿੰਘ ਤੇਜਾ ਸਿੰਘ ਵਾਲਾ, ਭਾਗ ਸਿੰਘ ਕਲਸੀਆਂ, ਬਲਦੇਵ ਸਿੰਘ ਵਾਂ ਤਾਰਾ ਸਿੰਘ, ਅਮਰਜੋਤ ਸਿੰਘ ਦੀਨੇਵਾਲ, ਵਰਿੰਦਰ ਸਿੰਘ ਝਾਮਕਾ, ਬਲਵੰਤ ਸਿੰਘ ਅਕਬਰਪੁਰਾ,ਬਾਬਾ ਸਰਵਣ ਸਿੰਘ ਪਲਾਸੌਰ, ਕਿਰਨਕਿਰਪਾਲ ਸਿੰਘ ਸਿੱਧੂ, ਲਵਲੀ ਸਿੱਧਵਾਂ, ਬਾਬਾ ਪਰਗਟ ਸਿੰਘ ਖਾਲਸਾ ਆਦਿ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

20-JULY-PAGE-7.qxd 7/19/2023 9:15 PM Page 1



## ਝੋਟੇ ਨੂੰ ਬਦਨਾਮ ਕਰਨ ਲਈ ਛੇੜੇ ਕੂੜ ਪ੍ਰਚਾਰ ਦੀ ਅੰਦੋਲਨਕਾਰੀਆਂ ਵੱਲੋਂ ਸਖ਼ਤ ਨਿੰਦਾ

**ਮਾਨਸਾ (ਆਤਮਾ ਸਿੰਘ ਪਮਾਰ)**



ਮਾਨਸਾ ਵਿਚੋਂ ਉਭਰੇ ਨਸ਼ਾ ਵਿਰੋਧੀ ਅੰਦੋਲਨ ਅਤੇ ਗ੍ਰਿਫਤਾਰ ਕੀਤੇ ਨੌਜਵਾਨ ਪਰਵਿੰਦਰ ਝੋਟੇ ਨੂੰ ਆਮ ਜਨਤਾ ਦੀ ਨਜ਼ਰ ਵਿਚ ਬਦਨਾਮ ਕਰਨ ਲਈ ਪੰਜਾਬ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਸੋਸ਼ਲ ਮੀਡੀਆ ਉਤੇ ਸ਼ੁਰੂ ਕੀਤੀ ਕੂੜ ਪ੍ਰਚਾਰ ਦੀ ਮੁਹਿੰਮ ਦੀ ਇਥੇ ਪੱਕੇ ਮੋਰਚੇ 'ਚ ਬੋਲਣ ਵਾਲੇ ਬੁਲਾਰਿਆਂ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ । ਬੁਲਾਰਿਆਂ ਨੇ ਕਿਹਾ ਕਿ ਮਾਨ ਸਰਕਾਰ ਤੇ ਆਪ ਦੇ ਆਈ ਟੀ ਸੈਲ ਵੱਲੋਂ ਇੱਕ ਲੋਕ ਅੰਦੋਲਨ ਖਿਲਾਫ ਅਜਿਹਾ ਝੂਠਾ ਪ੍ਰਚਾਰ ਕਰਨਾ ਬੇਹੱਦ ਸ਼ਰਮਨਾਕ ਕਾਰਾ ਹੈ। ਬਦਲਾਅ ਦੇ ਨਾਹਰੇ ਨਾਲ ਸੱਤਾ 'ਚ ਆਈ ਇਸ ਸਰਕਾਰ ਪ੍ਰਤੀ ਇਤਿਹਾਸਕ ਜਿੱਤ ਦਿਵਾਉਣ ਵਾਲੀ ਜਨਤਾ ਨੇ ਸ਼ਾਇਦ ਕਦੇ ਸੁਪਨੇ ਵਿੱਚ ਵੀ ਨਹੀਂ ਸੀ ਸੋਚਿਆ ਹੋਵੇਗਾ ਕਿ ਕੋਈ ਸਰਕਾਰ ਐਨੀ ਹੇਠਾਂ ਵੀ ਡਿਗ ਸਕਦੀ ਹੈ। ਇਸ ਕੂੜ ਪ੍ਰਚਾਰ ਖਿਲਾਫ ਰੋਸ ਪ੍ਰਗਟ ਕਰਨ ਲਈ ਧਰਨਾਕਾਰੀਆਂ ਵਲੋਂ ਥਾਣਾ ਸਿਟੀ - 2 ਦੇ ਸਾਹਮਣੇ ਮਾਨਸਾ ਜ਼ਿਲਾ ਪ੍ਰਸ਼ਾਸਨ ਦੀ ਅਰਥੀ ਵੀ ਸਾੜੀ ਗਈ। ਸਟੇਜ ਸੰਚਾਲਨ ਸੁਰਿੰਦਰ ਪਾਲ ਸ਼ਰਮਾ ਵੱਲੋਂ ਕੀਤਾ ਗਿਆ। ਮੋਰਚੇ ਨੂੰ ਲਿਬਰੇਸ਼ਨ ਆਗੂ ਰਾਜਵਿੰਦਰ ਸਿੰਘ ਰਾਣਾ, ਮਾਨ ਦਲ ਦੇ ਆਗੂ ਗੁਰਸੇਵਕ ਸਿੰਘ ਜਵਾਹਰਕੇ, ਸੀਪੀਆਈ ਆਗੂ ਕ੍ਰਿਸ਼ਨ ਚੌਹਾਨ, ਸੀ ਪੀ ਐਮ ਆਗੂ ਘਣਸ਼ਾਮ ਨਿੱਕੂ, ਸਿੱਧੂ ਮੂਸੇਵਾਲਾ ਦੇ ਚਾਚਾ ਚਮਕੌਰ ਸਿੰਘ, ਬਸਪਾ ਆਗੂ ਐਡਵੋਕੇਟ ਭੁਪਿੰਦਰ ਬੀਰਵਾਲ, ਟੈਂਪੂ ਯੂਨੀਅਨ ਦੇ ਬਲਵਿੰਦਰ ਸਿੰਘ, ਬਾਬਾ ਬੂਝਾ ਸਿੰਘ ਟਰੱਸਟ ਦੇ ਚੇਅਰਮੈਨ ਕਾਮਰੇਡ ਨਛੱਤਰ ਸਿੰਘ ਖੀਵਾ, ਬੀ ਕੇ ਯੂ ਕ੍ਰਾਂਤੀਕਾਰੀ ਵਲੋਂ ਗੁਰਮੇਲ ਸਿੰਘ ਅਸਪਾਲ, ਡਾਕਟਰ ਮਨਜੀਤ ਰਾਣਾ, ਐਡਵੋਕੇਟ ਕੁਲਦੀਪ ਪਰਮਾਰ ਤੇ ਜਗਤਾਰ ਸਿੰਘ ਧਾਲੀਵਾਲ, ਔਰਤ ਆਗੂ ਜਸਬੀਰ ਕੌਰ ਨੱਤ, ਭਾਰਤ ਮੁਕਤੀ ਮੋਰਚਾ ਵੱਲੋਂ ਜਸਵੰਤ ਸਿੰਘ, ਬੀ ਕੇ ਯੂ ਡਕੌਂਦਾ ਵੱਲੋਂ ਮੱਖਣ ਸਿੰਘ ਜੋਗਾ, ਮੋਗਾ ਤੋਂ ਆਏ ਸਰਪੰਚ ਹਰਭਜਨ ਸਿੰਘ ਬਹੋਨਾ, ਸੀਰਾ ਢਿੱਲੋਂ, ਬਲਵਿੰਦਰ ਸਿੰਘ ਖਿਆਲੀ ਚਾਹਿਲਾਂਵਾਲੀ, ਜੱਸੀ ਖਾਲਸਾ ਅਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਗਗਨ ਖੜਕ ਸਿੰਘ ਵਾਲਾ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਪੁਲਸ ਪਰਵਿੰਦਰ ਝੋਟਾ ਦਾ ਡੋਪ ਟੈਸਟ ਪਾਜ਼ੇਟਿਵ ਹੋਣ ਅਤੇ ਬੀਤੇ ਸਮੇਂ 'ਚ ਉਸ ਵੱਲੋਂ ਮੈਡੀਕਲ ਹਾਲ ਵਾਲਿਆਂ ਤੋਂ ਪੈਸੇ ਵਸੂਲਣ ਦਾ ਕੂੜ ਪ੍ਰਚਾਰ ਕਰਨ ਲਈ ਸੋਸ਼ਲ ਮੀਡੀਆ 'ਤੇ ਕੁਝ ਪੋਸਟਾਂ ਵਾਇਰਲ ਕਰ ਰਹੀ ਹੈ। ਜਦੋਂ ਕਿ ਪਰਵਿੰਦਰ ਖੁਦ ਇਹ ਗੱਲ ਅਕਸਰ ਖੁੱਲ੍ਹੇਆਮ ਬੋਲਦਾ ਰਿਹਾ ਹੈ ਕਿ ਉਹ ਇਸ ਸਾਲ ਮਾਰਚ-ਅਪ੍ਰੈਲ ਤੱਕ ਨਸ਼ਿਆਂ ਦਾ ਸ਼ਿਕਾਰ ਰਿਹਾ ਹੈ। ਵਾਇਰਲ ਸੀ ਸੀ ਟੀ ਵੀ ਫੁਟੇਜ ਵਿਚ ਉਹ ਮਾਨਸਾ ਦੇ ਇਕ ਮੈਡੀਕਲ ਹਾਲ ਤੋਂ ਨਸ਼ੀਲੀਆਂ ਗੋਲੀਆਂ/ਸ਼ੀਸ਼ੀਆਂ ਖਰੀਦਦਾ, ਪੈਸੇ ਦਿੰਦਾ ਅਤੇ ਬਕਾਇਆ ਵਾਪਸ ਲੈਂਦਾ ਨਜ਼ਰ ਆ ਰਿਹਾ ਹੈ, ਜਿਵੇਂ ਕਿ ਦੁਕਾਨ 'ਤੇ ਜਾਣ ਵਾਲਾ ਹਰ ਗਾਹਕ ਕਰਦਾ ਹੈ। ਫਿਰ ਇਨ੍ਹਾਂ ਤਿੰਨ ਵੱਖ ਵੱਖ ਦਿਨਾਂ ਦੀ ਪੁਰਾਣੀ ਫੁਟੇਜ ਤੋਂ ਫਿਰੌਤੀ ਲੈਣ ਵਾਲੀ ਗੱਲ ਕਿਵੇਂ ਸਾਬਤ ਹੋਈ? ਅਗਲੀ ਗੱਲ ਕੀ ਉਸ ਦੁਕਾਨਦਾਰ ਨੇ ਇਸ ਬਾਰੇ ਪੁਲਸ ਨੂੰ ਕੋਈ ਸ਼ਿਕਾਇਤ ਦਿੱਤੀ? ਬੁਲਾਰਿਆਂ ਨੇ ਕਿਹਾ ਕਿ ਜੇਕਰ ਡੋਪ ਟੈਸਟ ਕਰਵਾਉਣਾ ਹੈ, ਤਾਂ ਉਹ ਨਿਰਪੱਖ ਤੌਰ 'ਤੇ ਤਿੰਨ ਡਾਕਟਰਾਂ ਦੇ ਪੈਨਲ ਤੋਂ ਕਰਵਾਉਣ ਤਾਂ ਜੋ ਸੱਚ ਸਾਹਮਣੇ ਆ ਸਕਦਾ ਹੈ। ਇਸ ਸਮੇਂ ਐਲਾਨ ਕੀਤਾ ਗਿਆ ਕਿ ਇੰਨਾਂ ਸਾਜ਼ਿਸ਼ਾਂ ਦਾ ਜਵਾਬ 21 ਜੁਲਾਈ ਦੀ ਰੈਲੀ ਵਿੱਚ ਦਿੱਤਾ ਜਾਵੇਗਾ। ਇਸੇ ਦਿਨ ਹੀ ਸੰਘਰਸ਼ ਦੀ ਅਗਲੀ ਰੂਪ ਰੇਖਾ ਦਾ ਐਲਾਨ ਵੀ ਕੀਤਾ ਜਾਵੇਗਾ।

## ਦਿਨ-ਦਿਹਾੜੇ ਔਰਤ ਨੂੰ ਬੰਧਕ ਬਣਾ ਕੇ ਘਰ 'ਚੋਂ ਲੁੱਟੇ ਸੋਨੇ ਦੇ ਗਹਿਣੇ



**ਮੱਖੂ (ਰਛਪਾਲ ਸਿੰਘ ਸੰਧੂ)**-ਬਲਾਕ ਮੱਖੂ ਦੇ ਪਿੰਡ ਗੱਟਾ ਬਾਦਸ਼ਾਹ ਵਿਖੇ ਅਣਪਛਾਤੇ ਵਿਅਕਤੀਆਂ ਵੱਲੋਂ ਘਰ ਵਿਚ ਦਿਨ ਦਿਹਾੜੇ ਔਰਤ ਨੂੰ ਬੰਧਕ ਬਣਾ ਕੇ 14-15 ਤੋਲੇ ਸੋਨੇ ਦੇ ਗਹਿਣੇ ਲੁੱਟਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਲੁੱਟ ਦੀ ਵਾਰਦਾਤ ਬਾਰੇ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਬਹਿਰਾਮ ਕੇ ਪੰਜਾਬ ਦੇ ਜਨਰਲ ਸਕੱਤਰ ਜਸਵੰਤ ਸਿੰਘ ਗੱਟਾ ਨੇ ਦੱਸਿਆ ਕਿ ਮੇਰਾ ਲੜਕਾ ਅਤੇ ਨੂੰਹ ਕਿਸੇ ਦੇ ਭੋਗ 'ਤੇ ਗਏ ਹੋਏ ਸਨ। ਮੇਰੀ ਧਰਮਪਤਨੀ ਬਲਵਿੰਦਰ ਕੌਰ ਘਰ ਵਿਚ ਇੱਕਲੀ ਸੀ। ਦੁਪਹਿਰ 2.30 ਵਜੇ ਦੇ ਕਰੀਬ ਅਣਪਛਾਤੇ ਦੋ ਵਿਅਕਤੀ ਅਤੇ ਇਕ ਔਰਤ ਘਰ ਵਿਚ ਦਾਖਲ ਹੋ ਕੇ ਮੇਰੀ ਪਤਨੀ ਨੂੰ ਬੰਧਕ ਬਣਾ ਕੇ ਘਰ ਦੀਆਂ ਅਲਮਾਰੀਆਂ ਵਿਚ ਪਏ ਹੋਏ 14-15 ਤੋਲੇ ਸੋਨੇ ਦੇ ਗਹਿਣੇ ਲੈ ਕੇ ਫਰਾਰ ਹੋ ਗਏ। ਅਣਪਛਾਤੇ ਵਿਅਕਤੀਆਂ ਅਤੇ ਔਰਤ ਵੱਲੋਂ ਮੂੰਹ 'ਤੇ ਮਾਸਕ ਪਾਏ ਹੋਏ ਸਨ। ਮੇਰੀ ਧਰਮਪਤਨੀ ਬਲਵਿੰਦਰ ਕੌਰ ਦੇ ਰੌਲਾ 'ਤੇ ਮੇਰੇ ਭਰਾ ਦੇ ਲੜਕੇ ਨੇ ਦਰਵਾਜ਼ਾ ਖੋਲ੍ਹ ਕੇ ਬਾਹਰ ਕੱਢਿਆ । ਉਸ ਵਕਤ ਤੱਕ ਅਣਪਛਾਤੇ ਵਿਅਕਤੀ ਘਰ 'ਚੋਂ ਸੋਨੇ ਦੇ ਗਹਿਣਿਆਂ ਦੀ ਲੁੱਟ ਕਰਕੇ ਫਰਾਰ ਹੋ ਚੁੱਕੇ ਸਨ। ਲੁੱਟ ਦੀ ਹੋਈ ਵਾਰਦਾਤ ਸੂਚਨਾ ਥਾਣਾ ਮੱਖੂ ਵਿਖੇ ਦਿੱਤੀ ਗਈ। ਥਾਣਾ ਮੱਖੂ ਦੇ ਪੁਲਸ ਅਧਿਕਾਰੀਆਂ ਵੱਲੋਂ ਘਟਨਾ ਵਾਲੀ ਜਗ੍ਹਾ 'ਤੇ ਪਹੁੰਚ ਕੇ ਲੁੱਟ ਦੀ ਹੋਈ ਵਾਰਦਾਤ ਦੀ ਜਾਂਚ ਕੀਤੀ ਜਾ ਰਹੀ ਹੈ।

## ਕਿਸਾਨ ਜਥੇਬੰਦੀਆਂ ਨੇ ਮੁੱਖ ਮੰਤਰੀ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਅਹੁਦੇਦਾਰਾਂ ਨੇ ਅੱਜ ਫਿਰੋਜ਼ਪੁਰ ਵਿੱਚ ਡੀ ਸੀ ਰਾਜੇਸ਼ ਧੀਮਾਨ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਸੌਂਪਿਆ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਿਸਾਨ ਯੂਨੀਅਨ ਦੇ ਆਗੂ ਸੁਖਵਿੰਦਰ ਸਿੰਘ ਸਭਰਾਵਾਂ, ਜਸਵਿੰਦਰ ਸਿੰਘ ਲੌਂਗੋਵਾਲ, ਰਣਬੀਰ ਸਿੰਘ ਰਾਣਾ, ਮਨਜੀਤ ਸਿੰਘ ਨਿਆਲ, ਜਸਵਿੰਦਰ ਸਿੰਘ, ਰਣਬੀਰ ਸਿੰਘ ਆਦਿ ਨੇ ਕਿਹਾ ਕਿ ਸਰਕਾਰ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇ ਕੇ ਉਨ੍ਹਾਂ ਦੀ ਗਿਰਦਾਵਰੀ ਕੀਤੀ ਜਾਵੇ, ਮੰਡੀਆਂ ਵਿੱਚ ਕਿਸਾਨਾਂ ਦੀ ਹੋ ਰਹੀ ਲੁੱਟ ਬੰਦ ਕੀਤੀ ਜਾਵੇ, ਪੰਜਾਬ ਭਰ ਦੇ ਕਿਸਾਨਾਂ ਨੂੰ ਜ਼ਮੀਨਾਂ ਦਿੱਤੀਆਂ ਜਾਣ, ਬਿਜਾਈ ਲਈ ਨਹਿਰੀ ਪਾਣੀ ਹਰ ਥਾਂ ਉਪਲਬਧ ਕਰਵਾਇਆ ਜਾਵੇ ਅਤੇ ਇਸ ਤੋਂ ਇਲਾਵਾ ਸਰਕਾਰ ਕਿਸਾਨਾਂ-ਮਜ਼ਦੂਰਾਂ ਦੀਆਂ ਹੋਰ ਅਹਿਮ ਮੰਗਾਂ ਜਲਦ ਤੋਂ ਜਲਦ ਪੂਰੀਆਂ ਕਰੇ ਤਾਂ ਜੋ ਉਨ੍ਹਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਕਿਸਾਨ ਆਗੂਆਂ ਨੇ ਕਿਹਾ ਕਿ ਉਪਰੋਕਤ ਮੰਗਾਂ ਨੂੰ ਲੈ ਕੇ ਉਹ 24 ਜੁਲਾਈ ਤੋਂ ਸੂਬੇ ਭਰ 'ਚ ਡੀ ਸੀ ਦਫ਼ਤਰ ਅੱਗੇ ਪੱਕਾ ਮੋਰਚਾ ਲਗਾਉਣਗੇ ਅਤੇ ਜੇਕਰ ਇਸ ਤੋਂ ਬਾਅਦ ਵੀ ਸਰਕਾਰ 'ਤੇ ਕੋਈ ਅਸਰ ਨਾ ਹੋਇਆ ਤਾਂ ਉਕਤ ਮੋਰਚਾ ਰੇਲਵੇ ਟਰੈਕ 'ਤੇ ਤਬਦੀਲ ਕਰ ਕਰਕੇ ਟਰੈਕ ਜਾਮ ਕੀਤੇ ਜਾਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਕਾਤਰਾਂ

### ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਧਾਰਾ 302 ਦਾ ਪਰਚਾ ਦਰਜ ਕਰਨ ਦੀ ਮੰਗ

**ਤਪਾ ਮੰਡੀ (ਅਰੁਣ ਗੋਇਲ)**-ਸਿਟੀ ਵੈਲਫੇਅਰ ਸੁਸਾਇਟੀ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਭਾਰਤ ਦੇ ਗ੍ਰਹਿ ਮੰਤਰੀ ਨੂੰ ਰਜਿਸਟਰਡ ਪੱਤਰ ਲਿਖ ਕੇ ਮੰਗ ਕੀਤੀ ਹੈ ਸੂਬੇ 'ਚ ਨੌਜਵਾਨਾਂ ਦੀਆਂ ਓਵਰਡੋਜ਼ ਨਸ਼ੇ ਨਾਲ ਮੌਤਾਂ ਹੋ ਰਹੀਆਂ ਹਨ, ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਕਤਲ ਦਾ ਮਾਮਲਾ ਦਰਜ ਕਰਨ ਦਾ ਸੁਝਾਅ ਦਿੱਤਾ ਹੈ। ਇਸ ਪੱਤਰ 'ਚ ਸਿਟੀ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸੱਤਪਾਲ ਗੋਇਲ ਦਾ ਕਹਿਣਾ ਹੈ ਕਿ ਪੰਜਾਬ 'ਚ ਨਸ਼ੇ ਦਾ ਕਹਿਰ ਦਿਨੋ-ਦਿਨ ਵਧ ਰਿਹਾ ਹੈ ਅਤੇ ਨੌਜਵਾਨ ਨਸ਼ੇ ਲੈਣ ਨਾਲ ਮੌਤ ਦੇ ਮੂੰਹ ਜਾ ਰਹੇ ਹਨ, ਘਰਾਂ 'ਚ ਸੱਥਰ ਵਿਛ ਰਹੇ ਹਨ। ਪੰਜਾਬ ਸਰਕਾਰ ਦੀਆਂ ਵੱਡੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਸ਼ੇ ਨੂੰ ਠੱਲ੍ਹ ਨਹੀਂ ਪੈ ਰਹੀ ਸਗੋਂ ਦਿਨੋ-ਦਿਨ ਵਧ ਰਿਹਾ ਹੈ। ਪੰਜਾਬ ਅੰਦਰ ਵੱਡੇ ਪੱਧਰ 'ਤੇ ਮੈਡੀਕਲ ਨਸ਼ਾ ਅਤੇ ਸੰਥੈਟਿਕ ਨਸ਼ੇ ਦਾ ਬੋਲਬਾਲਾ ਹੈ। ਦੋਸ਼ੀ ਕੁਝ ਦਿਨਾਂ ਦੀ ਪੁਲਸ ਹਿਰਾਸਤ ਤੋਂ ਬਾਅਦ ਮੁੜ ਆ ਕੇ ਨਸ਼ੇ ਦੇ ਕਾਰੋਬਾਰ 'ਚ ਲੱਗ ਜਾਂਦੇ ਹਨ। ਹਾਲਤ ਬਹੁਤ ਚਿੰਤਾਜਨਕ ਹੋ ਰਹੀ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਕਤਲ ਦਾ ਮਾਮਲਾ ਦਰਜ ਕੀਤਾ ਜਾਵੇ। ਨਸ਼ੇ ਦੇ ਕਾਰੋਬਾਰੀਆਂ ਖਿਲਾਫ ਫਾਸਟ ਟਰੈਕ ਕੋਰਟਾਂ ਵਿੱਚ ਮੁਕੱਦਮੇ ਚਲਾਏ ਜਾਣ ਅਤੇ ਜ਼ਿਲ੍ਹਾ ਪੁਲਸ ਸਟੇਸ਼ਨ ਅਧੀਨ ਨਸ਼ੇ ਕਾਰਨ ਮੌਤ ਹੁੰਦੀ ਹੈ ਉਸ ਦੀ ਜ਼ਿੰਮੇਵਾਰੀ ਉਥੇ ਤੈਨਾਤ ਪੁਲਸ ਅਧਿਕਾਰੀ ਦੀ ਹੀ ਤੈਅ ਕੀਤੀ ਜਾਵੇ।

### 130 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਦੋ ਨਸ਼ਾ ਤਸਕਰ ਕਾਬੂ



**ਬਾਘਾਪੁਰਾਣਾ (ਮਨੀ ਸਿੰਗਲਾ)**-ਸੀ.ਆਈ.ਏ ਸਟਾਫ਼ ਬਾਘਾ ਪੁਰਾਣਾ ਦੇ ਇੰਚਾਰਜ ਦਲਜੀਤ ਸਿੰਘ ਦੀ ਅਗਵਾਈ ਹੇਠ ਏ ਐਸ ਆਈ ਗੁਰਬਖ਼ਸ਼ ਸਿੰਘ ਵੱਲੋਂ ਕੰਮ ਕਰ ਰਹੀ ਪੁਲਸ ਪਾਰਟੀ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਇਕ ਕੈਂਟਰ ਦੀ ਤਲਾਸ਼ੀ ਲੈ ਕੇ ਉਸ ਵਿਚੋਂ 130 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਕਰ ਕੇ ਦੋ ਕਥਿਤ ਨਸ਼ਾ ਤਸਕਰਾਂ ਨੂੰ ਵੀ ਕਾਬੂ ਕੀਤਾ ਹੈ। ਸੀ.ਆਈ.ਏ ਸਟਾਫ਼ ਬਾਘਾ ਪੁਰਾਣਾ ਦੇ ਇੰਚਾਰਜ ਦਲਜੀਤ ਸਿੰਘ ਨੇ ਦੱਸਿਆ ਕਿ ਮੋਗਾ ਦੇ ਕੋਟਕਪੂਰਾ ਬਾਈਪਾਸ ਵਿਖੇ ਨਾਕੇਬੰਦੀ ਦੌਰਾਨ ਸ਼ੱਕ ਦੇ ਆਧਾਰ 'ਤੇ ਜਦੋਂ ਕੈਂਟਰ ਨੂੰ ਰੋਕਿਆ ਤਾਂ ਕਥਿਤ ਤਸਕਰ ਰਾਜਦੀਪ ਸਿੰਘ ਅਤੇ ਅਮਰਜੀਤ ਸਿੰਘ ਨਿਵਾਸੀ ਮੋਗਾ ਤੋਂ 1560 ਬੋਤਲਾਂ ਚੰਡੀਗੜ੍ਹ ਮਾਰਕਾ ਸ਼ਰਾਬ ਬਰਾਮਦ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰ ਕੇ ਰਿਮਾਂਡ ਲਿਆ ਜਾਵੇਗਾ ਅਤੇ ਇਸ ਦੌਰਾਨ ਇਹ ਪੁੱਛਗਿੱਛ ਕੀਤੀ ਜਾਵੇਗੀ ਕਿ ਉਹ ਇਸ ਨਜਾਇਜ਼ ਸ਼ਰਾਬ ਦੀ ਕਿੱਥੇ ਕਿੱਥੇ ਸਪਲਾਈ ਕਰਦੇ ਹਨ। ਉਨ੍ਹਾਂ ਕਿਹਾ ਕਿ ਪੀ ਬੀ 10 ਜੀ ਕੇ 4823 ਕੈਂਟਰ ਵਿਚੋਂ ਬਰਾਮਦ ਕੀਤੀ ਸ਼ਰਾਬ ਦੀ ਕੀਮਤ 11 ਲੱਖ 70 ਹਜ਼ਾਰ ਰੁਪਏ ਦੇ ਕਰੀਬ ਬਣਦੀ ਹੈ।

### ਬਿਲਡਿੰਗ ਨਾ ਖਾਲੀ ਕਰਨ 'ਤੇ ਗੁਰਦੁਆਰਾ ਸਿੰਘ ਸਭਾ ਵੱਲੋਂ ਧਰਨੇ ਦਾ ਐਲਾਨ

**ਬਰੇਟਾ (ਰੀਤਵਾਲ)**-ਸਥਾਨਕ ਗੁਰਦੁਆਰਾ ਸਿੰਘ ਸਭਾ ਵੱਲੋਂ ਕੋਆਪ੍ਰੇਟਿਵ ਬੈਂਕ ਨੂੰ ਦਿੱਤੇ ਇਕਰਾਰਨਾਮੇ ਤਹਿਤ ਬਿਲਡਿੰਗ ਖਾਲੀ ਨਾ ਕਰਨ ਕਾਰਨ ਸਿੱਖ ਸੰਗਤਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਇੱਕ ਹੰਗਾਮੀ ਮੀਟਿੰਗ ਬੁਲਾ ਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ ਹੈ। ਜਿਸ ਦੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਜੀਤ ਸਿੰਘ ਕਾਹਨਗੜ੍ਹ ਨੇ ਦੱਸਿਆ ਕਿ ਬੈਂਕ ਨਾਲ ਕੀਤੇ ਇਕਰਾਰਨਾਮੇ ਮੁਤਾਬਿਕ 2019 ਵਿੱਚ ਕਿਰਾਇਆਨਾਮਾ ਖਤਮ ਹੋ ਗਿਆ ਸੀ। ਇਸ ਤੋਂ ਬਾਅਦ ਨਾ ਹੀ ਬੈਂਕ ਇਮਾਰਤ ਖਾਲੀ ਕਰ ਰਿਹਾ ਹੈ ਨਾ ਹੀ ਇਸ ਸੰਬੰਧੀ ਕੋਈ ਸਹਿਮਤੀ ਪ੍ਰਗਟ ਕਰ ਰਿਹਾ ਹੈ। ਪ੍ਰਬੰਧਕ ਕਮੇਟੀ ਵੱਲੋਂ ਵਾਰ ਵਾਰ ਬੈਂਕ ਅਧਿਕਾਰੀਆਂ ਨੂੰ ਖਾਲੀ ਕਰਨ ਸੰਬੰਧੀ ਸੂਚਿਤ ਵੀ ਕੀਤਾ ਗਿਆ ਅਤੇ ਕਾਨੂੰਨੀ ਨੋਟਿਸ ਵੀ ਭੇਜਿਆ ਗਿਆ ਪ੍ਰੰਤੂ ਫਿਰ ਵੀ ਬੈਂਕ ਪ੍ਰਬੰਧਕ ਕਮੇਟੀ ਟੱਸ ਤੋਂ ਮੱਸ ਨਾ ਹੋਈ। ਜਿਸ ਦੇ ਰੋਸ ਵਜੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੈਂਕ ਦੇ ਬਾਹਰ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਅਤੇ ਇਸ ਸੰਬੰਧੀ ਆਸ ਪਾਸ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰਬੰਧਕ ਕਮੇਟੀ ਵੱਲੋਂ ਜਾਗਰੂਕ ਕਮੇਟੀਆਂ ਬਣਾ ਲਈਆਂ ਗਈਆਂ ਹਨ। ਮੀਟਿੰਗ ਵਿੱਚ ਹਰਬੰਸ ਸਿੰਘ ਬਰੇਟਾ, ਮੇਘ ਸਿੰਘ ਬਹਾਦਰਪੁਰ, ਸੁਰਜੀਤ ਸਿੰਘ ਮੰਡੇਰ, ਗੁਰਤੇਜ ਸਿੰਘ ਖੁਡਾਲ, ਜਸਦੇਵ ਸਿੰਘ ਜੱਸਲ, ਛੱਜ ਸਿੰਘ ਦਿਆਲਪੁਰਾ, ਦਰਸ਼ਨ ਸਿੰਘ ਬਖਸ਼ੀਵਾਲਾ, ਗੁਰਮੇਲ ਸਿੰਘ ਖੁਡਾਲ, ਤਰਸੇਮ ਸਿੰਘ ਧਰਮਪੁਰਾ, ਚਰਨਜੀਤ ਸਿੰਘ ਆਦਿ ਮੌਜੂਦ ਸਨ।

## ਹੋਲੀ ਹਾਰਟ 'ਚ ਬੱਚਿਆਂ ਦੀਆਂ ਗਤੀਵਿਧੀਆਂ ਕਰਵਾਈਆਂ



**ਅਜੀਤਵਾਲ (ਨਛੱਤਰ ਸੰਧੂ)**

ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਬੱਚਿਆਂ ਦੀਆਂ ਅਲੱਗ-ਅਲੱਗ ਗਤੀਵਿਧੀਆਂ ਕਰਵਾਈਆਂ ਗਈਆਂ। ਜਿਵੇਂ ਕਿ ਅਲੱਗ-ਅਲੱਗ ਅਕਾਰ ਗੋਲਾ, ਲਾਈਨ, ਟੇਢੀ ਲਾਈਨ, ਡੱਬਾ ਆਦਿ ਬਾਰੇ ਜਾਣਕਾਰੀ ਦਿੱਤੀ। ਇਨ੍ਹਾਂ ਗਤੀਵਿਧੀਆਂ ਵਿੱਚ ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਡੀ.ਪੀ ਮਾਸਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਦਾ ਖੇਡਾਂ ਦੇ ਜੀਵਨ ਵਿੱਚ ਪੱਧਰ ਉੱਪਰ ਚੁੱਕਣ ਲਈ ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਲਈ ਤਿਆਰ ਕੀਤਾ ਜਾਂਦਾ ਹੈ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਮੈਡਮ ਪਰਮਜੀਤ ਪਲਤਾ ਅਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਣ ਦਾ ਮੁੱਖ ਮਕਸਦ ਵਿਦਿਆਰਥੀਆਂ ਦਾ ਮਾਨਸਿਕ ਤੇ ਸਰੀਰਿਕ ਵਿਕਾਸ ਕਰਨਾ ਹੈ। ਉਨ੍ਹਾਂ ਦੱਸਿਆ ਕਿ ਸਕੂਲ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਪੜ੍ਹਾਈ ਦੇ ਨਾਲ ਨਾਲ ਗਤੀਵਿਧੀਆ ਵੱਲ ਖਾਸ ਧਿਆਨ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਤੇ ਗਤੀਵਿਧੀਆਂ ਨਾਲ ਜਿੱਥੇ ਵਿਦਿਆਰਥੀਆਂ ਦਾ ਜੀਵਨ ਉੱਜਵਲ ਹੁੰਦਾ ਹੈ ਉਥੇ ਹੀ ਉਨ੍ਹਾਂ ਨੂੰ ਜੀਵਨ ਵਿੱਚ ਅੱਗੇ ਵਧਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਦੱਸਿਆ ਕਿ ਅੱਗੇ ਤੋਂ ਵੀ ਇਸੇ ਤਰ੍ਹਾਂ ਦੇ ਵਿਦਿਆਰਥੀਆਂ ਦੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।

## ਨਵ-ਨਿਯੁਕਤ ਡਾਇਰੈਕਟਰ ਨੇਮ ਚੰਦ ਚੌਧਰੀ ਦਾ ਸਨਮਾਨ

**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ



ਮਾਨ ਵੱਲੋਂ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ ਐਸ ਟੀ ਸੀ ਐਲ) ਦੇ ਨਵ ਨਿਯੁਕਤ ਡਾਇਰੈਕਟਰ ਨੇਮ ਚੰਦ ਚੌਧਰੀ ਦਾ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਉਨ੍ਹਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕਰਕੇ ਨਵੀਂ ਜਿਮੇਂਵਾਰੀ ਮਿਲਣ ਤੇ ਵਧਾਈ ਦਿੱਤੀ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਨੇਮ ਚੰਦ ਚੌਧਰੀ ਦੇ ਪੀ.ਐਸ.ਟੀ.ਸੀ.ਐੱਲ ਦਾ ਡਾਇਰੈਕਟਰ ਪ੍ਰਬੰਧਕੀ ਬਣਨ ਨਾਲ ਉਹ ਬਿਜਲੀ ਦੇ ਵੱਡੇ ਗਰਿਡਾਂ ਵਿੱਚ ਆ ਰਹੀਆ ਸਮੱਸਿਆਵਾਂ ਨੂੰ ਦੂਰ ਕਰਨ ਲਈ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਤਾਂ ਜੋ ਸੂਬੇ ਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਬਿਜਲੀ ਸਪਲਾਈ ਪ੍ਰਤੀ ਕੋਈ ਦਿੱਕਤ ਪੇਸ਼ ਨਾ ਆ ਸਕੇ। ਇਸ ਨਿਯੁਕਤੀ ਕਰਨ 'ਤੇ ਉਨ੍ਹਾਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਸਮੁੱਚੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਪਹਿਲੀ ਅਜਿਹੀ ਪਾਰਟੀ ਹੈ ਜਿਸ ਨੇ ਆਮ ਘਰਾਂ ਦੇ ਨੌਜਵਾਨਾਂ ਨੂੰ ਵੱਡੀਆਂ ਜ਼ਿੰਮੇਵਾਰੀਆ ਦਿੱਤੀਆਂ ਹਨ ਜੋ ਸਾਡੇ ਲਈ ਇਕ ਮਾਣ ਵਾਲੀ ਗੱਲ ਹੈ।

## ਡੀ ਏ ਵੀ ਸਕੂਲ ਵਿਖੇ ਦੋ ਰੋਜ਼ਾ ਸਮਰੱਥਾ ਨਿਰਮਾਣ ਵਰਕਸ਼ਾਪ, ਸੈਮੀਨਾਰ



**ਮਲੋਟ (ਗੁਰਮੀਤ ਸਿੰਘ ਮੱਕੜ)**

ਸਥਾਨਕ ਡੀ.ਏ.ਵੀ. ਪਬਲਿਕ ਸਕੂਲ ਵਿਖੇ ਸੀ.ਬੀ.ਐਸ.ਈ, ਨਵੀਂ ਦਿੱਲੀ ਵੱਲੋਂ ਸਾਇੰਸ ਵਿਸ਼ੇ ਦੇ ਅਧਿਆਪਕਾਂ ਲਈ ਸਕੂਲ ਪ੍ਰਿੰਸੀਪਲ ਸੰਧਿਆ ਬਠਲਾ ਦੀ ਅਗਵਾਈ ਹੇਠ ਚੱਲ ਰਿਹਾ ਦੋ ਰੋਜ਼ਾ ਸਮਰੱਥਾ ਨਿਰਮਾਣ ਵਰਕਸ਼ਾਪ ਸੈਮੀਨਾਰ ਸਮਾਪਤ ਹੋ ਗਿਆ। ਸੈਮੀਨਾਰ ਦੇ ਦੂਜੇ ਦਿਨ ਰਿਸੋਰਸ ਪਰਸਨ ਨੀਨਾ ਪਾਂਡੇ ਅਤੇ ਗੁਰਬੇਜ ਸਿੰਘ ਨਾਗੀ ਸਨ। ਸਭ ਤੋਂ ਪਹਿਲਾਂ ਸਕੂਲ ਪ੍ਰਿੰਸੀਪਲ ਸੰਧਿਆ ਬਠਲਾ ਨੇ ਸੈਮੀਨਾਰ ਦੇ ਰਿਸੋਰਸ ਪਰਸਨਾਂ ਅਤੇ ਪ੍ਰਤੀਭਾਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦਾ ਯੁੱਗ ਤਕਨਾਲੋਜੀ ਦਾ ਯੁੱਗ ਹੈ ਅਤੇ ਸਾਨੂੰ ਆਪਣੇ ਬੱਚਿਆਂ ਨੂੰ ਨਵੀਨਤਮ ਤਕਨੀਕ ਨਾਲ ਪੜ੍ਹਾਉਣਾ ਚਾਹੀਦਾ ਹੈ। ਇਸ ਤਰ੍ਹਾਂ ਸੈਮੀਨਾਰ ਦੁਆਰਾ ਮਹੱਤਵਪੂਰਨ ਅਤੇ ਸੁਤੰਤਰ ਵਿਚਾਰਾਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਅਤੇ ਸੈਮੀਨਾਰ ਦੇ ਵੱਖ-ਵੱਖ ਵਿਸ਼ਿਆਂ 'ਤੇ ਮੌਲਿਕ ਵਿਚਾਰਾਂ ਦੀ ਰਚਨਾ ਕੀਤੀ ਜਾਂਦੀ ਹੈ। ਇਸ ਮੌਕੇ 'ਤੇ ਸੈਮੀਨਾਰ ਦੇ ਮੁੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਅਸੀਂ ਸਿੱਖਿਆ ਨੂੰ ਗਿਆਨ ਪ੍ਰਾਪਤੀ, ਸਹੀ ਆਚਰਣ, ਤਕਨੀਕੀ ਕੁਸ਼ਲਤਾ, ਸਿੱਖਣ ਆਦਿ ਦੀ ਪ੍ਰਕਿਰਿਆ ਕਹਿੰਦੇ ਹਾਂ। ਸਿੱਖਿਆ ਵਿਚ ਗਿਆਨ, ਸਹੀ ਆਚਰਣ ਅਤੇ ਤਕਨੀਕੀ ਮੁਹਾਰਤ, ਅਧਿਆਪਨ ਅਤੇ ਸਿੱਖਣ ਆਦਿ ਸ਼ਾਮਲ ਹਨ। ਇਸ ਤਰ੍ਹਾਂ ਇਹ ਹੁਨਰ, ਵਪਾਰ ਜਾਂ ਪੇਸ਼ਿਆਂ ਦੀ ਕਾਸ਼ਤ ਅਤੇ ਮਾਨਸਿਕ, ਨੈਤਿਕ ਅਤੇ ਸੁਹਜ ਦੀ ਉੱਤਮਤਾ 'ਤੇ ਕੇਂਦਰਤ ਕਰਦਾ ਹੈ, ਜਿਸ ਵਿਚ ਪੜ੍ਹਾਉਣ ਨੂੰ ਕਿਤਾਬਾਂ ਦੀ ਬਜਾਏ ਅਮਲੀ ਰੂਪ ਵਿਚ ਸਿੱਖਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਇਸ ਸੈਮੀਨਾਰ ਵਿਚ ਸੀ.ਬੀ.ਐਸ.ਈ, ਨਵੀਂ ਦਿੱਲੀ ਨਾਲ ਸੰਬੰਧਤ ਸਕੂਲਾਂ ਦੇ 40 ਸਾਇੰਸ ਅਧਿਆਪਕਾਂ ਨੇ ਭਾਗ ਲਿਆ ਅਤੇ ਨਵੀਂ ਤਕਨੀਕ ਬਾਰੇ ਜਾਣਕਾਰੀ ਹਾਸਿਲ ਕੀਤੀ। ਮੰਚ ਸੰਚਾਲਨ ਮਨਦੀਪ ਕੌਰ ਸੋਢੀ ਨੇ ਕੀਤਾ। ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਰਵੀ ਛਾਬੜਾ ਨੇ ਸੈਮੀਨਾਰ ਦੇ ਸਫਲ ਆਯੋਜਨ ਲਈ ਸਕੂਲ ਦੀ ਪ੍ਰਿੰਸੀਪਲ ਸੰਧਿਆ ਬਠਲਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਸਿੱਖਿਆ ਦੇ ਖੇਤਰ ਵਿਚ ਆ ਰਹੇ ਨਵੇਂ ਗਿਆਨ ਅਤੇ ਵਿਗਿਆਨ ਨੂੰ ਸਿੱਖਣਾ ਚਾਹੀਦਾ ਹੈ ਤਾਂ ਜੋ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ।

## ਗੁਰੂ ਨਾਨਕ ਕਾਲਜ ਦੇ ਸਾਇੰਸ ਵਿਭਾਗ ਦਾ ਨਤੀਜਾ ਸੌ ਫੀਸਦੀ

**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਮਈ 2022-23 ਦੇ ਨਤੀਜਿਆਂ ਵਿੱਚੋਂ ਪੋਸਟ ਗ੍ਰੈਜੂਏਟ ਬੇਸਿਕ ਸਾਇੰਸ ਵਿਭਾਗ ਦਾ ਬੀ.ਐਸ. ਸੀ ਨਾਨ- ਮੈਡੀਕਲ ਅਤੇ ਮੈਡੀਕਲ ਸਮੈਸਟਰ ਛੇਵਾਂ ਦਾ ਨਤੀਜਾ ਸੌ ਫੀਸਦੀ ਰਿਹਾ। ਵਿਭਾਗ ਦੇ ਮੁਖੀ ਡਾ.ਅਨੀਤਾ ਰਾਣੀ ਨੇ ਜਾਣਕਾਰੀ ਦਿੱਤੀ ਕਿ ਬੀ.ਐਸ.ਸੀ. ਨਾਨ ਮੈਡੀਕਲ ਸਮੈਸਟਰ ਛੇਵਾਂ ਦੀ ਵਿਦਿਆਰਥਣ ਪ੍ਰਭਜੋਤ ਕੌਰ ਨੇ 91.25 % ਨਾਲ ਕਾਲਜ ਵਿੱਚੋਂ ਪਹਿਲਾ ਸਥਾਨ, ਹਰਵੀਰ ਕੌਰ ਨੇ 90.75 % ਨਾਲ ਦੂਸਰਾ ਸਥਾਨ ਅਤੇ ਹਰਜੋਤ ਕੌਰ ਨੇ 89.5 % ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਐਸ.ਸੀ. ਮੈਡੀਕਲ ਸਮੈਸਟਰ ਛੇਵਾਂ ਦੀ ਸਮੁੱਚੀ ਪਾਸ ਪ੍ਰਤੀਸਤਤਾ ਸੌ ਫੀਸਦੀ ਹੈ। ਵਿਦਿਆਰਥਣ ਸੁਮਨਦੀਪ ਕੌਰ ਨੇ 87% ਨਾਲ ਕਾਲਜ ਵਿੱਚੋਂ ਪਹਿਲਾ ਸਥਾਨ, ਤਵਜੀਤ ਕੌਰ ਨੇ 85.65 % ਅੰਕ ਲੈ ਕੇ ਦੂਜਾ ਸਥਾਨ, ਅਮਨਦੀਪ ਕੌਰ ਨੇ 84.9 % ਨਾਲ ਤੀਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।

ਕਾਲਜ ਪ੍ਰਿੰਸੀਪਲ ਡਾ. ਤੇਜਿੰਦਰ ਕੌਰ ਧਾਲੀਵਾਲ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਵਿਭਾਗ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਆਉਣ ਵਾਲੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਸਫ਼ਲ ਅਪ੍ਰੇਸ਼ਨ ਕਰਕੇ ਬੱਚੇਦਾਨੀ 'ਚੋਂ 3 ਕਿੱਲੋ ਦੀ ਰਸੌਲੀ ਕੱਢੀ

**ਤਪਾ ਮੰਡੀ (ਅਰੁਣ ਗੋਇਲ)**



ਸਬ ਡਵੀਜ਼ਨਲ ਹਸਪਤਾਲ ਤਪਾ ਵਿਖੇ ਇੱਕ ਔਰਤ ਦੀ ਬੱਚੇਦਾਨੀ 'ਚੋਂ ਲਗਭਗ 3 ਕਿੱਲੋ ਦੀ ਰਸੌਲੀ ਨੂੰ ਸਫ਼ਲ ਆਪ੍ਰੇਸ਼ਨ ਕਰ ਕੇ ਬਾਹਰ ਕੱਢਿਆ ਗਿਆ। ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਨਵਜੋਤਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਸਿਵਲ ਸਰਜਨ ਡਾ.ਜਸਬੀਰ ਸਿੰਘ ਔਲਖ ਦੀ ਰਹਿਨੁਮਾਈ ਹੇਠ ਸਬ ਡਵੀਜ਼ਨਲ ਹਸਪਤਾਲ ਤਪਾ ਵਿਖੇ ਰੋਜ਼ਾਨਾ ਸਫ਼ਲ ਆਪ੍ਰੇਸ਼ਨ ਕੀਤੇ ਜਾ ਰਹੇ ਹਨ। ਕੁਝ ਦਿਨ ਪਹਿਲਾਂ ਇੱਥੇ ਔਰਤ ਰੋਗਾਂ ਦੇ ਮਾਹਰ ਡਾ.ਅਮਨਦੀਪ ਕੌਰ ਕੋਲ ਆਈ ਇੱਕ ਔਰਤ ਦੇ ਬੱਚੇਦਾਨੀ ਵਿੱਚ ਰਸੌਲੀ (ਫਿਬਰੋਇਡਜ਼) ਹੋਣ ਦਾ ਪਤਾ ਲੱਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਉਸ ਔਰਤ ਦਾ ਆਪ੍ਰੇਸ਼ਨ ਦੇ ਮਾਹਰ ਡਾ.ਗੁਰਪ੍ਰੀਤ ਸਿੰਘ ਮਾਹਲ ਦੇ ਸਹਿਯੋਗ ਨਾਲ ਡਾ.ਅਮਨਦੀਪ ਕੌਰ ਵੱਲੋਂ 45 ਮਿੰਟ ਦਾ ਸਫ਼ਲ ਆਪ੍ਰੇਸ਼ਨ ਕਰਕੇ ਰਸੌਲੀ ਨੂੰ ਬਾਹਰ ਕੱਢਿਆ ਗਿਆ। ਡਾ.ਭੁੱਲਰ ਨੇ ਦੱਸਿਆ ਕਿ ਬੱਚੇਦਾਨੀ 'ਚ ਰਸੌਲੀ ਹੋਣ ਦੇ ਕਾਰਨਾਂ ਵਿੱਚ ਹਾਰਮੋਨ, ਜੈਨੇਟਿਕ, ਗਰਭ ਅਵਸਥਾ ਸਮੇਂ ਤੇ ਮੋਟਾਪਾ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਔਰਤ ਨੂੰ ਮਹਾਵਾਰੀ ਦੇ ਸਮੇਂ 'ਤੇ ਜ਼ਿਆਦਾ ਬਲੀਡਿੰਗ ਹੋਵੇ ਜਾਂ ਜ਼ਿਆਦਾ ਦਰਦ ਹੋਵੇ, ਧੁੰਨੀ ਦੇ ਥੱਲੇ ਪੇਟ 'ਚ ਦਰਦ ਰਹਿੰਦਾ ਹੋਵੇ, ਪਿਸ਼ਾਬ ਵਾਰ-ਵਾਰ ਆਉਂਦਾ ਹੋਵੇ, ਪੇਟ 'ਚ ਭਾਰੀਪਨ ਮਹਿਸੂਸ ਹੁੰਦਾ ਹੋਵੇ, ਪ੍ਰਾਈਵੇਟ ਪਾਰਟ 'ਚ ਖੂਨ ਆਉਣਾ, ਕਮਜ਼ੋਰੀ ਮਹਿਸੂਸ ਹੋਣਾ, ਪੇਟ 'ਚ ਸੋਜ, ਕਬਜ਼ ਜਾਂ ਪੈਰਾਂ 'ਚ ਦਰਦ ਆਦਿ ਜਿਹੇ ਲੱਛਣ ਵਿਖਾਈ ਦੇਣ ਤਾਂ ਉਨ੍ਹਾਂ ਨੂੰ ਨੇੜੇ ਦੇ ਸਿਹਤ ਕੇਂਦਰ ਵਿਖੇ ਔਰਤ ਰੋਗਾਂ ਦੇ ਮਾਹਰ ਡਾਕਟਰ ਨੂੰ ਜ਼ਰੂਰ ਵਿਖਾਉਣਾ ਚਾਹੀਦਾ ਹੈ।

## ਗੁਰਪ੍ਰੀਤ ਹੋਲੀ ਹਾਰਟ ਪਬਲਿਕ ਸਕੂਲ ਨੇ 600 ਬੂਟੇ ਲਗਾਏ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**

ਗੁਰਪ੍ਰੀਤ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵੱਲੋਂ ਵੱਖ-ਵੱਖ ਥਾਵਾਂ ਅਤੇ ਸਕੂਲ ਵਿੱਚ 600 ਬੂਟੇ ਲਗਾਏ ਗਏ। ਆਪਣਾ ਪੰਜਾਬ ਫਾਊਂਡੇਸ਼ਨ ਅਤੇ ਪ੍ਰਾਈਵੇਟ ਸਕੂਲਜ਼ ਪੰਜਾਬ ਵੱਲੋਂ ਵਾਤਾਵਰਣ ਦੀ ਸੰਭਾਲ ਨੂੰ ਲੈ ਕੇ ਮਿਸ਼ਨ ਹਰਿਆਲੀ-2023 ਤਹਿਤ ਇਹ ਬੂਟੇ ਲਗਾਏ ਗਏ।

ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਨੇ ਕਿਹਾ ਕਿ ਸਾਡਾ ਇਹ ਮੁਢਲਾ ਫਰਜ਼ ਹੈ ਕਿ ਅਸੀਂ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਈਏ। ਇਸ ਦੌਰਾਨ ਸਤਿਕਾਰਯੋਗ ਵਾਇਸ ਪ੍ਰਿੰਸੀਪਲ, ਪੂਜਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਰੁੱਖਾਂ ਦੀ ਸਾਂਭ ਸੰਭਾਲ ਅਤੇ ਰੁੱਖਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸਕੂਲ ਮੈਨੇਜਮੈਂਟ, ਅਧਿਆਪਕ, ਕਰਮਚਾਰੀ ਅਤੇ ਵਿਦਿਆਰਥੀ ਮੌਜੂਦ ਸਨ।

## ਸੀ ਐੱਚ ਸੀ ਬਾਲਿਆਂਵਾਲੀ ਵਿਖੇ ਪਰਵਾਰ ਨਿਯੋਜਨ ਕੈਂਪ ਲੱਗਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫਸਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਸੀ ਐੱਚ ਸੀ ਬਾਲਿਆਂਵਾਲੀ ਵਿਖੇ ਬਲਾਕ ਪੱਧਰੀ ਵਿਸ਼ਵ ਅਬਾਦੀ ਕੰਟਰੋਲ ਪੰਦਰਵਾੜੇ ਤਹਿਤ ਪਰਿਵਾਰ ਨਿਯੋਜਨ ਕੈਂਪ ਲਗਾਇਆ ਗਿਆ।

ਇਸ ਸੰਬਧੀ ਜਾਣਕਾਰੀ ਦਿੰਦਿਆਂ ਐਸਐੱਮਓ ਡਾ. ਗੁਰਮੇਲ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਇਹ ਪਰਿਵਾਰ ਨਿਯੋਜਨ ਦਾ ਕੈਂਪ ਲਗਾ ਕੇ ਸਫਲ ਅਪ੍ਰੇਸ਼ਨ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਸਿਵਲ ਹਸਪਤਾਲ ਬਠਿੰਡਾ ਤੋਂ ਸਰਜਨ ਡਾ. ਰਾਵੇਸ਼ਵਰ ਚਾਵਲਾ ਵੱਲੋਂ ਸਫਲ ਅਪਰੇਸ਼ਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਵਾਰੀ ਸਿਹਤ ਵਿਭਾਗ ਵੱਲੋਂ ਲਿੰਗ ਸਮਾਨਤਾ ਦੀ ਸ਼ਕਤੀ ਨੂੰ ਜਾਰੀ ਕਰਨਾ ਥੀਮ ਅਧੀਨ ਮਨਾਇਆ ਜਾ ਰਿਹਾ ਹੈ। ਡਾ. ਗੁਰਮੇਲ ਸਿੰਘ ਨੇ ਕਿਹਾ ਕਿ ਵਿਭਾਗ ਦੇ ਕਰਮਚਾਰੀਆਂ ਅਤੇ ਆਸ਼ਾ ਵਰਕਰਾਂ ਵੱਲੋਂ 27 ਜੂਨ ਤੋਂ 10 ਜੁਲਾਈ ਤੱਕ ਜੋੜਿਆਂ ਨੂੰ ਮਿਲ ਕੇ ਉਨ੍ਹਾਂ ਨੂੰ ਜਾਗਰੂਕ ਕੀਤਾ ਗਿਆ ਹੈ।

ਉਨ੍ਹਾਂ ਮੀਡੀਆ ਰਾਹੀਂ ਅਪੀਲ ਕੀਤੀ ਕਿ ਲੜਕੀ ਦੀ ਸ਼ਾਦੀ 18 ਸਾਲ ਤੋਂ ਪਹਿਲਾਂ ਨਾ ਕੀਤੀ ਜਾਵੇ ਅਤੇ ਦੋ ਬੱਚਿਆਂ ਵਿੱਚ ਘੱਟ ਤੋਂ ਘੱਟ ਤਿੰਨ ਸਾਲ ਦਾ ਫਰਕ ਜ਼ਰੂਰ ਰੱਖਿਆ ਜਾਵੇ। ਇਸ ਮੌਕੇ ਜਗਤਾਰ ਸਿੰਘ ਬਲਾਕ ਐਜੂਕੇਟਰ ਤੇ ਮਨਜੀਤ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਐਮ. ਪੀ. ਐੱਚ. ਡਬਲਯੂ ਮੇਲ/ਫੀਮੇਲ, ਆਸ਼ਾ ਵਰਕਰਾਂ ਤੋਂ ਇਲਾਵਾ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਡਾਕਟਰ ਸਾਥੀਆਂ ਨੇ ਵੀ ਯੋਗਦਾਨ ਪਾਇਆ ਹੈ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਨਲਬੰਦੀ 17 ਅਤੇ 3 ਨਸਬੰਦੀ ਦੇ ਸਫਲ ਅਪਰੇਸ਼ਨ ਕੀਤੇ ਗਏ ਹਨ। ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

## ਹਰਬੰਸ ਸਿੰਘ ਚੀਮਾ ਦੀ 29ਵੀਂ ਬਰਸੀ ਮਨਾਈ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**



ਸ: ਹਰਬੰਸ ਸਿੰਘ ਚੀਮਾ ਮੈਮੋਰੀਅਲ ਟਰੱਸਟ ਅਧੀਨ ਚੱਲ ਰਹੀ ਨਾਮਵਰ ਵਿਦਿਅਕ ਸੰਸਥਾ ਬਰੌਡਵੇ ਪਬਲਿਕ ਸਕੂਲ ਮਨਾਲ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ ਦੇ ਸਤਿਕਾਰਯੋਗ ਪਿਤਾ ਸਵ: ਹਰਬੰਸ ਸਿੰਘ ਚੀਮਾ ਦੀ 29 ਵੀਂ ਸਾਲਾਨਾ ਬਰਸੀ ਪੂਰੇ ਉਤਸ਼ਾਹ ਨਾਲ ਮਨਾਈ ਗਈ। ਸੰਸਥਾ ਦੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਸ਼ਰਧਾਂਜਲੀ ਅਰਪਿਤ ਕਰਦੇ ਹੋਏ ਹਰਬੰਸ ਸਿੰਘ ਚੀਮਾ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਦਿਆ ਦੇ ਪਸਾਰ ਲਈ ਨਿਭਾਈਆਂ ਅਣਥੱਕ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਸਾਰਿਆਂ ਨੂੰ ਇਸ ਤੋਂ ਸੇਧ ਲੈਣ ਦੀ ਅਪੀਲ ਕੀਤੀ। ਇਸ ਮੌਕੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਵਲੋਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਸਵ. ਚੀਮਾ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।

## ਵਿਧਾਨ ਸਭਾ ਹਲਕਾ ਜਗਰਾਉਂ ਦੇ ਸਮੂਹ ਬੀ ਐੱਲ ਓਜ਼ ਨੂੰ ਨਵੀਂ ਐਪ ਦੀ ਟ੍ਰੇਨਿੰਗ

**ਜਗਰਾਉਂ (ਸੰਜੀਵ ਅਰੋੜਾ)**



ਬੀ. ਐਲ. ਓਜ਼. ਨੂੰ ਤਕਨੀਕੀ ਤੌਰ 'ਤੇ ਬਿਹਤਰ ਬਣਾਉਣ ਅਤੇ ਵੋਟ ਬਣਾਉਣ ਦੇ ਕੰਮ ਨੂੰ ਆਸਾਨ ਕਰਨ ਲਈ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਨਵੀਂ ਬੀ. ਐਲ. ਓ. ਐਪ ਸ਼ੁਰੂ ਕੀਤੀ ਗਈ ਹੈ। ਵਿਧਾਨ ਸਭਾ ਹਲਕਾ ਜਗਰਾਉਂ ਵਿੱਚ ਕੰਮ ਕਰਦੇ ਸਮੂਹ ਬੀ.ਐਲ.ਓਜ਼.ਨੂੰ ਇਸ ਐਪ ਦੇ ਕੰਮਾਂ ਤੋਂ ਜਾਣੂ ਕਰਵਾਉਣ ਲਈ ਚਾਰ ਸ਼ਡਿਊਲਾਂ 'ਚ ਐਸ. ਡੀ. ਐਮ. ਮਨਜੀਤ ਕੌਰ ਚੋਣਕਾਰ ਅਫ਼ਸਰ ਜਗਰਾਉਂ ਦੀ ਅਗਵਾਈ ਹੇਠ ਟ੍ਰੇਨਿੰਗ ਦਿੱਤੀ ਗਈ। ਇਹ ਟ੍ਰੇਨਿੰਗ ਬੀ. ਐਲ. ਓਜ਼. ਦੇ ਵੱਖ-ਵੱਖ ਗਰੁੱਪਾਂ ਵਿੱਚ ਸਹਾਇਕ ਰਿਟਰਨਿੰਗ ਅਫਸਰ-2 ਗੁਰਦੀਪ ਸਿੰਘ, ਰਮਿੰਦਰ ਸਿੰਘ ਸੁਪਰਵਾਈਜ਼ਰ, ਨੋਡਲ ਅਫਸਰ ਸਵੀਪ ਪ੍ਰਿੰਸੀਪਲ ਸੰਜੀਵ ਕੁਮਾਰ ਮੈਣੀ ਅਤੇ ਮਾਸਟਰ ਟਰੇਨਰ ਲੈਕਚਰਾਰ ਜਤਿੰਦਰ ਸਿੰਘ ਸੂਤਰਧਾਰ ਵੱਲੋਂ ਬਿਹਤਰ ਅਤੇ ਵਿਸਥਾਰ ਨਾਲ ਦਿੰਦੇ ਹੋਏ ਬੀ. ਐਲ. ਓਜ਼. ਦੇ ਸਾਰੇ ਸ਼ੰਕੇ ਤੇ ਸਵਾਲ ਦੂਰ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸ ਟ੍ਰੇਨਿੰਗ ਦਾ ਆਰੰਭ ਕਰਵਾਉਂਦਿਆਂ ਐਸ. ਡੀ. ਐਮ. ਮਨਜੀਤ ਕੌਰ ਨੇ ਕਿਹਾ ਕਿ ਵੋਟ ਸਾਡਾ ਮੁਢਲਾ ਹੱਕ ਹੈ ਅਤੇ 1 ਜਨਵਰੀ 2024 ਤੱਕ ਦਾ ਕੋਈ ਵੀ ਯੋਗ ਵੋਟਰ ਆਪਣੀ ਵੋਟ ਬਣਾਉਣ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਸਮੂਹ ਬੀ.ਐਲ.ਓਜ਼.ਨੂੰ ਵੋਟ ਬਣਾਉਣ ਅਤੇ ਵੋਟ ਕੱਟਣ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਪੂਰਾ ਧਿਆਨ ਦੇਣ ਦੀ ਹਦਾਇਤ ਕੀਤੀ। ਇਸ ਮੌਕੇ ਬੀ. ਐਲ. ਓਜ਼. ਨੂੰ ਟ੍ਰੇਨਿੰਗ ਦਿੰਦਿਆਂ ਸਹਾਇਕ ਰਿਟਰਨਿੰਗ ਅਫਸਰ-2 ਗੁਰਦੀਪ ਸਿੰਘ ਨੇ ਦੱਸਿਆ ਕਿ 1 ਜਨਵਰੀ 2024 ਨੂੰ 18 ਸਾਲ ਪੂਰੀ ਕਰਨ ਵਾਲੇ ਸਾਰੇ ਬਾਲਗਾਂ ਦੀ ਵੋਟ ਬਣਨਯੋਗ ਹੈ ਪਰ ਇਹ ਧਿਆਨ ਰੱਖਿਆ ਜਾਵੇ ਕਿ ਵੋਟ ਬਣਾਉਣ ਵਾਲਾ ਦਿਮਾਗੀ ਤੌਰ 'ਤੇ ਆਪਣੀ ਵੋਟ ਦੀ ਵਰਤੋਂ ਕਰਨ ਦੇ ਵੀ ਯੋਗ ਹੋਣਾ ਚਾਹੀਦਾ ਹੈ।

ਮਾਸਟਰ ਟ੍ਰੇਨਰ ਜਤਿੰਦਰ ਸਿੰਘ ਸੂਤਰਧਾਰ ਨੇ ਬੀ. ਐਲ. ਓਜ਼. ਨੂੰ ਐਪ ਦੀਆਂ ਤਕਨੀਕੀ ਬਰੀਕੀਆਂ ਤੋਂ ਜਾਣੂ ਕਰਵਾਇਆ। ਇਲੈਕਸ਼ਨ ਸੈਲ ਦੇ ਇੰਚਾਰਜ ਸੁਖਵਿੰਦਰ ਸਿੰਘ ਗਰੇਵਾਲ ਨੇ ਸਮੂਹ ਬੀ. ਐਲ. ਓਜ਼. ਨੂੰ ਕਿਹਾ ਕਿ ਦਫ਼ਤਰ ਹਮੇਸ਼ਾ ਤੁਹਾਡੇ ਸਹਿਯੋਗ ਲਈ ਖੁੱਲ੍ਹਾ ਹੈ ਅਤੇ ਤੁਹਾਡੇ ਸਾਰਿਆਂ ਦੇ ਸਹਿਯੋਗ ਨਾਲ ਹੀ ਵਿਧਾਨ ਸਭਾ ਹਲਕਾ ਜਗਰਾਉਂ ਵਿੱਚ ਵੋਟ ਬਣਾਉਣ ਵਿੱਚ ਕਿਸੇ ਵੀ ਯੋਗ ਵੋਟਰ ਨੂੰ ਸਮੱਸਿਆ ਦਾ ਸਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਮੋਹਣ ਸਿੰਘ ਜੰਡੀ, ਸੋਮਾ ਰਾਣੀ ਅਤੇ ਸੁਮਿਤ ਸੰਨੀ ਵੀ ਬੀ. ਐਲ. ਓਜ਼. ਨੂੰ ਐਪ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ।

## ਅਸ਼ੋਕ ਸ਼ਰਮਾ ਦਾ ਸ਼ਹੀਦ ਸੈਨਿਕ ਕਲੱਬ ਵੱਲੋਂ ਸਨਮਾਨ



**ਪਾਇਲ (ਸੁਖਵਿੰਦਰ ਸਿੰਘ, ਪਰਮਿੰਦਰ ਸਿੰਘ ਮੋਨੂੰ)**-ਗੰਗਾ ਐਕਰੋਵੂਲਜ ਲਿਮਟਿਡ ਜਸਪਾਲੋਂ ਵੱਲੋਂ ਜਿੱਥੇ ਆਪਣੇ ਵਿਸ਼ਾਲ ਕਾਰੋਬਾਰ ਨਾਲ ਸੂਬੇ ਦੀ ਤਰੱਕੀ ਵਿੱਚ ਯੋਗਦਾਨ ਪਾ ਕੇ ਆਰਥਿਕਤਾ ਨੂੰ ਹੁਲਾਰਾ ਦੇਣ ਦਾ ਜ਼ਰੀਆ ਬਣ ਚੁੱਕੀ ਹੈ ਉਥੇ ਹੀ ਅਨੇਕਾਂ ਲੋਕਾਂ ਨੂੰ ਰੋਜ਼ਗਾਰ ਪ੍ਰਦਾਨ ਕਰਕੇ ਇਲਾਕੇ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸੇ ਤਰ੍ਹਾਂ ਉਕਤ ਅਦਾਰੇ ਵੱਲੋਂ ਦੇਸ਼ ਦੀਆਂ ਸਰਹੱਦਾਂ ਉਪਰ ਆਪਾ ਵਾਰਨ ਵਾਲੇ ਨੇੜਲੇ ਪਿੰਡ ਬੇਗੋਵਾਲ ਵਿਖੇ ਅੱਠ ਸ਼ਹੀਦ ਸੈਨਿਕਾਂ ਅਤੇ ਪੰਜ ਅਜ਼ਾਦੀ ਘੁਲਾਟੀਆਂ ਦੀ ਯਾਦ ਵਿੱਚ ਬਣੇ ਸ਼ਹੀਦ ਸੈਨਿਕ ਪਾਰਕ ਨੂੰ ਬੱਚਿਆਂ ਲਈ ਝੂਲੇ ਦੇ ਕੇ ਸ਼ਹਿਦ ਸੈਨਿਕਾਂ ਦੇ ਸਨਮਾਨ ਵਿੱਚ ਵਾਧਾ ਕੀਤਾ ਹੈ। ਸ਼ਹੀਦ ਸੈਨਿਕ ਸਪੋਰਟਸ ਕਲੱਬ ਰਜਿ. ਦੇ ਜਨਰਲ ਸਕੱਤਰ ਲਾਲ ਸਿੰਘ ਮਾਂਗਟ ਨੇ ਦੱਸਿਆ ਕਿ ਕਲੱਬ ਵੱਲੋਂ ਉਕਤ ਅਦਾਰੇ ਨੂੰ ਸ਼ਹੀਦ ਸੈਨਿਕ ਪਾਰਕ ਦੇ ਸੰਬੰਧ ਵਿੱਚ ਬੇਨਤੀ ਕੀਤੀ ਗਈ ਸੀ। ਅਦਾਰੇ ਨੇ ਸ਼ਹੀਦ ਸੈਨਿਕਾਂ ਦੀ ਕੁਰਬਾਨੀ ਦੇਖ ਕੇ ਪਾਰਕ ਵਿਚ ਬੱਚਿਆਂ ਦੇ ਖੇਡਣ ਲਈ ਇਕ ਪੀਂਘ, ਇਕ ਸੀ ਸਾਅ, ਇਕ ਸਲਿੱਪਰੀ ਅਤੇ ਇਕ ਪੁਲ ਦਾ ਝੂਲਾ ਭੇਜਿਆ। ਜਿਸ ਨਾਲ ਬੱਚਿਆਂ ਵਿੱਚ ਆਪਸੀ ਪ੍ਰੇਮ ਪਿਆਰ ਪੈਦਾ ਹੁੰਦਾ ਹੈ ਅਤੇ ਖੇਡਾਂ ਨਾਲ ਜੁੜਨ ਦੀ ਰੁਚੀ ਪ੍ਰਬਲ ਹੁੰਦੀ ਹੈ। ਜਿੱਥੇ ਪਾਰਕ ਵਿੱਚ ਰੋਜ਼ਾਨਾ ਤਿੰਨ ਘੰਟੇ ਨੰਨੇ ਮੁੰਨੇ ਬੱਚੇ ਖੇਡ ਕੇ ਮਨਪ੍ਰਚਾਵਾ ਕਰਦੇ ਹਨ। ਇਨ੍ਹਾਂ ਸਮਾਜਿਕ ਗਤੀਵਿਧੀਆਂ ਬਦਲੇ ਗੰਗਾ ਐਕਰੋਵੂਲਜ ਦੇ ਯੂਨਿਟ ਹੈਡ ਅਸ਼ੋਕ ਸ਼ਰਮਾ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਰਿਟਾਇਰਡ ਐਕਸੀਅਮ ਪ੍ਰੀਤਮ ਸਿੰਘ ਮਾਂਗਟ ਨੇ ਕਿਹਾ ਕਿ ਗੰਗਾ ਐਕਰੋਵੂਲਜ ਵੱਲੋਂ ਉਘੇ ਕਾਰੋਬਾਰੀ ਹੋਣ ਦੇ ਨਾਲ ਨਾਲ ਸਮਾਜਿਕ ਸਾਰੋਕਾਰਾਂ ਨਾਲ ਰਲ ਮਿਲ ਕੇ ਵਿਚਰਨਾ ਸ਼ਲਾਘਾਯੋਗ ਕਦਮ ਹੈ। ਸ਼ਰਮਾ ਨੇ ਕਲੱਬ ਦੇ ਆਹੁਦੇਦਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਅਦਾਰਾ ਹਮੇਸ਼ਾ ਸਮਾਜਿਕ ਗਤੀਵਿਧੀਆਂ ਵਿੱਚ ਯੋਗਦਾਨ ਪਾਉਣ ਦਾ ਮੁੱਦਈ ਰਿਹਾ ਹੈ। ਇਸ ਮੌਕੇ ਰਵਿੰਦਰ ਸਿੰਘ ਰੁਪਾਲੋਂ, ਮਨਜੀਤ ਪਟਿਆਲ, ਲਾਲ ਸਿੰਘ ਮਾਂਗਟ, ਜਥੇਦਾਰ ਸਾਧੂ ਸਿੰਘ, ਪ੍ਰਧਾਨ ਸੁਖਪਾਲ ਸਿੰਘ, ਪ੍ਰਧਾਨ ਅਮਨ ਸਿੰਘ, ਐਡਵੋਕੇਟ ਪ੍ਰੀਤਮ ਸਿੰਘ ਅਤੇ ਫੌਜੀ ਜਸਵੀਰ ਸਿੰਘ ਆਦਿ ਹਾਜ਼ਰ ਸਨ।

## ਲੋਕ ਸੇਵਾ ਸੁਸਾਇਟੀ ਜਗਰਾਓਂ ਨੇ ਫ਼ਰੀ ਡਾਈਟਿੰਗ ਗਾਈਡ ਸੈਮੀਨਾਰ ਕਰਵਾਇਆ



**ਜਗਰਾਉ (ਅਮਿਤ ਖੰਨਾ)**-ਲੋਕ ਸੇਵਾ ਸੁਸਾਇਟੀ ਜਗਰਾਓਂ ਵੱਲੋਂ ਡੀਏਵੀ ਸੈਂਟੀਟਰੀ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਲਈ ਫ਼ਰੀ ਡਾਈਟਿੰਗ ਗਾਈਡ ਸੈਮੀਨਾਰ ਲਗਾਇਆ। ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸੈਕਟਰੀ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਹੇਠ ਲਗਾਏ ਸੈਮੀਨਾਰ ਵਿਚ ਡਾਇਟੀਸ਼ੀਅਨ ਨੀਨਾ ਮਿੱਤਲ ਨੇ ਵਿਦਿਆਰਥੀਆਂ ਨੂੰ ਜੰਕ ਫੂਡ ਦੇ ਨੁਕਸਾਨਦੇਹ ਪ੍ਰਭਾਵ ਅਤੇ ਫੂਡ ਲੇਬਲ ਸਬੰਧੀ ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਤੰਦਰੁਸਤ ਸਿਹਤ ਲਈ ਪੌਸ਼ਟਿਕ ਭੋਜਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਜੰਕ ਫੂਡ ਅਤੇ ਜ਼ਰੂਰਤ ਤੋਂ ਵੱਧ ਕੁੱਝ ਵੀ ਖਾਣ ਨਾਲ ਸਿਹਤ ਨੂੰ ਬਹੁਤ ਨੁਕਸਾਨ ਹੋਣ ਦੇ ਨਾਲ ਕਈ ਬਿਮਾਰੀਆਂ ਨੂੰ ਜਨਮ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਰੋਜ਼ਾਨਾ ਦੇ ਖਾਣ ਪਾਣ ਦੇ ਤਰੀਕੇ ਨੂੰ ਸਹੀ ਕਰਨ ਲਈ ਅਸੀਂ ਅਨੇਕਾਂ ਅਣਚਾਹੀਆਂ ਬਿਮਾਰੀਆਂ ਤੋਂ ਬਚ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਅੱਜ ਦੇ ਜ਼ਮਾਨੇ ਵਿਚ ਹਰ ਕੋਈ ਬਾਜ਼ਾਰੀ ਖਾਣਾ ਖਾਣ ਨੂੰ ਤਰਜੀਹ ਦਿੰਦਾ ਹੈ ਪਰ ਉਹ ਖਾਣ ਦੀ ਕੁਆਲਿਟੀ ਅਤੇ ਉਸ ਦੇ ਅੰਦਰ ਪਾਏ ਜਾਣ ਵਾਲੇ ਮਟਰੀਅਲ ਤੋਂ ਅਣਜਾਣ ਹੁੰਦਾ ਹੋਇਆ ਖਾਣਾ ਖਾ ਲੈਂਦਾ ਹੈ ਜਿਸ ਨਾਲ ਉਸ ਦੀ ਸਿਹਤ ਨੂੰ ਨੁਕਸਾਨ ਪੁੱਜਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਉਹ ਜ਼ਰੂਰਤ ਤੋਂ ਜ਼ਿਆਦਾ ਖਾਣਾ ਨਾ ਖਾਣ, ਆਪਣੀਆਂ ਖਾਣ ਪੀਣ ਦੀਆਂ ਆਦਤਾਂ ਨੂੰ ਬਦਲ ਕੇ ਸਹੀ ਸਮੇਂ ਸਹੀ ਮਾਤਰਾ ਵਿਚ ਪੌਸ਼ਟਿਕ ਭੋਜਨ ਖਾਓ। ਉਨ੍ਹਾਂ ਬੱਚਿਆਂ ਨਾਲ ਸਿਹਤਮੰਦ ਰਹਿਣ ਦੇ ਆਸਾਨ ਤਰੀਕੇ ਵੀ ਸਾਂਝੇ ਕੀਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਦੇਵ ਵਰਤ ਪਲਾਹਾ ਨੇ ਬੱਚਿਆਂ ਨੂੰ ਅਪੀਲ ਕੀਤੀ ਉਹ ਤੰਦਰੁਸਤ ਸਿਹਤ ਰੱਖਣ ਲਈ ਸੈਮੀਨਾਰ ਵਿਚ ਦੱਸੇ ਨੁਕਤਿਆਂ ਨੂੰ ਅਮਲ ਵਿਚ ਲਿਆਉਣ। ਉਨ੍ਹਾਂ ਕਿਹਾ ਕਿ ਸਾਨੂੰ ਜ਼ਿਆਦਾ ਦੇਰ ਖਾਲੀ ਪੇਟ ਨਹੀਂ ਰਹਿਣਾ ਚਾਹੀਦਾ ਅਤੇ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਕੁੱਝ ਖਾਂਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਅਤੇ ਪ੍ਰਧਾਨ ਕੰਵਲ ਕੱਕੜ ਨੇ ਕਿਹਾ ਕਿ ਸੁਸਾਇਟੀ ਵੱਲੋਂ ਜਿੱਥੇ ਸ਼ਹਿਰ ਵਾਸੀਆਂ ਦੀ ਤੰਦਰੁਸਤੀ ਲਈ ਸਮੇਂ ਸਮੇਂ ਵੱਖ-ਵੱਖ ਬਿਮਾਰੀਆਂ ਦੇ ਮੁਫਤ ਮੈਡੀਕਲ ਕੈਂਪ ਲਗਾਏ ਜਾਂਦੇ ਹਨ ਉੱਥੇ ਬਿਮਾਰੀਆਂ ਤੋਂ ਬਚਣ ਲਈ ਡਾਇਟ ਦੇ ਕੈਂਪ ਤੇ ਸੈਮੀਨਾਰ ਲਗਾਏ ਜਾਂਦੇ ਹਨ ਤਾਂ ਕਿ ਲੋਕ ਬਿਮਾਰੀਆਂ ਤੋਂ ਬਚ ਸਕਣ। ਇਸ ਮੌਕੇ ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਰਾਜਿੰਦਰ ਜੈਨ ਕਾਕਾ, ਪੀ. ਆਰ. ਓ. ਸੁਖਦੇਵ ਗਰਗ ਤੇ ਨੀਰਜ ਮਿੱਤਲ, ਗੋਪਾਲ ਗੁਪਤਾ, ਅਨਿਲ ਮਲਹੋਤਰਾ ਸਮੇਤ ਸਕੂਲ ਅਧਿਆਪਕ ਹਾਜ਼ਰ ਸਨ।

## ਸਿੱਧੀ ਭਰਤੀ ਦੇ ਪੇਪਰ ਸਮੇਂ ਦਿਵਿਆਂਗਜਨਾਂ ਨੂੰ ਮੁਹੱਈਆ ਕਰਵਾਏ ਜਾਣਗੇ ਸਕਰਾਈਬਰ ਤੇ ਰੀਡਰ

**ਮੋਗਾ (ਅਮਰਜੀਤ ਬੱਬਰੀ)**-ਆਮ ਤੌਰ 'ਤੇ ਵੇਖਣ ਵਿੱਚ ਆਉਂਦਾ ਹੈ ਕਿ ਸਿੱਖਿਆ ਵਿਭਾਗ ਵੱਲੋਂ ਜਦੋਂ ਕੋਈ ਸਿੱਧੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਤਾਂ ਦਿਵਿਆਂਗਜ਼ਨ ਵਿਅਕਤੀਆਂ ਨੂੰ ਇਹ ਵਿਭਾਗੀ ਪ੍ਰੀਖਿਆਵਾਂ ਦੇਣ ਵਿੱਚ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਨ੍ਹਾਂ ਵਿਅਕਤੀਆਂ ਦੀ ਦਿਵਿਆਂਗਤਾ 40 ਜਾਂ ਇਸ ਤੋਂ ਵੱਧ ਪ੍ਰਤੀਸ਼ਤ ਦੀ ਹੈ ਉਨ੍ਹਾਂ ਨੂੰ ਸਕਰਾਈਬਰ (ਲੇਖਕ) ਅਤੇ ਰੀਡਰ (ਪਾਠਕ) ਵਿਅਕਤੀਆਂ ਦੀ ਮੱਦਦ ਦੀ ਜ਼ਰੂਰਤ ਹੁੰਦੀ ਹੈ ਤਾਂ ਕਿ ਉਹ ਇਹ ਪ੍ਰੀਖਿਆਵਾਂ ਬਿਨ੍ਹਾਂ ਕਿਸੇ ਪ੍ਰੇਸ਼ਾਨੀ ਤੋਂ ਦੇ ਸਕਣ। ਦੇਖਣ ਵਿੱਚ ਇਹ ਵੀ ਆਉਂਦਾ ਹੈ ਕਿ ਕਈ ਵਾਰੀ ਦਿਵਿਆਂਗਜਨਾਂ ਨੂੰ ਇਹ ਸਹੂਲਤ ਸਮੇਂ ਸਿਰ ਮੁਹੱਈਆ ਨਹੀਂ ਹੋ ਪਾਉਂਦੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੋਗਾ ਇੰਦਰਪ੍ਰੀਤ ਕੌਰ ਨੇ ਦੱਸਿਆ ਕਿ ਉਕਤ ਦੇ ਮੱਦੇਨਜ਼ਰ ਅਤੇ ਦਿਵਿਆਂਗਜਨਾਂ ਦੀ ਇਸ ਸਮੱਸਿਆ ਨੂੰ ਦੂਰ ਕਰਨ ਦੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਹੁਣ ਜਿਹੜੇ ਵਿਅਕਤੀ ਸਵੈਇੱਛਾ ਨਾਲ ਦਿਵਿਆਂਗਜਨਾਂ ਨੂੰ ਸਕਰਾਈਬਰ (ਲੇਖਕ) ਅਤੇ ਰੀਡਰ (ਪਾਠਕ) ਦੀ ਸਹੂਲਤੀਅਤ ਮੁਹੱਈਆ ਕਰਵਾਉਣਗੇ ਦਾ ਡਾਟਾ ਇਕੱਤਰ ਕੀਤਾ ਜਾ ਰਿਹਾ ਹੈ ਤਾਂ ਕਿ ਲੋੜ ਪੈਣ ਉੱਪਰ ਇਨ੍ਹਾਂ ਦੀਆਂ ਸੇਵਾਵਾਂ ਲਈਆਂ ਜਾ ਸਕਣ। ਇੰਦਰਪ੍ਰੀਤ ਕੌਰ ਨੇ ਜ਼ਿਲ੍ਹਾ ਮੋਗਾ ਦੇ ਸਵੈਇੱਛਕ ਲੇਖਕਾਂ ਅਤੇ ਪਾਠਕਾਂ ਨੂੰ ਸੂਚਿਤ ਕਰਦਿਆਂ ਦੱਸਿਆ ਕਿ ਜਿਹੜੇ ਵਿਅਕਤੀ ਜ਼ਿਲ੍ਹਾ ਮੋਗਾ ਵਿੱਚ ਦਿਵਿਆਂਗਜਨਾਂ ਨੂੰ ਇਹ ਸਹੂਲਤਾਂ ਮੁਹੱਈਆ ਕਰਵਾਉਣ ਦੇ ਇਛੁੱਕ ਹਨ ਉਹ ਆਪਣੇ ਨਿੱਜੀ ਵੇਰਵਿਆਂ ਅਤੇ ਵਿਦਿਅਕ ਯੋਗਤਾ ਦੇ ਦਸਤਾਵੇਜ਼ਾਂ ਦੇ ਸਮੇਤ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੋਗਾ ਵਿਖੇ ਦਫ਼ਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਬਿਆਸ ਬਲਾਕ ਵਿੱਚ ਆ ਕੇ ਆਪਣੇ ਦਸਤਾਵੇਜ਼ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਅਕਤੀਆਂ ਪਾਸੋਂ, ਦਿਵਿਆਂਗਜ਼ਨ ਵਿਅਕਤੀਆਂ ਨੂੰ ਆਉਣ ਵਾਲੇ ਸਮੇਂ ਵਿਚ ਜਦੋਂ ਕਿਤੇ ਵੀ, ਭਰਤੀ ਲਈ ਪੇਪਰ ਦੇਣ ਹਿੱਤ ਸਕਰਾਈਬਰ ਅਤੇ ਰੀਡਰ ਦੀ ਜ਼ਰੂਰਤ ਹੋਵੇ ਤਾਂ ਉਨ੍ਹਾਂ ਦੀਆਂ ਸੇਵਾਵਾਂ ਲਈਆਂ ਜਾ ਸਕਣ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੇ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਯੋਗ ਵਿਅਕਤੀ ਆਪਣੇ ਵੇਰਵੇ ਦਫ਼ਤਰ ਨਾਲ ਸਾਂਝੇ ਕਰਨ ਤਾਂ ਕਿ ਦਿਵਿਆਂਗਜਨਾਂ ਦੀ ਭਲਾਈ ਲਈ ਉਨ੍ਹਾਂ ਦਾ ਵੱਡਮੁੱਲਾ ਸਹਿਯੋਗ ਲਿਆ ਜਾ ਸਕੇ।

20-July-PAGE-8.qxd 7/19/2023 10:22 PM Page 1



# 10 ਸਾਲਾ ਬੱਚਾ ਚੜ੍ਹਿਆ ਨਜਾਇਜ਼ ਸੰਬੰਧਾਂ ਦੀ ਭੇਟ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਇਥੇ ਇੱਕ 10 ਸਾਲਾਂ ਦੇ ਬੱਚੇ ਦੀ ਲਾਸ਼ ਪਵਿੱਤਰ ਕਾਲੀ ਵੇਈਂ ਨਦੀ 'ਚੋਂ ਮਿਲੀ ਹੈ। ਬਬਨਦੀਪ ਸਿੰਘ ਡੀ ਐੱਸ ਪੀ ਸੁਲਤਾਨਪੁਰ ਲੋਧੀ ਨੇ ਦੱਸਿਆ ਕਿ ਇਕ ਬੱਚਾ ਕਰਨਵੀਰ ਸਿੰਘ ਜੋ ਗੁਰਦੁਆਰਾ ਮਾਤਾ ਸੁਲੱਖਣੀ ਜੀ ਤੋਂ ਅਚਾਨਕ ਘੁੰਮ ਹੋਇਆ ਸੀ। ਜਿਸਦੀ ਵੇਈਂ ਵਿਚੋਂ ਲਾਸ਼ ਬਰਾਮਦ ਹੋਈ ਹੈ। ਲੜਕੇ ਦੇ ਪਿਤਾ ਨੇ ਮੁੱਖ ਅਫਸਰ ਥਾਣਾ ਸੁਲਤਾਨਪੁਰ ਲੋਧੀ ਐੱਸ ਆਈ ਵਰਿੰਦਰ ਸਿੰਘ ਬਾਜਵਾ ਪਾਸ ਅਪਣਾ ਬਿਆਨ ਕਲਮਬੰਦ ਕਰਵਾਇਆ ਕਿ ਉਹ ਆਪਣੀ ਪਤਨੀ ਚਰਨਜੀਤ ਕੌਰ ਅਤੇ ਦੋਨੋਂ ਬੱਚਿਆਂ ਸਮੇਤ ਗੁਰੂਦਵਾਰਾ ਮਾਤਾ ਸੁਲੱਖਣੀ ਜੀ ਸਾਹਮਣੇ ਗੁਰੂ ਨਾਨਕ ਸਟੇਡੀਅਮ ਸੁਲਤਾਨਪੁਰ ਲੋਧੀ ਵਿਖੇ ਸੇਵਾ ਕਰਨ ਗਿਆ ਸੀ। ਗੁਰਦਵਾਰਾ ਸਾਹਿਬ ਵਿਖੇ ਉਸਦੀ ਮਾਸੀ ਦੀ ਨੂੰਹ ਰਾਜਬੀਰ ਕੌਰ ਪਤਨੀ ਲੇਟ ਹਰਜੀਤ ਸਿੰਘ ਵਾਸੀ ਬਾਬਾ ਜਵਾਲਾ ਸਿੰਘ ਨਗਰ ਸੁਲਤਾਨਪੁਰ ਲੋਧੀ ਵੀ ਸੇਵਾ ਕਰ ਰਹੀ ਸੀ। ਸੇਵਾ ਕਰਦਿਆਂ ਉਸਦਾ ਲੜਕਾ ਕਰਨਵੀਰ ਸਿੰਘ ਗੁਰਦਵਾਰਾ ਸਾਹਿਬ ਦਿਖਾਈ ਨਹੀਂ ਦਿੱਤਾ ਅਤੇ ਨਾ ਹੀ ਉਸਦੀ ਮਾਸੀ ਦੀ ਨੂੰਹ ਰਾਜਬੀਰ ਕੌਰ ਦਿਖਾਈ ਦਿੱਤੀ। ਉਸ ਨੇ ਲੜਕੇ ਦੀ ਭਾਲ ਸ਼ੁਰੂ ਕੀਤੀ ਤਾਂ ਇੱਕ ਸੀ ਸੀ ਟੀ ਵੀ ਕੈਮਰੇ ਵਿੱਚ ਰਾਜਬੀਰ ਕੌਰ ਉਕਤ ਉਸਦੇ ਲੜਕੇ ਕਰਨਵੀਰ ਸਿੰਘ ਨੂੰ ਲੈ ਕੇ ਜਾਂਦੀ ਹੋਈ ਦਿਖਾਈ ਦਿੱਤੀ ਸੀ। ਹੁਣ ਉਹਨਾਂ ਨੂੰ ਲੋਕਾਂ ਰਾਹੀ ਪਤਾ ਲੱਗਾ ਕਿ ਇੱਕ ਲੜਕੇ ਦੀ ਡੈਡ ਬਾਡੀ ਬੂਸੋਵਾਲ ਰੋਡ 'ਤੇ ਪੀਰ ਗੈਬ ਗਾਜੀ ਜੀ ਦੀ ਜਗ੍ਹਾ ਦੇ ਸਾਹਮਣੇ ਵੇਈ ਵਿੱਚੋਂ ਮਿਲੀ ਹੈ। ਉਸ ਨੇ ਦੱਸਿਆ ਕਿ ਰਾਜਬੀਰ ਕੌਰ ਉਕਤ ਦੇ ਉਸਦੇ ਭਰਾ ਹੀਰਾ ਸਿੰਘ ਨਾਲ ਨਜਾਇਜ ਸਬੰਧ ਹਨ। ਜਿਨ੍ਹਾਂ ਨੂੰ ਉਹਨਾਂ 2-3 ਵਾਰ ਇਤਰਾਜਯੋਗ ਹਾਲਤ ਵਿੱਚ ਫੜਿਆ ਸੀ ਅਤੇ ਕੁਝ ਦਿਨ ਪਹਿਲਾਂ ਇਸ ਗੱਲ ਤੋਂ ਰਾਜਬੀਰ ਕੌਰ ਦਾ ਉਸਦੀ ਪਤਨੀ ਗੁਰਪ੍ਰੀਤ ਕੌਰ ਨਾਲ ਝਗੜਾ ਵੀ ਹੋਇਆ ਸੀ। ਉਸ ਨੂੰ ਪੂਰਾ ਯਕੀਨ ਹੈ ਕਿ ਉਸਦੇ ਲੜਕੇ ਕਰਨਵੀਰ ਸਿੰਘ ਨੂੰ ਰਾਜਬੀਰ ਕੌਰ ਉਕਤ ਨੇ ਮਾਰ ਦੇਣ ਦੀ ਨੀਅਤ ਨਾਲ ਵੇਈਂ ਤੇ ਲਿਆ ਕੇ ਧੱਕਾ ਦੇ ਦਿੱਤਾ ਜਿਸ ਕਰਕੇ ਪਾਣੀ ਵਿੱਚ ਡੁੱਬਣ ਕਾਰਨ ਉਸਦੇ ਲੜਕੇ ਕਰਨਵੀਰ ਸਿੰਘ ਦੀ ਮੌਤ ਹੋ ਗਈ। ਪੁਲਸ ਨੇ ਮਾਮਲਾ ਦਰਜ ਕਰਕੇ ਰਾਜਵੀਰ ਕੌਰ ਪਤਨੀ ਲੇਟ ਹਰਜੀਤ ਸਿੰਘ ਵਾਸੀ ਜਵਾਲਾ ਸਿੰਘ ਨਗਰ ਨੂੰ ਗ੍ਰਿਫਤਾਰ ਕਰ ਲਿਆ। ਮਾਮਲੇ ਦੀ ਤਹਿਕੀਕਾਤ ਕਰਦੇ ਹੋਏ ਪੁਲਸ ਨੂੰ ਸੁਰਾਗ ਮਿਲਿਆ ਕਿ ਰਾਜਵੀਰ ਕੌਰ ਅਤੇ ਹੀਰਾ ਸਿੰਘ ਨੇ ਸਾਜ਼ਿਸ਼ ਤਹਿਤ ਪਹਿਲਾਂ ਤੋਂ ਪਲਾਨਿੰਗ ਕੀਤੀ ਸੀ, ਜਿਸ ਮੁਤਾਬਿਕ ਹੀ ਬੱਚੇ ਨੂੰ ਜਾਮਨ ਖਵਾਉਣ ਦਾ ਝਾਂਸਾ ਦੇ ਕੇ ਵੇਈਂ ਨਦੀ ਵਿਚ ਧੱਕਾ ਦੇ ਕੇ ਕਤਲ ਕੀਤਾ ਹੈ।

# ਡੀ ਸੀ ਦਫਤਰਾਂ ਅੱਗੇ ਧਰਨੇ 24 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕਿਸਾਨ ਜਥੇਬੰਦੀਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਵੱਲੋਂ ਪੰਜਾਬ ਵਿਚ ਕਿਸਾਨੀ ਮੰਗਾਂ ਨੂੰ ਲੈ ਕੇ ਇਕ ਮੰਗ ਪੱਤਰ ਡੀ.ਸੀ. ਹੁਸ਼ਿਆਰਪੁਰ ਕੋਮਲ ਮਿੱਤਲ ਨੂੰ ਭੇਟ ਕੀਤਾ ਗਿਆ। ਜ਼ਿਲਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਨੇ ਇਹ ਮੰਗ ਪੱਤਰ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜਸਵਿੰਦਰ ਸਿੰਘ ਲੌਂਗੋਵਾਲ, ਰਣਬੀਰ ਸਿੰਘ ਰਾਣਾ, ਮਨਜੀਤ ਸਿੰਘ ਨਿਆਲ ਅਤੇ ਸੂਬਾਈ ਆਗੂ ਸਵਿੰਦਰ ਸਿੰਘ ਚੁਤਾਲਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਡੀ.ਸੀ. ਨੂੰ ਸੌਂਪਦਿਆਂ ਦੱਸਿਆ ਕਿ ਜਥੇਬੰਦੀ ਕਿਸਾਨੀ ਮੰਗਾਂ ਨੂੰ ਲੈ ਕੇ 24 ਜੁਲਾਈ ਨੂੰ ਡੀਸੀ ਦਫਤਰਾਂ ਅੱਗੇ ਧਰਨੇ ਲਗਾ ਰਹੀ ਹੈ ਅਤੇ ਸੁਣਵਾਈ ਨਾ ਹੋਣ ਤੇ ਇਹ ਮੋਰਚਾ ਰੇਲਵੇ ਲਾਈਨਾਂ 'ਤੇ ਤਬਦੀਲ ਹੋ ਜਾਵੇਗਾ। ਉਨ੍ਹਾਂ ਆਖਿਆ ਕਿ ਉਨ੍ਹਾਂ ਦੀ ਜਥੇਬੰਦੀ ਮੰਗ ਕਰਦੀ ਆ ਰਹੀ ਹੈ ਕਿ ਮੱਕੀ ਅਤੇ ਮੂੰਗੀ ਦੀ ਫਸਲ ਸਰਕਾਰ ਵੱਲੋਂ ਤੈਅ ਕੀਤੀ ਐੱਮ. ਐੱਸ. ਪੀ. 'ਤੇ ਖਰੀਦੀ ਜਾਵੇ। ਕੇਰਲ ਸਰਕਾਰ ਦੀ ਤਰਜ਼ 'ਤੇ ਤੇਲ ਬੀਜਾਂ, ਦਾਲਾਂ ਅਤੇ ਫਲ-ਸਬਜ਼ੀਆਂ ਦੀ ਖਰੀਦ ਲਈ ਐੱਮ.ਐੱਸ.ਪੀ. ਗਾਰੰਟੀ ਕਾਨੂੰਨ ਬਣਾਇਆ ਜਾਵੇ, ਅਬਾਦਕਾਰ ਕਿਸਾਨਾਂ-ਮਜ਼ਦੂਰਾਂ ਦੀਆਂ ਜ਼ਮੀਨਾਂ 'ਤੇ ਹਮਲੇ ਰੋਕ ਕੇ ਪੱਕੇ ਮਾਲਕੀ ਹੱਕ ਦਿੱਤੇ ਜਾਣ, ਪੰਜਾਬ ਸਰਕਾਰ ਵਾਅਦੇ ਮੁਤਾਬਕ ਭਾਰਤ ਮਾਲਾ ਸੜਕ ਮਾਰਗਾਂ ਲਈ ਜ਼ਮੀਨਾਂ ਯੋਗ ਮੁਆਵਜ਼ਾ ਦੇਣ ਤੋਂ ਬਾਅਦ ਹੀ ਐਕੁਆਇਰ ਕੀਤੀਆਂ ਜਾਣ, ਪ੍ਰੀਪੇਡ ਮੀਟਰ ਦੀ ਨੀਤੀ ਵਾਪਸ ਲੈਣ ਅਤੇ ਕਾਮਿਆਂ ਦੀ ਰੈਗੂਲਰ ਭਰਤੀ ਕੀਤੀ ਜਾਵੇ। ਹੜ੍ਹ ਪੀੜਤ ਕਿਸਾਨਾਂ ਦਾ ਸਮੁੱਚਾ ਕਰਜ਼ ਮਾਫ ਕਰਦੇ ਹੋਏ ਤਬਾਹ ਹੋਇਆ ਫਸਲਾਂ ਦਾ ਉਚਿਤ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਦਵਿੰਦਰ ਸਿੰਘ ਕਾਹਲੋਂ, ਲਖਵੀਰ ਸਿੰਘ ਸਰਪੰਚ,ਬੀਬੀ ਅਮਨਦੀਪ ਕੌਰ,ਕਸ਼ਮੀਰ ਸਿੰਘ ਫੱਤਾ ਕੁੱਲਾ, ਰਾਮ ਸਿੰਘ ਭਾਨਾ, ਕੁਲਵਿੰਦਰ ਸਿੰਘ ਕੰਗਮਾਈ, ਜਗਦੀਪ ਸਿੰਘ ਗਿੱਲ ਮੌਜੂਦ ਸਨ।

# ਬਾਲੀ ਜੀ ਦੇ ਵਿਚਾਰਾਂ ਤੋਂ ਨੌਜਵਾਨਾਂ ਨੂੰ ਸੇਧ ਲੈਣ ਦੀ ਲੋੜ : ਪ੍ਰੋ. ਰੌਣਕੀ ਰਾਮ



**ਜਲੰਧਰ ( ਰਾਜੇਸ਼ ਥਾਪਾ ):** ਅੰਬੇਡਕਰ ਭਵਨ ਟਰੱਸਟ (ਰਜਿ.) ਜਲੰਧਰ ਦੇ ਵਿੱਤ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦੇ ਵਿਚਾਰਾਂ ਦੇ ਧਾਰਨੀ ਅਤੇ ਉਨ੍ਹਾਂ ਦੇ ਵਿਚਾਰਾਂ ਨੂੰ ਲੋਕਾਂ ਤਕ ਪਹੁੰਚਾਉਣ ਲਈ ਸੌ ਤੋਂ ਵੱਧ ਕਿਤਾਬਾਂ ਲਿਖਣ ਵਾਲੇ ਲਾਹੌਰੀ ਰਾਮ ਬਾਲੀ ਜੀ ਦਾ ਸ਼ਰਧਾਂਜਲੀ ਸਮਾਗਮ ਭਿਕਸ਼ੂ ਸੰਘ ਦੁਆਰਾ ਤ੍ਰਿਸ਼ਰਣ, ਪੰਚਸ਼ੀਲ ਅਤੇ ਪ੍ਰਵਚਨਾਂ ਨਾਲ ਅੰਬੇਡਕਰ ਭਵਨ ਵਿਖੇ ਬੁੱਧ ਗੀਤੀ ਰਾਹੀਂ ਕੀਤਾ ਗਿਆ, ਜਿਸ ਵਿਚ ਸਭ ਤੋਂ ਪਹਿਲਾਂ ਪ੍ਰੋ. ਜੀ ਸੀ ਕੌਲ ਹੋਰਾਂ ਨੇ ਬਾਲੀ ਜੀ ਦੇ ਜੀਵਨ ਪੰਧ ਉੱਪਰ ਚਾਨਣਾ ਪਾਉਂਦਿਆਂ ਦੱਸਿਆ ਕਿ ਜਿਹੋ ਜੇਹਾ ਜੀਵਨ ਉਨ੍ਹਾਂ ਜੀਵਿਆ, ਉਹ ਵਿਰਲੇ ਹੀ ਲੋਕਾਂ ਨੂੰ ਨਸੀਬ ਹੁੰਦਾ ਹੈ. ਪ੍ਰੋਫੈਸਰ ਕੌਲ ਨੇ ਕਿਹਾ ਕਿ ਜੋ ਬਾਲੀ ਜੀ ਨੇ ਬਾਬਾ ਸਾਹਿਬ ਨੂੰ ਕੌਲ ਦਿੱਤਾ ਸੀ ਕਿ ਉਨ੍ਹਾਂ ਦੇ ਵਿਚਾਰਾਂ ਦਾ ਫੈਲਾਅ ਆਮ ਲੋਕਾਂ ਤੱਕ ਪਹੁੰਚਾਇਆ ਜਾਵੇਗਾ, ਉਨ੍ਹਾਂ ਕਰ ਦਿਖਾਇਆ। ਇਸ ਮੌਕੇ ਪੰਜਾਬ ਪ੍ਰੈਸ ਕਲੱਬ ਦੇ ਪ੍ਰਧਾਨ ਸਤਨਾਮ ਸਿੰਘ ਮਾਣਕ ਨੇ ਆਪਣੇ ਸੰਬੋਧਨ 'ਚ ਆਖਿਆ ਕਿ ਮੈਨੂੰ ਜਦੋਂ ਜਦੋਂ ਵੀ ਕਿਸੇ ਕਿਤਾਬ ਦੀ ਲੋੜ ਪੈਣੀ ਤਾਂ ਬਾਲੀ ਜੀ ਨੇ ਮੇਰੇ ਦਫਤਰ ਪਹੁੰਚਾ ਦੇਣੀ। ਬਾਲੀ ਜੀ ਦੇ ਵਿਚਾਰਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਾਨੂੰ ਵੱਧ ਤੋਂ ਵੱਧ ਹੰਭਲੇ ਮਾਰਨ ਦੀ ਜਰੂਰਤ ਹੈ। ਸ਼ਹੀਦ ਭਗਤ ਸਿੰਘ ਚੇਅਰ, ਪੰਜਾਬ ਯੂਨੀਵਰਸਿਟੀ ਦੇ ਮੁਖੀ ਪ੍ਰੋ. ਰੌਣਕੀ ਰਾਮ ਨੇ ਨੌਜਵਾਨ ਪੀੜ੍ਹੀ ਨੂੰ ਬਾਲੀ ਜੀ ਦੇ ਵਿਚਾਰਾਂ ਤੋਂ ਸੇਧ ਲੈਣ ਤੇ ਜ਼ੋਰ ਦਿੱਤਾ। ਇਸ ਮੌਕੇ ਐੱਸ. ਸੀ. ਕਮਿਸ਼ਨ ਦੇ ਰਾਸ਼ਟਰੀ ਚੇਅਰਮੈਨ ਅਤੇ ਸਾਬਕਾ ਕੇਂਦਰੀ ਰਾਜ ਮੰਤਰੀ ਵਿਜੈ ਸਾਂਪਲਾ ਨੇ ਕਿਹਾ ਕਿ ਬਾਲੀ ਜੀ ਮੇਰੇ ਪਿੰਡ 'ਸੋਫੀ ਪਿੰਡ' ਨੂੰ ਮਾਸਕੋ ਕਹਿੰਦੇ ਸਨ। ਉਨ੍ਹਾਂ ਬਾਬਾ ਸਾਹਿਬ ਦੇ ਪੈਰੋਕਾਰ ਹੋਣ ਦਾ ਜੋ ਨਿਵੇਕਲਾ ਸਬੂਤ ਦਿੱਤਾ, ਉਹ ਸ਼ਲਾਘਾਯੋਗ ਸੀ। ਕਾਂਗਰਸ ਦੇ ਸੀਨੀਅਰ ਆਗੂ ਸ਼ਮਸ਼ੇਰ ਸਿੰਘ ਦੂਲੋ ਨੇ ਕਿਹਾ ਕਿ ਬਾਬਾ ਸਾਹਿਬ ਦੇ ਵਿਚਾਰਾਂ ਨੂੰ ਜਿਵੇਂ ਬਾਲੀ ਸਾਹਿਬ ਨੇ ਨੇੜਿਓਂ ਤੱਕਿਆ ਅਤੇ ਉਨ੍ਹਾਂ ਨੂੰ ਇੱਕ ਅੰਦੋਲਨ ਦਾ ਰੂਪ ਦਿੱਤਾ, ਉਵੇਂ ਹੀ ਸਾਨੂੰ ਵੀ ਵਧੇਰੇ ਕੁਝ ਕਰਨਾ ਹੋਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪਵਨ ਟੀਨੂੰ ਨੇ ਬਾਲੀ ਜੀ ਨੂੰ ਉਹ ਰਾਹ-ਦਸੇਰਾ ਦੱਸਿਆ ਜਿਨ੍ਹਾਂ ਦੀ ਸਮੇਂ ਨੂੰ ਲੋੜ ਸੀ। ਸਿਆਸੀ ਆਗੂਆਂ ਤੋਂ ਇਲਾਵਾ ਸਮਾਜ ਦੇ ਬੁਧੀਜੀਵੀ ਪ੍ਰੋ. ਜਗਮੋਹਨ ਸਿੰਘ , ਡਾ. ਚਮਨ ਲਾਲ, ਡਾ. ਸੁਰਿੰਦਰ ਅਜਨਾਤ, ਪ੍ਰੋ. ਹਰਨੇਕ ਸਿੰਘ, ਐਡਵੋਕੇਟ ਐੱਸ ਐੱਲ ਵਿਰਦੀ, ਹਰਭਜਨ ਸੁਮਨ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਭੀਸ਼ਮ ਪਾਲ ਸਿੰਘ ਗ਼ਾਜ਼ਿਆਬਾਦ, ਡਾ. ਰਾਮ ਲਾਲ ਜੱਸੀ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ। ਅੰਬੇਡਕਰ ਭਵਨ ਟਰੱਸਟ ਦੇ ਚੇਅਰਮੈਨ ਪ੍ਰੋ. ਸੋਹਨ ਲਾਲ, ਟਰੱਸਟੀ ਚਰਨ ਦਾਸ ਸੰਧੂ, ਹਰਮੇਸ਼ ਜੱਸਲ, ਦਰਸ਼ਨ ਲਾਲ ਜੇਠੂਮਜਾਰਾ, ਬਲਦੇਵ ਭਾਰਦਵਾਜ, ਰਾਮ ਸਿੰਘ ਅਤੇ ਬੀਬੀ ਮਹਿੰਦੋ ਰੱਤੂ ਨੇ ਵੀ ਆਪਣੇ ਸੰਬੋਧਨ ਵਿਚ ਬਾਲੀ ਸਾਹਿਬ ਵੱਲੋਂ ਕੀਤੇ ਗਏ ਅਣਥੱਕ ਸੰਘਰਸ਼ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਵਿਚ ਐਡਵੋਕੇਟ ਮਧੂ ਰਚਨਾ, ਮੈਡਮ ਸੁਦੇਸ਼ ਕਲਿਆਣ, ਬੀਬੀ ਸੁਰਿੰਦਰ ਕੁਮਾਰੀ ਕੋਛੜ, ਸੰਤੋਸ਼ ਕੁਮਾਰੀ ਆਰਕੀਟੈਕਟ, ਮੇਹਰ ਮਲਿਕ, ਪਰਮਜੀਤ ਜੱਸਲ, ਐਡਵੋਕੇਟ ਹਰਭਜਨ ਸਾਂਪਲਾ, ਰਮੇਸ ਚੰਦਰ ਸਾਬਕਾ ਰਾਜਦੂਤ, ਚਮਨ ਸਾਂਪਲਾ, ਬਿਹਾਰੀ ਲਾਲ ਗਿੰਢਾ, ਗੁਰਦਿਆਲ ਜੱਸਲ, ਚੌਧਰੀ ਹਰੀ ਰਾਮ, ਜਸਵਿੰਦਰ ਵਰਿਆਣਾ, ਵਰਿੰਦਰ ਕੁਮਾਰ, ਨਿਰਮਲ ਬਿਨਜੀ, ਰਾਮ ਲਾਲ ਦਾਸ, ਹੁਸਨ ਲਾਲ, ਬਾਲੀ ਜੀ ਦੇ ਸਪੁੱਤਰਾਂ ਡਾ. ਰਾਹੁਲ ਬਾਲੀ ਅਤੇ ਆਨੰਦ ਬਾਲੀ ਸਮੇਤ ਉਨ੍ਹਾਂ ਦੀਆਂ ਬੇਟੀਆਂ ਸ਼ਕੁੰਤਲਾ, ਸੁਨੀਤਾ ਤੇ ਸੁਜਾਤਾ ਅਤੇ ਬਹੁਤ ਸਾਰੀਆਂ ਅੰਬੇਡਕਰ ਸਭਾ ਸੋਸਾਇਟੀਆਂ ਅਤੇ ਗੁਰੂ ਰਵਿਦਾਸ ਸੰਸਥਾਵਾਂ ਨੇ ਭਾਰੀ ਗਿਣਤੀ ਵਿਚ ਸ਼ਿਰਕਤ ਕੀਤੀ।

# ਲੋਕ ਮੌਸਮੀ ਬਿਮਾਰੀਆਂ ਤੋਂ ਕਰਨ ਬਚਾਅ : ਡਾ. ਬਲਬੀਰ ਸਿੰਘ

**ਮੋਹਾਲੀ, (ਗੁਰਜੀਤ ਬਿੱਲਾ)** ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇੱਥੇ ਆਖਿਆ ਕਿ ਬਰਸਾਤ ਦਾ ਮੌਸਮ ਦਸਤ ਅਤੇ ਹੈਜ਼ੇ ਜਿਹੀਆਂ ਬਿਮਾਰੀਆਂ ਦੇ ਅਨੁਕੂਲ ਹੋਣ ਕਾਰਨ ਸਾਨੂੰ ਪਾਣੀ ਉਬਾਲ ਕੇ ਤੇ ਠੰਢਾ ਕਰ ਕੇ ਪੀਣਾ ਅਤੇ ਖਾਣਾ ਹਮੇਸਾਂ ਤਾਜਾ ਪਕਾ ਕੇ ਖਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਜਿਨ੍ਹਾਂ ਪ੍ਰਭਾਵਿਤ ਖੇਤਰਾਂ 'ਚ ਡਾਇਰੀਆ ਤੇ ਹੈਜ਼ੇ ਦੇ ਕੇਸ ਸਾਹਮਣੇ ਆਏ ਹਨ, ਉਹ ਸਿਹਤ ਵਿਭਾਗ ਵੱਲੋਂ ਕੀਤੇ ਜਾ ਰਹੇ ਅਣਥੱਕ ਯਤਨਾਂ ਬਾਅਦ ਹੁਣ ਲਗਾਤਾਰ ਘਟ ਰਹੇ ਹਨ। ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੋਹਾਲੀ ਵਿਖੇ ਜ਼ਿਲ੍ਹੇ ਵਿੱਚ ਸਾਹਮਣੇ ਆਏ ਦਸਤ ਤੇ ਹੈਜ਼ੇ ਦੇ ਕੇਸਾਂ ਸੰਬੰਧੀ ਲਈ ਮੰਗਲਵਾਰ ਨੂੰ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੌਰਾਨ ਜਾਇਜਾ ਲੈਣ ਆਏ ਸਨ। ਉਨ੍ਹਾਂ ਕਿਹਾ ਕਿ ਦਸਤ ਤੇ ਹੈਜ਼ੇ ਤੋਂ ਬਚਾਅ ਲਈ ਸਮੁੱਚੇ ਜਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੀ ਵਿਸ਼ੇਸ਼ ਤੌਰ 'ਤੇ ਮੈਡੀਕਲ ਟੀਮਾਂ ਰਾਹੀਂ ਸਕਰੀਨਿੰਗ ਕਰਵਾਈ ਜਾਵੇ ਅਤੇ ਇਸ ਮੰਤਵ ਲਈ ਆਈ ਐਮ ਏ ਦਾ ਸਹਿਯੋਗ ਵੀ ਲਿਆ ਜਾਵੇ। ਉਨ੍ਹਾਂ ਇਸ ਗੱਲ 'ਤੇ ਵੀ ਜੋਰ ਦਿੱਤਾ ਕਿ ਜਿੱਥੇ ਵੀ ਦਸਤ ਤੇ ਹੈਜ਼ੇ ਦਾ ਕੋਈ ਮਾਮਲਾ ਸਾਹਮਣੇ ਆਉਂਦਾ ਹੈ, ਉੱਥੇ ਤੁਰੰਤ ਪੀਣ ਵਾਲੇ ਪਾਣੀ ਦੇ ਬਦਲਵੇਂ ਪ੍ਰਬੰਧ ਕੀਤੇ ਜਾਣ, ਲੋਕਾਂ ਨੂੰ ਪਾਣੀ ਉਬਾਲ ਕੇ ਪੀਣ ਜਾਣ ਕਲੋਰੀਨ ਰਾਹੀਂ ਸੋਧ ਕੇ ਪੀਣ ਅਤੇ ਖਾਣਾ ਤਾਜਾ ਪਕਾ ਕੇ ਖਾਣ ਦੀਆਂ ਮੁਢਲੀਆਂ ਪ੍ਰਹੇਜ ਲੋੜਾਂ ਤੋਂ ਜਾਣੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਰੈਪਿਡ ਰਿਸਪਾਂਸ ਟੀਮਾਂ ਤੋਂ ਰੋਟੇਸ਼ਨ ਅਧਾਰ 'ਤੇ ਕੰਮ ਲਿਆ ਜਾਵੇ ਅਤੇ ਮੈਡੀਕਲ ਅਤੇ ਨਰਸਿੰਗ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਵੀ ਸਰਵੇਖਣ ਅਤੇ ਜਾਗਰੂਕਤਾ ਮੁਹਿੰਮ ਵਿੱਚ ਨਾਲ ਜੋੜਿਆ ਜਾਵੇ। ਡਾ. ਬਲਬੀਰ ਸਿੰਘ ਨੇ ਅਧਿਕਾਰੀਆਂ ਨੂੰ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਟੀਮਾਂ ਬਣਾ ਕੇ ਸਿਹਤ ਸੰਭਾਲ ਤੇ ਸਿਹਤ ਸਹੂਲਤਾਂ ਬਾਬਤ ਸਰਵੇਖਣ ਕੀਤਾ ਜਾਵੇ ਅਤੇ ਲੋਕਾਂ ਨੂੰ ਜਿਹੜੀਆਂ ਵੀ ਮੁਸ਼ਕਲਾਂ ਦਰਪੇਸ਼ ਹਨ, ਉਹ ਦੂਰ ਕੀਤੀਆਂ ਜਾਣ। ਇਸ ਦੇ ਨਾਲ ਨਾਲ ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਉਹ ਮੱਖੀਆਂ ਤੇ ਮੱਛਰਾਂ ਕਾਰਨ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਬਾਬਤ ਫੌਗਿੰਗ ਸਮੇਤ ਲੋੜੀਂਦੇ ਕਦਮ ਚੁੱਕਣ ਤੇ ਨਾਲ ਹੀ ਲੋਕਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਬਾਰੇ ਜਾਗਰੂਕ ਕਰਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਸਿਹਤ ਸੰਭਾਲ ਦੇ ਮੱਦੇਨਜ਼ਰ ਜ਼ਿਲ੍ਹੇ ਵਿਚਲੇ ਸਾਰੇ ਹਸਪਤਾਲ ਕਾਰਜਸ਼ੀਲ ਹਨ ਤੇ ਹੜ੍ਹਾਂ ਦੌਰਾਨ ਸਥਾਪਤ 22 ਰਾਹਤ ਕੇਂਦਰਾਂ ਵਿੱਚ ਕਰੀਬ 4 ਹਜ਼ਾਰ ਲੋਕ ਪੁੱਜੇ ਸਨ। ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਹੁਣ ਤਕ 186 ਮੈਡੀਕਲ ਕੈਂਪ ਲਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੈਜ਼ੇ ਦੇ 15 ਕੇਸ ਸਾਹਮਣੇ ਆਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 39 ਰੈਪਿਡ ਰਿਸਪਾਂਸ ਟੀਮਾਂ ਕਾਰਜਸ਼ੀਲ ਹਨ।

# ਸ੍ਰੀ ਮਦ ਭਾਗਵਤ ਕਥਾ ਭਲਕ ਤੋਂ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)** ਬਾਪੂ ਗੰਗਾ ਦਾਸ ਜੀ ਵੈਲਫੇਅਰ ਸੋਸਾਇਟੀ (ਰਜਿ.) ਵੱਲੋ ਮਾਹਿਲਪੁਰ ਵਿਖੇ ਬਾਪੂ ਗੰਗਾ ਦਾਸ ਮਹਾਰਾਜ ਜੀ ਦੀ ਅੱਠਵੀਂ ਬਰਸੀ ਉਨ੍ਹਾਂ ਦੇ ਤਪ ਅਸਥਾਨ 'ਤੇ 20 ਜੁਲਾਈ ਤੋਂ 29 ਜੁਲਾਈ 2023 ਤੱਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਡੇਰੇ ਦੇ ਮੁੱਖ ਸੇਵਾਦਾਰ ਮਨਦੀਪ ਸਿੰਘ ਬੈਂਸ ਨੇ ਦੱਸਿਆ ਕਿ 20 ਜੁਲਾਈ ਨੂੰ ਬਾਪੂ ਜੀ ਦੇ ਦਰਬਾਰ ਤੋਂ ਸਾਮ 7:00 ਵਜੇ ਕਲਸ਼ ਯਾਤਰਾ (ਸ਼ੋਭਾ ਯਾਤਰਾ) ਸ਼ੁਰੂ ਹੋਵੇਗੀ। 21 ਜੁਲਾਈ ਤੋਂ 27 ਜੁਲਾਈ ਤੱਕ ਸ਼ਾਮੀ 7 ਵਜੇ ਦੇਵੀ ਪ੍ਰਿਅੰਕਾ ਚੌਧਰੀ ਸ੍ਰੀ ਮਦ ਭਾਗਵਤ ਕਥਾ ਕਰਨਗੇ। 28 ਜੁਲਾਈ ਨੂੰ ਸਵੇਰੇ 9:00 ਵਜੇ ਸ੍ਰੀ ਰਾਮਾਇਣ ਦੇ ਪਾਠ ਦੀ ਆਰੰਭਤਾ ਕੀਤੀ ਜਾਵੇਗੀ। 29 ਜੁਲਾਈ ਨੂੰ ਸਵੇਰੇ 7 ਵਜੇ ਹਵਨ ਯੱਗ ਅਤੇ ਸਵੇਰੇ 10:00 ਵਜੇ ਰਾਮਾਇਣ ਦੇ ਪਾਠ ਦੇ ਭੋਗ ਪਾਏ ਜਾਣਗੇ।ਇਸ ਤੋਂ ਬਾਅਦ ਧਾਰਮਿਕ ਤੇ ਸਭਿਆਚਾਰਕ ਪ੍ਰੋਗਰਾਮ ਵਿੱਚ ਜੋਤੀ ਨੂਰਾਂ ਸਿਸਟਰਜ਼, ਕੰਵਰ ਗਰੇਵਾਲ, ਇਸਰਤ ਗੁਲਾਮ ਅਲੀ, ਧੰਨਵੀਰ ਮਾਹੀ, ਪਵਨ ਛੂਛੇਵਾਲੀਆ, ਜੱਸ ਸਧਰਾਓ, ਆਤਿਸ਼,ਨੇਤਰਪ੍ਰੀਤ, ਗੁਰਪ੍ਰੀਤ ਮਾਹਿਲਪੁਰੀ, ਸੁਲਤਾਨਾ ਨੂਰਾਂ, ਸਰਦਾਰ ਅਲੀ, ਸੋਭਾ,ਆਰ ਯੋਗੀ ਆਦਿ ਕਲਾਕਾਰ ਪ੍ਰੋਗਰਾਮ ਪੇਸ਼ ਕਰਨਗੇ। ਐਂਕਰ ਦੀ ਭੂਮਿਕਾ ਆਸ਼ੂ ਚੋਪੜਾ ਅਦਾ ਕਰਨਗੇ।

# ਅਲਾਇੰਸ ਕਲੱਬ ਵਲੋਂ ਪਹਿਲੀ ਤਿਮਾਹੀ ਦੌਰਾਨ ਕੀਤੇ ਕੰਮਾਂ 'ਤੇ ਸੰਤੁਸ਼ਟੀ ਪ੍ਰਗਟ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ-119 ਵੱਲੋਂ ਦੂਜੀ ਤਿਮਾਹੀ ਦੇ ਮੌਕੇ 'ਤੇ ਸੈਕੰਡ ਡਿਸਟ੍ਰਿਕ ਐਡਵਾਈਜ਼ਰੀ ਮੀਟਿੰਗ ਸਥਾਨਕ ਫਾਈਨ-ਡਾਈਨ ਹੋਟਲ ਵਿਖੇ ਕੀਤੀ ਗਈ। ਜਿਸ ਦੀ ਪ੍ਰਧਾਨਗੀ ਡਿਸਟ੍ਰਿਕ ਗਵਰਨਰ ਐਲੀ ਰਮੇਸ਼ ਕੁਮਾਰ ਨੇ ਕੀਤੀ ਅਤੇ ਇਸ ਮੌਕੇ ਤੇ ਡਿਸਟ੍ਰਿਕ ਦੇ ਪਰਮਾਨੈਂਟ ਗਾਈਡ ਐਲੀ ਅਸ਼ੋਕ ਪੁਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੀਟਿੰਗ ਦੇ ਪ੍ਰੋਜੈਕਟ ਚੇਅਰਮੈਨ ਐਲੀ ਸੁਮੇਸ਼ ਕੁਮਾਰ ਪਾਸਟ ਡਿਸਟ੍ਰਿਕ ਗਵਰਨਰ ਅਤੇ ਐਲੀ ਅਮਿਤ ਕੁਮਾਰ ਡਿਸਟ੍ਰਿਕ ਸੈਕਟਰੀ ਸਨ। ਮੀਟਿੰਗ ਨੂੰ ਸ਼ੁਰੂ ਕਰਦੇ ਐਲੀ ਰਮੇਸ਼ ਕੁਮਾਰ ਨੇ ਡਿਸਟ੍ਰਿਕ ਦੇ ਸਾਰੇ ਕਲੱਬਾਂ ਵਲੋਂ ਪਹਿਲੀ ਤਿਮਾਹੀ ਵਿੱਚ ਕੀਤੇ ਕੰਮਾਂ ਤੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਉਨਾ ਆਖਿਆ ਕਿ ਇਹ ਤਿਮਾਹੀ ਜੋ ਬਰਸਾਤਾਂ ਨਾਲ ਸ਼ੁਰੂ ਹੋਈ ਹੈ ਅਤੇ ਹੜ੍ਹਾਂ ਦੀ ਭਰਮਾਰ ਨਾਲ ਮਨੁੱਖੀ ਅਤੇ ਸਾਜੋ ਸਮਾਨ ਦਾ ਬਹੁਤ ਨੁਕਸਾਨ ਹੋਇਆ ਹੈ, ਲਈ ਸਮੁੱਚੇ ਐਲੀ ਮੈਂਬਰਜ਼ ਅਤੇ ਕਲੱਬਾਂ ਨੂੰ ਅੱਗੇ ਆ ਕੇ ਕੰਮ ਕਰਨਾ ਚਾਹੀਦਾ ਹੈ।

ਇਸ ਮੌਕੇ ਤੇ ਪਾਸਟ ਡਿਸਟ੍ਰਿਕ ਗਵਰਨਰ ਐਲੀ ਪੁਸ਼ਪਿੰਦਰ ਸ਼ਰਮਾ ਨੇ ਆਪਣੇ ਵਿਚਾਰ ਦਿੰਦੇ ਦੱਸਿਆ ਕਿ ਅਗਲੇ ਦਿਨਾਂ ਵਿੱਚ ਅਲਾਇੰਸ ਕਲੱਬ ਹੁਸ਼ਿਆਰਪੁਰ ਗ੍ਰੇਟਰ ਸ਼ਹਿਰ ਦੇ ਵੱਖ ਵੱਖ ਥਾਵਾਂ 'ਤੇ ਬੰਦ ਹੁੰਦੇ ਨਿਕਾਸ ਨੂੰ ਚੱਲਦਾ ਰੱਖਣ ਲਈ ਪਹਿਲ ਦੇ ਆਧਾਰ 'ਤੇ ਕੰਮ ਕਰੇਗਾ। ਐਲੀ ਸੁਮੇਸ਼ ਕੁਮਾਰ ਨੇ ਦੱਸਿਆ ਕਿ ਉਨਾਂ ਦਾ ਕਲੱਬ ਪਿੱਪਲਾਂਵਾਲਾ ਵਿਖੇ ਦਰੱਖਤ ਲਗਾਉਣ ਅਤੇ ਉਨ੍ਹਾਂ ਦੀ ਕਲੋਨੀ ਵਿੱਚ ਬਰਸਾਤਾਂ ਨਾਲ ਪਏ ਖੱਡਿਆਂ ਨੂੰ ਬੰਦ ਕਰਨ ਦਾ ਯਤਨ ਕਰੇਗਾ। ਇਸ ਮੌਕੇ ਤੇ ਐਲੀ ਅਸ਼ੋਕ ਪੁਰੀ ਨੇ ਸਾਰੇ ਕਲੱਬਾਂ ਦੇ ਆਉਂਦੀ ਤਿਮਾਹੀ ਵਿੱਚ ਵੱਧ ਚੜ੍ਹ ਕੇ ਆਪਣਾ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

# ਨਵਾਂ ਫੀਡਰ ਚਲਾਉਣ 'ਤੇ ਕੀਤਾ ਆਪ ਆਗੂ ਦਾ ਧੰਨਵਾਦ

**ਫਿਲੌਰ (ਨਿਰਮਲ)**- ਅੱਪਰਾ ਇਲਾਕੇ ਦੇ ਕਿਸਾਨਾਂ ਨੇ ਇਕੱਠੇ ਹੋ ਕੇ ਆਪਣੀ ਬਿਜਲੀ ਦੀ ਸਮੱਸਿਆ ਦਾ ਹੱਲ ਕਰਵਾਉਣ ਲਈ ਆਮ ਆਦਮੀ ਪਾਰਟੀ ਫਿਲੌਰ ਦੇ ਸੀਨੀਅਰ ਆਗੂ ਰਜਿੰਦਰ ਸੰਧੂ ਕੋਲ ਪਹੁੰਚੇ ਅਤੇ ਕਿਸਾਨ ਭਰਾਵਾਂ ਨੇ ਆਪ ਆਗੂ ਨੂੰ ਮੰਗ ਪੱਤਰ ਦਿੱਤਾ ਸੀ ਜਿਸ ਵਿੱਚ ਉਨ੍ਹਾਂ ਮੰਗ ਕੀਤੀ ਕਿ ਮੋਟਰਾਂ ਦੀ ਬਿਜਲੀ ਸਪਲਾਈ ਲਈ ਨਵਾਂ ਫੀਡਰ ਅੱਪਰਾ ਤੋਂ ਮੋਰੋਂ ਚਾਲੂ ਕੀਤਾ ਜਾਵੇ, ਕਿਉਂਕਿ ਆਪਣੀ ਫਸਲ ਨੂੰ ਪਾਣੀ ਲਗਾਉਣ 'ਤੇ ਕਾਫੀ ਮੁਸ਼ਕਲਾਂ ਆ ਰਹੀਆਂ ਸਨ। ਮੰਗ ਪੱਤਰ ਲੈਣ ਉਪਰੰਤ ਰਜਿੰਦਰ ਸੰਧੂ ਵੱਲੋਂ ਸਬੰਧਿਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ 12 ਘੰਟਿਆਂ 'ਚ ਹੀ ਚਾਲੂ ਕਰਵਾ ਦਿੱਤਾ ਗਿਆ। ਜਿਸ 'ਤੇ ਕਿਸਾਨ ਭਰਾਵਾਂ ਨੇ ਰਜਿੰਦਰ ਸੰਧੂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਸਰਬਜੀਤ ਸਿੰਘ ਜੀਤਾ, ਨਿਰਮਲ ਸਿੰਘ, ਮਨਜੀਤ ਸਿੰਘ ਛੋਕਰਾਂ, ਸੁੱਖਾ ਛੋਕਰਾਂ, ਬਲਦੇਵ ਸਿੰਘ, ਨਗਿੰਦਰ ਸਿੰਘ, ਸੰਦੀਪ ਸਿੰਘ, ਰਸ਼ੀਦ ਮੁਹੰਮਦ, ਮੱਖਣ ਸਿੰਘ, ਮੰਗਾ ਮੋਰੋਂ, ਕਸ਼ਮੀਰ ਸਿੰਘ, ਬਿੱਲਾ ਮੋਰੋਂ, ਰਣਬੀਰ ਕੰਦੋਲਾ ਅਤੇ ਹੋਰ ਹਾਜਰ ਸਨ।

# ਅਮਰਜੀਤ ਗੁਰੂ ਗੁਣਾਚੌਰ ਦਾ ਬੰਗਾ ਪਹੁੰਚਣ 'ਤੇ ਭਰਵਾਂ ਸਵਾਗਤ



**ਬਹਿਰਾਮ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਗੁਣਾਚੌਰ ਦੇ ਵਸਨੀਕ ਅਮਰਜੀਤ ਗੁਰੂ ਨੇ ਕਾਮਨਵੈਲਥ ਖੇਡਾਂ ਜੋ ਨੋਇਡਾ ਦਿੱਲੀ ਵਿਖੇ ਕਰਵਾਈਆਂ ਗਈਆਂ ਉਸ ਵਿੱਚ ਵੇਟ ਲਿਫਟਿੰਗ 89 ਕੈਟੇਗਰੀ ਦੇ ਮੁਕਾਬਲਿਆਂ ਵਿੱਚ ਦੂਸਰਾ ਸਥਾਨ ਹਾਸਲ ਕਰ ਕੇ ਸਿਲਵਰ ਮੈਡਲ ਜਿੱਤਿਆ। ਬੰਗਾ ਸ਼ਹਿਰ ਪਹੁੰਚਣ 'ਤੇ ਇਲਾਕਾ ਨਿਵਾਸੀਆਂ ਵਲੋਂ ਉਨ੍ਹਾਂ ਦਾ ਭਰਵਾ ਸਵਾਗਤ ਕੀਤਾ ਗਿਆ। ਇਸ ਮੌਕੇ ਅਮਰਜੀਤ ਗੁਰੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ 89 ਕਿਲੋ ਕੈਟਾਗਰੀ ਦੇ ਮੁਕਾਬਲੇ ਵਿੱਚ 15 ਦੇਸ਼ਾਂ ਦੇ ਖਿਡਾਰੀਆਂ ਨੇ ਭਾਗ ਲਿਆ ਜਿਸ ਵਿੱਚ ਕਨੇਡਾ ਦਾ ਵੇਟਲਿਫਟਰ ਪਹਿਲੇ ਸਥਾਨ 'ਤੇ ਰਿਹਾ ਅਤੇ ਉਨ੍ਹਾਂ ਨੂੰ ਸਿਰਫ 1 ਕਿਲੋਗ੍ਰਾਮ ਦੇ ਫਰਕ ਨਾਲ ਦੂਸਰਾ ਸਥਾਨ ਪ੍ਰਾਪਤ ਹੋਇਆ। ਇਸ ਮੌਕੇ ਸਾਂਈ ਪੱਪਲ ਸ਼ਾਹ ਭਰੋਮਜਾਰਾ, ਬਸਪਾ ਆਗੂ ਪ੍ਰਵੀਨ ਬੰਗਾ ,ਪਹਿਲਵਾਨ ਜਗਦੀਸ਼ ਕੁਮਾਰ ਗੁਰੂ ਅਤੇ ਵਿਜੇ ਕੁਮਾਰ ਗੁਣਾਚੌਰ ਨੇ ਅਮਰਜੀਤ ਨੂੰ ਵਧਾਈ ਦੇਂਦੇ ਹੋਏ ਕਿਹਾ ਕਿ ਉਸ ਨੇ ਪਰਵਾਰ ਸਮੇਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਅਤੇ ਪੰਜਾਬ ਦਾ ਨਾਂਅ ਰੋਸ਼ਨ ਕੀਤਾ ਹੈ। ਇਸ ਮੌਕੇ ਅਜੀਤ ਰਾਮ ਸਾਬਕਾ ਸਰਪੰਚ , ਜੈ ਪਾਲ ਸੁੰਡਾ, ਰਾਜ ਵਰਲਡ ਟਰੈਵਲ, ਪਵਨਜੀਤ ਸਿੱਧੂ, ਠੇਕੇਦਾਰ ਧੀਰਾ ਰਾਮ , ਕੁਲਦੀਪ ਬਹਿਰਾਮ, ਜੋਰਾਵਰ ਸੰਧੀ, ਜਸਵੀਰ ਸਾਹਵਾਂ, ਇੰਦਰਜੀਤ ਅਟਾਰੀ, ਮਨਧੀਰ ਸਿੰਘ ਚੱਠਾ, ਖੁਸ਼ੀ ਰਾਮ, ਗੁਰਦਿਆਲ ਚੰਦ ਹੈੱਡਮਾਸਟਰ ਅਤੇ ਭਾਰੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜਰ ਸਨ।

# ਡੇਂਗੂ ਤੋਂ ਬਚਾਅ ਸੰਬੰਧੀ ਸਿਹਤ ਵਿਭਾਗ ਨੇ ਲਾਰਵੇਸਾਈਡ ਦਵਾਈ ਦਾ ਕੀਤਾ ਸਪਰੇਅ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)** ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਪ੍ਰਧਾਨਗੀ ਚਮਕੌਰ ਸਾਹਿਬ ਦੇ ਵੱਖ-ਵੱਖ ਇਲਾਕਿਆਂ ਵਿੱਚ ਸਿਹਤ ਵਿਭਾਗ ਵੱਲੋਂ ਲਾਰਵੇਸਾਈਡ ਦਵਾਈ ਦਾ ਸਪਰੇਅ ਕੀਤਾ ਗਿਆ। ਇਸ ਮੌਕੇ ਹਰਵਿੰਦਰ ਸਿੰਘ ਬੀ.ਈ.ਈ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਬਰਸਾਤਾਂ ਦੇ ਦਿਨਾਂ ਵਿੱਚ ਜਿਆਦਾ ਪਾਣੀ ਆਉਣ ਕਾਰਨ ਜਾ ਕਿਸੀ ਜਗ੍ਹਾ 'ਤੇ ਪਾਣੀ ਇਕੱਠਾ ਹੋਣ ਕਾਰਨ ਮੱਛਰ ਪੈਦਾ ਹੋ ਜਾਂਦਾ ਹੈ। ਇਸ ਲਈ ਸਿਹਤ ਵਿਭਾਗ ਦੀ ਟੀਮ ਵੱਲੋਂ ਲਾਰਵੇਸਾਈਡ ਦਵਾਈ ਦਾ ਛਿੜਕਾਅ ਕੀਤਾ ਗਿਆ। ਇਸ ਮੌਕੇ ਦਵਿੰਦਰ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਥੇ ਬਰਸਾਤੀ ਪਾਣੀ ਜਿਆਦਾ ਦਿਨ ਖੜ੍ਹਾ ਰਹਿੰਦਾ ਹੈ ਉਥੇ ਮੱਛਰ ਦਾ ਲਾਰਵਾ ਪਨਪ ਸਕਦਾ ਹੈ। ਇਸ ਲਈ ਕਾਲ ਤੇਲ ਦਾ ਛਿੜਕਾਅ ਕੀਤਾ ਜਾਵੇ ਤਾਂ ਜੋ ਮੱਛਰ ਦਾ ਲਾਰਵਾ ਪੈਦਾ ਨਾ ਹੋ ਸਕੇ। ਇਸ ਮੌਕੇ ਤੇ ਨਾਗਰ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜਰ ਨੇ ਕਿਹਾ ਕਿ ਡੇਂਗੂ ਨੂੰ ਰੋਕਣ ਲਈ ਜਾਗਰੂਕ ਰਹਿਣ ਦੀ ਲੋੜ ਹੈ। ਉਨਾਂ ਕਿਹਾ ਕਿ ਜੇਕਰ ਕਿਸੀ ਵਿਅਕਤੀ ਨੂੰ ਤੇਜ ਸਿਰ ਦਰਦ ਤੇ ਤੇਜ਼ ਬੁਖਾਰ ਹੋਵੇ, ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਵੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਜੀ ਕੱਚਾ ਹੋਣਾ ਅਤੇ ਉਲਟੀਆਂ ਲੱਗਣਾ, ਹਾਲਤ ਖਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਆਦਿ ਲੱਛਣ ਹੋਣ ਤਾਂ ਇਹ ਡੇਂਗੂ ਦੇ ਲੱਛਣ ਹੋ ਸਕਦੇ ਹਨ। ਇਸ ਲਈ ਸਰਕਾਰੀ ਹਸਪਤਾਲ ਵਿੱਚ ਜਾ ਕੇ ਡਾਕਟਰ ਤੋਂ ਆਪਣਾ ਮੁਆਇਨਾ ਕਰਵਾ ਕੇ ਟੈਸਟ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿਹਾ ਕਿ ਡੇਂਗੂ ਦਾ ਮੱਛਰ ਕੂਲਰਾਂ ਵਿੱਚ, ਪਾਣੀ ਦੀਆਂ ਟੈਂਕੀਆਂ ਵਿੱਚ, ਗਮਲਿਆਂ ਵਿੱਚ, ਟੁੱਟੇ-ਭੱਜੇ/ਸੁੱਟੇ ਭਾਂਡਿਆਂ ਅਤੇ ਟਾਇਰਾਂ ਆਦਿ ਵਿੱਚ ਖੜ੍ਹੇ ਸਾਫ ਪਾਣੀ ਵਿੱਚ ਪਲਦਾ ਹੈ। ਛੱਤਾਂ 'ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣਾਂ ਨੂੰ ਚੰਗੀ ਤਰ੍ਹਾਂ ਬੰਦ ਰੱਖਿਆ ਜਾਵੇ। ਟੁੱਟੇ ਬਰਤਨਾਂ, ਡਰਮਾਂ ਅਤੇ ਟਾਇਰਾਂ ਆਦਿ ਨੂੰ ਵੀ ਖੁੱਲ੍ਹੇ 'ਚ ਨਾ ਰੱਖਿਆ ਜਾਵੇ।

# ਤਰਕਸ਼ੀਲ ਸੁਸਾਇਟੀ ਇਕਾਈ ਬੰਗਾ ਦੀ ਹੋਈ ਮੀਟਿੰਗ



**ਬਹਿਰਾਮ (ਅਵਤਾਰ ਕਲੇਰ)** ਤਰਕਸ਼ੀਲ ਸੁਸਾਇਟੀ ਪੰਜਾਬ ਰਜਿ ਇਕਾਈ ਬੰਗਾ ਦੀ ਮੀਟਿੰਗ ਹਰਜਿੰਦਰ ਸੂੰਨੀ ਦੀ ਪ੍ਰਧਾਨਗੀ ਹੇਠ ਕੁਲਵਿੰਦਰ ਖਟਕੜ ਦੇ ਘਰ ਖਟਕੜ ਕਲਾਂ ਵਿਖੇ ਹੋਈ। ਇਸ ਮੀਟਿੰਗ ਵਿੱਚ ਤਰਕਸ਼ੀਲ ਮੈਗਜੀਨ ਅੰਕ ਜੁਲਾਈ - ਅਗਸਤ ਦੀ ਵੰਡ ਕੀਤੀ ਗਈ। ਨੌਜਵਾਨਾਂ ਵਿੱਚ ਵਧ ਰਹੀ ਨਸ਼ਿਆਂ ਦੀ ਲੱਤ 'ਤੇ ਵਿਚਾਰ ਚਰਚਾ ਕੀਤੀ ਗਈ। ਸੁਰੇਸ਼ ਕਰਨਾਣਾ, ਹਰਜਿੰਦਰ ਸੂੰਨੀ, ਬਲਜੀਤ ਖਟਕੜ ਨੇ ਕਿਹਾ ਕਿ ਸ਼ਰਾਬ ਵੀ ਅੱਜ ਕੱਲ੍ਹ ਦੇ ਪ੍ਰਚੱਲਤ ਨਸ਼ਿਆਂ ਵਾਂਗ ਹੀ ਮਨੁੱਖੀ ਸਰੀਰ ਨੂੰ ਨੁਕਸਾਨ ਪਹੁੰਚਾਉਂਦੀ ਹੈ। ਸੁਸਾਇਟੀ ਦੇ ਸਰਗਰਮ ਮੈਂਬਰ ਸੁਰੇਸ਼ ਵਲੋਂ ਪਿੰਡ ਪਿੰਡ ਜਾ ਕੇ ਬੱਚਿਆਂ ਨੂੰ ਅੰਗਰੇਜੀ ਦੀ ਮੁਫਤ ਟਿਊਸ਼ਨ ਪੜ੍ਹਾਉਣ ਦੀ ਸਾਰੇ ਮੈਂਬਰਾਂ ਵਲੋਂ ਸ਼ਲਾਘਾ ਕੀਤੀ ਗਈ । ਇਕਾਈ ਨੂੰ ਜਥੇਬੰਦਕ ਤੌਰ ਅਤੇ ਆਰਥਿਕ ਪੱਖੋਂ ਮਜਬੂਤ ਕਰਨ ਲਈ ਵਿਚਾਰ ਚਰਚਾ ਕੀਤੀ ਗਈ। ਲੋਕਾਂ ਨੂੰ ਨਸ਼ਿਆਂ ਦੇ ਭੈੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਪਿੰਡਾਂ ਵਿੱਚ ਸੈਮੀਨਾਰ ਕਰਾਉਣ ਲਈ ਵੀ ਫੈਸਲਾ ਕੀਤਾ ਗਿਆ। ਇਸ ਮੌਕੇ ਮੈਡਮ ਸੰਤੋਸ਼ ਖਟਕੜ,ਬੇਟੀ ਜੈਸਮੀਨ, ਜਸਵੀਰ ਮੋਰੋਂ, ਮਾਸਟਰ ਪਰਮਜੀਤ ਖਮਾਚੋਂ ਅਤੇ ਹਰਚਰਨ ਨੌਰਾ ਆਦਿ ਹਾਜਰ ਸਨ।

# ਮਿਸ਼ਨ ਹਰਿਆਲੀ ਤਹਿਤ ਪੌਦੇ ਲਗਾਏ



**ਸੁਲਤਾਨਪੁਰ ਲੋਧੀ, ( ਹਨੀ )** ਆਪਣਾ ਪੰਜਾਬ ਫਾਊਂਡੇਸ਼ਨ ਅਤੇ ਜਗਜੀਤ ਸਿੰਘ ਪ੍ਰਧਾਨ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਅਸੋਸੀਏਸ਼ਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਿਸ਼ਨ ਹਰਿਆਲੀ ਦਿਵਸ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲ ਕੇ ਸਕੂਲ ਕੈਂਪਸ ਵਿੱਚ 900 ਬੂਟੇ ਲਾਏ। ਪ੍ਰਿੰਸੀਪਲ ਮੈਡਮ ਰੇਨੂੰ ਅਰੋੜਾ ਨੇ ਇਸ ਉੱਦਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਸਾਡੇ ਦੇਸ਼ 'ਚ ਗਲੋਬਲ ਵਾਰਮਿੰਗ ਦਾ ਪ੍ਰਕੋਪ ਵਧਦਾ ਜਾ ਰਿਹਾ ਹੈ ਅਤੇ ਹਰ ਇਨਸਾਨ ਨੂੰ ਦੋ ਪੌਦੇ ਜ਼ਰੂਰ ਲਾਉਣੇ ਚਾਹੀਦੇ ਹਨ ਤੇ ਉਨ੍ਹਾਂ ਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ ਤਾਂ ਜੋ ਇਸ ਗਲੋਬਲ ਵਾਰਮਿੰਗ ਅਤੇ ਆਕਸੀਜਨ ਦੀ ਕਮੀ ਤੋਂ ਛੁਟਕਾਰਾ ਮਿਲ ਸਕੇ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਐਸ.ਜੀ.ਪੀ.ਸੀ.ਨੇ ਕਿਹਾ ਕਿ ਇਸ ਤਰਾਂ ਦੇ ਉਪਰਾਲੇ ਸਕੂਲ ਵੱਲੋਂ ਹਮੇਸ਼ਾ ਜਾਰੀ ਰਹਿਣਗੇ। ਉਹਨਾਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਤੋਂ ਇਲਾਵਾ ਨੀਤੂ, ਸੀਲਾ ਦੇਵੀ, ਸੁਨੀਤਾ ਗੁਜਰਾਲ, ਰੁਪਿੰਦਰ ਕੌਰ, ਮਨਜੀਤ ਕੌਰ, ਸੁਖਵਿੰਦਰ ਕੁਮਾਰੀ, ਸੋਨੀਆਂ, ਨਵਰੀਤ ਕੌਰ, ਬਲਵਿੰਦਰ ਕੌਰ, ਮੋਨਿਕਾ ਗਿੱਲ, ਕਵਿਤਾ, ਜਸਪ੍ਰੀਤ ਕਰਮਜੀਤ ਸਿੰਘ, ਪਰਮਜੀਤ ਕੌਰ, ਪੂਜਾ ਜੌਲੀ, ਸੀਮਾ, ਸਵੇਤਾ, ਬਲਜੀਤ ਕੌਰ, ਸਬਨਮ, ਮਨਪ੍ਰੀਤ ਕੌਰ, ਨੇਹਾ, ਨਿਸਕਾ ਗੁਪਤਾ, ਮਨਦੀਪ ਕੌਰ, ਰਮਨ ਬਾਲਾ, ਰਮਨਦੀਪ ਕੌਰ, ਸਿਮਰਨਜੀਤ ਕੌਰ, ਅਪੁਲ ਕਾਲਾ, ਸੁੱਚਾ ਸਿੰਘ, ਬਲਵਿੰਦਰ ਕੌਰ ਆਦਿ ਸਟਾਫ਼ ਮੈਂਬਰ ਹਾਜਰ ਸਨ ।

# ਮੰਦਰਾਂ, ਗੁਰਦੁਆਰਿਆਂ ਸਮੇਤ ਧਾਰਮਕ ਅਸਥਾਨਾਂ ਦੇ ਆਏ ਹਜ਼ਾਰਾਂ ਰੁਪਏ ਬਿਜਲੀ ਬਿੱਲ

**ਨੂਰਪੁਰਬੇਦੀ(ਸੁਰਜੀਤ ਸਿੰਘ ਕਾਹਲੋਂ)**-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਬਿਜਲੀ ਮੁਆਫ ਕਰਨ ਤੋਂ ਬਾਦ ਗੁਰਦੁਆਰਿਆਂ ਮੰਦਰਾਂ ਸਹਿਤ ਸਮੂਹ ਧਾਰਮਿਕ ਅਸਥਾਨਾਂ ਦੇ ਬਿਜਲੀ ਬਿੱਲ ਜੀਰੋ ਆ ਰਹੇ ਸਨ ਪ੍ਰੰਤੂ ਬਿਜਲੀ ਮੁਆਫੀ ਦੇ ਇੱਕ ਸਾਲ ਬਾਅਦ ਮੰਦਰਾਂ ਗੁਰਦੁਆਰਿਆਂ ਸਮੇਤ ਸਮੂਹ ਧਾਰਮਿਕ ਅਸਥਾਨਾਂ ਦੇ ਵੱਡੇ ਵੱਡੇ ਬਿਜਲੀ ਬਿੱਲ ਆ ਗਏ ਹਨ ਜਿਸ ਨੂੰ ਦੇਖ ਕੇ ਪ੍ਰਬੰਧਕਾਂ ਅਤੇ ਲੋਕਾਂ ਦੇ ਹਸ਼ਸ ਉੱਡ ਗਏ।

ਜਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ ਪੰਜਾਬ ਦੇ ਸਮੂਹ ਲੋਕਾਂ ਲਈ ਹਰ ਮਹੀਨੇ 300 ਯੂਨਿਟ ਮੁਫਤ ਬਿਜਲੀ ਦੇਣ ਦੇ ਆਪਣੇ ਵਾਅਦੇ ਤੇ ਅਮਲ ਕੀਤਾ ਗਿਆ ਸੀ ਜਿਸ ਤੋਂ ਬਾਅਦ ਆਮ ਲੋਕਾਂ ਦੇ ਨਾਲ ਨਾਲ ਧਾਰਮਿਕ ਅਸਥਾਨਾਂ ਦੇ ਬਿਜਲੀ ਬਿੱਲ ਵੀ ਜੀਰੋ ਆਏ ਸਨ। ਪ੍ਰੰਤੂ ਬਿਜਲੀ ਬਿੱਲ ਜੀਰੋ ਆਉਣ ਤੋਂ ਬਾਅਦ ਕਈ ਮਹੀਨੇ ਬਾਅਦ ਇੰਨੇ ਵੱਡੇ ਬਿੱਲ ਆਉਣਾ ਲੋਕਾਂ ਵਿੱਚ ਚਰਚਾ ਦਾ ਵਿਸਾ ਬਣ ਗਿਆ। ਇਥੇ ਤਖਤਗੜ੍ਹ ਮੰਦਰ ਦੇ ਪੁਜਾਰੀ ਗੰਗਾ ਪ੍ਰਸਾਦ ਨੇ ਦੱਸਿਆ ਕਿ ਸ੍ਰੀ ਰਾਮ ਮੰਦਿਰ ਤਖਤਗੜ੍ਹ ਦਾ ਪਿਛਲੇ ਕਈ ਮਹੀਨੇ ਦਾ ਬਿਜਲੀ ਬਿੱਲ ਜੀਰੋ ਆਇਆ ਹੈ ਪਰੰਤੂ ਹੁਣ ਇਸ ਦਾ 13 ਹਜਾਰ ਰੁਪਏ ਦੇ ਕਰੀਬ ਬਿਜਲੀ ਦਾ ਬਿੱਲ ਆਇਆ ਹੈ। ਬਿਜਲੀ ਦੇ ਉਪ ਦਫਤਰ ਤਖਤਗੜ੍ਹ ਵਿੱਖੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਜਦੋਂ ਤੋਂ ਪੰਜਾਬ ਸਰਕਾਰ ਵੱਲੋਂ ਬਿਜਲੀ ਮੁਆਫੀ ਦੀ ਸਕੀਮ ਸ਼ੁਰੂ ਕੀਤੀ ਗਈ ਸੀ ਉਦੋਂ ਤੋਂ ਲੈ ਕੇ ਹੁਣ ਤੱਕ ਜਿੰਨੇ ਵੀ ਬਿੱਲ ਮੁਆਫ ਕੀਤੇ ਗਏ ਸਨ ਉਹ ਮੁਆਫ ਕੀਤੀ ਸਾਰੀ ਰਕਮ ਹੁਣ ਦੇ ਬਿਜਲੀ ਬਿੱਲ ਵਿਚ ਜੋੜ ਕੇ ਭੇਜੀ ਗਈ ਹੈ ਜਿਸ ਕਾਰਨ ਕਈ ਧਾਰਮਿਕ ਅਸਥਾਨਾਂ ਦੇ ਬਿੱਲ ਕਈ ਕਈ ਹਜਾਰ ਰੁਪਏ ਆਏ ਹਨ। ਹੁਣ ਇਹ ਬਿਜਲੀ ਬਿੱਲ ਉਥੋਂ ਦੇ ਪ੍ਰਬੰਧਕਾਂ ਲਈ ਦੇਣੇ ਬਹੁਤ ਮੁਸ਼ਕਲ ਹੋ ਗਏ ਹਨ।


ਧਾਰਮਿਕ ਅਸਥਾਨਾਂ ਦੇ ਪ੍ਰਬੰਧਕਾਂ ਦਾ ਕਹਿਣਾ ਹੈ ਪੰਜਾਬ ਸਰਕਾਰ ਨੂੰ ਮੰਦਰਾਂ ਗੁਰਦੁਆਰਿਆਂ ਦੇ ਬਿਜਲੀ ਬਿੱਲ ਲਾਗੂ ਨਹੀਂ ਕਰਨੇ ਚਾਹੀਦੇ। ਪੰਜਾਬ ਸਰਕਾਰ ਨੂੰ ਇੱਕ ਵਾਰ ਮੁੜ ਤੋਂ ਸੋਚਣਾ ਚਾਹੀਦਾ ਹੈ। ਇਸ ਸਬੰਧੀ ਐਸ ਡੀ ਓ ਨੂਰਪੁਰ ਬੇਦੀ ਵਿਕਰਮ ਸੈਣੀ ਨੇ ਕਿਹਾ ਕਿ ਧਾਰਮਿਕ ਅਸਥਾਨਾਂ ਦੀ ਬਿਜਲੀ ਮੁਆਫੀ ਪਹਿਲਾਂ ਤੋਂ ਹੀ ਨਹੀਂ ਕੀਤੀ ਗਈ ਸੀ ਪਰੰਤੂ ਇਹਨਾਂ ਦੇ ਮੀਟਰ ਡੀ ਐਸ ਵਿੱਚ ਹੋਣ ਕਾਰਨ ਗਲਤੀ ਨਾਲ ਇਨਾਂ ਦੇ ਬਿੱਲ ਜੀਰੋ ਆ ਰਹੇ ਸਨ ਜਿਸ ਵਿੱਚ ਹੁਣ ਸੁਧਾਰ ਕੀਤਾ ਗਿਆ ਹੈ।

# ਸ੍ਰੀ ਚਰਨਛੋਹ ਗੰਗਾ ਵਿਖੇ ਸੰਗਤਾਂ ਲਈ ਕਮਰੇ ਦੀ ਉਸਾਰੀ ਕਰਾਈ



**ਹੁਸ਼ਿਆਰਪੁਰ (ਓ ਪੀ ਰਾਣਾ )** ਸੰਤ ਬੁੱਧੀ ਦਾਸ ਮੱਧ ਪ੍ਰਦੇਸ਼ ਵਾਲਿਆਂ ਵਲੋਂ ਇਤਿਹਾਸਕ ਅਸਥਾਨ ਸ੍ਰੀ ਚਰਨਛੋਹ ਗੰਗਾ ਵਿਖੇ ਸੰਗਤਾਂ ਰਹਿਣ ਵਾਸਤੇ ਇੱਕ ਕਮਰਾ ਬਣਵਾਇਆ ਗਿਆ,ਜੋ ਕਿ ਗੁਰੂ ਘਰ ਆਉਣ ਵਾਲੀਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਲਈ ਹਰ ਸਮੇਂ ਖੁੱਲ੍ਹਾ ਰਹੇਗਾ । ਇਸ ਮੌਕੇ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਵਲੋਂ ਸੰਤ ਬੁੱਧੀ ਦਾਸ ਨੂੰ ਵਿਸ਼ੇਸ਼ ਤੌਰ ਤੇ ਸਿਰਪਾਓ ਅਤੇ ਗੁਰੂ ਘਰ ਦਾ ਸੁੰਦਰ ਸਰੂਪ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਸੰਗਤਾਂ ਦੀ ਸਹੂਲਤ ਲਈ ਕੀਤੀ ਸੇਵਾ ਲਈ ਧੰਨਵਾਦ ਵੀ ਕੀਤਾ।ਇਸ ਮੌਕੇ ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸ੍ਰੀ ਚਰਨਛੋਹ ਗੰਗਾ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸੰਗਤਾਂ ਦੇ ਠਹਿਰਣ ਲਈ ਕਈ ਸੁੰਦਰ ਕਮਰਿਆਂ ਦੀ ਉਸਾਰੀ ਕੀਤੀ ਗਈ ਹੈ,ਕਿਉਂਕਿ ਦਿਨ ਪ੍ਰਤੀ ਦਿਨ ਸੰਗਤਾਂ ਦੀ ਵੱਧ ਰਹੀ ਭਾਰੀ ਆਮਦ ਨੂੰ ਦੇਖਦਿਆਂ ਇਥੇ ਹੋਰ ਕਮਰੇ ਅਤੇ ਸਰਾਵਾਂ ਦੀ ਵੱਡੀ ਲੋੜ ਹੈ। ਉਨਾਂ ਕਿਹਾ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਆਪ ਹੀ ਆਪਣੇ ਹੱਥੀਂ ਸਾਰੀ ਸੇਵਾ ਕਰਦੀਆਂ ਹਨ ਅਤੇ ਗੁਰੂ ਘਰ ਦਾ ਸਾਰਾ ਕਾਰਜ ਪਾਰਦਰਸ਼ੀ ਤਰੀਕੇ ਨਾਲ ਚਲਾਇਆ ਜਾ ਰਿਹਾ ਹੈ। ਉਨਾਂ ਕਿਹਾ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਸੰਤ ਸੁਰਿੰਦਰ ਦਾਸ ਪ੍ਰਧਾਨ , ਸੰਤ ਬਲਬੀਰ ਧਾਂਦਰਾ ਜਰਨਲ ਸਕੱਤਰ , ਸੰਤ ਕਰਮ ਚੰਦ ਹੈਡ ਕੈਸੀਅਰ ਸ੍ਰੀ ਚਰਨ ਛੋਹ ਗੰਗਾ, ਬਲਬੀਰ ਮਹੇ ਪ੍ਰਧਾਨ ਲੁਧਿਆਣਾ ਆਦਿ ਸਮੁੱਚੀ ਸਾਰੀ ਟੀਮ ਸੰਗਤਾਂ ਦੀ ਸੇਵਾ ਵਿਚ ਦਿਨ ਰਾਤ ਹਾਜਰ ਰਹਿੰਦੇ ਹਨ।

# ਮੰਗਾਂ ਸਬੰਧੀ ਉਪ ਮੰਡਲ ਇੰਜੀਨੀਅਰ ਨਾਲ ਹੋਈ ਮੀਟਿੰਗ ਰਹੀ ਸਾਰਥਕ : ਮੱਖਣ ਕਾਲਸ



**ਸ੍ਰੀ ਅਨੰਦਪੁਰ ਸਾਹਿਬ( .ਅਰਵਿੰਦਰ ਸਿੰਘ ਬਿੰਦੀ )**- ਇਥੇ ਪਿਛਲੇ ਲੰਬੇ ਅਰਸੇ ਤੋਂ ਜਲ ਸਪਲਾਈ ਵਿਭਾਗ ਦੇ ਆਊਟਸੋਰਸਡ ਮੁਲਾਜਮਾਂ ਦੀਆਂ ਲਟਕਦੀਆਂ ਮੰਗਾਂ ਸਬੰਧੀ ਪੰਜਾਬ ਸਰਕਾਰ ਵਲੋਂ ਨਵੇਂ ਨਿਯੁਕਤ ਕੀਤੇ ਗਏ ਉਪ ਮੰਡਲ ਇੰਜੀਨੀਅਰ ਪਰਮਵੀਰ ਸਿੰਘ ਨਾਲ ਜਲ ਸਪਲਾਈ ਅਤੇ ਸੈਨੀਟੇਸਨ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਰਜਿ ਨੰ 31 ਸ੍ਰੀ ਅਨੰਦਪੁਰ ਸਾਹਿਬ ਦੇ ਆਗੂਆਂ ਵਲੋਂ ਮੀਟਿੰਗ ਕੀਤੀ ਗਈ। ਮੀਟਿੰਗ ਤੋਂ ਬਾਅਦ ਯੂਨੀਅਨ ਆਗੂਆਂ ਮੱਖਣ ਕਾਲਸ, ਹਰਮਨਜੀਤ ਸਿੰਘ, ਪ੍ਰਿਤਪਾਲ ਰਾਜੂ, ਕਪਿਲ ਮਹਿੰਦਲੀ, ਗੁਰਮੁਖ ਸਿੰਘ ਕਲੋਤਾਂ, ਪੱਪੂ ਸਹੋਤਾ, ਰਘਵੀਰ ਸਿੰਘ, ਮੁਨੀਸ ਲਮਲੈਹੜੀ ਆਦਿ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਉਪ ਮੰਡਲ ਵਿਚ ਇੰਜੀਨੀਅਰਾਂ ਕੋਲ ਵਾਧੂ ਚਾਰਜ ਹੋਣ ਕਾਰਨ ਵਰਕਰਾਂ ਦੀਆਂ ਮੰਗਾਂ ਲਟਕ ਰਹੀਆਂ ਸਨ। ਜਦੋਂ ਹੁਣ ਪੰਜਾਬ ਸਰਕਾਰ ਵਲੋਂ ਇਥੇ ਸਥਾਈ ਉਪ ਮੰਡਲ ਇੰਜੀਨੀਅਰ ਨਿਯੁਕਤ ਕੀਤਾ ਗਿਆ ਤਾਂ ਯੂਨੀਅਨ ਵੀ ਹਰਕਤ ਵਿੱਚ ਆ ਗਈ ਕਿਉਂਕਿ ਯੂਨੀਅਨ ਦੇ ਵਰਕਰ ਵੀ ਡੰਗ ਟਪਾਊ ਨੀਤੀਆਂ ਤਹਿਤ ਵੱਡੀਆਂ ਸਮੱਸਿਆਵਾਂ ਨਾਲ ਸੇਵਾਵਾਂ ਨਿਭਾ ਰਹੇ ਹਨ, ਜਿਸ ਕਾਰਨ ਇਹ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਨਵੇਂ ਆਏ ਉਪ ਮੰਡਲ ਇੰਜੀਨੀਅਰ ਪਰਮਵੀਰ ਸਿੰਘ ਨੇ ਬੜੀ ਹੀ ਹਲੀਮੀ ਅਤੇ ਨਿਮਰਤਾ ਨਾਲ ਯੂਨੀਅਨ ਦੀਆਂ ਸਮੂਹ ਮੰਗਾਂ ਸੁਣੀਆਂ ਅਤੇ ਜਲਦ ਸਮੂਹ ਮੰਗਾਂ ਦਾ ਨਿਪਟਾਰਾ ਕਰਨ ਦਾ ਭਰੋਸਾ ਦਿਤਾ ਅਤੇ ਕਿਹਾ ਕਿ ਅਗਲੀ ਮੀਟਿੰਗ ਤੋਂ ਪਹਿਲਾਂ ਪਹਿਲਾਂ ਮੌਜੂਦਾ ਮੰਗਾਂ ਦਾ ਨਿਪਟਾਰਾ ਕਰ ਦਿੱਤਾ ਜਾਵੇਗਾ।

# 'ਆਪ' ਨੇ ਭ੍ਰਿਸ਼ਟਾਚਾਰ 'ਚ ਘਿਰੇ ਕੇਜਰੀਵਾਲ ਨੂੰ ਬਚਾਉਣ ਲਈ ਕਾਂਗਰਸ ਨਾਲ ਸਮਝੌਤਾ ਕੀਤਾ : ਡਾ. ਚੀਮਾ



**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਿੱਖਾਂ ਦੇ ਧਾਰਮਿਕ ਮਸਲਿਆਂ 'ਚ ਦਖਲ ਦੇਣ ਦੀ ਬਜਾਏ ਆਪਣੇ ਸਮੁੱਚਾ ਧਿਆਨ ਹੜਾਂ ਕਾਰਨ ਸੰਤਾਪ ਝੱਲ ਰਹੇ ਸੂਬੇ ਦੇ ਲੋਕਾਂ ਲਈ ਸੁਵਿਧਾਵਾਂ ਬਹਾਲ ਕਰਨ 'ਚ ਲਗਾਉਣਾ ਚਾਹੀਦਾ ਹੈ। ਜਦਕਿ ਮੁੱਖ ਮੰਤਰੀ ਸਾਜਿਸ਼ ਰਚਦੇ ਹੋਏ ਦਰਬਾਰ ਸਾਹਿਬ ਤੋਂ ਗੁਰਬਾਣੀ ਦਾ ਕੰਟਰੋਲ ਹਾਸਿਲ ਕਰਨ ਲਈ ਰਾਜਪਾਲ ਪੰਜਾਬ ਨੂੰ ਚਿੱਠੀਆਂ ਲਿਖ ਰਹੇ ਹਨ। ਉਕਤ ਵਿਚਾਰ ਅਕਾਲੀ ਦਲ ਦੇ ਅਤੇ ਸਾਬਕਾ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ ਨੇ ਪਿੰਡ ਅਸਮਾਨਪੁਰ ਵਿਖੇ ਹੜਾਂ ਦੇ ਮੱਦੇਨਜ਼ਰ ਅਕਾਲੀ ਦਲ ਦੇ ਵਰਕਰਾਂ ਦੀ ਬੁਲਾਈ ਗਈ ਬੈਠਕ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਪ੍ਰਗਟਾਏ। ਉਨਾਂ ਆਖਿਆ ਕਿ ਰਾਜਪਾਲ ਪੰਜਾਬ ਪਹਿਲਾਂ ਹੀ ਉਕਤ ਸ਼ੈਸ਼ਨ ਅਤੇ ਇਸ ਦੌਰਾਨ ਪਾਸ ਕੀਤੇ ਕਾਨੂੰਨਾਂ ਨੂੰ ਗੈਰ ਸੰਵਿਧਾਨਕ ਕਰਾਰ ਦੇ ਚੁੱਕੇ ਹਨ।। ਆਰਡੀਨੈਂਸ ਦੇ ਵਿਰੋਧ 'ਚ ਕਾਂਗਰਸ ਵੱਲੋਂ ਆਪ ਪਾਰਟੀ ਨੂੰ ਸਮਰਥਨ ਦੇਣ 'ਤੇ ਡਾ. ਚੀਮਾ ਨੇ ਆਖਿਆ ਕਿ ਗੱਲ ਦਿੱਲੀ ਦੀ ਨਹੀਂ ਬਲਕਿ ਇਸ ਗਠਜੋੜ ਦਾ ਮਕਸਦ ਕੇਵਲ ਭ੍ਰਿਸ਼ਟਾਚਾਰ ਦੇ ਦੋਸ਼ਾਂ 'ਚ ਫਸੇ ਕੇਜਰੀਵਾਲ ਨੂੰ ਬਚਾਉਣਾ ਹੈ। ਉਨਾਂ ਕਿਹਾ ਕਿ ਮਨੀਸ਼ ਸਿਸੋਦੀਆ ਤੇ ਜੈਨ ਸਾਹਿਬ ਪਹਿਲਾਂ ਹੀ ਜੇਲ 'ਚ ਹਨ ਜਦਕਿ ਕੇਜਰੀਵਾਲ ਖਿਲਾਫ ਸੀ.ਬੀ.ਆਈ. ਜਾਂਚ ਚੱਲ ਰਹੀ ਹੈ। ਉਨ੍ਹਾਂ ਮੀਟਿੰਗ ਦੌਰਾਨ ਖੇਤਰ 'ਚ ਆਏ ਹੜਾਂ ਦੀ ਸਥਿਤੀ ਸਬੰਧੀ ਜਾਣਕਾਰੀ ਹਾਸਿਲ ਕੀਤੀ ਅਤੇ ਅਕਾਲੀ ਵਰਕਰਾਂ ਨੂੰ ਵੱਖ-ਵੱਖ ਪਿੰਡਾਂ 'ਚ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਅਤੇ ਪੀੜਤਾਂ ਦੀ ਸਹਾਇਤਾ ਕਰਨ ਲਈ ਕਿਹਾ। ਬੈਠਕ 'ਚ ਜ਼ਿਲ੍ਹਾ ਪ੍ਰਧਾਨ ਗੁਰਿੰਦਰ ਸਿੰਘ ਗੋਗੀ, ਸ਼੍ਰੋਮਣੀ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ, ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਜਰਨੈਲ ਸਿੰਘ ਔਲਖ, ਡਾਇਰੈਕਟਰ ਹਰਕੇਤ ਸਿੰਘ, ਸਰਪੰਚ ਅਨੰਤ ਸਿੰਘ ਤੇ ਡਾ. ਬਲਵੀਰ ਪੰਮੀ ਸਹਿਤ ਭਾਰੀ ਸੰਖਿਆ 'ਚ ਅਕਾਲੀ ਵਰਕਰ ਹਾਜ਼ਰ ਸਨ।

# ਵਿਦਿਆਰਥੀਆਂ ਨੂੰ ਹੱਥਾਂ ਦੀ ਸਾਫ-ਸਫਾਈ ਸੰਬੰਧੀ ਕੀਤਾ ਜਾਗਰੂਕ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੈਕਟਰ ਬਜ਼ੀਦਪੁਰ ਦੇ ਵੱਖ ਵੱਖ ਸਰਕਾਰੀ ਸਕੂਲਾਂ ਵਿੱਚ ਸਕੂਲੀ ਬੱਚਿਆਂ ਨੂੰ ਹੱਥਾਂ ਨੂੰ ਸਾਫ ਰੱਖਣ ਸੰਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਪ੍ਰਦੀਪ ਕੁਮਾਰ ਮਲਟੀਪਰਪਜ਼ ਹੈਲਥ ਵਰਕਰ ਨੇ ਕਿਹਾ ਕਿ ਡਾਇਰੀਆ ਦੀ ਬਿਮਾਰੀ ਤੋਂ ਬਚਾਅ ਲਈ ਸਭ ਤੋਂ ਪਹਿਲਾਂ ਭੋਜਨ ਖਾਣ ਤੋਂ ਪਹਿਲਾਂ ਹੱਥਾਂ ਨੂੰ ਸਾਫ ਪਾਣੀ ਅਤੇ ਸਾਬਣ ਨਾਲ ਚੰਗੀ ਤਰ੍ਹਾਂ ਧੋਣਾ ਚਾਹੀਦਾ ਹੈ ਤਾਂ ਜੋ ਹੱਥਾਂ ਤੇ ਲਗੇ ਕਿਟਾਣੂ ਭੋਜਨ ਖਾਣ ਲੱਗਿਆਂ ਪੇਟ ਅੰਦਰ ਨਾ ਜਾਣ। ਜੇਕਰ ਅਸੀਂ ਆਪਣੇ ਹੱਥਾਂ ਦੀ ਸਫਾਈ ਖਾਣਾ ਖਾਣ ਤੋਂ ਪਹਿਲਾਂ ਚੰਗੀ ਤਰ੍ਹਾਂ 6 ਸਟੈਪ ਅਨੁਸਾਰ ਕਰਦੇ ਹਾਂ ਤਾਂ ਅੱਧੀਆਂ ਬਿਮਾਰੀਆਂ ਤੋਂ ਅਸੀਂ ਛੁਟਾਕਰਾ ਪਾ ਸਕਦੇ ਹਾਂ। ਉਨਾਂ ਕਿਹਾ ਕਿ ਓ.ਆਰ.ਐਸ ਦਾ ਪੈਕਟ ਇੱਕ ਲੀਟਰ ਪਾਣੀ ਵਿੱਚ ਸਾਰਾ ਘੋਲ ਕੇ ਉਸ ਨੂੰ 24 ਘੰਟਿਆਂ ਦੇ ਅੰਦਰ ਇਸਤੇਮਾਲ ਕਰਨਾ ਚਾਹੀਦਾ ਹੈ। ਇਹ ਘੋਲ ਉਦੋਂ ਤੱਕ ਦਿੰਦੇ ਰਹਿਣਾ ਚਾਹੀਦਾ ਹੈ ਜਦੋਂ ਤੱਕ ਬੱਚੇ ਨੂੰ ਦਸਤ ਤੋਂ ਆਰਾਮ ਨਾ ਆ ਜਾਵੇ। ਇਸ ਨਾਲ ਬੱਚੇ ਦੇ ਸਰੀਰ ਵਿੱਚ ਪਾਣੀ ਦੀ ਘਾਟ ਨਹੀਂ ਆਵੇਗੀ। ਇਸ ਮੌਕੇ ਤੇ ਲਖਵੀਰ ਸਿੰਘ ਹੈਲਥ ਵਰਕਰ ਨੇ ਬਰਸਾਤਾਂ ਦੇ ਮੌਸਮ ਵਿੱਚ ਪਾਣੀ ਉਬਾਲ ਕੇ ਜਾ ਕਲੋਰੀਨੇਟ ਕਰਕੇ ਪੀਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲੀ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।

20-July-PAGE-9.qxd 7/19/2023 10:21 PM Page 1



# ਪੰਜਾਬ ਸੀਟੂ ਵੱਲੋਂ ਵਰਕਰਾਂ ਦੀਆਂ ਮੰਗਾਂ ਲਈ ਸੰਘਰਸ਼ ਤੇਜ਼ ਕਰਨ ਦਾ ਫੈਸਲਾ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**- ਪੰਜਾਬ ਸੀਟੂ ਸਕੱਤਰੇਤ ਦੀ ਮੀਟਿੰਗ ਸਾਥੀ ਮਹਿੰਦਰ ਕੁਮਾਰ ਬੱਢੋਆਣ ਦੀ ਪ੍ਰਧਾਨਗੀ ਹੇਠ ਚੀਮਾ ਭਵਨ ਚੰਡੀਗੜ੍ਹ ਵਿਖੇ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਸਾਥੀ ਜਤਿੰਦਰਪਾਲ ਸਿੰਘ ਜਨਰਲ ਸਕੱਤਰ ਸੀਟੂ ਪੰਜਾਬ ਨੇ ਦੱਸਿਆ ਕਿ ਕਿਰਤ ਕਾਨੂੰਨਾਂ ਦੀ ਪਾਲਣਾ ਕਰਾਉਣ ਲਈ ਅਤੇ ਠੇਕੇ 'ਤੇ ਰੱਖੇ ਵਰਕਰਾਂ ਨੂੰ ਪੱਕਾ ਕਰਾਉਣ ਲਈ, ਘੱਟੋ ਘੱਟ ਤਨਖਾਹ ਵਿੱਚ ਸੋਧ ਕਰਾਉਣ ਲਈ, ਮਨਰੇਗਾ ਮਜ਼ਦੂਰਾਂ ਨੂੰ 200 ਦਿਨ ਕੰਮ ਅਤੇ 700 ਰੁਪਏ ਦਿਹਾੜੀ ਲਾਗੂ ਕਰਾਉਣ ਲਈ, ਪ੍ਰਵਾਸੀ ਮਜ਼ਦੂਰ ਐਕਟ ਦੀ ਪਾਲਣਾ ਕਰਾਉਣ ਲਈ ਅਤੇ ਉਸਾਰੀ ਮਜ਼ਦੂਰਾਂ ਦੀ ਰਿਜ਼ਸਟਰੇਸ਼ਨ ਆਨ ਲਾਈਨ ਦੇ ਨਾਲ ਨਾਲ ਆਫ ਲਾਈਨ ਲਾਗੂ ਕਰਾਉਣ ਲਈ ਸਾਰੇ ਪੰਜਾਬ ਅੰਦਰ ਸਹਾਇਕ ਲੇਬਰ ਕਮਿਸ਼ਨਾਂ ਦੇ ਦਫਤਰਾਂ ਅੱਗੇ 31 ਜੁਲਾਈ ਨੂੰ ਧਰਨੇ ਮਾਰਕੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਦਿੱਤੇ ਜਾਣਗੇ। ਮੰਗਾਂ ਨਾ ਮੰਨਣ ਦੀ ਸੂਰਤ ਵਿੱਚ ਕਿਰਤ ਕਮਿਸ਼ਨ ਸਾਹਮਣੇ ਧਰਨਾ ਲਗਾਇਆ ਜਾਵੇਗਾ। ਸਾਥੀ ਜਤਿੰਦਰਪਾਲ ਸਿੰਘ ਨੇ ਪੰਜਾਬ ਸੀਟੂ ਵਲੋਂ ਚੌਕੀਦਾਰਾਂ ਦੇ ਸੰਘਰਸ਼ ਦੀ ਹਮਾਇਤ ਕਰਦੇ ਹੋਏ ਮੰਗ ਕੀਤੀ ਕਿ ਚੌਕੀਦਾਰਾਂ ਨੂੰ ਵਰਕਰ ਮੰਨ ਕੇ ਘੱਟੋ ਘੱਟ ਤਨਖਾਹ ਲਾਗੂ ਕੀਤੀ ਜਾਵੇ ਅਤੇ ਬਣਦੀਆਂ ਕਾਨੂੰਨੀ ਸਹੂਲਤਾਂ ਦਿੱਤੀਆਂ ਜਾਣ। ਪੰਜਾਬ ਸੀਟੂ ਮੰਗ ਕਰਦੀ ਹੈ ਕਿ ਸਾਰੇ ਸਕੀਮ ਵਰਕਰਾਂ ਨੂੰ ਵਰਕਰ ਮੰਨ ਕੇ ਸਾਰੀਆਂ ਕਾਨੂੰਨੀ ਸਹੂਲਤਾਂ ਦਿੱਤੀਆਂ ਜਾਣ। ਪੰਜਾਬ ਸਰਕਾਰ ਵਲੋਂ ਸਾਰੇ ਵਿਭਾਗਾਂ ਵਿੱਚ ਰੱਖੇ ਠੇਕਾ, ਆਊਟ ਸੋਰਸ ਜਾਂ ਕੱਚੇ ਵਰਕਰਾਂ ਨੂੰ ਪੱਕੇ ਕੀਤਾ ਜਾਵੇ। ਸੀਟੂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਜਨਤਕ ਖੇਤਰ ਨੂੰ ਮਜ਼ਬੂਤ ਕਰੇ ਅਤੇ ਨਿੱਜੀਕਰਣ ਬੰਦ ਕਰੇ। ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਵਲੋਂ ਕੋਡਾਂ ਦਾ ਜੋ ਪਲੇਠਾ ਤਿਆਰ ਕੀਤਾ ਹੈ ਉਸ ਨੂੰ ਅਸੈਂਬਲੀ ਅਜਲਾਸ ਬੁਲਾਕੇ ਰੱਦ ਕੀਤਾ ਜਾਵੇ ਅਤੇ ਕਿਰਤ ਕਾਨੂੰਨਾਂ ਦੀ ਪਾਲਣਾ ਸਖਤੀ ਨਾਲ ਕਰਵਾਈ ਜਾਵੇ। ਸਾਥੀ ਜਤਿੰਦਰਪਾਲ ਸਿੰਘ ਨੇ ਦੱਸਿਆ ਕਿ 9 ਅਗਸਤ ਨੂੰ ਕਿਸਾਨ ਸਭਾ ਅਤੇ ਖੇਤ ਮਜ਼ਦੂਰ ਯੂਨੀਅਨ ਨਾਲ ਸਾਂਝਾ ਸਾਮਰਾਜ ਵਿਰੋਧੀ ਦਿਨ ਦੇ ਤੌਰ 'ਤੇ ਮਨਾਇਆ ਜਾਵੇਗਾ। 14 ਅਗਸਤ ਨੂੰ ਕੁੱਲ ਹਿੰਦ ਸੀਟੂ ਦੇ ਸੱਦੇ ਤੇ ਸੰਵਿਧਾਨ ਦੀ ਰਾਖੀ ਅਤੇ ਅਜ਼ਾਦੀ ਦੀ ਲੜਾਈ ਵਿੱਚ ਸੰਘਰਸ਼ ਵਿੱਚ ਦੇਸ਼ ਭਗਤਾਂ, ਮਜ਼ਦੂਰਾਂ, ਕਿਸਾਨਾਂ ਦੇ ਰੋਲ ਪ੍ਰਤੀ, ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਜਾਗਰਤ ਕੀਤਾ ਜਾਵੇਗਾ। ਫਿਰਕੂ ਸ਼ਕਤੀਆਂ ਅਤੇ ਕਾਰਪੋਰੇਟ ਘਰਾਣਿਆਂ ਦੇ ਗਠਜੋੜ ਵਲੋਂ ਲੋਕਾਂ ਨੂੰ ਲੁੱਟਣ ਅਤੇ ਭਾਈਚਾਰਕ ਏਕਤਾ ਤੋੜਨ ਵਿਰੁੱਧ ਲੋਕਾਂ ਨੂੰ ਸੁਚੇਤ ਕੀਤਾ ਜਾਵੇਗਾ। ਲੇਬਰ ਪੱਖੀ ਬਦਲਵੀਆਂ ਨੀਤੀਆਂ ਲਾਗੂ ਕਰਾਉਣ ਲਈ ਸੰਘਰਸ਼ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਫੈਸਲਾ ਕੀਤਾ ਕਿ ਸੀਟੂ ਦੀਆਂ ਬਹਾਦਰ ਭੈਣਾਂ ਵਿਮਲ ਰਣਧੀਰ, ਕਲਮਨੀ ਸਹਿਗਲ ਸਮੇਤ ਸਾਰੀਆਂ ਭੈਣਾਂ ਦੀਆਂ ਕੁਰਬਾਨੀਆਂ ਦੀ ਯਾਦ ਵਿੱਚ ਅਤੇ ਉਹਨਾਂ ਦੀਆਂ ਜੀਵਨੀਆਂ ਤੋਂ ਸੇਧ ਲੈਂਦਿਆਂ ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਮੀਟਿੰਗਾਂ ਜਥੇਬੰਦ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਸਾਰੇ ਸਾਥੀਆਂ ਨੇ ਉਸਾਰੂ ਸੁਝਾਅ ਦਿੱਤੇ। ਸੀਟੂ ਨੂੰ ਮਜ਼ਬੂਤ ਕਰਨ ਦਾ ਪ੍ਰਣ ਦੁਹਰਾਇਆ। ਇਸ ਮੌਕੇ ਉਪਰੋਕਤ ਤੋਂ ਇਲਾਵਾ ਕ੍ਰਿਸ਼ਨਾ ਕੁਮਾਰੀ, ਗੁਰਦੇਵ ਸਿੰਘ ਬਾਗੀ, ਨਿਰਦੇਵ ਪਾਲ ਚਿਮਨਾਰੀ, ਤਰਸੇਮ ਸਿੰਘ ਪੀ.ਆਰ.ਟੀ.ਸੀ., ਅਬਦੁਲ ਸਤਾਰ, ਕੇਵਲ ਕ੍ਰਿਸ਼ਨ ਕਾਲੀਆ, ਸਮਰ ਬਹਾਦਰ, ਦਿਨੇਸ਼ ਪ੍ਰਸਾਦ, ਸੁਨੀਲ ਕੁਮਾਰ, ਚਮਕੌਰ ਸਿੰਘ ਅਤੇ ਸੁਖਦੇਵ ਸਿੰਘ ਗੋਲਵਡ ਹਾਜ਼ਰ ਸਨ। ਮੀਟਿੰਗ ਵਿੱਚ ਹੜਾਂ ਵਿੱਚ ਜਾਨਾਂ ਗਵਾਉਣ ਵਾਲੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹੜ ਪੀੜਤਾਂ ਦੀ ਭਰਪਾਈ ਲਈ ਯੋਗ ਮੁਆਵਜਾ ਦਿੱਤਾ ਜਾਵੇ।

# ਸ੍ਰੀ ਗੁਰੂ ਤੇਗ ਬਹਾਦਰ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਆਈ ਟੀ ਸਨੌਰਾ ਦਾ ਨਤੀਜਾ ਰਿਹਾ ਸ਼ਾਨਦਾਰ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਸ੍ਰੀ ਗੁਰੂ ਤੇਗ ਬਹਾਦਰ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਆਈ ਟੀ, ਸਨੌਰਾ, ਭੋਗਪੁਰ ਦੇ ਸੈਸ਼ਨ 2022-23 ਦੇ 12 ਵਿਦਿਆਰਥੀਆਂ ਨੇ ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਲੋਂ ਘੋਸ਼ਿਤ ਕੀਤੇ ਰਿਜਲਟਾਂ ਵਿੱਚੋਂ ਬੀ.ਸੀ.ਏ ਕਲਾਸ ਦੀ ਅਮਨਜੋਤ ਕੌਰ ਨੇ 9.40 ਸੀਜੀਪੀ ਪ੍ਰਾਪਤ ਕਰ ਕੇ ਪਹਿਲਾ ਸਥਾਨ, ਗੁਰਪ੍ਰੀਤ ਕੌਰ ਅਤੇ ਮਨਵੀਰ ਕੌਰ ਨੇ 9.36 ਸੀਜੀਪੀ ਪ੍ਰਾਪਤ ਕਰ ਕੇ ਦੂਜਾ ਸਥਾਨ, ਮਨੀਸ਼ਾ ਰਾਣੀ ਨੇ 9.32 ਸੀਜੀਪੀ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਿਲ ਕੀਤਾ। ਪੀ.ਜੀ.ਡੀ.ਸੀ.ਏ ਦੀਆਂ ਵਿਦਿਆਰਥਣਾਂ ਮੁਸਕਾਨ ਨੇ 8.77 ਸੀਜੀਪੀ ਪ੍ਰਾਪਤ ਕਰ ਕੇ ਪਹਿਲਾ ਸਥਾਨ, ਜੈਸਮੀਨ ਨੇ 8.62 ਸੀਜੀਪੀ ਪ੍ਰਾਪਤ ਕਰ ਕੇ ਦੂਜਾ ਸਥਾਨ ਅਤੇ ਨਿਸ਼ਾ ਨੇ 7.92 ਸੀਜੀਪੀ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਿਲ ਕੀਤਾ ਅਤੇ ਬੀ.ਬੀ.ਏ ਦੀਆਂ ਵਿਦਿਆਰਥਣਾਂ ਮਨਵੀਰ ਕੌਰ ਅਤੇ ਸੁਮਨ ਨੇ 8.32 ਸੀਜੀਪੀ ਪ੍ਰਾਪਤ ਕਰ ਕੇ ਪਹਿਲਾ ਸਥਾਨ, ਸਿਮਰਨਜੋਤ ਕੌਰ ਨੇ 7.84 ਸੀਜੀਪੀ ਪ੍ਰਾਪਤ ਕਰ ਕੇ ਦੂਜਾ ਸਥਾਨ ਅਤੇ ਗੁਰਲੀਨ ਕੌਰ ਅਤੇ ਨੀਲਮ ਨੇ 7.12 ਸੀਜੀਪੀ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਿਲ ਕਰ ਕੇ ਕਾਲਜ ਅਤੇ ਪਰਵਾਰ ਦਾ ਮਾਣ ਵਧਾਇਆ। ਕਾਲਜ ਦੇ ਚੇਅਰਮੈਨ, ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਇਹਨਾਂ ਹੋਣਹਾਰ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਉਹਨਾਂ ਦੀ ਹੌਂਸਲਾ ਅਫਜਾਈ ਕੀਤੀ।

# ਵਿਦਿਆਰਥੀਆਂ ਨੇ ਕੀਤੀ ਇੰਡਸਟਰੀਅਲ ਵਿਜ਼ਟ, ਜਾਣੀਆਂ ਹੋਟਲ ਦੀਆਂ ਬਾਰੀਕੀਆਂ

**ਜਲੰਧਰ, (ਇਕਬਾਲ ਸਿੰਘ ਉੱਭੀ)**-- ਸੇਂਟ ਸੋਲਜਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨਾਲੋਜੀ ਵੱਲੋਂ ਵਿਦਿਆਰਥੀਆਂ ਨੂੰ ਪਲੇਸਮੈਂਟ ਲਈ ਤਿਆਰ ਕਰਨ ਅਤੇ ਹੋਟਲ ਇੰਡਸਟਰੀ ਦੇ ਕੰਮਕਾਜ ਬਾਰੇ ਪੂਰੀ ਜਾਣਕਾਰੀ ਦੇਣ ਲਈ ਉਦਯੋਗਿਕ ਦੌਰੇ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਟ੍ਰੇਨਿੰਗ ਅਤੇ ਪਲੇਸਮੈਂਟ ਕੋਆਰਡੀਨੇਟਰ ਗੌਤਮ ਸ਼ੋਚੀ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਬੈਸਟ ਵੈਸਟਰਨ ਹੋਟਲ ਜਲੰਧਰ ਵਿਖੇ ਉਦਯੋਗਿਕ ਦੌਰੇ ਲਈ ਲਿਜਾਇਆ ਗਿਆ। ਉੱਥੇ ਐਚ ਆਰ ਸੰਦੀਪ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਬੈਸਟ ਵੈਸਟਰਨ ਇੱਕ ਅੰਤਰਰਾਸ਼ਟਰੀ ਚੇਨ ਹੈ ਅਤੇ ਇਸ ਦੇ ਕਈ ਬ੍ਰਾਂਡ ਹਨ। ਵਿਦਿਆਰਥੀਆਂ ਨੂੰ ਫਰੰਟ ਆਫਿਸ, ਰੈਸਟੋਰੈਂਟ, ਰਸੋਈ, ਬੇਕਰੀ ਅਤੇ ਹੋਟਲ ਵਿੱਚ ਕਮਰੇ ਦਿਖਾਏ ਗਏ। ਜਿੱਥੇ ਵਿਦਿਆਰਥੀਆਂ ਨੂੰ ਸਹੂਲਤਾਂ ਅਤੇ ਸਮਾਨ ਬਾਰੇ ਦੱਸਿਆ ਗਿਆ ਅਤੇ ਲਾਂਡਰੀ, ਲਿਨਨ ਰੂਮ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਸੰਦੀਪ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਕਿਸ ਤਰ੍ਹਾਂ ਹਰੇਕ ਵਿਭਾਗ ਦੂਜੇ ਵਿਭਾਗ ਨਾਲ ਤਾਲਮੇਲ ਬਣਾ ਕੇ ਕੰਮ ਕਰਦਾ ਹੈ ਅਤੇ ਤਾਲਮੇਲ ਤੋਂ ਬਿਨਾਂ ਕੋਈ ਵੀ ਕੰਮ ਸਫਲ ਨਹੀਂ ਹੋ ਸਕਦਾ। ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਨੇ ਦੱਸਿਆ ਕਿ ਸਾਡੇ ਲਈ ਗਰੂਮਿੰਗ ਕਿਉਂ ਜ਼ਰੂਰੀ ਹੈ ਅਤੇ ਇੰਟਰਵਿਊ ਦੀ ਤਿਆਰੀ ਕਿਵੇਂ ਕਰਨੀ ਹੈ। ਐਚ.ਆਰ ਸੰਦੀਪ ਨੇ ਇਹ ਵੀ ਦੱਸਿਆ ਕਿ ਅਸੀਂ ਹੋਟਲ ਮੈਨੇਜਮੈਂਟ ਕਰਕੇ ਆਪਣਾ ਭਵਿੱਖ ਕਿੱਥੇ ਬਣਾ ਸਕਦੇ ਹਾਂ। ਭਾਨੂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਫਰੰਟ ਆਫਿਸ ਕਿਵੇਂ ਕੰਮ ਕਰਦਾ ਹੈ।

ਰਿਜ਼ਰਵੇਸ਼ਨ ਅਤੇ ਰਜਿਸਟ੍ਰੇਸ਼ਨ ਬਾਰੇ ਦੱਸਿਆ ਅਤੇ ਇਹ ਵੀ ਦੱਸਿਆ ਕਿ ਮਹਿਮਾਨਾਂ ਨਾਲ ਕਿਵੇਂ ਗੱਲਬਾਤ ਕਰਨੀ ਹੈ ਅਤੇ ਮਹਿਮਾਨ ਤੋਂ ਭੁਗਤਾਨ ਕਿਸ ਤਰੀਕਿਆਂ ਨਾਲ ਲਿਆ ਜਾ ਸਕਦਾ ਹੈ। ਇਥੇ ਵੀ ਵਿਦਿਆਰਥੀਆਂ ਨੂੰ ਕਮਰੇ ਦਿਖਾ ਕੇ ਉਨ੍ਹਾਂ ਬਾਰੇ ਦੱਸਿਆ ਗਿਆ। ਕਮਰੇ ਵਿਚਲੀਆਂ ਚੀਜ਼ਾਂ ਬਾਰੇ ਦੱਸਿਆ ਕਿ ਸਮੋਕ ਡਿਟੈਕਟਰ, ਪਾਣੀ ਦੇ ਛਿੜਕਾਅ ਆਦਿ ਕਿਵੇਂ ਕੰਮ ਕਰਦੇ ਹਨ। ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਕੰਮ ਲਈ ਉਤਸ਼ਾਹਿਤ ਕੀਤਾ।

## ਸਤਲੁਜ ਬੰਨ੍ਹ 'ਤੇ ਕੰਮ ਕਰਦੇ ਵਰਕਰਾਂ ਨੂੰ ਸਹੂਲਤਾਂ ਨਹੀਂ : ਤਰਸੇਮ ਪੀਟਰ

**ਫਿਲੌਰ (ਨਿਰਮਲ)**- ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਸਤਲੁਜ ਬੰਨ੍ਹ 'ਤੇ ਕੰਮ ਕਰਦੇ ਨਰੇਗਾ ਵਰਕਰਾਂ ਦੇ ਹੱਕ 'ਚ ਆਪਣੀ ਆਵਾਜ਼ ਬੁਲੰਦ ਕਰਦੇ ਕਿਹਾ ਕਿ ਇਨ੍ਹਾਂ ਵਰਕਰਾਂ ਲਈ ਮੁੱਢਲੀਆਂ ਸਹੂਲਤਾਂ ਵੀ ਨਹੀਂ ਹਨ। ਵੱਡੀ ਗਿਣਤੀ 'ਚ ਬੀਬੀਆਂ ਕੰਮ ਕਰਦੀਆਂ ਹੋਣ ਕਾਰਨ ਪਖ਼ਾਨਿਆਂ ਦਾ ਵੀ ਕੋਈ ਖਾਸ ਪ੍ਰਬੰਧ ਨਹੀਂ ਹੈ। ਕੰਮ ਦੌਰਾਨ ਹੀ ਇੱਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਥੇ ਮੈਡੀਕਲ ਦਾ ਕੋਈ ਪ੍ਰਬੰਧ ਨਹੀਂ ਅਤੇ ਨਾ ਹੀ ਕੋਈ ਸ਼ੈਲਟਰ ਹੋਮ ਹੈ, ਜਿਥੇ ਕਿਤੇ ਮੀਂਹ ਕਣੀ ਵੇਲੇ ਚਾਹ ਬਣਾਈ ਜਾ ਸਕੇ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਵਰਕਰਾਂ ਦੀ ਹਾਜ਼ਰੀ ਪੰਚਾਇਤ ਸਕੱਤਰ ਦੀ ਥਾਂ ਮੈਟ ਲਗਾਏ। ਉਨ੍ਹਾਂ ਕਿਹਾ ਕਿ ਨਿਗੂਣੀ ਜਿਹੀ ਦਿਹਾੜੀ 'ਚੋਂ ਕਾਫੀ ਖਰਚਾ ਕਿਰਾਏ ਦੇ ਰੂਪ 'ਚ ਨਿਕਲ ਜਾਂਦਾ ਹੈ ਅਤੇ ਬਚਦੇ ਕੁੱਝ ਪੈਸੇ ਚਾਹ ਪਾਣੀ ਦੇ ਨਿਕਲ ਜਾਂਦੇ ਹਨ। ਜਦੋਂ ਕਿ ਰੇਤਾ ਅਤੇ ਬੋਰੇ ਨਾ ਆਉਣ ਕਾਰਨ ਪਹਿਲਾਂ ਕੰਮ ਤੋਂ ਜਵਾਬ ਨਰੇਗਾ ਵਰਕਰਾਂ ਨੂੰ ਦਿੱਤਾ ਜਾਂਦਾ ਹੈ। ਪੀਟਰ ਨੇ ਕਿਹਾ ਕਿ ਅਧਿਕਾਰੀਆਂ ਨੂੰ ਤੁਰੰਤ ਧਿਆਨ ਦੇਣਾ ਚਾਹੀਦਾ ਹੈ।

## ਸ਼ਹੀਦੀ ਬਰਸੀਆਂ 21 ਤੇ 24 ਨੂੰ

**ਫਿਲੌਰ (ਨਿਰਮਲ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਵਲੋਂ 21 ਜੁਲਾਈ ਨੂੰ ਸ਼ਹੀਦ ਡਾ. ਗੁਰਦਿਆਲ ਸਿੰਘ ਮੁਠੱਡਾ ਦੀ ਬਰਸੀ ਮਨਾਈ ਜਾ ਰਹੀ ਹੈ। ਇਸ ਮੌਕੇ ਸ਼ਹੀਦੀ ਮਿਨਾਰ 'ਤੇ ਝੰਡਾ ਝਲਾਉਣ ਉਪਰੰਤ ਆਰਐਮਪੀਆਈ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਅਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਵਿਚਾਰ ਪੇਸ਼ ਕਰਨਗੇ। ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ ਨੇ ਦੱਸਿਆ ਕਿ 24 ਜੁਲਾਈ ਨੂੰ ਸ਼ਹੀਦ ਜਰਨੈਲ ਸਿੰਘ ਅਤੇ ਮਹਿੰਦਰ ਸਿੰਘ ਪੱਪੀ ਦੀ ਬਰਸੀ ਵੀ ਮਨਾਈ ਜਾਵੇਗੀ, ਜਿਥੇ ਉਕਤ ਆਗੂ ਅਗਲੇਰੇ ਸੰਘਰਸ਼ਾਂ ਦੀ ਰੂਪ ਰੇਖਾ ਅਤੇ ਮੌਜੂਦਾ ਰਾਜਨੀਤਕ ਅਵਸਥਾ ਬਾਰੇ ਵਿਚਾਰ ਚਰਚਾ ਕਰਨਗੇ।

## ਸੰਤੋਸ਼ੀ ਕੁਮਾਰੀ ਨੇ 'ਵਰਸਿਟੀ 'ਚ ਡਿਸਟਿੰਕਸਨ ਕੀਤੀ ਪ੍ਰਾਪਤ

**ਜਲੰਧਰ ( ਇਕਬਾਲ ਸਿੰਘ ਉੱਭੀ)** ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਦਾ ਮਈ 2023 ਦਾ ਬੀ ਐਸ ਸੀ ਨਾਨ ਮੈਡੀਕਲ ਸਮੈਸਟਰ ਛੇਵੇਂ ਦਾ ਯੂਨੀਵਰਸਿਟੀ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਬੀ ਐਸ ਸੀ ਨਾਨ ਮੈਡੀਕਲ ਸਮੈਸਟਰ ਛੇਵੇਂ ਦੀ ਸੰਤੋਸ਼ੀ ਕੁਮਾਰੀ ਨੇ 2400 'ਚੋਂ 2016 ਅੰਕ (84%) ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਡਿਸਟਿੰਕਸਨ ਪ੍ਰਾਪਤ ਕੀਤੀ। ਬੀ ਐਸ ਸੀ ਕੰਪਿਊਟਰ ਸਾਇੰਸ ਸਮੈਸਟਰ ਛੇਵੇਂ ਦੀ ਪਰਿਣੀਤਾ ਨੇ ਵੀ 2400 ਵਿੱਚੋਂ 2001ਅੰਕ (83.4%) ਹਾਸਲ ਕਰ ਕੇ ਡਿਸਟਿੰਕਸਨ ਪ੍ਰਾਪਤ ਕੀਤੀ। ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮਾਣਯੋਗ ਮੈਂਬਰ ਅਤੇ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਅਕਾਦਮਿਕ ਉਪਲਬਧੀ ਲਈ ਅਤੇ ਸੰਸਥਾ ਦਾ ਮਾਣ ਵਧਾਉਣ 'ਤੇ ਵਧਾਈ ਦਿੱਤੀ।

## ਰੋਟਰੀ ਕਲੱਬ ਨੇ ਅਨਪੂਰਨਾ-ਡੇ ਮਨਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਰੋਟਰੀ ਕਲੱਬ ਦੇ ਪ੍ਰੈਸ ਸਕੱਤਰ ਰੋਟੇਰੀਅਨ ਨਰੇਸ਼ ਕੁਮਾਰ ਸਾਬਾ ਨੇ ਇਕ ਬਿਆਨ ਰਾਹੀਂ ਦੱਸਿਆ ਕਿ ਰੋਟਰੀ ਕਲੱਬ ਹੁਸ਼ਿਆਰਪੁਰ ਸੈਂਟਰਲ ਵਲੋਂ ਰੋਟਰੀ ਕਲੱਬ 3070 ਦੇ ਡਿਸਟ੍ਰਿਕ ਗਵਰਨਰ ਰੋਟੇਰੀਅਨ ਵਿਪਨ ਭਸੀਨ ਅਤੇ ਸਹਾਇਕ ਗਵਰਨਰ ਰੋਟੇਰੀਅਨ ਭੁਪਿੰਦਰ ਕੁਮਾਰ ਦੇ ਨਿਰਦੇਸ਼ਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਬਣੇ ਰਿਸੋਰਸ ਸੈਂਟਰ ਦੇ ਸਪੈਸ਼ਨ ਬੱਚਿਆਂ ਨਾਲ "ਅਨਪੂਰਨਾ ਡ "ਪਾਸਟ ਸਹਾਇਕ ਗਵਰਨਰ ਰੋਟੇਰੀਅਨ ਰਾਜਨ ਸੈਣੀ ਦੀ ਅਗਵਾਈ ਵਿੱਚ ਮਨਾਇਆ ਗਿਆ। ਰੋਟੇਰੀਅਨ ਰਾਜਨ ਸੈਣੀ ਨੇ ਅਨਪੂਰਨਾ-ਡੇ ਦੀ ਮਹਾਨਤਾ ਬਾਰੇ ਦੱਸਿਆ। ਰੋਟਰੀ ਕਲੱਬ ਦੇ ਪ੍ਰਧਾਨ ਜਰਨੈਲ ਸਿੰਘ ਧੀਰ ਅਤੇ ਕਲੱਬ ਦੇ ਪ੍ਰੈਸ ਸਕੱਤਰ ਨਰੇਸ਼ ਕੁਮਾਰ ਸਾਬਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ 'ਤੇ ਰੋਟੇਰੀਅਨ ਅਮਨਦੀਪ ਅਤੇ ਕੁਲਦੀਪ ਸਿੰਘ, ਮਨਜੀਤ ਸਿੰਘ ਲੱਕੀ, ਰਣਜੀਤ ਸਿੰਘ ਤੋਂ ਇਲਾਵਾ ਰਿਸ੍ਰੋਸ ਸੈਂਟਰ ਦੇ ਇੰਚਾਰਜ ਸਮੀਕਸ਼ਾ ਸੈਣੀ ਅਤੇ ਸਵਰਨਜੀਤ ਕੌਰ ਆਦਿ ਹਾਜ਼ਰ ਸਨ।

## ਹੜ੍ਹਾਂ ਵਿਰੁੱਧ 37 ਮੈਂਬਰੀ ਐਕਸ਼ਨ ਕਮੇਟੀ ਬਣਾਈ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਧੁੱਸੀ ਬੰਨ ਮੌਅ ਸਾਹਿਬ, ਮੀਓਵਾਲ, ਤੇ ਹੜ੍ਹਾਵਰਗੇ ਹਲਾਤ ਬਣੇ ਹਨ, ਜਿਸ ਕਰਕੇ ਬਚਾਅ ਕਾਰਜਾਂ ਵਾਸਤੇ ਸਰਕਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸੁਚੇਤ ਕਰਨ ਲਈ ਆਉਂਣ ਵਾਲੇ ਸਮੇਂ ਵਿੱਚ ਹੜ੍ਹਾਂ ਦੀ ਤਬਾਹੀ ਤੋਂ ਬਚਣ ਵਾਸਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋ ਇਕ 37 ਮੈਂਬਰੀ ਐਕਸ਼ਨ ਕਮੇਟੀ ਬਣਾ ਕੇ, ਬੰਨ੍ਹ ਬਚਾਉ ਮੋਰਚਾ ਹੋਂਦ ਵਿੱਚ ਆਇਆ ਹੈ, ਜਿਸ ਨੇ ਪੱਕਾ ਮੋਰਚਾ ਸਥਾਪਿਤ ਕਰਨ ਲਈ ਰੈਲੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ। ਕਿਰਤੀ ਕਿਸਾਨ ਯੂਨੀਅਨ ਦੇ ਆਗੂ ਅਤੇ ਦੂਸਰੀਆਂ ਕਿਸਾਨ ਜਥੇਬੰਦੀਆਂ ਦੇ ਨਾਲ ਪੇਡੂ ਮਜਦੂਰ ਯੂਨੀਅਨ ਦੇ ਬੁਲਾਰਿਆਂ ਨੇ ਕਿਹਾ ਕਿ ਪਿੰਡਾਂ ਵਿੱਚੋਂ ਲਾਮਬੰਦੀ ਸ਼ੁਰੂ ਕਰਕੇ ਸੰਘਰਸ਼ ਵਿੱਢਿਆ ਜਾਵੇਗਾ।

## ਡਾ. ਬੀ.ਆਰ ਅੰਬੇਡਕਰ ਕਲੱਬ ਨਿਊਯਾਰਕ ਨੇ 150 ਪਰਵਾਰਾਂ ਨੂੰ ਵੰਡਿਆ ਰਾਸ਼ਨ

**ਫਿਲੌਰ (ਨਿਰਮਲ)**- ਡਾ. ਬੀ.ਆਰ ਅੰਬੇਡਕਰ ਕਲੱਬ ਨਿਊਯਾਰਕ ਅਮਰੀਕਾ ਵੱਲੋਂ ਪੰਜਾਬ ਵਿੱਚ ਕੁਦਰਤੀ ਆਫਤ ਦੀ ਮਾਰ ਝੱਲ ਰਹੇ ਹੜ੍ਹ ਪੀੜ੍ਹਤ 150 ਪਰਵਾਰਾਂ ਲਈ ਰਾਸ਼ਨ ਸਮੱਗਰੀ ਵੰਡਣ ਦੀ ਵੱਡੀ ਸੇਵਾ ਕੀਤੀ ਗਈ। ਇਹ ਰਾਸ਼ਨ ਵੰਡਣ ਦੀ ਜ਼ਿੰਮੇਵਾਰੀ ਅੰਬੇਡਕਰ ਸੈਨਾ ਪੰਜਾਬ ਦੇ ਤਹਿਸੀਲ ਫਿਲੌਰ ਦੇ ਪ੍ਰਧਾਨ ਦੀਪਕ ਰਸੂਲਪੁਰੀ ਵੱਲੋਂ ਕੀਤੇ ਗਏ ਪ੍ਰਬੰਧਾਂ ਅਨੁਸਾਰ ਬਲਵਿੰਦਰ ਬੁੱਗਾ ਪ੍ਰਧਾਨ ਜਲੰਧਰ, ਕੁਲਵਿੰਦਰ ਬੈਂਸ, ਸੰਜੀਵ ਕਾਦਰੀ, ਡਾ.ਆਰ.ਐੱਲ.ਰਾਣਾ, ਬਿੰਦਰ ਅੱਪਰਾ, ਦਵਿੰਦਰ ਮੰਡੀ, ਹੈਪੀ ਢੰਡਵਾੜ, ਗੋਲਡੀ ਦਾਦਰਾ, ਬਿੰਦਰ ਅੱਪਰਾ, ਸੋਨੂੰ ਬਾਬਾ, ਰਵੀ ਮੰਡੀ, ਰਾਜਨ ਹੀਰ, ਬਿੰਦਰ ਬਲਖੋਰ, ਡਾ.ਰਿੰਕੂ ਲੋਈ, ਜਸਪਾਲ ਜੱਸੀ, ਹਰਮੇਸ਼ ਲਾਲ ਅਤੇ ਹੋਰ ਮੈਂਬਰਾਂ ਵੱਲੋਂ ਨਿਭਾਈ ਗਈ। ਜਿਸ ਵਿੱਚ ਵਿਸੇਸ ਤੌਰ 'ਤੇ ਪਹੁੰਚੇ ਐੱਸ.ਪੀ. ਹੈੱਡਕੁਆਰਟਰ ਸਰਬਜੀਤ ਰਾਏ ਵੱਲੋਂ ਲੋਹੀਆਂ ਲਾਗਲੇ ਪਿੰਡ ਚੱਕ ਬੰਡਾਲਾ ਵਿਖੇ ਰਾਸ਼ਨ ਵੰਡਣ ਦੀ ਸ਼ੁਰੂਆਤ ਕਰਵਾਈ ਗਈ ਅਤੇ ਆਪ ਲੋੜਵੰਦ ਪਰਵਾਰਾਂ ਨੂੰ ਰਾਸਨ ਵੰਡਿਆ, ਉਨ੍ਹਾਂ ਨਾਲ ਥਾਣਾ ਲੋਹੀਆਂ ਦੇ ਥਾਣਾ ਮੁੱਖੀ ਇੰਸਪੈਕਟ ਪਲਵਿੰਦਰ ਸਿੰਘ ਵੱਲੋਂ ਆਪਣੀ ਪੁਲਸ ਪਾਰਟੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਈ ਗਈ।

# ਗੁਰੂ ਨਗਰੀ ਵਿਖੇ ਕਰਵਾਇਆ ਜਾਵੇਗਾ ਸਰਬ ਧਰਮ ਸੰਮੇਲਨ : ਜਗੇੜਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਰਬ ਧਰਮ ਸੰਮੇਲਨ ਕਰਵਾਇਆ ਜਾਵੇਗਾ ਜਿਸ 'ਚ ਵੱਖ ਵੱਖ ਧਰਮਾਂ ਦੇ ਮੁਖੀਆਂ ਨੂੰ ਬੁਲਾ ਕੇ ਸਮਾਜ ਦੇ ਭਲੇ ਲਈ ਸੁਝਾਅ ਲਏ ਜਾਣਗੇ। ਇਸ ਗੱਲ ਦਾ ਪ੍ਰਗਟਾਵਾ ਇੰਟਰਨੈਸ਼ਨਲ ਸੰਤ ਸਮਾਜ ਦੇ ਮੁਖੀ ਸੰਤ ਸਮਸ਼ੇਰ ਸਿੰਘ ਜਗੇੜਾ ਨੇ ਕੀਤਾ। ਸ੍ਰੀ ਅਨੰਦਪੁਰ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸੰਬੰਧੀ ਜਲਦ ਹੀ ਸੰਤਾਂ ਮਹਾਂਪੁਰਸ਼ਾਂ ਨਾਲ ਮੀਟਿੰਗ ਕਰਕੇ ਪ੍ਰੋਗਰਾਮ ਬਣਾਇਆ ਜਾਵੇਗਾ। ਇਕ ਸੁਆਲ ਦੇ ਜੁਆਬ ਵਿੱਚ ਉਨ੍ਹਾਂ ਕਿਹਾ ਕਿ ਸੰਤ ਸਮਾਜ ਵਲੋਂ ਵੱਖ ਵੱਖ ਜਗ੍ਹਾ 'ਤੇ ਕੈਂਪ ਲਗਾ ਕੇ ਨੌਜਵਾਨਾਂ ਨੂੰ ਪਤਿਤਪੁਣੇ ਤੇ ਨਸ਼ਿਆਂ ਤੋਂ ਬਚਣ ਦੇ ਉਪਰਾਲੇ ਕੀਤੇ ਜਾ ਰਹੇ ਹਨ। ਸੰਤ ਸਮਾਜ ਸ਼ਾਂਤੀ ਪਸੰਦ ਹੈ ਤੇ ਹਰ ਸਮੇ ਸਮਾਜ ਦੀ ਸੇਵਾ ਲਈ ਹਾਜ਼ਰ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਸੰਸਾਰ ਪੱਧਰ ਦੀ ਭਾਰਤੀ ਸਰਵ ਧਰਮ ਸੰਸਦ ਦੀ ਜਥੇਬੰਦੀ ਹੈ ਜਿਸ ਵਿੱਚ ਦਲਾਈਲਾਮਾ, ਸ੍ਰੀ ਸ੍ਰੀ ਰਵੀਸ਼ੰਕਰ ਸਮੇਤ ਦੁਨੀਆਂ ਦੇ ਸੰਤ ਸ਼ਾਮਲ ਹਨ। ਸੰਤ ਜਗੇੜਾ ਨੇ ਦੱਸਿਆ ਕਿ ਪੰਜਾਬ ਪ੍ਰਧਾਨ ਦੀ ਸੇਵਾ ਮੈਨੂੰ ਸੌਂਪੀ ਗਈ ਹੈ ਤੇ ਅਸੀਂ ਸਮੁੱਚੀ ਜਥੇਬੰਦੀ ਨਾਲ ਮਿਲ ਕੇ ਸੰਸਾਰ ਭਰ ਵਿੱਚ ਸ਼ਾਂਤੀ ਦਾ ਸੁਨੇਹਾ ਦੇਣ ਦੇ ਯਤਨ ਕਰ ਰਹੇ ਹਾਂ। ਇਸੇ ਲੜੀ ਤਹਿਤ ਇਸ ਗੁਰੂ ਨਗਰੀ ਵਿਖੇ ਸਰਬ ਧਰਮ ਸੰਮੇਲਨ ਕਰਵਾਇਆ ਜਾਵੇਗਾ ਤਾਂ ਜੋ ਸਮਾਜ ਵਿਚ ਏਕਤਾ ਪਿਆਰ ਤੇ ਸ਼ਾਂਤੀ ਸਥਾਪਤ ਕੀਤੀ ਜਾ ਸਕੇ।

# ਡਿਗਰੀਆਂ ਦੇ ਫਰਜੀ ਵਾੜੇ ਦੀ ਤਹਿ ਤੱਕ ਜਾਇਆ ਜਾਵੇ : ਖੱਟੜਾ, ਮਾਵੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਵਿਜੀਲੈਂਸ ਵੱਲੋਂ ਜਾਹਲੀ ਡਿਗਰੀ ਦੇ ਆਧਾਰ 'ਤੇ ਪ੍ਰਿੰਸੀਪਲ ਪ੍ਰਮੋਟ ਹੋ ਕੇ ਮੋਹਾਲੀ ਸਕੂਲ ਵਿੱਚ ਤਾਇਨਾਤ ਪ੍ਰਿੰਸੀਪਲ ਨੂੰ ਗ੍ਰਿਫਤਾਰ ਕਰਨ ਲਈ ਆਰ ਟੀ ਆਈ ਕਾਰਕੁੰਨ ਜਸਵਿੰਦਰ ਸਿੰਘ ਮਾਵੀ ਅਤੇ ਵਿਜੀਲੈਂਸ ਦੇ ਅਧਿਕਾਰੀਆਂ ਨੂੰ ਸਾਬਾਸ਼ ਦਿੰਦਿਆਂ ਗੌਰਮਿੰਟ ਟੀਚਰ ਯੂਨੀਅਨ ਦੇ ਸਾਬਕਾ ਜਨਰਲ ਸਕੱਤਰ ਸੁੱਚਾ ਸਿੰਘ ਖੱਟੜਾ ਅਤੇ ਪ੍ਰੈਸ ਸਕੱਤਰ ਹਰਨੇਕ ਸਿੰਘ ਮਾਵੀ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਡਿਗਰੀਆਂ ਦੇ ਫਰਜੀ ਬਾੜੇ ਦੀ ਚੌਤਰਫਾ ਜਾਂਚ ਕਰਵਾਉਣੀ ਚਾਹੀਦੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ 'ਚ ਸੰਗਠਿਤ ਗਰੋਹ ਕੰਮ ਕਰਦਾ ਹੈ, ਜਿਸਨੇ ਫਰਜੀ ਡਿਗਰੀਆਂ ਲਿਆਕੇ ਵੇਚਣ ਤੋਂ ਅਗਾਂਹ ਆਪਣੇ ਗ੍ਰਾਹਕਾਂ ਨੂੰ ਸਿੱਖਿਆ ਵਿਭਾਗ ਤੋਂ ਇਲਾਵਾ ਹੋਰ ਵਿਭਾਗਾਂ ਅੰਦਰ ਨੌਕਰੀਆਂ ਤੱਕ ਲਗਵਾਉਂਦਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਇਸ ਧੰਦੇ ਨਾਲ ਹਜਾਰਾਂ ਦੀ ਗਿਣਤੀ ਵਿੱਚ ਪੰਜਾਬ ਅੰਦਰ ਨੌਕਰੀਆਂ ਤੇ ਤਰੱਕੀਆਂ ਦੇ ਅਸਲ ਹੱਕਦਾਰਾਂ ਦੇ ਹੱਕ ਮਾਰੇ ਗਏ। ਸੁੱਚਾ ਸਿੰਘ ਖੱਟੜਾ ਤੇ ਹਰਨੇਕ ਸਿੰਘ ਮਾਵੀ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਡਿਗਰੀਆਂ ਦੇ ਫਰਜੀ ਬਾੜੇ ਦੇ ਧੰਦੇ ਨੂੰ ਪੰਜਾਬੀਆਂ ਦੀ ਵੱਡੀ ਗਿਣਤੀ ਜਾਣਦੀ ਹੈ। ਇਸ ਸਟੇਜ ਉੱਤੇ ਸਰਕਾਰ ਦੀ ਢਿੱਲ ਜਾਂ ਅਣਦੇਖੀ ਸਰਕਾਰ ਦੀ ਕਿਰਕਿਰੀ ਦਾ ਕਾਰਨ ਬਣੇਗੀ ਅਤੇ ਇਸ ਦੇ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਦੇ ਦਾਅਵੇ ਦੀ ਵੀ ਫੂਕ ਨਿਕਲ ਜਾਵੇਗੀ।

# ਕੋਰਨੀਆ ਟ੍ਰਾਂਸਪਲਾਂਟੇਸ਼ਨ ਦਾ ਡਾਕਟਰੀ ਖਰਚ ਬੰਦ ਕਰਕੇ ਸਰਕਾਰ ਨੇ ਕੀਤੀ ਬੇਇਨਸਾਫੀ : ਅਰੋੜਾ, ਬਹਿਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਨੈਸ਼ਨਲ ਪ੍ਰੋਗਰਾਮ ਫਾਰ ਕੰਟਰੋਲ ਆਫ ਬਲਾਇੰਡਨੈਸ ਐਂਡ ਇੰਪੀਅਰਮੈਂਟ ਦੇ ਤਹਿਤ ਪ੍ਰਦੇਸ਼ ਪ੍ਰੋਗਰਾਮ ਅਧਿਕਾਰੀ ਦੁਆਰਾ ਇਕ ਪੱਤਰ ਜਾਰੀ ਕੀਤਾ ਗਿਆ ਹੈ ਜਿਸ ਵਿੱਚ ਉਨਾਂ ਨੇ ਕਿਹਾ ਹੈ ਕਿ ਕੋਰਨੀਆ ਟ੍ਰਾਂਸਪਲਾਂਟੇਸ਼ਨ ਦੌਰਾਨ ਡਾਕਟਰੀ ਖਰਚ ਜੋ ਸਰਕਾਰ ਦੁਆਰਾ ਦਿੱਤਾ ਜਾਂਦਾ ਸੀ, ਅੱਗੇ ਤੋਂ ਨਹੀਂ ਦਿੱਤਾ ਜਾਵੇਗਾ ਅਤੇ ਸਰਕਾਰ ਨੇ ਇਸ ਉਪਰ ਰੋਕ ਲਗਾ ਦਿੱਤੀ ਹੈ। ਇਸ ਪੱਤਰ ਸੰਬੰਧੀ ਰੋਟਰੀ ਆਈ ਬੈਂਕ ਅਤੇ ਕੋਰਨੀਆ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਦੀ ਬੈਠਕ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਪ੍ਰਧਾਨਗੀ ਵਿੱਚ ਹੋਈ। ਸੁਸਾਇਟੀ ਦੇ ਅਹੁੱਦੇਦਾਰਾਂ ਨੇ ਸਰਕਾਰ ਦੇ ਇਸ ਪੱਤਰ 'ਤੇ ਨਰਾਜ਼ਗੀ ਪ੍ਰਗਟ ਕਰਦੇ ਹੋਏ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਨੇਤਰਹੀਣਤਾ ਨੂੰ ਦੂਰ ਕਰਨ ਵਿੱਚ ਸਹਿਯੋਗ ਪ੍ਰਦਾਨ ਕਰ ਰਹੀਆਂ ਸੰਸਥਾਵਾਂ ਨੂੰ ਠੇਸ ਪਹੁੰਚੀ ਹੈ ਅਤੇ ਸਰਕਾਰ ਦਾ ਖੁਦ ਦਾ ਮਿਸ਼ਨ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਹੋਵੇਗਾ। ਸੰਜੀਵ ਅਰੋੜਾ ਨੇ ਕਿਹਾ ਕਿ ਕੋਰਨੀਆ ਬਲਾਇੰਡਨੈਸ ਨੂੰ ਦੂਰ ਕਰਨ ਦੇ ਲਈ ਪ੍ਰਦੇਸ਼ ਦੀ ਕਈ ਸੰਸਥਾਵਾਂ ਕੰਮ ਕਰ ਰਹੀਆਂ ਹਨ ਅਤੇ ਸਾਰਿਆਂ ਦੇ ਸਹਿਯੋਗ ਨਾਲ ਹਜ਼ਾਰਾਂ ਲੋਕ ਅੱਜ ਰੋਸ਼ਨੀ ਪਾ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਬਿਨਾਂ ਕਿਸੀ ਸਰਕਾਰੀ ਸਹਾਇਤਾ ਦੇ ਕੰਮ ਕਰ ਰਹੀਆਂ ਸੰਸਥਾਵਾਂ ਨੂੰ ਸਹਿਯੋਗ ਕਰਨ ਦੀ ਬਜਾਏ ਦਿੱਤੀ ਜਾ ਰਹੀ ਸਹੂਲਤ ਨੂੰ ਵਾਪਿਸ ਲੈਣਾ ਕਿਸੀ ਵੀ ਸੂਰਤ ਵਿੱਚ ਤਰਕ ਸੰਗਤ ਨਹੀ ਹੈ। ਉਨ੍ਹਾ ਨੇ ਕਿਹਾ ਕਿ ਕੋਰਨੀਆਂ ਦਾ ਸਾਰਾ ਖਰਚ ਸੰਸਥਾਵਾਂ ਕਰਦੀਆਂ ਹਨ ਜਦਕਿ ਸਰਕਾਰ ਦੁਆਰਾ ਆਪ੍ਰੇਸ਼ਨ ਦਾ ਖਰਚ ਡਾਕਟਰ ਨੂੰ ਦਿੱਤਾ ਜਾਂਦਾ ਹੈ, ਜੋ ਅੱਗੇ ਤੋਂ ਨਹੀਂ ਦਿੱਤਾ ਜਾਵੇਗਾ।

ਚੇਅਰਮੈਨ ਜੇ.ਬੀ.ਬਹਿਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸਰਕਾਰ ਅਤੇ ਮੰਤਰਾਲਿਆਂ ਵਲੋਂ ਜਿੰਨੀਆਂ ਵੀ ਬੈਠਕਾਂ ਹੋਈਆਂ ਹਨ, ਉਨਾਂ ਵਿੱਚ ਸਾਰਿਆਂ ਨੇ ਮਿਸ਼ਨ ਵਿੱਚ ਤੇਜ਼ੀ ਲਿਆਉਣ ਅਤੇ ਹਰ ਪ੍ਰਕਾਰ ਦੇ ਸਹਿਯੋਗ ਦਾ ਭਰੋਸਾ ਦਿੱਤਾ ਸੀ। ਪਰ ਦੁੱਖ ਦੀ ਗੱਲ ਹੈ ਕਿ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਦੁਆਰਾ ਪ੍ਰਦੇਸ਼ ਦੇ ਸਾਰੇ ਸਿਵਲ ਸਰਜਨਾਂ ਨੂੰ ਪੱਤਰ ਜਾਰੀ ਕਰਕੇ ਡਾਕਟਰੀ ਖਰਚ ਨਾ ਦਿੱਤੇ ਜਾਣ ਸਬੰਧੀ ਨਿਰਦੇਸ਼ ਜਾਰੀ ਕੀਤੇ ਹਨ। ਸਰਕਾਰ ਨੂੰ ਇਸ ਫੈਸਲੇ ਨੂੰ ਜਲਦੀ ਹੀ ਵਾਪਿਸ ਲੈਣਾ ਚਾਹੀਦਾ ਹੈ ਤਾਂਕਿ ਮਿਸ਼ਨ ਨਾਲ ਜੁੜੀਆ ਸੰਸਥਾਵਾਂ ਅਤੇ ਡਾਕਟਰਾਂ ਦਾ ਉਤਸ਼ਾਹ ਬਣਿਆ ਰਹੇ। ਇਸ ਮੌਕੇ ਤੇ ਸਕੱਤਰ ਪ੍ਰਿੰ:ਡੀ.ਕੇ.ਸ਼ਰਮਾ, ਕੁਲਦੀਪ ਰਾਏ ਗੁਪਤਾ, ਮਦਨ ਲਾਲ ਮਹਾਜਨ, ਰਾਜਿੰਦਰ ਮੋਦਗਿਲ ਅਤੇ ਤਰਸੇਮ ਮੋਦਗਿਲ ਆਦਿ ਮੌਜੂਦ ਸਨ।

# ਸਰਕਾਰ ਸੂਬੇ ਦੇ ਆਂਗਣਵਾੜੀ ਸੈਂਟਰਾਂ ਦੀਆਂ ਬੁਨਿਆਦੀ ਸਹੂਲਤਾਂ ਲਈ ਚੁੱਕ ਰਹੀ ਹੈ ਠੋਸ ਕਦਮ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਂਗਣਵਾੜੀ ਸੈਂਟਰਾਂ ਦੀਆਂ ਵੱਖ-ਵੱਖ ਸਕੀਮਾਂ/ਪ੍ਰੋਗਰਾਮਾਂ ਬਾਰੇ ਜ਼ਿਕਰ ਕਰਦਿਆਂ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬਾ ਸਰਕਾਰ ਆਂਗਣਵਾੜੀ ਸੈਂਟਰਾਂ ਦੇ ਬੁਨਿਆਦੀ ਢਾਂਚੇ 'ਚ

ਸੁਧਾਰ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਦੱਸਿਆ ਕਿ ਆਂਗਣਵਾੜੀ ਸੈਂਟਰਾਂ ਰਾਹੀਂ 6 ਸਾਲ ਤੱਕ ਦੇ ਬੱਚੇ, ਗਰਭਵਤੀ ਅਤੇ ਦੁੱਧ-ਪਿਲਾਉ ਔਰਤਾਂ ਨੂੰ ਪੂਰਕ ਪੋਸ਼ਣ ਆਹਾਰ, ਟੀਕਾਕਰਣ, ਸਿਹਤ ਸਿੱਖਿਆ, ਸਿਹਤ ਤੇ ਪੋਸ਼ਣ ਸੰਬੰਧੀ ਸਿੱਖਿਆ ਅਤੇ ਰੈਫਰਨ ਸੇਵਾਵਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਇਸ ਦੇ ਨਾਲ ਹੀ 3-6 ਸਾਲ ਦੇ ਬੱਚਿਆਂ ਨੂੰ ਗੈਰ- ਰਸਮੀ ਪ੍ਰੀ-ਸਕੂਲ ਸਿੱਖਿਆ ਵੀ ਮੁਹੱਈਆ ਕਰਵਾਈ ਜਾਂਦੀ ਹੈ। ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਆਂਗਣਵਾੜੀ ਸੈਂਟਰਾਂ ਦੀਆਂ ਇੱਕ ਹਜ਼ਾਰ ਬਿਲਡਿੰਗਾਂ ਦੀ ਨੁਹਾਰ ਬਦਲਣ ਲਈ ਰੂਰਲ ਡਿਵੈਲਪਮੈਂਟ ਵਿਭਾਗ ਨਾਲ ਅਤੇ ਆਂਗਣਵਾੜੀ ਸੈਂਟਰਾਂ 'ਚ ਪਖਾਨਿਆਂ ਦੀ ਉਸਾਰੀ ਲਈ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨਾਲ ਮਿਲ ਕੇ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਜਿਲ੍ਹਾ ਪ੍ਰੋਗਰਾਮ ਅਫਸਰਾਂ ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਨੂੰ ਆਂਗਣਵਾੜੀ ਸੈਂਟਰਾਂ ਲਈ ਬਿਲਡਿੰਗਾਂ, ਬਾਲਾ ਪੇਂਟਿੰਗਸ, ਬੱਚਿਆਂ ਦੇ ਬੈਠਣ ਲਈ ਫਰਨੀਚਰ ਖੇਡਣ ਲਈ ਖਿਡੌਣੇ, ਝੂਲੇ ਅਤੇ ਪ੍ਰੀ-ਸਕੂਲ ਸਿੱਖਿਆ ਲਈ ਜਰੂਰੀ ਸਮਾਨ ਜੁਟਾਉਣ ਲਈ ਸਮਰੱਥ ਵਿਅਕਤੀਆਂ ਤੇ ਸੰਸਥਾਵਾਂ ਕੋਲੋਂ ਮਦਦ ਲੈਣ ਦੇ ਵਿਸ਼ੇਸ਼ ਉਪਰਾਲੇ ਕਰਨ ਲਈ ਵੀ ਕਿਹਾ, ਤਾਂ ਜੋ ਚਾਹਵਾਨ ਨਾਗਰਿਕ ਵੀ ਸਰਕਾਰ ਦਾ ਸਹਿਯੋਗ ਕਰਕੇ ਆਪਣਾ ਯੋਗਦਾਨ ਪਾ ਸਕਣ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਡਾਇਰੈਕਟਰ ਸ਼੍ਰੀਮਤੀ ਮਾਧਵੀ ਕਟਾਰੀਆ ਨੇ ਦੱਸਿਆ ਕਿ ਵਿਭਾਗੀ ਅਧਿਕਾਰੀਆਂ ਵੱਲੋਂ 7 ਅਗਸਤ 2023 ਤੱਕ ਜਿਲ੍ਹਾ ਪੱਧਰ 'ਤੇ ਵਧੀਆ ਕਾਰਗੁਜਾਰੀ ਕਰਨ ਵਾਲੇ ਆਂਗਣਵਾੜੀ ਸੈਂਟਰਾਂ ਦੀ ਚੋਣ ਕੀਤੀ ਜਾਵੇਗੀ ਅਤੇ ਵਧੀਆ ਕੰਮ ਕਰਨ ਵਾਲੇ ਜਿਲ੍ਹੇ ਦੇ ਤਿੰਨ (3) ਆਂਗਣਵਾੜੀ ਸੈਂਟਰਾਂ ਦੇ ਆਂਗਣਵਾੜੀ ਵਰਕਰ, ਹੈਲਪਰ, ਸੁਪਰਵਾਈਜਰ ਅਤੇ ਸੀ.ਡੀ.ਪੀ.ਓ. ਨੂੰ 15 ਅਗਸਤ ਨੂੰ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਸਮੂਹ ਜਿਲ੍ਹਾ ਪ੍ਰੋਗਰਾਮ ਅਫਸਰਾਂ ਨੂੰ 10 ਅਗਸਤ ਤੱਕ ਰਿਪੋਰਟ ਭੇਜਣ ਦੇ ਆਦੇਸ਼ ਦਿੱਤੇ। ਉਨ੍ਹਾਂ 'ਚੋਂ ਸਟੇਟ ਲੈਵਲ ਤੇ 10 ਆਂਗਣਵਾੜੀ ਸੈਂਟਰਾਂ ਦੇ ਸਮੂਹ ਸਟਾਫ ਨੂੰ 15 ਅਗਸਤ ਤੇ ਫੇਸਬੁੱਕ ਲਾਈਵ ਰਾਹੀਂ ਸਨਮਾਨਿਤ ਕੀਤਾ ਜਾਵੇਗਾ।

# ਡਾ. ਅਖਿਲ ਚੌਧਰੀ ਨੇ ਐੱਸ ਐੱਸ ਪੀ ਨਵਾਂਸ਼ਹਿਰ ਦਾ ਸੰਭਾਲਿਆ ਚਾਰਜ



**ਨਵਾਂਸ਼ਹਿਰ, (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)** ਡਾ. ਅਖਿਲ ਚੌਧਰੀ ਆਈ ਪੀ ਐਸ ਨੇ ਆਪਣੇ ਦਫ਼ਤਰ ਵਿਖੇ ਚਾਰਜ ਸੰਭਾਲਣ ਤੋਂ ਬਾਅਦ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲ੍ਹਾ ਵਿਖੇ ਉਨ੍ਹਾਂ ਦੇ ਬੁੱਤ 'ਤੇ ਸ਼ਰਧਾ ਸੁਮਨ ਭੇਟ ਕੀਤੇ। ਉਨ੍ਹਾਂ ਨੇ 2008 ਵਿੱਚ ਰੋਹਤਕ (ਹਰਿਆਣਾ) ਤੋਂ ਐਮ ਡੀ ਯੂ ਤੋਂ ਐਮ ਬੀ ਬੀ ਐਸ ਕਰਕੇ ਦਿੱਲੀ ਦੇ ਸਰਕਾਰੀ ਹਸਪਤਾਲਾਂ ਵਿੱਚ ਵੱਖ-ਵੱਖ ਵਿਭਾਗਾਂ (ਐਮਰਜੈਂਸੀ ਮੈਡੀਸਨ, ਪੀਡੀਆਟ੍ਰਿਕਸ, ਦਿਲ ਦੀ ਦੇਖ-ਭਾਲ ਆਦਿ) ਵਿੱਚ ਦੋ ਸਾਲ ਰੈਜੀਡੈਂਟਸ਼ਿਪ ਕੀਤੀ। ਉਹ 2012 ਵਿੱਚ ਏ.ਸੀ.ਪੀ (ਸਹਾਇਕ ਪੁਲਸ ਸੁਪਰਡੰਟ, ਪੰਜਾਬ ਕਾਡਰ) ਵਜੋਂ ਭਾਰਤੀ ਪੁਲਸ ਸੇਵਾ ਵਿਖੇ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲ ਅਮਨ-ਕਾਨੂੰਨ ਨੂੰ ਕਾਇਮ ਰੱਖਣਾ ਹੈ ਅਤੇ ਜ਼ਿਲ੍ਹੇ ਦੇ ਵਿੱਚ ਕਿਸੇ ਵੀ ਤਰ੍ਹਾਂ ਦੇ ਗੈਰ-ਕਾਨੂੰਨੀ ਕੰਮ ਨੂੰ ਸਖਤੀ ਦੇ ਨਾਲ ਨਿਪਟਾਉਣਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦਾ ਨਸ਼ਾ ਜਾਂ ਤਸਕਰੀ 'ਤੇ ਜ਼ੀਰੋ ਟੋਲਰੈਂਸ ਦੀ ਨੀਤੀ 'ਤੇ ਕੰਮ ਕਰਦੇ ਹੋਏ ਨਸ਼ਾ ਖੋਰੀ ਖਿਲਾਫ਼ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਤੋਂ ਪਹਿਲਾਂ ਉਨ੍ਹਾਂ ਨੂੰ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਜਿਲ੍ਹਾ ਪੁਲਸ ਦਫਤਰ ਵਿਖੇ ਪਹੁੰਚਣ 'ਤੇ ਪੰਜਾਬ ਪੁਲਸ ਵੱਲੋਂ ਗਾਰਡ ਆਫ ਆਨਰ ਦਿੱਤਾ ਗਿਆ।

ਇਸ ਮੌਕੇ 'ਤੇ ਐਸ ਪੀ ਐਡਕੁਆਰਟਰ ਗੁਰਮੀਤ ਕੌਰ, ਐਸ ਪੀ ਡੀ ਡਾ. ਮੁਕੇਸ਼ ਕੁਮਾਰ, ਡੀ ਐਸ ਪੀ ਸੁਰਿੰਦਰ ਚੰਦ, ਡੀ ਐਸ ਪੀ ਲਖਵੀਰ ਸਿੰਘ ਤੋਂ ਇਲਾਵਾ ਪੁਲਸ ਅਧਿਕਾਰੀ ਅਤੇ ਕਰਮਚਾਰੀ ਵੀ ਹਾਜ਼ਰ ਸਨ।

# ਬਰਸਾਲਪੁਰ ਵਿਖੇ ਸ਼ਹੀਦ ਭਾਈ ਤਾਰੂ ਸਿੰਘ ਦਾ ਸ਼ਹੀਦੀ ਪੂਰਬ ਮਨਾਇਆ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਨੇੜਲੇ ਪਿੰਡ ਬਰਸਾਲਪੁਰ ਦੀ ਪ੍ਰਬੰਧਕ ਕਮੇਟੀ ਅਤੇ ਇਲਾਵਾ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੇ ਗੁਰਦੁਆਰਾ ਸਾਹਿਬ ਵਿਚ ਸ਼ਹੀਦ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਪੂਰਬ ਨਾਲ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਜਾਏ ਦੀਵਾਨ ਵਿਚ ਬਲਵੀਰ ਸਿੰਘ ਰਸੀਲਾ ਭੋਜੇਮਾਜਰੇ ਵਾਲਿਆਂ ਦੇ ਜਥੇ ਵਲੋਂ ਸ਼ਹੀਦ ਭਾਈ ਤਾਰੂ ਸਿੰਘ ਦੀ ਸ਼ਹੀਦ ਬਾਰੇ ਵਾਰਾਂ ਗਾ ਕੇ ਸੰਗਤਾਂ ਨੂੰ ਇਤਿਹਾਸ ਤੋਂ ਜਾਣੂੰ ਕਰਵਾਇਆ। ਇਸ ਮੌਕੇ ਆਪ ਪਾਰਟੀ ਦੇ ਜੁਆਇਟ ਸਕੱਤਰ ਸਵਰਨ ਸਿੰਘ ਸੈਂਪਲਾ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਦੇਵ ਸਿੰਘ, ਸੈਕਟਰੀ ਬਲਵਿੰਦਰ ਸਿੰਘ, ਮੈਂਬਰ ਅਵਤਾਰ ਸਿੰਘ, ਖਜਾਨਚੀ ਨਾਗਰ ਸਿੰਘ, ਬਲਵਿੰਦਰ ਸਿੰਘ ਪੰਚ ਅਤੇ ਗੁਰਦੇਵ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਲਵਾਈ।

# ਡੇਂਗੂ ਤੇ ਮਲੇਰੀਆ ਦੀ ਰੋਕਥਾਮ ਲਈ ਸਿਹਤ ਵਿਭਾਗ ਦੀਆਂ ਐਂਟੀ ਲਾਰਵਾ ਟੀਮਾਂ ਰਵਾਨਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਬਰਸਾਤ ਦੇ ਮੌਸਮ ਦੌਰਾਨ ਡੇਂਗੂ, ਮਲੇਰੀਆ ਅਤੇ ਹੋਰ ਮੌਸਮੀ ਬਿਮਾਰੀਆਂ ਤੋਂ ਬਚਾਅ ਦੇ ਮੱਦੇਨਜ਼ਰ ਐਸ ਐਮ ਓ ਡਾ: ਲੈਂਬਰ ਰਾਮ ਦੀ ਦੇਖ-ਰੇਖ ਹੇਠ ਐਂਟੀ ਲਾਰਵਾ ਟੀਮਾਂ ਨੂੰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਰਵਾਨਾ ਕੀਤਾ ਗਿਆ। ਇਨ੍ਹਾਂ ਟੀਮਾਂ ਨੂੰ ਰਵਾਨਾ ਕਰਨ ਦੀ ਰਸਮ ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਨਿਭਾਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸਿਹਤ ਪ੍ਰਤੀ ਪੂਰੀ ਜਾਗਰੂਕਤਾ ਨਾਲ ਕੰਮ ਕਰ ਰਿਹਾ ਹੈ। ਸ਼ਹਿਰ ਵਿੱਚ ਡੇਂਗੂ ਦੀ ਰੋਕਥਾਮ ਲਈ ਜਰੂਰੀ ਕਦਮ ਚੁੱਕੇ ਜਾ ਰਹੇ ਹਨ ਅਤੇ ਸਿਹਤ ਵਿਭਾਗ ਪੰਜਾਬ ਵਲੋਂ ਸਮੁੱਚੇ ਪੰਜਾਬ 'ਚ ਜਿਲ੍ਹਾ ਅਤੇ ਬਲਾਕ ਪੱਧਰ ਤੇ ਸਿਹਤ ਵਿਭਾਗਾਂ ਨੂੰ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਸ ਦੌਰਾਨ ਐੱਸ.ਐੱਮ.ਓ. ਲੈਂਬਰ ਰਾਮ ਨੇ ਦੱਸਿਆ ਕਿ ਹੈਲਥ ਇੰਸਪੈਕਟਰ ਕੰਵਲਜੀਤ ਸਿੰਘ, ਹੈਲਥ ਇੰਸਪੈਕਟਰ ਬਲਕਾਰ ਚੰਦ, ਹੈਲਥ ਇੰਸਪੈਕਟਰ ਗੁਰਮੇਜ ਸਿੰਘ ਤੋਂ ਇਲਾਵਾ ਮਲਟੀਪਰਪਜ਼ ਵਰਕਰ ਲਖਵਿੰਦਰ ਸਿੰਘ ਅਤੇ ਮਲਕੀਤ ਸਿੰਘ ਦੀ ਅਗਵਾਈ ਵਿਚ ਸਿਹਤ ਵਿਭਾਗ ਦੀਆਂ ਟੀਮਾਂ ਸ਼ਹਿਰ ਦੇ ਸਾਰੇ ਖੇਤਰਾਂ ਵਿਚ ਡੇਂਗੂ ਦੇ ਲਾਰਵੇ ਦੇ ਵਧਣ-ਫੁੱਲਣ ਦੀ ਸੰਭਾਵਨਾ ਨੂੰ ਖਤਮ ਕਰਨਗੀਆਂ। ਇਸ ਤੋਂ ਇਲਾਵਾ ਬਰਸਾਤ ਦੇ ਮੌਸਮ ਦੌਰਾਨ ਡੇਂਗੂ, ਮਲੇਰੀਆ, ਮੌਸਮੀ ਬੁਖਾਰ, ਡਾਇਰੀਆ ਆਦਿ ਤੋਂ ਬਚਣ ਲਈ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਸਮੂਹ ਸਟਰੀਟ ਫੂਡ ਵਿਕਰੇਤਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਆਪਣੇ ਆਲੇ-ਦੁਆਲੇ ਫਾਲਤੂ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਆਮ ਲੋਕਾਂ ਨੂੰ ਡੇਂਗੂ ਜਾਂ ਬੁਖਾਰ ਆਦਿ ਦੇ ਲੱਛਣ ਹੋਣ ਦੀ ਸੂਰਤ ਵਿੱਚ ਤੁਰੰਤ ਖੂਨ ਦੀ ਜਾਂਚ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਹਰਮੇਸ਼ ਪਾਠਕ, ਨਰੇਸ਼ ਸ਼ਰਮਾ, ਚੀਨਾ ਵਾਲੀਆ, ਰਾਜਾ ਕੌਂਸਲਰ, ਪਰਮਜੀਤ ਧਰਮਕੋਟ, ਚਮਨ ਲਾਲ, ਪ੍ਰਿਤਪਾਲ ਕੌਰ ਤੁਲੀ, ਅਮਨਦੀਪ, ਜਤਿੰਦਰ ਢੰਡਾ, ਗੁਰਦੀਪ ਸਿੰਘ ਤੁਲੀ, ਸੌਰਵ ਹਾਂਡਾ, ਹਰਪ੍ਰੀਤ ਭੋਗਲ, ਸਰਬਜੀਤ, ਰਜਿੰਦਰਾ ਢੰਡਾ ਆਦਿ ਹਾਜ਼ਰ ਸਨ।

# 175ਵੇਂ ਮਾਸਿਕ ਸਮਾਗਮ 'ਚ 75 ਔਰਤਾਂ ਨੂੰ ਵੰਡਿਆ ਇੱਕ ਮਹੀਨੇ ਦਾ ਰਾਸ਼ਨ



**ਫਗਵਾੜਾ (ਰਮਨ ਸ਼ਰਮਾ)** ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 175ਵਾਂ ਮਾਸਕ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਜਿਸ 'ਚ ਸਮਾਜ ਸੇਵੀ ਪ੍ਰਦੀਪ ਧੀਮਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਪਵਨ ਕਾਲੜਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਉਨ੍ਹਾਂ ਆਪਣੇ ਕਰ ਕਮਲਾਂ ਨਾਲ 75 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਿਆ ਤੇ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਸਮਾਜ ਸੇਵੀ ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਜਿੰਦਰ ਸਿੰਘ ਕੋਛੜ (ਖੰਡ ਵਾਲੇ), ਵਿਸ਼ਵਾ ਮਿੱਤਰ ਸ਼ਰਮਾ, ਰਾਜੀਵ ਕੁਮਰਾ, ਐਨ ਆਰ ਆਈ ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਸੋਨੀ ਦੁੱਗਲ ਆਦਿ ਦੇ ਸਹਿਯੋਗ ਨਾਲ ਪਿਛਲੇ ਪੰਦਰਾਂ ਸਾਲਾਂ ਤੋਂ ਮਾਸਿਕ ਰਾਸ਼ਨ ਵੰਡ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਐਨ ਆਰ ਆਈ ਪਿਆਰਾ ਸਿੰਘ ਪਾਬਲਾ ਅਤੇ ਪਵਨ ਕਾਲੜਾ ਨੇ ਵੀ ਔਰਤਾਂ ਨੂੰ ਆਪਣੀ ਫਲੋਰ ਮਿਲ 'ਚ ਬਣੇ ਕੈਮਲ ਬ੍ਰਾਂਡ ਦੇ ਆਟੇ ਦੇ ਪੈਕਟ ਅਤੇ ਹੋਰ ਖਾਣ-ਪੀਣ ਦੀਆਂ ਵਸਤੂਆਂ ਭੇਟ ਕੀਤੀਆਂ। ਇਸ ਮੌਕੇ ਮੋਹਨ ਲਾਲ ਤਨੇਜਾ, ਕ੍ਰਿਸ਼ਨ ਕੁਮਾਰ, ਆਰ ਪੀ ਨਹਿਰਾ, ਗੁਲਸ਼ਨ ਕਪੂਰ, ਸੁਧਾ ਬੇਦੀ, ਰਮੇਸ਼ ਗਾਬਾ, ਵਿਸ਼ਵਾਮਿੱਤਰ ਸ਼ਰਮਾ, ਰਾਮ ਕੁਮਾਰ, ਐੱਸ.ਸੀ. ਚਾਵਲਾ, ਰਜਿੰਦਰ ਕੁਮਾਰ ਸਾਹਨੀ, ਪ੍ਰਿਤਪਾਲ ਕੌਰ ਤੁਲੀ, ਮਨੋਜ ਮਿੱਡਾ, ਅਮਰਜੀਤ ਰਿਆਤ, ਅਰਜੁਨ ਸੋਖੀ, ਤਾਰਾ ਚੰਦ ਚੁੰਬਰ, ਪ੍ਰਭਜੋਤ ਸਿੰਘ ਤੁਲੀ, ਐਲ ਪੀ ਯੂ ਦੀ ਵਿਦਿਆਰਥਣ ਦ੍ਰਿਸ਼ਟੀ ਆਦਿ ਹਾਜ਼ਰ ਸਨ।

# ਸੀਚੇਵਾਲ ਦੀ ਅਗਵਾਈ 'ਚ ਸਤਲੁਜ ਦਰਿਆ ਦੇ ਦੂਜੇ ਪਾੜ ਨੂੰ ਪੂਰਨ ਦਾ ਕਾਰਜ ਸ਼ੁਰੂ



**ਸੁਲਤਾਨਪੁਰ ਲੋਧੀ, ( ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**-ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਵਿੱਚ ਪਏ ਦੂਜੇ ਪਾੜ ਨੂੰ ਪੂਰਨ ਦਾ ਕੰਮ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਵਿੱਚ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਵਿੱਚ ਸ਼ੁਰੂ ਕਰ ਦਿੱਤਾ ਗਿਆ ਹੈ। ਗੱਟਾ ਮੁੰਡੀ ਕਾਸੂ ਨੇੜੇ 925 ਫੁੱਟ ਦੇ ਕਰੀਬ ਪਏ ਪਾੜ ਨੂੰ ਪੂਰਨ ਦਾ ਕੰਮ ਧੱਕਾਬਸਤੀ ਵਾਲੇ ਪਾਸੇ ਪੂਰੇ ਜੋਰ ਸ਼ੋਰ ਨਾਲ ਚੱਲ ਪਿਆ ਹੈ। ਡਰੇਨੇਜ਼ ਵਿਭਾਗ ਅਨੁਸਾਰ ਜਿੱਥੇ ਇਹ ਪਾੜ 925 ਫੁੱਟ ਦੇ ਕਰੀਬ ਚੌੜਾ ਹੈ। ਉੱਥੇ ਇਹ 16 ਫੁੱਟ, 23 ਫੁੱਟ, 32 ਫੁੱਟ, 48 ਫੁੱਟ ਤੇ ਫਿਰ 43 ਫੁੱਟ 25 ਫੁੱਟ ਤੱਕ ਡੂੰਘਾ ਹੈ। ਇਸ ਡੂੰਘੇ ਪਾਣੀਆਂ ਵਿੱਚ ਮਿੱਟੀ ਦੇ ਭਰੇ ਬੋਰਿਆਂ ਦੇ ਕਰੇਟ ਲੋਹੇ ਦੇ ਬਣੇ ਜਾਲ ਨਾਲ ਬਣਾਏ ਜਾ ਰਹੇ ਹਨ ਤਾਂ ਜੋ ਬੰਨ੍ਹ ਨੂੰ ਡੂਘੇ ਪਾਣੀਆਂ ਵਿੱਚੋਂ ਮਜ਼ਬੂਤੀ ਨਾਲ ਬਣਾਇਆ ਜਾ ਸਕੇ। ਅੱਤ ਦੀ ਗਰਮੀ ਵਿੱਚ ਵੱਖ-ਵੱਖ ਇਲਾਕਿਆਂ ਵਿੱਚੋਂ ਆਈਆਂ ਸੰਗਤਾਂ ਨੇ ਪੂਰੇ ਉਤਸ਼ਾਹ ਨਾਲ ਬੰਨ੍ਹ ਬੰਨਣ ਵਿੱਚ ਅਪਣਾ ਯੋਗਦਾਨ ਪਾਇਆ। ਲੁਧਿਆਣੇ ਦੇ ਤੋਂ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਆਪਣੇ ਸੇਵਾਦਾਰਾਂ ਸਮੇਤ ਸੰਤ ਸੀਚੇਵਾਲ ਨੂੰ ਮਿਲਣ ਲਈ ਚੱਲ ਰਹੀ ਕਾਰ ਸੇਵਾ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਕਿਹਾ ਕਿ ਪਿੰਡ ਮੰਡਾਲਾ ਵਿੱਚ ਪਏ ਪਾੜ ਨੂੰ ਸੰਤ ਸੀਚੇਵਾਲ ਨੇ 5 ਦਿਨਾਂ ਵਿੱਚ ਪਏ ਪਾੜ ਨੂੰ ਪੂਰ ਦਿੱਤਾ ਸੀ ਤੇ ਹੁਣ ਉਹ ਦੂਜੇ ਪਾੜ ਨੂੰ ਪੂਰਨ ਵਿੱਚ ਜੁੱਟ ਗਏ ਹਨ। ਇਸ ਬੰਨ੍ਹਾਂ ਉਪਰ ਧੱਕਾ ਬਸਤੀ ਦੇ ਜਿਹੜੇ ਲੋਕਾਂ ਦੇ ਘਰ ਪੂਰੀ ਤਰ੍ਹਾਂ ਢਹਿ ਢੇਰੀ ਹੋ ਗਏ ਸਨ ਉਹਨਾਂ ਨੂੰ ਬਿਨਾਂ ਪ੍ਰਸ਼ਾਸ਼ਨ ਦੀ ਮਦੱਦ ਨਾਲ ਪਿੰਡ ਨੱਲ ਦੀ ਦਾਣਾ ਮੰਡੀ 'ਚ ਭੇਜਿਆ ਗਿਆ ਹੈ ਤੇ ਜਿੱਥੇ ਉਹਨਾਂ ਲਈ ਰਾਹਤ ਸਮੱਗਰੀ ਤੇ ਚਾਰਾ ਭੇਜਣ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

# ਖੇਡ ਮੰਤਰੀ ਵੱਲੋਂ ਕਨਿਕਾ ਆਹੂਜਾ ਨੂੰ ਭਾਰਤੀ ਕ੍ਰਿਕਟ ਟੀਮ 'ਚ ਚੁਣੇ ਜਾਣ 'ਤੇ ਮੁਬਾਰਕਬਾਦ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕ੍ਰਿਕਟਰ ਕਨਿਕਾ ਆਹੂਜਾ ਨੂੰ ਭਾਰਤੀ ਮਹਿਲਾ ਕ੍ਰਿਕਟ ਟੀਮ 'ਚ ਚੁਣੇ ਜਾਣ 'ਤੇ ਮੁਬਾਰਕਬਾਦ ਦਿੰਦਿਆਂ ਉਸ ਨੂੰ ਆਉਣ ਵਾਲੀਆਂ ਏਸ਼ਿਆਈ ਖੇਡਾਂ 'ਚ ਚੰਗੇ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਦਫਤਰ ਵਿਖੇ ਕਨਿਕਾ ਆਹੂਜਾ ਨਾਲ ਮੁਲਾਕਾਤ ਕਰਦਿਆਂ ਮੀਤ ਹੇਅਰ ਨੇ ਭਾਰਤੀ ਕ੍ਰਿਕਟ ਟੀਮ 'ਚ ਪਹਿਲੀ ਵਾਰ ਚੁਣੇ ਜਾਣ 'ਤੇ ਮੁਬਾਰਕਬਾਦ ਦਿੱਤੀ। ਪਟਿਆਲਾ ਦੀ ਰਹਿਣ ਵਾਲੀ 20 ਵਰ੍ਹਿਆਂ ਦੀ ਕਨਿਕਾ ਨੇ ਇਸ ਤੋਂ ਪਹਿਲਾਂ ਭਾਰਤ ਏ, ਘਰੇਲੂ ਕ੍ਰਿਕਟ ਵਿੱਚ ਪੰਜਾਬ ਅਤੇ ਮਹਿਲਾ ਪ੍ਰੀਮੀਅਰ ਲੀਗ 'ਚ ਬੰਗਲੌਰ ਦੀ ਟੀਮ ਵੱਲੋਂ ਬਿਹਤਰੀਨ ਪ੍ਰਦਰਸ਼ਨ ਕੀਤਾ ਹੈ। ਮੀਤ ਹੇਅਰ ਨੇ ਕਿਹਾ ਕਿ ਪਿਛਲੇ ਕੁਝ ਅਰਸੇ ਤੋਂ ਪੰਜਾਬ ਦੀਆਂ ਖਿਡਾਰਨਾਂ ਕ੍ਰਿਕਟ ਖੇਡ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰ ਰਹੀਆਂ ਹਨ। ਕਪਤਾਨ ਹਰਮਨਪ੍ਰੀਤ ਕੌਰ, ਹਰਲੀਨ ਦਿਓਲ, ਤਾਨੀਆ ਭਾਟੀਆ ਤੋਂ ਬਾਅਦ ਹੁਣ ਕਨਿਕਾ ਨੇ ਭਾਰਤੀ ਟੀਮ ਵਿੱਚ ਥਾਂ ਬਣਾ ਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ। ਪੰਜਾਬ ਨੂੰ ਖੇਡਾਂ ਵਿੱਚ ਮੁੜ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨਿਰੰਤਰ ਉਪਰਾਲੇ ਕਰ ਰਹੀ ਹੈ। ਸਤੰਬਰ-ਅਕਤੂਬਰ ਮਹੀਨੇ ਚੀਨ ਦੇ ਸ਼ਹਿਰ ਹਾਂਗਜ਼ੂ ਵਿਖੇ ਹੋਣ ਵਾਲੀਆਂ ਏਸ਼ਿਆਈ ਖੇਡਾਂ ਲਈ ਚੁਣੀ ਗਈ ਭਾਰਤੀ ਟੀਮ ਵਿੱਚ ਕਪਤਾਨ ਹਰਮਨਪ੍ਰੀਤ ਕੌਰ ਤੇ ਕਨਿਕਾ ਆਹੂਜਾ ਨੂੰ ਸ਼ਾਮਲ ਕੀਤਾ ਗਿਆ ਹੈ। ਹਰਲੀਨ ਦਿਓਲ ਸਟੈਂਡ ਬਾਏ ਖਿਡਾਰਨ ਹੈ। ਖੇਡ ਮੰਤਰੀ ਨੇ ਏਸ਼ਿਆਈ ਖੇਡਾਂ ਵਿੱਚ ਚੰਗੇ ਪ੍ਰਦਰਸ਼ਨ ਲਈ ਸ਼ੁਭ ਇੱਛਾਵਾਂ ਦਿੱਤੀਆਂ। ਏਸ਼ਿਆਈ ਖੇਡਾਂ ਵਿੱਚ ਭਾਰਤੀ ਖੇਡ ਦਲ ਵਿੱਚ ਪੰਜਾਬ ਦੇ ਖਿਡਾਰੀਆਂ ਦੀ ਵੱਡੀ ਗਿਣਤੀ ਹੈ। ਤਮਗਾ ਜੇਤੂ ਖਿਡਾਰੀਆਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਗਦ ਇਨਾਮ ਨਾਲ ਸਨਮਾਨਿਆ ਜਾਵੇਗਾ। ਮੀਤ ਹੇਅਰ ਨੇ ਕਨਿਕਾ ਆਹੂਜਾ ਨਾਲ ਗੱਲਬਾਤ ਕਰਦਿਆਂ ਉਸ ਦੀ ਖੇਡ ਵਿੱਚ ਸ਼ੁਰੂਆਤ ਅਤੇ ਅਭਿਆਸ ਦੇ ਰੁਝਾਨ ਬਾਰੇ ਵੀ ਚਰਚਾ ਕੀਤਾ। ਇਸ ਮੌਕੇ ਕਨਿਕਾ ਦੇ ਕੋਚ ਕਮਲ ਸੰਧੂ ਅਤੇ ਕ੍ਰਿਕਟ ਹੱਬ ਅਕੈਡਮੀ ਦੇ ਡਾਇਰੈਕਟਰ ਹਰਜੋਤ ਬਾਜਵਾ ਵੀ ਹਾਜ਼ਰ ਸਨ ਜਿੱਥੇ ਅਭਿਆਸ ਸ਼ੁਰੂ ਕਰਕੇ ਕਨਿਕਾ ਨੇ ਆਪਣਾ ਕ੍ਰਿਕਟ ਕਰੀਅਰ ਸ਼ੁਰੂ ਕੀਤਾ।

20-JULY-PAGE-10.qxd 7/19/2023 9:14 PM Page 1



# ਹੜ੍ਹਾਂ ਦੇ ਪਾਣੀ ਨੇ ਘਰਾਂ ਦੇ ਹਾਲਾਤ ਕੀਤੇ ਬਦਤਰ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਇਲਾਕੇ ਵਿੱਚ ਆਏ ਹੜ੍ਹਾਂ ਦੇ ਪਾਣੀ ਨੇ ਜਿੱਥੇ ਕਿਸਾਨਾਂ ਵੱਲੋਂ ਲਗਾਈ ਗਈ ਝੋਨੇ ਦੀ ਫਸਲ ਸਮੇਤ ਪਸ਼ੂਆਂ ਦਾ ਚਾਰਾ ਤੇ ਹੋਰ ਫਸਲਾਂ ਤਬਾਹ ਕਰ ਦਿੱਤੀਆਂ ਹਨ ਉੱਥੇ ਹੀ ਇਹ ਪਾਣੀ ਲੋਕਾਂ ਦੇ ਘਰਾਂ ਵਿੱਚੋਂ ਦੀ ਵਗਣ ਕਾਰਨ ਮਕਾਨਾਂ ਦੇ ਫਰਸ਼ ਕਈ ਫੁੱਟ ਜ਼ਮੀਨ ਵਿੱਚ ਧਸ ਗਏ ਹਨ ਅਤੇ ਘਰ ਦਾ ਭਾਰਾ ਸਮਾਨ ਪੇਟੀਆਂ ਨਾਲ ਹੀ ਦਬ ਗਈਆਂ ਹਨ। ਹੜ੍ਹਾਂ ਕਾਰਨ ਘਰ ਛੱਡ ਕੇ ਗਏ ਲੋਕਾਂ ਨੂੰ ਆਪਣੀ ਜ਼ਿੰਦਗੀ ਨੂੰ ਫਿਰ ਤੋਂ ਪਟੜੀ 'ਤੇ ਲਿਆਉਣ ਲਈ ਵੱਡੀ ਜੱਦੋ ਜਹਿਦ ਕਰ ਰਹੇ ਲੋਕਾਂ ਨੇ ਫਸਲਾਂ ਦੇ ਮੁਆਵਜ਼ੇ ਦੇ ਨਾਲ ਮੁੜ ਵਸੇਬੇ ਲਈ ਸਹਾਇਤਾ ਦਿੱਤੇ ਜਾਣ ਦੀ ਮੰਗ ਸਰਕਾਰ ਤੋਂ ਕੀਤੀ ਹੈ। ਪਿੰਡ ਸ਼ੁਤਰਾਣਾ ਤੋਂ ਰਸੌਲੀ ਰੋਡ 'ਤੇ ਖੇਤਾਂ ਵਿੱਚ ਬਣੇ 'ਚ ਰਹਿੰਦੇ ਰਣਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਘਰਾਂ ਤੋਂ ਥੋੜ੍ਹੀ ਦੂਰ ਬਣੇ ਐਕਸਪ੍ਰੈਸ ਹਾਈਵੇਅ ਵਿੱਚ ਹੜ੍ਹਾਂ ਦੇ ਪਾਣੀ ਦੀ ਨਿਕਾਸੀ ਲਈ ਲੋੜ ਅਨੁਸਾਰ ਅਤੇ ਪਾਣੀ ਦੇ ਵਹਾਅ ਅਨੁਸਾਰ ਪੁਲੀਆਂ ਬਣਾ ਕੇ ਸਾਇਫਨ ਨਹੀਂ ਬਣਾਏ ਗਏ ਸਨ ਜਿਸ ਕਰਕੇ ਇਸ ਵਾਰ ਹੜ੍ਹ ਦੇ ਪਾਣੀ ਦੀ ਸਹੀ ਨਿਕਾਸੀ ਨਾ ਹੋਣ ਕਾਰਨ ਪਿਛਲੀਆਂ ਜ਼ਮੀਨਾਂ ਵਿੱਚ ਚੜ੍ਹੇ ਪਾਣੀ ਦੇ ਤੇਜ਼ ਵਹਾਅ ਨੇ ਉਨ੍ਹਾਂ ਨੂੰ ਘਰ ਛੱਡ ਕੇ ਰਿਸ਼ਤੇਦਾਰਾਂ ਕੋਲ ਜਾ ਕੇ ਰਹਿਣਾ ਪਿਆ ਹੈ ਅਤੇ ਹੁਣ ਜਦੋਂ ਪਾਣੀ ਘਟ ਜਾਣ 'ਤੇ ਉਨ੍ਹਾਂ ਨੇ ਦੇਖਿਆ ਤਾਂ ਹੜ੍ਹ ਦੇ ਪਾਣੀ ਨਾਲ ਜਿੱਥੇ ਫਸਲਾਂ ਮਾਰੀਆਂ ਗਈਆਂ ਹਨ ਉੱਥੇ ਹੀ ਘਰਾਂ ਵਿੱਚ ਵੀ 5 ਤੋਂ 6 ਫੁੱਟ ਪਾਣੀ ਵਗਣ ਨਾਲ ਕੰਧਾਂ ਵਿੱਚ ਤਰੇੜਾਂ ਆ ਗਈਆਂ ਹਨ ਅਤੇ ਕਮਰਿਆਂ ਦੇ ਫਰਸ਼ ਬੈਠ ਗਏ ਹਨ ਅਤੇ ਇਸ ਨਾਲ ਰੁੜ੍ਹੀ ਮਿੱਟੀ ਨੇ 3 ਤੋਂ 4 ਫੁੱਟ ਖੱਡੇ ਪਾ ਦਿੱਤੇ ਹਨ ਅਤੇ ਭਾਰਾ ਸਮਾਨ ਲੋਹੇ ਦੇ ਪੇਟੀਆਂ ਜਿੱਥੇ ਜ਼ਮੀਨ ਵਿੱਚ ਧਸ ਗਈਆਂ ਹਨ ਉੱਥੇ ਹੀ ਘਰ ਦਾ ਸਾਰਾ ਸਮਾਨ ਪਾਣੀ ਨੇ ਗਾਲ੍ਹ ਦਿੱਤਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਘਰਾਂ ਵਿੱਚ ਵਾਪਸ ਪਰਤਣ ਲਈ ਮਕਾਨਾਂ ਦੀ ਮੁਰੰਮਤ ਅਤੇ ਝੋਨਾ ਦੁਬਾਰਾ ਲਾਉਣ ਲਈ ਤਰੁੰਤ ਸਹਾਇਤਾ ਰਾਸ਼ੀ ਜਾਰੀ ਕੀਤੀ ਜਾਵੇ। ਇਸ ਬਾਰੇ ਐਸ ਡੀ ਐਮ ਪਾਤੜਾਂ ਨਵਦੀਪ ਕੁਮਾਰ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਹੜ੍ਹ ਨੁਕਸਾਨ ਬਾਰੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਅਤੇ ਸਰਕਾਰ ਵੱਲੋਂ ਮਿਲਣ ਵਾਲੀ ਸਹਾਇਤਾ ਰਾਸ਼ੀ ਹਦਾਇਤਾਂ ਅਨੁਸਾਰ ਲੋਕਾਂ ਦੇ ਤੱਕ ਪਹੁੰਚਾਈ ਜਾਵੇਗੀ।



ਮਕਾਨਾਂ ਦੇ ਫਰਸ਼ ਧਸ ਜਾਣ ਨਾਲ ਘਰਾਂ ਦੇ ਅੰਦਰ ਧਸੀਆਂ ਹੋਈਆਂ ਲੋਹੇ ਦੀਆਂ ਪੇਟੀਆਂ।

## ਸਮਾਂ ਰਹਿੰਦਿਆਂ ਪੁਖਤਾ ਪ੍ਰਬੰਧ ਕਰ ਲਏ ਜਾਂਦੇ ਤਾਂ ਭਿਆਨਕ ਬਰਬਾਦੀ ਨਾ ਦੇਖਣੀ ਪੈਂਦੀ : ਐਡਵੋਕੇਟ ਉੱਡਤ/ਬਾਜੇਵਾਲਾ



**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**-ਕੁਦਰਤੀ ਆਫਤ ਤੇ ਸਮੇਂ ਸਿਰ ਪੁਖਤਾ ਪ੍ਰਬੰਧ ਨਾ ਹੋਣ ਕਾਰਨ ਆਏ ਭਿਆਨਕ ਹੜ੍ਹਾਂ ਦੀ ਮਾਰ ਤੋਂ ਪੀੜਤ ਲੋਕਾਂ ਨੂੰ ਘਰਾਂ ਦੇ ਨੁਕਸਾਨ ਲਈ ਛਾਈ ਲੱਖ ਰੁਪਏ, ਫਸਲਾਂ ਦੇ ਨੁਕਸਾਨ ਦੀ ਪੂਰਤੀ ਲਈ ਪੰਜਾਹ ਹਜ਼ਾਰ ਰੁਪਏ ਪ੍ਰਤੀ ਏਕੜ, ਮਜ਼ਦੂਰ ਪਰਵਾਰਾਂ ਨੂੰ ਵੀਹ ਹਜ਼ਾਰ ਪ੍ਰਤੀ ਪਰਵਾਰ ਤੇ ਪਸ਼ੂਆਂ ਦੇ ਨੁਕਸਾਨ ਦੀ ਪੂਰਤੀ ਲਈ ਢੁੱਕਵਾਂ ਤੇ ਯੋਗ ਮੁਆਵਜ਼ਾ ਬਿਨਾਂ ਦੇਰੀ ਕੀਤਿਆਂ ਮਾਨ ਸਰਕਾਰ ਜਾਰੀ ਕਰੇ। ਪੰਜਾਬ ਸਰਕਾਰ ਤੋਂ ਇਹ ਮੰਗ ਕਰਦਿਆਂ ਸੀ ਪੀ ਆਈ ਦੇ ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਤੇ ਕਾਮਰੇਡ ਬਲਦੇਵ ਸਿੰਘ ਬਾਜੇਵਾਲਾ ਨੇ ਕਿਹਾ ਕਿ ਨਿਰਸੰਦੇਹ ਇਹ ਕੁਦਰਤੀ ਮਾਰ ਹੈ, ਪਰੰਤੂ ਪੰਜਾਬ ਸਰਕਾਰ ਨੇ ਜੇਕਰ ਸਮੇਂ ਸਿਰ ਡਰੇਨਾਂ, ਬਰਸਾਤੀ ਨਾਲਿਆਂ ਤੇ ਘੱਗਰ ਦੀ ਸਫਾਈ ਕਰਨ ਲਈ ਸੁਚੇਤ ਹੋ ਕੇ ਧਿਆਨ ਦਿੱਤਾ ਹੁੰਦਾ ਤਾਂ ਅੱਜ ਇਹ ਖੌਫਨਾਕ ਮੰਜ਼ਰ ਨਾ ਦੇਖਣਾ ਪੈਂਦਾ ਤੇ ਏਨਾ ਵੱਡਾ ਨੁਕਸਾਨ ਹੋਣ ਤੋਂ ਬਚ ਹੋ ਸਕਦਾ ਸੀ, ਜਦ ਕਿ ਮੌਸਮ ਵਿਭਾਗ ਪਹਿਲਾਂ ਹੀ ਇਸ ਵਾਰ ਨਾਰਥ ਇੰਡੀਆ ਵਿੱਚ ਭਾਰੀ ਮੀਂਹ ਦੀ ਚਿਤਾਵਨੀ ਦੇ ਚੁੱਕਿਆ ਸੀ। ਕਮਿਊਨਿਸਟ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਹੁਣ ਵੀ ਸਮੇਂ ਦੀ ਨਜ਼ਾਕਤ ਨੂੰ ਸਮਝਦਿਆਂ ਡਰੇਨਾਂ, ਬਰਸਾਤੀ ਨਾਲਿਆਂ, ਦਰਿਆਵਾਂ ਤੇ ਖਾਸਕਰ ਘੱਗਰ ਦਰਿਆ ਦੇ ਕੰਢੇ ਵੱਸਦੇ ਲੋਕਾਂ ਨੂੰ ਰਾਹਤ ਪ੍ਰਦਾਨ ਕਰੇ, ਲੋੜਵੰਦਾਂ ਕੋਲ ਰਾਹਤ ਸਮੱਗਰੀ ਤੇ ਖਾਸਕਰ ਦਵਾਈਆਂ ਪਹੁੰਚਦੀਆਂ ਕਰੇ। ਆਗੂਆਂ ਨੇ ਕਿਹਾ ਕਿ ਕੇਂਦਰ ਵੱਲੋਂ ਸੂਬਿਆਂ ਨੂੰ ਇਸ ਆਪਦਾ ਨਾਲ ਨਿਪਟਣ ਲਈ ਜੋ ਰਾਸ਼ੀ ਜਾਰੀ ਕੀਤੀ ਹੈ, ਉਹ ਊਠ ਦੇ ਮੂੰਹ ਵਿੱਚ ਜੀਰਾ ਦੇਣ ਸਮਾਨ ਤੇ ਹੜ੍ਹਾਂ ਤੋਂ ਪੀੜਤ ਲੋਕਾਂ ਨਾਲ ਮਜ਼ਾਕ ਮਾਤਰ ਹੈ। ਕੇਂਦਰ ਸਰਕਾਰ ਇਨ੍ਹਾਂ ਹੜ੍ਹਾਂ ਨੂੰ ਕੌਮੀ ਆਪਦਾ ਘੋਸਿ;ਤ ਕਰੇ ਤਾਂ ਕਿ ਕੌਮੀ ਆਪਦਾ ਰਾਹਤ ਫੰਡ ਵਿੱਚੋਂ ਸੂਬਿਆਂ ਨੂੰ ਬਣਦੀ ਰਾਹਤ ਮਿਲ ਸਕੇ।

# ਬੀ ਕੇ ਯੂ ਪੰਜਾਬ ਨੇ ਹੜ੍ਹ ਪੀੜਤਾਂ ਲਈ ਕੀਤੀ ਰਾਹਤ ਦੀ ਮੰਗ

**ਮੱਖੂ (ਰਛਪਾਲ ਸਿੰਘ ਸੰਧੂ)**



ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਮੀਟਿੰਗ ਗੁਰਦੁਆਰਾ ਬਾਬਾ ਬਾਣਾਂ ਵਾਲਾ ਮੱਖੂ ਵਿਖੇ ਹੋਈ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਸਰਪ੍ਰਸਤ ਗੁਰਦੇਵ ਸਿੰਘ ਵਾਰਸਵਾਲਾ, ਤਹਿਸੀਲ ਜ਼ੀਰਾ ਪ੍ਰਧਾਨ ਪ੍ਰਗਟ ਸਿੰਘ ਲਹਿਰਾ, ਮੀਤ ਪ੍ਰਧਾਨ ਡਾ. ਬਲਵੰਤ ਸਿੰਘ ਸਿੱਧੂ, ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਬਾਹਰਵਾਲੀ ਨੇ ਕਿਹਾ ਕਿ ਪਿਛਲੇ ਦਿਨੀਂ ਹੋਈ ਭਾਰੀ ਬਾਰਸ਼ ਕਾਰਨ ਕਿਸਾਨਾਂ ਦੀਆਂ ਫਸਲਾਂ ਦਾ ਭਾਰੀ ਨੁਕਸਾਨ ਹੋਇਆ, ਪਸ਼ੂਆਂ ਦੀ ਮੌਤ ਅਤੇ ਕਈ ਲੋਕਾਂ ਦੇ ਘਰਾਂ ਦਾ ਨੁਕਸਾਨ ਹੋ ਗਿਆ। ਇਸ ਲਈ ਪੰਜਾਬ ਸਰਕਾਰ ਜਲਦ ਤੋਂ ਜਲਦ ਸਪੈਸ਼ਲ ਗਿਰਦਾਵਰੀ ਕਰਵਾ ਕੇ ਜਿਨ੍ਹਾਂ ਕਿਸਾਨਾਂ ਦੀਆਂ ਫਸਲਾਂ ਖਰਾਬ ਹੋ ਗਈਆਂ ਹਨ ਉਨ੍ਹਾਂ ਕਿਸਾਨਾਂ ਨੂੰ 30 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ, ਜਿਨ੍ਹਾਂ ਦੇ ਡੰਗਰ ਮਰ ਗਏ ਉਨ੍ਹਾਂ ਨੂੰ ਇਕ ਲੱਖ ਰੁਪਏ ਮੁਆਵਜ਼ਾ ਅਤੇ ਜਿਨ੍ਹਾਂ ਲੋਕਾਂ ਦੇ ਘਰਾਂ ਦਾ ਨੁਕਸਾਨ ਹੋਇਆ ਹੈ ਉਨ੍ਹਾਂ ਨੂੰ ਪੰਜ ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਜਾਰੀ ਕਰੇ ਤਾਂ ਜੋ ਲੋਕਾਂ ਨੂੰ ਕੁਝ ਰਾਹਤ ਮਿਲ ਸਕੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਸਰਪ੍ਰਸਤ ਗੁਰਦੇਵ ਸਿੰਘ ਵਾਰਸਵਾਲਾ, ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਸਭਰਾ, ਤਹਿਸੀਲ ਜ਼ੀਰਾ ਦੇ ਪ੍ਰਧਾਨ ਪ੍ਰਗਟ ਸਿੰਘ ਲਹਿਰਾ, ਮੀਤ ਪ੍ਰਧਾਨ ਡਾ. ਬਲਵੰਤ ਸਿੰਘ ਸਿੱਧੂ, ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਬਾਹਰਵਾਲੀ, ਗੁਰਪਾਲ ਸਿੰਘ ਸਭਰਾ, ਕਸ਼ਮੀਰ ਸਿੰਘ ਸੰਘਰਵਾਲਾ, ਕਸ਼ਮੀਰ ਸਿੰਘ ਰਸੂਲਪੁਰ, ਅਮਰੀਕ ਸਿੰਘ, ਜੋਗਾ ਸਿੰਘ, ਧਰਮ ਸਿੰਘ, ਮਨਪ੍ਰੀਤ ਸਿੰਘ, ਦਰਸ਼ਨ ਸਿੰਘ ਸਰਪੰਚ, ਨਿਸ਼ਾਨ ਸਿੰਘ, ਬਲਵਿੰਦਰ ਸਿੰਘ, ਜੋਗਿੰਦਰ ਸਿੰਘ ਸੋਹਾਂਧਾੜੀ, ਨਿਸ਼ਾਨ ਸਿੰਘ, ਬਗੀਚਾ ਸਿੰਘ ਲਹਿਰਾ, ਇਕਬਾਲ ਸਿੰਘ ਜੱਗੇਵਾਲਾ, ਬਲਵੀਰ ਸਿੰਘ ਆਦਿ ਹਾਜ਼ਰ ਸਨ।

# ਹੜ੍ਹ ਪੀੜਤਾਂ ਦੀ ਮਦਦ ਲਈ ਰਾਸ਼ਨ ਮੁਹੱਈਆ ਕਰਵਾਇਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਕੁਦਰਤ ਦੀ ਕਰੋਪੀ ਸਮੇਂ ਸਾਨੂੰ ਦੁੱਖ ਦੀ ਘੜੀ ਵਿੱਚ ਅੱਗੇ ਆ ਕੇ ਪੀੜਤਾਂ ਦਾ ਸਹਿਯੋਗ ਕਰਨ ਦੀ ਬਹੁਤ ਲੋੜ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਸੁਖਨਾ ਅਬਲੂ ਤੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇਕੱਤਰ ਕਰਕੇ ਰਾਸ਼ਨ ਡੇਰਾ ਬਾਬਾ ਬੀਰਮ ਦਾਸ ਤੋਂ ਰਵਾਨਾ ਕਰਨ ਸਮੇਂ ਅਗਵਾਈ ਕਰਦੇ ਸੰਤ ਬਾਬਾ ਲਖਵਿੰਦਰ ਦਾਸ ਨੇ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਭਰ ਵਿੱਚ ਆਏ ਹੜ੍ਹਾਂ ਕਾਰਨ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੋਇਆ ਹੈ ਉਥੇ ਹੀ ਸੈਂਕੜਿਆਂ ਦੀ ਗਿਣਤੀ 'ਚ ਪਸ਼ੂ ਵੀ ਇਨ੍ਹਾਂ ਹੜ੍ਹਾਂ ਦੀ ਲਪੇਟ ਵਿੱਚ ਆ ਕੇ ਮਰ ਚੁੱਕੇ ਹਨ। ਇਸ ਮੌਕੇ ਜਿੱਥੇ ਪੰਜਾਬ ਸਰਕਾਰ ਵਲੋਂ ਹੜ੍ਹ ਪੀੜਤਾਂ ਦੀ ਮਦਦ ਕੀਤੀ ਜਾ ਰਹੀ ਉੱਥੇ ਹੀ ਵੱਖ-ਵੱਖ ਸਮਾਜਕ ਜਥੇਬੰਦੀਆਂ ਅਤੇ ਧਾਰਮਕ ਜਥੇਬੰਦੀਆਂ ਵੱਲੋਂ ਵੀ ਹਰ ਪੀੜਤਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ । ਉਨ੍ਹਾ ਕਿਹਾ ਕਿ ਪੰਜਾਬ ਵਿੱਚ ਆਈ ਇਸ ਤਰਾਸਦੀ ਕਾਰਨ ਬੇਘਰ ਹੋਏ ਲੋਕਾਂ ਦੀ ਮਦਦ ਲਈ ਹਰ ਇੱਕ ਇਨਸਾਨ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਹੜ੍ਹ ਪੀੜਤਾਂ ਦੀ ਹਰ ਤਰ੍ਹਾਂ ਦੀ ਮਦਦ ਕਰਨੀ ਚਾਹੀਦੀ ਹੈ ਕਿਉਂਕਿ ਸਾਡੇ ਗੁਰੂਆਂ ਨੇ ਮਾਨਵਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੱਤਾ ਸੀ, ਜਿਸ ਨੂੰ ਅੱਜ ਔਖੇ ਸਮੇਂ ਹਰ ਇੱਕ ਨੂੰ ਮੰਨ ਕੇ ਪੰਜਾਬ ਵਾਸੀਆਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਰਾਸ਼ਨ ਮੁਹੱਈਆ ਕਰਵਾਇਆ ਗਿਆ।

ਹੜ੍ਹਾਂ ਕਾਰਨ ਪੰਜਾਬ ਦਾ ਮਾਝਾ ਅਤੇ ਦੋਆਬਾ ਇਲਾਕਾ ਕਾਫੀ ਪ੍ਰਭਾਵਿਤ ਹੋਇਆ ਹੈ ਜਿਥੇ ਜਾਨੀ ਮਾਲੀ ਨੁਕਸਾਨ ਹੋਇਆ ਹੈ। ਇਸ ਮੌਕੇ ਸਰਪੰਚ ਦਰਸ਼ਨ ਸਿੰਘ, ਨੰਬਰਦਾਰ ਜਗਸੀਰ ਸਿੰਘ, ਗੁਰਮੀਤ ਸਿੰਘ, ਜਗਮੋਹਨ ਸਿੰਘ, ਪ੍ਰਭਜੋਤ ਸਿੰਘ, ਬਾਬਾ ਖੁਸ਼ਮਨ ਦਾਸ, ਬਾਬਾ ਮਨੀ ਦਾਸ ਆਦਿ ਵੀ ਹਾਜ਼ਰ ਸਨ।

# ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਸੱਦੇ 'ਤੇ ਦਿੱਲੀ 'ਚ ਰੋਸ ਪ੍ਰਦਰਸ਼ਨ 28 ਨੂੰ

**ਜਗਰਾਉਂ (ਸੰਜੀਵ ਅਰੋੜਾ)**

ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਸੱਦੇ 'ਤੇ 28 ਜੁਲਾਈ ਨੂੰ ਕੇਂਦਰ ਸਰਕਾਰ ਖਿਲਾਫ਼ ਜੰਤਰ ਮੰਤਰ ਦਿੱਲੀ ਵਿਖੇ ਦੇਸ਼ ਪੱਧਰੀ ਰੋਸ ਪ੍ਰਦਰਸ਼ਨ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਕੀਤਾ ਜਾਵੇਗਾ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੁੱਜਣਗੀਆਂ। ਇਸ ਦੀਆਂ ਤਿਆਰੀਆਂ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਪਰੋਕਤ ਜਾਣਕਾਰੀ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਜ਼ਿਲਾ ਪ੍ਰਧਾਨ ਗੁਰਅਮ੍ਰਿਤ ਕੌਰ ਲੀਹਾਂ ਅਤੇ ਬਲਾਕ ਪ੍ਰਧਾਨ ਬੀਬੀ ਮਨਜੀਤ ਕੌਰ ਢਿੱਲੋਂ ਬਰਸਾਲ ਨੇ ਦਿੱਤੀ । ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰਾਂ ਨੂੰ ਚੌਥੇ ਦਰਜੇ ਦਾ ਗਰੇਡ ਦਿੱਤਾ ਜਾਵੇ। ਜਿੰਨਾ ਚਿਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਜਾਂਦਾ, ਓਨਾ ਚਿਰ ਕੇਂਦਰੀ ਕਾਨੂੰਨ ਮੁਤਾਬਕ ਘੱਟੋ-ਘੱਟ ਉਜਰਤਾਂ ਅਨੁਸਾਰ ਆਂਗਣਵਾੜੀ ਵਰਕਰਾਂ ਨੂੰ 28258 ਰੁਪਏ ਅਤੇ ਆਂਗਣਵਾੜੀ ਹੈਲਪਰਾਂ ਨੂੰ 25560 ਰੁਪਏ ਮਾਣ ਭੱਤਾ ਹਰ ਮਹੀਨੇ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਕੇਂਦਰ ਸਰਕਾਰ ਦੀ ਆਈ. ਸੀ. ਡੀ. ਐਸ. ਸਕੀਮ ਅਧੀਨ 2 ਅਕਤੂਬਰ 1975 ਤੋਂ ਆਂਗਣਵਾੜੀ ਸੈਂਟਰਾਂ ਵਿੱਚ ਕੰਮ ਕਰ ਰਹੀਆਂ ਹਨ। ਪਰ ਲਗਭਗ 48 ਸਾਲ ਬੀਤ ਜਾਣ ਦੇ ਬਾਵਜੂਦ



ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮਿੰਨੀ ਆਂਗਣਵਾੜੀ ਵਰਕਰਾਂ ਨੂੰ ਵਰਕਰ ਦਾ ਦਰਜਾ ਦੇ ਕੇ ਪੂਰੀ ਤਨਖਾਹ ਦਿੱਤੀ ਜਾਵੇ। ਆਂਗਣਵਾੜੀ ਸੈਂਟਰਾਂ ਵਿਚ ਗਰਮੀ ਤੇ ਸਰਦੀ ਦੀਆਂ ਛੁੱਟੀਆਂ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਬਰਾਬਰ ਦਿੱਤੀਆਂ ਜਾਣ।

ਲਾਭਪਾਤਰੀਆਂ ਨੂੰ ਦਿੱਤਾ ਜਾਣ ਵਾਲਾ ਰਾਸ਼ਨ ਮਹਿੰਗਾਈ ਸੂਚਕ ਅੰਕ ਨਾਲ ਜੋੜ ਕੇ ਸਾਲ ਵਿਚ 300 ਦਿਨ ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਦਿੱਤਾ ਜਾਵੇ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੈਨਸ਼ਨ, ਗਰੈਚੁਟੀ ਅਤੇ ਸਿਹਤ ਸਹੂਲਤਾਂ ਦਿੱਤੀਆਂ ਜਾਣ। ਆਂਗਣਵਾੜੀ ਸੈਂਟਰਾਂ ਦੀਆਂ ਇਮਾਰਤਾਂ ਆਧੁਨਿਕ ਸਹੂਲਤਾਂ ਵਾਲੀਆਂ ਬਣਾਈਆਂ ਜਾਣ। ਉਨ੍ਹਾਂ ਦੱਸਿਆ ਕਿ ਦੇਸ਼ ਭਰ ਦੀਆਂ ਕਰੀਬ 28 ਲੱਖ ਅਤੇ ਪੰਜਾਬ ਵਿਚ 54 ਹਜ਼ਾਰ ਤੋਂ ਵੱਧ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਕੰਮ ਕਰ ਰਹੀਆਂ ਹਨ। ਪਰ ਸਮੇਂ ਦੀਆਂ ਸਰਕਾਰਾਂ ਨੇ ਇਨ੍ਹਾਂ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ ਤੇ ਅੱਖੋਂ ਪਰੋਖੇ ਕੀਤਾ ਗਿਆ ਹੈ, ਜਿਸ ਕਰਕੇ ਜਥੇਬੰਦੀ ਨੂੰ ਸਰਕਾਰਾਂ ਦੇ ਖਿਲਾਫ਼ ਤਕੜੇ ਸੰਘਰਸ਼ ਕਰਨੇ ਪਏ ਹਨ ਅਤੇ ਥਾਣਿਆਂ, ਜੇਲ੍ਹਾਂ ਵਿੱਚ ਜਾਣਾ ਪਿਆ ਹੈ। ਉਨ੍ਹਾਂ ਕਿਹਾ ਕਿ ਪਿੱਛਲੇ ਪੰਜ ਸਾਲਾਂ ਤੋਂ ਕੇਂਦਰ ਸਰਕਾਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣਭੱਤੇ ਵਿੱਚ ਇਕ ਰੁਪਈਆ ਵੀ ਵਾਧਾ ਨਹੀਂ ਕੀਤਾ। ਇਸ ਸਮੇਂ ਇਨ੍ਹਾਂ ਦੇ ਨਾਲ ਸਰਬਜੀਤ ਕੌਰ ਵਿਰਕ ਪ੍ਰੈਸ ਸਕੱਤਰ, ਕਰਮਜੀਤ ਕੌਰ ਸਦਰਪੁਰਾ ਜਨਰਲ ਸਕੱਤਰ, ਜਸਵੀਰ ਕੌਰ ਵਲੀਪੁਰ ਸਹਾਇਕ ਸਕੱਤਰ, ਗੁਰਚਰਨ ਕੌਰ ਭੂੰਦੜੀ ਪ੍ਰਚਾਰ ਸਕੱਤਰ, ਪੁਸ਼ਪੰਦਰ ਕੌਰ, ਪਰਮਜੀਤ ਕੌਰ ਬੁਜਰਗ ਸਰਕਲ ਪ੍ਰਧਾਨ ਤੇ ਅਮਰਜੀਤ ਕੌਰ ਬਣੀਏਵਾਲ ਆਦਿ ਹਾਜ਼ਰ ਸਨ।

# ਅਸ਼ੋਕ ਸਹਿਗਲ ਭਾਜਪਾ ਵਪਾਰ ਸੈੱਲ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

**ਮਮਦੋਟ (ਜਸਬੀਰ ਸਿੰਘ ਕੰਬੋਜ)**-ਸੀਨੀਅਰ ਭਾਜਪਾ ਆਗੂ ਅਸ਼ੋਕ ਸਹਿਗਲ ਨੂੰ ਭਾਜਪਾ ਹਾਈਕਮਾਂਡ ਵੱਲੋਂ ਭਾਜਪਾ ਵਪਾਰ ਸੈੱਲ ਜ਼ਿਲ੍ਹਾ ਫਿਰੋਜ਼ਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।



ਮਮਦੋਟ ਵਾਸੀ ਅਸ਼ੋਕ ਕੁਮਾਰ ਸਹਿਗਲ ਪਿਛਲੇ ਲੰਬੇ ਸਮੇਂ ਤੋਂ ਭਾਜਪਾ ਨਾਲ ਜੁੜੇ ਹੋਏ ਹਨ ਤੇ ਉਹ ਕਾਫੀ ਸਮਾਂ ਭਾਜਪਾ ਮੰਡਲ ਮਮਦੋਟ ਦੇ ਪ੍ਰਧਾਨ ਸਮੇਤ ਹੋਰ ਕਈ ਮਹੱਤਵਪੂਰਨ ਅਹੁਦਿਆਂ 'ਤੇ ਵੀ ਸੇਵਾ ਨਿਭਾ ਚੁੱਕੇ ਹਨ। ਪੰਜਾਬ ਭਾਜਪਾ ਵਿੱਚ ਕਾਫੀ ਉਤਰਾਅ ਚੜ੍ਹਾਅ ਆਉਣ ਦੇ ਬਾਵਜੂਦ ਉਹ ਪਾਰਟੀ ਦੇ ਸੱਚੇ ਸਿਪਾਹੀ ਵਜੋਂ ਆਪਣੀਆਂ ਸੇਵਾਵਾਂ ਨਿਭਾਉਂਦੇ ਰਹੇ। ਇਸ ਮੌਕੇ ਉਹਨਾ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਕੁਮਾਰ ਜਾਖੜ, ਰਾਣਾ ਗੁਰਮੀਤ ਸਿੰਘ ਸੋਢੀ ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਜ਼ੀਰਾ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਸਹਿਗਲ ਨੂੰ ਵਪਾਰ ਮੰਡਲ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਸੀਨੀਅਰ ਆਗੂ ਅਨਮਿੱਤ ਹੀਰਾ ਸੋਢੀ, ਭਗਵਾਨ ਦਾਸ ਸ਼ਰਮਾ ਪ੍ਰਧਾਨ ਭਾਜਪਾ ਮੰਡਲ ਮਮਦੋਟ, ਸੀਨੀਅਰ ਭਾਜਪਾ ਆਗੂ ਰਵੀ ਦੱਤ ਚਾਵਲਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਸ਼ਮਸ਼ੇਰ ਸਿੰਘ ਕਾਕੜ, ਬਲਦੇਵ ਰਾਜ ਸ਼ਰਮਾ, ਭੁਪਿੰਦਰ ਕੁਮਾਰ (ਕਾਲਾ) ਨਰੂਲਾ, ਪ੍ਰਵੀਨ ਭੋਲੇਵਾਸੀਆ ਸਾਬਕਾ ਉਪ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਵਿਕਰਮਜੀਤ ਸਿੰਘ ਪੋਜੋਕੇ ਸਟੇਟ ਅਵਾਰਡੀ, ਸੱਤਪਾਲ ਖੁੱਲਰ, ਰਾਜ ਕੁਮਾਰ ਨਾਰੰਗ, ਬਲਵੀਰ ਸਿੰਘ ਸੋਨਾ ਪੋਜੋਕੇ, ਸੁਰਜੀਤ ਸਿੰਘ ਸਦਰਦੀਨ, ਅਸ਼ਵਨੀ ਨਾਰੰਗ, ਕੁਲਦੀਪ ਪ੍ਰਜਾਪਤੀ, ਅਸ਼ੋਕ ਭੰਬਾ ਹਾਜ਼ਰ ਸਨ।

## ਰਾਸ਼ਟਰ ਪੱਧਰੀ ਟੀਮ ਵੱਲੋਂ ਸਿਹਤ ਕੇਂਦਰ ਦਾ ਦੌਰਾ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਿਹਤ ਬਲਾਕ ਮਾਛੀਵਾੜਾ ਸਾਹਿਬ ਅਧੀਨ ਆਉਂਦੇ ਸਿਹਤ ਕੇਂਦਰ ਗਹਿਲੇਵਾਲ ਵਿਖੇ ਰਾਸ਼ਟਰੀ ਕੁਆਲਿਟੀ ਐਸੋਸਟੈਂਡਰਡ ਟੀਮ ਵੱਲੋਂ ਦੌਰਾ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਸਿਹਤ ਸੇਵਾਵਾਂ ਵਿਚ ਨਿਖਾਰ ਨੂੰ ਬਰਕਰਾਰ ਰੱਖਣ ਅਤੇ ਨਵੀਨੀਕਰਨ ਅਪਣਾਉਣ ਲਈ ਟੀਮਾਂ ਵੱਲੋਂ ਦੌਰੇ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਟੀਮ ਵੱਲੋਂ ਸਿਹਤ ਵਿਭਾਗ ਦੀਆਂ ਦਿੱਤੀਆਂ ਜਾਂਦੀਆਂ ਸੇਵਾਵਾਂ ਸੰਬੰਧੀ ਜਾਣਕਾਰੀ ਪ੍ਰਾਪਤ ਕਰਨ ਉਪਰੰਤ ਸ਼ਲਾਘਾ ਕੀਤੀ ਗਈ। ਇਸ ਮੌਕੇ ਡਾ. ਨਵਰੀਤ ਕੌਰ ਸੋਹੀ, ਪਰਦੀਪ ਸਿੰਘ ਬਲਾਕ ਐਜੂਕੇਟਰ, ਸ਼ਮਿੰਦਰ ਕੌਰ ਸੀ ਐੱਚ ਓ, ਜਸਵਿੰਦਰ ਕੌਰ ਏ ਐੱਨ ਐੱਮ, ਕਮਲਜੀਤ ਕੌਰ ਐੱਲ ਐੱਚ ਵੀ, ਗੁਰਪ੍ਰੀਤ ਸਿੰਘ ਮਲਟੀਪਰਪਜ਼ ਹੈਲਥ ਵਰਕਰ ਮੇਲ, ਸੁਸ਼ੀਲ ਕੁਮਾਰ, ਰਵਿੰਦਰ ਸਿੰਘ ਅਤੇ ਆਸ਼ਾ ਵਰਕਰਜ਼ ਮੌਜੂਦ ਸਨ।

# ਬੀ ਕੇ ਯੂ ਕ੍ਰਾਂਤੀਕਾਰੀ ਵੱਲੋਂ ਪਸ਼ੂਆਂ ਲਈ ਹਰੇ ਚਾਰੇ ਦੀ ਸੇਵਾ ਨਿਰੰਤਰ ਜਾਰੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਹੜ੍ਹਾਂ ਦੀ ਮਾਰ ਹੇਠ ਆਏ ਸਮਾਣਾ ਦੇ ਨੇੜਲੇ ਪਿੰਡਾਂ ਦੇ ਲੋਕਾਂ ਦੀ ਸਹਾਇਤਾ ਲਈ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵੱਲੋਂ ਸਰਪ੍ਰਸਤ ਸੁਰਜੀਤ ਸਿੰਘ ਫੂਲ ਅਤੇ ਬਲਾਕ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਦੀ ਸਰਪ੍ਰਸਤੀ ਹੇਠ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਹਰਾ ਚਾਰਾ ਅਤੇ ਘਰਾਂ ਵਿੱਚ ਵਰਤਣ ਵਾਲਾ ਸਾਮਾਨ ਲਗਾਤਾਰ ਪਹੁੰਚਾਇਆ ਜਾ ਰਿਹਾ ਹੈ ਜਿਸ ਦੇ ਤਹਿਤ ਅੱਜ ਹਰੇ ਚਾਰੇ ਦੀਆਂ ਅਤੇ ਤੂੜੀ ਦੀਆਂ ਟਰਾਲੀਆਂ ਬਲਾਕ ਜੰਡਾਂਵਾਲਾ (ਬਠਿੰਡਾ) ਜ਼ਿਲਾ ਸਕੱਤਰ ਕੁਲਜਿੰਦਰ ਸਿੰਘ ਅਤੇ ਭਾਦਸੋਂ ਬਲਾਕ ਜਰਨਲ ਸਕੱਤਰ ਗੁਰਬਚਨ ਸਿੰਘ ਸੰਧਨੌਲੀ ਵੱਲੋਂ ਸਾਥੀਆਂ ਸਮੇਤ 4 ਟ੍ਰਾਲੀਆਂ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਭੇਜਿਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਨੇ ਆਖਿਆ ਕੀ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਲੋਕਾਂ ਦੀ ਮਦਦ ਕਰੀਏ।

ਇਸ ਮੌਕੇ ਉਨ੍ਹਾਂ ਨਾਲ ਯਾਦਵਿੰਦਰ ਸਿੰਘ ਕੂਕਾ ਸੀਨੀਅਰ ਮੀਤ ਪ੍ਰਧਾਨ ਬਲਾਕ ਸਮਾਣਾ, ਸੁਖਜਿੰਦਰ ਸਿੰਘ ਕੁਲਾਰਾ ਪ੍ਰੈੱਸ ਸਕੱਤਰ ਬਲਾਕ ਸਮਾਣਾ, ਗੁਰਬਚਨ ਸਿੰਘ ਸੰਧਨੌਲੀ ਜ਼ਿਲ੍ਹਾ ਸਕੱਤਰ, ਕੁਲਜਿੰਦਰ ਸਿੰਘ ਜ਼ਿਲ੍ਹਾ ਸਕੱਤਰ ਬਠਿੰਡਾ, ਲਖਵੀਰ ਸਿੰਘ ਇਕਾਈ ਪ੍ਰਧਾਨ, ਜਗਤਾਰ ਸਿੰਘ, ਹਰਮੀਤ ਸਿੰਘ, ਜਗਦੀਪ ਸਿੰਘ, ਰਾਜਪ੍ਰੀਤ ਸਿੰਘ, ਬਰੇਟਾ ਕਾਲਾ ਸਿੰਘ ਬਠਿੰਡਾ, ਪਟਿਆਲਾ ਤੋਂ ਜਰਨੈਲ ਸਿੰਘ, ਅਮਰੀਕਾ ਪੰਚ, ਭਗਵਾਨ ਸਿੰਘ, ਹਰਪ੍ਰੀਤ ਸਿੰਘ, ਅਵਤਾਰ ਸਿੰਘ ਲਾਡੀ, ਬਹਾਦਰ ਸਿੰਘ ਨੰਬੜਦਾਰ, ਸੰਧਨੌਲੀ ਭਜਨ ਸਿੰਘ, ਨਾਜਰ ਸਿੰਘ, ਦੀਪਕ, ਹਰਬੰਸ ਸਿੰਘ, ਪੁਸ਼ਪਿੰਦਰ ਸਿੰਘ ਰਤਨਹੇੜੀ, ਅੰਗਰੇਜ਼ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

## ਬਲਜੀਤ ਸਿੰਘ ਤੋਗਾਵਾਲ ਨੇ ਭਾਕਿਯੂ ਅਜ਼ਾਦ ਦੇ ਅਹੁਦੇ ਤੋਂ ਦਿੱਤਾ ਅਸਤੀਫਾ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-



ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਇਕਾਈ ਪ੍ਰਧਾਨ ਬਲਜੀਤ ਸਿੰਘ ਪੁੱਤਰ ਗਿਆਨ ਸਿੰਘ ਪਿੰਡ ਤੋਗਾਵਾਲ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਲਜੀਤ ਸਿੰਘ ਪਿੰਡ ਤੋਗਾਵਾਲ ਨੇ ਦੱਸਿਆ ਕਿ ਉਹ ਸ਼ੂਗਰ ਦੀ ਬਿਮਾਰੀ ਤੋਂ ਪੀੜਤ ਹਨ ਅਤੇ ਅਕਸਰ ਬਿਮਾਰ ਹੀ ਰਹਿੰਦੇ ਹਨ ਜਿਸ ਕਾਰਨ ਉਨ੍ਹਾਂ ਦੇ ਘਰੇਲੂ ਰੁਝੇਵੇਂ ਵੀ ਵਧ ਗਏ ਹਨ ਜਿਸ ਕਰਕੇ ਉਹ ਜਥੇਬੰਦੀ ਦੇ ਕੰਮਕਾਜ ਨਹੀਂ ਦੇਖ ਸਕਦੇ ਅਤੇ ਇਸ ਕਾਰਨ ਉਨ੍ਹਾਂ ਆਪਣੇ ਜਥੇਬੰਦੀ ਦੇ ਉਕਤ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ।

# ਨਰਸਿੰਗ/ਮੈਡੀਕਲ ਕਾਲਜਾਂ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਐਂਬੂਲੈਂਸ ਮੁਹੱਈਆ ਕਰਵਾਈ

**ਬੁਢਲਾਡਾ (ਅਸ਼ੋਕ ਲਾਕੜਾ)**-ਜ਼ਿਲ੍ਹੇ ਦੇ ਨਰਸਿੰਗ ਤੇ ਮੈਡੀਕਲ ਕਾਲਜਾਂ ਵੱਲੋਂ ਹੜ੍ਹ ਪ੍ਰਭਾਵਿਤ ਮਰੀਜ਼ਾਂ ਦੀ ਦੇਖਭਾਲ ਲਈ ਇਕ ਐਂਬੂਲੈਂਸ ਦੀ ਸੇਵਾ ਕਰਦਿਆਂ ਚਾਬੀਆਂ ਸਿਵਲ ਸਰਜਨ ਡਾ. ਅਸ਼ਵਨੀ ਕੁਮਾਰ ਨੂੰ ਸੌਂਪੀਆਂ ਗਈਆਂ। ਜ਼ਿਲ੍ਹੇ ਵਿਚ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਸਿਵਲ ਸਰਜਨ ਵੱਲੋਂ ਜ਼ਿਲ੍ਹੇ ਦੇ ਸਮੂਹ ਨਰਸਿੰਗ ਤੇ ਮੈਡੀਕਲ ਕਾਲਜ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਸਿਵਲ ਸਰਜਨ ਨੇ ਦੱਸਿਆ ਕਿ ਕਾਲਜਾਂ ਦੇ ਨੁਮਾਇੰਦਿਆਂ ਨੇ ਹੜ੍ਹਾਂ ਦੌਰਾਨ ਲੋੜਵੰਦ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਵਿਚ ਸਿਹਤ ਵਿਭਾਗ ਦਾ ਸਹਿਯੋਗ ਕਰਨ ਅਤੇ ਲੋੜ ਪੈਣ 'ਤੇ ਹਰ ਸੰਭਵ ਮਦਦ, ਸਾਜ਼ੋ ਸਾਮਾਨ, ਦਵਾਈਆਂ ਅਤੇ ਸਟਾਫ ਸਮੇਤ ਤਿਆਰ ਰਹਿਣਗੇ। ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਫਸਰ ਪਵਨ ਕੁਮਾਰ, ਸੰਦੀਪ ਸਿੰਘ, ਜ਼ਿਲ੍ਹਾ ਬੀ. ਸੀ. ਸੀ. ਕੋਆਰਡੀਨੇਟਰ



ਰਾਜਵੀਰ ਅਤੇ ਜਸਪ੍ਰੀਤ ਕੌਰ ਤੋਂ ਇਲਾਵਾ ਰਾਕੇਸ਼ ਕੁਮਾਰ ਵਿਦਿਆ ਸਾਗਰ ਕਾਲਜ਼ ਆਫ ਨਰਸਿੰਗ ਭੀਖੀ, ਡਾ. ਗਗਨਦੀਪ ਕੌਰ ਮਾਤਾ ਈਸ਼ਰ ਕੌਰ ਨਰਸਿੰਗ ਕਾਲਜ ਤਾਮਕੋਟ, ਵੀਰਪਾਲ ਕੌਰ ਅਤੇ ਕਰਮਜੀਤ ਕੌਰ ਖਾਲਸਾ ਨਰਸਿੰਗ ਕਾਲਜ ਨੰਗਲ ਕਲਾਂ, ਗੁਰਤੇਜ ਸਿੰਘ ਬਾਬਾ ਸੁੱਚਾ ਸਿੰਘ ਇੰਸਟੀਚਿਊਟ ਆਫ ਨਰਸਿੰਗ ਸਮਾਓਂ, ਗੁਰੂ ਨਾਨਕ ਦੇਵ ਸਕੂਲ ਆਫ ਨਰਸਿੰਗ ਬਰੇਟਾ, ਮਾਲਵਾ ਕਾਲਜ ਆਫ ਨਰਸਿੰਗ ਮਲਕਪੁਰ ਖਿਆਲਾ, ਦਿ ਰੋਇਲ ਕਾਲਜ ਆਫ ਨਰਸਿੰਗ ਬੋੜਾਵਾਲ, ਮਾਲਵਾ ਨਰਸਿੰਗ ਕਾਲਜ ਸਰਦੂਲੇਵਾਲਾ, ਬੀਬੀ ਛੰਨ ਕੌਰ ਨਰਸਿੰਗ ਕਾਲਜ ਸਰਦੂਲਗੜ੍ਹ, ਮੀਰਾ ਸਕੂਲ ਆਫ ਨਰਸਿੰਗ ਸਰਦੂਲੇਵਾਲਾ ਦੇ ਨੁਮਾਇੰਦਿਆਂ ਹਾਜ਼ਰ ਸਨ।

# ਮਾਤਾ ਗੁਜਰੀ ਕਾਲਜ 'ਚ ਕਾਮਰਸ ਕੋਰਸਾਂ ਦੇ ਦਾਖਲਿਆਂ ਲਈ ਵਿਦਿਆਰਥੀਆਂ 'ਚ ਰੁਝਾਨ : ਡਾ. ਬਿਕਰਮਜੀਤ ਸਿੰਘ




**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਥਾਨਕ ਮਾਤਾ ਗੁਜਰੀ ਕਾਲਜ ਵਿਖੇ ਕਾਮਰਸ ਦੇ ਕੋਰਸਾਂ ਵਿੱਚ ਦਾਖਲਿਆਂ ਲਈ ਵਿਦਿਆਰਥੀਆਂ ਵਿੱਚ ਰੁਝਾਨ ਦੇਖਣ ਨੂੰ ਮਿਲ ਰਿਹਾ ਹੈ। ਵਿਭਾਗ ਦੇ ਮੁਖੀ ਡਾ. ਬਿਕਰਮਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਵਿਦਿਆਰਥੀਆਂ ਵਿੱਚ ਬੀ ਕਾਮ (ਆਨਰਜ਼), ਬੀ ਕਾਮ (ਅਕਾਊਂਟਿੰਗ ਐਂਡ ਫਾਇਨਾਂਸ), ਬੀ.ਕਾਮ ਅਤੇ ਐਮ.ਕਾਮ ਕੋਰਸਾਂ ਵਿੱਚ ਦਾਖ਼ਲੇ ਲਈ ਬਹੁਤ ਰੁਝਾਨ ਹੈ। ਕਾਲਜ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਕਾਲਜ ਦੇ ਕਾਮਰਸ ਵਿਭਾਗ ਵਿੱਚ ਬਹੁਤ ਹੀ ਤਜਰਬੇਕਾਰ, ਉੱਚ ਵਿੱਦਿਆ ਪ੍ਰਾਪਤ ਅਤੇ ਮਿਹਨਤੀ ਅਧਿਆਪਕ ਹਨ, ਜੋ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਰਹਿੰਦੇ ਹਨ। ਪ੍ਰੋ. ਮੁਹੰਮਦ ਅਨਵਰ ਨੇ ਇਸ ਪੱਤਰਕਾਰ ਨਾਲ ਗੱਲਬਾਤ ਦੌਰਾਨ ਕਿਹਾ ਕਿ ਵਿਭਾਗ ਦੀ ਕਾਮਰਸ ਐਸੋਸੀਏਸ਼ਨ ਬਹੁਤ ਹੀ ਸਰਗਰਮ ਰਹਿ ਕੇ ਵਿਦਿਆਰਥੀਆਂ ਦੀ ਪ੍ਰਤਿਭਾ ਨਿਖਾਰਣ ਲਈ ਕੰਮ ਕਰਦੀ ਹੈ। ਡਾ.ਹਰਜੀਤ ਕੌਰ ਨੇ ਵਿਚਾਰ ਵਟਾਂਦਰੇ ਦੌਰਾਨ ਦੱਸਿਆ ਕਿ ਜਿਹੜੇ ਵਿਦਿਆਰਥੀ ਬੀ.ਕਾਮ ਦੇ ਨਾਲ ਨਾਲ ਸੀ.ਏ. ਕਰਨਾ ਚਾਹੁੰਦੇ ਹਨ, ਵਿਭਾਗ ਦੇ ਉਨ੍ਹਾਂ ਵਿਦਿਆਰਥੀਆਂ ਲਈ ਵੀ ਇਸ ਸਾਲ ਤੋਂ ਤਿਆਰੀ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਪ੍ਰੋ. ਰਵਿੰਦਰ ਕੌਰ, ਪ੍ਰੋ. ਗਗਨਦੀਪ ਸਿੰਘ, ਪ੍ਰੋ. ਅਮਨਪ੍ਰੀਤ ਕੌਰ, ਕਾਲਜ ਦੇ ਐਡਮਿਸ਼ਨ ਕੋਆਰਡੀਨੇਟਰ ਡਾ. ਜਗਦੀਸ਼ ਸਿੰਘ ਅਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

# ਥਾਂਦੇਵਾਲਾ ਦੀਆਂ ਸਮੱਸਿਆਵਾਂ ਹੋਣਗੀਆਂ ਜਲਦ ਦੂਰ : ਕਾਕਾ ਬਰਾੜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**



ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਨੇ ਅੱਜ ਪਿੰਡ ਥਾਂਦੇਵਾਲਾ ਦੇ ਗੁਰਦੁਆਰਾ ਸਾਹਿਬ ਦੇ ਹਾਲ ਵਿਖੇ ਮੀਟਿੰਗ ਕਰਨ ਉਪਰੰਤ ਪਿੰਡ 'ਚ ਚੱਲ ਰਹੇ ਵਿਕਾਸ ਦੇ ਕੰਮਾਂ ਦਾ ਜਾਇਜ਼ਾ ਲਿਆ। ਇਸ ਮੌਕੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਅਤੇ ਉਨ੍ਹਾਂ ਦਾ ਮੌਕੇ 'ਤੇ ਹੱਲ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਪਿੰਡ ਥਾਂਦੇਵਾਲਾ ਦਾ ਵਿਕਾਸ ਕਾਰਜ ਪਹਿਲ ਦੇ ਅਧਾਰ 'ਤੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਪਿੰਡ ਵੱਲ ਬਿਲਕੁਲ ਵੀ ਧਿਆਨ ਨਹੀਂ ਦਿੱਤਾ ਗਿਆ ਜਿਸ ਨਾਲ ਪਿੰਡ ਵਾਸੀਆਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਪਿੰਡ ਦੇ ਕੰਮ ਸ਼ੁਰੂ ਕਰਵਾਏ ਗਏ ਜਿਨ੍ਹਾਂ ਦਾ ਲੋਕ ਵੱਡਾ ਲਾਭ ਲੈ ਰਹੇ ਹਨ। ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਪਿੰਡ ਦੇ ਵੱਡੇ ਛੱਪੜ ਨੂੰ ਸਾਫ ਕਰਕੇ ਥਾਪਰ ਪ੍ਰੋਜੈਕਟ ਤਹਿਤ ਲਿਆਂਦਾ ਗਿਆ ਜਿਸ ਦਾ ਕੰਮ ਚੱਲ ਰਿਹਾ ਹੈ। ਥਾਪਰ ਪ੍ਰੋਜੈਕਟ ਪੂਰਾ ਹੋਣ 'ਤੇ ਇਹ ਛੱਪੜ ਇੱਕ ਵਧੀਆ ਸੈਰਗਾਹ ਬਣ ਜਾਵੇਗਾ। ਜਿਸ ਦਾ ਪਿੰਡ ਵਾਸੀਆਂ ਨੂੰ ਪੂਰਾ ਲਾਭ ਮਿਲੇਗਾ। ਇਸ ਤੋਂ ਇਲਾਵਾ ਪਿੰਡ 'ਚ ਪੀਣ ਵਾਲਾ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਦਾ ਕੰਮ ਵੀ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਢਾਣੀ ਦਸ਼ਮੇਸ਼ ਨਗਰ ਵਿਖੇ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਵੀ ਜਲਦ ਵਿਛਾਈ ਜਾ ਰਹੀ ਹੈ। ਜਿਸ ਨਾਲ ਸਾਰੀਆਂ ਢਾਣੀਆਂ ਵਿੱਚ ਪਾਣੀ ਪੁੱਜੇਗਾ। ਇਸ ਮੌਕੇ 'ਤੇ ਜਸਪਾਲ ਸਿੰਘ ਧਾਲੀਵਾਲ, ਮੈਂਬਰ ਅਮਰੀਕ ਸਿੰਘ, ਗੁਰਦੀਪ ਸਿੰਘ ਪ੍ਰਧਾਨ, ਬਿੰਦਾ ਸਿੰਘ, ਗੋਸ਼ਾ ਬਰਾੜ, ਗੋਲਾ ਬਰਾੜ, ਸੋਨਾ ਸਰਪੰਚ, ਅੰਮ੍ਰਿਤਪਾਲ ਸਿੰਘ, ਸੋਨਾ ਸਿੰਘ, ਤੇਜ ਸਿੰਘ, ਮਨਜੀਤ ਸਿੰਘ, ਰਾਜਾ ਸਿੰਘ, ਜੱਸਾ ਸਿੰਘ, ਸ਼ਮਿੰਦਰ ਸਿੰਘ ਟਿੱਲੂ, ਕੌਂਸਲਰ ਜਗਮੀਤ ਸਿੰਘ ਜੱਗਾ, ਵਿੱਕੀ ਦਸ਼ਮੇਸ਼ ਨਗਰ, ਗੁਰਮੀਤ ਸਿੰਘ ਬਰਾੜ, ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

## ਵਧੀ ਮਹਿੰਗਾਈ ਨੂੰ ਠੱਲ੍ਹ ਪਾਉਣ ਲਈ ਕੇਂਦਰ ਸਰਕਾਰ ਗੈਸ ਸਿਲੰਡਰ ਦਾ ਰੇਟ ਘੱਟ ਕਰੇ : ਰਿੰਕੂ ਗਰਗ

**ਅਹਿਮਦਗੜ੍ਹ (ਪਵਨ ਗੁਪਤਾ)**



ਦੇਸ਼ ਦੇ ਕਈ ਹਿੱਸਿਆਂ ਸਮੇਤ ਪੰਜਾਬ ਵਿੱਚ ਆਏ ਹੜ੍ਹਾਂ ਨੇ ਮਹਿੰਗਾਈ ਨੂੰ ਬੇਲਗਾਮ ਕਰ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਆਮ ਆਦਮੀ ਪਾਰਟੀ ਮਹਿਲਾ ਵਿੰਗ ਸ਼ਹਿਰੀ ਪ੍ਰਧਾਨ ਰਿੰਕੂ ਗਰਗ ਨੇ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਅਤੇ ਦੇਸਸ਼ ਦੇ ਬਹੁਤੇ ਹਿੱਸਿਆਂ ਵਿੱਚ ਹੜ੍ਹ ਆ ਗਏ ਹਨ। ਹੜ੍ਹਾਂ ਨੇ ਰੋਜ਼ਾਨਾ ਵਰਤੋਂਯੋਗ ਰੋਜ਼ਮਰ੍ਹਾ ਦੀਆਂ ਚੀਜਜ਼ਾਂ ਹਰੀਆਂ ਸਬਜ਼ੀਆਂ ਟਮਾਟਰ ਫਲਾਂ ਦੇ ਮੁੱਲ ਵਿੱਚ ਬਹੁਤ ਜ਼ਿਆਦਾ ਵਾਧਾ ਕੀਤਾ ਹੈ। ਮਹਿੰਗਾਈ ਨੂੰ ਕੁਝ ਠੱਲ੍ਹ ਪਾਉਣ ਲਈ ਕੇਂਦਰ ਸਰਕਾਰ ਤੁਰੰਤ ਗੈਸ ਸਿਲੰਡਰ ਦਾ ਰੇਟ ਘੱਟ ਕਰੇ। ਇਸ ਤੋਂ ਇਲਾਵਾ ਅਧਿਆਪਕਾ ਮੀਨਾਕਸ਼ਸ਼ੀ ਗੁਪਤਾ ਨੇ ਕਿਹਾ ਕਿ ਕੁਝ ਸਮੱਸਿਆਵਾਂ ਵਿਅਕਤੀ ਦੇ ਨਾਲ ਜੀਵਨ ਭਰ ਚਲਦੀਆਂ ਰਹਿੰਦੀਆਂ ਹਨ। ਮਹਿੰਗਾਈ ਗਰੀਬ ਅਤੇ ਮੱਧ ਵਰਗ ਦੇ ਪਰਵਾਰਾਂ ਦੀਆਂ ਇਨ੍ਹਾਂ ਸਮੱਸਿਆਵਾਂ ਵਿਚੋਂ ਮੁੱਖ ਹੈ। ਦੇਸ਼ ਵਿੱਚ ਵਧ ਰਹੀ ਮਹਿੰਗਾਈ ਦੇਸਸ਼ ਦੀ ਆਰਥਿਕਤਾ ਅਤੇ ਦੇਸ਼ ਵਿੱਚ ਰਹਿਣ ਵਾਲੇ ਲੋਕਾਂ ਦੀ ਆਰਥਿਕਤਾ ਅਤੇ ਲੋਕਾਂ ਦੀ ਆਰਥਿਕ ਵਿਵਸਥਾ ਨੂੰ ਪੂਰੀ ਤਰ੍ਹਾਂ ਵਿਗਾੜ ਰਹੀ ਹੈ। ਹਰ ਚੀਜ਼ ਇੰਨੀ ਮਹਿੰਗੀ ਹੋ ਗਈ ਹੈ ਕਿ ਲੋਕਾਂ ਲਈ ਇਸ ਨੂੰ ਖਰੀਦਣਾ ਮੁਸ਼ਕਲ ਹੋ ਰਿਹਾ ਹੈ। ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਜਿਵੇਂ ਟਮਾਟਰ, ਪਿਆਜ਼, ਹਰੀਆਂ ਸਬਜ਼ੀਆਂ, ਦਾਲਾਂ ਆਦਿ ਤੋਂ ਲੈ ਕੇ ਸਭ ਕੁਝ ਮਹਿੰਗਾਈ ਦੀ ਮਾਰ ਹੇਠ ਹੈ। ਰਿੰਕੂ ਗਰਗ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਰਕਾਰ ਨੂੰ ਮਹਿੰਗਾਈ ਨੂੰ ਦੂਰ ਕਰਨ ਲਈ ਨਿਯਮਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਗਰੀਬ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾ ਸਕੇ।

# ਚੇਅਰਮੈਨ ਢਿੱਲਵਾਂ ਨੇ ਅਧਿਕਾਰੀਆਂ ਨਾਲ ਜਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

**ਕੋਟਕਪੂਰਾ (ਰਛਪਾਲ ਭੁੱਲਰ)**-ਭਾਵੇਂ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਜ਼ਿਆਦਾ ਜ਼ੋਰ ਸਿੱਖਿਆ ਅਤੇ ਸਿਹਤ ਪ੍ਰਬੰਧਾਂ 'ਚ ਸੁਧਾਰ ਲਿਆ ਕੇ ਆਮ ਲੋਕਾਂ ਨੂੰ ਮੁਫਤ ਅਤੇ ਵਧੀਆ ਸਿਹਤ ਤੇ ਸਿੱਖਿਆ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਲਗਾਇਆ ਜਾ ਰਿਹਾ ਹੈ ਪਰ ਵਾਤਾਵਰਣ ਦੀ ਸੰਭਾਲ ਅਤੇ ਸਫਾਈ ਪ੍ਰਬੰਧਾਂ ਲਈ ਲੋਕਾਂ ਨੂੰ ਜਾਗਰੂਕ ਜਦਕਿ ਸਬੰਧਤ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਜ਼ਿੰਮੇਵਾਰ ਬਣਾਉਣਾ ਵੀ ਸਮੇਂ ਦੀ ਮੁੱਖ ਲੋੜ ਹੈ।



ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸੀਵਰੇਜ ਪ੍ਰਬੰਧ ਠੱਪ ਰਹਿਣ ਦੀਆਂ ਸ਼ਿਕਾਇਤਾਂ ਮਿਲਣ ਤੋਂ ਬਾਅਦ ਮੈਡਮ ਵੀਰਪਾਲ ਕੌਰ ਉਪ ਮੰਡਲ ਮੈਜਿਸਟ੍ਰੇਟ ਸਮੇਤ ਸੀਵਰੇਜ ਬੋਰਡ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਦੀ ਟੀਮ ਨੂੰ ਨਾਲ ਲੈ ਕੇ ਸਬੰਧਤ ਥਾਵਾਂ 'ਤੇ ਖੁਦ ਪਹੁੰਚ ਕਰਕੇ ਇੰਜੀ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜ਼ਿਲਾ ਯੋਜਨਾ ਬੋਰਡ ਫਰੀਦਕੋਟ ਨੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਤੋਂ ਬਾਅਦ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਉਹ ਸ਼ਹਿਰ ਦੇ ਸੀਵਰੇਜ ਸਿਸਟਮ ਦੀ ਕਾਫੀ ਲੰਮੇ ਸਮੇਂ ਤੋਂ ਚੱਲਦੀ ਆ ਰਹੀ ਸਮੱਸਿਆ ਨੂੰ ਆਧੁਨਿਕ ਤਕਨੀਕ ਨਾਲ ਪੱਕੇ ਤੌਰ 'ਤੇ ਹੱਲ ਕਰਨਾ ਚਾਹੁੰਦੇ ਹਨ ਪਰ ਇਸ ਲਈ ਸ਼ਹਿਰ ਵਾਸੀਆਂ ਦੇ ਸਹਿਯੋਗ ਦੀ ਵੀ ਬਹੁਤ ਲੋੜ ਹੈ। ਸਥਾਨਕ ਜੈਤੋ ਸੜਕ 'ਤੇ ਸਥਿੱਤ ਗੁਰਦਵਾਰਾ ਪਾਤਸ਼ਾਹੀ ਦਸਵੀਂ ਦੇ ਬਿਲਕੁਲ ਸਾਹਮਣੇ ਗੁਰਦਵਾਰਾ ਬਜਾਰ ਨੂੰ ਜਾਣ ਵਾਲੇ ਰਸਤੇ 'ਤੇ ਹਰ ਸਮੇਂ ਨਾਲੀ-ਨਾਲਿਆਂ ਅਤੇ ਸੀਵਰੇਜ ਦੇ ਜਮ੍ਹਾ ਰਹਿੰਦੇ ਗੰਦੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਉਹਨਾ ਨਿਰਦੇਸ਼ ਦਿੰਦਿਆਂ ਖੁਦ ਆਪਣੀ ਨਿਗਰਾਨੀ ਹੇਠ ਸੀਵਰੇਜ ਸਾਫ ਕਰਵਾਇਆ ਪਰ ਉਨ੍ਹਾਂ ਦੀ ਹੈਰਾਨੀ ਦੀ ਉਸ ਵੇਲੇ ਕੋਈ ਹੱਦ ਨਾ ਰਹੀ, ਜਦੋਂ ਸੀਵਰੇਜ ਵਿੱਚੋਂ ਭਾਂਤ-ਭਾਂਤ ਦਾ ਕੂੜਾ ਕਰਕਟ ਜਿਵੇਂ ਕਿ ਪਲਾਸਟਿਕ, ਖਾਲੀ ਬੋਤਲਾਂ, ਰਜਾਈਆਂ ਦਾ ਲੋਗੜ, ਕਾਗਜ਼, ਕਈ ਕਿਸਮ ਦੀਆਂ ਤਾਰਾਂ ਅਤੇ ਚਾਈਨਾ ਡੋਰ ਵਰਗੀਆਂ ਫਾਲਤੂ ਚੀਜ਼ਾਂ ਭਾਰੀ ਗਿਣਤੀ ਵਿੱਚ ਨਿਕਲੀਆਂ। ਉਨ੍ਹਾਂ ਆਖਿਆ ਕਿ ਜਦੋਂ ਸ਼ਹਿਰ ਦੇ ਹਰ ਗਲੀ-ਮੁਹੱਲੇ ਵਿੱਚ ਗਿੱਲਾ ਸੁੱਕਾ ਕੂੜਾ ਲੈਣ ਲਈ ਰੋਜ਼ਾਨਾ ਬਕਾਇਦਾ ਰੇਹੜੀ ਵਾਲਾ ਆਉਂਦਾ ਹੈ ਤਾਂ ਆਮ ਲੋਕ ਆਪੋ ਆਪਣੇ ਘਰਾਂ ਵਿੱਚ ਡਸਟਬੀਨ ਲਾ ਕੇ ਕੂੜਾ ਇਕੱਠਾ ਕਰਨ ਅਤੇ ਰੇਹੜੀ ਵਾਲੇ ਦੇ ਹਵਾਲੇ ਕਰ ਦੇਣ ਤਾਂ ਸੀਵਰੇਜ ਠੱਪ ਹੋਣ ਵਾਲੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਜੇਕਰ ਆਮ ਲੋਕ ਆਪਣਾ ਸੁਭਾਅ ਬਦਲ ਲੈਣ ਅਤੇ ਨਾਲੀ-ਨਾਲਿਆਂ ਵਿੱਚ ਵੀ ਕੂੜਾ ਕਰਕਟ ਜਾਂ ਫਾਲਤੂ ਸਮਾਨ ਨਾ ਸੁੱਟਣ ਤਾਂ ਪਾਣੀ ਨਿਕਾਸੀ ਦੀ ਸਮੱਸਿਆ ਵੀ ਕਦੇ ਪੈਦਾ ਨਹੀਂ ਹੋਵੇਗੀ। ਉਨ੍ਹਾਂ ਸੰਕੇਤ ਦਿੱਤਾ ਕਿ ਭਵਿੱਖ ਵਿੱਚ ਆਮ ਲੋਕਾਂ ਵਲੋਂ ਨਾਲੀ-ਨਾਲਿਆਂ ਜਾਂ ਸੀਵਰੇਜ ਵਿੱਚ ਫਾਲਤੂ ਚੀਜ਼ਾਂ ਸੁੱਟਣ ਵਾਲਿਆਂ ਖਿਲਾਫ ਜੁਰਮਾਨਾ ਲਾਉਣ ਦੀ ਤਜਵੀਜ਼ ਵਿਚਾਰ ਅਧੀਨ ਹੈ ਅਤੇ ਪੂਰੀ ਵਿਉਂਤਬੰਦੀ ਤੋਂ ਬਾਅਦ ਪਾਣੀ ਨਿਕਾਸੀ ਅਤੇ ਸੀਵਰੇਜ ਦੀ ਸਮੱਸਿਆ ਨੂੰ ਮੁਕੰਮਲ ਤੌਰ 'ਤੇ ਹੱਲ ਕਰ ਦਿੱਤਾ ਜਾਵੇਗਾ।

# ਵਿਦਿਆਰਥੀ ਚੇਤਨਾ ਪ੍ਰੀਖਿਆ ਤੇ ਡਾ. ਦਾਭੋਲਕਰ ਯਾਦਗਾਰੀ ਹਫਤਾ ਅਗਸਤ 'ਚ

**ਬਰਨਾਲਾ (ਪੱਤਰ ਪ੍ਰੇਰਕ)**

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਦੀ ਪ੍ਰਧਾਨਗੀ ਹੇਠ ਤਰਕਸ਼ੀਲ ਭਵਨ ਬਰਨਾਲਾ ਵਿਖੇ ਹੋਈ ਜਿਸ ਵਿਚ ਤਰਕਸ਼ੀਲ ਸੁਸਾਇਟੀ ਵੱਲੋਂ ਅਗਸਤ ਮਹੀਨੇ ਵਿੱਚ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਨੂੰ ਸਮਰਪਤ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਉਣ ਅਤੇ ਤਰਕਸ਼ੀਲ ਆਗੂ ਡਾ.ਨਰਿੰਦਰ ਦਾਭੋਲਕਰ ਯਾਦਗਾਰੀ ਸਮਾਜਕ ਚੇਤਨਾ ਹਫਤਾ ਮਨਾਉਣ ਤੋਂ ਇਲਾਵਾ ਇਕਸਾਰ ਸਿਵਲ ਕੋਡ ਆਦਿ ਮੁੱਦਿਆਂ ਸੰਬੰਧੀ ਭਰਪੂਰ ਵਿਚਾਰ ਵਟਾਂਦਰਾ ਕੀਤਾ ਗਿਆ। ਸੂਬਾਈ ਮੀਡੀਆ ਮੁਖੀ ਸੁਮੀਤ ਸਿੰਘ ਵੱਲੋਂ ਮੀਟਿੰਗ ਦੀ ਕਾਰਵਾਈ ਅੰਮ੍ਰਿਤਸਰ ਤੋਂ ਪ੍ਰੈੱਸ ਨੂੰ ਜਾਰੀ ਕਰਦਿਆਂ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਮ ਸਵਰਨ ਲੱਖੇਵਾਲੀ, ਰਾਜਪਾਲ ਸਿੰਘ ਦੇ ਹਵਾਲੇ ਨਾਲ ਦੱਸਿਆ ਕਿ ਵਿਦਿਆਰਥੀਆਂ ਵਿਚ ਵਿਗਿਆਨਕ ਚੇਤਨਾ ਵਿਕਸਤ ਕਰਨ ਦੇ ਮਕਸਦ ਵਜੋਂ ਸਮੁੱਚੇ ਪੰਜਾਬ ਦੇ ਸਕੂਲਾਂ ਵਿੱਚ 26 - 27 ਅਗਸਤ ਨੂੰ ਕਰਵਾਈ ਜਾ ਰਹੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਸਕੂਲ ਪ੍ਰਬੰਧਕਾਂ, ਪ੍ਰਿੰਸੀਪਲਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਵੱਡਾ




ਹੁੰਗਾਰਾ ਮਿਲ ਰਿਹਾ ਹੈ ਅਤੇ ਤਰਕਸ਼ੀਲ ਸੁਸਾਇਟੀ ਵੱਲੋਂ ਮਿਡਲ ਅਤੇ ਸੈਕੰਡਰੀ ਗਰੁੱਪ ਲਈ ਤੀਹ ਹਜ਼ਾਰ ਕਿਤਾਬਾਂ ਵਿਦਿਆਰਥੀਆਂ ਤੱਕ ਪਹੁੰਚਾਈਆਂ ਜਾ ਚੁੱਕੀਆਂ ਹਨ। ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਵੱਲੋਂ ਡਾ.ਨਰਿੰਦਰ ਦਾਭੋਲਕਰ ਦੀ ਯਾਦ ਵਿੱਚ 10 ਅਗਸਤ ਤੋਂ 20 ਅਗਸਤ ਤੱਕ ਸਮਾਜਕ ਚੇਤਨਾ ਯਾਦਗਾਰੀ ਹਫਤਾ ਮਨਾਇਆ ਜਾਵੇਗਾ ਜਿਸ ਵਿਚ ਪੰਜਾਬ ਦੇ ਸਾਰੇ ਜ਼ੋਨਾਂ ਅਤੇ ਸਮੂਹ ਤਰਕਸ਼ੀਲ ਇਕਾਈਆਂ ਵੱਲੋਂ ਦੋ ਮਾਸਿਕ ਤਰਕਸ਼ੀਲ ਮੈਗਜ਼ੀਨ ਨੂੰ ਪੰਜਾਬ ਦੇ ਹਰ ਪਿੰਡ, ਕਸਬੇ, ਘਰ, ਦੁਕਾਨ, ਦਫਤਰ, ਵਿੱਦਿਅਕ ਅਦਾਰਿਆਂ ਅਤੇ ਲਾਇਬ੍ਰੇਰੀਆਂ ਵਿਚ ਪਹੁੰਚਾਉਣ ਦੀ ਮੁਹਿੰਮ ਚਲਾਈ ਜਾਵੇਗੀ ਅਤੇ ਲੋਕਾਂ ਨੂੰ ਧਾਰਮਿਕ ਆਸਥਾ ਹੇਠ ਫੈਲਾਏ ਜਾ ਰਹੇ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਪਾਖੰਡੀ ਬਾਬਿਆਂ, ਸਾਧਾਂ, ਡੇਰਿਆਂ ਦੇ ਝਾਂਸਿਆਂ ਤੇ ਲੁੱਟ ਤੋਂ ਬਚਣ , ਜ਼ਿੰਦਗੀ ਦੀਆਂ ਸਮੱਸਿਆਵਾਂ ਦੇ ਠੋਸ ਹਲ ਲਈ ਵਿਗਿਆਨਕ ਦ੍ਰਿਸ਼ਟੀਕੋਣ ਅਪਨਾਉਣ ਅਤੇ ਮੌਜੂਦਾ ਫਿਰਕੂ ਅਤੇ ਭ੍ਰਿਸ਼ਟ ਰਾਜ ਪ੍ਰਬੰਧ ਨੂੰ ਬਦਲਣ ਪ੍ਰਤੀ ਜਾਗਰੂਕ ਕਰਦੇ ਪੈਂਫਲਿਟ ਹਜ਼ਾਰਾਂ ਦੀ ਗਿਣਤੀ ਵਿਚ ਵੰਡੇ ਜਾਣਗੇ। ਇਸ ਦੇ ਇਲਾਵਾ ਤਰਕਸ਼ੀਲ ਸਾਹਿਤ ਨੂੰ ਪੰਜਾਬ ਦੇ ਸਾਰੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿਚ ਪਹੁੰਚਾਉਣ ਲਈ ਤਰਕਸ਼ੀਲ ਸਾਹਿਤ ਵੈਨ ਨੂੰ ਸਤੰਬਰ ਮਹੀਨੇ ਤੋਂ ਲਗਾਤਾਰ ਚਲਾਉਣ ਦਾ ਫੈਸਲਾ ਵੀ ਕੀਤਾ ਗਿਆ। ਇਸ ਮੌਕੇ ਸੂਬਾ ਕਮੇਟੀ ਆਗੂਆਂ ਰਾਜੇਸ਼ ਅਕਲੀਆ, ਜੋਗਿੰਦਰ ਕੁੱਲੇਵਾਲ, ਜਸਵੰਤ ਮੋਹਾਲੀ, ਜਸਵਿੰਦਰ ਫਗਵਾੜਾ, ਗੁਰਪ੍ਰੀਤ ਸਹਿਣਾ, ਅਜੀਤ ਪ੍ਰਦੇਸੀ ਅਤੇ ਸੰਦੀਪ ਧਾਰੀਵਾਲ ਭੋਜਾਂ ਨੇ ਮੋਦੀ ਸਰਕਾਰ ਵੱਲੋਂ ਹਿੰਦੂ ਰਾਸ਼ਟਰ ਦੇ ਫਿਰਕੂ ਏਜੰਡੇ ਹੇਠ ਲਿਆਂਦੇ ਜਾ ਰਹੇ ਇਕਸਾਰ ਸਿਵਲ ਕੋਡ ਦਾ ਡਟਵਾਂ ਵਿਰੋਧ ਕਰਦਿਆਂ ਕਿਹਾ ਕਿ ਭਾਜਪਾ-ਸੰਘ ਵੱਲੋਂ ਦੇਸ਼ ਦੀਆਂ ਘੱਟ ਗਿਣਤੀਆਂ ਨੂੰ ਜਬਰ ਨਾਲ ਦਬਾਉਣ ਅਤੇ 2024 ਦੀਆਂ ਆਮ ਚੋਣਾਂ ਜਿੱਤਣ ਲਈ ਸਿਵਲ ਕੋਡ ਨੂੰ ਜਿੱਥੇ ਇਕ ਫਿਰਕੂ ਸਿਆਸੀ ਹੱਥਕੰਡੇ ਦੇ ਤੌਰ 'ਤੇ ਇਸਤੇਮਾਲ ਕੀਤਾ ਜਾ ਰਿਹਾ ਹੈ ਜਿਸ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਲਈ ਇਤਿਹਾਸਕ ਕਿਸਾਨ ਅੰਦੋਲਨ ਵਾਂਗ ਦੇਸ਼ ਵਿਚ ਜਮਹੂਰੀ ਲਹਿਰ ਉਸਾਰਨ ਦੀ ਲੋੜ ਹੈ। ਇਸ ਮੌਕੇ ਜ਼ੋਨ ਆਗੂਆਂ ਪਰਮਵੇਦ ਸੰਗਰੂਰ, ਸਤਪਾਲ ਸਲੋਹ, ਸੁਰਜੀਤ ਟਿੱਬਾ, ਗੁਰਮੀਤ ਖਰੜ, ਜਸਵੰਤ ਜੀਰਖ, ਬਲਰਾਜ ਮੌੜ, ਪ੍ਰਵੀਨ ਜੰਡਵਾਲਾ, ਮਾਸਟਰ ਲੱਖਾ ਸਿੰਘ ਮਾਨਸਾ, ਰਾਮ ਕੁਮਾਰ ਪਟਿਆਲਾ ਅਤੇ ਕੁਲਵੰਤ ਕੌਰ ਵੱਲੋਂ ਆਪਣੇ ਆਪਣੇ ਜ਼ੋਨਾਂ ਅਤੇ ਇਕਾਈਆਂ ਵਿਚ ਪਿਛਲੇ ਦੋ ਮਹੀਨੇ ਦੌਰਾਨ ਕੀਤੀਆਂ ਤਰਕਜ਼ੀਲ ਸਰਗਰਮੀਆਂ ਦੀਆਂ ਰਿਪੋਰਟਾਂ ਪੇਸ਼ ਕੀਤੀਆਂ ਗਈਆਂ ਅਤੇ ਪੰਜਾਬ ਵਿਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਨੂੰ ਲਾਗੂ ਕਰਵਾਉਣ ਅਤੇ ਸਮਾਜ ਵਿੱਚ ਬਾਬਾਵਾਦ ਅਤੇ ਪਾਖੰਡਵਾਦ ਦੇ ਖਿਲਾਫ ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ ਕਰਨ ਦਾ ਫੈਸਲਾ ਕੀਤਾ ਗਿਆ।

CMYK

20-July-PAGE-11-Majha-23.qxd 7/19/2023 10:25 PM Page 1



# ਦੁਕਾਨਦਾਰਾਂ ਦੇ ਉਜਾੜੇ ਦੇ ਮੁਆਵਜ਼ੇ ਲਈ ਡੀ ਸੀ ਨੂੰ ਮੰਗ ਪੱਤਰ ਸੌਂਪਿਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕਿਸਾਨ ਮਜਦੂਰ ਸੰਘਰਸ ਕਮੇਟੀ ਪੰਜਾਬ ਦੇ ਸੂਬਾਈ ਆਗੂਆਂ ਵੱਲੋਂ ਅੰਮ੍ਰਿਤਸਰ ਮਹਿਤਾ ਰੋਡ ਤੇ ਸਥਿਤ ਅੱਡਾ ਸੈਦੋਲੇਹਲ-ਖੁਜਾਲਾ ਦੇ ਦੁਕਾਨਦਾਰਾਂ ਵੱਲੋਂ ਰੋਡ ਵਿਚ ਆ ਰਹੀਆਂ ਦੁਕਾਨਾਂ ਦਾ ਉਜਾੜਾ ਭੱਤਾ ਦਿੱਤੇ ਜਾਣ ਸੰਬੰਧੀ ਮੰਗ ਪੱਤਰ ਡਿਪਟੀ ਕਮਿਸਨਰ ਅੰਮ੍ਰਿਤਸਰ ਨੂੰ ਦਿੱਤਾ ਗਿਆ। ਇਸ ਮੌਕੇ ਸੂਬਾ ਆਗੂ ਗੁਰਬਚਨ ਸਿੰਘ ਸਿੰਘ ਚੱਬਾ, ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਅਤੇ ਜਿਲ੍ਹਾ ਸਕੱਤਰ ਗੁਰਲਾਲ ਸਿੰਘ ਮਾਨ ਨੇ ਕਿਹਾ ਕਿ ਅੰਮ੍ਰਿਤਸਰ ਮਹਿਤਾ ਰੋਡ ਤੇ ਪੈਂਦੇ ਅੱਡਾ ਖੁਜਾਲਾ ਸੈਦੋਲੇਹਲ ਵਿੱਚ ਪਿਛਲੇ ਕੋਈ 30-35 ਸਾਲ ਤੋਂ ਦੁਕਾਨਾਂ ਕਰ ਰਹੇ ਦੁਕਾਨਦਾਰਾਂ ਨੂੰ ਉਜਾੜ ਕੇ ਰੱਖ ਦਿੱਤਾ ਗਿਆ ਹੈ ਜਿਨ੍ਹਾਂ ਨੂੰ ਮੁੜ ਆਪਣੇ ਪੈਰਾਂ ਤੇ ਖੜ੍ਹਾ ਕਰਨ ਲਈ ਸਰਕਾਰ ਨੂੰ ਕੋਈ ਨਾ ਕੋਈ ਕਦਮ ਚੁੱਕਣੀ ਚਾਹੀਦੇ ਹਨ ਅਤੇ ਜਿੱਥੇ ਦੁਕਾਨਾਂ ਦੇ ਮਾਲਕਾਂ ਨੂੰ ਖਰਚਾ ਦਿੱਤਾ ਗਿਆ ਹੈ ਉੱਥੇ ਦੁਕਾਨਦਾਰ ਜੋ ਉੱਜੜ ਕੇ ਜਾ ਚੁੱਕੇ ਹਨ ਨੂੰ ਵੀ ਉਜਾੜਾ ਭੱਤਾ ਦਿੱਤਾ ਜਾਵੇ ਨਹੀਂ ਤਾਂ ਉੱਜੜ ਚੁੱਕੇ ਦੁਕਾਨਦਾਰ ਖੁਦਕੁਸੀਆਂ ਕਰਨ ਲਈ ਮਜਬੂਰ ਹੋ ਜਾਣਗੇ। ਇਸੇ ਤਰ੍ਹਾਂ ਕਿਸਾਨ ਆਗੂਆਂ ਵੱਲੋ ਡੀ. ਸੀ. ਅੰਮ੍ਰਿਤਸਰ ਅਮਿਤ ਤਲਵਾਰ, ਐਸ.ਐਸ.ਪੀ. ਅੰਮ੍ਰਿਤਸਰ ਦਿਹਾਤੀ ਸਤਿੰਦਰ ਸਿੰਘ ਨੂੰ ਅਤੇ ਸੀ. ਪੀ. ਅੰਮ੍ਰਿਤਸਰ ਵੱਲੋਂ ਡੀ. ਸੀ. ਪੀ. ਪਰਮਿੰਦਰ ਸਿੰਘ ਭੰਡਾਲ ਨੂੰ 24-25 ਧਰਨੇ ਸਬੰਧੀ ਮੰਗ ਪੱਤਰ ਸੌਂਪਿਆ ਗਿਆ ।

ਇਸ ਮੌਕੇ ਆਗੂਆਂ ਨੇ ਦੱਸਿਆ ਕਿ ਮੋਰਚੇ ਦੀਆਂ ਵਿੱਚ ਮੁੱਖ ਮੰਗਾਂ ਹੜ੍ਹ ਪੀੜਤ ਪਰਿਵਾਰਾਂ ਨੂੰ ਤੁਰੰਤ ਫਸਲਮਾਰ ਅਤੇ ਹੋਰ ਜਾਨੀ ਮਾਲੀ ਨੁਕਸਾਨ ਦਾ ਮੁਆਵਜਾ ਜਾਰੀ ਕੀਤਾ ਜਾਵੇ . ਇਸ ਮੌਕੇ ਸੂਬਾ ਸੀ. ਮੀਤ ਪ੍ਰਧਾਨ ਜਰਮਨਜੀਤ ਸਿੰਘ ਬੰਡਾਲਾ, ਆਗੂ ਸਕੱਤਰ ਸਿੰਘ ਕੋਟਲਾ, ਕੰਵਰਦਲੀਪ ਸੈਦੋਲੇਹਲ, ਜ਼ਿਲ੍ਹਾ ਆਗੂ ਕੁਲਜੀਤ ਸਿੰਘ ਕਾਲੇ ਘਣੂਪੁਰ, ਮੰਗਜੀਤ ਸਿੰਘ ਸਿੱਧਵਾਂ, ਰਣਜੀਤ ਸਿੰਘ ਚਾਟੀਵਿੰਡ, ਗੁਰਭੇਜ ਸਿੰਘ ਭੀਲੋਵਾਲ, ਸੁਖਜਿੰਦਰ ਸਿੰਘ ਹਰੜ, ਡਾ. ਕੰਬੋਜ਼ ਅਤੇ ਅੰਗਰੇਜ਼ ਸਿੰਘ ਚੋਗਾਵਾਂ ਤੋ ਇਲਾਵਾ ਅੱਡਾ ਖੁਜਾਲਾ ਦੇ ਦੁਕਾਨਦਾਰ ਹਾਜ਼ਰ ਸਨ। .

# ਹੜ੍ਹਾਂ ਦੇ ਸੰਕਟ 'ਚ ਸਾਰਾ ਪੰਜਾਬ ਪੀੜਤਾਂ ਦੀ ਮਦਦ ਲਈ ਅੱਗੇ ਆਇਆ: ਸਿਹਤ ਮੰਤਰੀ

## ਮਾਝੇ ਦੀਆਂ ਸੰਸਥਾਵਾਂ ਪਟਿਆਲਾ, ਮਾਨਸਾ ਤੱਕ ਸੇਵਾ ਵਿੱਚ ਲੱਗੀਆਂ ਮਿਲੀਆਂ

ਅੰਮ੍ਰਿਤਸਰ (ਨਿਰਿੰਦਰਜੀਤ ਸਿੰਘ)-ਪੰਜਾਬ ਵਿਚ ਆਏ ਹੜ੍ਹਾਂ ਦੇ ਸੰਕਟ ਨਾਲ ਨਿਜੱਠਣ ਲਈ ਸਿਹਤ ਵਿਭਾਗ ਵੱਲੋਂ ਕੀਤੇ ਜਾ ਰਹੇ ਤੇ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਪੰਜਾਬ ਭਰ ਵਿਚ ਨਿਰੀਖਣ ਕਰ ਰਹੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਅੰਮ੍ਰਿਤਸਰ ਵਿਖੇ ਡਾਕਟਰਾਂ, ਗੈਰ ਸਰਕਾਰੀ ਸੰਸਥਾਵਾਂ, ਸਿਹਤ ਸਬੰਧੀ ਸਨਅਤ ਦੇ ਪ੍ਰਤੀਨਿਧੀਆਂ, ਕੈਮਿਸਟ ਐਸੋਸੀਏਸ਼ਨ ਅਤੇ ਹੋਰ ਸੰਸਥਾਵਾਂ ਦੇ ਪ੍ਰਤੀਨਿਧੀਆਂ ਨਾਲ ਗੱਲਬਾਤ ਕਰਦੇ ਸਮੁੱਚੇ ਪੰਜਾਬ ਵੱਲੋਂ ਪੀੜਤਾਂ ਦੀ ਕੀਤੀ ਜਾ ਰਹੀ ਮਦਦ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਜਿਸ ਤਰਾਂ ਪੰਜਾਬ ਵਾਸੀ ਹੜ੍ਹ ਪੀੜਤਾਂ ਦੀ ਮਦਦ ਲਈ ਬਹੁੜੇ ਹਨ, ਉਸਦੀ ਸਰਾਹਨਾ ਦੁਨੀਆਂ ਭਰ ਵਿਚ ਕੀਤੀ ਜਾ ਰਹੀ ਹੈ। ਮਾਝੇ ਦੀਆਂ ਸੰਸਥਾਵਾਂ ਦੀ ਗੱਲ ਕਰਦੇ ਉਨਾਂ ਕਿਹਾ ਕਿ ਮੈਨੂੰ ਪਟਿਆਲਾ, ਮਾਨਸਾ ਤੱਕ ਅੰਮ੍ਰਿਤਸਰ ਦੇ ਲੋਕ ਸੇਵਾ ਕਰਦੇ ਮਿਲੇ ਹਨ। ਉਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਖਾਲਸਾ ਏਡ, ਆਈ ਐਮ ਏ, ਕਾਰ ਸੇਵਾ ਵਾਲੇ ਮਹਾਂਪੁਰਸ਼ਾਂ, ਕਿਸਾਨ ਜਥੇਬੰਦੀਆਂ ਅਤੇ ਹੋਰ ਸੰਸਥਾਵਾਂ ਵੱਲੋਂ ਹੜ੍ਹ ਪੀੜਤਾਂ ਦੀ ਕੀਤੀ ਜਾ ਰਹੀ ਸਹਾਇਤਾ ਦਾ ਜ਼ਿਕਰ ਕਰਦੇ ਕਿਹਾ ਕਿ ਨੁਕਸਾਨ ਵੀ ਹਰੇਕ ਕਿੱਤੇ-ਕਾਰੋਬਾਰ ਦਾ ਹੋਇਆ ਹੈ ਅਤੇ ਮਦਦ ਲਈ ਵੀ ਹਰ ਹੱਥ ਉਠਿਆ ਹੈ, ਜੋ ਕਿ ਬਹੁਤ ਵੱਡੀ ਅਤੇ ਮਾਣ ਵਾਲੀ ਗੱਲ ਹੈ। ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਸੰਕਟ ਦੇ ਪੱਕੇ ਹੱਲ ਲਈ ਮੌਜੂਦਾ ਸਥਿਤੀ ਦਾ ਡਰੋਨ ਸਰਵੇ ਕਰਵਾਇਆ ਗਿਆ ਹੈ ਅਤੇ ਇਸ ਅਧਾਰ ਉਤੇ ਭਵਿੱਖ ਲਈ ਪੱਕੇ ਪ੍ਰਬੰਧ ਕੀਤੇ ਜਾਣਗੇ। ਉਨਾਂ ਦੱਸਿਆ ਕਿ ਇਸੇ ਤਰਾਂ ਨੁਕਸਾਨ ਦਾ ਸਰਵੈ ਕਰਵਾਇਆ ਜਾ ਰਿਹਾ ਹੈ ਅਤੇ ਮੁੱਖ ਮੰਤਰੀ ਇੰਨਾ ਦਾ ਜਾਇਜ਼ਾ ਲੈ ਕੇ ਰਾਹਤ ਦਾ ਐਲਾਨ ਕਰਨਗੇ।



ਸਿਹਤ ਮੰਤਰੀ ਨੇ ਦੱਸਿਆ ਕਿ ਸਮੁੱਚੇ ਪੰਜਾਬ ਵਿਚ ਮੁੱਖ ਮੰਤਰੀ, ਕੈਬਨਿਟ ਮੰਤਰੀ, ਵਿਧਾਇਕ, ਜਿਲ੍ਹਾ ਅਧਿਕਾਰੀਆਂ ਸਮੇਤ ਸਾਰਾ ਅਮਲਾ ਪਾਣੀ ਤੋਂ ਪ੍ਰਭਾਵਿਤ ਇਲਾਕਿਆਂ ਵਿਚ ਲੋਕਾਂ ਦੀ ਮਦਦ ਕਰ ਰਿਹਾ ਹੈ। ਉਨਾਂ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਦਿੱਤੀ ਰਾਹਤ ਸਹਾਇਤਾ ਦਾ ਜ਼ਿਕਰ ਕਰਦੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਹਰੇਕ ਹੜ੍ਹ ਪ੍ਰਭਾਵਿਤ ਸੂਬਾ ਚਾਹੇ ਉਹ ਪੰਜਾਬ ਹੋਵੇ, ਹਿਮਾਚਲ, ਹਰਿਆਣਾ ਜਾਂ ਦਿੱਲੀ ਵਿਖੇ ਖੁਦ ਮੌਕੇ ਦਾ ਜਾਇਜ਼ਾ ਲੈ ਕੇ ਨੁਕਸਾਨ ਦਾ ਅਨੁਮਾਨ ਲਗਾ ਕੇ ਸਹਾਇਤਾ ਦੇਣੀ ਚਾਹੀਦੀ ਹੈ, ਤਾਂ ਹੀ ਹਰੇਕ ਪੀੜਤ ਨਾਲ ਨਿਆਂ ਹੋ ਸਕਦਾ ਹੈ। ਉਨਾਂ ਦੱਸਿਆ ਕਿ ਡੈਮਾਂ ਤੋਂ ਛੱਡੇ ਜਾ ਰਹੇ ਪਾਣੀ ਲਈ ਵੀ ਪੰਜਾਬ ਸਰਕਾਰ ਲਗਾਤਾਰ ਸੰਪਰਕ ਵਿਚ ਹੈ ਤਾਂ ਜੋ ਪਾਣੀ ਨੂੰ ਇਕ ਵਾਰ ਦੀ ਥਾਂ ਨਿਰੰਤਰ ਵਹਿਣ ਵਿਚ ਛੱਡ ਕੇ ਨੁਕਸਾਨ ਨੂੰ ਘੱਟ ਕੀਤਾ ਜਾ ਸਕੇ।

ਸਿਹਤ ਮੰਤਰੀ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਭਾਵੇਂ ਕਿ ਅੰਮ੍ਰਿਤਸਰ ਵਿਚ ਹੜ੍ਹ ਨਹੀਂ ਆਇਆ, ਪਰ ਜਿੱਥੇ ਵੀ ਪਾਣੀ ਖੜਾ ਹੈ ਉਥੇ ਬਰਸਾਤ ਨਾਲ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ। ਇਸ ਮੌਕੇ ਆਈ ਐਮ ਏ ਅੰਮ੍ਰਿਤਸਰ ਨੇ ਇਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈਕ ਦਿੱਤਾ, ਜਦਕਿ ਕੈਮਿਸਟ ਐਸੋਸੀਏਸ਼ਨ ਨੇ ਕਲੋਰੀਨ ਦੀਆਂ 10 ਲੱਖ ਗੋਲੀਆਂ ਦੇਣ ਦਾ ਐਲਾਨ ਕੀਤਾ। ਸਿਹਤ ਮੰਤਰੀ ਨੇ ਦੱਸਿਆ ਕਿ ਅੰਮ੍ਰਿਤਸਰ ਤੇ ਤਰਨਤਾਰਨ ਵਿਚ ਆਈ ਐਮ ਏ ਨੇ 10-10 ਐਂਬੂਲੈਂਸ ਡਾਕਟਰਾਂ ਤੇ ਦਵਾਈਆਂ ਸਮੇਤ ਦਿੱਤੀਆਂ ਹਨ, ਜੋ ਕਿ ਸ਼ਲਾਘਾਯੋਗ ਕਾਰਜ ਹੈ। ਉਨਾਂ ਜਿਲ੍ਹਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰ ਲੋੜਵੰਦ ਨੂੰ ਸਾਫ ਪਾਣੀ ਤੇ ਤਾਜਾ ਖਾਣਾ ਮਹੁੱਈਆ ਕਰਵਾਓ ਤਾਂ ਜੋ ਹੈਜ਼ੇ ਵਰਗੀਆਂ ਬਿਮਾਰੀਆਂ ਪੈਦਾ ਹੀ ਨਾ ਹੋਣ। ਉਨਾਂ ਕਿਹਾ ਕਿ ਸਿਹਤ ਵਿਭਾਗ ਕੋਲ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਅਮਲੇ, ਐਂਬੂਲੈਂਸ, ਬੈਡ, ਦਵਾਈਆਂ ਆਦਿ ਦਾ ਪੂਰਾ ਪ੍ਰਬੰਧ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਤਲਵਾੜ ਨੇ ਜਿਲ੍ਹੇ ਦੀ ਮੌਜੂਦਾ ਸਥਿਤੀ ਉਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਫਿਲਹਾਲ ਕੋਈ ਸੰਕਟ ਵਾਲੀ ਗੱਲ ਨਹੀਂ ਹੈ, ਪਰ ਸਾਡੀ ਹਰੇਕ ਤਰਾਂ ਨਾਲ ਤਿਆਰੀ ਹੈ। ਉਨਾਂ ਦੱਸਿਆ ਕਿ ਬੀਤੇ ਦਿਨਾਂ ਵਿਚ ਕੁੱਝ ਇਕ ਥਾਵਾਂ ਉਤੇ ਪਾਣੀ ਭਰਿਆ ਸੀ, ਜਿਸ ਨੂੰ ਸਮੇਂ ਸਿਰ ਕੱਢ ਦਿੱਤਾ ਗਿਆ, ਜਿਸ ਨਾਲ ਕਿਸੇ ਵੀ ਅਬਾਦੀ ਵਾਲੇ ਇਲਾਕੇ ਨੂੰ ਨੁਕਸਾਨ ਨਹੀਂ ਹੋਇਆ।

ਉਨਾਂ ਰਾਵੀ ਦੇ ਮੌਜੂਦਾ ਪਾਣੀ ਬਾਰੇ ਵੀ ਸਿਹਤ ਮੰਤਰੀ ਨੂੰ ਜਾਣੂੰ ਕਰਵਾਇਆ। ਇਸ ਮੌਕੇ ਵਿਧਾਇਕ ਇੰਦਰਬੀਰ ਸਿੰਘ ਨਿੱਜਰ, ਵਿਧਾਇਕ ਡਾ. ਅਜੇ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਚੇਅਰਮੈਨ ਜਸਪ੍ਰੀਤ ਸਿੰਘ, ਸਿਵਲ ਸਰਜਨ ਡਾ. ਵਿਜੈ ਕੁਮਾਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਕਿਸਾਨ ਯੂਨੀਅਨ ਦਾ ਵਫਦ ਐੱਸ ਡੀ ਓ ਕਾਦੀਆਂ ਨੂੰ ਮਿਲਿਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲਾ ਮੀਤ ਪ੍ਰਧਾਨ ਹਰਜੀਤ ਸਿੰਘ ਲੀਲ੍ਹ ਕਲਾਂ ਦੀ ਅਗਵਾਈ ਵਿੱਚ ਅੱਜ ਐਸਡੀਓ ਦਫਤਰ ਕਾਦੀਆਂ ਨੂੰ ਮਿਲ ਕੇ ਮੀਟਿੰਗ ਕੀਤੀ ਗਈ ਜਿਸ ਵਿੱਚ 08.06.2023 ਦੇ ਧਰਨੇ ਵਿੱਚ ਮੰਨੀਆਂ ਹੋਈਆਂ ਮੰਗਾਂ ਵਿੱਚੋਂ ਕੁਝ ਮੰਗਾਂ ਲਟਕਦੀਆਂ ਨਜ਼ਰ ਆਈਆਂ ਜਿਨ੍ਹਾਂ ਬਾਰੇ ਐਸਡੀਓ ਨੂੰ ਮਿਲ ਕੇ ਜਾਣੂ ਕਰਵਾਇਆ ਗਿਆ ਅਤੇ ਮੰਨੀਆਂ ਹੋਈਆਂ ਮੰਗਾਂ 31.07.2023 ਨਾ ਪੂਰੀਆਂ ਹੋਈਆਂ ਤੇ 01.08.2023 ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੋਨ ਬਾਬਾ ਮੱਕਾ ਸਾਹਿਬ ਜੀ ਦਾ ਖਜ਼ਾਨਚੀ ਬਲਵਿੰਦਰ ਸਿੰਘ ਕੋਟਲਾ ਮੂਸਾ, ਪ੍ਰੈਸ ਸਕੱਤਰ ਵਰਿੰਦਰ ਸਿੰਘ ਧੰਨੇ, ਸਹਾਇਕ ਖਜਾਨਚੀ ਗੁਰਮੇਜ ਸਿੰਘ ਥਿੰਦ, ਸਤਨਾਮ ਸਿੰਘ ਥਿੰਦ, ਪ੍ਰਚਾਰਕ ਸਕੱਤਰ ਬਲਬੀਰ ਸਿੰਘ ਭੈਣੀਆਂ, ਸੁਰਜੀਤ ਸਿੰਘ ਭੈਣੀਆਂ, ਨਿਰਮਲ ਸਿੰਘ ਕੋਟਲਾ ਮੂਸਾ, ਉਤਮ ਸਿੰਘ ਕੋਟਲਾ ਮੂਸਾ, ਕੇਵਲ ਸਿੰਘ ਕੋਟਲਾ ਮੂਸਾ ਆਦਿ ਹਾਜ਼ਰ ਸਨ।

# ਹੜ੍ਹਾਂ ਦੇ ਸੰਭਾਵੀ ਖ਼ਤਰੇ ਨਾਲ ਨਜਿੱਠਣ ਲਈ ਸਿਹਤ ਵਿਭਾਗ ਪੁਖ਼ਤਾ ਪ੍ਰਬੰਧ ਕਰੇ : ਡੀ ਸੀ



ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਬਰਸਾਤੀ ਸੀਜ਼ਨ ਦੌਰਾਨ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਣ ਅਤੇ ਹੜ੍ਹਾਂ ਦੇ ਸੰਭਾਵੀ ਖ਼ਤਰੇ ਨਾਲ ਨਜਿੱਠਣ ਲਈ ਸਿਹਤ ਵਿਭਾਗ ਵਲੋਂ ਪੂਰੀ ਤਿਆਰੀ ਰੱਖੀ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਅੱਜ ਸਥਾਨਕ ਪੰਚਾਇਤ ਭਵਨ ਵਿਖੇ ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹੇ ਦੇ ਦਰਿਆਵਾਂ ਨਜ਼ਦੀਕ ਪਿੰਡਾਂ ਜਾਂ ਨੀਵੇਂ ਇਲਾਕਿਆਂ ਵਿੱਚ ਜਿਥੇ ਪਾਣੀ ਆਉਣ ਦਾ ਖ਼ਤਰਾ ਹੈ ਉਥੇ ਦੇ ਵਸਨੀਕਾਂ ਨੂੰ ਜੀਵਨ ਰੱਖਿਅਕ ਤਕਨੀਕਾਂ ਅਤੇ ਫਸਟ ਏਡ ਦੀ ਸਿਖਲਾਈ ਦਿੱਤੀ ਜਾਵੇ। ਇਸ ਦੇ ਨਾਲ ਹੀ ਜ਼ਿਲ੍ਹੇ ਵਿੱਚ ਪੀਣ ਵਾਲੇ ਪਾਣੀ ਦੀ ਵਿਸ਼ੇਸ਼ ਤੌਰ 'ਤੇ ਸੈਂਪਲਿੰਗ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਨੀਵੇਂ ਇਲਾਕਿਆਂ ਵਿੱਚ ਬਰਸਾਤੀ ਪਾਣੀ ਖੜ੍ਹਾ ਹੈ ਉਸ ਨੂੰ ਸਾਫ਼ ਕੀਤਾ ਜਾਵੇ ਤਾਂ ਜੋ ਉਥੇ ਡੇਂਗੂ ਅਤੇ ਮਲੇਰੀਏ ਦੇ ਮੱਛਰ ਪੈਦਾ ਨਾ ਹੋ ਸਕਣ। ਉਨ੍ਹਾਂ ਕਿਹਾ ਕਿ ਸ਼ਹਿਰੀ ਖੇਤਰਾਂ ਵਿੱਚ ਨਗਰ ਕੌਂਸਲ ਤੇ ਨਗਰ ਨਿਗਮ ਦੇ ਅਧਿਕਾਰੀ ਰੈਗੂਲਰ ਫਾਗਿੰਗ ਕਰਾਉਣ। ਇਸਦੇ ਨਾਲ ਹੀ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਘਰ-ਘਰ ਜਾ ਕੇ ਡੇਂਗੂ ਦਾ ਲਾਰਵਾ ਚੈੱਕ ਕੀਤਾ ਜਾਵੇ ਅਤੇ ਨਾਲ ਹੀ ਲੋਕਾਂ ਨੂੰ ਇਨ੍ਹਾਂ ਬਿਮਾਰੀਆਂ ਬਾਰੇ ਜਾਗਰੂਕ ਕੀਤਾ ਜਾਵੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿਹਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਿਹਤ ਯੋਜਨਾਵਾਂ ਦਾ ਲਾਭ ਹਰ ਵਿਅਕਤੀ ਤੱਕ ਪਹੁੰਚਾਉਣ। ਉਨ੍ਹਾਂ ਕਿਹਾ ਕਿ ਮਿਸ਼ਨ ਇੰਦਰਧਨੁਸ਼ ਤਹਿਤ ਵਿਸ਼ੇਸ਼ ਟੀਕਾਕਰਨ ਮੁਹਿੰਮ ਨੂੰ 100 ਫ਼ੀਸਦੀ ਸਫ਼ਲ ਬਣਾਉਣ ਵਿੱਚ ਹੋਰ ਮਿਹਨਤ ਕੀਤੀ ਜਾਵੇ ਅਤੇ ਟੀਕਾਕਰਨ ਲਈ ਦੂਜੇ ਵਿਭਾਗਾਂ ਦਾ ਵੀ ਸਹਿਯੋਗ ਲਿਆ ਜਾਵੇ। ਉਨ੍ਹਾਂ ਕਿਹਾ ਕਿ ਅਗਸਤ ਮਹੀਨੇ ਤੋਂ ਸ਼ੁਰੂ ਹੋ ਰਹੇ ਮਿਸ਼ਨ ਇੰਦਰਧਨੁਸ਼ ਲਈ ਹੁਣ ਤੋਂ ਹੀ ਪੂਰੀ ਅਬਾਦੀ ਦਾ ਸਰਵੇਖਣ ਕਰਕੇ ਬੱਚਿਆਂ ਦੀ ਸੂਚੀ ਤਿਆਰ ਕੀਤੀ ਜਾਵੇ ਤਾਂ ਜੋ ਇੱਕ ਵੀ ਬੱਚਾ ਟੀਕਾਕਰਨ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਜਿਹੜੇ ਬਲਾਕਾਂ ਵਿੱਚ ਲਿੰਗ ਅਨੁਪਾਤ ਗੈਰ-ਕੁਦਰਤੀ ਰੂਪ ਵਿੱਚ ਬਹੁਤ ਫਰਕ ਵਾਲਾ ਆਇਆ ਹੈ ਉਨ੍ਹਾਂ ਇਲਾਕਿਆਂ ਦਾ ਵਿਸ਼ੇਸ਼ ਸਰਵੇ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਭਰੂਣ ਹੱਤਿਆ ਵਰਗੇ ਘਿਨਾਉਣੇ ਅਪਰਾਧ ਵਿੱਚ ਦੋਸ਼ੀ ਪਾਇਆ ਗਿਆ ਉਸਨੂੰ ਕਿਸੇ ਵੀ ਸੂਰਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਰੀਵਿਊ ਕਰਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲਾਭਪਾਤਰੀ ਵਿਅਕਤੀਆਂ ਦੇ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾ ਕੇ ਦੇਣ। ਉਨ੍ਹਾਂ ਕਿਹਾ ਕਿ ਸਿਹਤ ਬੀਮਾ ਯੋਜਨਾ ਤਹਿਤ ਇੱਕ ਪਰਿਵਾਰ ਨੂੰ 5 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਉਪਲੱਬਧ ਹੈ। ਇਸ ਮੌਕੇ ਆਮ ਆਦਮੀ ਕਲੀਨਿਕ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਵੀ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤੇਜਿੰਦਰ ਕੌਰ, ਡੀ. ਆਈ. ਓ. ਡਾ. ਅਰਵਿੰਦ ਮਨਚੰਦਾ, ਡੀ. ਐਮ. ਸੀ. ਡਾ. ਰੋਮੀ ਰਾਜਾ, ਡਾ. ਪ੍ਰਭਜੋਤ ਕਲਸੀ, ਡੀ. ਐਚ. ਓ. ਡਾ. ਲੋਕੇਸ਼, ਡੀ. ਟੀ. ਓ. ਡਾ. ਅਤਰੀ, ਜ਼ਿਲ੍ਹਾ ਆਯੁਰਵੈਦਿਕ ਅਫ਼ਸਰ ਡਾ. ਪ੍ਰਦੀਪ ਸਿੰਘ, ਡੀ.ਡੀ.ਪੀ.ਓ. ਸਤੀਸ਼ ਕੁਮਾਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮੈਡਮ ਸੁਮਨਦੀਪ ਕੌਰ, ਜੇਲ੍ਹ ਸੁਪਰਡੈਂਟ ਨਵਇੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਹੜ੍ਹ ਮਾਰੇ ਘਰ 'ਚੋਂ ਇਕ ਜੀਅ ਨੂੰ ਨੌਕਰੀ ਤੇ 20-20 ਲੱਖ ਰੁਪਏ ਮੁਆਵਜ਼ਾ ਦੇਣ ਸਰਕਾਰਾਂ : ਬਲਵਿੰਦਰ ਸਿੰਘ



ਭਿੱਖੀਵਿੰਡ-(ਨਜ਼ਸ)-ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਬੜਾ ਕਰਜ਼ਾਈ ਸੀ ਤੇ ਹੁਣ ਰੱਬ ਦੀ ਕਰੋਪੀ ਹੋਈ ਕਿ ਹੜ੍ਹਾਂ ਦੀ ਮਾਰ ਹੇਠ ਆ ਗਿਆ।

ਇਸ ਦੀਆਂ ਮਹਿੰਗੇ ਭਾਅ ਦੀਆਂ ਫਸਲਾਂ ਅਤੇ ਸਾਰੀ ਜ਼ਿੰਦਗੀ ਲਗਾ ਕੇ ਬਣਾਏ ਘਰਾਂ ਦਾ ਕਾਫੀ ਨੁਕਸਾਨ ਹੋਇਆ। ਉਨ੍ਹਾਂ ਕੇਂਦਰ ਸਰਕਾਰ, ਪੰਜਾਬ ਸਰਕਾਰ ਤੋਂ ਮੰਗ ਕੀਤੀ ਉਨ੍ਹਾਂ ਦੀਆ ਫਸਲੀ ਨੁਕਸਾਨ ਦਾ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ। ਜਿਨ੍ਹਾਂ ਲੋਕਾਂ ਦੀਆਂ ਹੜ੍ਹਾਂ ਦੇ ਪਾਣੀ ਨਾਲ ਜਾਨਾਂ ਜਾ ਚੁੱਕੀਆਂ ਹਨ ਉਨ੍ਹਾਂ ਦੇ ਘਰ 'ਚੋਂ ਇਕ ਜੀਅ ਨੂੰ ਸਰਕਾਰੀ ਨੌਕਰੀ ਅਤੇ ਵੀਹ-ਵੀਹ ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ।

# ਆਈ ਐੱਚ ਐੱਮ ਗੁਰਦਾਸਪੁਰ 'ਚ ਤਿੰਨ ਸਾਲਾ ਬੀ ਐੱਸ ਸੀ (ਐੱਚ ਐੱਚ ਏ) ਲਈ ਦਾਖ਼ਲਾ ਸ਼ੁਰੂ



ਬਟਾਲਾ (ਡਾ. ਮਲਵਿੰਦਰ ਸਿੰਘ) ਆਈ.ਐੱਚ.ਐੱਮ ਗੁਰਦਾਸਪੁਰ ਦੇ ਕਾਰਜਕਾਰੀ ਪ੍ਰਿੰਸੀਪਲ ਅਸ਼ਵਨੀ ਕਾਚਰੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟਰੀਏਸ਼ਨ, ਬਰਿਆਰ (ਗੁਰਦਾਸਪੁਰ) ਵਿੱਚ 12 ਵੀਂ ਪਾਸ ਵਿਦਿਆਰਥੀਆਂ ਲਈ ਤਿੰਨ ਸਾਲਾ ਬੀ.ਐੱਸ.ਸੀ. (ਐੱਚ.ਐੱਚ.ਏ) ਲਈ ਦਾਖ਼ਲਾ ਸ਼ੁਰੂ ਹੋ ਗਿਆ ਹੈ। ਦਾਖ਼ਲਾ ਲੈਣ ਦੇ ਚਾਹਵਾਨ ਵਿਦਿਆਰਥੀ 3 ਅਗਸਤ 2023 ਤੱਕ ਆਨ-ਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਨੇ ਅੱਗੇ ਦੱਸਿਆ ਕਿ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟਰੀਏਸ਼ਨ, ਗੁਰਦਾਸਪੁਰ, ਨੈਸ਼ਨਲ ਕੌਂਸਲ ਫ਼ਾਰ ਹੋਟਲ ਮੈਨੇਜਮੈਂਟ ਐਂਡ ਕੈਟਰਿੰਗ ਟੈਕਨੋਲੋਜੀ, ਨੋਇਡਾ ਕੋਲੋਂ ਮਾਨਤਾ ਪ੍ਰਾਪਤ ਹੈ ਅਤੇ ਇਥੇ ਤਿੰਨ ਸਾਲਾ ਬੀ.ਐੱਸ.ਸੀ. ਹੋਸਪਟੈਲਟੀ ਐਂਡ ਹੋਟਲ ਐਡਮਨਿਸਟ੍ਰੇਸ਼ਨ (ਐੱਚ.ਐੱਚ.ਏ) ਦੀ ਡਿਗਰੀ ਕਰਵਾਈ ਜਾਂਦੀ ਹੈ। ਇਸ ਡਿਗਰੀ ਦੇ ਪਹਿਲੇ ਸਾਲ ਲਈ ਦਾਖ਼ਲਾ ਚੱਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਬੀ.ਐੱਸ.ਸੀ. (ਐੱਚ.ਐੱਚ.ਏ) ਦੇ ਪਹਿਲੇ ਸਾਲ ਦੇ ਦਾਖ਼ਲੇ ਲਈ ਜਨਰਲ,ਓ.ਬੀ.ਸੀ. ਕੈਟਾਗਰੀ ਨਾਲ ਸਬੰਧਤ ਵਿਦਿਆਰਥੀਆਂ ਨੇ ਘੱਟ-ਘੱਟ 45 ਫੀਸਦੀ ਨੰਬਰਾਂ ਵਿੱਚ 12ਵੀਂ ਪਾਸ ਕੀਤੀ ਹੋਵੇ। ਐੱਸ.ਸੀ, ਐੱਸ.ਟੀ. ਅਤੇ ਪੀ.ਡਬਲਿਊ.ਡੀ. ਕੈਟਾਗਰੀ ਨਾਲ ਸਬੰਧਤ ਵਿਦਿਆਰਥੀਆਂ 12ਵੀਂ ਜਮਾਤ 40 ਫੀਸਦੀ ਪਾਸ ਨੰਬਰਾਂ ਨਾਲ ਵੀ ਅਪਲਾਈ ਕਰ ਸਕਦੇ ਹਨ। 12ਵੀਂ ਜਮਾਤ ਵਿੱਚ ਅੰਗਰੇਜ਼ੀ ਲਾਜ਼ਮੀ ਵਿਸ਼ੇ ਵਜੋਂ ਪਾਸ ਹੋਣੀ ਜ਼ਰੂਰੀ ਹੈ। ਉਮਰ ਦੀ ਕੋਈ ਸੀਮਾਂ ਨਹੀਂ ਹੈ। ਇਹ ਡਿਗਰੀ ਪ੍ਰੋਗਰਾਮ ਜਵਾਹਰ ਲਾਲ ਯੂਨੀਵਰਸਿਟੀ ਚਲਾਇਆ ਜਾ ਰਿਹਾ ਹੈ। ਅਸ਼ਵਨੀ ਕਾਚਰੂ ਨੇ ਕਿਹਾ ਕਿ ਦਾਖ਼ਲੇ ਦੇ ਚਾਹਵਾਨ ਵਿਦਿਆਰਥੀ ਦਾਖ਼ਲਾ ਅਰਜ਼ੀ ਦੇ ਨਾਲ ਆਪਣੇ ਸਰਟੀਫਿਕੇਟਸ ਦੀਆਂ ਅਟੈਸਟਿਡ ਕਾਪੀਆਂ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟਰੀਏਸ਼ਨ, ਬਰਿਆਰ (ਗੁਰਦਾਸਪੁਰ) ਦੀ ਈ-ਮੇਲ ਆਈ.ਡੀ. .0. 'ਤੇ ਮੇਲ ਕਰ ਸਕਦੇ ਹਨ। ਉਨ੍ਹਾਂ ਕਿਹਾ ਅਰਜ਼ੀ ਦਾ ਫਾਰਮ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟਰੀਏਸ਼ਨ, ਬਰਿਆਰ (ਗੁਰਦਾਸਪੁਰ) ਦੀ ਵੈਬਸਾਈਟ .-.. 'ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਦਾਖ਼ਲਾ 12ਵੀਂ ਜਮਾਤ ਦੀ ਮੈਰਿਟ ਦੇ ਅਧਾਰ 'ਤੇ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਹੋਟਲ ਇੰਡਸਟਰੀ ਵਿੱਚ ਬੀ.ਐੱਸ.ਸੀ. (ਐੱਚਐੱਚਏ) ਪਾਸ ਉਮੀਦਵਾਰਾਂ ਦੀ ਬਹੁਤ ਮੰਗ ਹੈ ਅਤੇ ਇਸ ਡਿਗਰੀ ਨੂੰ ਕਰਕੇ ਨੌਜਵਾਨ ਹੋਟਲ ਇੰਡਸਟਰੀ ਵਿੱਚ ਆਪਣਾ ਬਵਿੱਖ ਉਜਵਲ ਬਣਾ ਸਕਦੇ ਹਨ। ਦਾਖ਼ਲੇ ਲਈ ਵਧੇਰੇ ਜਾਣਕਾਰੀ ਲਈ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟਰੀਏਸ਼ਨ, ਬਰਿਆਰ (ਗੁਰਦਾਸਪੁਰ) ਦੇ ਸੰਪਰਕ ਨੰਬਰ 94658-75965 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਬੀਬੀ ਕੌਲਾਂ ਜੀ ਪਬਲਿਕ ਸਕੂਲ ਵਿਖੇ ਲੜਕੀਆਂ ਦੀ ਸਿਹਤ ਸੰਬੰਧੀ ਸੈਮੀਨਾਰ ਲਗਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਬੀਬੀ ਕੌਲਾਂ ਜੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ (ਬਰਾਂਚ-2) , ਤਰਨ ਤਾਰਨ ਰੋਡ ਵਿਖੇ ਪੀ.ਐਂਡ ਜੀ ਕੰਪਨੀ ਵੱਲੋਂ ਲੜਕੀਆਂ ਲਈ ਹੈਲਥ ਐਂਡ ਹਾਈਜੀਨ ਸੰਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੀ ਅਗਵਾਈ ਨੇਹਾ ਟੰਡਨ ਅਤੇ ਸਕੂਲ ਦੇ ਪ੍ਰਿੰਸੀਪਲ ਇੰਦਰਪ੍ਰੀਤ ਕੌਰ ਵੱਲੋਂ ਕੀਤੀ ਗਈ।ਇਸ ਵਿੱਚ ਉਨਾਂ ਨੇ ਲੜਕੀਆਂ ਨੂੰ ਮਾਸਿਕ ਮਾਂਹਵਾਰੀ ਵਿੱਚ ਆਉਣ ਵਾਲੀਆਂ ਮੁਸ਼ਕਿਲਾਂ ਸੰਬੰਧੀ ਜਾਣੂ ਕਰਵਾਇਆ।

ਉਨ੍ਹਾਂ ਨੇ ਬੱਚੀਆਂ ਦੀ ਸਿਹਤ ਨਾਲ ਸੰਬੰਧਿਤ ਆਉਣ ਵਾਲੀਆਂ ਮੁਸ਼ਕਿਲਾਂ ਦੇ ਹੱਲ ਦੱਸ ਕੇ ਉਹਨਾਂ ਨੂੰ ਜਾਗਰੂਕ ਕੀਤਾ । ਇਸ ਵਿੱਚ ਪੰਜਵੀਂ ਅਤੇ ਛੇਵੀਂ ਕਲਾਸ ਦੀਆਂ ਲੜਕੀਆਂ ਨੇ ਭਾਗ ਲਿਆ। ਉਨ੍ਹਾਂ ਨੇ ਲੜਕੀਆਂ ਨੂੰ ਆਉਣ ਵਾਲੇ ਸਮੇਂ ਵਿੱਚ ਆਪਣੇ ਆਪ ਨੂੰ ਸੁਰੱਖਿਅਤ ਰੱਖਣ ਬਾਰੇ ਦੱਸਦੇ ਹੋਏ ਕਿਹਾ ਕਿ ਇਸ ਸਮੇਂ ਲੜਕੀਆਂ ਨੂੰ ਆਪਣੇ ਖਾਣ ਪੀਣ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਬੱਚੀਆਂ ਨੂੰ ਇਸ ਬਾਰੇ ਸਕੂਲ ਵਿੱਚ ਆਪਣੇ ਆਧਿਆਪਕ ਅਤੇ ਘਰ ਵਿੱਚ ਆਪਣੇ ਮਾਤਾ ਨਾਲ ਗੱਲ-ਬਾਤ ਕਰਨ ਬਾਰੇ ਕਿਹਾ।

ਪ੍ਰਿੰਸੀਪਲ ਨੇ ਕਿਹਾ ਕਿ ਔਰਤਾਂ ਦੀ ਜਿੰਦਗੀ ਅਨਮੋਲ ਹੈ ਉਨ੍ਹਾਂ ਲਈ ਇਸ ਦੀ ਸੰਭਾਲ ਬਹੁਤ ਜਰੂਰੀ ਹੈ। ਪ੍ਰਿੰ, ਇੰਦਰਪ੍ਰੀਤ ਕੌਰ ਨੇ ਆਏ ਹੋਏ ਮਹਿਮਾਨ ਨੇਹਾ ਟੰਡਨ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ ਤੇ ਮੁਲਾਜ਼ਮ ਯੂਨੀਅਨ ਆਹਮੋ-ਸਾਹਮਣੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਅੱਤਲ ਕੀਤੇ ਗਏ ਮੁਲਾਜ਼ਮਾਂ ਦੀ ਜਾਂਚ ਲਈ ਬਣਾਈ ਗਈ ਸਬ ਕਮੇਟੀ ਦੀ ਮੀਟਿੰਗ ਭਲਕੇ ਹੋਣੀ ਹੈ ਪਰ ਉਸ ਤੋਂ ਪਹਿਲਾਂ ਹੀ ਮੁਲਾਜ਼ਮਾਂ ਦੀ ਬਣੀ ਨਵੀ ਯੂਨੀਅਨ ਦੇ ਆਹੁਦੇਦਾਰਾਂ ਦਾ ਤਬਾਦਲਾ ਪੰਜਾਬ ਤੋਂ ਬਾਹਰ ਕਰਨ ਤੇ ਮੁਲਾਜ਼ਮ ਤੁਰੰਤ ਹੜਤਾਲ 'ਤੇ ਚੱਲੇ ਗਏ ਤੇ ਮੈਨੇਜ਼ਮੈਂਟ ਨੂੰ ਦਬਾਅ ਹੇਠਾਂ ਆਉਣ 'ਤੇ ਦੋਹਾਂ ਮੁਲਾਜ਼ਮਾ ਦੇ ਤਬਾਦਲੇ ਰੱਦ ਕਰਨੇ ਪਏ।

ਸ਼੍ਰੋਮਣੀ ਕਮੇਟੀ ਉਪਰ ਪ੍ਰਬੰਧਕਾਂ ਦੀ ਪਕੜ ਇੰਨੀ ਢਿੱਲੀ ਪੈ ਚੁੱਕੀ ਹੈ ਕਿ ਪਹਿਲਾਂ ਅਖੰਡ ਪਾਠੀਆਂ ਦੀ ਯੂਨੀਅਨ ਬਣਾਉਣ ਵਿੱਚ ਸ਼੍ਰੋਮਣੀ ਕਮੇਟੀ ਦੇ ਇੱਕ ਮੈਂਬਰ ਜਿਹੜਾ ਇੱਕ ਨਾਮੀ ਗਰਾਮੀ ਧਾਰਮਿਕ ਸੰਸਥਾ ਨਾਲ ਸਬੰਧ ਰੱਖਦਾ ਹੈ ਦਾ ਵੱਡਾ ਰੋਲ ਰਿਹਾ। ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਦੀ ਯੂਨੀਆਨ ਬਨਣ ਤੇ ਅੱਜਕਲ੍ਹ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਜਨਰਲ ਸਕੱਤਰ ਗੁਰਚਰਨ ਸਿੰਘ ਗਰੇਵਾਲ ਕਾਫੀ ਖਫਾ ਹਨ ਜਿਸ ਕਰਕੇ ਯੂਨੀਅਨ ਵਿੱਚ ਸ਼ਾਮਲ ਕਰਮਚਾਰੀਆਂ ਨੂੰ ਤੰਗ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਹੈ। ਲੰਗਰ ਦੇ ਜੂਠ ਘੱਪਲੇ ਵਿੱਚ ਵੀ ਯੂਨੀਅਨ ਨਾਲ ਸਬੰਧਿਤ ਕਰਮਚਾਰੀਆਂ ਨੂੰ ਚੁਣ ਚੁਣ ਕੇ ਦੋਸ਼ੀਆਂ ਦੀ ਸੂਚੀ ਵਿੱਚ ਸ਼ਾਮਲ ਕਰਕੇ ਕਿੜ ਕੱਢਣ ਲਈ ਮੁਅੱਤਲ ਥੋਕ ਦੇ ਭਾਅ ਨਾਲ ਕੀਤਾ ਗਿਆ ਹੈ।ਇਸੇ ਆੜ ਹੇਠ ਹੀ ਯੂਨੀਅਨ ਵਿੱਚ ਸ਼ਾਮਲ ਮੁਲਾਜ਼ਮਾਂ ਦੀਆਂ ਦੂਰ ਦੁਰਾਡੇ ਬਦਲੀਆ ਕਰਕੇ ਤੰਗ ਪਰੇਸ਼ਾਨ ਵੀ ਕੀਤਾ ਜਾ ਸਕਦਾ ਹੈ। ਜਿਨ੍ਹਾਂ ਦੋ ਕਰਮਚਾਰੀਆ ਤੇ ਮੁਅੱਤਲੀ ਦੀ ਕਾਰਵਾਈ ਕੀਤੀ ਗਈ ਉਨਾਂ ਵਿੱਚੋਂ ਇੱਕ ਦਾ ਤਬਾਦਲਾ ਇਹ ਕਹਿ ਕੇ ਰੋਕ ਦਿੱਤਾ ਗਿਆ ਕਿ ਭੁਲੇਖੇ ਨਾਲ ਤਬਾਦਲਾ ਹੋ ਗਿਆ ਹੈ ਪਰ ਇੱਕ ਹੋਰ ਯੂਨੀਅਨ ਮੈਬਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਯੂਨੀਅਨ ਵਿੱਚ ਮੈਬਰਾਂ ਦੀ ਗਿਣਤੀ 1200 ਨੂੰ ਟੱਪ ਗਈ ਹੈ ਤੇ ਅੱਜ ਜਦੋਂ ਦੋ ਮੁਲਾਜ਼ਮਾਂ ਦਾ ਤਬਾਦਲਾ ਬਿਨਾਂ ਕਿਸੇ ਵਜ੍ਹਾ ਪੰਜਾਬ ਤੋਂ ਬਾਹਰ ਕਰਨ ਬਾਰੇ ਜਾਣਕਾਰੀ ਮਿਲੀ ਤਾਂ ਤੁਰੰਤ 400 ਦੇ ਕਰੀਬ ਮੁਲਾਜ਼ਮ ਸਕੱਤਰ ਦੇ ਦਫਤਰ ਦੇ ਬਾਹਰ ਇਕੱਠਾ ਹੋ ਗਿਆ ਤੇ ਧਰਨਾ ਲਗਾਉਣ ਦੀ ਧਮਕੀ ਦੇਣ ਤੇ ਤੁਰੰਤ ਦੋਵਾਂ ਦਾ ਤਬਾਦਲਾ ਰੱਦ ਕਰ ਦਿੱਤਾ ਗਿਆ।

ਉਹਨਾਂ ਦੱਸਿਆ ਕਿ ਯੂਨੀਅਨ ਦਾ ਪ੍ਰਧਾਨ ਗੁਰਿੰਦਰ ਸਿੰਘ ਭੋਮਾ ਚੁਣਿਆ ਗਿਆ ਹੈ ਜੋ ਇੱਕ ਧੜੱਲੇਦਾਰ ਕਿਸਮ ਦਾ ਵਿਅਕਤੀ ਹੈ ਤੇ ਮੋਰਚਾ ਲਗਾਉਣ ਦੀ ਸਮੱਰਥਾ ਤੇ ਸੂਝ ਰੱਖਦਾ ਹੈ।

ਉਸ ਨੇ ਦੱਸਿਆ ਕਿ ਯੂਨੀਅਨ ਰਜਿਸਟਰ ਵੀ ਹੋ ਚੁੱਕੀ ਹੈ ਤੇ ਕੰਮ ਵੀ ਯੂਨੀਅਨ ਨੇ ਕਰਨਾ ਸ਼ੁਰੂ ਕਰ ਦਿੱਤਾ ਹੈ। ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਜਿਹੜੇ ਵੀ ਮੁਲਾਜ਼ਮ ਦੀ ਮੌਤ ਡਿਊਟੀ ਦੌਰਾਨ ਹੋਵੇਗੀ ਉਸ ਦੇ ਪਰਿਵਾਰ ਨੂੰ ਯੂਨੀਅਨ ਵੱਲੋਂ ਤੁਰੰਤ 10 ਲੱਖ ਰੁਪਈਆ ਸਹਾਇਤਾ ਦਿੱਤੀ ਜਾਵੇਗੀ।

# ਭੁੰਬਲੀ 'ਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਇਸਤਰੀ ਵਿੰਗ ਦੀ 18 ਮੈਂਬਰੀ ਕਮੇਟੀ ਚੁਣੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਭੁੰਬਲੀ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਬੀਬੀਆਂ ਦੇ ਵਿੰਗ ਦਾ ਗਠਨ ਕੀਤਾ ਗਿਆ। ਇਸ ਮੌਕੇ ਬੀਬੀਆਂ ਦੀ 18 ਮੈਂਬਰੀ ਕਮੇਟੀ ਦੀ ਚੁਣੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜੋਨ ਸਠਿਆਲੀ ਦੇ ਪ੍ਰੈਸ਼ ਸਕੱਤਰ ਹਰਚਰਨ ਸਿੰਘ ਧਾਰੀਵਾਲ ਕਲਾਂ, ਸਤਨਾਮ ਸਿੰਘ ਖਾਨਮਲੱਕ ਨੇ ਦੱਸਿਆ ਜਥੇਬੰਦੀ ਦੇ ਇਸਤਰੀ ਵਿੰਗ ਇਕਾਈ ਭੁੰਬਲੀ ਦੀ ਪ੍ਰਧਾਨ ਨਰਿੰਦਰ ਕੌਰ, ਸਕੱਤਰ ਹਰਵਿੰਦਰ ਕੌਰ, ਖਜਾਨਚੀ ਕਸ਼ਮੀਰ ਕੌਰ, ਪ੍ਰੈਸ ਸਕੱਤਰ ਸਵਿੰਦਰ ਕੌਰ, ਜੱਥੇਬੰਦਕ ਸਕੱਤਰ ਦਰਸ਼ਨਾ ਦੇਵੀ, ਪ੍ਰਚਾਰ ਸਕੱਤਰ ਸਰਬਜੀਤ ਕੌਰ, ਸੀਨੀਅਰ ਮੀਤ ਪ੍ਰਧਾਨ ਸਰਬਜੀਤ ਕੌਰ, ਸੀਨੀਅਰ ਮੀਤ ਪ੍ਰਧਾਨ ਜਗਦੀਸ ਕੌਰ, ਸਹਾਇਕ ਸਕੱਤਰ ਬਲਵਿੰਦਰ ਕੌਰ, ਸਹਾਇਕ ਖਜਾਨਚੀ ਸੁਰਜੀਤ ਕੌਰ, ਸਹਾਇਕ ਪ੍ਰੈਸ਼ ਸਕੱਤਰ ਰਾਜਦੀਪ ਕੌਰ ਅਤੇ ਰਣਜੀਤ ਕੌਰ, ਲਖਵਿੰਦਰ ਕੌਰ, ਸੁਨੀਤਾ ਦੇਵੀ, ਮਨਪ੍ਰੀਤ ਕੌਰ, ਰਵਿੰਦਰ ਕੌਰ, ਗੁਰਮੀਤ ਕੌਰ ਆਦਿ ਨੂੰ ਮੈਂਬਰ ਚੁਣਿਆਂ ਗਿਆ। ਇਸ ਮੌਕੇ ਮਾਈ ਭਾਗ ਕੌਰ ਦੀਆਂ ਵਾਰਸ ਬੀਬੀਆਂ ਨੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦਾ ਝੰਡਾ ਚੁੱਕ ਕੇ ਅੰਨੀਆਂ ਬੋਲੀਆਂ ਤੇ ਸੁੱਤੀਆਂ ਪਈਆਂ ਸਰਕਾਰਾਂ ਨੂੰ ਜਗਾਉਣ ਲਈ ਸੰਘਰਸ਼ਾਂ ਨੂੰ ਹੋਰ ਤੇਜ਼ ਕਰਨ ਲਈ ਜੱਥੇਬੰਧਕ ਹੋ ਕੇ ਹੱਕਾਂ ਲਈ ਚਲ ਰਹੇ ਸੰਘਰਸ਼ਾਂ ਦੇ ਮੋਰਚਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਗੀਆਂ ਅਤੇ ਪਿੰਡ ਤੋਂ ਇਲਾਵਾ ਵੀ ਇਲਾਕੇ ਦੇ ਪਿੰਡਾਂ ਵਿੱਚ ਹੋਰਨਾਂ ਔਰਤਾਂ ਨੂੰ ਵੀ ਹੱਕਾਂ ਲਈ ਜਾਗਰੂਕ ਕਰਕੇ ਲਾਮਬੰਦ ਕਰਨਗੀਆਂ। ਇਸ ਮੌਕੇ ਅਮਰੀਕ ਸਿੰਘ ਲੋਦੀਪੁਰ, ਸਤਨਾਮ ਸਿੰਘ ਖਾਨਮਲੱਕ, ਸਮਸ਼ੇਰ ਸਿੰਘ, ਹਰਚਰਨ ਸਿੰਘ ਧਾਰੀਵਾਲ ਆਦਿ ਬੁਲਾਰਿਆਂ ਵੱਖ ਵੱਖ ਮੁੱਦਿਆਂ ਤੇ ਵਿਚਾਰਾਂ ਕਰਦਿਆਂ ਜਥੇਬੰਦੀ ਦੇ ਵਿਧਾਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਜੱਥੇਬੰਦੀ ਸਰਬੱਤ ਦੇ ਭਲੇ ਦਾ ਮਿਸ਼ਨ ਲੈ ਕੇ ਚਲ ਰਹੀ ਅਤੇ ਹੱਕ ਸੱਚ ਲਈ ਸਾਂਝੇ ਮੋਰਚਿਆਂ ਤੇ ਸੰਘਰਸ਼ ਕਰਦੀ ਹੈ।

ਜਥੇਬੰਦੀ ਵਿੱਚ ਕਿਸਾਨ, ਮਜ਼ਦੂਰ, ਦੁਕਾਨਦਾਰ, ਮੁਲਾਜ਼ਮ ਆਦਿ ਸਾਰਿਆਂ ਨੂੰ ਬਰਾਬਰ ਦਾ ਸਤਿਕਾਰ ਮਿਲਦਾ। ਉਨ੍ਹਾਂ ਕਿਹਾ ਪੰਜਾਬ ਵਿੱਚ ਦਿਨੋ ਦਿਨ ਵੱਧ ਰਹੀ ਮਹਿੰਗਾਈ, ਬੇਰੋਜ਼ਗਾਰੀ, ਨਸ਼ੇ ਚਿੰਤਾ ਦਾ ਵਿਸ਼ਾ ਹੈ,ਜਿਸ ਵੱਲ ਸਰਕਾਰਾਂ ਨੂੰ ਗੰਭੀਰਤਾ ਨਾਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਭਾਰਤ ਮਾਲਾ ਪ੍ਰਜੈਕਟ ਵਿੱਚ ਆਉਂਦੀਆਂ ਜ਼ਮੀਨਾਂ ਦਾ ਸਹੀ ਮੁੱਲ ਨਾ ਦੇਣ ਅਤੇ ਧੱਕੇ ਨਾਲ ਜ਼ਮੀਨਾਂ ਤੇ ਕਬਜਾ ਲੈਣ ਸਰਕਾਰਾਂ ਦਾ ਪੰਜਾਬ ਦੇ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਦੱਸਿਆ। ਸਰਕਾਰਾਂ ਤੇ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਪੰਜਾਬ ਨੂੰ ਬਰਬਾਦੀ ਵੱਲ ਲਿਜਾਇਆ ਜਾ ਰਿਹਾ ਹੈ।

# ਈ ਟੀ ਓ ਨੇ ਪਿੰਡਾਂ 'ਚ ਚੱਲ ਰਹੇ ਵਿਕਾਸ ਕੰਮਾਂ ਦਾ ਲਿਆ ਜਾਇਜ਼ਾ



**ਜੰਡਿਆਲਾ ਗੁਰੂ, ਤਰਸਿੱਕਾ (ਹਰਿੰਦਰ ਪਾਲ ਸਿੰਘ/ ਤਰਸੇਮ ਸਿੰਘ ਸਾਧਪੁਰ)**-'ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਮੀਨੀ ਪੱਧਰ ਉਤੇ ਜਾਇਜਾ ਲੈਂਦੇ ਕੈਬਿਨਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਸਪੱਸਟ ਕੀਤਾ ਕਿ ਕੰਮਾਂ ਵਿਚ ਦੇਰੀ ਅਤੇ ਅਣਗਹਿਲੀ ਕਿਸੇ ਵੀ ਕੀਮਤ ਅਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨਾਂ ਕਿਹਾ ਕਿ ਚੱਲ ਰਹੇ ਵਿਕਾਸ ਕਾਰਜ ਦਾ ਕੰਮ ਕਾਗਜ਼ੀ ਨਹੀਂ ਜ਼ਮੀਨੀ ਪੱਧਰ ਤੇ ਲਾਗੂ ਕਰਨਾ ਲਾਜ਼ਮੀ ਬਣਾਇਆ ਜਾਵੇ ਅਤੇ ਹਰੇਕ ਕੰਮ ਦੀ ਗੁਣਵੱਤਾ ਦਾ ਪੂਰਾ ਖਿਆਲ ਰੱਖਿਆ ਜਾਵੇ। ਅੱਜ ਆਪਣੇ ਹਲਕੇ ਦੇ ਪਿੰਡ ਭੰਗਵਾ, ਰਾਪੁਰ ਖੁਰਦ, ਰਸੂਲਪੁਰ ਖੁਰਦ, ਸੰਗਰਾਵਾਂ, ਤਲਵੰਡੀ ਆਦਿ ਦਾ ਦੌਰਾ ਕਰਦੇ ਉਨਾਂ ਨੇ ਬੀਤੇ ਦਿਨ ਹੋਈ ਬਰਸਾਤ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਮੌਜੂਦਾ ਸਥਿਤੀ ਦਾ ਸਰਵੇ ਕਰਵਾ ਰਹੇ ਹਨ ਅਤੇ ਹਰੇਕ ਲੋੜਵੰਦ ਦੀ ਮਦਦ ਕੀਤੀ ਜਾਵੇਗੀ। ਇਸ ਮੌਕੇ ਸੁਖਵਿੰਦਰ ਸਿੰਘ, ਸਤਿੰਦਰ ਸਿੰਘ, ਤਰਲੋਚਨ ਸਿੰਘ, ਸੂਬੇਦਾਰ ਛਨਾਖ ਸਿੰਘ ਅਤੇ ਹੋਰ ਮੋਹਤਬਰ ਵੀ ਉਨ੍ਹਾਂ ਨਾਲ ਹਾਜ਼ਰ ਸਨ। ਇਸ ਦੌਰਾਨ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਆਦੇਸ ਦਿੰਦਿਆਂ ਕਿਹਾ ਕਿ ਪਿੰਡਾਂ ਤੇ ਕਸਬਿਆਂ ਵਿਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਉਨ੍ਹਾਂ ਨੂੰ ਜਲਦ ਤੋਂ ਜਲਦ ਨੇਪਰੇ ਚਾੜ੍ਹਿਆ ਜਾਵੇ। ਸ ਹਰਭਜਨ ਸਿੰਘ ਨੇ ਕਿਹਾ ਕਿ ਅੰਮ੍ਰਿਤਸਰ ਵਿਚ ਵਾਹਿਗੁਰੂ ਦੀ ਕਿਰਪਾ ਨਾਲ ਹੜ੍ਹਾਂ ਦਾ ਕੋਈ ਸੰਕਟ ਇਸ ਵੇਲੇ ਨਹੀਂ ਹੈ, ਪਰ ਜੇਕਰ ਕਿਧਰੇ ਕੋਈ ਸਮੱਸਿਆ ਆਉਂਦੀ ਹੈ ਤਾਂ ਸਰਕਾਰ ਤੁਹਾਡੇ ਨਾਲ ਖੜੀ ਹੈ। ਉਨ੍ਹਾਂ ਪੰਜਾਬ ਵਾਸੀਆਂ ਵੱਲੋਂ ਲੋੜਵੰਦ ਲੋਕਾਂ ਦੀ ਕੀਤੀ ਜਾ ਰਹੀ ਮਦਦ ਦੀ ਵੀ ਸਰਾਹਨਾ ਕੀਤੀ।

# 'ਪਲਾਂਟ ਡਾਕਟਰਜ਼ ਸਰਵਿਸ ਐਸੋਸੀਏਸ਼ਨ ਪੰਜਾਬ' ਵੀ ਮੁੱਖ ਮੰਤਰੀ ਰਿਲੀਫ ਫੰਡ 'ਚ ਪਾਵੇਗੀ ਯੋਗਦਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੀਹਾਂ ਦੇ ਕਾਰਨ ਪੰਜਾਬ ਵਿੱਚ ਆਏ ਹੋਏ ਹੜ੍ਹਾਂ ਦੇ ਕਾਰਨ ਪੰਜਾਬ ਦੇ ਕੁਝ ਜ਼ਿਲਿਆਂ ਵਿਚ ਜਨ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਇਸ ਦੇ ਨਾਲ ਘਰਾਂ, ਖੇਤਾਂ ਆਦਿ ਵਿੱਚ ਪਾਣੀ ਭਰ ਗਿਆ ਹੈ ਅਤੇ ਇਸ ਕਾਰਨ ਲੋਕਾਂ ਦੇ ਘਰ, ਡੰਗਰ ਆਦਿ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ ਅਤੇ ਫਸਲਾਂ ਦਾ ਬਹੁਤ ਨੁਕਸਾਨ ਹੋਇਆ ਹੈ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਅਤੇ ਬਾਗਬਾਨੀ ਵਿਭਾਗ ਵਿੱਚ ਤੈਨਾਤ ਖੇਤੀਬਾੜੀ ਵਿਕਾਸ ਅਫਸਰਾ/ਬਾਗਬਾਨੀ ਵਿਕਾਸ ਅਫਸਰਾ ਦੀ ਸਾਂਝੀ ਜਥੇਬੰਦੀ 'ਪਲਾਂਟ ਡਾਕਟਰਜ ਸਰਵਿਸ ਐਸੋਸੀਏਸ਼ਨ' ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਜਸਵਿੰਦਰ ਸਿੰਘ ਸਿੱਧੂ ਨੇ ਗੱਲਬਾਤ ਸਾਂਝੀ ਕਰਦਿਆਂ ਦੱਸਿਆ ਕਿ ਜਥੇਬੰਦੀ ਇਸ ਔਖੀ ਘੜੀ ਵਿੱਚ ਪੰਜਾਬ ਦੇ ਲੋਕਾਂ ਦੇ ਨਾਲ ਖੜੀ ਹੈ। ਉਨ੍ਹਾਂ ਦੱਸਿਆ ਕਿ ਇਸ ਔਖੇ ਵਕਤ ਵਿੱਚ 'ਪਲਾਂਟ ਡਾਕਟਰਜ਼ ਸਰਵਿਸ ਐਸੋਸੀਏਸ਼ਨ' ਪੰਜਾਬ ਜਥੇਬੰਦੀ ਵੱਲੋਂ ਆਪਣਾ ਨੈਤਿਕ ਫਰਜ਼ ਸਮਝਦੇ ਹੋਏ ਇਹ ਫੈਸਲਾ ਲਿਆ ਗਿਆ ਕਿ ਪੰਜਾਬ ਰਾਜ ਦੇ ਸਮੂਹ ਖੇਤੀਬਾੜੀ ਵਿਕਾਸ ਅਫਸਰ/ਬਾਗਬਾਨੀ ਵਿਕਾਸ ਅਫਸਰ ਹੜ੍ਹਾਂ ਦੇ ਕਾਰਨ ਪ੍ਰਭਾਵਿਤ ਹੋਏ ਲੋਕਾਂ ਦੇ ਪੁਨਰਵਾਸ ਲਈ ਆਪਣੀ ਇਕ ਦਿਨ ਦੀ ਤਨਖਾਹ ਮੁੱਖ ਮੰਤਰੀ ਰਲੀਫ ਫੰਡ ਵਿੱਚ ਜਮ੍ਹਾਂ ਕਰਵਾਉਣਗੇ।

# ਸੁਨੀਲ ਜਾਖੜ ਨੇ ਭਾਜਪਾ ਵਰਕਰਾਂ ਨਾਲ ਕੀਤੀ ਮਿਲਣੀ



ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਭਾਜਪਾ ਦੇ ਨਵੇਂ ਬਣੇ ਪ੍ਰਧਾਨ ਸੁਨੀਲ ਜਾਖੜ ਨੇ ਗੁਰਦਾਸਪੁਰ ਵਿਖੇ ਭਾਜਪਾ ਦੇ ਅਹੁਦੇਦਾਰਾਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਭਾਜਪਾ ਵਰਕਰਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਅਤੇ ਪਾਰਟੀ ਦੀ ਮਜ਼ਬੂਤੀ ਨੂੰ ਲੈ ਕੇ ਵਰਕਰਾਂ ਨਾਲ ਵਿਚਾਰਾਂ ਕੀਤੀਆਂ।

ਇਸ ਮੌਕੇ ਪ੍ਰੈਸ ਕਾਨਫਰੰਸ ਦੌਰਾਨ ਸੰਬੋਧਨ ਕਰਦਿਆਂ ਸ੍ਰੀ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਸੂਬੇ ਦਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਸਮਾਂ ਰਹਿੰਦੇ ਪੰਜਾਬ ਸਰਕਾਰ ਨੂੰ ਹੜ੍ਹਾਂ ਤੋਂ ਬਚਾਅ ਵਾਸਤੇ ਠੋਸ ਪ੍ਰਬੰਧ ਕਰਨੇ ਚਾਹੀਦੇ ਸਨ। ਸੁਨੀਲ ਜਾਖੜ ਨੇ ਕਿਹਾ ਕਿ ਲੋਕ ਸਭਾ ਚੋਣਾਂ ਸੰਬੰਧੀ ਪਾਰਟੀ ਹਾਈ ਕਮਾਡ ਹੁਕਮਾਂ ਅਨੁਸਾਰ ਚੱਲਿਆ ਜਾਵੇਗਾ। ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ 2024 ਦੀਆਂ ਲੋਕ ਸਭਾ ਚੋਣਾਂ ਵਿਚ ਭਾਜਪਾ ਪਾਰਟੀ ਜਿੱਤ ਪ੍ਰਾਪਤ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਤੀਸਰੀ ਵਾਰ ਕੇਂਦਰ ਵਿੱਚ ਆਪਣੀ ਸਰਕਾਰ ਬਣਾਏਗੀ। ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿਚ ਭਾਜਪਾ ਵਰਕਰ ਹਾਜ਼ਰ ਸਨ।

# ਨਾਜਾਇਜ਼ ਹਥਿਆਰਾਂ ਸਮੇਤ ਦੋ ਕਾਬੂ, ਇੱਕ ਫਰਾਰ

ਝਬਾਲ (ਹਰਜਿੰਦਰ ਸਿੰਘ ਸੋਨੀ/ਗੌਬਿਨ ਸਿੰਘ ਸੋਨੀ)-ਥਾਣਾ ਝਬਾਲ ਦੀ ਪੁਲਸ ਵਲੋਂ ਸਕਾਰਪੀਓ ਗੱਡੀ ਸਵਾਰ ਦੋ ਨੌਜੁਆਨਾਂ ਨੂੰ ਨਜਾਇਜ਼ ਅਸਲੇ ਸਮੇਤ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਝਬਾਲ ਦੇ ਸਬ ਇੰਸ. ਕੁਲਵੰਤ ਸਿੰਘ ਨੇ ਦੱਸਿਆ ਕਿ ਉਹ ਮੰਗਲਵਾਰ ਦੇਰ ਸ਼ਾਮ ਕਰੀਬ ਅੱਠ ਵਜੇ ਮੇਨ ਚੌਂਕ ਝਬਾਲ ਵਿੱਚ ਨਾਕੇ ਤੇ ਮੌਜੂਦ ਸਨ ਤੇ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਮਰੀਕ ਸਿੰਘ ਉਰਫ ਹੈਪੀ ਵਾਸੀ ਬੱਚੜੇ, ਪ੍ਰਿੰਸਪਾਲ ਸਿੰਘ ਉਰਫ ਪ੍ਰਿੰਸ ਵਾਸੀ ਪਿੱਦੀ ਅਤੇ ਇਕਬਾਲ ਸਿੰਘ ਉਰਫ ਗੌਬਿਨ ਵਾਸੀ ਹੰਸਾਂ ਵਾਲਾ ਸਕਾਰਪਿਓ ਗੱਡੀ ਰੰਗ ਚਿੱਟਾ ਜਿਸ ਦਾ ਨੰਬਰ ਪੀ ਬੀ 12 ਯੂ 0011 ਤੇ ਸਵਾਰ ਹੋ ਕੇ ਪਿੰਡ ਇੱਬਣ,ਬਹੋੜੂ ਤੋਂ ਭਕਨਾ, ਚੀਚਾ ਨੂੰ ਜਾ ਰਹੇ ਹਨ ਜਿਸ ਤੇ ਤਰੁੰਤ ਕਾਰਵਾਈ ਕਰਦਿਆਂ ਉਨ੍ਹਾਂ ਪਿੰਡ ਖੈਰਦੀਨਕੇ ਵਿਖੇ ਨਾਕਾਬੰਦੀ ਕਰ ਦਿੱਤੀ ਅਤੇ ਜਦ ਚਿੱਟੇ ਰੰਗ ਦੀ ਸਕਾਰਪੀਓ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਅਮਰੀਕ ਸਿੰਘ ਹੈਪੀ ਕੋਲੋਂ ਤੀਹ ਬੋਰ ਦਾ ਪਿਸਟਲ ਤੇ ਅੱਠ ਰਾਊਂਦ ਜ਼ਿੰਦਾ, ਇੱਕ ਮੈਗਜ਼ੀਨ 32 ਬੋਰ ਤੇ ਚਾਰ ਰਾਊਂਦ ਜ਼ਿੰਦਾ ਬਰਾਮਦ ਕੀਤੇ ਗਏ ਜਿਸ ਦੌਰਾਨ ਇੱਕ ਨੌਜੁਆਨ ਭੱਜਣ ਵਿੱਚ ਕਾਮਯਾਬ ਹੋ ਗਿਆ ਜਿਸ ਦੀ ਪਛਾਣ ਇਕਬਾਲ ਸਿੰਘ ਗੌਬਿਨ ਵਾਸੀ ਹੰਜਾਂ ਵਾਲਾ ਵਜੋਂ ਕੀਤੀ ਗਈ ਤੇ ਕਾਬੂ ਕੀਤੇ ਨੌਜੁਆਨਾਂ ਦੀ ਪਛਾਣ ਅਨਰੀਕ ਸਿੰਘ ਹੈਪੀ ਪੁੱਤਰ ਸਤਨਾਮ ਸਿੰਘ ਵਾਸੀ ਬੱਚੜੇ ਤੇ ਪ੍ਰਿੰਸਪਾਲ ਸਿੰਘ ਪ੍ਰਿੰਸ ਪੁੱਤਰ ਕੁਲਵੰਤ ਸਿੰਘ ਮਿੰਟੂ ਡਰਾਈਵਰ ਵਾਸੀ ਪਿੰਡ ਪਿੱਦੀ ਵਜੋਂ ਕੀਤੀ ਗਈ ਇਨਾਂ ਤਿੰਨਾਂ ਦੋਸ਼ੀਆਂ ਖਿਲਾਫ ਕੇਸ ਦਰਜ ਕਰਕੇ ਭਗੌੜੇ ਇਕਬਾਲ ਸਿੰਘ ਗੌਬਿਨ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਭਾਈ ਘਨੱਈਆ ਜੀ ਮਿਸ਼ਨ ਸੁਸਾਇਟੀ ਨੇ ਹੜ੍ਹ ਪੀੜਤਾਂ ਲਈ ਕੈਂਪ ਲਗਾਏ



ਅੰਮਿਤਸਰ (ਜਸਬੀਰ ਸਿੰਘ ਪੱਟੀ)-ਲੋਕ ਭਲਾਈ ਕੰਮਾਂ ਲਈ ਹਰ ਵੇਲੇ ਤੱਤਪਰ ਭਾਈ ਘਨ੍ਹਈਆ ਜੀ ਮਿਸ਼ਨ ਸੁਸਾਇਟੀ (ਰਜਿ.) ਵੱਲੋਂ ਅਵਤਾਰ ਸਿੰਘ ਟੱਰਕਾਂ ਵਾਲਿਆਂ ਦੀ ਰਹਿਨੁਮਾਈ ਹੇਠ ਹੜ੍ਹ ਪੀੜ੍ਹਤਾਂ ਦੀ ਮੈਡੀਕਲ ਸਹਾਇਤਾ ਕਰਨ ਲਈ ਪੱਟੀ ਤਹਿਸੀਲ ਅੰਦਰ ਪੈਂਦੇ ਪਿੰਡ ਕਲੇਰ, ਪਿੰਡ ਕਿਸ਼ਨ ਸਿੰਘ ਵਾਲਾ ਅਤੇ ਪਿੰਡ ਬੰਡਾਲਾ ਵਿਖੇ ਮੈਡੀਕਲ ਕੈਂਪ ਲਗਾਏ ਗਏ। ਲੋੜਵੰਦ ਮਰੀਜ਼ਾਂ ਨੂੰ ਡਾਕਟਰ ਸਤਨਾਮ ਸਿੰਘ ਦੀ ਟੀਮ ਮਨਪ੍ਰੀਤ ਕੌਰ ਅਤੇ ਦੀਪਿਕਾ ਵੱਲੋਂ ਚੈੱਕਅੱਪ ਕਰਨ ਉਪਰੰਤ 153 ਮਰੀਜ਼ਾਂ ਨੂੰ ਮੁਫਤ ਦਵਾਈਆਂ ਵੰਡੀਆਂ ਗਈਆਂ। ਇਲਾਕਾ ਨਿਵਾਸੀ ਗੁ. ਬਾਬਾ ਬੀਰ ਸਿੰਘ ਜੀ ਦੀ ਸੰਗਤ ਵੱਲੋਂ ਗੁਰਸੇਵਕ ਸਿੰਘ ਨੇ ਇਸ ਟੀਮ ਦਾ ਪੂਰਾ ਸਾਥ ਦਿੱਤਾ ਅਤੇ ਪਾਣੀ ਅੰਦਰ ਫਸੇ ਹੋਏ ਪਰਿਵਾਰਾਂ ਤੱਕ ਵੀ ਦਵਾਈਆਂ ਪਹੁੰਚਾਈਆਂ ਗਈਆਂ। ਭਾਈ ਘਨ੍ਹਈਆ ਜੀ ਮਿਸ਼ਨ ਸੁਸਾਇਟੀ ਵਲੋਂ ਗੁਰਬਖਸ਼ ਸਿੰਘ ਬੱਗਾ ਅਤੇ ਗੁਰਮੀਤ ਸਿੰਘ ਸੁਪਰਵਾਈਜ਼ਰ ਹਾਜ਼ਰ ਸਨ।

# ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਸੱਦੇ 'ਤੇ ਦਿੱਲੀ ਵਿਖੇ ਰੋਸ ਪ੍ਰਦਰਸ਼ਨ 28 ਨੂੰ



ਚੋਹਲਾ ਸਾਹਿਬ (ਰਮਨ ਚੱਢਾ)-ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਸੱਦੇ 'ਤੇ 28 ਜੁਲਾਈ ਨੂੰ ਕੇਂਦਰ ਸਰਕਾਰ ਦੇ ਖਿਲਾਫ ਜੰਤਰ ਮੰਤਰ ਦਿੱਲੀ ਵਿਖੇ ਦੇਸ਼ ਪੱਧਰੀ ਰੋਸ ਪ੍ਰਦਰਸ਼ਨ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਕੀਤਾ ਜਾਵੇਗਾ ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੁੱਜਣਗੀਆਂ। ਇਸ ਦੀਆਂ ਤਿਆਰੀਆਂ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਪਰੋਕਤ ਜਾਣਕਾਰੀ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਬਲਾਕ ਪ੍ਰਧਾਨ ਜਤਿੰਦਰ ਕੌਰ ਨੇ ਦਿੱਤੀ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ-ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰਾਂ ਨੂੰ ਚੌਥੇ ਦਰਜੇ ਦਾ ਗਰੇਡ ਦਿੱਤਾ ਜਾਵੇ । ਜਿੰਨਾ ਚਿਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਜਾਂਦਾ ਉਨਾ ਚਿਰ ਕੇਂਦਰੀ ਕਾਨੂੰਨ ਮੁਤਾਬਿਕ ਘੱਟੋ-ਘੱਟ ਉਜਰਤਾਂ ਅਨੁਸਾਰ ਆਂਗਣਵਾੜੀ ਵਰਕਰਾਂ ਨੂੰ 28258 ਰੁਪਏ ਅਤੇ ਆਂਗਣਵਾੜੀ ਹੈਲਪਰਾਂ ਨੂੰ 25560 ਰੁਪਏ ਮਾਣ ਭੱਤਾ ਹਰ ਮਹੀਨੇ ਦਿੱਤਾ ਜਾਵੇ । ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਕੇਂਦਰ ਸਰਕਾਰ ਦੀ ਆਈਸੀਡੀਐਸ ਸਕੀਮ ਅਧੀਨ 2 ਅਕਤੂਬਰ 1975 ਤੋਂ ਆਂਗਣਵਾੜੀ ਸੈਂਟਰਾਂ ਵਿੱਚ ਕੰਮ ਕਰ ਰਹੀਆਂ ਹਨ ਪਰ ਲਗਭਗ 48 ਸਾਲ ਬੀਤ ਜਾਣ ਦੇ ਬਾਵਜੂਦ ਵੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਗਿਆ। ਮੰਗਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਮਿੰਨੀ ਆਂਗਣਵਾੜੀ ਵਰਕਰਾਂ ਨੂੰ ਪੂਰੀ ਵਰਕਰ ਦਾ ਦਰਜਾ ਦੇ ਕੇ ਪੂਰੀ ਤਨਖਾਹ ਦਿੱਤੀ ਜਾਵੇ। ਆਂਗਣਵਾੜੀ ਸੈਂਟਰਾਂ ਵਿਚ ਗਰਮੀ ਤੇ ਸਰਦੀ ਦੀਆਂ ਛੁੱਟੀਆਂ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਬਰਾਬਰ ਦਿੱਤੀਆਂ ਜਾਣ। ਲਾਭਪਾਤਰੀਆਂ ਨੂੰ ਦਿੱਤਾ ਜਾਣ ਵਾਲਾ ਰਾਸ਼ਨ ਮਹਿੰਗਾਈ ਸੂਚਿਕ ਅੰਕ ਨਾਲ ਜੋੜ ਕੇ ਸਾਲ ਵਿਚ 300 ਦਿਨ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਦਿੱਤਾ ਜਾਵੇ ।ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੈਨਸ਼ਨ, ਗਰੈਚੁਟੀ ਅਤੇ ਸਿਹਤ ਸਹੂਲਤਾਂ ਦਿੱਤੀਆਂ ਜਾਣ। ਆਂਗਣਵਾੜੀ ਸੈਂਟਰਾਂ ਦੀਆਂ ਇਮਾਰਤਾਂ ਅਧੁਨਿਕ ਸਹੂਲਤਾਂ ਵਾਲੀਆਂ ਬਣਾਈਆਂ ਜਾਣ। ਉਨ੍ਹਾਂ ਦੱਸਿਆ ਕਿ ਦੇਸ਼ ਭਰ ਦੀਆਂ ਕਰੀਬ 28 ਲੱਖ ਅਤੇ ਪੰਜਾਬ ਵਿਚ 54 ਹਜ਼ਾਰ ਤੋਂ ਵੱਧ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਕੰਮ ਕਰ ਰਹੀਆਂ ਹਨ ਪਰ ਸਮੇਂ ਦੀਆਂ ਸਰਕਾਰਾਂ ਨੇ ਇਨ੍ਹਾਂ ਨਾਲ ਹਮੇਸ਼ਾ ਹੀ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ ਤੇ ਅੱਖੋਂ ਪਰੋਖੇ ਕੀਤਾ ਗਿਆ ਹੈ ਜਿਸ ਕਰਕੇ ਜਥੇਬੰਦੀ ਨੂੰ ਸਰਕਾਰਾਂ ਦੇ ਖਿਲਾਫ ਤਕੜੇ ਸੰਘਰਸ਼ ਕਰਨੇ ਪਏ ਹਨ ਅਤੇ ਥਾਣਿਆਂ, ਜੇਲਾਂ ਵਿੱਚ ਜਾਣਾ ਪਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇਂ ਪੰਜ ਸਾਲਾਂ ਤੋਂ ਕੇਂਦਰ ਸਰਕਾਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ ਵਿੱਚ ਇਕ ਰੁਪਈਆ ਵੀ ਵਾਧਾ ਨਹੀਂ ਕੀਤਾ ।

# ਉੱਜ ਦਰਿਆ ਪੂਰੇ ਉਫਾਨ 'ਤੇ, ਆਸ-ਪਾਸ ਦੇ ਖੇਤਰ ਵੀ ਹੋਏ ਪ੍ਰਭਾਵਿਤ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਕਰਯੋਗ ਹੈ ਕਿ ਪਿਛਲੇ ਕੁਝ ਦਿਨ੍ਹਾਂ ਤੋਂ ਜੰਮੂ ਕਸ਼ਮੀਰ ਅਤੇ ਹਿਮਾਚਲ ਚੋਂ ਹੋ ਰਹੀ ਬਾਰਿਸ਼ ਦੇ ਚਲਦਿਆਂ ਐਤਵਾਰ ਨੂੰ ਜ਼ਿਲ੍ਹਾ ਪਠਾਨਕੋਟ ਦੇ ਨਾਲ ਲਗਦੇ ਬਮਿਆਲ ਖੇਤਰ ਅੰਦਰ ਉੱਜ ਦਰਿਆ ਵਿੱਚ ਜ਼ਿਆਦਾ ਪਾਣੀ ਆਉਣ ਕਰਕੇ ਬਮਿਆਲ ਖੇਤਰ ਅੰਦਰ ਹੜ੍ਹਾਂ ਅਜਿਹੀ ਸਥਿਤੀ ਬਣ ਗਈ ਅਤੇ ਬਮਿਆਲ ਖੇਤਰ ਉੱਜ ਦਰਿਆ ਦੇ ਪਾਣੀ ਨਾਲ ਪ੍ਰਭਾਵਿਤ ਵੀ ਹੋਇਆ। ਬੁੱਧਵਾਰ ਸਵੇਰ ਨੂੰ ਉਜ ਦਰਿਆ ਅੰਦਰ ਪਾਣੀ ਜ਼ਿਆਦਾ ਆਉਣ ਕਰਕੇ ਬਮਿਆਲ ਚੌਕ ਅਤੇ ਉੱਜ ਦਰਿਆ ਦੇ ਨਾਲ ਲਗਦੇ ਖੇਤਰ ਅੰਦਰ ਪਾਣੀ ਭਰ ਗਿਆ ਜਿਸ ਦੇ ਚਲਦਿਆਂ ਬਮਿਆਲ ਪੁਲਸ ਚੌਕੀ, ਬੀਡੀਪੀਓ ਦਫਤਰ ਬਮਿਆਲ, ਮੰਡੀ ਅਤੇ ਨਾਲ ਲਗਦੇ ਸਿਹਤ ਕੇਂਦਰ ਵਿੱਚ ਵੀ ਪਾਣੀ ਦੀ ਚਪੇਟ ਵਿੱਚ ਆਏ। ਪ੍ਰਸ਼ਾਸਨਿਕ ਅਧਿਕਾਰੀਆਂ ਦੀ ਟੀਮ ਜਿਸ ਵਿੱਚ ਕਾਲਾ ਰਾਮ ਕਾਂਸਲ ਐਸਡੀਐਮ ਪਠਾਨਕੋਟ ਤਹਿਸੀਲਦਾਰ ਲਛਮਣ ਸਿੰਘ ਅਤੇ ਨਾਇਬ ਤਹਿਸੀਲਦਾਰ ਰਾਜ ਕੁਮਾਰ ਮੌਕੇ ਤੇ ਪਹੁੰਚੇ, ਉੱਥੇ ਹੀ ਦੂਸਰੇ ਪਾਸੇ ਡੀਐਸਪੀ ਆਪਰੇਸ਼ਨ ਸੁਖਰਾਜ ਸਿੰਘ, ਗੁਲਸ਼ਨ ਕੁਮਾਰ ਇੰਸਪੈਕਟਰ ਆਪਰੇਸ਼ਨ, ਅਜਵਿੰਦਰ ਸਿੰਘ ਐਸਐਚਓ ਨਰੋਟ ਜੈਮਲ ਸਿੰਘ, ਚੌਂਕੀ ਇੰਚਾਰਜ ਅਰੁਣ ਕੁਮਾਰ ਦੀ ਟੀਮ ਵੀ ਮੌਕੇ ਤੇ ਪਹੁੰਚ ਕੇ ਜਾਇਜ਼ਾ ਲਿਆ।

ਜਿਕਰਯੋਗ ਹੈ ਕਿ ਜਿਲ੍ਹਾ ਪ੍ਰਸਾਸਨ ਵੱਲੋਂ ਬਣਾਈਆਂ ਗਈਆਂ ਅਗੇਤੀਆਂ ਟੀਮਾਂ ਨੇ ਸਵੇਰੇ 4 ਵਜੇ ਤੋਂ ਹੀ ਕਾਰਵਾਈ ਸੁਰੂ ਕਰਦਿਆਂ ਉਜ ਦਰਿਆ ਦੇ ਨਾਲ ਲਗਦੇ ਪਿੰਡਾਂ ਅੰਦਰ ਅਨਾਉਂਸਮੈਂਟ ਕਰਕੇ ਲੋਕਾਂ ਨੂੰ ਜਾਗਰੁਕ ਕੀਤਾ। ਟੀਮਾਂ ਵੱਲੋਂ ਪਾਣੀ ਆਉਂਣ ਤੋਂ ਕਰੀਬ ਪਹਿਲਾ ਹੀ ਉਜ ਦਰਿਆ ਦੇ ਨਾਲ ਸਥਿਤ ਕਰੀਬ 17-18 ਗੁਜਰ ਪਰਿਵਾਰਾਂ ਨੂੰ ਉਨ੍ਹਾਂ ਦੇ ਪਸ਼ੂਆਂ ਸਹਿਤ ਆਈ.ਟੀ.ਆਈ. ਵਿਖੇ ਬਣਾਏ ਗਏ ਵਿਸ਼ੇਸ਼ ਕੈਂਪ ਵਿੱਚ ਪਹੁੰਚਾਇਆ ਗਿਆ। ਇਸ ਤੋਂ ਇਲਾਵਾ ਜਿਨ੍ਹਾਂ ਖੇਤਰਾਂ ਅੰਦਰ ਹੜ੍ਹ ਆਉਂਣ ਦੀ ਸੰਭਾਵਨਾ ਸੀ ਉਨ੍ਹਾਂ ਖੇਤਰ ਨਿਵਾਸੀਆਂ ਨੂੰ ਵੀ ਸੁਰੱਖਿਅਤ ਸਥਾਨਾਂ ਤੇ ਚਲੇ ਜਾਣ ਲਈ ਕਿਹਾ ਗਿਆ। ਉਨ੍ਹਾਂ ਦੱਸਿਆ ਕਿ ਉੱਜ ਦਰਿਆ ਅੰਦਰ ਕਰੀਬ 2.80 ਲੱਖ ਕਿਊਸਿਕ ਪਾਣੀ ਛੱਡਿਆ ਗਿਆ ਜਿਸ ਦੇ ਚਲਦਿਆਂ ਪਿੰਡ ਦਨਵਾਲ ਜ਼ਿਆਦਾ ਪ੍ਰਭਾਵਿਤ ਹੋਇਆ, ਇਸ ਤੋਂ ਇਲਾਵਾ ਬੀ.ਐਸ.ਐਫ. ਦੀ ਪੋਸਟ ਖੁਦਾਈਪੁਰ, ਸੈਦਪੁਰ , ਬਮਿਆਲ ਅਤੇ ਓਲਡ ਬਮਿਆਲ ਪੋਸਟਾਂ ਵੀ ਹੜ੍ਹ ਦੇ ਪਾਣੀ ਨਾਲ ਪ੍ਰਭਾਵਿੱਤ ਹੋਈਆਂ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਰਾਹਤ ਕੇਂਦਰ ਆਈ.ਟੀ.ਆਈ. ਬਮਿਆਲ ਅੰਦਰ ਲੋਕਾਂ ਦੇ ਖਾਣ ਪੀਣ ਦੀ ਵਿਵਸਥਾ ਅਤੇ ਪਸ਼ੂਆਂ ਦੇ ਲਈ ਵੀ ਚਾਰੇ ਦੀ ਵਿਵਸਥਾ ਕੀਤੀ।

ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਅਗਰ ਕਿਸੇ ਵੀ ਤਰ੍ਹਾਂ ਨਾਲ ਖੇਤਰ ਅੰਦਰ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਜ਼ਿਲ੍ਹਾ ਪੱਧਰ ਤੇ ਕੰਟਰੋਲ ਰੂਮ ਪਹਿਲਾ ਹੀ ਸਥਾਪਤ ਕਰ ਦਿੱਤੇ ਗਏ ਹਨ ਲੋਕਾਂ ਉਨ੍ਹਾਂ ਕੰਟਰੋਲ ਰੂਮਾਂ ਤੇ ਸਹਾਇਤਾਂ ਪ੍ਰਾਪਤ ਕਰਨ ਦੇ ਲਈ ਤਾਲਮੇਲ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਥਿਤੀ ਪੂਰੀ ਕੰਟਰੋਲ ਵਿੱਚ ਹੈ ਅਤੇ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਜਾਨੀ ਨੁਕਸਾਨ ਨਹੀਂ ਹੈ।

# ਛਾਪਾ ਦੇ ਐਲੀਮੈਂਟਰੀ ਸਕੂਲ ਦੇ ਬੱਚਿਆਂ ਨੂੰ ਵਰਦੀਆਂ ਵੰਡੀਆਂ



**ਝਬਾਲ/ਸਰਾਏ ਅਮਾਨਤ ਖਾਂ (ਹਰਜਿੰਦਰ ਸਿੰਘ ਸੋਨੀ/ਮੱਖਣ ਮਨੋਜ)**-ਐਲੀਮੈਂਟਰੀ ਸਕੂਲ ਛਾਪਾ ਵਿਖੇ ਪੰਜਾਬ ਸਰਕਾਰ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀਆਂ ਹਦਾਇਤਾਂ ਅਨੁਸਾਰ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੇ ਯਤਨਾਂ ਸਦਕਾ ਪਿੰਡ ਛਾਪਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਦੇਵ ਸਿੰਘ ਛਾਪਾ ਮੁੱਖ ਅਧਿਆਪਕ ਰਵੀ ਕੁਮਾਰ ਦੀ ਰਹਿਨੁਮਾਈ ਹੇਠ ਸਕੂਲ ਦੇ ਵਿਦਿਆਰਥੀਆਂ ਨੂੰ ਵਰਦੀਆਂ ਵੰਡੀਆਂ ਗਈਆਂ। ਇਸ ਮੌਕੇ ਅਧਿਆਪਕ ਵਿਸ਼ਾਲ, ਆਂਗਨਵਾੜੀ ਵਰਕਰ ਸਰਬਜੀਤ ਕੌਰ, ਆਂਗਨਵਾੜੀ ਹੈਲਪਰ ਅਮਨਦੀਪ ਕੌਰ , ਸਕੂਲ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਕੌਰ, ਉਪ ਚੇਅਰਮੈਨ ਅਮਨਦੀਪ ਕੌਰ ਸਕੂਲ ਕਮੇਟੀ ਦੇ ਮੈਂਬਰ ਰਾਜਬੀਰ ਕੌਰ, ਗੁਰਮੀਤ ਕੌਰ, ਪਰਮਜੀਤ ਕੌਰ, ਕਵਲਜੀਤ ਕੋਰ, ਸੰਦੀਪ ਕੌਰ, ਕਾਜਲ ਕੌਰ, ਸੁਖਵਿੰਦਰ ਸਿੰਘ ਕੌਰ, ਮੈਂਬਰ ਪੰਚਾਇਤ ਗੁਰਸੇਵਕ ਸਿੰਘ, ਮੈਂਬਰ ਪੰਚਾਇਤ ਵੀਰ ਸਿੰਘ ਤੇ ਕੁਲਵੰਤ ਸਿੰਘ, ਕੁਲਵਿੰਦਰ ਸਿੰਘ ਛਾਪਾ ਵੀ ਸਕੂਲ ਦੇ ਵਿਦਿਆਰਥੀਆਂ ਨੂੰ ਵਰਦੀਆਂ ਵੰਡਣ ਮੌਕੇ ਹਾਜਰ ਸਨ

# ਨਸ਼ਾ ਵਿਰੋਧੀ ਚੇਤਨਾ ਮੁਹਿੰਮ ਚਲਾਉਣ ਦਾ ਐਲਾਨ




**ਮਾਹਿਲਪੁਰ (ਸਫਰੀ)**- ਪੰਜਾਬ ਦੀਆਂ ਅਖ਼ਬਾਰਾਂ ਦੀਆਂ ਨਿੱਤ ਨਵੀਆਂ ਸੁਰਖੀਆਂ ਬਣਦੀਆਂ ਨਸ਼ਿਆਂ ਤੋਂ ਪੀੜ੍ਹਤ ਨੌਜਵਾਨਾਂ ਦੀਆਂ ਮੌਤ ਦੀਆਂ ਖ਼ਬਰਾਂ ਤੋਂ ਚਿੰਤਿਤ ਇਲਾਕਾ ਮਾਹਿਲਪੁਰ ਚੱਬੇਵਾਲ ਦੇ ਸੰਯੁਕਤ ਕਿਸਾਨ ਮੋਰਚੇ ਦੇ ਸਮਰੱਥਕਾਂ ਨੇ ਨਸ਼ਾ ਵਿਰੋਧੀ ਚੇਤਨਾ ਮੁਹਿੰਮ ਚਲਾਉਣ ਲਈ ਅੱਜ ਇੱਕ ਮੀਟਿੰਗ ਪਿੰਡ ਨੰਗਲ ਖਿਲਾੜੀਆਂ ਵਿਖੇ ਕੀਤੀ। ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਸਾਹਿਬਜਾਦਾ ਬਾਬਾ ਫਤਹਿ ਸਿੰਘ ਬਜਵਾੜਾ ਕਲਾ ਵਾਲਿਆਂ ਨੇ ਆਪਣੇ ਜਥੇ ਸਮੇਤ ਪਹੁੰਚ ਕੇ ਇਸ ਚੰਗੇ ਕੰਮ ਨੂੰ ਆਰੰਭ ਕਰਨ ਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਬਚਾਉਣ ਲਈ ਇਕੱਤਰ ਹੋਏ ਨੌਜਵਾਨਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ ਤੇ ਨਸ਼ੇ ਵੇਚਣ ਵਾਲਿਆਂ ਸਮੇਤ ਉਨ੍ਹਾਂ ਦੇ ਸਰਪ੍ਰਸਤਾਂ ਦਾ ਡੱਟ ਕੇ ਵਿਰੋਧ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਕੁਰਾਹੇ ਪਏ ਨੌਜਵਾਨਾਂ ਨੂੰ ਪਿਆਰ ਨਾਲ ਸਮਝਾ ਕੇ ਨਸ਼ਿਆਂ ਦੀ ਦਲਦਲ 'ਚੋਂ ਕੱਢਣ ਲਈ ਹਰ ਸੰਭਵ ਯਤਨ ਤੇ ਮੱਦਦ ਕਰਨਗੇ। ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਪੁਲਸ ਪ੍ਰਸ਼ਾਸਨ ਤੇ ਗ੍ਰਾਮ ਪੰਚਾਇਤਾਂ ਨੂੰ ਆਪਣੀ ਬਣਦੀ ਮੁਸਤੈਦੀ ਨਾਲ ਜ਼ਿੰਮੇਵਾਰੀ ਨਿਭਾਉਣ ਤੇ ਪਿੰਡਾਂ ਚੋਂ ਨਸ਼ਿਆਂ ਦੀ ਸਪਲਾਈ ਬਿਲਕੁਲ ਬੰਦ ਕਰਵਾਕੇ ਪੰਜਾਬ ਦਾ ਭਵਿੱਖ ਬਚਾਉਣ ਲਈ ਕਿਹਾ। ਉਨ੍ਹਾਂ ਮੀਟਿੰਗ ਵਿੱਚ ਪੁੱਜੇ ਇਲਾਕੇ ਦੇ ਵੱਖ ਵੱਖ ਪਿੰਡਾਂ ਦੇ ਨੌਜਵਾਨਾਂ ਨੂੰ ਆਪੋ ਆਪਣੇ ਪਿੰਡਾਂ ਵਿੱਚ ਨਸ਼ਾ ਵਿਰੋਧੀ ਕਮੇਟੀਆਂ ਦਾ ਗਠਨ ਕਰਨ ਤੇ ਨਸ਼ੇ ਵੇਚਣ ਵਾਲਿਆਂ ਨੂੰ ਗ੍ਰਾਮ ਪੰਚਾਇਤਾਂ ਤੇ ਪੁਲਸ ਕਰਮਚਾਰੀਆਂ ਰਾਹੀਂ ਚੇਤਾਵਨੀ ਦਿਵਾ ਕੇ ਨੌਜਵਾਨਾਂ ਦੇ ਉਜਾੜੇ ਨੂੰ ਰੋਕਣ ਲਈ ਸਾਰਥਕ ਯਤਨ ਕਰਨ ਲਈ ਕਿਹਾ। ਬਾਬਾ ਅਜੈਬ ਸਿੰਘ ਚੱਕ ਮੱਲਾਂ ਵਾਲਿਆਂ ਨੇ ਵੀ ਇਲਾਕੇ ਵਿੱਚ ਨਸ਼ਿਆਂ ਵਿਰੁੱਧ ਚੇਤਨਾ ਮੁਹਿੰਮ ਚਲਾਉਣ ਵਾਲੇ ਨੌਜਵਾਨਾਂ ਦੀ ਹਰ ਸੰਭਵ ਸਹਾਇਤਾ ਕਰਨ ਦੇ ਨਾਲ-ਨਾਲ ਨਸ਼ਿਆਂ ਦੀ ਦਲਦਲ ਵਿੱਚ ਫਸੀ ਜੁਆਨੀ ਨੂੰ ਕੱਢਣ ਲਈ ਮੁਫਤ ਇਲਾਜ ਕਰਾਉਣ ਦਾ ਭਰੋਸਾ ਦਿਵਾਇਆ। ਇਸ ਮੌਕੇ 'ਤੇ ਗੁਰਮਿੰਦਰ ਸਿੰਘ ਕੈਂਡੋਵਾਲ,ਅਮਨਦੀਪ ਸਿੰਘ ਸਰਪੰਚ ਕੰਮੋਵਾਲ, ਪਰਮਿੰਦਰ ਸਿੰਘ ਪਿੰਦਾ, ਸੰਦੀਪ ਸਿੰਘ, ਜੁਝਾਰ ਸਿੰਘ ਮਹਿਨਾ, ਯੋਧਵੀਰ ਸਿੰਘ ਬਰਾੜ, ਜਸਵੀਰ ਸਿੰਘ ਸੀਰਾ, ਗੁਰਪਾਲ ਸਿੰਘ, ਮਲਕੀਤ ਸਿੰਘ, ਸੁਖਵਿੰਦਰ ਸਿੰਘ, ਸਰਬਜੀਤ ਸਿੰਘ, ਅਮਰੀਕ ਸਿੰਘ ਵਿੱਕੀ, ਅਮਨਦੀਪ ਸਿੰਘ ਮੋਨਾ, ਗੁਰਪ੍ਰੀਤ ਸਿੰਘ ਗੋਪੀ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜਰ ਸਨ।

# ਇਨੋਸੈਂਟ ਹਾਰਟਸ ਗਰੁੱਪ ਦੇ ਫਾਈਨਲ ਈਅਰ ਦਾ ਨਤੀਜਾ ਰਿਹਾ ਸ਼ਾਨਦਾਰ



**ਜਲੰਧਰ (ਸ਼ੈਲੀ ਅਲਬਰਟ)**—ਇੰਨੋਸੈਂਟ ਹਾਰਟਸ ਦੇ ਫਾਈਨਲ ਈਅਰ ਦੇ ਵਿਦਿਆਰਥੀਆਂ ਨੇ ਅਪ੍ਰੈਲ-2023 ਵਿੱਚ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕੈਂਪਸ ਦਾ ਨਾਂਅ ਰੌਸ਼ਨ ਕੀਤਾ। ਵੱਖ-ਵੱਖ ਵਿਭਾਗਾਂ ਦੇ 60 ਤੋਂ ਵੱਧ ਵਿਦਿਆਰਥੀਆਂ ਨੇ 9 ਐਸਜੀਪੀਏ ਤੋਂ ਵੱਧ ਅੰਕ ਪ੍ਰਾਪਤ ਕਰਕੇ ਮਾਣਮੱਤੀ ਪ੍ਰਾਪਤੀ ਕੀਤੀ ਹੈ। ਵੱਖ-ਵੱਖ ਵਿਭਾਗਾਂ ਦੇ ਜ਼ਿਆਦਾਤਰ ਵਿਦਿਆਰਥੀਆਂ ਨੇ 9 ਐਸਜੀਪੀਏ ਤੋਂ ਵੱਧ ਅੰਕ ਪ੍ਰਾਪਤ ਕੀਤੇ।ਬੀਸੀਏ ਦੀ ਮਨੀਸ਼ਾ ਮੱਲ੍ਹੀ ਨੇ 9.52 ਐਸਜੀਪੀਏ, ਰਾਧਿਕਾ ਨੇ 9.20 ਐਸਜੀਪੀਏ, ਗੁਰਪ੍ਰੀਤ ਕੌਰ ਅਤੇ ਰਾਜਵੀਰ ਨੇ 9.08 ਐਸਜੀਪੀਏ ਅਤੇ ਕ੍ਰਿਸ਼ਨਾ ਨੇ 9.04 ਐਸਜੀਪੀਏ ਪ੍ਰਾਪਤ ਕੀਤੇ। ਐਮਬੀਏ ਦੀ ਵਿਦਿਆਰਥਣ ਅੰਕਿਤਾ ਨੇ 9.31 ਐਸਜੀਪੀਏ, ਤਰਨਵੀਰ ਨਿੱਝਰ ਅਤੇ ਹਰਪ੍ਰੀਤ ਕੌਰ ਨੇ 9.00 ਐਸਜੀਪੀਏ, ਪਰਮਿੰਦਰ ਕੌਰ ਨੇ 8.85 ਐਸਜੀਪੀਏ ਪ੍ਰਾਪਤ ਕੀਤੇ।ਬੀਬੀਏ ਦੀ ਸੇਜਲ ਸੇਠ ਅਤੇ ਸਿਮਰਨ ਕੌਰ ਨੇ 8.80 ਐਸਜੀਪੀਏ, ਜੈਸਮੀਨ ਕੌਰ ਅਤੇ ਮੁਸਕਾਨ ਨੇ 8.32 ਐਸਜੀਪੀਏ, ਸਹਿਜਪ੍ਰੀਤ ਨੇ 8.08 ਐਸਜੀਪੀਏ ਪ੍ਰਾਪਤ ਕੀਤੇ।ਬੀ.ਕਾਮ ਦੀ ਵਿਦਿਆਰਥਣ ਅਲੀਜ਼ਾ ਸੂਬਾ ਨੇ 8.56 ਐਸਜੀਪੀਏ, ਅਸ਼ਨੀਤ ਕੌਰ, ਪ੍ਰਿਆ ਅਤੇ ਕਨਿਸ਼ਕ ਨੇ 8.32 ਐਸਜੀਪੀਏ, ਹਰਮਨਦੀਪ ਕੌਰ, ਸੰਜਨਾ, ਸੋਨੀਆ ਅਤੇ ਤਰਨਜੀਤ ਨੇ 8.08 ਐਸਜੀਪੀਏ, ਰਣਜੋਤ ਨੇ 8.04 ਐਸਜੀਪੀਏ ਪ੍ਰਾਪਤ ਕੀਤੇ।ਬੀਐਚਐਮਸੀਟੀ ਦੇ ਵਿਦਿਆਰਥੀਆਂ ਅਨਮੋਲਪ੍ਰੀਤ, ਦੀਪਕ, ਦੇਵਾਂਸ਼ੂ ਵਾਲੀਆ, ਕਵਿਤਾ, ਮਨਨ, ਪ੍ਰੀਤੀ ਨੇ 10 ਐਸਜੀਪੀਏ, ਚੇਤਨ ਨੇ 9.85 ਐਸਜੀਪੀਏ, ਸੋਨਾਲੀ ਨੇ 9.80 ਐਸਜੀਪੀਏ, ਮਨਪ੍ਰੀਤ ਸਿਹਮਾਰ ਨੇ 9.69 ਅਤੇ ਅਲਕਾ ਨੇ 9.62 ਐਸਜੀਪੀਏ ਪ੍ਰਾਪਤ ਕੀਤੇ।ਬੀ.ਐਸ.ਸੀ. ਐਮਐਲਐਸ ਦੀ ਹਰਲੀਨ ਕੌਰ ਨੇ 9.16 ਐਸਜੀਪੀਏ, ਪੂਜਾ ਨੇ 9.11 ਐਸਜੀਪੀਏ, ਹਰਪ੍ਰੀਤ ਕੌਰ ਨੇ 8.89 ਐਸਜੀਪੀਏ, ਨਤਾਸ਼ਾ ਜੱਸਲ ਨੇ 8.74 ਐਸਜੀਪੀਏ, ਸਾਕਸ਼ੀ ਸੈਣੀ ਨੇ 8.53 ਐਸਜੀਪੀਏ ਅਤੇ ਗੁਰਪ੍ਰੀਤ ਕੌਰ ਨੇ 8 ਐਸਜੀਪੀਏ ਪ੍ਰਾਪਤ ਕੀਤੇ ਹਨ।ਬੀ.ਐਸ.ਸੀ. ਐਗਰੀਕਲਚਰ ਦੇ ਵਿਦਿਆਰਥੀਆਂ ਖੁਸ਼ਬੂ, ਨਿਖਿਲ ਕੁਮਾਰ, ਸੁਨੀਲ ਕੁਮਾਰ ਅਤੇ ਰਵੀ ਕੁਮਾਰ ਨੇ 9.91 ਐਸਜੀਪੀਏ, ਅੰਸ਼ ਸ਼ਰਮਾ, ਮਨੀਸ਼ ਕੁਮਾਰ, ਓਮਪ੍ਰਕਾਸ਼, ਧਰਮਿੰਦਰ, ਸੌਰਵ, ਵਿੱਕੀ, ਧੀਰਜ, ਚੰਦਰਦੀਪ ਨੇ 9.83 ਐਸਜੀਪੀਏ, ਮਾਨਵ ਕੁਮਾਰ, ਸਚਿਨ ਕੁਮਾਰ ਨੇ 9.74 ਐਸਜੀਪੀਏ ਅਤੇ ਰੋਹਿਤ ਨੇ 9.74 ਐਸਜੀਪੀਏ ਅੰਕ ਪ੍ਰਾਪਤ ਕੀਤੇ। ਗਰੁੱਪ ਦੇ ਡਾਇਰੈਕਟਰ ਡਾ: ਸ਼ੈਲੇਸ਼ ਤ੍ਰਿਪਾਠੀ ਨੇ ਯੂਨੀਵਰਸਿਟੀ ਪ੍ਰੀਖਿਆ ਵਿੱਚ ਇਸ ਅਕਾਦਮਿਕ ਉੱਤਮਤਾ ਲਈ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਵਧਾਈ ਦਿੱਤੀ।

## ਜਨਮ ਦਿਨ ਮੁਬਾਰਕ



ਅਨਾਇਤ ਕੌਰ ਸੰਧੂ, ਆਸਟ੍ਰੇਲੀਆ



ਜੈਸ਼, ਸੂਰਤ, ਗੁਜਰਾਤ



ਰੇਹਾਨ, ਸਮਾਣਾ

## ਵਰ੍ਹੇਗੰਢ ਮਨਾਈ



ਸਮਾਣਾ ਵਾਸੀ ਸੰਜੀਵ ਗਰਗ ਤੇ ਆਸ਼ਾ ਗਰਗ ਨੇ ਵਿਆਹ ਦੀ 26ਵੀਂ ਵਰ੍ਹੇਗੰਢ ਮਨਾਈ।

# 'ਸਰਕਾਰ ਗੁਰੂ ਰਵਿਦਾਸ ਅਸਥਾਨਾਂ ਤੇ ਸੰਸਥਾਵਾਂ ਦੀ ਸੁਰੱਖਿਆ ਯਕੀਨੀ ਬਣਾਏ'



**ਹੁਸ਼ਿਆਰਪੁਰ (ਓ ਪੀ ਰਾਣਾ )** ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.)ਪੰਜਾਬ ਦੀ ਵਿਸ਼ੇਸ਼ ਮੀਟਿੰਗ ਚੇਅਰਮੈਨ ਸੰਤ ਸਰਵਣ ਦਾਸ ਬੋਹਣ,ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ਦੀ ਪ੍ਰਧਾਨਗੀ ਹੇਠ ਡੇਰਾ ਸੰਤ ਨਰਾਇਣ ਦਾਸ ਬਾਬੇ ਕਲਰਾਂ ਸ਼ੇਰਪੁਰ ਢਕੋਂ ਵਿਖੇ ਹੋਈ। ਇਸ ਮੌਕੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਨੇ ਸੁਸਾਇਟੀ ਦੇ ਚੱਲ ਰਹੇ ਕਾਰਜਾਂ ਦੀ ਸਮੀਖਿਆ ਕੀਤੀ,ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਸੀ ਬੀ ਐਸ ਈ ਚੂਹੜਵਾਲੀ,ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਆਸ਼ਰਮ ਹਰਿਦੁਆਰ, ਸ੍ਰੀ ਖੁਰਾਲਗੜ ਸਾਹਿਬ ਵਿਖੇ ਸੁਸਾਇਟੀ ਦੇ ਪ੍ਰੋਜੈਕਟਾਂ ਦੇ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਤਸੱਲੀ ਪ੍ਰਗਟਾਈ। ਇਸ ਮੌਕੇ ਸੰਤ ਸਰਵਣ ਦਾਸ ਬੋਹਣ,ਸੰਤ ਨਿਰਮਲ ਦਾਸ ਬਾਬੇ ਜੌੜੇ ਨੇ ਸਾਂਝੇ ਬਿਆਨ ਵਿਚ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ (ਰਜਿ.)ਪੰਜਾਬ ਦੀ ਦੇਖ ਰੇਖ ਚੱਲ ਰਹੇ ਗੁਰੂ ਰਵਿਦਾਸ ਅਸਥਾਨਾਂ, ਸੰਸਥਾਵਾਂ, ਪ੍ਰੋਜੈਕਟਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਕਿਉਂਕਿ ਸ਼ੋਸ਼ਲ ਮੀਡੀਏ ਤੋਂ ਮਿਲੀ ਜਾਣਕਾਰੀ ਰਾਹੀਂ ਸੁਸਾਇਟੀ ਦੇ ਧਿਆਨ ਵਿਚ ਆਇਆ ਹੈ ਕਿ ਇਨਾਂ ਸੰਸਥਾਵਾਂ ਤੇ ਜਬਰੀ ਕਬਜਾ ਕਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਸੁਸਾਇਟੀ ਵਲੋਂ ਪੰਜਾਬ ਦੇ ਗਵਰਨਰ, ਮੁੱਖ ਮੰਤਰੀ, ਡੀ. ਜੀ.ਪੀ.ਪੰਜਾਬ ਪੁਲਸ, ਚੀਫ ਸੈਕਟਰੀ ਪੰਜਾਬ, ਆਈ ਜੀ ਸਾਹਿਬ ਜਲੰਧਰ ਰੇਂਜ ਨੂੰ ਅਪੀਲ ਕੀਤੀ ਹੈ ਕਿ ਇਨ੍ਹਾਂ ਧਮਕੀਆਂ ਦੇ ਮੱਦੇਨਜ਼ਰ ਗੁਰੂ ਰਵਿਦਾਸ ਅਸਥਾਨਾਂ, ਸੰਸਥਾਵਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਚੂਹੜਵਾਲੀ, ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਆਸ਼ਰਮ ਹਰਿਦੁਆਰ, ਆਦਿ ਸਾਰੇ ਪ੍ਰੋਜੈਕਟ ਪੁਰਾਤਨ ਸੁਸਾਇਟੀ ਦੇ ਵਿਧੀ ਵਿਧਾਨ ਅਤੇ ਸਰਕਾਰ ਦੇ ਕਨੂੰਨਾਂ ਦੀ ਪਾਲਣਾ ਕਰਦੇ ਹੋਏ ਬੜੇ ਅਨੁਸ਼ਾਸਨ ਤੇ ਪਾਰਦਰਸ਼ੀ ਪ੍ਰਬੰਧਾਂ ਹੇਠ ਚੱਲ ਰਹੇ ਹਨ । ਇਨਾਂ ਪ੍ਰੋਜੈਕਟਾਂ ਦੀ ਸਮੀਖਿਆ ਲਈ ਹਰ ਮਹੀਨੇ ਸੁਸਾਇਟੀ ਦੀ ਵਿਸ਼ੇਸ਼ ਮੀਟਿੰਗ ਮੁੱਖ ਦਫ਼ਤਰ ਚੂਹੜਵਾਲੀ ਵਿਖੇ ਬੁਲਾਈ ਜਾਂਦੀ ਹੈ ਜਿਸ ਵਿਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਚੂਹੜਵਾਲੀ ਸੁਸਾਇਟੀ ਦੇ ਸਾਰੇ ਅਹੁਦੇਦਾਰ ਤੇ ਮੈਂਬਰ ਹਾਜਰ ਹੁੰਦੇ ਹਨ।।

ਇਸ ਮੌਕੇ ਜਨਰਲ ਸਕੱਤਰ ਸੰਤ ਇੰਦਰ ਦਾਸ ਸ਼ੇਖੇ, ਸੰਤ ਸਰਵਣ ਦਾਸ ਲੁਧਿਆਣਾ ਸੀਨੀ.ਮੀਤ ਪ੍ਰਧਾਨ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਨੇ ਸੰਗਤਾਂ ਨੂੰ ਬੇਨਤੀ ਕੀਤੀ ਉਹ ਕਿਸੇ ਵੀ ਪ੍ਰਕਾਰ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ ਅਤੇ ਕਿਸੇ ਪ੍ਰਕਾਰ ਦੇ ਸ਼ੰਕੇ ਨੂੰ ਦੂਰ ਕਰਨ ਲਈ ਸੰਤ ਸਰਵਣ ਦਾਸ ਬੋਹਣ ਚੇਅਰਮੈਨ ਸਾਹਿਬ ਨੂੰ ਮਿਲ ਸਕਦੇ ਹਨ। ਇਸ ਮੌਕੇ ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ,ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ ਸੀਨੀ.ਮੀਤ ਪ੍ਰਧਾਨ,ਸੰਤ ਬਲਵੰਤ ਸਿੰਘ ਡੀਗਰੀਆਂ ਮੀਤ ਪ੍ਰਧਾਨ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਕ੍ਰਿਪਾਲ ਦਾਸ ਭਾਰਟਾ,ਸੰਤ ਧਰਮਪਾਲ ਸ਼ੇਰਗੜ,ਸੰਤ ਮਨਜੀਤ ਦਾਸ ਹਿਮਾਚਲ, ਸੰਤ ਸਤਵਿੰਦਰ ਹੀਰਾ,ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.)ਭਾਰਤ, ਸੰਤੋਸ਼ ਕੁਮਾਰੀ ਸੁਸਾਇਟੀ ਮੈਂਬਰ, ਬਿਲਡਿੰਗ ਇੰਚਾਰਜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਬੀਬੀ ਪੂਨਮ ਹੀਰਾ,ਸੰਤ ਬੀਬੀ ਕਮਲੇਸ਼ ਕੌਰ, ਸੰਤ ਬਲਵੀਰ ਧਾਂਦਰਾ ਜਨਰਲ ਸਕੱਤਰ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਸਾਹਿਬ, ਸੰਤ ਸਤਨਾਮ ਦਾਸ ਵਿਛੋਹੀ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਬਲਕਾਰ ਸਿੰਘ ਤੱਗੜ ਵਡਾਲਾ,ਸੰਤ ਰਜੇਸ਼ ਦਾਸ ਬਜਵਾੜਾ, ਸੰਤ ਨਿਰੰਜਣ ਦਾਸ,ਸੰਤ ਗੁਰਮੀਤ ਦਾਸ ਪਿੱਪਲਾਂ ਵਾਲਾ, ਸੰਤ ਪ੍ਰਮੇਸ਼ਵਰੀ ਦਾਸ ਸੇਖੈ ਤੋਂ ਇਲਾਵਾ ਹੋਰ ਵੀ ਹਾਜਰ ਸਨ।

## 5 ਦਿਨਾਂ ਬਾਅਦ ਵੀ ਨਹੀਂ ਲੱਗਾ ਪ੍ਰਿੰਸ ਦਾ ਕੋਈ ਪਤਾ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਬੀਤੇ ਦਿਨੀਂ 26 ਸਾਲਾਂ ਦਾ ਦਲਜੀਤ ਸਿੰਘ ਪ੍ਰਿੰਸ ਆਪਣੇ ਘਰ ਤੋਂ ਪੈਸੇ ਕਢਵਾਉਣ ਲਈ ਗਿਆ ਪਰ ਅੱਜ 5 ਦਿਨ ਬੀਤ ਜਾਣ ਤੋਂ ਬਾਅਦ ਵੀ ਵਾਪਸ ਨਹੀਂ ਪਹੁੰਚਿਆ । ਪ੍ਰਿੰਸ ਦੇ ਪਿਤਾ ਅਵਤਾਰ ਸਿੰਘ ਨੇ ਦੱਸਿਆ ਕਿ ਪ੍ਰਿੰਸ 14 ਜੁਲਾਈ ਦੁਪਹਿਰ ਨੂੰ ਘਰੋਂ ਪੈਸੇ ਕਢਵਾਉਣ ਲਈ ਕਹਿ ਕੇ ਗਿਆ ਪਰ ਮੁੜ ਵਾਪਸ ਨਾ ਪਰਤਿਆ । ਉਨ੍ਹਾਂ ਦੱਸਿਆ ਕਿ ਉਸਦਾ ਫੋਨ ਲਗਾਤਾਰ ਬੰਦ ਆ ਰਿਹਾ ਹੈ । ਉਨ੍ਹਾਂ ਦੱਸਿਆ ਕਿ 4 ਸਾਲ ਉਸਦੇ ਵਿਆਹ ਨੂੰ ਹੋਏ ਹਨ ਤੇ ਘਰ ਦੇ ਸਾਰੇ ਮੈਂਬਰ ਪ੍ਰੇਸ਼ਾਨ ਹਨ। ਇਸ ਦੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ।

## ਰਾਸ਼ਟਰੀ ਪੜ੍ਹਨ ਦਿਵਸ ਮਨਾਇਆ



**ਕਰਤਾਰਪੁਰ (ਹਰਮੇਸ ਦੱਤ )** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿਖੇ ਰਾਸ਼ਟਰੀ ਪੜ੍ਹਨ ਦਿਵਸ ਮਨਾਇਆ ਗਿਆ। ਇਸ ਮੌਕੇ ਤੇ ਸਕੂਲ ਵਿੱਚ ਸਪੈਸ਼ਲ ਅਸੰਬਲੀ ਕਰਵਾਈ ਗਈ। ਵਿਦਿਆਰਥੀਆਂ ਨੇ ਅਧਿਆਪਕਾਂ ਨਾਲ ਆਨਲਾਇਨ ਪੁਸਤਕਾਂ ਦਾ ਰੋਜ ਅਭਿਆਸ ਕਰਨ ਦੀ ਸੁੰਹ ਚੁੱਕੀ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਹਰ ਦਿਨ ਪਾਠ ਪੁਸਤਕ ਵਿੱਚੋਂ ਘੱਟੋ ਘੱਟ ਇੱਕ ਕਹਾਣੀ, ਕਵਿਤਾ,ਨਾਟਕ,ਇਕਾਂਗੀ ਨਿਬੰਧ ਆਦਿ ਪੜ੍ਹਨ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਪੁਸਤਕਾਂ ਸਾਡੀਆਂ ਸਭ ਚੰਗੀਆਂ ਮਿੱਤਰ ਹਨ, ਪੜ੍ਹਨਾ ਸਾਰੇ ਸ਼ੌਕਾਂ ਵਿੱਚੋਂ ਸਭ ਤੋਂ ਵਧੀਆ ਸ਼ੌਕ ਹੈ।

## ਮਿਸ਼ਨ ਹਰਿਆਲੀ ਤਹਿਤ ਮਹਿੰਦਰਾ ਪਬਲਿਕ ਸਕੂਲ ਦਿਆਲਪੁਰ 'ਚ ਬੂਟੇ ਲਗਾਏ

**ਕਰਤਾਰਪੁਰ (ਹਰਮੇਸ ਦੱਤ )** ਪੰਜਾਬ ਫਾਉਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਈਵੇਟ ਸਕੂਲਜ ਆਫ ਐਜੂਕੇਸ਼ਨ ਪੰਜਾਬ ਮਿਸ਼ਨ ਹਰਿਆਲੀ ਦੇ ਤਹਿਤ ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ ਵਿਖੇ ਈਕੋ ਕਲੱਬ ਵੱਲੋਂ ਵਿਦਿਆਰਥੀਆ ਨੇ ਸਕੂਲ ਵਿੱਚ ਵੱਖ ਵੱਖ ਪ੍ਰਕਾਰ ਦੇ ਫੱਲਦਾਰ,ਫੁੱਲਦਾਰ,ਛਾਂਦਾਰ,ਸਜਾਵਟੀ ਤੇ ਦਵਾਈਆਂ ਵਾਲੇ ਪੌਦੇ ਲਗਾ ਕੇ ਮਿਸ਼ਨ ਹਰਿਆਲੀ ਵਿੱਚ ਯੋਗਦਾਨ ਪਾਇਆ ਤਾਂ ਜੋ ਦਿਨੋ ਦਿਨ ਗੰਧਲੇ ਹੋ ਰਹੇ ਵਾਤਾਵਰਣ ਨੂੰ ਹਰਿਆ ਭਰਿਆ ਤੇ ਪ੍ਰਦੂਸ਼ਣ ਰਹਿਤ ਬਣਾਇਆ ਜਾ ਸਕੇ। ਨੰਨ੍ਹੇ ਮੁਨ੍ਹੇ ਵਿਦਿਆਰਥੀਆਂ ਨੇ ਵੀ ਆਪਣੇ ਮਾਤਾ ਪਿਤਾ ਦੇ ਨਾਲ ਮਿਸ਼ਨ ਹਰਿਆਲੀ ਵਿੱਚ ਵੱਧ ਚੱੜ੍ਹ ਕੇ ਭਾਗ ਲਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੌਦਿਆਂ ਦੀ ਦੇਖ ਭਾਲ ਦੀ ਜ਼ਿੰਮੇਵਾਰੀ ਲਈ ਅਤੇ ਪ੍ਰਣ ਲਿਆ ਕਿ ਅਸੀਂ ਆਪਣੇ ਘਰਾਂ ਵਿੱਚ ਖਾਸ ਮੌਕਿਆਂ 'ਤੇ ਬੂਟੇ ਲਗਾਵਾਂਗੇ ਤਾਂ ਜੋ ਆਉਣ ਵਾਲੀਆਂ ਪੀੜੀਆਂ ਨੂੰ ਵਾਤਾਵਰਣ ਸਬੰਧੀ ਮੁਸ਼ਕਿਲਾਂ ਦਾ ਸਾਹਮਣਾ ਨਾ ਕਰਨਾ ਪਵੇ। ਇਸ ਗਤੀਵਿਧੀਆਂ ਨੂੰ ਸਕੂਲ ਸਚਾਲਕ ਮੈਡਮ ਮਹਿੰਦਰ ਕੌਰ ਪੱਡਾ,ਚੇਅਰਪਰਸਨ ਹਰਮਨ ਸਿੰਘ ਪੱਡਾ ਦੇ ਨਿਰਦੇਸ਼ਾਂ ਅਨੁਸਾਰ ਨੇਪਰੇ ਚਾੜ੍ਹਿਆ ਗਿਆ। ਇਸ ਮੌਕ ਮੈਡਮ ਪਰਮਜੀਤ ਕੌਰ,ਕੰਚਨ ਸ਼ਰਮਾ,ਰੇਣੂ ਸ਼ਰਮਾ,ਦਲਵਿੰਦਰ ਕੌਰ,ਸੰਗੀਤਾ ਸ਼ਰਮਾ,ਰਾਣੀ ਭਾਟੀਆ,ਹਰਦੀਪ ਕੌਰ,ਕਰਨਜੋਤ,ਰਮਨਦੀਪ,ਅਨੁਰਾਧਾ,ਦੀਪਕਾ,ਮਿਨਾਕਸ਼ੀ,ਸ਼ਿਵਾਨੀ,ਰੇਣੂ ਬਾਲਾ,ਅਨੂ,ਰਜਨੀ ਜੋਸ਼ੀ,ਰਜਨੀ ਸ਼ਰਮਾ,ਲੀਨਾ,ਅਰਚਨਾ,ਰਾਜ ਕਮਾਰ ਅਤੇ ਵਿਦਿਆਰਥੀ ਹਾਜਰ ਸਨ।

# ਆਈ ਕੇ ਜੀ ਪੀ ਟੀ ਯੂ ਵਿਖੇ ਪਹੁੰਚੇ ਬ੍ਰਿਗੇਡੀਅਰ ਅਜੇ ਤਿਵਾੜੀ



**ਜਲੰਧਰ (ਸ਼ੈਲੀ ਐਲਬਰਟ)** ਬ੍ਰਿਗੇਡੀਅਰ ਅਜੇ ਤਿਵਾੜੀ, ਐਸ.ਐਮ, ਜੀ.ਪੀ, ਸੀ.ਡੀ.ਆਰ, ਐਨ.ਸੀ.ਸੀ ਹੈੱਡਕੁਆਰਟਰ ਜਲੰਧਰ ਆਈ.ਕੇ.ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਮੁੱਖ ਕੈਂਪਸ ਕਪੂਰਥਲਾ ਪਹੁੰਚੇ! ਉਹਨਾਂ ਚੱਲ ਰਹੇ 10 ਦਿਨਾਂ ਐਨ.ਸੀ.ਸੀ (ਨੈਸ਼ਨਲ ਕੈਡਿਟ ਕੋਰ) ਦੇ ਟਰੇਨਿੰਗ ਕੈਂਪ ਦਾ ਦੌਰਾ ਕੀਤਾ । ਕੈਂਪ 21 ਪੰਜਾਬ ਬਟਾਲੀਅਨ ਐਨ.ਸੀ.ਸੀ. ਕਪੂਰਥਲਾ ਦੀ ਅਗਵਾਈ ਹੇਠ ਲਗਾਇਆ ਜਾ ਰਿਹਾ ਹੈ।। ਉਨ੍ਹਾਂ ਵੱਲੋਂ ਐਨ.ਸੀ.ਸੀ ਕੈਡਿਟਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਨੂੰ ਇਸ ਕੈਂਪ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ ਗਿਆ । ਇਸ ਵਿਸ਼ੇਸ਼ ਦੌਰੇ ਮੌਕੇ ਕਮਾਂਡਿੰਗ ਅਫ਼ਸਰ ਕਰਨਲ ਵਿਸ਼ਾਲ ਉਪਲ ਨਾਲ ਵੀ ਉਸਾਰੂ ਗੱਲਬਾਤ ਹੋਈ। ਉਨ੍ਹਾਂ ਕਿਹਾ ਕਿ ਕੈਡਿਟਾਂ ਵਿੱਚ ਅਨੁਸ਼ਾਸਨ ਪੈਦਾ ਕਰਨ ਅਤੇ ਮਿਹਨਤ ਕਰਨ ਦੀ ਸਮਰੱਥਾ ਵਿੱਚ ਵਾਧਾ ਕਰਨ ਲਈ ਅਜਿਹੇ ਕੈਂਪ ਲਗਾਤਾਰ ਲਗਾਏ ਜਾਣੇ ਚਾਹਿੰਦੇ ਹਨ । ਬ੍ਰਿਗੇਡੀਅਰ ਅਜੇ ਤਿਵਾੜੀ ਵੱਲੋਂ ਜ਼ੋਰ ਦੇ ਕੇ ਕਿਹਾ ਗਿਆ ਕਿ ਮੌਜੂਦਾ ਸਮੇਂ ਵਿੱਚ ਕੈਡਿਟਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਐਪਲੀਕੇਸ਼ਨਾਂ ਦੀ ਵਰਤੋਂ ਕਰਨੀ ਚਾਹੀਦੀ ਹੈ । ਬ੍ਰਿਗੇਡੀਅਰ ਅਜੇ ਤਿਵਾੜੀ ਵੱਲੋਂ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਸੁਸ਼ੀਲ ਮਿੱਤਲ ਨਾਲ ਵਿਸ਼ੇਸ ਰਸਮੀ ਮੁਲਾਕਾਤ ਵੀ ਕੀਤੀ ਗਈ! ਮੀਟਿੰਗ ਦੌਰਾਨ ਡਾ. ਗੌਰਵ ਭਾਰਗਵ (ਡੀਨ ਵਿਦਿਆਰਥੀ ਭਲਾਈ), ਡਾ: ਵਿਨੈ ਕੇਹਰ ਅਤੇ ਡਾ. ਨਵੀਨ ਕੁਮਾਰ ਸ਼ਰਮਾ ਐਨ.ਸੀ.ਸੀ ਕੋਆਰਡੀਨੇਟਰ ਵੀ ਹਾਜ਼ਰ ਸਨ । ਕਮਾਂਡਿੰਗ ਅਫ਼ਸਰ ਕਰਨਲ ਵਿਸ਼ਾਲ ਉਪਲ ਨੇ ਦੱਸਿਆ ਕਿ ਸਾਰੇ ਕੈਡਿਟਾਂ ਨੂੰ ਫਰੰਟ ਲਾਈਨਰ ਬਣਨ ਦੀ ਸਿਖਲਾਈ ਦਿੱਤੀ ਗਈ ਹੈ। ਇਸ ਤੋਂ ਇਲਾਵਾ ਕੈਡਿਟਾਂ ਨੂੰ ਮੈਪ ਰੀਡਿੰਗ, ਹਥਿਆਰਾਂ ਦੀ ਸਿਖਲਾਈ ਅਤੇ ਡਰਿੱਲ ਵਰਗੇ ਵਿਸ਼ੇ ਵੀ ਸਿਖਾਏ ਗਏ ਹਨ। ਕੈਡਿਟਾਂ ਦੇ ਸਰੀਰਕ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਨ੍ਹਾਂ 10 ਦਿਨਾਂ ਦੌਰਾਨ ਉਨ੍ਹਾਂ ਨੂੰ ਵੱਖ-ਵੱਖ ਖੇਡ ਮੁਕਾਬਲਿਆਂ ਜਿਵੇਂ ਕਿ ਫੁੱਟਬਾਲ, ਬਾਸਕਟਬਾਲ ਅਤੇ ਐਥਲੈਟਿਕਸ ਨਾਲ ਜੋੜਿਆ ਗਿਆ ਤਾਂ ਜੋ ਉਨ੍ਹਾਂ ਦੀ ਸਰੀਰਕ ਤਾਕਤ ਨੂੰ ਹੋਰ ਵੀ ਹੁਲਾਰਾ ਦਿੱਤਾ ਜਾ ਸਕੇ।

## 'ਰੰਗਮੰਚ, ਜ਼ਿੰਦਗੀ ਅਤੇ ਸਮਾਜ' 'ਤੇ ਵਿਚਾਰ-ਚਰਚਾ 23 ਨੂੰ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**—ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਸੂਬਾ ਪ੍ਰਧਾਨ ਅਮੋਲਕ ਸਿੰਘ ਅਤੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਪੱਪੀ ਨੇ ਪ੍ਰੈਸ ਨੂੰ ਲਿਖਤੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੰਗ ਕਰਮੀਆਂ ਦੇ ਕਾਫਲੇ ਦੇ ਹਮਸਫਰ ਰਹੇ ਲਖਵਿੰਦਰ ਸਿੰਘ ਮੱਲ੍ਹੀ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ। ਉਹਨਾਂ ਨੂੰ ਨਿਵੇਕਲੇ ਅੰਦਾਜ ਵਿਚ ਯਾਦ ਕਰਦਿਆਂ 23 ਜੁਲਾਈ ਦਿਨ ਐਤਵਾਰ ਸਵੇਰੇ 10:30 ਵਜੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਅੰਦਰ ਬਣੇ ਗਦਰੀ ਗੁਲਾਬ ਬੀਬੀ ਗੁਲਾਬ ਕੌਰ ਹਾਲ 'ਚ 'ਰੰਗਮੰਚ, ਜ਼ਿੰਦਗੀ ਅਤੇ ਸਮਾਜ' ਵਿਸ਼ੇ 'ਤੇ ਗੰਭੀਰ ਵਿਚਾਰ ਚਰਚਾ ਕੀਤੀ ਜਾਏਗੀ। ਵਿਚਾਰ ਚਰਚਾ ਵਿੱਚ ਸ਼ਾਮਲ ਹੋਣ ਲਈ ਸ਼ਹਿਰ ਅਤੇ ਇਲਾਕੇ ਦੀਆਂ ਸਾਹਿਤਕ ਸਭਿਆਚਾਰਕ ਅਤੇ ਲੋਕ ਪੱਖੀ ਜਨਤਕ ਜਥੇਬੰਦੀਆਂ ਨੂੰ ਉਚੇਚੇ ਤੌਰ 'ਤੇ ਬੁਲਾਵਾ ਭੇਜਿਆ ਗਿਆ ਹੈ। ਵਿਚਾਰ ਚਰਚਾ ਦਾ ਆਯੋਜਨ ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੀਆਂ ਟੀਮਾਂ

ਮਾਨਵਤਾ ਕਲਾ ਮੰਚ ਨਗਰ (ਜਸਵਿੰਦਰ ਪੱਪੀ ਕੁਲਵੰਤ ਕੌਰ ਨਗਰ), ਲੋਕ ਸੰਗੀਤ ਮੰਡਲੀ ਮਸਾਣੀ (ਧਰਮਿੰਦਰ ਮਸਾਣੀ ),ਪੰਜਾਬ ਕਲਾ ਸੰਗਮ ਫਗਵਾੜਾ( ਸੁਮਨ ਲਤਾ, ਨਿਸਾ ), ਨਵਚਿੰਤਨ ਕਲਾ ਮੰਚ ਬਿਆਸ( ਬਾਨੀ ਮਰਹੂਮ ਹੰਸਾ ਸਿੰਘ ਅਤੇ ਮੌਜੂਦਾ ਨਿਰਦੇਸਕ ਕਰਾਂਤੀਪਾਲ) ਭਗਤ ਨਾਮਦੇਵ ਥੀਏਟਰ ਸੁਸਾਇਟੀ ਘੁਮਾਣ, ਗੁਰਦਾਸਪੁਰ (ਪ੍ਰਿਤਪਾਲ ਸਿੰਘ), ਇਨਕਲਾਬੀ ਚੇਤਨਾ ਲੋਕ ਮੀਡੀਆ ( ਸੰਦੀਪ ਦਰਦੀ ) ਵੱਲੋਂ ਕੀਤਾ ਜਾ ਰਿਹਾ ਹੈ।

## ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਪਸ਼ੂਆਂ ਲਈ ਚਾਰਾ ਭੇਜਿਆ

**ਆਦਮਪੁਰ ( ਪਰਮਜੀਤ ਸਿੰਘ )**- ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਸੇਵਾ ਸੁਸਾਇਟੀ ਅਤੇ ਪੰਜਾਬ ਕਿਸਾਨ ਕਮੇਟੀ ਦੀ ਬਡਲਾ ਇਕਾਈ ਵੱਲੋਂ ਦੋ ਵੱਡੇ ਟਰਾਲੇ ਪਸ਼ੂਆਂ ਲਈ ਚਾਰਾ ਲੰਬੜਦਾਰ ਜਤਿੰਦਰ ਸਿੰਘ ਘੁੰਮਣ ਅਤੇ ਵੱਖ ਵੱਖ ਮੋਹਤਬਰਾਂ ਦੀ ਅਗਵਾਈ ਵਿੱਚ ਰਵਾਨਾ ਕੀਤਾ ਗਿਆ। ਇਸ ਮੌਕੇ ਲੰਬੜਦਾਰ ਜਤਿੰਦਰ ਸਿੰਘ ਘੁੰਮਣ, ਕੁਲਦੀਪ ਕੁਮਾਰ, ਲਵਲੀ,ਮਝੈਲ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ, ਭੁਪਿੰਦਰ ਸਿੰਘ, ਅਮਰਜੀਤ ਸਿੰਘ, ਹਰਮਿੰਦਰ ਸਿੰਘ ਖਾਬੜਾ, ਵਰਿੰਦਰ ਸਿੰਘ ਘੁੰਮਣ ਗੁਰਵਿੰਦਰ ਸਿੰਘ ਆਦਿ ਹਾਜਰ ਸਨ।

## ਡੀ ਸੀ ਵੱਲੋਂ ਧਰਨਿਆਂ ਲਈ ਥਾਵਾਂ ਨਿਸ਼ਚਿਤ

**ਜਲੰਧਰ, (ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਜ਼ਿਲ੍ਹੇ ਅੰਦਰ ਸ਼ਾਂਤਮਈ ਧਰਨਿਆਂ ਲਈ ਵੱਖ-ਵੱਖ ਥਾਵਾਂ ਨਿਸ਼ਚਿਤ ਕੀਤੀਆਂ ਹਨ, ਜਿਨ੍ਹਾਂ ਲਈ ਧਰਨਾਕਾਰੀਆਂ ਨੂੰ ਪ੍ਰਦਰਸ਼ਨ ਲਈ ਪੁਲਸ ਕਮਿਸ਼ਨਰ ਅਤੇ ਸਬੰਧਿਤ ਐਸ.ਡੀ.ਐਮ ਤੋਂ ਅਗਾਓਂ ਪ੍ਰਵਾਨਗੀ ਲੈਣੀ ਹੋਵੇਗੀ। ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਹੁਕਮਾਂ ਅਨੁਸਾਰ ਇਨ੍ਹਾਂ ਧਰਨਿਆਂ ਦੌਰਾਨ ਕੋਈ ਵੀ ਹਥਿਆਰ ਜਿਨ੍ਹਾਂ ਵਿੱਚ ਚਾਕੂ, ਲਾਠੀਆਂ ਆਦਿ ਲੈ ਕੇ ਜਾਣ ਦੀ ਆਗਿਆ ਨਹੀਂ ਹੋਵੇਗੀ। ਧਰਨਾਕਾਰੀਆਂ ਵਲੋਂ ਇਹ ਲਿਖਤੀ ਤੌਰ 'ਤੇ ਦਿੱਤਾ ਜਾਵੇਗਾ ਕਿ ਰੋਸ ਮਾਰਚ/ਧਰਨੇ ਨੂੰ ਸਾਂਤਮਈ ਰੱਖਿਆ ਜਾਵੇਗਾ। ਜਾਰੀ ਹੁਕਮਾਂ ਅਨੁਸਾਰ ਪੁਲਿਸ ਕਮਿਸ਼ਨਰ ਅਤੇ ਐਸ.ਡੀ.ਐਮ.ਜਲੰਧਰ ਦੇ ਅਧਿਕਾਰ ਖੇਤਰ ਵਿੱਚ ਪੁੱਡਾ ਗਰਾਊਂਡ ਸਾਹਮਣੇ ਤਹਿਸੀਲ ਕੰਪਲੈਕਸ, ਦੇਸ਼ ਭਗਤ ਯਾਦਗਾਰ ਹਾਲ, ਬਰਲਟਨ ਪਾਰਕ ਅਤੇ ਦੁਸਹਿਰਾ ਗਰਾਊਂਡ, ਜਲੰਧਰ ਛਾਉਣੀ ਸ਼ਾਂਤਮਈ ਧਰਨਿਆਂ ਲਈ ਨਿਸ਼ਚਿਤ ਕੀਤੇ ਗਏ ਹਨ। ਇਸੇ ਤਰ੍ਹਾਂ ਕਰਤਾਰਪੁਰ ਵਿਖੇ ਇੰਪਰੂਵਮੈਂਟ ਟਰੱਸਟ ਗਰਾਊਂਡ, ਭੋਗਪੁਰ ਵਿਖੇ ਦਾਣਾ ਮੰਡੀ ਭੋਗਪੁਰ, ਨਕੋਦਰ ਵਿਖੇ ਕਪੂਰਥਲਾ ਰੋਡ ਦੇ ਪੱਛਮ ਵਾਲੇ ਪਾਸੇ, ਫਿਲੌਰ ਵਿਖੇ ਦਾਣਾ ਮੰਡੀ, ਸ਼ੈਫਾਬਾਦ ਅਤੇ ਸ਼ਾਹਕੋਟ ਵਿਖੇ ਨਗਰ ਪੰਚਾਇਤ ਕੰਪਲੈਕਸ ਨੂੰ ਸ਼ਾਂਤਮਈ ਧਰਨੇ/ਪ੍ਰਦਰਸ਼ਨ ਲਈ ਥਾਂ ਵਜੋਂ ਨਿਸ਼ਚਿਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਜੇਕਰ ਕਿਸੇ ਧਰਨੇ/ਪ੍ਰਦਰਸ਼ਨ ਦੌਰਾਨ ਮਨੁੱਖੀ ਜਾਨ ਜਾਂ ਸੰਪਤੀ ਦਾ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਧਰਨਾ/ਪ੍ਰਦਰਸ਼ਨ ਕਰਨ ਵਾਲੇ ਪ੍ਰਬੰਧਕ ਜ਼ਿੰਮੇਵਾਰ ਹੋਣਗੇ।



ਪਿੰਡ ਗੋਰਾਇਆਂ ਵਿਖੇ ਬੱਚਿਆਂ ਨੂੰ ਖੇਡ ਕਿੱਟਾਂ ਵੰਡਣ ਸਮੇਂ ਮੌਜੂਦਾ ਸਰਪੰਚ ਮਨਦੀਪ ਕੌਰ, ਸਾਬਕਾ ਸਰਪੰਚ ਜਗਜੀਤ ਸਿੰਘ , ਪੰਚ ਅਮਰਜੀਤ ਸਿੰਘ ,ਪੰਚ ਅਮ੍ਰਿਤਪਾਲ ਕੌਰ ,ਪੰਚ ਬਲਵਿੰਦਰ ਕੌਰ, ਮਾਸਟਰ ਹਰਦੀਪ ਸਿੰਘ , ਹਰਮਨ ਗੋਰਾਇਆਂ, ਅਮਨਦੀਪ ਸਿੰਘ , ਹਰਪ੍ਰੀਤ ਹੈਪੀ, ਜੋਗੀ ਗੋਰਾਇਆਂ, ਬੱਬਲੂ ਗੋਰਾਇਆਂ, ਸੁਰਜੀਤ ਢਿੱਲੋਂ, ਲਵਪ੍ਰੀਤ, ਕੇਸ਼ਵ ਬਾਵਾ, ਪਵਨ ਸਿੰਘ ,ਰਣਵੀਰ ਸਿੰਘ , ਵਿਸ਼ਾਲ ਸਿੰਘ ,ਰਤਨ ਸਿੰਘ ,ਸਿੰਮਾ,ਹਰਜੋਤ, ਜੱਸੀ,ਅਤੇ ਹੋਰ ਬੁਹਤ ਸਾਰੇ ਖੇਡ ਪ੍ਰੇਮੀ ਹਾਜਰ ਸਨ । (ਫੋਟੋ ਤੇ ਵੇਰਵਾ-ਜਸਵੀਰ ਕਾਜਲ, ਅੱਡਾ ਸਰਾਂ)



ਪਿੰਡ ਚੌਟਾਲਾ ਵਿਖੇ ਜਸਟੀਨ ਸਿੱਧੂ ਭਲਵਾਨ ਨੂੰ ਸਨਮਾਨਤ ਕਰਨ ਮੌਕੇ ਸਰਪੰਚ ਅਮਰੀਕ ਸਿੰਘ, ਲੰਬੜਦਾਰ ਰੇਸ਼ਮ ਸਿੰਘ,ਪੰਚ ਸੁਰਿੰਦਰ ਸਿੰਘ, ਕੌਮੀ ਚੇਅਰਮੈਨ ਜੋਗਿੰਦਰ ਸਿੰਘ ਮਾਨ, ਪੰਚ ਚਰਨਜੀਤ ਸਿੰਘ, ਪੰਚ ਛਿੰਦਾ ਟੇਲਰ , ਕਾਨਚੰਦ ਅਤੇ ਹੋਰ ਸ਼ਖਸੀਅਤਾਂ। (ਫੋਟੋ ਤੇ ਵੇਰਵਾ ਜਸਵੀਰ ਕਾਜਲ, ਅੱਡਾ ਸਰਾਂ)

# ਹੜ੍ਹਾਂ ਦੀ ਮਾਰ ਨਾਲ ਝੰਬੇ ਲੋਕ ਅੱਜ ਵੀ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ




**ਨੰਗਲ (ਪੱਤਰ ਪ੍ਰੇਰਕ)**-ਬੀਤੇ ਦਿਨੀਂ ਆਏ ਹੜ੍ਹਾਂ ਦੇ ਲੋਕ ਅੱਜ ਵੀ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਸਬ ਡਵੀਜਨ ਨੰਗਲ ਅਧੀਨ ਪੈਂਦੇ ਪਿੰਡ ਭੰਗਲਾਂ ਦੇ ਵਾਸੀ ਅੱਧਾ ਮਹੀਨਾ ਬੀਤ ਜਾਣ 'ਤੇ ਕੋਈ ਵੀ ਸਰਕਾਰੀ ਗੈਰ ਸਰਕਾਰੀ ਸਹਾਇਤਾ ਦੀ ਪ੍ਰਾਪਤੀ ਦੀ ਉਡੀਕ ਕਰ ਰਹੇ ਹਨ। ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ, ਜ਼ਿਲ੍ਹਾ ਕਮੇਟੀ ਮੈਂਬਰ ਜਸਵਿੰਦਰ ਸਿੰਘ ਭੰਗਲ, ਰਾਮ ਕਿਸ਼ਨ ਦਬਕੇਹੜਾ, ਸਤਨਾਮ ਸਿੰਘ ਸ਼ੇਰਾ ਅਤੇ ਰਕੇਸ਼ ਬਾਲੀ ਦੀ ਅਗਵਾਈ ਹੇਠ ਪਿੰਡ ਦਾ ਦੌਰਾ ਕੀਤਾ ਅਤੇ ਜਿਨ੍ਹਾਂ ਲੋਕਾਂ ਦਾ ਵੱਡਾ ਆਰਥਿਕ ਨੁਕਸਾਨ ਹੋਇਆ ਉਨ੍ਹਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ 'ਤੇ ਇਹ ਗੱਲ ਸਾਹਮਣੇ ਆਈ ਕਿ ਬੀਤ ਏਰੀਏ ਵਿਚੋਂ ਆਉਂਦੀ ਖੱਡ ਨੇ ਕਾਫੀ ਤਬਾਹੀ ਕੀਤੀ। ਪਿੰਡ ਭੰਗਲਾਂ ਵਿਚ ਪਿਛਲੇ ਸਾਲ ਖੱਡ ਵਿਚ ਲੱਗੇ ਡੰਗੇ ਨੂੰ ਤੋੜ ਦਿੱਤਾ ਗਿਆ ਸੀ। ਇਥੇ ਪੁਲੀ ਬਨਾਉਣ ਤੋਂ ਬਾਅਦ ਬੰਨ ਨੂੰ ਦੁਬਾਰਾ ਠੀਕ ਨਹੀਂ ਕੀਤਾ ਗਿਆ। ਖੱਡ ਵਿਚ ਆਏ ਹੜ੍ਹਾਂ ਨੇ ਪਿੰਡ ਨੂੰ ਬਰਬਾਦ ਕਰ ਦਿੱਤਾ ਹੈ। ਉਪਜਾਊ ਜਮੀਨ ਨੂੰ ਖਤਮ ਕਰ ਦਿੱਤਾ। ਕਈ ਕਈ ਫੁੱਟ ਪੱਥਰ, ਰੇਤਾ,ਪਣਾਂ ਖੇਤਾਂ ਵਿੱਚ ਜਮ੍ਹਾਂ ਹੋ ਗਿਆ ਹੈ। ਪਿੰਡ ਵਾਸੀਆਂ ਦੇ ਬੋਰ ਖਰਾਬ ਹੋ ਗਏ ਹਨ। ਬੀਜੀਆਂ ਫਸਲਾਂ ਖਤਮ ਹੋ ਗਈਆਂ ਹਨ। ਪੀਣ ਵਾਲੇ ਪਾਣੀ ਦੀ ਦਿਕਤ ਆ ਰਹੀ ਹੈ। ਖੂਹਾਂ ਵਿੱਚ ਗੰਦਾ ਪਾਣੀ ਪੈ ਜਾਣ ਕਾਰਨ ਪੀਣ ਯੋਗ ਪਾਣੀ ਨਹੀਂ ਰਿਹਾ। ਮਕਾਨਾਂ ਦਾ ਵੀ ਨੁਕਸਾਨ ਦੇਖਣ ਨੂੰ ਮਿਲਿਆ ਹੈ। ਪਸ਼ਸ਼ਆਂ ਦਾ ਚਾਰਾ ਵੀ ਖਤਮ ਹੋ ਗਿਆ ਹੈ। ਪਿੰਡ ਵਾਸੀ ਮਦਨ ਲਾਲ, ਸਵਰਨ ਚੰਦ, ਦਰਸ਼ਨ ਲਾਲ ਨੇ ਦੱਸਿਆ ਕਿ ਕਿ ਖੱਡ ਨੇ ਭਾਰੀ ਤਬਾਹੀ ਮਚਾਈ। ਲੋਕਾਂ ਦਾ ਭਾਰੀ ਆਰਥਿਕ ਨੁਕਸਾਨ ਹੋਇਆ ਹੈ। ਠੇਕੇਦਾਰ ਵੱਲੋਂ ਤੋੜੇ ਬੰਨ ਨੂੰ ਠੀਕ ਕਰਨ ਲਈ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਪ੍ਰਸ਼ਾਸਨ ਨੂੰ ਕਈ ਵਾਰ ਬੇਨਤੀ ਕੀਤੀ ਪਰ ਕਿਸੇ ਨੇ ਵੀ ਗੱਲ ਨਹੀਂ ਸੁਣੀ। ਪਿੰਡ ਵਾਸੀਆਂ ਅਤੇ ਆਗੂਆਂ ਨੇ ਪੰਜਾਬ ਸਰਕਾਰ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਕੋਲੋਂ ਮੰਗ ਕੀਤੀ ਕਿ ਪਿੰਡ ਦੀ ਉਪਜਾਊ ਜਮੀਨ ਨੂੰ ਦੁਬਾਰਾ ਠੀਕ ਕਰਨ ਲਈ ਮੁਆਵਜਾ ਦਿੱਤਾ ਜਾਵੇ। ਮਕਾਨਾਂ, ਖੂਹਾਂ ਬੋਰਾਂ ਅਤੇ ਹੋਰ ਨੁਕਸਾਨ ਦੀ ਪੁਖਤਾ ਦੇ ਅਧਾਰ 'ਤੇ ਸਹਾਇਤਾ ਕੀਤੀ ਜਾਵੇ। ਇਸ ਮੌਕੇ 'ਤੇ ਛਿੰਦੋ ਦੇਵੀ,ਬੱਗੂ ਰਾਮ,ਭਿੰਦਾ, ਕੁਲਵੀਰ ਸਿੰਘ , ਦਿਲਬਾਗ ਸਿੰਘ, ਸੁਰਜੀਤ ਸਿੰਘ, ਚੰਚਲ ਲਾਲ ਅਤੇ ਰਾਮ ਪਾਲ ਵੀ ਹਾਜਰ ਸਨ।

# ਦਿੱਲੀ ਧਾਮ ਜਾ ਰਹੀ ਸ਼੍ਰੀ ਸ਼ਿਆਮ ਨਿਸ਼ਾਨ ਯਾਤਰਾ ਦਾ ਫੁੱਲਾਂ ਦੀ ਵਰਖਾ ਨਾਲ ਸਵਾਗਤ




**ਫਗਵਾੜਾ ( ਡਾ. ਰਮਨ, ਢੱਡਾ )** ਸ਼੍ਰੀ ਸ਼ਿਆਮ ਦਰਬਾਰ ਡੁਲਾਨੀਆ ਦੀ ਦੇਖ ਰੇਖ ਹੇਠ ਵਾਹਗਾ ਬਾਰਡਰ ਤੋਂ ਦਿੱਲੀ ਧਾਮ ਤੱਕ ਕੱਢੀ ਜਾ ਰਹੀ ਸ਼੍ਰੀ ਸ਼ਿਆਮ ਨਿਸ਼ਾਨ ਪੈਦਲ ਯਾਤਰਾ ਦਾ ਫਗਵਾੜਾ ਪਹੁੰਚਣ 'ਤੇ ਸਥਾਨਕ ਜੀ.ਟੀ.ਰੋਡ ਵਿਖੇ ਪੰਡਿਤ ਜੁਗਲ ਕਿਸ਼ੋਰ ਦੀ ਅਗਵਾਈ 'ਚ ਨਿੱਘਾ ਸਵਾਗਤ ਕੀਤਾ ਗਿਆ। ਯਾਤਰਾ ਦੌਰਾਨ ਚਾਰ ਘੋੜਿਆਂ ਦੇ ਰੱਥ 'ਤੇ ਸੁਸ਼ੋਭਿਤ ਸ਼੍ਰੀ ਖਾਟੂ ਸ਼ਿਆਮ ਜੀ ਦੀ ਮੂਰਤੀ ਸ਼ਰਧਾਲੂਆਂ 'ਚ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ। ਇਸ ਦੌਰਾਨ ਭਗਵਾਨ ਸ਼੍ਰੀ ਖਾਟੂ ਸ਼ਿਆਮ ਜੀ ਅਤੇ ਪੈਦਲ ਯਾਤਰਾ ਵਿੱਚ ਸ਼ਾਮਲ ਸੰਗਤਾਂ ਨੂੰ ਫੁੱਲਾਂ ਦੀ ਵਰਖਾ ਦੇ ਨਾਲ ਰਾਤ ਦੇ ਆਰਾਮ ਲਈ ਪ੍ਰਾਚੀਨ ਸ਼੍ਰੀ ਖਾਟੂ ਸ਼ਿਆਮ ਮੰਦਿਰ ਫਰੈਂਡਜ਼ ਕਲੋਨੀ ਵਿਖੇ ਲਿਆਂਦਾ ਗਿਆ। ਜਿੱਥੇ ਰਸਮੀ ਪੂਜਾ ਉਪਰੰਤ ਪ੍ਰਸ਼ਾਦ ਅਤੇ ਭੰਡਾਰੇ ਦਾ ਯੋਗ ਪ੍ਰਬੰਧ ਕੀਤਾ ਗਿਆ। ਸੰਗਤਾਂ ਨੇ ਕੀਰਤਨ ਰਾਹੀਂ ਭਗਵਾਨ ਸ਼੍ਰੀ ਖਾਟੂ ਸ਼ਿਆਮ ਜੀ ਦਾ ਗੁਣਗਾਨ ਕੀਤਾ। ਰਾਤ ਦੇ ਆਰਾਮ ਦੌਰਾਨ ਗੱਲਬਾਤ ਕਰਦਿਆਂ ਯਾਤਰਾ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਪੈਦਲ ਯਾਤਰਾ 15 ਜੁਲਾਈ ਨੂੰ ਵਾਹਗਾ ਬਾਰਡਰ ਤੋਂ ਸ਼ੁਰੂ ਹੋ ਕੇ ਅੰਮ੍ਰਿਤਸਰ, ਰਈਆ, ਕਰਤਾਰਪੁਰ ਤੋਂ ਹੁੰਦੀ ਹੋਈ ਫਗਵਾੜਾ ਪਹੁੰਚੀ ਹੈ। ਯਾਤਰਾ ਦਾ ਅਗਲਾ ਠਹਿਰਾਓ ਲੁਧਿਆਣਾ, ਖੰਨਾ ਅਤੇ ਰਾਜਪੁਰਾ ਵਿਖੇ ਹੋਵੇਗਾ। ਜਿਸ ਤੋਂ ਬਾਅਦ ਯਾਤਰਾ 22 ਜੁਲਾਈ ਨੂੰ ਹਰਿਆਣਾ 'ਚ ਪ੍ਰਵੇਸ਼ ਕਰੇਗੀ। ਜਿੱਥੋਂ ਇਹ ਅੰਬਾਲਾ, ਪਿਪਲੀ (ਕੁਰੁਕਸ਼ੇਤਰ), ਕਰਨਾਲ ਅਤੇ ਪਾਣੀਪਤ ਤੋਂ ਹੁੰਦਿਆਂ ਦਿੱਲੀ ਧਾਮ ਪਹੁੰਚ ਕੇ ਸਮਾਪਤ ਹੋਵੇਗੀ। ਇਸ ਮੌਕੇ ਯੋਗੇਸ਼ ਭਾਰਗਵ, ਮੋਹਿਤ ਭਾਰਗਵ, ਅਨਮੋਲ ਭਾਰਗਵ, ਮਹਿੰਦਰ ਕੁਮਾਰ ਭਾਰਗਵ, ਸੁਰੇਸ਼ ਕੁਮਾਰ ਭਾਰਗਵ, ਵੇਦ ਪ੍ਰਕਾਸ਼ ਭਾਰਗਵ, ਵਿਜੇ ਕੁਮਾਰ ਭਾਰਗਵ, ਸੁਨੀਤਾ ਭਾਰਗਵ, ਤਰਮਣੀ ਭਾਰਗਵ, ਸ਼ਾਰਦਾ ਭਾਰਗਵ, ਕੰਚਨ, ਪ੍ਰਿਆ, ਵਿਮਲਾ, ਸ਼ੋਭਾ ਰਾਣੀ, ਸੋਨੀ ਸ਼ਰਮਾ, ਨਿਸ਼ਾ ਸ਼ਰਮਾ, ਆਰਤੀ , ਰੰਜੂ, ਜੀਵਨ, ਮੋਨਿਕਾ, ਅਨੀਤਾ, ਗੋਪਾਲ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

# ਬਿਮਾਰੀਆਂ ਤੋਂ ਬਚਾਅ ਲਈ ਪਾਣੀ ਉਬਾਲ ਕੇ ਹੀ ਪੀਤਾ ਜਾਵੇ : ਡਾ.ਚਰਨਜੀਤ ਕੁਮਾਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਹਰਜੋਤ ਬੈਂਸ ਕੈਬਨਿਟ ਮੰਤਰੀ ਪੰਜਾਬ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਆਮ ਲੋਕਾਂ ਨੂੰ ਲੋੜੀਦੀਆਂ ਸਿਹਤ ਸਹੂਲਤਾਂ ਘਰਾਂ ਨੇੜੇ ਮੁਹੱਇਆ ਕਰਵਾਉਣ ਦੇ ਦਿੱਤੇ ਨਿਰਦੇਸ਼ ਤਹਿਤ ਸਿਹਤ ਵਿਭਾਗ ਵਲੋਂ ਲਗਾਤਾਰ ਹੜ੍ਹਾਂ ਵਰਗੇ ਹਾਲਾਤ ਨਾਲ ਪ੍ਰਭਾਵਿਤ ਥਾਵਾ ਤੇ ਮੈਡੀਕਲ ਕੈਂਪਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਮੁਫਤ ਦਵਾਈਆਂ ਮੁਹੱਇਆ ਕਰਵਾਈਆਂ ਜਾ ਰਹੀਆਂ ਹਨ। ਡਾ.ਚਰਨਜੀਤ ਕੁਮਾਰ ਸੀਨੀਅਰ ਮੈਡੀਕਲ ਅਫਸਰ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਅਜਿਹੀਆਂ ਕੁਦਰਤੀ ਆਫਤਾਂ ਦੌਰਾਨ ਲੋਕਾਂ ਨੂੰ ਸੁਰੱਖਿਅਤ ਅਤੇ ਸਿਹਤਮੰਦ ਰੱਖਣ ਲਈ ਸਿਹਤ ਵਿਭਾਗ ਹਰ ਸਮੇਂ ਯਤਨਸ਼ੀਲ ਹੈ ਅਤੇ ਵਿਭਾਗ ਵੱਲੋਂ ਪ੍ਰਭਾਵਿਤ ਖੇਤਰਾਂ ਵਿਚ 24 ਘੰਟੇ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਐਡਵਾਈਜਰੀ ਦੀ ਪੂਰੀ ਤਰ੍ਹਾਂ ਪਾਲਣਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੀਣ ਲਈ ਸਿਰਫ ਸੁਰੱਖਿਅਤ ਪਾਣੀ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਤਰਜੀਹੀ ਤੌਰ 'ਤੇ ਉਬਾਲਿਆ ਹੋਇਆ ਪਾਣੀ ਹੀ ਵਰਤਣਾ ਚਾਹੀਦਾ ਹੈ ਜਾਂ ਪਾਣੀ ਕਲੋਰੀਨ ਯੁਕਤ ਹੋਵੇ। ਉਨ੍ਹਾਂ ਦੱਸਿਆ ਕਿ ਹੜ੍ਹ ਦੇ ਪਾਣੀ ਵਿਚ ਭਿੱਜੇ ਭੋਜਨ ਪਦਾਰਥਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਲੱਗ ਜਾਂਦੇ ਹਨ ਤਾਂ ਉਨ੍ਹਾਂ ਨੂੰ ਮੈਡੀਕਲ ਕੈਂਪਾਂ ਸਮੇਤ ਸਰਕਾਰੀ ਸਿਹਤ ਸਹੂਲਤਾਂ 'ਚ ਦਿਖਾਉਣਾ ਚਾਹੀਦਾ ਹੈ ਅਤੇ ਖੁਦ ਇਲਾਜ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਦੂਸ਼ਿਤ ਪਾਣੀ ਅਤੇ ਕੀੜੇ-ਮਕੌੜਿਆਂ ਦੇ ਕੱਟਣ ਕਾਰਨ ਆਮ ਤੌਰ 'ਤੇ ਚਮੜੀ ਦੀ ਬੈਕਟੀਰੀਅਲ ਲਾਗ ਹੋ ਜਾਂਦੀ ਹੈ ਅਤੇ ਅਜਿਹੀ ਇਨਫੈਕਸ਼ਨ ਨੂੰ ਰੋਕਣ ਲਈ ਲੋਕਾਂ ਨੂੰ ਰਬੜ ਦੇ ਬੂਟ ਅਤੇ ਪੂਰੀਆਂ ਬਾਹਾਂ ਵਾਲੇ ਕੱਪੜੇ ਪਹਿਨਣ ਦੀ ਸਲਾਹ ਦਿੱਤੀ ਜਾਂਦੀ ਹੈ। ਕਿਸੇ ਵੀ ਕਿਸਮ ਦੇ ਇਲਾਜ ਲਈ ਨਜਦੀਕੀ ਸਿਹਤ ਸੰਭਾਲ ਕੇਂਦਰ 'ਚ ਜਾਣਾ ਚਾਹੀਦਾ ਹੈ।

# ਸੀ ਟੀ ਗਰੁੱਪ ਨੇ 6ਵੀਂ ਅੰਤਰਰਾਸ਼ਟਰੀ ਕਾਨਫਰੰਸ ਦੀ ਕੀਤੀ ਮੇਜ਼ਬਾਨੀ



**ਜਲੰਧਰ ( ਸ਼ੈਲੀ ਐਲਬਰਟ)** ਸੀਟੀ ਗਰੁੱਪ ਨੇ ਇੰਜੀਨੀਅਰਿੰਗ, ਪ੍ਰਬੰਧਨ ਅਤੇ ਤਕਨੀਕੀ ਨਵੀਨਤਾ ਤੇ 6ਵੀਂ ਅੰਤਰਰਾਸ਼ਟਰੀ ਕਾਨਫਰੰਸ (ਆਈ ਐਮ ਐਸ ਈ ਐਮ ਟੀ ਆਈ) 2023 ਵੀਅਤਨਾਮ ਦੀ ਮੇਜ਼ਬਾਨੀ ਕੀਤੀ । ਇਸ ਵਿੱਚ ਦੁਨੀਆ ਭਰ ਦੇ ਪ੍ਰਸਿੱਧ ਮਾਹਿਰਾਂ, ਖੋਜਕਰਤਾਵਾਂ, ਅਕਾਦਮਿਕ ਅਤੇ ਉਦਯੋਗਿਕ ਪੇਸ਼ੇਵਰਾਂ ਨੂੰ ਇਕੱਠਾ ਕੀਤਾ ਗਿਆ ਸੀ । ਵੀਅਤਨਾਮ ਨੇ ਇੰਜੀਨੀਅਰਿੰਗ, ਪ੍ਰਬੰਧਨ ਅਤੇ ਤਕਨੀਕੀ ਨਵੀਨਤਾ ਵਿੱਚ ਗਿਆਨ ਦੇ ਆਦਾਨ-ਪ੍ਰਦਾਨ, ਸਹਿਯੋਗ, ਅਤੇ ਨੈੱਟਵਰਕਿੰਗ ਲਈ ਇੱਕਪਲੇਟਫਾਰਮ ਪ੍ਰਦਾਨ ਕੀਤਾ। ਕਾਨਫਰੰਸ ਵਿੱਚ ਵੱਖ-ਵੱਖ ਵਿਸ਼ਿਆਂ ਵਿੱਚ ਅਤਿ-ਆਧੁਨਿਕ ਖੋਜ ਅਤੇ ਤਰੱਕੀ ਬਾਰੇ ਸੂਝਵਾਨ ਵਿਚਾਰ-ਵਟਾਂਦਰੇ, ਇੰਟਰਐਕਟਿਵ ਸੈਸ਼ਨਾਂ ਅਤੇ ਪੇਸ਼ਕਾਰੀਆਂ ਸ਼ਾਮਲ ਸਨ । ਕਾਨਫਰੰਸ ਵਿੱਚ ਪ੍ਰੋ. ਡਾ. ਐਂਡਰੀਅਸ ਸਟੋਫਰ, ਪ੍ਰੋਫ਼ੈਸਰ ਆਫ਼ ਮੈਨੇਜਮੈਂਟ, ਇੰਟਰਨੈਸ਼ਨਲ ਯੂਨੀਵਰਸਿਟੀ, ਐਸ.ਡੀ.ਆਈ., ਮਿਊਨਿਖ, ਅਤੇ ਡਾ. ਮੋਜੋ ਜਾਰਜ, ਸੀਨੀਅਰਲੈਕਚਰਾਰ, ਆਰ ਐਮ ਆਈ ਟੀ ਯੂਨੀਵਰਸਿਟੀ, ਵੀਅਤਨਾਮ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕਿਤੀ। ਡਾ. ਐਂਡਰੀਅਸ ਸਟੋਫਰ ਇੱਕ ਪ੍ਰਸਿੱਧ ਪ੍ਰਬੰਧਨ ਮਾਹਰ ਹਨ ਅਤੇ ਆਪਣੀ ਖੋਜ ਅਤੇ ਪ੍ਰਕਾਸ਼ਨਾਂ ਦੁਆਰਾ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਉਹਨਾਂ ਨੇ ਪ੍ਰਬੰਧਨ ਵਿੱਚ ਨਵੀਨਤਮ ਰੁਝਾਨਾਂ , ਵਿਕਾਸ ਅਤੇ ਸਮਾਜ ਉੱਤੇ ਇਸਦੇ ਪ੍ਰਭਾਵ ਬਾਰੇ ਆਪਣੀ ਸੂਝ ਸਾਂਝੀ ਕੀਤੀ । ਡਾ. ਮੋਜੋ ਜਾਰਜ ਮੁੱਖ ਭਾਸ਼ਣਕਾਰ ਇੱਕ ਵਿਲੱਖਣ ਕਾਰੋਬਾਰੀ ਪੇਸ਼ੇਵਰ ਹਨ। ਆਪਣੇ ਵਿਸ਼ਾਲ ਤਜ਼ਰਬੇ ਅਤੇ ਮੁਹਾਰਤ ਨਾਲ,ਉਹਨਾਂ ਨੇ ਸੰਗਠਨਾਤਮਕ ਵਿਕਾਸ ਅਤੇ ਨਵੀਨਤਾ ਨੂੰ ਚਲਾਇਆ ਹੈ।। ਅਮਰੀਕਾ, ਦੁਬਈ, ਅਜਮਾਨ, ਭਾਰਤ ਦੇ ਰਾਜਾਂ ਆਂਧਰਾ ਪ੍ਰਦੇਸ਼, ਪੰਜਾਬ, ਅਸਾਮ ਅਤੇ ਹੋਰ ਬਹੁਤ ਸਾਰੇ ਖੋਜ ਵਿਦਵਾਨਾਂ ਨੇ ਖੋਜ ਪੱਤਰ ਪੇਸ਼ ਕਰਕੇ ਯੋਗਦਾਨ ਪਾਇਆ।।

ਕਿਰਤੀਆਂ-ਕਿਸਾਨਾਂ ਦੇ ਹਿੱਤਾਂ ਲਈ ਹਮੇਸ਼ਾਂ ਤੱਤਪਰ ਰਹੇ ਅਤੇ ਭਾਈਚਾਰਕ ਸਾਂਝ ਲਈ ਸ਼ਹੀਦ ਹੋਏ
ਕਾਮਰੇਡ ਸਵਰਨ ਸਿੰਘ ਸੋਹਲ (ਸਮੇਤ ਪਰਿਵਾਰ ਦੇ ਚਾਰ ਹੋਰ ਮੈਂਬਰ) ਅਤੇ ਇਸੇ ਤਰ੍ਹਾਂ
ਸ਼ਹੀਦ ਹੋਏ ਇਲਾਕੇ ਦੇ ਹੋਰ ਕਮਿਊਨਿਸਟ ਯੋਧਿਆਂ ਦੀ ਯਾਦ ਵਿਚ
ਅੱਖਾਂ ਦੀਆਂ ਬਿਮਾਰੀਆਂ ਦੀ ਮੁਫਤ ਜਾਂਚ ਤੇ ਦਵਾਈ ਦਾ ਕੈਂਪ
ਡਾ. ਰਣਬੀਰ ਸਿੰਘ ਰਾਣਾ (ਅੱਖਾਂ ਦੇ ਮਾਹਿਰ)
ਮਿਤੀ 21 ਜੁਲਾਈ 2023, ਦਿਨ ਸ਼ੁੱਕਰਵਾਰ, ਸਵੇਰੇ 10 ਤੋਂ 1 ਵਜੇ ਤੱਕ, ਸਥਾਨ: ਕਾਮਰੇਡ ਸਵਰਨ ਸਿੰਘ ਸੋਹਲ ਭਵਨ ਅਟਾਰੀ ਰੋਡ ਝਬਾਲ
ਵੱਲੋਂ: ਭਾਰਤੀ ਕਮਿਊਨਿਸਟ ਪਾਰਟੀ, ਬਲਾਕ ਗੰਡੀਵਿੰਡ-ਝਬਾਲ ਅਤੇ ਸੋਹਲ ਪਰਿਵਾਰ